ਮੰਗਲਵਾਰ, 17 ਮਾਰਚ, 2026

4 ਚੇਤ { ਨਾਨਕਸ਼ਾਹੀ 558 / ਬਿਕਰਮੀ 2082

ਜਿਲਦ/VOL. : 74

ਅੰਕ/NO. : 285

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • TUESDAY, 17 MARCH, 2026

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12


# ਲੋਕਾਂ ਦਾ ਭਰੋਸਾ ਨਹੀਂ ਟੁੱਟਣ ਦਿੱਤਾ : ਮਾਨ

## ਚਾਰ ਸਾਲਾਂ 'ਚ ਗਰੰਟੀਆਂ ਨਾਲੋਂ ਵੀ ਵੱਧ ਕੰਮ ਕਰਕੇ ਦਿਖਾਇਆ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਆਮ ਆਦਮੀ ਪਾਰਟੀ ਦੀ ਸਰਕਾਰ ਦੇ ਚਾਰ ਵਰ੍ਹੇ ਮੁਕੰਮਲ ਹੋਣ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਕਿਹਾ ਕਿ ਉਨ੍ਹਾ ਦੀ ਸਰਕਾਰ ਨੇ 'ਕੰਮ ਦੀ ਸਿਆਸਤ' ਰਾਹੀਂ ਲੋਕਾਂ ਨੂੰ ਦਿੱਤੀਆਂ ਸਾਰੀਆਂ ਗਾਰੰਟੀਆਂ ਪੂਰੀਆਂ ਕਰ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਲੋਕਾਂ ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਨੂੰ ਰੱਦ ਕਰਕੇ ਸਾਥੋਂ ਉਮੀਦਾਂ ਰੱਖੀਆਂ ਸਨ ਅਤੇ ਅਸੀਂ ਲੋਕਾਂ ਦਾ ਭਰੋਸਾ ਟੁੱਟਣ ਨਹੀਂ ਦਿੱਤਾ।

ਉਨ੍ਹਾ ਕਿਹਾ ਕਿ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ', 1.55 ਲੱਖ ਕਰੋੜ ਰੁਪਏ ਦੇ ਰਿਕਾਰਡ ਨਿਵੇਸ਼ ਅਤੇ ਸੜਕ ਸੁਰੱਖਿਆ ਫੋਰਸ ਨਾਲ ਸਰਕਾਰ ਦੇ ਇਰਾਦੇ ਸਪੱਸ਼ਟ ਹੁੰਦੇ ਹਨ ਕਿ ਪੰਜਾਬ ਦੇ ਮੁੜ ਨਿਰਮਾਣ 'ਤੇ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਆਉਣ ਵਾਲਾ ਸਾਲ ਪੰਜਾਬ ਨੂੰ ਵਿਕਾਸ ਅਤੇ ਖੁਸ਼ਹਾਲੀ ਦੇ ਇਕ ਨਵੇਂ ਸਿਖਰ 'ਤੇ ਲਿਜਾਣ ਲਈ ਸਮਰਪਤ ਹੋਵੇਗਾ।



ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਦਿਆਂ ਹੀ ਲੋਕਾਂ ਨੂੰ 300 ਯੂਨਿਟ ਹਰ ਮਹੀਨੇ ਮੁਫਤ ਬਿਜਲੀ ਦਿੱਤੀ ਗਈ, ਜਿਸ ਦਾ ਅੱਜ ਸੂਬੇ ਦੇ 90 ਫੀਸਦੀ ਲੋਕ ਲਾਭ ਲੈ ਰਹੇ ਹਨ। ਇਸ ਦੇ ਨਾਲ ਹੀ ਖੇਤਾਂ ਵਿੱਚ ਅੱਠ ਘੰਟੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਗਈ। ਝਾਰਖੰਡ ਦੇ ਪਿਛਵਾੜਾ ਵਿੱਚ ਬੰਦ ਪਈ ਕੋਲ ਮਾਈਨ ਨੂੰ ਮੁੜ ਸ਼ੁਰੂ ਕਰਵਾਇਆ ਅਤੇ ਜੀ ਵੀ ਕੇ ਥਰਮਲ ਪਲਾਂਟ ਨੂੰ ਖਰੀਦਿਆ।

ਮਾਨ ਨੇ ਕਿਹਾ ਕਿ 881 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ, ਜਿੱਥੇ ਪੰਜ ਕਰੋੜ ਤੋਂ ਵੱਧ ਲੋਕ ਆਪਣਾ ਇਲਾਜ ਕਰਵਾ ਚੁੱਕੇ ਹਨ। ਜਲਦ ਹੀ 200 ਦੇ ਕਰੀਬ ਹੋਰ ਆਮ ਆਦਮੀ ਕਲੀਨਿਕ ਖੋਲ੍ਹਣ ਦੀ ਤਿਆਰੀ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਲੋਕਾਂ ਨੂੰ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ। ਸਿੱਖਿਆ ਦੇ ਖੇਤਰ ਨੂੰ ਪ੍ਰਫੁੱਲਿਤ ਕਰਨ ਲਈ ਸਕੂਲ ਆਫ ਐਮੀਨੈਂਸ ਸ਼ੁਰੂ ਕੀਤੇ ਗਏ ਅਤੇ ਸੂਬੇ ਦੇ 65264 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ। ਖੇਤੀ ਖੇਤਰ ਨੂੰ ਧਰਤੀ ਹੇਠਲੇ ਪਾਣੀ ਤੋਂ ਨਹਿਰੀ ਪਾਣੀ 'ਤੇ ਨਿਰਭਰ ਕਰਨ ਲਈ 5700 ਕਰੋੜ ਰੁਪਏ ਦੀ ਲਾਗਤ ਨਾਲ ਨਹਿਰੀ ਪਾਣੀ ਦੀ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਹੈ। ਇਸ ਨਾਲ ਅੱਜ ਸੂਬੇ ਵਿੱਚ 78 ਫੀਸਦ ਖੇਤੀ ਨਹਿਰੀ ਪਾਣੀ ਨਾਲ ਕੀਤੀ ਜਾ ਰਹੀ ਹੈ। ਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਨੇ

• ਬਾਕੀ ਸਫਾ 2 'ਤੇ

## ਬੀਜਿੰਗ ਦੀ 'ਵਰਸਿਟੀ ਪੰਜਾਬੀ ਪੜ੍ਹਾਏਗੀ

**ਬੀਜਿੰਗ** : ਚੀਨ ਦੀ 'ਬੀਜਿੰਗ ਫੌਰਨ ਸਟੱਡੀਜ਼ ਯੂਨੀਵਰਸਿਟੀ' ਨੇ ਆਪਣੇ ਵਿਦੇਸ਼ੀ ਅਤੇ ਭਾਰਤੀ ਭਾਸ਼ਾਵਾਂ ਦੇ ਕੋਰਸਾਂ ਵਿੱਚ ਹੁਣ ਪੰਜਾਬੀ ਭਾਸ਼ਾ ਨੂੰ ਵੀ ਸ਼ਾਮਲ ਕਰ ਲਿਆ ਹੈ। ਪੰਜਾਬੀ ਇਸ ਯੂਨੀਵਰਸਿਟੀ ਵਿੱਚ ਪੜ੍ਹਾਈ ਜਾਣ ਵਾਲੀ 102ਵੀਂ ਭਾਸ਼ਾ ਬਣ ਗਈ ਹੈ। ਇਸ ਤੋਂ ਪਹਿਲਾਂ ਇੱਥੇ ਹਿੰਦੀ, ਤਾਮਿਲ ਅਤੇ ਉਰਦੂ ਸਮੇਤ 101 ਭਾਸ਼ਾਵਾਂ ਪੜ੍ਹਾਈਆਂ ਜਾ ਰਹੀਆਂ ਹਨ। ਇਹ ਕੋਰਸ ਮੁੱਖ ਤੌਰ 'ਤੇ ਚੀਨੀ ਵਿਦਿਆਰਥੀਆਂ, ਡਿਪਲੋਮੈਟਾਂ ਅਤੇ ਸਰਕਾਰੀ ਅਧਿਕਾਰੀਆਂ ਲਈ ਹੁੰਦੇ ਹਨ, ਤਾਂ ਕਿ ਉਹ ਵਿਦੇਸ਼ੀ ਭਾਸ਼ਾਵਾਂ ਵਿੱਚ ਮਾਹਰ ਹੋ ਸਕਣ। ਯੂਨੀਵਰਸਿਟੀ ਨੇ ਪੰਜਾਬੀ ਭਾਸ਼ਾ ਸਿਖਾਉਣ ਲਈ ਬਠਿੰਡਾ ਦੀ ਕੇਂਦਰੀ ਪੰਜਾਬ ਯੂਨੀਵਰਸਿਟੀ ਦੀ ਸਾਬਕਾ ਪ੍ਰੋਫੈਸਰ ਅਤੇ ਡੀਨ ਡਾ. ਜ਼ਮੀਰਪਾਲ ਕੌਰ ਸੰਧੂ ਬਾਜਵਾ ਨੂੰ ਨਿਯੁਕਤ ਕੀਤਾ ਹੈ। ਡਾ. ਕੌਰ ਨੇ ਦੱਸਿਆ ਕਿ ਉਹ ਉੱਥੇ ਸਿਰਫ ਭਾਸ਼ਾ ਹੀ ਨਹੀਂ, ਸਗੋਂ ਪੰਜਾਬ ਦਾ ਇਤਿਹਾਸ ਅਤੇ ਸੱਭਿਆਚਾਰ ਵੀ ਪੜ੍ਹਾਉਣਗੇ। ਇਸ ਤੋਂ ਇਲਾਵਾ ਉਨ੍ਹਾ ਦੀ ਇੱਕ ਅਹਿਮ ਜ਼ਿੰਮੇਵਾਰੀ ਚੀਨੀ ਅਧਿਆਪਕਾਂ ਨੂੰ ਸਿਖਲਾਈ ਦੇਣਾ ਹੋਵੇਗੀ, ਤਾਂ ਕਿ ਆਉਣ ਵਾਲੇ ਸਮੇਂ ਵਿੱਚ ਉਹ ਖੁਦ ਚੀਨੀ ਵਿਦਿਆਰਥੀਆਂ ਨੂੰ ਪੰਜਾਬੀ ਪੜ੍ਹਾ ਸਕਣ।

# ਆਪੇ ਫਾਥੜੀਏ ਤੈਨੂੰ ਕੌਣ ਛੁਡਾਵੇ

**ਬੀਜਿੰਗ** : ਚੀਨ ਨੇ ਸੋਮਵਾਰ ਸਾਰੀਆਂ ਧਿਰਾਂ ਨੂੰ ਪੱਛਮੀ ਏਸ਼ੀਆ ਵਿੱਚ ਫੌਜੀ ਕਾਰਵਾਈਆਂ ਤੁਰੰਤ ਬੰਦ ਕਰਨ ਦਾ ਸੱਦਾ ਦਿੱਤਾ ਹੈ। ਇਹ ਪ੍ਰਤੀਕਿਰਿਆ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਉਸ ਸੱਦੇ ਦੇ ਜਵਾਬ ਵਿੱਚ ਆਈ ਹੈ, ਜਿਸ ਵਿੱਚ ਉਨ੍ਹਾ ਚੀਨ ਸਮੇਤ ਹੋਰਨਾਂ ਦੇਸ਼ਾਂ ਨੂੰ ਹਾਰਮੁਜ਼ ਜਲਡਮਰੂ ਮੱਧ ਨੂੰ ਅੰਤਰਰਾਸ਼ਟਰੀ ਆਵਾਜਾਈ ਲਈ ਖੁੱਲ੍ਹਾ ਰੱਖਣ ਵਿੱਚ ਮਦਦ ਕਰਨ ਲਈ ਸ਼ਾਮਲ ਹੋਣ ਲਈ ਕਿਹਾ ਸੀ। ਆਸਟਰੇਲੀਆ ਨੇ ਵੀ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਹਾਰਮੁਜ਼ ਜਲਮਾਰਗ ਨੂੰ ਮੁੜ ਖੁੱਲ੍ਹਵਾਉਣ ਲਈ ਆਪਣੇ ਜੰਗੀ ਬੇੜੇ ਨਹੀਂ ਭੇਜੇਗਾ। ਕੈਬਨਿਟ ਮੰਤਰੀ ਕੈਥਰੀਨ ਕਿੰਗ ਨੇ ਕਿਹਾ ਕਿ ਭਾਵੇਂ ਇਹ ਸਮੁੰਦਰੀ ਰਸਤਾ ਵਿਸ਼ਵ ਵਪਾਰ ਲਈ ਬਹੁਤ ਮਹੱਤਵਪੂਰਨ ਹੈ, ਪਰ ਆਸਟਰੇਲੀਆ ਇਸ ਮਿਸ਼ਨ ਵਿੱਚ ਕੋਈ ਜਹਾਜ਼ ਨਹੀਂ ਭੇਜ ਰਿਹਾ।

ਟਰੰਪ ਨੇ ਕਿਹਾ ਹੈ ਕਿ ਚੀਨ ਵਰਗੇ ਦੇਸ਼ ਆਪਣੀਆਂ ਤੇਲ ਲੋੜਾਂ ਲਈ 90 ਫੀਸਦੀ ਇਸੇ ਰਸਤੇ 'ਤੇ ਨਿਰਭਰ ਹਨ, ਇਸ ਲਈ ਇਹ ਉਨ੍ਹਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਆਪਣੇ ਹਿੱਤਾਂ ਦੀ ਰੱਖਿਆ ਕਰਨ।

ਬ੍ਰਿਟੇਨ ਦੇ ਪ੍ਰਧਾਨ ਮੰਤਰੀ ਕੀਰ ਸਟਾਰਮਰ ਨੇ ਵੀ ਕਿਹਾ ਕਿ ਉਨ੍ਹਾ ਦਾ ਦੇਸ਼ ਆਪਣੇ ਸਹਿਯੋਗੀ ਦੇਸ਼ਾਂ ਨਾਲ ਮਿਲ ਕੇ ਹਾਰਮੁਜ਼ ਜਲ ਮਾਰਗ ਨੂੰ ਮੁੜ ਖੋਲ੍ਹਣ ਲਈ ਇੱਕ ਯੋਜਨਾ 'ਤੇ ਕੰਮ ਕਰ ਰਿਹਾ ਹੈ। ਸਟਾਰਮਰ ਨੇ ਸਪੱਸ਼ਟ ਕੀਤਾ ਕਿ ਬ੍ਰਿਟੇਨ ਇਸ ਰਸਤੇ ਨੂੰ ਖੋਲ੍ਹਣ ਵਿੱਚ ਮਦਦ ਜ਼ਰੂਰ ਕਰੇਗਾ, ਪਰ ਉਹ ਕਿਸੇ ਵੀ ਵੱਡੀ ਜੰਗ ਦਾ ਹਿੱਸਾ ਨਹੀਂ ਬਣਨਾ ਚਾਹੁੰਦਾ। ਇਸ ਸੰਬੰਧੀ ਅਮਰੀਕਾ, ਯੂਰਪ ਅਤੇ ਖਾੜੀ ਦੇਸ਼ਾਂ ਨਾਲ ਲਗਾਤਾਰ ਗੱਲਬਾਤ ਜਾਰੀ ਹੈ। ਸਟਾਰਮਰ ਨੇ ਸੰਕੇਤ ਦਿੱਤਾ ਹੈ ਕਿ ਬ੍ਰਿਟੇਨ ਸ਼ਾਇਦ ਆਪਣਾ ਕੋਈ ਵੱਡਾ ਜੰਗੀ ਬੇੜਾ ਉੱਥੇ ਨਾ ਭੇਜੇ। ਇਸ ਦੀ ਬਜਾਏ ਬ੍ਰਿਟੇਨ ਖੇਤਰ ਵਿੱਚ ਮੌਜੂਦ ਆਪਣੇ ਉਨ੍ਹਾਂ ਡਰੋਨਾਂ ਦੀ ਵਰਤੋਂ ਕਰਨ 'ਤੇ ਵਿਚਾਰ ਕਰ ਰਿਹਾ ਹੈ, ਜੋ ਸਮੁੰਦਰ ਵਿੱਚ ਵਿਛਾਈਆਂ ਗਈਆਂ ਬਾਰੂਦੀ ਸੁਰੰਗਾਂ ਦਾ ਪਤਾ ਲਗਾਉਣ ਵਿੱਚ ਮਾਹਰ ਹਨ। ਉਨ੍ਹਾ ਮੰਨਿਆ ਕਿ ਇਸ ਰਸਤੇ ਨੂੰ ਸੁਰੱਖਿਅਤ ਤਰੀਕੇ ਨਾਲ ਖੋਲ੍ਹਣਾ ਕੋਈ ਸੌਖਾ ਕੰਮ ਨਹੀਂ। ਇਸ ਮੁੱਦੇ ਨੂੰ ਲੈ ਕੇ ਰਾਸ਼ਟਰਪਤੀ ਟਰੰਪ ਅਤੇ ਪ੍ਰਧਾਨ ਮੰਤਰੀ ਸਟਾਰਮਰ ਵਿਚਾਲੇ ਕੁਝ ਮਤਭੇਦ ਵੀ ਨਜ਼ਰ ਆ ਰਹੇ ਹਨ। ਟਰੰਪ ਨੇ ਪਹਿਲਾਂ ਸਟਾਰਮਰ ਦੀ ਇਸ ਗੱਲੋਂ ਆਲੋਚਨਾ ਕੀਤੀ ਸੀ ਕਿ ਬ੍ਰਿਟੇਨ ਜੰਗ ਵਿੱਚ ਪੂਰਾ ਸਹਿਯੋਗ ਨਹੀਂ ਦੇ ਰਿਹਾ, ਖਾਸ ਕਰਕੇ ਜਦੋਂ ਸਟਾਰਮਰ ਨੇ ਅਮਰੀਕਾ ਨੂੰ ਈਰਾਨ 'ਤੇ ਹਮਲਾ ਕਰਨ ਲਈ ਬ੍ਰਿਟਿਸ਼ ਫੌਜੀ ਅੱਡਿਆਂ ਦੀ ਵਰਤੋਂ ਕਰਨ ਦੀ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਸਟਾਰਮਰ ਨੇ ਦੁਹਰਾਇਆ ਕਿ ਉਹ ਇੱਕ ਅਜਿਹੀ ਸਮੂਹਕ ਯੋਜਨਾ ਚਾਹੁੰਦੇ ਹਨ, ਜੋ ਸਫਲ ਹੋਵੇ ਅਤੇ ਬਿਨਾਂ ਕਿਸੇ ਵੱਡੇ ਟਕਰਾਅ ਦੇ ਤੇਲ ਦੀ ਸਪਲਾਈ ਨੂੰ ਬਹਾਲ ਕਰ ਸਕੇ। ਨਾਟੋ ਗੱਠਜੋੜ ਵਿੱਚ ਸ਼ਾਮਲ ਜਰਮਨੀ ਵੀ ਜੰਗ ਵਿੱਚ ਸ਼ਾਮਲ ਹੋਣ ਤੋਂ ਨਾਂਹ ਕਰ ਚੁੱਕਾ ਹੈ। ਇਸੇ ਦੌਰਾਨ ਖੇਤਰ ਵਿੱਚ ਤਣਾਅ ਉਸ ਵੇਲੇ ਹੋਰ ਵਧ ਗਿਆ, ਜਦੋਂ ਦੁਬਈ ਦੇ ਕੌਮਾਂਤਰੀ ਹਵਾਈ ਅੱਡੇ 'ਤੇ ਇੱਕ ਡਰੋਨ ਹਮਲੇ ਕਾਰਨ ਤੇਲ ਟੈਂਕਰ ਨੂੰ ਅੱਗ ਲੱਗ ਗਈ, ਜਿਸ ਕਾਰਨ ਉਡਾਣਾਂ ਨੂੰ ਅਸਥਾਈ ਤੌਰ 'ਤੇ ਰੋਕਣਾ ਪਿਆ।

# ਰਸੋਈ ਗੈਸ ਦੀ ਕਿੱਲਤ 'ਤੇ ਪੰਜਾਬ ਵਿਧਾਨ ਸਭਾ 'ਚ ਭਾਰੀ ਹੰਗਾਮਾ

**ਚੰਡੀਗੜ੍ਹ** : ਪੰਜਾਬ ਵਿਧਾਨ ਸਭਾ ਦੇ ਬਜਟ ਅਜਲਾਸ ਦਾ ਆਖਰੀ ਦਿਨ ਸੋਮਵਾਰ ਗੈਸ ਸਿਲੰਡਰਾਂ ਦੀ ਕਿੱਲਤ ਦੇ ਮੁੱਦੇ ਨੂੰ ਲੈ ਕੇ ਕਾਫੀ ਹੰਗਾਮੇ ਭਰਿਆ ਰਿਹਾ। ਸਿਫਰ ਕਾਲ ਦੌਰਾਨ 'ਆਪ' ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਸੂਬੇ ਵਿੱਚ ਰਸੋਈ ਗੈਸ ਦੀ ਭਾਰੀ ਕਿੱਲਤ ਦਾ ਮੁੱਦਾ ਚੁੱਕਦਿਆਂ ਮੰਗ ਕੀਤੀ ਕਿ ਆਮ ਲੋਕਾਂ ਨੂੰ ਤੁਰੰਤ ਸਿਲੰਡਰ ਮੁਹੱਈਆ ਕਰਵਾਏ ਜਾਣ। ਇਸ ਮੁੱਦੇ 'ਤੇ ਚਰਚਾ ਦੌਰਾਨ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕੇਂਦਰ ਦੀ ਮੋਦੀ ਸਰਕਾਰ 'ਤੇ ਤਿੱਖੇ ਨਿਸ਼ਾਨੇ ਸੇਧੇ। ਚੀਮਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਭ ਤੋਂ ਵੱਧ ਵਿਦੇਸ਼ ਦੌਰੇ ਕੀਤੇ ਹਨ, ਪਰ ਇਸ ਦੇ ਬਾਵਜੂਦ ਉਨ੍ਹਾ ਦੀ ਵਿਦੇਸ਼ ਨੀਤੀ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ। ਉਨ੍ਹਾ ਸਵਾਲ ਚੁੱਕਿਆ ਕਿ ਪਤਾ ਨਹੀਂ ਪ੍ਰਧਾਨ ਮੰਤਰੀ ਕਿਹੜੀਆਂ ਫਾਈਲਾਂ ਦੇ ਦਬਾਅ ਹੇਠ ਅਮਰੀਕਾ ਅੱਗੇ ਝੁਕੇ ਹਨ। ਸਦਨ ਵਿੱਚ ਮਾਹੌਲ ਏਨਾ ਗਰਮਾ ਗਿਆ ਕਿ 'ਆਪ' ਵਿਧਾਇਕਾਂ ਨੇ ਸਦਨ ਦੇ ਅੰਦਰ ਹੀ ਕੇਂਦਰ ਸਰਕਾਰ ਵਿਰੁੱਧ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ। ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਧਾਇਕਾਂ ਨੂੰ ਵਾਰ-ਵਾਰ ਸ਼ਾਂਤ ਹੋਣ ਅਤੇ ਆਪਣੀਆਂ ਸੀਟਾਂ 'ਤੇ ਬੈਠਣ ਦੀ ਅਪੀਲ ਕੀਤੀ, ਪਰ ਵਿਧਾਇਕਾਂ ਦਾ ਜੋਸ਼ ਠੰਢਾ ਨਹੀਂ ਹੋਇਆ। ਵਿਧਾਇਕਾਂ ਵੱਲੋਂ ਪ੍ਰਦਰਸ਼ਨ ਜਾਰੀ ਰੱਖਣ ਅਤੇ ਲਗਾਤਾਰ ਹੋ ਰਹੀ ਨਾਅਰੇਬਾਜ਼ੀ ਕਾਰਨ ਸਪੀਕਰ ਨੇ ਸਦਨ ਦੀ ਕਾਰਵਾਈ 20 ਮਿੰਟ



• ਬਾਕੀ ਸਫਾ 2 'ਤੇ

## ਬਾਜਵਾ ਦੀ ਨਿੰਦਾ ਦਾ ਮਤਾ ਪਾਸ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਵਿਧਾਨ ਸਭਾ ਨੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੁਆਰਾ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਵਿਰੁੱਧ ਕੀਤੀਆਂ ਗਈਆਂ ਅਪਮਾਨਜਨਕ ਅਤੇ ਜਾਤੀਵਾਦੀ ਟਿੱਪਣੀਆਂ ਦੀ ਸਖ਼ਤ ਨਿੰਦਾ ਕਰਦਿਆਂ ਮਤਾ ਪਾਸ ਕੀਤਾ। ਇਹ ਮਤਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਦੁਆਰਾ ਪੇਸ਼ ਕੀਤਾ ਗਿਆ ਸੀ।

ਇਸ ਤੋਂ ਇਲਾਵਾ ਪਹਿਲਾ ਬਿੱਲ ਪੰਜਾਬ ਰੈਗੂਲੇਸ਼ਨ ਆਫ਼ ਕਰੈਸ਼ਰ ਯੂਨਿਟਸ ਅਤੇ ਸਟਾਕਿਸਟ ਐਂਡ ਰਿਟੇਲਰਜ਼ (ਸੋਧ) ਬਿੱਲ, 2026 ਪੰਜਾਬ ਦੇ ਜਲ ਸਰੋਤ ਤੇ ਖਣਨ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਪੇਸ਼ ਕੀਤਾ ਗਿਆ, ਜਿਸ ਨੂੰ ਸਦਨ ਨੇ ਬਹੁਮਤ ਨਾਲ ਪਾਸ ਕਰ ਦਿੱਤਾ। ਦੂਜਾ ਬਿੱਲ ਸ੍ਰੀ ਗੁਰੂ ਤੇਗ ਬਹਾਦਰ ਵਰਲਡ ਕਲਾਸ ਯੂਨੀਵਰਸਿਟੀ, ਪੰਜਾਬ ਬਿੱਲ, 2026 ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਪੇਸ਼ ਕੀਤਾ ਗਿਆ ਸੀ, ਜਿਸ ਨੂੰ ਸਦਨ ਨੇ ਸਰਬਸੰਮਤੀ ਨਾਲ ਪਾਸ ਕਰ ਦਿੱਤਾ।

## ਬਾਬੂ ਕਾਂਸ਼ੀ ਰਾਮ ਨੂੰ ਭਾਰਤ ਰਤਨ ਦੇਣ ਦਾ ਮਤਾ ਪਾਸ



**ਚੰਡੀਗੜ੍ਹ** : ਪੰਜਾਬ ਵਿਧਾਨ ਸਭਾ ਵੱਲੋਂ ਸੋਮਵਾਰ ਬਾਬੂ ਕਾਂਸ਼ੀ ਰਾਮ ਨੂੰ ਭਾਰਤ ਰਤਨ ਦੇਣ ਦੀ ਮੰਗ ਵਾਲਾ ਮਤਾ ਪਾਸ ਕੀਤਾ ਗਿਆ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮਤਾ ਪੇਸ਼ ਕਰਦਿਆਂ ਕੇਂਦਰ ਸਰਕਾਰ ਨੂੰ ਸਿਫਾਰਸ਼ ਕੀਤੀ ਕਿ ਦੱਬੇ-ਕੁਚਲੇ ਵਰਗਾਂ ਦੀ ਆਵਾਜ਼ ਬੁਲੰਦ ਕਰਨ ਵਾਲੇ ਇਸ ਮਹਾਨ ਰਹਿਬਰ ਨੂੰ ਮਰਨ ਉਪਰੰਤ 'ਭਾਰਤ ਰਤਨ' ਦਿੱਤਾ ਜਾਵੇ। ਬਾਬੂ ਕਾਂਸ਼ੀ ਰਾਮ ਦੇ ਸਿਆਸੀ ਅਤੇ ਸਮਾਜਕ ਯੋਗਦਾਨ ਦਾ ਜ਼ਿਕਰ ਕਰਦਿਆਂ ਚੀਮਾ ਨੇ ਕਿਹਾ ਕਿ ਉਨ੍ਹਾ ਨੇ ਆਪਣਾ ਪੂਰਾ ਜੀਵਨ ਦਲਿਤਾਂ ਅਤੇ ਪੱਛੜੇ ਵਰਗਾਂ ਨੂੰ ਰਾਜਨੀਤਕ ਤੌਰ 'ਤੇ ਜਾਗਰੂਕ ਕਰਨ ਅਤੇ ਉਨ੍ਹਾਂ ਨੂੰ ਸੱਤਾ ਵਿੱਚ ਹਿੱਸੇਦਾਰੀ ਦਿਵਾਉਣ ਲਈ ਸਮਰਪਤ ਕਰ ਦਿੱਤਾ ਸੀ। ਉਨ੍ਹਾ ਕਿਹਾ ਕਿ ਬਾਬੂ ਕਾਂਸ਼ੀ ਰਾਮ ਦਾ ਪੰਜਾਬ ਨਾਲ ਗੂੜ੍ਹਾ ਸੰਬੰਧ ਸੀ ਅਤੇ ਉਨ੍ਹਾ ਦੀਆਂ ਸਿੱਖਿਆਵਾਂ ਅੱਜ ਵੀ ਦੇਸ਼ ਭਰ ਵਿੱਚ ਕਰੋੜਾਂ ਲੋਕਾਂ ਲਈ ਪ੍ਰੇਰਨਾਸਰੋਤ ਹਨ। ਸਦਨ ਨੇ ਸਰਬਸੰਮਤੀ ਨਾਲ ਇਸ ਮਤੇ ਦਾ ਸਮਰਥਨ ਕੀਤਾ। ਬਹਿਸ ਦੌਰਾਨ ਪ੍ਰਤਾਪ ਸਿੰਘ ਬਾਜਵਾ ਨੇ ਸ਼ਹੀਦੇ ਆਜ਼ਮ ਭਗਤ ਸਿੰਘ ਨੂੰ ਵੀ ਭਾਰਤ ਰਤਨ ਦੇਣ ਦੀ ਸਿਫਾਰਸ਼ ਲਈ ਮਤਾ ਪਾਸ ਕਰਨ ਦੀ ਮੰਗ ਕੀਤੀ।

## 'ਸੇਫ਼ਟੀ ਕਿੱਟ' ਨੂੰ ਸਾਹਿਤ ਅਕਾਦਮੀ ਪੁਰਸਕਾਰ






**ਨਵੀਂ ਦਿੱਲੀ** : ਸਾਹਿਤ ਅਕਾਦਮੀ ਵੱਲੋਂ ਸੋਮਵਾਰ ਸਾਲ 2025 ਲਈ 24 ਭਾਰਤੀ ਭਾਸ਼ਾਵਾਂ ਦੀਆਂ ਕਿਰਤਾਂ ਦੇ ਪੁਰਸਕਾਰਾਂ ਦਾ ਐਲਾਨ ਕਰ ਦਿੱਤਾ ਗਿਆ। ਪੰਜਾਬੀ ਲਈ ਇਹ ਪੁਰਸਕਾਰ ਜਿੰਦਰ ਦੇ ਕਹਾਣੀ ਸੰਗ੍ਰਹਿ 'ਸੇਫ਼ਟੀ ਕਿੱਟ' ਨੂੰ ਮਿਲਿਆ ਹੈ। ਇਨ੍ਹਾਂ ਕਹਾਣੀਆਂ 'ਚ ਵਿਦੇਸ਼ਾਂ ਵਿੱਚ ਰਹਿੰਦੇ ਪੰਜਾਬੀਆਂ ਦੇ ਸੰਘਰਸ਼ਾਂ ਨੂੰ ਦਰਸਾਇਆ ਗਿਆ ਹੈ। 'ਸਿਰਲੇਖ' ਕਹਾਣੀ ਜਸਪ੍ਰੀਤ ਨਾਂਅ ਦੀ ਨੌਜਵਾਨ ਕੁੜੀ ਦੇ ਆਸ-ਪਾਸ ਘੁੰਮਦੀ ਹੈ, ਜੋ ਵਿਦੇਸ਼ ਵਿੱਚ ਡਰ ਤੇ ਸੁਰੱਖਿਆ ਦੇ ਵਿਚਕਾਰ ਆਪਣੀ ਜ਼ਿੰਦਗੀ ਨਾਲ ਜੂਝ ਰਹੀ ਹੈ। 'ਸੇਫਟੀ ਕਿੱਟ' ਵਿੱਚ ਸ਼ਾਮਲ ਸਾਰੀਆਂ ਕਹਾਣੀਆਂ ਵਿਸ਼ੇ ਦੀ ਦ੍ਰਿਸ਼ਟੀ ਨਾਲ ਕਾਫ਼ੀ ਵਿਭਿੰਨ ਹਨ, ਜਿਨ੍ਹਾਂ ਵਿੱਚ ਸਮਾਜਿਕ, ਆਰਥਿਕ, ਸੱਭਿਆਚਾਰਕ ਅਤੇ ਮਨੋਵਿਗਿਆਨਕ ਮੁੱਦੇ ਸ਼ਾਮਲ ਹਨ। ਕਿਤਾਬ ਵਿੱਚ ਕਈ ਮਹਿਲਾ

• ਬਾਕੀ ਸਫਾ 2 'ਤੇ




## ਸੇਵਾ ਭਾਰਤੀ ਨੇ ਕੈਂਪ ਲਾਇਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸੇਵਾ ਭਾਰਤੀ ਵੱਲੋਂ ਸੰਪਰਪਣ ਸੰਸਥਾ ਦੇ ਸਹਿਯੋਗ ਨਾਲ ਕੁਸ਼ਟ ਆਸ਼ਰਮ ਵਿਖੇ ਮੈਡੀਕਲ ਕੈਂਪ ਲਾਇਆ ਗਿਆ।ਸੰਪਰਪਣ ਸੰਸਥਾ ਦੇ ਡਾਕਟਰ ਨੇ ਕੁਸ਼ਟ ਆਸ਼ਰਮ ਵਿੱਚ ਰਹਿ ਰਹੇ ਮਰੀਜ਼ਾਂ ਦੀਆਂ ਪੱਟੀਆਂ ਕੀਤੀਆਂ।ਕੈਂਪ 'ਚ ਸਾਬਕਾ ਐਮ ਐਲ ਏ ਭਾਈ ਹਰਨਿਰਪਾਲ ਸਿੰਘ ਕੁੱਕੂ ਵਿਸ਼ੇਸ਼ ਤੌਰ 'ਤੇ ਆਏ।ਸੰਸਥਾ ਵੱਲੋਂ ਕੁਸ਼ਟ ਆਸ਼ਰਮ ਨੂੰ ਲਈ ਪੱਟੀਆਂ ਤੇ ਦਵਾਈਆਂ ਦਿੱਤੀਆਂ ਗਈਆਂ।ਸੰਸਥਾ ਵੱਲੋਂ ਆਏ ਮਹਿਮਾਨਾਂ ਦਾ ਮਾਣ-ਸਤਿਕਾਰ ਕੀਤਾ ਗਿਆ।

## 45 ਸਾਲ ਬਾਅਦ ਜਮਾਤੀ ਆਪਸ 'ਚ ਮਿਲੇ



**ਲੁਧਿਆਣਾ (ਸਤੀਸ਼ ਸਚਦੇਵਾ)**-ਜੀ.ਐਨ.ਈ.ਪੀ ਦੇ ਬੈਚ 1977-80 ਸਿਵਲ ਦੇ ਜਮਾਤੀਆਂ ਦੀ ਮੀਟਿੰਗ ਬਸੰਤ ਪਲੈਟੀਨਮ ਰੈਸਟੋਰੈਂਟ ਦੁੱਗਰੀ ਵਿਖੇ ਹੋਈ, ਜਿਸ ਵਿੱਚ ਵੱਖ-ਵੱਖ ਵਿਭਾਗਾਂ ਤੋਂ ਸੇਵਾਮੁਕਤ ਸਾਥੀਆਂ ਨੇ ਹਿੱਸਾ ਲਿਆ। ਮੀਟਿੰਗ ਦਾ ਇੰਤਜ਼ਾਮ ਗੁਲਜ਼ਾਰ ਸਿੰਘ ਜਿਹੜੇ ਹੁਣ ਇੰਜਨੀਅਰ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਦੇ ਸੀਨੀਅਰ ਵਾਈਸ ਪ੍ਰੈਜ਼ੀਡੈਂਟ ਹਨ, ਵੱਲੋਂ ਸਾਰਿਆਂ ਦੇ ਸਹਿਯੋਗ ਨਾਲ ਕੀਤਾ ਗਿਆ।ਇਸ ਵਿੱਚ ਪ੍ਰਮੁੱਖ ਤੌਰ 'ਤੇ ਹਰਵਿੰਦਰ ਸਿੰਘ ਜਿਹੜੇ ਜਮਾਤ ਦੇ ਸੀਨੀਅਰ ਰਹਿ ਚੁੱਕੇ ਹਨ, ਵੱਲੋਂ ਆਸਟ੍ਰੇਲੀਆ ਤੋਂ ਆ ਕੇ ਹਾਜ਼ਰੀ ਭਰੀ ਗਈ।ਜੋਗਿੰਦਰ ਸਿੰਘ ਜਿਹੜੇ ਮੁੱਖ ਇੰਜਨੀਅਰ ਦੇ ਤੌਰ 'ਤੇ ਸੈਂਟਰ 'ਚੋ ਸੇਵਾਮੁਕਤ ਹੋਏ ਹਨ, ਵਿਸ਼ੇਸ਼ ਤੌਰ 'ਤੇ ਦਿੱਲੀ ਤੋਂ ਆ ਕੇ ਆਪਣੇ ਵਿਚਾਰ ਸਾਂਝੇ ਕੀਤੇ।ਕਮਲੇਸ਼ ਕੁਮਾਰ ਜਿਹੜੇ ਕਾਰਪੋਰੇਸ਼ਨ 'ਚੋਂ ਬਤੌਰ ਕਮਿਸ਼ਨਰ ਸੇਵਾਮੁਕਤ ਹਾਜ਼ਰ ਹੋਏ।ਇਨ੍ਹਾਂ ਤੋਂ ਇਲਾਵਾ ਅਮਰ ਸਿੰਘ, ਅਵਤਾਰ ਸਿੰਘ, ਅਮਰਜੀਤ ਸਿੰਘ, ਬਲਦੇਵ ਸਿੰਘ, ਦਲਬੀਰ ਸਿੰਘ, ਗੁਰਿੰਦਰ ਸਿੰਘ ਚੱਢਾ, ਆਰਕੀਟੈਕਟ, ਹਰਵਿੰਦਰ ਸਿੰਘ ਵਾਲੀਆ, ਹਰੀ ਕਿਸ਼ਨ, ਜਗਰੂਪ ਸਿੰਘ, ਗੁਰਦੇਵ ਸਿੰਘ, ਸੰਧੂ ਸਾਹਿਬ, ਜਵਾਹਰ ਲਾਲ, ਮਦਨ ਲਾਲ, ਕੇਵਲ ਸਿੰਘ ਜਿਹੜੇ ਕਿ ਵੱਖ-ਵੱਖ ਮਹਿਕਮਿਆਂ 'ਚੋਂ ਕਾਰਜਕਾਰੀ ਇੰਜਨੀਅਰ ਤੇ ਉਪ ਮੰਡਲ ਦੇ ਅਹੁਦੇ ਤੋਂ ਸੇਵਾਮੁਕਤ ਹੋਏ ਹਾਜ਼ਰ ਹੋਏ।ਇਹ ਜਮਾਤੀ 46 ਸਾਲ ਬਾਅਦ ਆਪਸ 'ਚ ਮਿਲੇ ਹਨ।

## ਕਬੱਡੀ 40 ਕਿੱਲੋ 'ਚ ਮਾਛੀਕੇ ਫਸਟ, ਬਿਲਾਸਪੁਰ ਦੀ ਟੀਮ ਦੂਜੇ ਨੰਬਰ 'ਤੇ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਆਦਰਸ਼ ਯੂਥ ਵੈਲਫੇਅਰ ਐਂਡ ਸਪੋਰਟਸ ਕਲੱਬ ਬਿਲਾਸਪੁਰ ਵੱਲੋਂ ਕਬੱਡੀ ਦਾ ਤੀਜਾ ਟੂਰਨਾਮੈਂਟ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਕਬੱਡੀ ਦਾ ਸਾਨਦਾਰ ਟੂਰਨਾਮੈਂਟ ਕਰਾਇਆ ਗਿਆ, ਜਿਸ ਵਿੱਚ ਕਬੱਡੀ 40 ਕਿਲੋ ਵਿੱਚ ਮਾਛੀਕੇ ਫਸਟ ਰਹੀ ਤੇ ਦੂਜਾ ਸਥਾਨ ਬਿਲਾਸਪੁਰ ਦੀ ਟੀਮ ਨੇ ਹਾਸਲ ਕੀਤਾ। 60 ਕਿਲੋ ਵਿੱਚ ਬਿਲਾਸਪੁਰ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ ਤੇ ਦੂਜਾ ਸਥਾਨ ਮਾਛੀਕੇ ਦੀ ਟੀਮ ਨੇ ਹਾਸਲ ਕੀਤਾ। 70 ਕਿਲੋ ਵਿੱਚ ਦੀਵਾਨੇ ਫਸਟ ਤੇ ਬਿਲਾਸਪੁਰ ਦੀ ਟੀਮ ਨੇ ਦੂਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਬੱਬੂ ਕਨੇਡਾ ਗੁਰਿੰਦਰ ਇਟਲੀ ਵੱਲੋਂ ਮਨੀ ਬਿਲਾਸਪੁਰ ਨੂੰ ਵਾਸ਼ਿੰਗ ਮਸ਼ੀਨ ਨਾਲ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਪਿੰਦੀ ਰਾਊਕੇ ਨੂੰ ਰੇਜਰ ਸੈਕਲੀ ਤੇ ਆਸੂ ਭਦੌੜ ਨੂੰ ਕਲੱਬ ਵੱਲੋਂ 4100 ਦੀ ਨਕਦ ਰਾਸ਼ੀ ਤੇ ਕਟਰਿੰਗ ਲਾਡੀ ਸ਼ਰਮਾ ਵੱਲੋਂ ਸੇਵਕ ਕਬੱਡੀ ਖਿਡਾਰੀ ਦਾ ਵਿਸੇਸ ਸਨਮਾਨਤ ਕੀਤਾ ਗਿਆ।

## ਆਂਗਣਵਾੜੀ ਵਰਕਰਾਂ ਲਈ 'ਪੋਸ਼ਣ ਵੀ, ਪੜ੍ਹਾਈ ਵੀ' ਵਿਸ਼ੇ ਤੇ ਟ੍ਰੇਨਿੰਗ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਆਂਗਣਵਾੜੀ ਵਰਕਰਾਂ ਲਈ 'ਪੋਸ਼ਣ ਵੀ, ਪੜ੍ਹਾਈ ਵੀ' ਵਿਸ਼ੇ 'ਤੇ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ।ਇਹ ਟ੍ਰੇਨਿੰਗ ਪ੍ਰੋਗਰਾਮ ਜਨਵਰੀ ਤੋਂ ਮਾਰਚ ਤੱਕ ਵੱਖ-ਵੱਖ ਪੜਾਵਾਂ ਵਿੱਚ ਕਰਾਇਆ ਗਿਆ। ਟ੍ਰੇਨਿੰਗ 10 ਪੜਾਵਾਂ ਵਿੱਚ ਕਰਾਈ ਗਈ।ਟ੍ਰੇਨਿੰਗ ਕੈਂਪ ਦਾ ਆਯੋਜਨ ਜ਼ਿਲ੍ਹਾ ਪ੍ਰੋਗਰਾਮ ਅਫਸਰ ਗੁਰਜੀਤ ਕੌਰ ਤੇ ਬਾਲ ਵਿਕਾਸ ਪ੍ਰੋਜੈਕਟ ਅਫਸਰ ਕਰਨ ਬਰਾੜ ਦੀ ਯੋਗ ਅਗਵਾਈ ਹੇਠ ਕੀਤਾ ਗਿਆ।ਟ੍ਰੇਨਿੰਗ ਦਾ ਮੁੱਖ ਉਦੇਸ਼ ਤਿੰਨ ਤੋਂ ਛੇ ਸਾਲ ਤੱਕ ਦੇ ਬੱਚਿਆਂ ਨੂੰ ਅਰਲੀ ਚਾਇਲਡ ਹੁੱਡ ਕੇਅਰ ਐਂਡ ਐਜੂਕੇਸ਼ਨ ਪ੍ਰਤੀ ਜਾਗਰੂਕ ਕਰਨਾ ਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣਾ ਹੈ।ਪ੍ਰਥਮ ਐਜੂਕੇਸ਼ਨ ਫਾਊਂਡੇਸ਼ਨ ਦੀ ਟੀਮ ਵੱਲੋਂ ਆਂਗਣਵਾੜੀ ਵਰਕਰਾਂ ਨੂੰ ਸਿਖਲਾਈ ਦਿੱਤੀ ਗਈ। ਪ੍ਰਥਮ ਜ਼ਿਲ੍ਹਾ ਕੋਆਰਡੀਨੇਟਰ ਜਗਤਾਰ ਸਿੰਘ ਤੇ ਸਹਾਇਕ ਜ਼ਿਲ੍ਹਾ ਕੋਆਰਡੀਨੇਟਰ ਗੁਰਵਿੰਦਰ ਸਿੰਘ ਨੇ ਵਰਕਰਾਂ ਨੂੰ ਬੱਚਿਆਂ ਦੀ ਚੰਗੀ ਸਿਹਤ, ਪੋਸ਼ਣ ਤੇ ਸੁਰੱਖਿਆ ਦੇ ਨਾਲ ਖੇਡ-ਖੇਡ ਦੀ ਵਿਧੀ ਰਾਹੀਂ ਸਿੱਖਣ ਪ੍ਰਕਿਰਿਆ ਨੂੰ ਆਧੁਨਿਕ ਤਰੀਕਿਆਂ ਨਾਲ ਬਹੁਤ ਹੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।ਇਸ ਮੌਕੇ ਬਲਾਕ ਕੋਆਰਡੀਨੇਟਰ ਰੁਪਿੰਦਰ ਸਿੰਘ ਪਾਸੀ, ਹਰਪ੍ਰੀਤ ਸਿੰਘ ਮੱਲ੍ਹੀ, ਬਿਕਰਮ ਇਸ ਤੋਂ ਇਲਾਵਾ ਸੁਪਰਵਾਈਜ਼ਰ ਮਨਜੀਤ ਕੌਰ, ਸੁਰਿੰਦਰ ਕੌਰ, ਸਰਬਜੀਤ ਕੌਰ, ਹਰਮੀਤ ਕੌਰ, ਗੁਰਪ੍ਰੀਤ ਕੌਰ, ਅਮਨਦੀਪ ਕੌਰ, ਜਸਵੀਰ ਕੌਰ, ਕੁਲਦੀਪ ਕੌਰ, ਕੋਮਲ ਬਾਂਸਲ, ਸੁਰਿੰਦਰ ਕੌਰ, ਪਰਮਜੀਤ ਕੌਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਟ੍ਰੇਨਿੰਗ ਦੌਰਾਨ ਤਿੰਨ ਬਲਾਕ ਦੇ ਸਮੂਹ ਆਂਗਣਵਾੜੀ ਵਰਕਰਾਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਪ੍ਰਥਮ ਟੀਮ ਵੱਲੋਂ ਦਿੱਤੀ ਗਈ ਨਵੀਂ ਜਾਣਕਾਰੀ ਦੀ ਸ਼ਲਾਘਾ ਕੀਤੀ।

## 23 ਨੂੰ ਬਰਨਾਲਾ 'ਚ ਹੋਵੇਗੀ ਵਿਸ਼ਾਲ ਰੈਲੀ : ਹਰਜੀਤ ਖਿਆਲੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਭਾਈ ਲਾਲੋ ਪੰਜਾਬੀ ਮੰਚ ਵੱਲੋਂ ਭਖਦੀਆਂ ਮੰਗਾਂ ਨੂੰ ਲੈ ਕੇ ਬਰਨਾਲਾ 'ਚ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ।ਇਹ ਜਾਣਕਾਰੀ ਭਾਈ ਲਾਲੋ ਪੰਜਾਬੀ ਮੰਚ ਦੇ ਆਗੂ ਹਰਜੀਤ ਸਿੰਘ ਖਿਆਲੀ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਮਹਿਲ ਕਲਾਂ ਹਲਕੇ ਦੇ ਵੱਖ ਵੱਖ ਪਿੰਡਾਂ 'ਚ ਮੀਟਿੰਗਾਂ ਦੀ ਮੁਹਿੰਮ ਚੱਲ ਰਹੀ ਹੈ, ਜਿਸ ਤਹਿਤ ਪਿੰਡ ਕੁਰੜ, ਪੰਡੋਰੀ ਤੇ ਮਾਂਗੇਵਾਲ 'ਚ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਹਰਜੀਤ ਸਿੰਘ ਖ਼ਿਆਲੀ ਨੇ ਕਿਹਾ ਕਿ ਹੁਣ ਵਕਤ ਆ ਗਿਆ ਹੈ ਕਿ ਅਸੀਂ ਆਪਣੀ ਆਵਾਜ਼ ਨੂੰ ਹੀ ਆਪਣਾ ਸਭ ਤੋਂ ਵੱਡਾ ਹਥਿਆਰ ਬਣਾਈਏ।ਜਦੋਂ ਤੱਕ ਤੁਸੀਂ ਸਹਿੰਦੇ ਰਹੋਗੇ, ਉਹ ਕੁਚਲਦੇ ਰਹਿਣਗੇ।ਸਰਕਾਰ ਨੇ ਜੋ ਵਾਅਦੇ ਕੀਤੇ, ਉਹ ਸਿਰਫ ਗੱਲਾਂ ਵਿੱਚ ਹੀ ਪੂਰੇ ਕੀਤੇ ਹਨ।ਗਰਾਊਂਡ ਤੇ ਸਿਹਤ, ਸਿੱਖਿਆ, ਰੁਜ਼ਗਾਰ ਦਾ ਕੋਈ ਪ੍ਰਬੰਧ ਨਹੀਂ ਕੀਤਾ।ਹਰ ਪਾਸੇ ਭ੍ਰਿਸ਼ਟਾਚਾਰ, ਮਹਿੰਗੇ ਇਲਾਜ ਕਰਕੇ ਲੋਕ ਆਪਣਾ ਇਲਾਜ ਕਰਵਾਉਣ ਤੋਂ ਅਸਮਰੱਥ ਹਨ।ਨੌਜਵਾਨ ਆਗੂ ਹਰਜੀਤ ਖ਼ਿਆਲੀ ਨੇ ਸਮੂਹ ਕਿਰਤੀ ਲੋਕਾਂ ਨੂੰ 23 ਮਾਰਚ ਨੂੰ ਬਰਨਾਲਾ ਵਿਖੇ ਕਚਹਿਰੀ ਚੌਂਕ ਪੁਲ ਹੇਠਾਂ ਪਰਵਾਰਾਂ ਸਮੇਤ ਪਹੁੰਚਣ ਦੀ ਅਪੀਲ ਕੀਤੀ।ਇਸ ਮੌਕੇ ਜੀਵਨ ਸਿੰਘ ਕੁਰੜ, ਬਿੱਕਰ ਸਿੰਘ ਕੁਰੜ, ਅਮਰਿੰਦਰ ਸਿੰਘ, ਅਰਸ਼ਦੀਪ ਸਿੰਘ, ਗੁਰਵਿੰਦਰ ਸਿੰਘ, ਸੁਖਬੀਰ ਸਿੰਘ, ਲਖਵਿੰਦਰ ਸਿੰਘ, ਚਮਕੌਰ ਸਿੰਘ, ਕੁਲਦੀਪ ਸਿੰਘ, ਜੀਵਨ ਸਿੰਘ, ਸਿਮਰਤ ਸਿੰਘ, ਅਮਨਦੀਪ ਸਿੰਘ ਮਾਂਗੇਵਾਲ, ਕੇਵਲ ਸਿੰਘ ਠੁੱਲੀਵਾਲ, ਜਗਸੀਰ ਸਿੰਘ ਖ਼ਿਆਲੀ ਆਦਿ ਹਾਜ਼ਰ ਸਨ।

## ਨਸ਼ੀਲੇ ਪਦਾਰਥਾਂ ਸਮੇਤ 5 ਗ੍ਰਿਫਤਾਰ

**ਧੂਰੀ (ਮਨੋਹਰ ਸੱਗੂ/ਮੋਹਿਤ ਗਰਗ)**-ਉਪ ਮੰਡਲ ਪੁਲਸ ਧੂਰੀ ਵੱਲੋਂ 4 ਮੁਕੱਦਮਿਆਂ 'ਚ ਗ੍ਰਿਫਤਾਰ ਕੀਤੇ 5 ਵਿਅਕਤੀਆਂ ਪਾਸੋਂ ਭੁੱਕੀ, ਨਸ਼ੀਲੀਆਂ ਗੋਲੀਆਂ, ਨਾਜਾਇਜ਼ ਸ਼ਰਾਬ ਤੇ ਸੁਲਫ਼ਾ ਬਰਾਮਦ ਕਰਨ ਦਾ ਦਾਅਵਾ ਕੀਤਾ ਜਾ ਰਿਹਾ।ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਸਰਤਾਜ ਸਿੰਘ ਚਾਹਲ ਅਨੁਸਾਰ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਤੇ ਪਿੰਡਾਂ ਦੇ ਪਹਿਰੇਦਾਰ ਮੁਹਿੰਮ ਤਹਿਤ ਧੂਰੀ ਉੱਪ ਮੰਡਲ ਅਧੀਨ ਆਉਂਦੇ ਥਾਣਿਆਂ ਦੀ ਪੁਲਸ ਵੱਲੋਂ 9 ਮਾਰਚ ਤੋਂ 15 ਮਾਰਚ ਤੱਕ ਇੱਕ ਹਫ਼ਤੇ 'ਚ ਦਰਜ ਕੀਤੇ ਗਏ 4 ਮੁਕੱਦਮਿਆਂ 'ਚ 5 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ ਪਾਸੋਂ 7 ਕਿਲੋਗ੍ਰਾਮ ਭੁੱਕੀ ਚੂਰਾ ਪੋਸਤ, 70 ਨਸ਼ੀਲੀਆਂ ਗੋਲੀਆਂ, 24 ਬੋਤਲਾਂ ਸ਼ਰਾਬ ਠੇਕਾ ਦੇਸੀ ਤੇ 150 ਗ੍ਰਾਮ ਸੁਲਫ਼ਾ ਬਰਾਮਦ ਕੀਤਾ ਗਿਆ।

# ਉਲੰਘਣਾ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ : ਜਤਿੰਦਰ ਸਿੰਘ ਸ਼ੰਟੀ

### ਜ਼ਿਲ੍ਹਾ ਪੱਧਰ 'ਤੇ 15 ਮੈਂਬਰੀ ਕੋਰ ਗਰੁੱਪਾਂ ਦਾ ਹੋਵੇਗਾ ਗਠਨ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ, ਗੁਰਪ੍ਰੀਤ ਸਿੰਘ ਬੇਦੀ)**-ਪੰਜਾਬ ਰਾਜ ਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਸ੍ਰ. ਜਤਿੰਦਰ ਸਿੰਘ ਸ਼ੰਟੀ (ਪਦਮਸ੍ਰੀ ਐਵਾਰਡੀ) ਨੇ ਫ਼ਰੀਦਕੋਟ ਵਿਖੇ ਸਪੱਸ਼ਟ ਕੀਤਾ ਕਿ ਸੂਬੇ ਵਿੱਚ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਕਮਿਸ਼ਨ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਕਿਸੇ ਵੀ ਨਾਗਰਿਕ ਦੇ ਮੌਲਿਕ ਅਧਿਕਾਰਾਂ ਦੀ ਉਲੰਘਣਾ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ, ਐੱਨ ਜੀ ਓਜ਼ ਤੇ ਸਰਪੰਚਾਂ ਨਾਲ ਕੀਤੀ ਇਕ ਅਹਿਮ ਮੀਟਿੰਗ ਦੌਰਾਨ ਸ. ਸ਼ੰਟੀ ਨੇ ਦੱਸਿਆ ਕਿ ਕਮਿਸ਼ਨ ਵੱਲੋਂ ਸੂਬੇ ਦੇ ਹਰ ਜ਼ਿਲ੍ਹੇ ਵਿੱਚ 15 ਮੈਂਬਰੀ ਕੋਰ ਗਰੁੱਪ ਬਣਾਏ ਜਾ ਰਹੇ ਹਨ।ਇਨ੍ਹਾਂ ਗਰੁੱਪਾਂ ਵਿੱਚ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਸ਼ਾਮਲ ਕੀਤੇ ਜਾਣਗੇ ਤਾਂ ਜੋ ਪੀੜਤਾਂ ਨੂੰ ਜ਼ਿਲ੍ਹਾ ਪੱਧਰ 'ਤੇ ਹੀ ਤੁਰੰਤ ਨਿਆਂ ਮਿਲ ਸਕੇ।ਹਸਪਤਾਲਾਂ ਦੀ ਕਾਰਜਪ੍ਰਣਾਲੀ 'ਤੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਕਮਿਸ਼ਨ ਨੇ ਇੱਕ ਵਿਸ਼ੇਸ਼ ਐਡਵਾਈਜ਼ਰੀ ਜਾਰੀ ਕੀਤੀ ਹੈ।ਹੁਣ ਕੋਈ ਵੀ ਹਸਪਤਾਲ ਬਿੱਲ ਨਾ ਚੁਕਾਉਣ ਦੇ ਬਹਾਨੇ ਮ੍ਰਿਤਕ ਦੇਹ ਨੂੰ ਬੰਧਕ ਨਹੀਂ ਬਣਾ ਸਕੇਗਾ।ਜੇਕਰ ਕੋਈ ਹਸਪਤਾਲ ਲਾਸ਼ ਦੇਣ ਤੋਂ ਇਨਕਾਰ ਕਰਦਾ ਹੈ, ਤਾਂ ਉਸ ਵਿਰੁੱਧ ਤੁਰੰਤ ਪੁਲਸ ਕੇਸ ਦਰਜ ਕੀਤਾ ਜਾਵੇਗਾ।ਇਸ ਦੇ ਨਾਲ ਹੀ ਉਨ੍ਹਾਂ ਐਂਬੂਲੈਂਸ ਪਾਇਲਟ ਪ੍ਰੋਜੈਕਟ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ।ਸਫ਼ਾਈ ਕਰਮਚਾਰੀਆਂ ਦੇ ਹੱਕਾਂ ਦੀ ਗੱਲ ਕਰਦਿਆਂ ਸ੍ਰ. ਸ਼ੰਟੀ ਨੇ ਦੱਸਿਆ ਕਿ ਠੇਕੇਦਾਰਾਂ ਲਈ ਇਹ ਲਾਜ਼ਮੀ ਕਰ ਦਿੱਤਾ ਗਿਆ ਹੈ ਕਿ ਉਹ ਕਰਮਚਾਰੀਆਂ ਨੂੰ ਦਸਤਾਨੇ, ਮਾਸਕ, ਵਿਸ਼ੇਸ਼ ਕੱਪੜੇ ਤੇ ਬੀਮਾ ਸਹੂਲਤ ਮੁਹੱਈਆ ਕਰਵਾਉਣ।ਮੀਡੀਆ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਉਨ੍ਹਾਂ ਦੱਸਿਆ ਕਿ ਲੋਕ ਆਪਣੀਆਂ ਸ਼ਿਕਾਇਤਾਂ ਵਟਸਐਪ ਨੰਬਰ 9855475547 ਜਾਂ ਕਮਿਸ਼ਨ ਦੀ ਵੈੱਬਸਾਈਟ www.pshrc.net 'ਤੇ ਦਰਜ ਕਰਵਾ ਸਕਦੇ ਹਨ।ਉਨ੍ਹਾਂ ਭਰੋਸਾ ਦਿੱਤਾ ਕਿ ਹਰ ਸ਼ਿਕਾਇਤ 'ਤੇ 48 ਘੰਟਿਆਂ ਦੇ ਅੰਦਰ-ਅੰਦਰ ਕਾਰਵਾਈ ਯਕੀਨੀ ਬਣਾਈ ਜਾਵੇਗੀ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸੰਦੀਪ ਮਲਹੋਤਰਾ, ਐੱਸ.ਡੀ.ਐੱਮ ਪੁਨੀਤ ਸ਼ਰਮਾ (ਫ਼ਰੀਦਕੋਟ), ਸੁਖਰਾਜ ਸਿੰਘ ਢਿੱਲੋਂ (ਕੋਟਕਪੂਰਾ), ਵਿਕਰਮਜੀਤ ਸਿੰਘ (ਜੈਤੋ), ਸਿਵਲ ਸਰਜਨ ਡਾ. ਪਰਵਜੀਤ ਸਿੰਘ ਤੇ ਹੋਰ ਵੱਖ-ਵੱਖ ਵਿਭਾਗਾਂ ਦੇ ਉੱਚ ਅਧਿਕਾਰੀ ਤੇ ਐੱਨ.ਜੀ.ਓਜ਼ ਦੇ ਨੁਮਾਇੰਦੇ ਮੌਜੂਦ ਸਨ।

## ਸਰਕਾਰੀ ਹਸਪਤਾਲ ਦੇ ਏ.ਸੀ ਬਲੋਅਰ ਦੇ ਤਾਂਬੇ ਦੇ ਪਾਈਪ ਚੋਰੀ

**ਸੁਨਾਮ (ਹਾਕਮ ਭੱਟੀ, ਅਸ਼ੋਕ ਬਾਂਸਲ)**
ਗਰਮੀ ਵਧਣ ਕਾਰਨ ਸਰਕਾਰੀ ਹਸਪਤਾਲ ਦੇ ਇੰਚਾਰਜ ਐਸ ਐਮ ਓ ਸ਼ਬਦੀਪ ਕੌਰ ਨੇ ਹਸਪਤਾਲ ਵਿੱਚ ਲੱਗੇ ਸਪਲਿਟ ਏਸੀ, ਵਿੰਡੋ ਏਸੀ ਦੀ ਸਰਵਿਸ ਕਰਾਉਣ ਲਈ ਮਿਸਤਰੀ ਨੂੰ ਬੁਲਾਇਆ। ਐਸ.ਐਮ.ਓ ਨੂੰ ਦੱਸਿਆ ਕਿ ਸਪਲਿਟ ਏ.ਸੀ ਜੋ ਛੱਤ 'ਤੇ ਪਏ ਹਨ ਜਾਂ ਨਵੇਂ ਪਿਛਲੇ ਸਾਲ ਲੱਗੇ ਬਾਹਰ ਬਲੋਅਰ ਹਨ, ਉਨ੍ਹਾਂ 'ਚ ਜੋ ਤਾਂਬੇ ਦੇ ਪਾਈਪ ਹੁੰਦੇ ਹਨ, ਉਹ ਉਨ੍ਹਾਂ ਵਿੱਚ ਹੈ ਹੀ ਨਹੀਂ। ਚੋਰਾਂ ਵੱਲੋਂ ਵੱਢ ਕੇ ਵੇਚੇ ਗਏ ਹਨ। ਐਸ ਐਮ ਓ ਨੇ ਦੱਸਿਆ ਕਿ ਹਸਪਤਾਲ ਵਿੱਚ ਲੰਮੇ ਸਮੇਂ ਤੋਂ ਚੋਰੀ ਦੀਆਂ ਵਾਰਦਾਤਾਂ ਅਕਸਰ ਹੀ ਹੁੰਦੀਆਂ ਰਹਿੰਦੀਆਂ ਹਨ। ਜੋ ਮਰੀਜ਼ ਦਵਾਈ ਲੈਣ ਆਉਂਦੇ ਹਨ, ਉਨ੍ਹਾਂ ਦੇ ਮੋਟਰਸਾਈਕਲ ਚੁੱਕੇ ਜਾਂਦੇ ਹਨ। ਖੁਦ ਸਟਾਫ ਦੇ ਵੀ ਚੁੱਕੇ ਗਏ। ਲੰਮੇ ਸਮੇਂ ਤੋਂ ਚੌਂਕੀਦਾਰ ਦੀਆਂ ਪੋਸਟਾਂ ਖਾਲੀ ਪਈਆਂ ਹਨ। ਉਨ੍ਹਾਂ ਦੱਸਿਆ ਕਿ ਅਸੀਂ ਮਹਿਕਮੇ ਨੂੰ ਕਈ ਵਾਰ ਲਿਖ ਕੇ ਦੇ ਚੁੱਕੇ ਹਾਂ ਕਿ ਇੱਥੇ ਚੌਂਕੀਦਾਰ ਭੇਜੇ ਜਾਣ, ਪ੍ਰੰਤੂ ਹਾਲੇ ਤੱਕ ਕੋਈ ਵੀ ਸੁਣਵਾਈ ਨਹੀਂ ਹੋਈ। ਐਸਐਮਓ ਨੇ ਦੱਸਿਆ ਕਿ ਇਸ ਦੀ ਪੁਲਿਸ ਸ਼ਿਕਾਇਤ ਲਿਖਤੀ ਤੌਰ 'ਤੇ ਕਰ ਦਿੱਤੀ ਹੈ।

## ਅੱਜ-ਨਾਮਾ

ਆਪ ਸਰਕਾਰ ਦਾ ਬੀਤਿਆ ਸਾਲ ਚੌਥਾ,
ਚੜ੍ਹਿਆ ਅੱਜ ਜਦ ਪੰਜਵਾਂ ਸਾਲ ਮੀਆਂ।
ਲੇਖੇ-ਜੋਖੇ ਲਈ ਅਸਲ ਆ ਘੜੀ ਏਹੀ,
ਦਿੱਸਦਾ ਕਿੱਦਾਂ ਪੰਜਾਬ ਦਾ ਹਾਲ ਮੀਆਂ।
ਹੋਏ ਕੰਮਾਂ ਦਾ ਕੀਤਾ ਸਰਕਾਰ ਦਾਅਵਾ,
ਕੀਤੀ ਕਹਿੰਦੀ ਆ ਬੜੀ ਕਮਾਲ ਮੀਆਂ।
ਵਿਰੋਧੀ ਆਗੂਆਂ ਨੂੰ ਪੁੱਛੋ, ਆਖਦੇ ਈ,
ਪਹਿਲਾਂ ਵਾਂਗ ਹੈ ਰਾਜ ਦੀ ਚਾਲ ਮੀਆਂ।
ਰਾਜ ਕੋਈ ਨਹੀਂ ਕਦੇ ਵੀ ਅਸੀਂ ਡਿੱਠਾ,
ਸਭ ਦੀ ਜਦੋਂ ਡਿੱਠੀ ਇੱਕੋ ਰਾਏ ਮੀਆਂ।
ਹੱਕ-ਵਿਰੋਧ ਦੇ ਜਾਂਦੇ ਨੇ ਸੁਣੇ ਦਾਅਵੇ,
ਵਕਤ ਬੀਤਦਾ ਏਦਾਂ ਬੱਸ ਜਾਏ ਮੀਆਂ।

-ਤੀਸ ਮਾਰ ਖਾਂ

# ਮੋਦੀ ਨੇ ਜੰਗਬਾਜ਼ਾਂ ਦਾ ਸਾਥ ਦੇ ਕੇ ਦੇਸ਼ ਸੰਕਟ 'ਚ ਪਾਇਆ : ਬੰਤ ਬਰਾੜ

### ਵਿੱਛੜ ਚੁੱਕੇ ਸਾਥੀਆਂ ਦੀ ਯਾਦ 'ਚ ਸਾਲਾਨਾ ਸਮਾਗਮ



**ਗੁਰਦਾਸਪੁਰ** : ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਇਤਿਹਾਸਕ ਪਿੰਡ ਕਾਲਾ ਅਫਗਾਨਾ ਦੀ ਪਾਰਟੀ ਇਕਾਈ ਦੇ ਸਹਿਯੋਗ ਨਾਲ ਆਪਣੇ ਵਿਛੜ ਚੁੱਕੇ ਸਾਥੀਆਂ ਗੁਰਬਖਸ਼ ਸਿੰਘ, ਹਰਬੰਸ ਸਿੰਘ ਚੀਮਾ, ਸਾਧੂ ਸਿੰਘ, ਕੁਲਵੰਤ ਸਿੰਘ ਬੋਪਾਰਾਏ ਅਤੇ ਅੱਤਵਾਦ ਦੌਰਾਨ ਸ਼ਹੀਦ ਹੋਏ ਬਲਜੀਤ ਸਿੰਘ (ਪੱਪੂ) ਦੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਕਾਮਰੇਡ ਤੇਜਾ ਸਿੰਘ ਸੁਤੰਤਰ ਯਾਦਗਾਰੀ ਲਾਇਬਰੇਰੀ ਦੇ ਮੈਦਾਨ ਵਿੱਚ ਸਮਾਗਮ ਕਰਵਾਇਆ। ਇਸ ਸਮਾਗਮ ਨੂੰ ਪਾਰਟੀ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਨੇ ਸੰਬੋਧਨ ਕਰਦਿਆਂ ਜਿਥੇ ਵਿਛੜੇ ਸਾਥੀਆਂ ਨੂੰ ਸ਼ਰਧਾਜਲੀ ਭੇਟ ਕੀਤੀ, ਉਥੇ ਉਹਨਾ ਵੱਲੋਂ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਈਰਾਨ ਉਪਰ ਕੀਤੇ ਹਮਲੇ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਕਿਹਾ ਕਿ ਇਹ ਜੰਗ ਸਾਰੀਆਂ ਕੌਮਾਤਰੀ ਸੰਧੀਆਂ ਅਤੇ ਯੂ ਐਨ ਓ ਚਾਰਟਰ ਦੇ ਨਿਯਮਾਂ ਦੇ ਵਿਰੁੱਧ ਹੈ। ਇਸ ਜੰਗ ਰਾਹੀਂ ਬੇਗੁਨਾਹ ਲੋਕਾਂ ਦਾ ਘਾਣ ਕੀਤਾ ਜਾ ਰਿਹਾ ਹੈ। ਉਨ੍ਹਾ ਈਰਾਨ ਦੇ ਇੱਕ ਸਕੂਲ ਉਪਰ ਕੀਤੇ ਹਮਲੇ ਅੰਦਰ 160 ਦੇ ਕਰੀਬ ਸਕੂਲੀ ਬੱਚੀਆਂ ਦੀ ਮੌਤ ਨੂੰ ਮਨੁੱਖਤਾ ਖਿਲਾਫ ਘਿਨਾਉਣਾ ਅਪਰਾਧ ਦੱਸਿਆ।ਉਹਨਾ ਭਾਰਤ ਦੇ ਪ੍ਰਧਾਨ ਮੰਤਰੀ ਦੀ ਚੁੱਪ 'ਤੇ ਗੰਭੀਰ ਸਵਾਲ ਖੜੇ ਕਰਦਿਆਂ ਕਿਹਾ ਕਿ ਈਰਾਨ ਭਾਰਤ ਦਾ ਮਿੱਤਰ ਦੇਸ਼ ਸੀ। ਦੇਸ਼ ਦੇ ਹਾਕਮਾਂ ਨੇ ਉਸ ਨਾਲ ਖੜਨ ਦੀ ਜਗ੍ਹਾ ਜੰਗਬਾਜ਼ਾਂ ਦਾ ਸਾਥ ਦੇ ਕਿ ਦੇਸ਼ ਨੂੰ ਤੇਲ ਅਤੇ ਗੈਸ ਸੰਕਟ ਅੰਦਰ ਧੱਕ ਦਿੱਤਾ ਹੈ। ਅੱਜ ਦੇਸ਼ ਅੰਦਰ ਗੈਸ ਦਾ ਸੰਕਟ ਗੰਭੀਰ ਹੁੰਦਾ ਜਾ ਰਿਹਾ ਹੈ। ਤੇਲ ਦੇ ਸੰਕਟ ਨਾਲ ਆਉਣ ਵਾਲੇ ਸਮੇਂ ਅੰਦਰ ਮਹਿੰਗਾਈ ਅਤੇ ਹੋਰ ਜ਼ਰੂਰੀ ਚੀਜ਼ਾਂ ਦੀ ਸਪਲਾਈ ਦੇ ਸੰਕਟ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਸਕੱਤਰ ਲਖਬੀਰ ਸਿੰਘ ਨਿਜ਼ਾਮਪੁਰ ਨੇ ਭਾਰਤ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਗਏ ਕਰ ਮੁਕਤ ਵਪਾਰ ਸਮਝੌਤੇ ਬਾਰੇ ਬੋਲਦਿਆਂ ਕਿਹਾ ਕਿ ਇਹ ਸਮਝੌਤਾ ਭਾਰਤ ਦੇ ਕਿਸਾਨਾਂ ਦੀ ਮੌਤ ਦੇ ਵਰੰਟ 'ਤੇ ਹਸਤਾਖਰ ਹਨ। ਉਹਨਾ ਮੰਗ ਕੀਤੀ ਕਿ ਭਾਰਤ ਸਰਕਾਰ ਇਸ ਸਮਝੌਤੇ ਵਿੱਚੋਂ ਖੇਤੀ ਸੈਕਟਰ ਨੂੰ ਬਾਹਰ ਰੱਖੇ। ਜੇਕਰ ਸਰਕਾਰ ਨੇ ਅਮਰੀਕਾ ਦੇ ਦਬਾਅ ਅੱਗੇ ਝੁਕਦਿਆਂ ਇਸ ਸਮਝੌਤੇ ਨੂੰ ਲਾਗੂ ਕੀਤਾ ਤਾਂ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ ਪੂਰੇ ਦੇਸ਼ ਅੰਦਰ ਇੱਕ ਵੱਡਾ ਅੰਦੋਲਨ ਦੇਸ਼ ਦੇ ਕਿਸਾਨਾਂ ਮਜ਼ਦੂਰਾ, ਮੁਲਾਜ਼ਮਾਂ ਦੇ ਸਹਿਯੋਗ ਨਾਲ ਕੀਤਾ ਜਾਵੇਗਾ। ਇਸ ਦੀ ਤਿਆਰੀ ਵਜੋਂ ਪੰਜਾਬ ਅੰਦਰ 23 ਮਾਰਚ ਨੂੰ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਸ਼ਹੀਦੀ ਦਿਨ ਨੂੰ ਸਾਮਰਾਜ ਵਿਰੋਧੀ ਦਿਨ ਮਨਾਉਣ ਦੇ ਸੱਦੇ ਤਹਿਤ ਕੀਤੀ ਜਾ ਰਹੀ ਹੈ। ਉਹਨਾ ਲੋਕਾਂ ਨੂੰ ਇਸ ਦਿਨ ਨੂੰ ਵੱਡੀ ਪੱਧਰ 'ਤੇ ਮਨਾਉਣ ਦਾ ਸੱਦਾ ਦਿੱਤਾ। ਕਾਨਫਰੰਸ ਅੰਦਰ ਮਤਾ ਪਾਸ ਕਰਕੇ ਇਸ ਸਰਹੱਦੀ ਜ਼ਿਲ੍ਹੇ ਦੇ ਪਿੰਡ ਆਧੀਆਂ ਦੇ ਨੌਜਵਾਨ ਰਣਜੀਤ ਸਿੰਘ ਦੀ ਝੂਠੇ ਪੁਲਸ ਮੁਕਾਬਲੇ ਦੀ ਜੁਡੀਸ਼ੀਅਲ ਇਨਕੁਆਰੀ ਦੀ ਮੰਗ ਕੀਤੀ ਗਈ ਤੇ ਪੰਜਾਬ ਅੰਦਰ ਅੰਦੋਲਨ ਕਰ ਰਹੇ ਹਰ ਵਰਗ ਦੇ ਲੋਕਾਂ ਉਪਰ ਪੁਲਸ ਜਬਰ ਦੀ ਜ਼ੋਰਦਾਰ ਨਿਖੇਧੀ ਕੀਤੀ ਗਈ। ਇਸ ਤੋਂ ਇਲਾਵਾ ਕੇਂਦਰ ਸਰਕਾਰ ਕੋਲੋਂ ਪੰਜਾਬ ਦੇ ਦਰਿਆਈ ਪਾਣੀਆਂ ਦੀ ਰਿਪੇਰੀਅਨ ਸਿਧਾਂਤ ਅਨੁਸਾਰ ਵੰਡ ਕਰਨ, ਬਿਜਲੀ ਬਿੱਲ ਅਤੇ ਬੀਜ ਬਿੱਲ ਨੂੰ ਵਾਪਸ ਲੈਣ, ਚਾਰ ਲੇਬਰ ਕੋਡ ਰੱਦ ਕਰਨ, ਮਨਰੇਗਾ ਕਨੂੰਨ ਨੂੰ ਮੂਲ ਰੂਪ ਵਿੱਚ ਬਹਾਲ ਕਰਨ ਅਤੇ ਕਿਸਾਨਾਂ ਮਜਦੂਰਾਂ ਦਾ ਕਰਜ਼ਾ ਮੁਆਫ ਕਰਨ ਦੀ ਮੰਗ ਕੀਤੀ ਗਈ।

ਕਾਨਫਰੰਸ ਨੂੰ ਜਮਹੂਰੀ ਕਿਸਾਨ ਸਭਾ ਦੇ ਆਗੂ ਅਜੀਤ ਸਿੰਘ ਠੱਕਰ ਸੰਧੂ, ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਗੁਲਜਾਰ ਸਿੰਘ ਬਸੰਤਕੋਟ, ਕਿਸਾਨ ਆਗੂ ਬਲਦੇਵ ਸਿੰਘ ਖਹਿਰਾ, ਸੁਖਦੇਵ ਸਿੰਘ ਉੱਦੋਵਾਲੀ, ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਦਿਲਬਾਗ ਸਿੰਘ, ਕਾਂਗਰਸ ਪਾਰਟੀ ਦੇ ਬਲਾਕ ਪ੍ਰਧਾਨ ਬਖਸ਼ੀਸ਼ ਸਿੰਘ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਵਿਛੜੇ ਆਗੂਆਂ ਦੇ ਪਰਵਾਰਕ ਮੈਂਬਰਾਂ ਵਿੱਚੋਂ ਗੁਰਬਖਸ਼ ਸਿੰਘ ਦੀ ਪੁੱਤਰੀ ਸੁਰਿੰਦਰ ਕੌਰ, ਭਾਣਜੇ ਹਰਿੰਦਰ ਸਿੰਘ ਅਤੇ ਅਮਨਜੋਤ ਸਿੰਘ ਬੋਪਾਰਾਏ, ਹਰਬੰਸ ਸਿੰਘ ਚੀਮਾ ਦੀ ਬੇਟੀ ਤੋਂ ਇਲਾਵਾ ਰੋਡਵੇਜ਼ ਆਗੂ ਗੁਰਜੀਤ ਸਿੰਘ, ਮਨਜੀਤ ਸਿੰਘ, ਦਵਿੰਦਰ ਸਿੰਘ ਸਾਬਕਾ ਸਰਪੰਚ ਕਾਲਾ ਅਫਗਾਨਾ ਹਾਜ਼ਰ ਸਨ। ਸਟੇਜ ਸਕੱਤਰ ਦੀ ਡਿਊਟੀ ਕੁਲਦੀਪ ਸਿੰਘ ਚੀਮਾ ਨੇ ਨਿਭਾਈ।

# ਆਲ ਇੰਡੀਆ ਆਸ਼ਾ ਵਰਕਰਜ਼ ਯੂਨੀਅਨ ਵੱਲੋਂ 28 ਤੱਕ ਕੰਮਾਂ ਦੇ ਬਾਈਕਾਟ ਦਾ ਐਲਾਨ



**ਜਲਾਲਾਬਾਦ (ਜੀਤ ਕੁਮਾਰ)**
ਆਲ ਇੰਡੀਆ ਆਸ਼ਾ ਵਰਕਰਜ਼ ਤੇ ਫੈਸੀਲੇਟਰਜ ਯੂਨੀਅਨ ਵੱਲੋਂ ਫਿਕਸ 2500 ਰੁਪਏ ਦੇ ਵਾਅਦੇ ਅਨੁਸਾਰ 10 ਹਜ਼ਾਰ ਰੁਪਏ ਦੇਣ ਤੇ ਸੇਵਾਮੁਕਤੀ 'ਤੇ 5 ਲੱਖ ਰੁਪਏ ਅਤੇ ਪੈਨਸ਼ਨ ਲਾਗੂ ਕਰਨ ਦੀ ਮੰਗ ਨੂੰ ਲੈ ਕੇ ਸਾਂਝੇ ਮੋਰਚੇ ਦੇ ਸੱਦੇ 'ਤੇ ਸੀਨੀਅਰ ਮੀਤ ਪ੍ਰਧਾਨ ਪੰਜਾਬ ਦੁਰਗੋ ਬਾਈ ਦੀ ਅਗਵਾਈ ਹੇਠ ਜ਼ਿਲ੍ਹਾ ਫ਼ਾਜ਼ਿਲਕਾ ਦੇ ਸਾਰੇ ਬਲਾਕਾਂ 'ਚ ਐਸ.ਐਮ.ਓ. ਰਾਹੀ ਡਿਪਟੀ ਕਮਿਸ਼ਨਰ ਤੇ ਸਿਵਲ ਸਰਜਨ ਦਫ਼ਤਰ ਤੇ ਪੰਜਾਬ ਸਰਕਾਰ ਨੂੰ ਆਸ਼ਾ ਵਰਕਰਜ ਤੇ ਫੈਸੀਲੇਟਰਜ਼ ਦੇ ਮੁਕੰਮਲ ਕੰਮਾਂ ਦਾ ਬਾਈਕਾਟ ਕਰਨ ਦੇ ਸਬੰਧ 'ਚ ਨੋਟਿਸ ਭੇਜੇ ਗਏ।

ਭੀਮੇਸ਼ਾਹ ਜੰਡਵਾਲਾ ਹੈਲਥ ਸੈਂਟਰ 'ਚ ਆਸ਼ਾ ਵਰਕਰਾਂ ਤੇ ਫੈਸੀਲੇਟਰਜ ਵੱਲੋਂ ਇਕੱਠ ਕੀਤਾ ਗਿਆ। ਸੂਬਾਈ ਆਗੂ ਦੁਰਗੋ ਬਾਈ ਅਤੇ ਬਲਾਕ ਭੀਮੇਸ਼ਾਹ ਜੰਡਵਾਲਾ ਦੇ ਪ੍ਰਧਾਨ ਸਵਰਨ ਕੌਰ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਪੰਜਾਬ ਭਰ ਵਿੱਚ ਕੰਮ ਕਰ ਰਹੀਆਂ ਆਸ਼ਾ ਵਰਕਰਜ਼ ਤੇ ਫੈਸੀਲੇਟਰਜ ਜੋ ਸਿਹਤ ਮਹਿਕਮੇ ਵਿੱਚ ਕਰੀਬ 18 ਸਾਲ ਹੋ ਚੁੱਕੇ ਹਨ, ਜੋ ਤਨਦੇਹੀ ਨਾਲ ਸੇਵਾਵਾਂ ਨਿਭਾਅ ਰਹੀਆਂ ਹਨ। ਹਰੇਕ ਸਮੇਂ ਕਰੋਨਾ ਮਹਾਮਾਰੀ ਵਿੱਚ ਆਪਣੀ ਜਾਨ ਦੀ ਬਿਨਾਂ ਪ੍ਰਵਾਹ ਕੀਤੇ ਮੂਹਰਲੀ ਕਤਾਰ ਵਿੱਚ ਕੰਮ ਕੀਤਾ, ਪਰ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਚਾਰ ਸਾਲ ਬੀਤ ਜਾਣ 'ਤੇ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਵਿੱਚ 8 ਤੋਂ 11 ਮਾਰਚ ਤੱਕ ਭਾਸ਼ਣ ਵਾਲੇ ਬਜਟ ਸੈਸ਼ਨ ਵਿੱਚ ਕੁਝ ਨਹੀਂ ਦਿੱਤਾ ਤੇ ਇਹ ਬਜਟ ਉਮੀਦ ਤੋਂ ਖੋਖਲਾ ਸਾਬਤ ਹੋਇਆ ਹੈ, ਜਿਸ ਕਾਰਨ ਪੰਜਾਬ ਭਰ ਦੀਆਂ ਸਮੂਹ ਆਸ਼ਾ ਵਰਕਰਜ ਤੇ ਫੈਸੀਲੇਟਰਜ ਭੈਣਾਂ ਵਿੱਚ ਨਿਰਾਸ਼ਾ ਅਤੇ ਭਾਰੀ ਰੋਸ ਹੈ।

ਬਜਟ ਦੇ ਐਲਾਨ ਨੂੰ ਦੇਖਦੇ ਆਲ ਇੰਡੀਆ ਆਸ਼ਾ ਵਰਕਰਜ਼ ਤੇ ਫੈਸੀਲੇਟਰਜ ਯੂਨੀਅਨ ਸਾਂਝਾ ਮੋਰਚਾ ਪੰਜਾਬ ਦੇ ਚਾਰ ਕਨਵੀਨਰਾਂ ਨੇ ਮੀਟਿੰਗ ਕਰਕੇ ਪੰਜਾਬ ਭਰ ਵਿੱਚ ਐਸ.ਐਮ.ਓ. ਸਿਵਲ ਸਰਜਨ ਤੇ ਡਿਪਟੀ ਕਮਿਸ਼ਨਰ ਰਾਹੀਂ ਪੰਜਾਬ ਸਰਕੋਰ ਨੂੰ ਨੋਟਿਸ ਭੇਜੇ ਗਏ ਹਨ ਤੇ 28 ਮਾਰਚ ਤੱਕ ਮੁਕੰਮਲ ਕੰਮਾਂ ਦਾ ਸਿਹਤ ਵਿਭਾਗ ਵਿੱਚ ਬਾਈਕਾਟ ਕੀਤਾ ਜਾਵੇਗਾ। ਜੇਕਰ ਸਰਕਾਰ ਨੇ 28 ਮਾਰਚ ਤੋਂ ਪਹਿਲਾਂ ਯੂਨੀਅਨ ਦੇ ਆਗੂਆਂ ਨਾਲ ਮੀਟਿੰਗ ਕਰਕੇ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ ਤਾਂ ਸੰਘਰਸ਼ ਨੂੰ ਬਦਲਵੇ ਰੂਪ ਵਿੱਚ ਲਾਗੂ ਕੀਤਾ ਜਾਵੇਗਾ, ਜਿਸਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

## 23 ਮਾਰਚ ਦੀਆਂ ਤਿਆਰੀਆਂ ਲਈ ਨੌਜਵਾਨ ਭਾਰਤ ਸਭਾ ਵੱਲੋਂ ਸੱਕਾਂਵਾਲੀ 'ਚ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਭਾਰਤ ਸਭਾ ਦੇ ਜ਼ਿਲ੍ਹਾ ਆਗੂ ਲਵਪ੍ਰੀਤ ਸਿੰਘ ਸੱਕਾਂਵਾਲੀ ਤੇ ਸੂਬਾ ਪ੍ਰਧਾਨ ਮੰਗਾ ਆਜ਼ਾਦ ਨੇ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਨੂੰ ਪੁਲਸੀਆ ਸਟੇਟ ਵਾਲੇ ਪਾਸੇ ਧੱਕ ਰਹੀ ਹੈ।ਪਿਛਲੇ ਕੁਝ ਸਮੇਂ ਤੋਂ ਪੰਜਾਬ ਅੰਦਰ ਨੌਜਵਾਨਾਂ ਦੇ ਝੂਠੇ ਪੁਲਿਸ ਮੁਕਾਬਲੇ ਬਣਾਏ ਜਾ ਰਹੇ ਹਨ।ਜਿਵੇਂ ਕਿ ਗੁਰਦਾਸਪੁਰ ਵਿੱਚ ਰਣਜੀਤ ਸਿੰਘ ਦਾ ਝੂਠਾ ਪੁਲਿਸ ਮੁਕਾਬਲਾ ਬਣਾਇਆ ਗਿਆ। ਜਸਪ੍ਰੀਤ ਸਿੰਘ ਮਾਨਸਾ, ਪਿੰਡ ਜਿਉਂਦ 'ਚ ਕਿਸਾਨਾਂ 'ਤੇ ਜਬਰ ਢਾਹਿਆ ਜਾਣਾ, ਆਮ ਆਦਮੀ ਪਾਰਟੀ ਦੀਆਂ ਰੈਲੀਆਂ ਵਿੱਚ ਪੰਜਾਬ ਪੁਲਸ ਦੇ ਉੱਚ ਅਧਿਕਾਰੀਆਂ ਦੁਆਰਾ ਭਾਸ਼ਣ ਕਰਨਾ ਆਦਿ ਸਾਰੀਆਂ ਨਿਸ਼ਾਨੀਆਂ ਪੰਜਾਬ ਨੂੰ ਪੁਲਸ ਸਟੇਟ ਵਾਲੇ ਪਾਸੇ ਲੈ ਕੇ ਜਾਣ ਵਾਲੀਆਂ ਹਨ।ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਖੋਖਰ ਨੇ ਕਿਹਾ ਆਮ ਆਦਮੀ ਪਾਰਟੀ ਸ਼ਹੀਦ ਭਗਤ ਸਿੰਘ ਦਾ ਨਾਂ ਵਰਤ ਕੇ ਸੱਤਾ ਵਿੱਚ ਆਈ, ਪਰ ਸ਼ਹੀਦ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਦਾ ਤੁੜੀ ਬਾਜ਼ਾਰ ਫ਼ਿਰੋਜ਼ਪੁਰ ਵਿੱਚ ਸਥਿਤ ਗੁਪਤ ਟਿਕਾਣੇ ਨੂੰ ਆਮ ਆਦਮੀ ਪਾਰਟੀ ਨੇ ਸਾਂਭਿਆ ਨਹੀਂ ਹੈ।ਪੰਜਾਬ ਅੰਦਰ ਯੁੱਧ ਨਸ਼ਾ ਵਿਰੁੱਧ ਮੁਹਿੰਮ ਦੇ ਤਹਿਤ ਨੌਜਵਾਨਾਂ ਦੇ ਝੂਠੇ ਪੁਲਸ ਮੁਕਾਬਲੇ ਬਣਾਏ ਜਾ ਰਹੇ ਹਨ, ਕਿਸਾਨਾਂ-ਮਜ਼ਦੂਰਾਂ ਨੂੰ ਡਾਂਗ ਦੇ ਜ਼ੋਰ 'ਤੇ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਸਭਾ ਦੇ ਜ਼ਿਲ੍ਹਾ ਆਗੂ ਗੁਰਾਂਦਿੱਤਾ ਸਿੰਘ ਨੇ ਕਿਹਾ ਕਿ 23 ਮਾਰਚ ਸ਼ਹੀਦ ਭਗਤ ਸਿੰਘ, ਸ਼ਹੀਦ ਰਾਜਗੁਰੂ ਸ਼ਹੀਦ ਸੁਖਦੇਵ ਦੇ ਸ਼ਹੀਦੀ ਦਿਹਾੜੇ ਤੇ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਨੌਜਵਾਨਾਂ ਦੀ ਵਿਸ਼ਾਲ ਕਾਨਫਰੰਸ ਕੀਤੀ ਜਾ ਰਹੀ ਹੈ, ਜਿਸ ਵਿੱਚ ਰੁਜ਼ਗਾਰ ਦੇ ਮਸਲੇ ਨੂੰ ਲੈ ਕੇ, ਪਿੰਡਾਂ ਵਿੱਚ ਆਧੁਨਿਕ ਖੇਡ ਗਰਾਊਂਡਾਂ ਬਣਾਉਣ, ਜਿੰਮ ਕੋਚ ਡਾਇਟ ਦਾ ਪ੍ਰਬੰਧ ਕਰਾਉਣ ਲਈ, ਸਿੰਥੈਟਿਕ ਨਸ਼ਿਆਂ 'ਤੇ ਪੂਰਨ ਤੌਰ ਤੇ ਪਾਬੰਦੀ ਲਾਉਣ, ਸ਼ਹੀਦਾਂ ਦੀਆਂ ਰੁਲ ਰਹੀਆਂ ਯਾਦਗਾਰਾਂ ਦੀ ਸਾਂਭ-ਸੰਭਾਲ ਕਰਾਉਣ ਸਬੰਧੀ ਨੌਜਵਾਨਾਂ ਨੂੰ ਵੱਡੀ ਗਿਣਤੀ 'ਚ ਪਹੁੰਚਣ ਦੀ ਅਪੀਲ ਕੀਤੀ ਗਈ।ਪਿੰਡ ਸੱਕਾਂਵਾਲੀ ਇਕਾਈ ਦੇ ਇਕਾਈ ਪ੍ਰਧਾਨ ਜਗਜੀਤ ਸਿੰਘ ਜੱਗਾ ਆਏ ਹੋਏ ਨੌਜਵਾਨਾਂ ਦਾ ਧੰਨਵਾਦ ਕੀਤਾ।

# ਗੁਰਲਾਭ ਸਿੰਘ ਨੱਥੋਕੇ ਵੱਲੋਂ ਚੋਣ ਅਜ਼ਾਦ ਤੌਰ 'ਤੇ ਲੜਨ ਦਾ ਐਲਾਨ



**ਬਾਘਾ ਪੁਰਾਣਾ (ਮਨੀ ਸਿੰਗਲਾ)**
ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਰਾਜਨੀਤਕ ਸਰਗਰਮੀਆਂ ਲਗਾਤਾਰ ਤੇਜ਼ ਹੋ ਰਹੀਆਂ ਹਨ।ਵੱਖ-ਵੱਖ ਰਾਜਨੀਤਿਕ ਪਾਰਟੀਆਂ ਵੱਲੋਂ ਸੂਬੇ ਭਰ ਵਿੱਚ ਰੈਲੀਆਂ, ਮੀਟਿੰਗਾਂ ਅਤੇ ਜਨ ਸਭਾਵਾਂ ਕਰਕੇ ਆਪਣਾ ਆਧਾਰ ਮਜ਼ਬੂਤ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਇਸੇ ਦਰਮਿਆਨ ਮੋਗਾ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਤੋਂ ਨੌਜਵਾਨ ਆਗੂ ਗੁਰਲਾਭ ਸਿੰਘ ਨੱਥੋਕੇ ਨੇ 2027 ਦੀ ਵਿਧਾਨ ਸਭਾ ਚੋਣ ਅਜ਼ਾਦ ਉਮੀਦਵਾਰ ਵਜੋਂ ਲੜਨ ਦਾ ਐਲਾਨ ਕਰ ਦਿੱਤਾ ਹੈ।

ਗੁਰਲਾਭ ਸਿੰਘ ਨੱਥੋਕੇ ਨੇ ਦੱਸਿਆ ਕਿ ਉਹ ਕਿਸੇ ਵੀ ਰਾਜਨੀਤਕ ਪਾਰਟੀ ਦੇ ਨਿਸ਼ਾਨ 'ਤੇ ਨਹੀਂ, ਸਗੋਂ ਅਜ਼ਾਦ ਉਮੀਦਵਾਰ ਦੇ ਤੌਰ 'ਤੇ ਚੋਣ ਮੈਦਾਨ ਵਿਚ ਉਤਰਨਗੇ।ਉਨ੍ਹਾਂ ਕਿਹਾ ਕਿ ਇਹ ਫੈਸਲਾ ਉਨ੍ਹਾਂ ਨੇ ਹਲਕੇ ਦੇ ਲੋਕਾਂ ਦੀ ਮੰਗ ਅਤੇ ਉਨ੍ਹਾਂ ਦੇ ਭਰੋਸੇ ਨੂੰ ਦੇਖਦੇ ਹੋਏ ਲਿਆ ਹੈ।ਉਨ੍ਹਾਂ ਦਾ ਕਹਿਣਾ ਹੈ ਕਿ ਬਾਘਾ ਪੁਰਾਣਾ ਹਲਕੇ ਦੇ ਲੋਕ ਪਿਛਲੇ ਕਾਫੀ ਸਮੇਂ ਤੋਂ ਵਿਕਾਸ ਤੇ ਮੁੱਢਲੀਆਂ ਸਹੂਲਤਾਂ ਦੀ ਘਾਟ ਮਹਿਸੂਸ ਕਰ ਰਹੇ ਹਨ ਅਤੇ ਹੁਣ ਲੋਕ ਇੱਕ ਨਵੇਂ ਵਿਕਲਪ ਦੀ ਭਾਲ ਵਿੱਚ ਹਨ।ਨੱਥੋਕੇ ਨੇ ਕਿਹਾ ਕਿ ਉਹ ਹਮੇਸ਼ਾਂ ਹੀ ਲੋਕਾਂ ਦੇ ਵਿਚ ਰਹਿ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਦੇ ਤੇ ਉਨ੍ਹਾਂ ਦੇ ਹੱਲ ਲਈ ਯਤਨ ਕਰਦੇ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕੇ ਦੇ ਨੌਜਵਾਨਾਂ, ਕਿਸਾਨਾਂ ਤੇ ਵਪਾਰੀਆਂ ਵੱਲੋਂ ਮਿਲ ਰਹੇ ਸਹਿਯੋਗ ਅਤੇ ਹੌਸਲਾ ਅਫਜ਼ਾਈ ਨੇ ਉਨ੍ਹਾਂ ਨੂੰ ਇਹ ਫੈਸਲਾ ਲੈਣ ਲਈ ਪ੍ਰੇਰਿਤ ਕੀਤਾ ਹੈ।

ਉਨ੍ਹਾਂ ਕਿਹਾ ਕਿ ਜੇਕਰ ਲੋਕਾਂ ਨੇ ਉਨ੍ਹਾਂ 'ਤੇ ਭਰੋਸਾ ਕੀਤਾ ਤਾਂ ਉਹ ਬਾਘਾ ਪੁਰਾਣਾ ਹਲਕੇ ਦੇ ਸਰਵਪੱਖੀ ਵਿਕਾਸ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰਨਗੇ।ਉਨ੍ਹਾਂ ਦਾ ਮੁੱਖ ਧਿਆਨ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਨ, ਕਿਸਾਨਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਤੇ ਇਲਾਕੇ ਵਿੱਚ ਸਿੱਖਿਆ, ਸਿਹਤ ਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਉਣ 'ਤੇ ਹੋਵੇਗਾ।

## ਨਵਨਿੰਦਰਾ ਬਹਿਲ ਦੇ ਵਿਛੋੜੇ 'ਤੇ ਦੁੱਖ ਦਾ ਪ੍ਰਗਟਾਵਾ



**ਜਲੰਧਰ** : ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ ਸੋਮਵਾਰ ਦੇਸ਼ ਭਗਤ ਯਾਦਗਾਰ ਹਾਲ 'ਚ ਡਾ. ਨਵਨਿੰਦਰਾ ਬਹਿਲ ਦੇ ਵਿਛੋੜੇ 'ਤੇ ਕਮੇਟੀ ਵੱਲੋਂ ਉਹਨਾ ਦੇ ਰਿਵਾਰ, ਸਾਕ-ਸੰਬੰਧੀਆਂ ਅਤੇ ਸੰਗੀ-ਸਾਥੀਆਂ ਨਾਲ਼ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਨਵਨਿੰਦਰਾ ਬਹਿਲ ਨੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਟਰੱਸਟੀ ਸ਼੍ਰੋਮਣੀ ਕਹਾਣੀਕਾਰ ਪ੍ਰੋ. ਵਰਿਆਮ ਸਿੰਘ ਸੰਧੂ ਦੀ ਕਹਾਣੀ 'ਨੌਂ ਬਾਰਾਂ ਦਸ' 'ਤੇ ਅਧਾਰਤ ਨਾਟਕ ਗ਼ਦਰੀ ਬਾਬਿਆਂ ਦੇ ਮੇਲੇ ਮੌਕੇ ਖੇਡਿਆ ਸੀ। ਉਹ ਪ੍ਰਸਿੱਧ ਲੇਖਕ ਕਪੂਰ ਸਿੰਘ ਘੁੰਮਣ ਦੀ ਬੇਟੀ ਸਨ। ਪੰਜਾਬੀ ਯੂਨੀਵਰਸਿਟੀ ਵਿੱਚ ਪੜ੍ਹਾਉਂਦਿਆਂ ਉਹਨਾ ਕਈ ਨਾਟਕਾਂ ਦਾ ਨਿਰਦੇਸ਼ਨ ਕੀਤਾ।ਕਈ ਲੜੀਵਾਰ ਸੀਰੀਅਲ ਵਿੱਚ ਅਦਾਕਾਰੀ ਵੀ ਕੀਤੀ। ਕਮੇਟੀ ਨੇ ਕਿਹਾ ਕਿ ਅੱਜ ਜਦੋਂ ਪੰਜਾਬੀ ਲੋਕ ਪੱਖੀ ਰੰਗਮੰਚ ਨੂੰ ਲੇਖਕਾਂ, ਨਿਰਦੇਸ਼ਕਾਂ, ਅਦਾਕਾਰਾਂ ਅਤੇ ਰੰਗਮੰਚ ਦੀਆਂ ਹੋਰ ਲੋੜਾਂ ਦੀ ਪੂਰਤੀ ਲਈ ਵਡੇਰੀ ਲੋੜ ਹੈ, ਅਜਿਹੇ ਮੌਕੇ ਨਵਨਿੰਦਰਾ ਬਹਿਲ ਦਾ ਵਿਛੋੜਾ ਅਤਿ ਦੁਖਦਾਈ ਹੈ।

## ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਵੱਲੋਂ ਸੰਵਿਧਾਨ ਯਾਤਰਾ ਭਲਕੇ



**ਸੰਗਰੂਰ (ਪ੍ਰਵੀਨ ਸਿੰਘ)**-ਦੇਸ਼ ਦੀ ਪ੍ਰਸਿੱਧ ਤੇ ਸਰਗਰਮ ਸਮਾਜਿਕ ਸੰਸਥਾ ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਦੇ ਕੌਮੀ ਪ੍ਰਧਾਨ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਨੇ ਕਿਹਾ ਕਿ ਦੇਸ਼ ਵਾਸੀਆਂ ਨੂੰ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨ ਲਈ ਮਿਸ਼ਨ ਵੱਲੋਂ ਦੇਸ਼ ਭਰ ਵਿੱਚ ਘਰ-ਘਰ ਸੰਵਿਧਾਨ ਮੁਹਿੰਮ ਚਲਾਈ ਜਾ ਰਹੀ ਹੈ।ਇਸ ਮੁਹਿੰਮ ਤਹਿਤ ਵੱਖ-ਵੱਖ ਸੂਬਿਆਂ ਵਿੱਚ ਸੰਵਿਧਾਨ ਯਾਤਰਾਵਾਂ ਕੱਢੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਮਿਸ਼ਨ ਦੀ ਮੁੱਖ ਸਰਪ੍ਰਸਤ ਮੈਡਮ ਪੂਨਮ ਕਾਂਗੜਾ (ਸਾਬਕਾ ਮੈਂਬਰ, ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ, ਚੰਡੀਗੜ੍ਹ) ਪੰਜਾਬ ਸਰਕਾਰ ਦੀ ਅਗਵਾਈ ਹੇਠ ਤੇ ਮਿਸ਼ਨ ਦੇ ਸਰਪ੍ਰਸਤ ਦੀਪ ਚੰਡਾਲੀਆ (ਅਸਟ੍ਰੇਲੀਆ) ਦੇ ਪੂਰੇ ਸਹਿਯੋਗ ਨਾਲ ਇਹ ਮੁਹਿੰਮ ਚਲਾਈ ਜਾ ਰਹੀ ਹੈ।ਇਸ ਲੜੀ ਤਹਿਤ 18 ਮਾਰਚ ਨੂੰ ਸੰਗਰੂਰ ਵਿੱਚ ਸੰਵਿਧਾਨ ਯਾਤਰਾ ਕੱਢੀ ਜਾਵੇਗੀ, ਜਿਸ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਸ਼੍ਰੀ ਦਰਸ਼ਨ ਕਾਂਗੜਾ ਨੇ ਦੱਸਿਆ ਕਿ ਇਹ ਯਾਤਰਾ ਭਗਵਾਨ ਵਾਲਮੀਕਿ ਤੀਰਥ ਰਮਾਇਣ ਭਵਨ ਸਰੋਵਰ, ਸੰਗਰੂਰ ਤੋਂ ਸਵੇਰੇ 9 ਵਜੇ ਸ਼ੁਰੂ ਹੋਵੇਗੀ ਤੇ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਵਿੱਚੋਂ ਹੁੰਦੀ ਹੋਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ (ਡੀ.ਸੀ. ਦਫ਼ਤਰ) ਸੰਗਰੂਰ ਵਿਖੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਪ੍ਰਤਿਮਾ 'ਤੇ ਸਮਾਪਤ ਹੋਵੇਗੀ।ਉਨ੍ਹਾਂ ਕਿਹਾ ਕਿ ਇਸ ਸੰਵਿਧਾਨ ਯਾਤਰਾ ਵਿੱਚ ਸ਼ਾਮਲ ਹੋਣ ਲਈ ਸਮੂਹ ਸਮਾਜਿਕ ਸੰਸਥਾਵਾਂ, ਨੌਜਵਾਨਾਂ ਤੇ ਆਮ ਲੋਕਾਂ ਨੂੰ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਇੱਕ ਸਮਾਜਿਕ ਸੰਸਥਾ ਹੈ, ਜਿਸ ਦਾ ਕਿਸੇ ਵੀ ਜਾਤੀ ਜਾਂ ਸਿਆਸੀ ਪਾਰਟੀ ਨਾਲ ਕੋਈ ਸਬੰਧ ਨਹੀਂ ਹੈ।ਉਨ੍ਹਾਂ ਦੱਸਿਆ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਵਿਚਾਰਧਾਰਾ ਤੋਂ ਪ੍ਰੇਰਿਤ ਹੋ ਕੇ ਮਿਸ਼ਨ ਨਾਲ ਜੁੜੇ ਸਾਥੀ ਸਮਾਜ ਦੇ ਹਰ ਵਰਗ ਦੀ ਭਲਾਈ ਤੇ ਲੋਕਾਂ ਨੂੰ ਇਨਸਾਫ ਦਿਵਾਉਣ ਲਈ ਇੱਕਜੁੱਟ ਹੋ ਕੇ ਕੰਮ ਕਰ ਰਹੇ ਹਨ।ਮਿਸ਼ਨ ਦਾ ਮੁੱਖ ਏਜੰਡਾ ਬਾਬਾ ਸਾਹਿਬ ਦੀ ਸੋਚ ਤੇ ਸੰਵਿਧਾਨ ਦੇ ਸੰਦੇਸ਼ ਨੂੰ ਘਰ-ਘਰ ਤੱਕ ਪਹੁੰਚਾਉਣਾ ਹੈ।ਇਸ ਮੌਕੇ ਸ਼੍ਰੀ ਦਰਸ਼ਨ ਕਾਂਗੜਾ ਨਾਲ ਹੋਰ ਵੀ ਆਗੂ ਮੌਜੂਦ ਸਨ।

## ਸਫਾ 1 ਦੇ ਬਾਕੀ...

### ਲੋਕਾਂ ਦਾ ਭਰੋਸਾ ਨਹੀਂ...

ਸੂਬੇ ਦੇ 8 ਹਜ਼ਾਰ ਕਰੋੜ ਰੁਪਏ ਦੇ ਆਰ ਡੀ ਐੱਫ ਦੇ ਫੰਡ ਰੋਕੇ ਹੋਏ ਹਨ। ਇਨ੍ਹਾਂ ਫੰਡਾਂ ਕਰਕੇ ਸੂਬੇ ਦੇ ਦਿਹਾਤੀ ਖੇਤਰ ਦਾ ਵਿਕਾਸ ਰੁਕਿਆ ਪਿਆ ਹੈ।

ਉਨ੍ਹਾ ਕੇਂਦਰ ਸਰਕਾਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੂੰ ਸੂਬਿਆਂ ਦਾ ਬਣਦਾ ਹੱਕ ਦਿੱਤਾ ਜਾਣਾ ਚਾਹੀਦਾ ਹੈ। ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਅੰਮ੍ਰਿਤਸਰ ਵਿਖੇ ਕੌਮਾਂਤਰੀ ਪੱਧਰ ਦਾ ਕ੍ਰਿਕਟ ਸਟੇਡੀਅਮ ਬਣਾਇਆ ਜਾਵੇਗਾ। ਮਾਨ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਨਸ਼ਿਆਂ ਅਤੇ ਗੈਂਗਸਟਰਾਂ ਦਾ ਖਾਤਮਾ ਕਰਨ ਲਈ ਸਖਤੀ ਨਾਲ ਕੰਮ ਕੀਤਾ ਜਾ ਰਿਹਾ ਹੈ, ਜਦੋਂ ਕਿ ਵਿਰੋਧੀ ਧਿਰਾਂ ਵੱਲੋਂ ਗੈਂਗਸਟਰਾਂ ਨਾਲ ਰਿਸ਼ਤੇਦਾਰੀਆਂ ਨਿਭਾਈ ਜਾਂਦੀਆਂ ਹਨ।

ਉਨ੍ਹਾ ਬਿਨਾਂ ਨਾਂਅ ਲਏ ਕਿਹਾ ਕਿ ਕੁਝ ਸਿਆਸੀ ਪਾਰਟੀਆਂ ਵੱਲੋਂ ਗੈਂਗਸਟਰਾਂ ਦੇ ਰਿਸ਼ਤੇਦਾਰਾਂ ਨੂੰ ਟਿਕਟਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਹਲਕਾ ਇੰਚਾਰਜ ਤੱਕ ਲਗਾਏ ਜਾ ਰਹੇ ਹਨ, ਪਰ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਵਿੱਚੋਂ ਗੈਂਗਸਟਰਾਂ ਦਾ ਜੜ੍ਹ ਤੋਂ ਖਾਤਮਾ ਕੀਤਾ ਜਾਵੇਗਾ। ਮਾਨ ਨੇ ਅਮਿਤ ਸ਼ਾਹ ਵੱਲੋਂ ਸੂਬੇ ਵਿੱਚ ਧਰਮ ਪਰਿਵਰਤਨ ਵਿਰੁੱਧ ਕਾਨੂੰਨ ਲਿਆਉਣ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ 'ਤੇ ਧਰਮ ਦੀ ਲੜਾਈ ਸ਼ੁਰੂ ਹੋ ਜਾਵੇਗੀ। ਉਨ੍ਹਾ ਕਿਹਾ ਕਿ ਭਾਜਪਾ ਨੇ ਜਿਨ੍ਹਾਂ ਸੂਬਿਆਂ ਵਿੱਚ ਸਰਕਾਰ ਬਣਾਈ ਹੈ, ਉੱਥੇ ਧਰਮ ਦੇ ਨਾਂਅ 'ਤੇ ਲੜਾਈ ਸ਼ੁਰੂ ਹੋਈ ਹੈ। ਮੁੱਖ ਮੰਤਰੀ ਨੇ ਅਮਿਤ ਸ਼ਾਹ ਨੂੰ ਅਪੀਲ ਕੀਤੀ ਕਿ ਪੰਜਾਬ ਖੇਤੀ ਪ੍ਰਧਾਨ ਸੂਬਾ ਹੈ, ਇੱਥੇ ਧਰਮ ਦੇ ਨਾਂਅ ਦੀ ਲੜਾਈ ਨਹੀਂ ਚੱਲੇਗੀ।

### 'ਸੇਫ਼ਟੀ ਕਿੱਟ' ਨੂੰ ਸਾਹਿਤ ...

ਪਾਤਰ ਰਵਾਇਤੀ ਰੁਕਾਵਟਾਂ ਨੂੰ ਚੁਣੌਤੀ ਦਿੰਦੀਆਂ ਹਨ ਅਤੇ ਸਦੀਆਂ ਪੁਰਾਣੇ ਡਰ ਨੂੰ ਦੂਰ ਕਰਨ ਦੀ ਕੋਸ਼ਿਸ਼ ਕਰਦੀਆਂ ਹਨ। ਉਹ ਪ੍ਰੇਰਨਾਦਾਇਕ ਹਨ, ਕਿਉਂਕਿ ਉਹ ਹਿੰਮਤ ਨਾਲ ਜੀਵਨ ਜਿਉਣ ਲਈ ਅੰਦਰੂਨੀ ਤਾਕਤ ਪ੍ਰਾਪਤ ਕਰਦੀਆਂ ਹਨ। ਸਾਹਿਤ ਅਕਾਦਮੀ ਪੁਰਸਕਾਰ 'ਚ ਇੱਕ ਉੱਕਰੀ ਹੋਈ ਤਾਂਬੇ ਦੀ ਤਖ਼ਤੀ, ਇੱਕ ਸ਼ਾਲ ਅਤੇ 1 ਲੱਖ ਰੁਪਏ ਦੀ ਰਕਮ ਸ਼ਾਮਲ ਹੁੰਦੀ ਹੈ।ਪੁਰਸਕਾਰ ਜੇਤੂਆਂ ਨੂੰ 31 ਮਾਰਚ ਨੂੰ ਰਾਸ਼ਟਰੀ ਰਾਜਧਾਨੀ ਵਿੱਚ ਹੋਣ ਵਾਲੇ ਇਕ ਸਮਾਰੋਹ ਵਿੱਚ ਇਹ ਸਨਮਾਨ ਪ੍ਰਦਾਨ ਕੀਤਾ ਜਾਵੇਗਾ।

### ਰਸੋਈ ਗੈਸ ਦੀ ਕਿੱਲਤ...

ਲਈ ਮੁਲਤਵੀ ਕਰ ਦਿੱਤੀ। ਜ਼ਿਕਰਯੋਗ ਹੈ ਕਿ ਸਦਨ ਦੀ ਕਾਰਵਾਈ ਸ਼ੁਰੂ ਹੋਣ ਤੋਂ ਪਹਿਲਾਂ ਵੀ ਵਿਧਾਇਕਾਂ ਨੇ ਵਿਧਾਨ ਸਭਾ ਦੇ ਬਾਹਰ ਗਲਾਂ ਵਿੱਚ ਚੋਗੇ ਪਾ ਕੇ ਇਸੇ ਮੁੱਦੇ 'ਤੇ ਰੋਸ ਪ੍ਰਗਟਾਇਆ ਸੀ। ਪ੍ਰਸ਼ਨ ਕਾਲ ਦੌਰਾਨ ਬੇਅਦਬੀ ਮਾਮਲਿਆਂ ਵਿੱਚ ਸਖਤ ਸਜ਼ਾਵਾਂ ਵਾਲੇ ਕਾਨੂੰਨ ਨੂੰ ਲੈ ਕੇ ਹੰਗਾਮਾ ਹੋਇਆ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਇਸ ਮੁੱਦੇ 'ਤੇ ਪੰਜਾਬ ਸਰਕਾਰ ਨੂੰ ਆਪਣਾ ਸਟੈਂਡ ਸਪੱਸ਼ਟ ਕਰਨ ਲਈ ਕਿਹਾ। ਬਾਜਵਾ ਨੇ ਸਦਨ ਦਾ ਧਿਆਨ ਖਿੱਚਦਿਆਂ ਦੱਸਿਆ ਕਿ ਬੇਅਦਬੀ ਦੇ ਦੋਸ਼ੀਆਂ ਲਈ ਸਖ਼ਤ ਸਜ਼ਾਵਾਂ ਦੀ ਮੰਗ ਨੂੰ ਲੈ ਕੇ ਗੁਰਜੀਤ ਸਿੰਘ ਖਾਲਸਾ ਪਿਛਲੇ ਕਰੀਬ ਡੇਢ ਸਾਲ ਤੋਂ 400 ਫੁੱਟ ਉੱਚੇ ਟਾਵਰ 'ਤੇ ਚੜ੍ਹੇ ਹੋਏ ਹਨ, ਪਰ ਸਰਕਾਰ ਵੱਲੋਂ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ। ਬਾਜਵਾ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਵੱਲੋਂ ਕਰੀਬ ਅੱਠ ਮਹੀਨੇ ਪਹਿਲਾਂ ਇਹ ਮਾਮਲਾ 'ਸਿਲੈਕਟ ਕਮੇਟੀ' ਨੂੰ ਸੌਂਪਿਆ ਗਿਆ ਸੀ, ਪਰ ਅਫਸੋਸ ਦੀ ਗੱਲ ਹੈ ਕਿ ਹਾਲੇ ਤੱਕ ਇਸ ਬਾਰੇ ਕੋਈ ਪ੍ਰਗਤੀ ਸਾਹਮਣੇ ਨਹੀਂ ਆਈ। ਬਾਜਵਾ ਨੇ ਪੁਰਜ਼ੋਰ ਮੰਗ ਕੀਤੀ ਕਿ ਸੈਸ਼ਨ ਦੀ ਸਮਾਪਤੀ ਤੋਂ ਪਹਿਲਾਂ-ਪਹਿਲਾਂ ਪੰਜਾਬ ਸਰਕਾਰ ਇਸ ਪ੍ਰਸਤਾਵਤ ਕਾਨੂੰਨ ਦੀ ਮੌਜੂਦਾ ਸਥਿਤੀ ਬਾਰੇ ਸਦਨ ਵਿੱਚ ਸਥਿਤੀ ਸਪੱਸ਼ਟ ਕਰੇ।

# ਸ੍ਰੀਮਦ ਭਗਵਤ ਕਥਾ ਹੋਈ ਸੰਪੰਨ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਨਵੀਂ ਅਨਾਜ ਮੰਡੀ ਦੇ ਵਿੱਚ ਸ਼੍ਰੀ ਹਰਿਦਾਸ ਨਿਕੁੰਜ ਬਿਹਾਰੀ ਸੇਵਾ ਸੰਮਤੀ ਵੱਲੋਂ ਕਰਾਏ ਜਾ ਰਹੀ ਸ਼੍ਰੀਮਦ ਭਾਗਵਤ ਕਥਾ ਸੰਪੰਨ ਹੋਈ, ਜਿਸ ਨੂੰ ਲੈ ਕੇ ਸੰਸਥਾ ਵੱਲੋਂ ਲੰਗਰ ਵੀ ਲਾਇਆ ਗਿਆ। ਇਸ ਮੌਕੇ ਸ਼ਹਿਰ ਦੀਆਂ ਵੱਖ-ਵੱਖ ਸਮਾਜਿਕ, ਰਾਜਨੀਤਕ ਆਗੂਆਂ ਵੱਲੋਂ ਇਸ ਕਥਾ ਵਿੱਚ ਹਾਜ਼ਰੀ ਲਵਾਈ ਗਈ ਅਤੇ ਸੰਸਥਾ ਵੱਲੋਂ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ। ਕਥਾਵਾਚਕ ਸ਼੍ਰੀ ਗੌਰਵ ਗੋਸਵਾਮੀ ਨੇ ਕਿਹਾ ਕਿ ਸ਼੍ਰੀਮਦ ਭਗਵਤ ਕਥਾ ਸੁਣਨ ਦੇ ਨਾਲ ਪ੍ਰਮਾਤਮਾ ਨਾਲ ਮਿਲਣ ਹੁੰਦਾ ਹੈ ਤੇ ਭਗਵਾਨ ਦਾ ਆਸ਼ੀਰਵਾਦ ਪ੍ਰਾਪਤ ਹੁੰਦਾ ਹੈ। ਪ੍ਰਬੰਧਕ ਕਮੇਟੀ ਵੱਲੋਂ ਅਟੁੱਟ ਲੰਗਰ ਵੀ ਲਾਇਆ ਗਿਆ ਤੇ ਵੱਖ-ਵੱਖ ਆਗੂਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਸ਼੍ਰੀ ਰਾਮ ਆਸ਼ਰਮ ਮੰਦਰ ਕਮੇਟੀ ਦੇ ਪ੍ਰਧਾਨ ਸ਼੍ਰੀ ਤਰੁਣ ਬਾਂਸਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸ਼੍ਰੀ ਤਰੁਣ ਬਾਂਸਲ ਨੇ ਕਿਹਾ ਕਿ ਵਿਅਕਤੀ ਨੂੰ ਉਸਦੇ ਕਰਮ ਹੀ ਅੱਗੇ ਲੈ ਕੇ ਜਾਂਦੇ ਹਨ ਤੇ ਸਾਨੂੰ ਸਾਰਿਆਂ ਨੂੰ ਮਾਨਵਤਾ ਦੀ ਸੇਵਾ ਕਰਕੇ ਚੰਗੇ ਕਰਮ ਕਰਨੇ ਚਾਹੀਦੇ ਹਨ। ਸ਼੍ਰੀ ਗੌਰਵ ਗੋਸਵਾਮੀ ਨੇ ਸ਼ਹੀਦ ਊਧਮ ਸਿੰਘ ਮੈਮੋਰੀਅਲ ਵਿਖੇ ਸ਼ਹੀਦ ਊਧਮ ਸਿੰਘ ਜੀ ਨੂੰ ਸ਼ਰਧਾਂਜਲੀ ਦਿੱਤੀ ਤੇ ਉੱਥੇ ਸ਼੍ਰੀ ਗੌਰਵ ਗੋਸਵਾਮੀ ਜੀ ਨੂੰ ਸਨਮਾਨਤ ਵੀ ਕੀਤਾ ਗਿਆ ਤੇ ਉਨ੍ਹਾਂ ਨੂੰ ਸ਼ਹੀਦ ਊਧਮ ਸਿੰਘ ਜੀ ਵੱਲੋਂ ਦੇਸ਼ ਵਾਸਤੇ ਦਿੱਤੀ ਕੁਰਬਾਨੀ ਵਾਰੇ ਵਿਸਥਾਰ ਪੂਰਵਕ ਜਾਣਕਾਰੀ ਵੀ ਦਿੱਤੀ ਗਈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਪੰਜਾਬ ਇਸਤਰੀ ਸਭਾ ਤੇ ਹੋਰ ਜਥੇਬੰਦੀਆਂ ਨੇ ਸੰਸਾਰ ਅਮਨ ਦੀ ਕੀਤੀ ਮੰਗ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਪੰਜਾਬ ਇਸਤਰੀ ਸਭਾ ਹਰ ਸਾਲ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਸਬੰਧ ਵਿੱਚ ਅੱਠ ਤੋਂ ਲੈ ਕੇ 23 ਮਾਰਚ ਤੱਕ ਪੰਦਰਵਾੜਾ ਮਨਾਉਂਦੀ ਹੈ, ਜਿਸ ਤਹਿਤ ਅੰਮ੍ਰਿਤਸਰ ਵਿੱਚ ਇੱਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਦੀ ਪ੍ਰਧਾਨਗੀ ਨਾਰੀ ਚੇਤਨਾ ਮੰਚ ਦੇ ਪ੍ਰਧਾਨ ਜਸਪਾਲ ਭਾਟੀਆ, ਪੰਜਾਬ ਇਸਤਰੀ ਸਭਾ ਦੇ ਸਰਪ੍ਰਸਤ ਨਰਿੰਦਰ ਪਾਲ ਅਤੇ ਪਾਵਰ ਐਂਡ ਟਰਾਂਸਕੋ ਯੂਨੀਅਨ ਦੇ ਸੂਬਾਈ ਆਗੂ ਨਰਿੰਦਰ ਬੱਲ ਨੇ ਕੀਤੀ। ਪ੍ਰੋਗਰਾਮ ਦਾ ਸੰਚਾਲਨ ਹੈਲਪ ਏ ਚਾਇਲਡ ਆਫ ਇੰਡੀਆ ਦੇ ਕੁਆਰਡੀਨੇਟਰ ਰੇਖਾ ਭੱਟੀ ਨੇ ਕਰਦਿਆਂ ਸਭ ਨੂੰ ਮਹਿਲਾ ਦਿਵਸ ਦੀ ਮੁਬਾਰਕਬਾਦ ਦਿੱਤੀ ਅਤੇ ਪਵਨ ਭੱਟੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਔਰਤਾਂ ਨਾਲ ਹੀ ਇਹ ਜੱਗ ਸੋਹਣਾ ਬਣਦਾ ਹੈ ਅਤੇ ਔਰਤਾਂ ਦੇ ਸਸ਼ਕਤੀਕਰਨ ਲਈ ਮਰਦਾਂ ਨੂੰ ਉਨ੍ਹਾਂ ਦਾ ਸਾਥ ਦੇਣਾ ਚਾਹੀਦਾ ਹੈ।ਪ੍ਰੋਗਰਾਮ ਨੂੰ ਸੁਖਪਾਲ ਸਿੰਘ, ਨਰਿੰਦਰ ਪਾਲ, ਡਾਕਟਰ ਪ੍ਰਭਜੋਤ ਕੌਰ, ਡਾਕਟਰ ਚਰਨਜੀਤ ਗੁਮਟਾਲਾ, ਪਰਵੀਨ ਕੌਰ ਅਤੇ ਪੰਜਾਬ ਇਸਤਰੀ ਸਭਾ ਦੇ ਸੂਬਾ ਪ੍ਰਧਾਨ ਰਜਿੰਦਰ ਪਾਲ ਕੌਰ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਵੱਖ ਵੱਖ ਖੇਤਰਾਂ ਵਿੱਚ ਔਰਤਾਂ ਦੇ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ ਅਮਰੀਕਾ ਤੇ ਇਜ਼ਰਾਇਲ ਦੀ ਦੁਨੀਆ ਨੂੰ ਜੰਗ ਦੀ ਭੱਠੀ ਵਿੱਚ ਝੋਕਣ ਦੀ ਨੀਤੀ ਦੀ ਨਿਖੇਧੀ ਕੀਤੀ।ਉਹਨਾਂ ਨੇ ਦੁਨੀਆ ਭਰ ਦੇ ਅਮਨ ਪਸੰਦ ਲੋਕਾਂ ਨੂੰ ਅਪੀਲ ਕੀਤੀ ਕਿ ਅਮਰੀਕਾ ਦੀ ਫਾਸ਼ੀਵਾਦੀ ਨੀਤੀ ਦਾ ਵਿਰੋਧ ਕੀਤਾ ਜਾਵੇ।ਇਸ ਮੌਕੇ ਪੰਜਾਬ ਇਸਤਰੀ ਸਭਾ ਨੇ ਹੜ੍ਹਾਂ ਦੌਰਾਨ ਲੋਕਾਂ ਦੀ ਅਣਥੱਕ ਮਦਦ ਕਰਨ ਲਈ ਸੁਖਪਾਲ ਸਿੰਘ, ਮੈਡਮ ਭੁਪਿੰਦਰ ਕੌਰ ਅਤੇ ਅਸ਼ਵਨੀ ਸ਼ਰਮਾ ਨੂੰ ਮਾਨਵਤਾ ਦੀ ਸੇਵਾ ਅਵਾਰਡ ਦੇ ਕੇ ਸਨਮਾਨਤ ਕੀਤਾ।ਇਸ ਤੋਂ ਇਲਾਵਾ ਪਾਵਰ ਐਂਡ ਟਰਾਂਸਕੋ ਯੂਨੀਅਨ ਦੇ ਸੂਬਾਈ ਆਗੂ ਨਰਿੰਦਰ ਬੱਲ ਨੂੰ ਪੰਜਾਬ ਇਸਤਰੀ ਸਭਾ ਦੀ ਲਗਾਤਾਰ ਮਦਦ ਕਰਨ ਲਈ ਸਨਮਾਨਤ ਕੀਤਾ।ਅਨਮੋਲ ਸਿੰਘ ਨੂੰ ਆਪਣੀ ਖ਼ੂਬਸੂਰਤ ਅਦਾਕਾਰੀ ਰਾਹੀਂ ਸਮਾਜਿਕ ਸਮੱਸਿਆਵਾਂ ਨੂੰ ਲੋਕਾਂ ਸਾਹਮਣੇ ਲਿਆਉਣ ਲਈ ਸਨਮਾਨਤ ਕੀਤਾ ਅਤੇ ਉੱਘੇ ਕਲਾਕਾਰ ਦਲਜੀਤ ਸੋਨਾ ਨੇ ਆਪਣੀ ਕਵਿਤਾ ਰਾਹੀਂ ਲੇਖਕਾਂ ਅਤੇ ਗੀਤਕਾਰਾਂ ਨੂੰ ਬੇਨਤੀ ਕੀਤੀ ਕਿ ਉਹ ਔਰਤਾਂ ਦੀ ਇੱਜ਼ਤ ਨਾ ਰੋਲਣ।ਡਾਕਟਰ ਬਲਜਿੰਦਰ ਕੌਰ ਅਤੇ ਜਸਬੀਰ ਕੌਰ ਨੇ ਖ਼ੂਬਸੂਰਤ ਕਵਿਤਾਵਾਂ ਪੇਸ਼ ਕੀਤੀਆਂ।ਡਾਕਟਰ ਜਸਬੀਰ ਕੌਰ ਦੀ ਕਿਤਾਬ ਲੇਖਾਂ ਭਰੀ ਚੰਗੇਰ ਵੀ ਰਿਲੀਜ਼ ਕੀਤੀ ਗਈ। ਅੰਤ ਵਿੱਚ ਪੰਜਾਬ ਇਸਤਰੀ ਸਭਾ ਦੇ ਸੂਬਾ ਸਰਪ੍ਰਸਤ ਨਰਿੰਦਰ ਪਾਲ ਨੇ ਜਿੱਥੇ ਸਨਮਾਨਤ ਹੋਣ ਵਾਲੀਆਂ ਸ਼ਖ਼ਸੀਅਤਾਂ ਨੂੰ ਮੁਬਾਰਕਬਾਦ ਦਿੱਤੀ ਉਥੇ ਸਭ ਦਾ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਧੰਨਵਾਦ ਕੀਤਾ।



# ਵੰਸ਼ਦੀਪ ਸੈਣੀ ਨੇ 1.6 ਕਿਲੋਮੀਟਰ ਦੌੜ ਸਿਰਫ 4 ਮਿੰਟ 50 ਸਕਿੰਟ 'ਚ ਪੂਰੀ ਕੀਤੀ




**ਗੁਰਦਾਸਪੁਰ, (ਜਨਕ ਮਹਾਜਨ)**-ਸਰਕਾਰੀ ਕਾਲਜ ਗੁਰਦਾਸਪੁਰ ਵਿੱਚ ਚੱਲ ਰਹੀ ਭਾਰਤੀ ਫੌਜ ਦੀ ਭਰਤੀ ਰੈਲੀ ਦੌਰਾਨ ਉਮੀਦਵਾਰ ਵੰਸ਼ਦੀਪ ਸੈਣੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 1.6 ਕਿਲੋਮੀਟਰ ਦੌੜ ਸਿਰਫ 4 ਮਿੰਟ 50 ਸਕਿੰਟ ਵਿੱਚ ਪੂਰੀ ਕਰਕੇ ਰਿਕਾਰਡ ਸਮਾਂ ਦਰਜ ਕੀਤਾ। ਡਾਇਰੈਕਟਰ ਭਰਤੀ ਬੋਰਡ ਕਰਨਾ ਜੇਮਸ ਜੈਕਬ ਨੇ ਦੱਸਿਆ ਕਿ ਇਹ ਸਮਾਂ ਹੁਣ ਤੱਕ ਚੱਲ ਰਹੀ ਭਰਤੀ ਰੈਲੀ ਦੌਰਾਨ ਦਰਜ ਹੋਇਆ ਸਭ ਤੋਂ ਤੇਜ਼ ਸਮਾਂ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਭਰਤੀ ਰੈਲੀ ਵਿੱਚ ਨੌਜਵਾਨ ਪੂਰੇ ਉਤਸ਼ਾਹ ਨਾਲ ਹਿੱਸੇ ਲੈ ਰਹੇ ਹਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਉਮੀਦਵਾਰਾਂ ਲਈ ਸੁਚਾਰੂ ਢੰਗ ਨਾਲ ਕੀਤੇ ਗਏ ਹਨ।

# ਰਮਨ ਬਹਿਲ ਨੇ ਨਵਾਂ ਸੀਵਰੇਜ ਪਾਉਣ ਦਾ ਕੰਮ ਸ਼ੁਰੂ ਕਰਵਾਇਆ

**ਗੁਰਦਾਸਪੁਰ, (ਦਿਨੇਸ਼ ਕੁਮਾਰ)**



ਰਮਨ ਬਹਿਲ, ਹਲਕਾ ਇੰਚਾਰਜ ਗੁਰਦਾਸਪੁਰ ਵਲੋਂ ਲੋਕਹਿਤ ਵਿੱਚ ਨਿਰੰਤਰ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਂਦਿਆਂ ਆਈ.ਟੀ.ਆਈ ਗੁਰਦਾਸਪੁਰ ਕਾਲੋਨੀ ਵਿਖੇ 9 ਕਰੋੜ 50 ਲੱਖ ਰੁਪਏ ਦੀ ਲਾਗਤ ਨਾਲ 10 ਕਿਲੋਮੀਟਰ ਲੰਬੇ ਨਵੇਂ ਸੀਵਰੇਜ ਪਾਈਪ ਪਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਮੌਜੂਦ ਲੋਕਾਂ ਨੇ ਰਮਨ ਬਹਿਲ ਦਾ ਧੰਨਵਾਦ ਕੀਤਾ। ਇਸ ਮੌਕੇ ਕਰਵਾਏ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਰਮਨ ਬਹਿਲ ਨੇ ਕਿਹਾ ਕਿ ਕਰੀਬ ਪਿਛਲੇ ਚਾਰ ਦਹਾਕਿਆਂ ਤੋਂ ਇਥੋਂ ਦੇ ਵਸਨੀਕ ਗੰਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਬਹੁਤ ਪਰੇਸ਼ਾਨ ਸਨ ਪਰ ਹੁਣ ਲੋਕਾਂ ਦੀ ਸਮੱਸਿਆ ਨੂੰ ਦੂਰ ਕਰਦਿਆਂ ਸੀਵਰੇਜ ਪਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ, ਜਿਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਦੱਸਿਆ ਕਿ ਨਵਾਂ ਸੀਵਰੇਜ ਪਾਉਣ ਲਈ ਸੀਵਰੇਜ ਵਿਭਾਗ ਨੂੰ ਫੰਡ ਮਨਜ਼ੂਰ ਹੋ ਗਏ ਹਨ। ਉਨ੍ਹਾਂ ਦੱਸਿਆ ਕਿ ਮੈਨ ਰੋਡ (ਨੇੜੇ ਪਰੈਜੀਡੈਂਟ ਪਾਰਕ) ਦੇ ਨਾਲ-ਨਾਲ ਸੀਵਰੇਜ ਪਾਈਪ ਪਾਇਆ ਜਾਵੇਗਾ। ਰਮਨ ਬਹਿਲ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਵਿਧਾਨ ਸਭਾ ਹਲਕਾ ਗੁਰਦਾਸਪੁਰ ਵਿੱਚ ਚਹੁੰਪੱਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਪਿਛਲੇ ਹਫਤੇ ਹੀ ਸ਼ਹਿਰ ਵਿਚਲੀਆਂ 22.85 ਕਿੱਲੋਮੀਟਰ ਲੰਮੀਆਂ ਸੜਕਾਂ ਦੇ ਨਵੀਨੀਕਰਨ, ਇਹਨਾਂ ਸੜਕਾ ਨੂੰ ਚੌੜਿਆਂ ਕਰਨ ਲਈ ਅਤੇ ਸਾਈਡਾਂ 'ਤੇ ਇੰਟਰਲਾਕ ਟਾਇਲਾਂ ਲਗਾਉਣ ਲਈ 34 ਕਰੋੜ ਰੁਪਏ ਦੀ ਲਾਗਤ ਨਾਲ 12 ਮੁੱਖ ਸੜਕਾਂ ਦੀ ਨੁਹਾਰ ਬਦਲਣ ਦਾ ਕੰਮ ਜੰਗੀ ਪੱਧਰ 'ਤੇ ਸ਼ੁਰੂ ਕਰ ਦਿੱਤਾ ਗਿਆ ਹੈ।ਇਸ ਮੌਕੇ ਬਲਵਿੰਦਰ ਸਿੰਘ ਅਤੇ ਇਥੋਂ ਦੇ ਵਸਨੀਕਾਂ ਨੇ ਇੱਕਸੁਰ ਵਿੱਚ ਰਮਨ ਬਹਿਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ 40 ਸਾਲਾਂ ਤੋਂ ਰਵਾਇਤੀ ਪਾਰਟੀਆਂ ਨੇ ਉਨ੍ਹਾਂ ਦੀ ਸਮੱਸਿਆ ਦਾ ਹੱਲ ਕਰਨ ਵੱਲ ਕੋਈ ਧਿਆਨ ਨਹੀਂ ਦਿੱਤਾ।ਅੱਜ ਰਮਨ ਬਹਿਲ ਦੇ ਯਤਨਾਂ ਸਦਕਾ ਉਨ੍ਹਾਂ ਦੀ ਚਿਰੋਕਣੀ ਮੰਗ ਪੂਰੀ ਹੋਈ ਹੈ, ਜਿਸ ਲਈ ਉਹ ਰਮਨ ਬਹਿਲ ਦਾ ਧੰਨਵਾਦ ਕਰਦੇ ਹਨ। ਇਸ ਮੌਕੇ ਪੰਛੀ ਕਾਲੋਨੀ ਦੇ ਵਾਸੀਆਂ ਨੇ ਦੱਸਿਆ ਕਿ ਉਨ੍ਹਾਂ ਦੀ ਕਾਲੋਨੀ ਲਈ ਰਸਤਾ ਨਾ ਹੋਣ ਕਾਰਨ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜਿਸ ਸਬੰਧੀ ਰਮਨ ਬਹਿਲ ਨੇ ਕਾਲੋਨੀ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਕਾਲੋਨੀ ਵਿਚਲੇ ਰਸਤੇ ਲਈ ਜਲਦ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਮੌਕੇ ਭਾਰਤ ਭੂਸ਼ਣ ਸ਼ਰਮਾ, ਚੇਅਰਮੈਨ ਮਾਰਕੀਟ ਕਮੇਟੀ ਗੁਰਦਾਸਪੁਰ, ਐਡਵੋਕੇਟ ਸੁੱਚਾ ਸਿੰਘ ਮੁਲਤਾਨੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗਗਨ ਮਹਾਜਨ, ਹਲਕਾ ਕੋਆਰਡੀਨੇਟਰ ਮੁੱਖ ਮੰਤਰੀ ਤੀਰਥ ਯਾਤਰਾ, ਰਘੂਬੀਰ ਸਿੰਘ ਟੋਨੀ ਖਾਲਸਾ, ਬਲਾਕ ਪ੍ਰਧਾਨ ਯੋਗੇਸ਼ ਸ਼ਰਮਾ, ਨੀਰਜ ਸਲਹੋਤਰਾ, ਹਲਕਾ ਕੋਆਰਡੀਨੇਟਰ ਯੁੱਧ ਨਸ਼ੇ ਵਿਰੁੱਧ, ਰਜਿੰਦਰ ਨੰਦਾ, ਚੇਅਰਮੈਨ ਟਰੇਡ ਵਿੰਗ ਅਸ਼ੋਕ ਮਹਾਜਨ , ਪ੍ਰਧਾਨ ਵਪਾਰ ਮੰਡਲ ਰਵੀ ਮਹਾਜਨ, ਪ੍ਰਧਾਨ ਨਿਊ ਸਬਜ਼ੀ ਮੰਡੀ ਸਮੇਤ ਸ਼ਹਿਰ ਦੀਆਂ ਵੱਖ ਵੱਖ ਸ਼ਖ਼ਸੀਅਤਾਂ ਮੌਜੂਦ ਸਨ।

# ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਸੁਪਰਵਾਈਜ਼ਰ ਸਾਂਝੇ ਮੋਰਚੇ ਵੱਲੋਂ 16 ਤੋਂ 28 ਤੱਕ ਕੰਮ ਦੇ ਬਾਈਕਾਟ ਦਾ ਐਲਾਨ



**ਪੱਟੀ, (ਬਲਦੇਵ ਸਿੰਘ ਸੰਧੂ)**

ਆਲ ਇੰਡੀਆ ਆਸ਼ਾ ਵਰਕਰਜ਼/ ਫੈਸਿਲੀਟੇਟਰਜ਼ ਤੇ ਸੁਪਰਵਾਈਜ਼ਰਾਂ ਦੇ ਸਾਂਝੇ ਮੋਰਚੇ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸਿਵਲ ਸਰਜਨ ਤਰਨ ਤਾਰਨ ਤੇ ਐਸ ਐਮ ਓ ਘਰਿਆਲਾ ਨੂੰ ਮੰਗ ਪੱਤਰ ਸੌਂਪੇ। ਪ੍ਰਧਾਨ ਮਨਜਿੰਦਰ ਕੌਰ ਹਰੀਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਐਨ.ਐਚ.ਐਮ ਅਧੀਨ ਪੰਜਾਬ ਭਰ ਵਿੱਚ ਕੰਮ ਕਰਨ ਵਾਲੀਆਂ ਆਸ਼ਾ ਵਰਕਰਜ਼ ਫੈਸੀਲਿਟੇਟਰਜ਼ ਸੁਪਰਵਾਈਜ਼ਰ ਤਕਰੀਬਨ ਪੂਰੇ 18 ਸਾਲ ਤੋਂ ਸਿਹਤ ਵਿਭਾਗ ਦੇ ਕੰਮਾਂ ਨੂੰ ਬੜੀ ਇਮਾਨਦਾਰੀ ਅਤੇ ਸੁਚੱਜੇ ਢੰਗ ਨਾਲ ਕਰ ਰਹੀਆਂ ਹਨ। ਹਰ ਭਿਆਨਕ (ਕਰੋਨਾ ਮਹਾਂਮਾਰੀ) ਬਿਮਾਰੀ ਵਿੱਚ ਆਪਣੀ ਜਾਨ ਦੀ ਬਿਨਾਂ ਪ੍ਰਵਾਹ ਕੀਤਿਆਂ ਕੰਮ ਨੂੰ ਮੋਹਰੀ ਕਤਾਰ ਵਿੱਚ ਕਰਦੀਆਂ ਹਨ। ਸਿਹਤ ਵਿਭਾਗ ਅਤੇ ਲੋਕਾਂ ਵਿਚਕਾਰ ਪੁਲ ਦਾ ਕੰਮ ਕਰਦੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਵਾ ਰਹੀਆਂ ਹਨ। ਪ੍ਰੰਤੂ ਬੜੇ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਆਮ ਆਦਮੀ ਪਾਰਟੀ ਦੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਆਪਣੇ 8 ਮਾਰਚ ਤੋਂ 11 ਮਾਰਚ ਤੱਕ ਚੱਲ ਵਾਲੇ ਬਜਟ ਵਿੱਚੋਂ ਫੁੱਟੀ ਕੌਡੀ ਨਹੀਂ ਦਿੱਤੀ, ਵਰਕਰਾਂ ਦੀਆਂ ਉਮੀਦਾਂ ਪ੍ਰਤੀ ਬਜਟ ਖੋਖਲਾ ਸਾਬਤ ਹੋਇਆ। ਨਿਰਾਸ਼ਾ ਅਤੇ ਤਸ਼ੱਸਦ ਤੋਂ ਬਿਨਾਂ ਕਿਸੇ ਕਿਸਮ ਦੇ ਭੱਤਿਆਂ ਵਿੱਚ ਵਾਧਾ ਨਹੀ ਕੀਤਾ। ਇਸ ਨਾਲ ਪੰਜਾਬ ਭਰ ਦੀਆਂ ਸੈਂਕੜੇ ਆਸ਼ਾਂ ਵਰਕਰਾਂ ਪੰਜਾਬ ਸਰਕਾਰ ਦੀ ਕਾਰਜਗੁਜ਼ਾਰੀ ਦੀ ਨਿੰਦਾ ਕਰਦੀਆਂ ਹਨ। ਭਾਰੀ ਰੋਸ ਕਾਰਨ ਆਉਣ ਵਾਲੀ 16 ਤੋਂ 28 ਮਾਰਚ ਤੱਕ ਪੂਰੇ ਪੰਜਾਬ ਵਿੱਚ ਆਪਣੇ ਸਾਰੇ ਹੀ ਕੰਮਾਂ ਦਾ ਮਕਲ ਤੌਰ ਤੇ ਬਾਈਕਾਟ ਕਰਨ ਦਾ ਫ਼ੈਸਲਾ ਕੀਤਾ ਗਿਆ।ਆਪਣੀਆਂ ਲਮਕ ਅਵਸਥਾ ਵਿੱਚ ਪੈਡਿੰਗ ਮੰਗਾਂ ਅਤੇ ਮੁਸ਼ਕਲਾਂ ਦੇ ਹੱਲ ਲਈ ਤਿੱਖੇ ਤੋਂ ਤਿੱਖੇ ਐਕਸ਼ਨਾਂ ਲਈ ਮਜ਼ਬੂਰ ਹੋਣਗੀਆਂ। ਇਸ ਸਿੱਟਿਆਂ ਤੋ ਪੰਜਾਬ ਸਰਕਾਰ ਖੁਦ ਜ਼ਿੰਮੇਵਾਰ ਹੋਵੇਗੀ। ਇਸ ਮੌਕੇ ਅਮਨਦੀਪ ਕੌਰ ਘਰਿਆਲਾ ਬਲਾਕ ਪ੍ਰਧਾਨ, ਵੀਰਪਾਲ ਕੌਰ ਸੈਕਟਰੀ, ਸਰਬਜੀਤ ਕੌਰ ਮੀਤ ਪ੍ਰਧਾਨ, ਰਾਜਵਿੰਦਰ ਕੌਰ ਖ਼ਜ਼ਾਨਚੀ, ਰਾਜਬੀਰ ਕੌਰ ਸੁਪਰਵਾਈਜ਼ਰ, ਰਣਜੀਤ ਕੌਰ ਸੁਪਰਵਾਈਜ਼ਰ, ਗੁਰਪ੍ਰੀਤ ਕੌਰ ਸੁਪਰਵਾਈਜ਼ਰ, ਗੁਰਸ਼ਿੰਦਰ ਕੌਰ ਸੁਪਰਵਾਈਜ਼ਰ, ਗੁਰਜਿੰਦਰ ਕੌਰ ਸੁਪਰਵਾਈਜ਼ਰ ਆਦਿ ਹਾਜ਼ਰ ਸੀ।

# 2 ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**-ਥਾਣਾ ਕਾਹਨੂੰਵਾਨ ਦੇ ਏ.ਐਸ.ਆਈ. ਰਛਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਟੀ ਪੁਆਇੰਟ ਕਾਲਾ ਬਾਲਾ ਮੋੜ ਸ਼ਮਸ਼ਾਨਘਾਟ ਹਰਪ੍ਰੀਤ ਕੁਮਾਰ ਉਰਫ ਬਿੱਲਾ ਪੁੱਤਰ ਰਾਮ ਲਾਲ ਵਾਸੀ ਕਾਹਨੂੰਵਾਨ ਜੋ ਸਮਸ਼ਾਨਘਾਟ ਦੇ ਅੰਦਰ ਲੁਕ ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਸਿਲਵਰ ਪੇਪਰ, ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਕੀਤਾ ਹੈ। ਇਸੇ ਤਰ੍ਹਾਂ ਥਾਣਾ ਸਿਟੀ ਗੁਰਦਾਸਪੁਰ ਦੇ ਐਸ.ਆਈ. ਵਰਿੰਦਰ ਪਾਲ ਨੂੰ ਸਮੇਤ ਸਾਥੀ ਕਰਮਚਾਰੀਆਂ ਨਾਲ ਨਹਿਰੂ ਪਾਰਕ ਦੇ ਅੰਦਰ ਇਕ ਮੋਨਾ ਨੌਜਵਾਨ ਖੜ੍ਹਾ ਦਿਖਾਈ ਦਿੱਤਾ ਜੋ ਪੁਲਸ ਪਾਰਟੀ ਨੂੰ ਦੇਖ ਕੇ ਮੋਮੀ ਲਿਫਾਫਾ ਨੂੰ ਸੁੱਟ ਕੇ ਭੱਜਣ ਲੱਗਾਂ, ਤਾਂ ਉਸ ਨੂੰ ਕਾਬੂ ਕਰਕੇ ਨਾਮ ਪਤਾ ਪੁੱਛਿਆ ਜਿਸ ਨੇ ਆਪਣਾ ਨਾਮ ਅਰਜੁਨ ਕੁਮਾਰ ਪੁੱਤਰ ਅਸ਼ਵਨੀ ਕੁਮਾਰ ਵਾਸੀ ਕਲੀਚਪੁਰ ਥਾਣਾ ਪੁਰਾਣਾ ਸ਼ਾਲਾ ਜ਼ਿਲ੍ਹਾ ਗੁਰਦਾਸਪੁਰ ਦੱਸਿਆ, ਜਿਸ ਵਲੋਂ ਸੁੱਟੇ ਚਿੱਟੇ ਰੰਗ ਦੇ ਮੋਮੀ ਲਿਫਾਫੇ ਨੂੰ ਚੈੱਕ ਕੀਤਾ ਤਾਂ ਉਸ ਵਿਚੋਂ 8 ਗ੍ਰਾਮ 500 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੋਵਾਂ ਨਸ਼ਾ ਤਸਕਰਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# 22 ਦੀ ਰੈਲੀ 'ਚ ਜੁਗਾੜੂ ਰੇਹੜੀ ਵਰਕਰ ਯੂਨੀਅਨ ਕਰੇਗੀ ਭਰਵੀਂ ਸ਼ਮੂਲੀਅਤ



**ਬੰਗਾ (ਅਵਤਾਰ ਕਲੇਰ)**-ਜੁਗਾੜੂ ਰੇਹੜੀ ਵਰਕਰ ਯੂਨੀਅਨ ਨਵਾਂਸ਼ਹਿਰ 22 ਮਾਰਚ ਨੂੰ ਮਜ਼ਦੂਰ ਮੁਲਾਜ਼ਮ ਜਥੇਬੰਦੀਆਂ ਵਲੋਂ ਲੁਧਿਆਣਾ ਵਿਖੇ ਕੀਤੀ ਜਾ ਰਹੀ ਰੈਲੀ ਵਿੱਚ ਭਰਵੀਂ ਸ਼ਮੂਲੀਅਤ ਕਰੇਗੀ।ਇਹ ਫੈਸਲਾ ਅੱਜ ਇੱਥੇ ਯੂਨੀਅਨ ਦੀ ਵਰਕਿੰਗ ਕਮੇਟੀ ਦੀ ਮੀਟਿੰਗ ਵਿੱਚ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਆਗੂ ਬੀਰ ਬਹਾਦਰ ਨੇ ਕਿਹਾ ਕਿ ਕੇਂਦਰ ਸਰਕਾਰ ਪਹਿਲੀ ਅਪ੍ਰੈਲ ਤੋਂ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਲਾਗੂ ਕਰਨ ਜਾ ਰਹੀ ਹੈ ਜੋ ਮਜ਼ਦੂਰ ਜਮਾਤ ਲਈ ਬਹੁਤ ਘਾਤਕ ਹਨ, ਇਹ ਟਰੇਡ ਯੂਨੀਅਨ ਅਧਿਕਾਰਾਂ 'ਤੇ ਵੱਡਾ ਹਮਲਾ ਹੈ। ਇਹਨਾਂ ਨਾਲ ਮਜ਼ਦੂਰ ਜਮਾਤ ਕੋਲੋਂ ਯੂਨੀਅਨ ਬਣਾਉਣ ਤੇ ਹੜਤਾਲ ਕਰਨ ਦੇ ਅਧਿਕਾਰ ਖੁਸ ਜਾਣਗੇ।ਕੇਂਦਰ ਸਰਕਾਰ ਬਿਜਲੀ ਸੋਧ ਬਿੱਲ 2025 ਲਾਗੂ ਕਰਨ ਦੀਆਂ ਗੋਂਦਾਂ ਗੁੰਦ ਰਹੀ ਹੈ। ਸਰਕਾਰ ਜਨਤਕ ਅਦਾਰੇ ਅਤੇ ਜਾਇਦਾਦਾਂ ਕਾਰਪੋਰੇਟਰਾਂ ਨੂੰ ਵੇਚ ਰਹੀ ਹੈ। ਉਹਨਾਂ ਕਿਹਾ ਕਿ ਸਰਕਾਰ ਆਟੋ ਮੁਬਾਇਲ ਸਨਅਤ ਨੂੰ ਲਾਭ ਦੇਣ ਲਈ ਜੁਗਾੜੂ ਰੇਹੜੀਆਂ ਉੱਤੇ ਸ਼ਕੰਜਾ ਕਸ ਰਹੀ ਹੈ ਜਿਸ ਨੂੰ ਸਹਿਣ ਨਹੀਂ ਕੀਤਾ ਜਾਵੇਗਾ।

# ਸਕਿਉਰਿਟੀ ਗਾਰਡ ( ਲੜਕੇ) ਦੀਆਂ ਪੋਸਟਾਂ ਲਈ ਇੰਟਰਵਿਊ ਅੱਜ

**ਗੁਰਦਾਸਪੁਰ (ਜਨਕ ਮਹਾਜਨ)**-ਪਰਸ਼ੋਤਮ ਸਿੰਘ ਜ਼ਿਲ੍ਹਾ ਰੋਜ਼ਗਾਰ ਅਫਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਲੇਸਮੈਂਟ ਕੈਂਪ/ਰੋਜ਼ਗਾਰ ਮੇਲਾ, ਸਕਿਉਰਿਟੀ ਐਂਡ ਇੰਟੈਲੀਜੈਂਟ ਸਰਵਿਸ ਇੰਡੀਆ ਲਿਮਟਿਡ ਵਿੱਚ ਸਕਿਉਰਿਟੀ ਗਾਰਡ ਲਈ ( ਲੜਕੇ) ਦੀਆਂ ਪੋਸਟਾਂ ਲਈ ਇੰਟਰਵਿਊ ਕੱਲ੍ਹ 17 ਮਾਰਚ ਨੂੰ ਸਵੇਰੇ 10:00 ਤੋਂ 1:00 ਵਜੇ ਤੱਕ ਬੀ.ਡੀ.ਪੀ.ਓ ਦਫ਼ਤਰ ਡੇਰਾ ਬਾਬਾ ਨਾਨਕ ਵਿਖੇ ਹੋਵੇਗੀ। ਉਨ੍ਹਾਂ ਦੱਸਿਆ ਕਿ ਜਿਸ ਵਿੱਚ ਘੱਟੋ ਘੱਟ ਯੋਗਤਾ 10ਵੀਂ ਪਾਸ ਮੁੰਡਿਆਂ ਦੀ ਲੋੜ ਹੈ। ਉਮਰ ਸੀਮਾ 19 ਤੋਂ 40 ਸਾਲ ਤੱਕ ਅਤੇ ਕੱਦ ਘੱਟ ਤੋਂ ਘੱਟ 5 ਫੁੱਟ 6 ਇੰਚ, ਭਾਰ 56 ਤੋਂ 90 ਕਿਲੋ, ਛਾਤੀ 80 ਸੈਂਟੀਮੀਟਰ ਤੋਂ 85 ਸੈਂਟੀਮੀਟਰ ਹੋਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਤਨਖਾਹ 18000 ਤੋਂ 20000 ਹੈ। ਉਮੀਦਵਾਰ ਆਪਣੇ ਸਾਰੇ ਜ਼ਰੂਰੀ ਦਸਤਾਵੇਜ਼ 10ਵੀਂ, ਗ੍ਰੈਜੂਏਸ਼ਨ ਅਤੇ ਬਾਇਓਡਾਟਾ ਆਦਿ ਨਾਲ ਲੈ ਕੇ ਆਉਣਾ ਯਕੀਨੀ ਬਣਾਇਆ ਜਾਵੇ।

# ਮਾਨ ਸਰਕਾਰ ਨੇ ਚੋਣਾਂ ਦੌਰਾਨ ਦਿੱਤੀਆਂ ਗਰੰਟੀਆਂ ਪੂਰੀਆਂ ਕੀਤੀਆਂ : ਪ੍ਰਿੰਸੀਪਲ ਸੰਧੂ



**ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਪੰਜਾਬ ਵਿੱਚ ਪਹਿਲੀ ਵਾਰ ਅਜਿਹਾ ਹੋਇਆ ਹੈ ਕਿ ਪਹਿਲੀ ਵਾਰ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਹ ਸਭ ਕਰ ਵਿਖਾਇਆ ਹੈ ਤੇ ਉਹਨਾਂ ਨੇ 2022 'ਚ ਜਨਤਾ ਨਾਲ ਜੋ ਜੋ ਵੀ ਵਾਅਦੇ ਕੀਤੇ ਸਨ, ਉਹ ਇਕੱਲੇ ਇਕੱਲੇ ਕਰਕੇ ਪਾਰਟੀ ਵੱਲੋਂ ਪੂਰੇ ਕਰ ਦਿੱਤੇ ਗਏ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਇੰਚਾਰਜ ਮਾਝਾ ਜ਼ੋਨ ਸਿੱਖਿਆ ਵਿੰਗ ਪ੍ਰਿੰਸੀਪਲ ਹਰਪਿੰਦਰਪਾਲ ਸਿੰਘ ਸੰਧੂ ਨੇ ਕੀਤਾ। ਉਨ੍ਹਾ ਕਿਹਾ ਕਿ 2027 'ਚ ਦੁਬਾਰਾ ਆਮ ਆਦਮੀ ਪਾਰਟੀ ਮੁੜ ਪਹਿਲਾਂ ਨਾਲੋਂ ਜਿਆਦਾ ਸੀਟਾਂ ਲੈ ਕੇ ਸਰਕਾਰ ਬਣਾਏਗੀ।

# ਤੇਜ਼ ਹਨੇਰੀ ਕਾਰਨ ਕਣਕ ਦੀ ਫਸਲ ਖੇਤਾਂ 'ਚ ਵਿਛੀ



**ਗੁਰਦਾਸਪੁਰ (ਜਨਕ ਮਹਾਜਨ)**-ਗੁਰਦਾਸਪੁਰ ਦੇ ਸਰਹੱਦੀ ਤੇ ਬੇਟ ਏਰੀਏ ਦੇ ਮੰਡ ਵਿੱਚ ਬੀਤੀ ਰਾਤ ਤੇ ਸਵੇਰੇ ਚੱਲੀ ਤੇਜ਼ ਹਨੇਰੀ ਕਾਰਨ ਕਣਕ ਦੀ ਫਸਲ ਖੇਤਾਂ ਵਿੱਚ ਬੁਰੀ ਤਰ੍ਹਾਂ ਨਾਲ ਵਿਛ ਗਈ ਅਤੇ ਇਸ ਨਾਲ ਕਣਕ ਦੇ ਝਾੜ 'ਤੇ ਵੀ ਮਾੜਾ ਅਸਰ ਪਵੇਗਾ। ਕਣਕ ਦੇ ਦਾਣੇ ਬਰੀਕ ਪੈ ਜਾਣ ਨਾਲ ਕਿਸਾਨਾਂ ਨੇ ਕਾਫੀ ਨੁਕਸਾਨ ਹੋਣ ਦਾ ਖਦਸ਼ਾ ਪ੍ਰਗਟਾਇਆ ਹੈ। ਇਸ ਸਬੰਧੀ ਕਿਸਾਨਾਂ ਨਸੀਬ ਸਿੰਘ, ਗੁਰਮੀਤ ਸਿੰਘ, ਸ਼ੇਰ ਸਿੰਘ, ਮਨਪ੍ਰੀਤ ਸਿੰਘ, ਬਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਇਸ ਵਾਰ ਕਣਕ ਦੀ ਫਸਲ ਕਾਫੀ ਭਰਪੂਰ ਸੀ ਅਤੇ ਝਾੜ ਵੀ ਚੰਗਾ ਨਿਕਲਣ ਦੀ ਉਮੀਦ ਸੀ ਪਰ ਅਚਾਨਕ ਹੋਈ ਬੇਮੌਸਮੀ ਬਰਸਾਤ ਨੇ ਕਣਕ ਦੀ ਫਸਲ ਨੂੰ ਭਾਰੀ ਨੁਕਸਾਨ ਪਹੁੰਚਾਇਆ ਹੈ। ਉਨ੍ਹਾਂ ਦੱਸਿਆ ਕਿ ਰਿਵਾਇਤੀ ਫਸਲਾਂ 'ਤੇ ਵੀ ਇਸ ਮੀਂਹ, ਹਨੇਰੀ ਦਾ ਮਾੜਾ ਪ੍ਰਭਾਵ ਪਵੇਗਾ।

# ਜਥੇ. ਅਕਾਲੀ ਫੂਲਾ ਸਿੰਘ ਦੀ ਸ਼ਹੀਦੀ ਸ਼ਤਾਬਦੀ ਸ਼ਰਧਾ ਨਾਲ ਮਨਾਈ




**ਮੁਹਾਲੀ (ਗੁਰਜੀਤ ਬਿੱਲਾ)**

ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਬੁੱਢਾ ਦਲ ਦੇ ਛੇਵੇਂ ਜੱਥੇਦਾਰ ਅਤੇ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਅਕਾਲੀ ਫੂਲਾ ਸਿੰਘ ਦੀ 203 ਸਾਲਾ ਸ਼ਹੀਦੀ ਸ਼ਤਾਬਦੀ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਗਈ। ਸ਼ਹੀਦੀ ਸ਼ਤਾਬਦੀ ਦੀ ਸਬੰਧ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਪਵਿਤਰ ਸਿੰਘ ਜਲੰਧਰ ਵਾਲਿਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਧੰਨ ਧੰਨ ਅਮਰ ਸ਼ਹੀਦ ਜਥੇਦਾਰ ਅਕਾਲੀ ਫੂਲਾ ਸਿੰਘ ਜੀ ਦਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਸੁਣਾਉਂਦੇ ਹੋਏ ਦੱਸਿਆ ਕਿ ਧੰਨ ਧੰਨ ਅਮਰ ਸ਼ਹੀਦ ਜਥੇਦਾਰ ਅਕਾਲੀ ਫੂਲਾ ਸਿੰਘ ਨੇ ਸੰਨ 1823 ਈ ਵਿੱਚ ਨੁਸ਼ਹਿਰਾ ਪੁਨੂਆ ਦੀ ਜੰਗ ਵਿੱਚ ਸ਼ਹਾਦਤ ਪ੍ਰਾਪਤ ਕੀਤੀ। ਸ਼੍ਰੋਮਣੀ ਪ੍ਰਚਾਰਕ ਭਾਈ ਜਰਨੈਲ ਸਿੰਘ ਲੁਧਿਆਣੇ ਵਾਲਿਆਂ ਨੇ ਆਪਣੇ ਪ੍ਰਵਚਨਾ ਰਾਹੀ ਦੱਸਿਆ ਕਿ ਧੰਨ ਧੰਨ ਅਮਰ ਸ਼ਹੀਦ ਜਥੇਦਾਰ ਅਕਾਲੀ ਫੂਲਾ ਸਿੰਘ ਦੀ ਸ਼ਹਾਦਤ ਤੋ ਬਾਅਦ ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ (ਜਿਨਾਂ ਦਾ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਸ਼ਹੀਦੀ ਅਸਥਾਨ ਹੈ) ਨੂੰ ਬੁੱਢਾ ਦਲ ਦੇ ਸੱਤਵੇ ਜੱਥੇਦਾਰ ਤੇ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਥਾਪਿਆ ਗਿਆ। ਇਸ ਤੋਂ ਇਲਾਵਾ ਭਾਈ ਸੁਖਦੇਵ ਸਿੰਘ ਲੁਧਿਆਣੇ ਵਾਲੇ, ਮੀਰੀ ਪੀਰੀ ਪੰਥਕ ਢਾਡੀ ਜੱਥਾ, ਮਿੱਤਰ ਪਿਆਰੇ ਨੂੰ ਕੀਰਤਨੀ ਜੱਥਾ, ਭਾਈ ਗੁਰਦੀਪ ਸਿੰਘ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ, ਭਾਈ ਕੁਲਦੀਪ ਸਿੰਘ, ਸ਼ੇਰੇ ਪੰਜਾਬ ਕਵੀਸ਼ਰੀ ਜੱਥਾ, ਭਾਈ ਗੁਰਿੰਦਰ ਸਿੰਘ, ਭਾਈ ਸੁਖਵਿੰਦਰ ਸਿੰਘ, ਭਾਈ ਹਰਕੰਵਲ ਸਿੰਘ ਦੇ ਜਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਜਸਵਿੰਦਰ ਸਿੰਘ , ਭਾਈ ਜਸਵੰਤ ਸਿੰਘ ਅਤੇ ਭਾਈ ਗੁਰਮੀਤ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸਾਰਾ ਦਿਨ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਕਾਂਗਰਸੀ ਆਗੂ ਦੇ ਪਿਤਾ ਅਜੈਬ ਸਿੰਘ ਦੇ ਅਕਾਲ ਚਲਾਣੇ 'ਤੇ ਤਲਬੀਰ ਗਿੱਲ ਨੇ ਕੀਤਾ ਦੁੱਖ ਦਾ ਪ੍ਰਗਟਾਵਾ



**ਮਜੀਠਾ (ਸੋਇਮ ਆਨੰਦ)**

ਕਾਂਗਰਸੀ ਕੌਂਸਲਰ ਪਰਮਜੀਤ ਸਿੰਘ ਪੰਮਾ ਪ੍ਰਧਾਨ ਤੇ ਉਨ੍ਹਾਂ ਦੇ ਭਰਾ ਗੁਰਮੀਤ ਸਿੰਘ ਦੇ ਪਿਤਾ ਅਜੈਬ ਸਿੰਘ ਬੀਤੇ ਦਿਨ ਅਕਾਲ ਚਲਾਣਾ ਕਰ ਗਏ ਸਨ। ਇਸ ਦੁੱਖਦ ਘਟਨਾ 'ਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਸਮੇਤ ਵੱਖ-ਵੱਖ ਸਿਆਸੀ, ਧਾਰਮਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।ਇਸ ਮੌਕੇ ਤਲਬੀਰ ਸਿੰਘ ਗਿੱਲ ਨੇ ਸਵ: ਅਜੈਬ ਸਿੰਘ ਨੂੰ ਯਾਦ ਕਰਦਿਆਂ ਕਿਹਾ ਕਿ ਉਹ ਆਪਣੀ ਜ਼ਿੰਦਗੀ ਭਰ ਸਮਾਜ ਸੇਵਾ ਅਤੇ ਨਿਮਰਤਾ ਨਾਲ ਜੁੜੇ ਰਹੇ।ਉਨ੍ਹਾਂ ਦੇ ਅਚਾਨਕ ਵਿਛੋੜੇ ਨਾਲ ਨਾ ਸਿਰਫ ਪਰਿਵਾਰ ਨੂੰ ਸਗੋਂ ਪੂਰੇ ਇਲਾਕੇ ਅਤੇ ਸਮਾਜ ਨੂੰ ਵੱਡੀ ਘਾਟ ਮਹਿਸੂਸ ਹੋਵੇਗੀ।ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਭਗਵੰਤਪਾਲ ਸਿੰਘ ਸੱਚਰ (ਸਾਬਕਾ ਜ਼ਿਲ੍ਹਾ ਪ੍ਰਧਾਨ), ਸੁੱਖ ਅਜਲਾ ਭਰਾਤਾ (ਸੰਸਦ ਮੈਂਬਰ), ਪ੍ਰਦੀਪ ਸਿੰਘ ਭੁੱਲਰ (ਹਲਕਾ ਇੰਚਾਰਜ ਭਾਜਪਾ), ਨਰਿੰਦਰਪਾਲ ਸੰਧੂ ਅਤੇ ਜਸਕਰਨ ਕਾਹਲ ਦੋਵੇਂ ਬੁਲਾਰੇ ਕਾਂਗਰਸ ਕਮੇਟੀ ਪੰਜਾਬ, ਪਲਵਿੰਦਰ ਸਿੰਘ ਪਾਲੀ (ਮਜੀਠਾ ਪ੍ਰਧਾਨ ਕਿਸਾਨ ਸੈਲ ਪੰਜਾਬ ਰਾਹੁਲ ਬਰਗੇਡ ਨਵਦੀਪ ਸਿੰਘ ਸੋਨਾ (ਸ਼ਹਿਰੀ ਪ੍ਰਧਾਨ), ਕਿਰਪਾਲ ਸਿੰਘ (ਸੰਗਠਨ ਮੰਤਰੀ ਆਪ), ਸਾਬਕਾ ਸਰਪੰਚ ਬੱਬੀ ਭਗਵਾ, ਸੁਖਜਿੰਦਰ ਭਗਵਾਂ ਯਾਦਵਿੰਦਰ ਸਿੰਘ ਪੰਧਰ (ਚੇਅਰਮੈਨ), ਰਿੰਕੂ ਕੋਟਲਾ ਤਰਖਾਣਾ (ਵਾਇਸ ਚੇਅਰਮੈਨ), ਜਸਵੰਤ ਸਿੰਘ ਪੰਨੂੰ (ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਸਰਪੰਚ ਪ੍ਰੇਮ ਸਿੰਘ ਸੋਨੀ ਕੱਥੂਨੰਗਲ, ਲਖਵਿੰਦਰ ਸਿੰਘ ਬੰਗਵਾਲ, ਅਮਰਜੀਤ ਸਿੰਘ ਪੰਨੂੰ, ਚੰਨਪ੍ਰੀਤ ਸਿੰਘ ਅਜਾਇਬਵਾਲੀ, ਡਾ. ਕਸ਼ਮੀਰ ਸਿੰਘ ਪੰਧਰ, ਮਲਕੀਤ ਸਿੰਘ ਵਡਾਲਾ, ਰਵਿੰਦਰਪਾਲ ਸਿੰਘ ਹਦਾਇਤਪੁਰ ਅਤੇ ਹੋਰ ਵੱਡੀ ਗਿਣਤੀ ਵਿੱਚ ਸਮਾਜਿਕ ਤੇ ਸਿਆਸੀ ਆਗੂ ਸ਼ਾਮਲ ਸਨ।

# ਅਨੁਜ ਖੇਮਕਾ ਨੇ ਜਗਰਾਤੇ 'ਚ ਕੀਤੀ ਸ਼ਿਰਕਤ

**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)**- ਕੋਟ ਖਾਲਸਾ ਵਿਚ ਸ੍ਰੀ ਕਸ਼ਟ ਨਿਵਾਰਨ ਬਾਲਾ ਜੀ ਸੇਵਾ ਪਰਵਾਰ ਵੱਲੋਂ ਚੌਥਾ ਸਾਲਾਨਾ ਜਗਰਾਤਾ ਬੜੀ ਧੂਮਧਾਮ ਨਾਲ ਕਰਵਾਇਆ ਗਿਆ। ਜਗਰਾਤੇ ਵਿਚ ਪ੍ਰਸਿੱਧ ਭਜਨ ਮੰਡਲੀਆਂ ਨੇ ਬਾਲਾ ਜੀ ਦੀ ਉਸਤਤ ਗਾਇਨ ਕੀਤੀ। ਸ਼ਰਧਾਲੂਆਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ, ਜੋ ਦਿਨ-ਰਾਤ ਜਾਰੀ ਰਿਹਾ। ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ। ਬਾਲਾ ਜੀ ਪਰਵਾਰ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਜ ਸੇਵਕ ਅਸ਼ਵਨੀ ਜੋਸ਼ੀ, ਦੀਪਕ ਸ਼ਰਮਾ, ਅਮਨ ਜੋਸ਼ੀ, ਅਮਨਦੀਪ, ਆਸ਼ੀਸ਼ ਖੇਮਕਾ, ਸਿਧਾਰਥ ਅਗਰਵਾਲ, ਕਪਿਸ਼ ਖੇਮਕਾ ਨੇ ਵੀ ਜਗਰਾਤੇ ਵਿਚ ਸ਼ਿਰਕਤ ਕੀਤੀ।



# 29ਵਾਂ ਸਰਬ ਸਾਂਝਾ ਕੀਰਤਨ ਦਰਬਾਰ 22 ਨੂੰ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**

ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਰਬੱਤ ਦੇ ਭਲੇ ਲਈ 29ਵਾਂ ਸਰਬ ਸਾਂਝਾ ਕੀਰਤਨ ਦਰਬਾਰ ਸਰਬ ਸਾਂਝਾ ਕੀਰਤਨ ਦਰਬਾਰ ਸੁਸਾਇਟੀ ਅਤੇ ਸਮੂਹ ਸੰਗਤ ਫਤਿਹਗੜ੍ਹ ਚੂੜੀਆਂ ਦੇ ਸਹਿਯੋਗ ਨਾਲ 22 ਮਾਰਚ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਦਾਣਾ ਮੰਡੀ ਫਤਿਹਗੜ੍ਹ ਚੂੜੀਆਂ ਬਟਾਲਾ ਰੋਡ,ਫਤਿਹਗੜ੍ਹ ਚੂੜੀਆਂ ਵਿਖੇ ਕਰਵਾਇਆ ਜਾ ਰਿਹਾ। ਇਸ ਮੌਕੇ ਬਾਬਾ ਬੰਤਾ ਸਿੰਘ (ਮੁੰਡਾ ਪਿੰਡ ਵਾਲੇ), ਸਿੰਘ ਸਾਹਿਬ ਗਿਆਨੀ ਮਾਨ ਸਿੰਘ (ਸਾਬਕਾ ਗ੍ਰੰਥੀ ਸ੍ਰੀ ਦਰਬਾਰ ਸਾਹਿਬ), ਭਾਈ ਭੁਪਿੰਦਰ ਸਿੰਘ (ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ), ਭਾਈ ਜਸਬੀਰ ਸਿੰਘ ਖਾਲਸਾ (ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ), ਭਾਈ ਗੁਰਦੇਵ ਸਿੰਘ (ਆਸਟਰੇਲੀਆ ਵਾਲੇ ), ਪ੍ਰਿੰਸੀਪਲ ਜਸਪਾਲ ਸਿੰਘ (ਜਵੱਦੀ ਟਕਸਾਲ ਵਾਲੇ), ਭਾਈ ਕੁਲਦੀਪ ਸਿੰਘ (ਫਤਿਹਗੜ੍ਹ ਚੂੜੀਆਂ ਵਾਲੇ),ਭਾਈ ਮਨਿੰਦਰ ਸਿੰਘ (ਫਤਿਹਗੜ੍ਹ ਚੂੜੀਆਂ ਵਾਲੇ) ਆਪਣੇ ਰਸਭਿੰਨੇ ਕੀਰਤਨ ਰਾਹੀ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ। ਅੰਮ੍ਰਿਤ ਸੰਚਾਰ 4 ਅਪ੍ਰੈਲ ਸਵੇਰੇ 10 ਵਜੇ ਗੁਰਦੁਆਰਾ ਸਾਧ ਸੰਗਤ ਸਰਕੂਲਰ ਰੋਡ, ਨੇੜੇ ਪੁਰਾਣੇ ਬੱਸ ਅੱਡਾ ਫਤਿਹਗੜ੍ਹ ਚੂੜੀਆਂ ਵਿਖੇ ਕਰਵਾਇਆ ਜਾਵੇਗਾ। ਸਾਰਾ ਦਿਨ ਵੱਖ ਵੱਖ ਪਕਵਾਨਾਂ ਦੇ ਲੰਗਰ ਸੰਗਤਾਂ ਨੂੰ ਛਕਾਏ ਜਾਣਗੇ। ਇਸ ਮੌਕੇ ਜਸਵੰਤ ਸਿੰਘ ਰੰਧਾਵਾ, ਗੁਰਜਿੰਦਰ ਸਿੰਘ ਮੱਲ੍ਹੀ, ਗੁਰਸਰਨਜੀਤ ਸਿੰਘ ਭੁੱਲਰ, ਪ੍ਰੀਤਮ ਸਿੰਘ, ਮਨਜੀਤ ਸਿੰਘ, ਗਗਨਦੀਪ ਸਿੰਘ, ਸਤਵਿੰਦਰ ਸਿੰਘ, ਦਵਿੰਦਰ ਸਿੰਘ, ਰਾਜਕੁਮਾਰ, ਮੁਖਤਿਆਰ ਸਿੰਘ, ਬਾਬਾ ਮਨਜਿੰਦਰ ਸਿੰਘ, ਸੁਖਦੇਵ ਸਿੰਘ ਜੱਜ, ਹਰਜਿੰਦਰ ਸਿੰਘ ਵਿਰਦੀ, ਪਰਵਜੀਤ ਸਿੰਘ ਹੈਪੀ, ਮਨਦੀਪ ਸਿੰਘ, ਅਜੀਤ ਸਿੰਘ, ਪਰਮਿੰਦਰ ਸਿੰਘ ਲਾਲੀ, ਇੰਦਰਜੀਤ ਸਿੰਘ ਰੰਧਾਵਾ, ਸਤਨਾਮ ਸਿੰਘ, ਸਾਹਿਲਦੀਪ ਸਿੰਘ ਆਦਿ ਨੇ ਸਮੂਹ ਸੰਗਤਾਂ ਨੂੰ ਹੁੰਮ ਹੁਮਾ ਕੇ ਪਹੁੰਚਣ ਦੀ ਬੇਨਤੀ ਕੀਤੀ ਗਈ ਹੈ।



# ਦਿਹਾਤੀ ਖੇਤਰ ਅੰਦਰ ਕਈ ਘੰਟੇ ਬਿਜਲੀ ਬੰਦ ਰਹਿਣ ਨਾਲ ਛੋਟੇ ਉਦਯੋਗ ਤਬਾਹੀ ਦੇ ਕਿਨਾਰੇ

**ਗੁਰਦਾਸਪੁਰ (ਜਨਕ ਮਹਾਜਨ)**-ਗੁਰਦਾਸਪੁਰ ਸ਼ਹਿਰ ਅਤੇ ਪੇਂਡੂ ਦਿਹਾਤੀ ਖੇਤਰ ਅੰਦਰ ਕਈ-ਕਈ ਘੰਟੇ ਬਿਜਲੀ ਬੰਦ ਰਹਿਣ ਨਾਲ ਛੋਟੇ ਉਦਯੋਗ ਬੰਦ ਹੋਣ ਦੇ ਕਿਨਾਰੇ ਪਹੁੰਚ ਚੁੱਕੇ ਹਨ ਅਤੇ ਲੋਕਾਂ ਦਾ ਜ਼ਿਆਦਾ ਦਾ ਕਾਰੋਬਾਰ ਬਿਜਲੀ 'ਤੇ ਨਿਰਭਰ ਹੋਣ ਕਰਕੇ ਛੋਟੇ ਉਦਯੋਗਾਂ ਵਾਲੇ ਕਾਫੀ ਚਿੰਤਤ ਨਜ਼ਰ ਆ ਰਹੇ ਹਨ। ਕੁਝ ਛੋਟੇ ਉਦਯੋਗਾਂ ਦੇ ਮਾਲਕਾਂ ਨੇ ਦੱਸਿਆ ਕਿ ਪਾਵਰਕਾਮ ਵਲੋਂ ਬਿਜਲੀ ਨਿੱਤ ਮੁਰੰਮਤ ਨਾਲ ਪਹਿਲਾਂ ਹੀ ਬਿਜਲੀ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਬੰਦ ਰਹਿੰਦੀ ਹੈ ਅਤੇ ਜੇਕਰ ਬਿਜਲੀ ਆ ਜਾਂਦੀ ਹੈ ਤਾਂ ਫਿਰ ਵਾਰ-ਵਾਰ ਬੰਦ ਹੋਣ ਨਾਲ ਕਾਰੋਬਾਰੀਆਂ ਦਾ ਕਾਫੀ ਨੁਕਸਾਨ ਹੋ ਰਿਹਾ ਹੈ ਅਤੇ ਕਾਰੋਬਾਰੀ ਮਹੀਨੇ ਦਾ ਬਿੱਲ ਵੀ ਅਦਾ ਕਰਨ ਤੋਂ ਅਸਮਰੱਥ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਕਿਸਾਨਾਂ ਅਤੇ ਕਾਰੋਬਾਰੀਆਂ ਨੂੰ 24 ਘੰਟੇ ਬਿਜਲੀ ਦੇਣ ਦੇ ਵਾਅਦੇ ਕਰ ਰਹੀ ਹੈ ਪਰ ਹੁਣ ਵਾਰ-ਵਾਰ ਬਿਜਲੀ ਦੇ ਕੱਟਾ ਨੇ ਸ਼ਹਿਰ ਅਤੇ ਦਿਹਾਤੀ ਖੇਤਰ ਦੇ ਕਾਰੋਬਾਰਾਂ ਨੂੰ ਖਤਮ ਕਰਕੇ ਰੱਖ ਦਿੱਤਾ। ਇਸ ਪਾਸੇ ਪਾਵਰਕਾਮ ਦੇ ਅਧਿਕਾਰੀ ਗੰਭੀਰ ਨਾ ਹੋਣ ਕਰਕੇ ਲੋਕਾਂ ਦਾ ਸਰਕਾਰ ਤੇ ਮਹਿਕਮੇ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਬਿਜਲੀ ਦੇ ਅਜਿਹੇ ਹਾਲਾਤ ਚਲਦੇ ਰਹੇ ਤਾਂ ਕਾਰੋਬਾਰੀ ਕੰਮ ਛੱਡਣ ਤੋਂ ਬਿਲਕੁਲ ਵੀ ਗੁਰੇਜ਼ ਨਹੀਂ ਕਰਨਗੇ ਜਿਸ ਨਾਲ ਇਨ੍ਹਾਂ ਦੇ ਪਰਵਾਰਾਂ 'ਤੇ ਵੀ ਮਾੜਾ ਅਸਰ ਪਵੇਗਾ। ਉਨ੍ਹਾਂ ਪਾਵਰਕਾਮ ਦੇ ਚੇਅਰਮੈਨ ਪਟਿਆਲਾ ਪਾਸੋਂ ਮੰਗ ਕੀਤੀ ਗਈ ਛੋਟੇ ਉਦਯੋਗਾਂ ਨੂੰ ਬਚਾਉਣ ਲਈ ਸ਼ਹਿਰ ਅਤੇ ਦਿਹਾਤੀ ਖੇਤਰਾਂ ਵਿੱਚ ਬਿਜਲੀ ਦੀ ਸਪਲਾਈ ਨੂੰ ਨਿਰਵਿਘਨ ਯਕੀਨੀ ਬਣਾਉਣ ਲਈ ਐਸ.ਈ ਗੁਰਦਾਸਪੁਰ ਨੂੰ ਨਿਰਦੇਸ਼ ਜਾਰੀ ਕੀਤੇ ਜਾਣ ਜਿਸ ਨਾਲ ਛੋਟੇ ਉਦਯੋਗਾਂ ਵਾਲੇ ਬਿਜਲੀ ਦੀ ਮਾੜੀ ਸਪਲਾਈ ਤੋਂ ਬਚ ਸਕਣ।

# ਭੁਪਿੰਦਰ ਸੰਧੂ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਬੰਧਕੀ ਬੋਰਡ ਦੇ ਮੈਂਬਰ ਚੁਣੇ

**ਚੇਤਨਪੁਰਾ ( ਸੁਖਵੰਤ ਚੇਤਨਪੁਰੀ)**



ਇਥੋਂ ਨਜ਼ਦੀਕੀ ਪਿੰਡ ਤਲਵੰਡੀ ਸਿਪਾਹੀ ਮੱਲ ਦੇ ਜੰਮਪਲ ਪੰਜਾਬੀ ਲੇਖਕ, ਕਾਲਮਨਵੀਸ਼ ਅਤੇ ਬਹੁਤ ਸਾਰੀਆਂ ਸਾਹਿਤਕ ਅਤੇ ਸੱਭਿਆਚਾਰਕ ਸੰਸਥਾਵਾਂ ਨਾਲ ਜੁੜੇ ਹੋਏ ਭੁਪਿੰਦਰ ਸਿੰਘ ਸੰਧੂ ਨੂੰ ਪੰਜਾਬੀ ਸਾਹਿਤ ਦੀ ਵੱਕਾਰੀ ਤੇ ਵੱਡ -ਅਕਾਰੀ ਸੰਸਥਾ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਲਈ ਸਾਲ 2026-28 ਦੀ ਚੋਣ ਵਿੱਚ ਪੰਦਰਾਂ ਮੈਂਬਰੀ ਪ੍ਰਬੰਧਕੀ ਬੋਰਡ ਦਾ ਮੈਂਬਰ ਚੁਣਿਆ ਗਿਆ, ਜਿਥੇ ਉਹ ਮਾਝੇ ਦੇ ਲੇਖਕਾਂ ਦੀ ਪ੍ਰਤੀਨਿਧਤਾ ਕਰਨਗੇ। ਪੰਜਾਬੀ, ਅੰਗਰੇਜ਼ੀ ਤੇ ਇਤਿਹਾਸ ਦੇ ਗਿਆਤਾ ਸਿੱਖਿਆ ਦਾਨੀ ਹੈਡਮਾਸਟਰ ਮਰਹੂਮ ਜੱਸਾ ਸਿੰਘ ਦੇ ਵੱਡੇ ਸਪੁੱਤਰ ਭੁਪਿੰਦਰ ਸਿੰਘ ਸੰਧੂ ਨੂੰ ਪੰਜਾਬੀ ਸਾਹਿਤ ਪੜ੍ਹਨ ਦੀ ਚੇਟਕ ਆਪਣੇ ਆਪਣੇ ਪਿਤਾ ਤੋਂ ਹੀ ਲੱਗੀ। ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਵਿਚੋਂ ਐਸ. ਡੀ. ਓ.ਵਜੋਂ ਰਿਟਾਇਰ ਹੋਏ, ਭੁਪਿੰਦਰ ਸਿੰਘ ਸੰਧੂ ਨੇ ਛੇ ਪੁਸਤਕਾਂ ਸਾਹਿਤ ਦੀ ਝੋਲੀ ਪਾਈਆਂ ਤੇ ਬਹੁਤ ਸਾਰੇ ਮੈਗਜ਼ੀਨਾਂ /ਸੋਵੀਨਰਾਂ ਦੀ ਸੰਪਾਦਨਾ ਕੀਤੀ। ਉਹ ਆਪਣੇ ਪਿਤਾ ਦੇ ਨਾਂਅ 'ਤੇ ਜਸ ਮੈਗਜ਼ੀਨ ਦੀ ਵੀ ਲਗਾਤਾਰ ਸੰਪਾਦਨਾ ਕਰ ਰਹੇ ਹਨ। ਉਹਨਾਂ ਦੀਆਂ ਚਰਚਿਤ ਪੁਸਤਕਾਂ ਵਿੱਚ ਲਹਿੰਦੇ ਪੰਜਾਬ ਦਾ ਸਫ਼ਰਨਾਮਾ 'ਕੰਧ ਓਹਲੇ ਪ੍ਰਦੇਸ਼', 'ਅਜਨਾਲਾ ਦੇ ਕਾਲਿਆਂ ਵਾਲੇ ਖੂਹ ਦੀ ਲਹੂ ਭਿੱਜੀ ਦਾਸਤਾਨ', ਲੋਕ ਗਾਇਕ ਅਮਰਜੀਤ ਗੁਰਦਾਸਪੁਰੀ ਤੇ ਜਗਦੇਵ ਸਿੰਘ ਜੱਸੋਵਾਲ ਦੇ ਜੀਵਨ ਅਧਾਰਿਤ ਯਾਦਾਂ ਦੀਆਂ ਪੁਸਤਕਾਂ ਤੋਂ ਇਲਾਵਾ ਵੱਖ ਵੱਖ ਸਮੇਂ ਪੰਜਾਬੀ ਅਖ਼ਬਾਰਾਂ ਵਿਚ ਲਿਖੇ ਲੇਖਾਂ 'ਤੇ ਅਧਾਰਿਤ 'ਨਾਲ ਤੁਰਨ ਦਰਿਆ' ਕਿਤਾਬ ਸ਼ਾਮਲ ਹੈ। ਸੰਧੂ ਨੇ ਏਸ਼ੀਆ ਤੇ ਯੋਰਪ ਦੇ ਬਹੁਤ ਸਾਰੇ ਦੇਸ਼ਾਂ ਦੀ ਯਾਤਰਾ ਕੀਤੀ ਅਤੇ ਖ਼ੂਬਸੂਰਤ ਪ੍ਰਭਾਵ ਲਿਖੇ। ਪੰਜਾਬੀ ਦੇ ਸਿਰਮੌਰ ਸ਼ਾਇਰ ਪ੍ਰੋ: ਮੋਹਨ ਸਿੰਘ ਦੀ ਯਾਦ ਵਿੱਚ ਕਰਵਾਏ ਜਾਣ ਵਾਲੇ ਮੇਲੇ ਦੀ ਵੀ ਇਹ ਕਈ ਵਾਰ ਅਗਵਾਈ ਕਰ ਚੁੱਕੇ ਹਨ।

# ਪੈਨਸ਼ਨਰਾਂ ਲਈ ਡਿਜੀਟਲ ਲਾਈਫ ਸਰਟੀਫਿਕੇਟ 31 ਤੱਕ ਜਮ੍ਹਾਂ ਕਰਵਾਉਣਾ ਲਾਜ਼ਮੀ : ਜ਼ਿਲ੍ਹਾ ਖਜ਼ਾਨਾ ਅਫਸਰ

**ਬਟਾਲਾ, (ਡਾਕਟਰ ਮਲਵਿੰਦਰ ਸਿੰਘ)**-ਪੰਜਾਬ ਸਰਕਾਰ ਵਿੱਤ ਵਿਭਾਗ ਵੱਲੋ ਸੇਵਾ ਮੁਕਤ ਪੈਨਸ਼ਨਰਾਂ ਦੀ ਸਹੂਲਤ ਅਤੇ ਪਾਰਦਰਸ਼ਤਾ ਲਈ ਡਿਜੀਟਲ ਲਾਈਫ ਸਰਟੀਫਿਕੇਟ ਜਮ੍ਹਾਂ ਕਰਵਾਉਣਾ ਲਾਜ਼ਮੀ ਕਰ ਦਿੱਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆ ਜੋਗਿੰਦਰ ਪਾਲ ਸ਼ਰਮਾ, ਜ਼ਿਲ੍ਹਾ ਖਜ਼ਾਨਾ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਕਈ ਪੈਨਸ਼ਨਰਾਂ ਵੱਲੋਂ ਅਜੇ ਤੱਕ ਵੀ ਬੈਂਕਾਂ ਵਿਚ ਮੈਨੂਅਲ ਸਰਟੀਫਿਕੇਟ ਜਮ੍ਹਾਂ ਕਰਵਾਏ ਗਏ ਹਨ ਜੋ ਕਿ ਮਾਨਤਾ ਪ੍ਰਾਪਤ ਨਹੀਂ ਹੋਣਗੇ। ਆਪਣੀ ਪੈਨਸ਼ਨ ਨੂੰ ਜਾਰੀ ਰੱਖਣ ਲਈ ਇਹ ਡਿਜੀਟਲ ਸਰਟੀਫਿਕੇਟ 31 ਮਾਰਚ 2026 ਤੱਕ ਜਮ੍ਹਾ ਕਰਵਾਉਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਦੱਸਿਆ ਕਿ ਡਿਜੀਟਲ ਲਾਈਫ ਸਰਟੀਫਿਕੇਟ ਸਬੰਧੀ ਸੇਵਾ ਲੈਣ ਲਈ ਪੰਜਾਬ ਸਰਕਾਰ ਵੱਲੋਂ ਇਹ ਸੇਵਾ ਨਜ਼ਦੀਕੀ ਖਜ਼ਾਨਾ ਦਫਤਰ, ਸਬੰਧਤ ਬੈਂਕ ਦੀ ਬ੍ਰਾਂਚ ਸੇਵਾ ਕੇਂਦਰ ਵਿਚ ਉਪਲਬਧ ਹੈ। ਤੁਸੀਂ ਰਾਜ ਸਰਕਾਰ ਦੀ ਘਰ ਬੈਠੇ ਸੇਵਾ ਰਾਹੀ 1076 ਨੰਬਰ 'ਤੇ ਕਾਲ ਕਰਕੇ ਵੀ ਇਸ ਸੁਵਿਧਾ ਦਾ ਲਾਭ ਲੈ ਸਕਦੇ ਹੋ।



# ਗੁਰੂ ਨਾਨਕਪੁਰਾ 'ਚ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ

**ਬਿਆਸ (ਪਰਮਜੀਤ ਸਿੰਘ ਰੱਖੜਾ)**

ਪਿੰਡ ਗੁਰੂ ਨਾਨਕਪੁਰਾ ( ਬਿਆਸ) ਦੇ ਸਰਪੰਚ ਸੁਰਜੀਤ ਸਿੰਘ ਦੇ ਯਤਨਾਂ ਸਦਕਾ ਪ੍ਰਾਇਮਰੀ ਸਕੂਲ ਵਿਚ ਓਮ ਪ੍ਰਕਾਸ਼ ਆਈ ਹਸਪਤਾਲ ਅੰਮ੍ਰਿਤਸਰ ਵੱਲੋਂ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਗੁਰੂ ਨਾਨਕਪੁਰਾ ਦੇ ਸਰਪੰਚ ਸੁਰਜੀਤ ਸਿੰਘ, ਹਲਕਾ ਬਾਬਾ ਬਕਾਲਾ ਸਾਹਿਬ ਦੇ ਆਪ ਦੇ ਸੀਨੀਅਰ ਆਗੂ ਰਜਿੰਦਰ ਸਿੰਘ ਸਹੋਤਾ ਅਤੇ ਸਮਾਜ ਸੇਵਕ ਸੁਖਵਿੰਦਰ ਸਿੰਘ ਮੱਤੇਵਾਲ ਨੇ ਸੇਵਾ ਨਿਭਾਈ। ਪਿੰਡ ਗੁਰੂ ਨਾਨਕਪੁਰਾ ਦੇ ਨਿਵਾਸੀਆਂ ਨੇ ਕੈਂਪ ਵਿਚ ਪਹੁੰਚ ਕੇ ਸ਼ਿਰਕਤ ਕੀਤੀ ਅਤੇ ਡਾਕਟਰਾਂ ਵੱਲੋਂ ਮਰੀਜਾਂ ਦਾ ਬਹੁਤ ਵਧੀਆ ਤਰੀਕੇ ਨਾਲ ਚੈੱਕਅਪ ਕੀਤਾ ਗਿਆ। ਰਜਿੰਦਰ ਸਿੰਘ ਸਹੋਤਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਖਾਂ ਦੀ ਸੇਵਾ ਬਹੁਤ ਵੱਡੀ ਸੇਵਾ ਹੈ, ਅਸੀਂ ਕਿਸੇ ਨੂੰ ਵੀ ਇਲਾਜ ਤੋਂ ਵਾਂਝਾ ਨਹੀਂ ਰਹਿਣ ਦਵਾਂਗੇ। ਪਿੰਡ ਪਿੰਡ ਕੈਂਪ ਲਗਾ ਕੇ ਹਰ ਵਰਗ ਦੇ ਲੋਕਾਂ ਦਾ ਅੱਖਾਂ ਦਾ ਇਲਾਜ ਕਰਵਾਇਆ ਜਾਵੇਗਾ। ਇਸ ਕੈਂਪ ਦੇ ਅਗਵਾਈ ਪਿੰਡ ਗੁਰੂ ਨਾਨਕਪੁਰਾ ਦੇ ਸਰਪੰਚ ਸੁਰਜੀਤ ਸਿੰਘ ਨੇ ਕੀਤੀ ਤੇ ਕੈਂਪ ਚਲਦੇ ਦੌਰਾਨ ਲੰਗਰ ਦੀ ਸੇਵਾ ਚਲਦੀ ਰਹੀ। ਸਰਪੰਚ ਸੁਰਜੀਤ ਸਿੰਘ ਨੇ ਕੈਂਪ ਵਿਚ ਆਏ ਲੋਕਾਂ ਦਾ ਧੰਨਵਾਦ ਕੀਤਾ ਅਤੇ ਮੋਹਤਬਰਾਂ ਨੂੰ ਸਨਮਾਨ ਵਜੋਂ ਸ਼ੀਲਡਾਂ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਈਸ਼ਵਰਪ੍ਰੀਤ ਸਿੰਘ ਸਹੋਤਾ, ਬਲਵਿੰਦਰ ਸਿੰਘ ਸੇਖੋਂ, ਕਾਲਾ ਰਾਮ ਮੈਂਬਰ, ਜਗਤਾਰ ਸਿੰਘ ਢਿੱਲੋਂ, ਸੇਵਾ ਸਿੰਘ, ਬਲਵਿੰਦਰ ਸਿੰਘ ਚਾਹਲ, ਮਨਦੀਪ ਸਿੰਘ ਸੂਰਜ, ਧਰਮਿੰਦਰ ਸਿੰਘ ਖ਼ਾਲਸਾ, ਸੰਦੀਪ ਸਿੰਘ ਬੱਬੀ ਆਦਿ ਆਗੂ ਹਾਜ਼ਰ ਸਨ।



# ਨਾਨਕਸ਼ਾਹੀ ਕੈਲੰਡਰ ਅਨੁਸਾਰ ਨਵੇਂ ਵਰ੍ਹੇ ਨੂੰ ਸਮਰਪਤ ਨਗਰ ਕੀਰਤਨ ਸਜਾਇਆ

**ਧਾਰੀਵਾਲ, (ਮਨਦੀਪ ਵਿੱਕੀ)**

ਨਾਨਕਸ਼ਾਹੀ ਸਿੱਖ ਸੇਵਾ ਸੋਸਾਇਟੀ ਧਾਰੀਵਾਲ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ ਇਤਿਹਾਸਕ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਤੋਂ ਸੁੰਦਰ ਪਾਲਕੀ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਮਹਾਨ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਦੀ ਆਰੰਭਤਾ ਕਥਾ ਕਾਚਕ ਭਾਈ ਜਸਵਿੰਦਰ ਸਿੰਘ ਕਲੇਰ ਵੱਲੋਂ ਅਰਦਾਸ ਕਰਨ ਉਪਰੰਤ ਹੁਕਮਨਾਮਾ ਸੁਣਾ ਕੇ ਕੀਤੀ ਗਈ। ਨਗਰ ਕੀਰਤਨ ਦੇ ਰਵਾਨਾ ਹੋਣ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਸੁੱਚਾ ਸਿੰਘ ਲੰਗਾਹ ਵੱਲੋਂ ਪੰਜ ਪਿਆਰਿਆਂ ਅਤੇ ਤਰਨਾ ਦਲ ਮਹਿਤਾ ਚੌਕ ਦੇ ਮੁਖੀ ਨਿਹੰਗ ਸਿੰਘ ਬਾਬਾ ਬਲਵਿੰਦਰ ਸਿੰਘ ਅਤੇ ਹੋਰ ਸ਼ਖ਼ਸੀਅਤਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨਾਨਕਸ਼ਾਹੀ ਸੇਵਾ ਸੋਸਾਇਟੀ ਧਾਰੀਵਾਲ ਦੇ ਸੇਵਾਦਾਰ ਭਾਈ ਬਲਦੇਵ ਸਿੰਘ ਨਿਮਾਣਾ, ਡਾਕਟਰ ਕਮਲਜੀਤ ਸਿੰਘ ਕੇ. ਜੇ., ਇੰਜ. ਜੇ. ਪੀ. ਸਿੰਘ, ਦਲਜੀਤ ਸਿੰਘ ਛੋਟੇਪੁਰ, ਗੁਰਮੇਜ ਸਿੰਘ ਵੱਲੋਂ ਸਾਬਕਾ ਕੈਬਨਿਟ ਮੰਤਰੀ ਪੰਜਾਬ ਸੁੱਚਾ ਸਿੰਘ ਲੰਗਾਹ, ਮੈਨੇਜਰ ਰਣਜੀਤ ਸਿੰਘ ਕਲਿਆਣਪੁਰ, ਤਰਨਾ ਦਲ ਮਹਿਤਾ ਚੌਕ ਦੇ ਮੁਖੀ ਨਿਹੰਗ ਸਿੰਘ ਭਾਈ ਬਲਵਿੰਦਰ ਸਿੰਘ, ਭਾਈ ਜਸਵਿੰਦਰ ਸਿੰਘ ਕਲੇਰ, ਪਟਵਾਰੀ ਕੁਲਦੀਪ ਸਿੰਘ ਅਤੇ ਹੋਰ ਸ਼ਖ਼ਸੀਅਤਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਨਗਰ ਕੀਰਤਨ ਦੌਰਾਨ ਗੁਰਮਤਿ ਪ੍ਰਚਾਰ ਗੱਤਕਾ ਧਾਰੀਵਾਲ ਦੇ ਜਥੇਦਾਰ ਪ੍ਰਦੀਪ ਸਿੰਘ ਸੇਵਕ ਦੀ ਅਗਵਾਈ ਵਿੱਚ ਗਤਕੇ ਦੇ ਜੌਹਰ ਦਿਖਾਏ। ਗੁਰੂ ਦੀਆਂ ਲਾਡਲੀਆਂ ਫੌਜਾਂ ਨਿਹੰਗ ਸਿੰਘਾਂ ਵੱਲੋਂ ਘੋੜ ਸਵਾਰ ਅਤੇ ਸ਼ਸਤਰਾਂ ਸਮੇਤ ਨਗਰ ਕੀਰਤਨ ਵਿੱਚ ਸ਼ਮੂਲੀਅਤ ਕੀਤੀ ਗਈ। ਨਗਰ ਕੀਰਤਨ ਗੁਰਦੁਆਰਾ ਬੁਰਜ ਸਾਹਿਬ ਤੋਂ ਆਰੰਭ ਹੋ ਕੇ ਪਿੰਡ ਅਹਿਮਦਾਬਾਦ, ਦਾਣਾ ਮੰਡੀ ਧਾਰੀਵਾਲ, ਫੱਜੂਪੁਰ ਚੌਕ, ਫੱਤੇਨੰਗਲ, ਨਵੀਂ ਅਬਾਦੀ ਧਾਰੀਵਾਲ ਤੋਂ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਤੋਂ ਹੁੰਦਾ ਹੋਇਆ ਮੁੜ ਵਾਪਿਸ ਆਰੰਭਕ ਸਥਾਨ 'ਤੇ ਸਮਾਪਤ ਹੋਇਆ। ਨਗਰ ਕੀਰਤਨ ਦਾ ਥਾਂ-ਥਾਂ 'ਤੇ ਸ਼ਰਧਾਲੂਆਂ ਨੇ ਨਿੱਘਾ ਸਵਾਗਤ ਕੀਤਾ। ਨਗਰ ਕੀਰਤਨ ਦੌਰਾਨ ਥਾਣਾ ਧਾਰੀਵਾਲ ਦੇ ਐੱਸਐੱਚਓ ਸਬ ਇੰਸਪੈਕਟਰ ਮੈਡਮ ਦੀਪਿਕਾ ਦੀ ਅਗਵਾਈ ਹੇਠ ਏਐੱਸਆਈ ਰਮੇਸ਼ ਰਾਮ ਅਤੇ ਹੋਰ ਪੁਲਸ ਕਰਮਚਾਰੀਆਂ ਵੱਲੋਂ ਸੁਰੱਖਿਆਂ ਦੇ ਪੁਖਤਾ ਇੰਤਜ਼ਾਮ ਕੀਤੇ ਗਏ। ਨਗਰ ਕੀਰਤਨ ਵਿੱਚ ਕੁਲਬੀਰ ਸਿੰਘ ਰਿਆੜ, ਦਲਬੀਰ ਸਿੰਘ ਚਾਹਲ, ਜਾਨੂ ਜਸਜੀਤ ਸਿੰਘ, ਸ਼ਮੇਸ਼ਰ ਸਿੰਘ ਲੇਹਲ ਆਦਿ ਸਮੇਤ ਸੰਗਤਾਂ ਸ਼ਾਮਲ ਸਨ।



# ਖ਼ੂਨਦਾਨ ਕੈਂਪ ਤੇ ਮੁਫਤ ਮੈਡੀਕਲ ਜਾਂਚ ਕੈਂਪ ਲਗਾਇਆ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**

ਡਾ: ਬਲਵਿੰਦਰ ਸਿੰਘ ਛੇਹਰਟਾ ਅਤੇ ਅੰਤਰਰਾਸ਼ਟਰੀ ਔਰਤ ਦਿਵਸ ਨੂੰ ਸਮਰਪਿਤ ਪਹਿਲਾ ਖ਼ੂਨਦਾਨ ਅਤੇ ਮੈਡੀਕਲ ਜਾਂਚ ਕੈਂਪ ਕੇ. ਵੀ.ਆਈ.ਸੀ ਬਲੱਡ ਬੈਂਕ ਅਤੇ ਬਿਲੀਅਨ ਹਾਰਟਸ ਦੇ ਸਹਿਯੋਗ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਚੇਤਨਪੁਰਾ ਵਿਖੇ ਲਗਾਇਆ ਗਿਆ। ਕੈਂਪ ਸਮੇਂ ਵੱਡੀ ਗਿਣਤੀ ਵਿੱਚ ਮਰੀਜ਼ਾਂ ਦੇ ਚੈੱਕਅਪ ਕਰਕੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ ਅਤੇ ਖ਼ੂਨਦਾਨੀਆਂ ਵਲੋਂ ਆਪਣੀ ਇੱਛਾ ਅਨੁਸਾਰ ਖ਼ੂਨਦਾਨ ਵੀ ਕੀਤਾ ਗਿਆ। ਸਕੂਲ ਦੀ ਪ੍ਰਿੰਸੀਪਲ ਪਰਮਿੰਦਰ ਕੌਰ ਗਿੱਲ ਨੇ ਦੱਸਿਆ ਕਿ ਕੈਂਪ ਲਈ ਦਿਨ ਰਾਤ ਮਿਹਨਤ ਕਰਨ ਵਾਲੇ ਸਮਾਜ ਸੇਵੀ ਸਰਬਜੀਤ ਸਿੰਘ ਹੈਰੀ ਛੇਹਰਟਾ, ਕੇ ਵੀ ਆਈ ਬਲੱਡ ਬੈਂਕ ਤੋਂ ਬਿਕਰਮਜੀਤ ਸਿੰਘ ਤੇ ਅਧਾਰਿਤ ਟੀਮ ਅਤੇ ਅਪੋਲੋ ਹਸਪਤਾਲ ਦੇ ਡਾਕਟਰਾਂ ਦੀ ਟੀਮ ਨੂੰ ਸਕੂਲ ਦੇ ਸਟਾਫ਼ ਅਤੇ ਇਲਾਕੇ ਦੇ ਵਸਨੀਕਾਂ ਵੱਲੋਂ ਪੂਰਾ ਸਹਿਯੋਗ ਦਿੱਤਾ ਗਿਆ। ਉਹਨਾਂ ਇਸ ਮੌਕੇ ਖ਼ੂਨਦਾਨ ਕਰਨ ਵਾਲਿਆਂ ਦਾ ਧੰਨਵਾਦ ਕਰਦਿਆਂ ਮੈਡੀਕਲ ਚੈੱਕਅਪ ਕਰਵਾਉਣ ਵਾਲਿਆਂ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਇਲਾਕੇ ਦੀਆਂ ਹਾਜ਼ਰ ਸ਼ਖ਼ਸੀਅਤਾਂ ਵਿੱਚ ਬਲਦੇਵ ਸਿੰਘ ਬੱਬੂ ਚੇਤਨਪੁਰਾ ਚੇਅਰਮੈਨ ਮਾਰਕੀਟ ਕਮੇਟੀ ਅਜਨਾਲਾ, ਪਿੰਡ ਚੇਤਨਪੁਰਾ ਦੇ ਸਰਪੰਚ ਜਸਬੀਰ ਸਿੰਘ ਚੇਤਨਪੁਰਾ, ਸਬਕਾ ਸਰਪੰਚ ਸੁਖਵੰਤ ਸਿੰਘ ਚੇਤਨਪੁਰਾ, ਹਰਪਾਲ ਸਿੰਘ ਸਰਪੰਚ ਕੋਟਲਾ ਸਦਰ, ਰਵੀ ਮਹਾਜਨ, ਗੁਰਮੇਲ ਸਿੰਘ ਬਲਾਕ ਸੰਮਤੀ ਮੈਂਬਰ, ਕੇਵਲ ਬਾਬਾ ਚੇਅਰਮੈਨ ਟਰੇਡ ਵਰਕਰ ਯੂਨੀਅਨ, ਮਨਪ੍ਰੀਤ ਕੰਦੋਵਾਲੀ, ਜੰਗਲਾਤ ਵਿਭਾਗ ਤੋਂ ਅਸ਼ੋਕ ਕੁਮਾਰ ਜੋਸ਼ੀ ਆਦਿ ਸ਼ਖ਼ਸੀਅਤਾਂ ਦੇ ਨਾਮ ਸ਼ਾਮਿਲ ਹਨ।



# ਆਧੁਨਿਕਤਾ-ਵਿਰੋਧੀ ਫੈਸਲਾ

*ਮਾਹਵਾਰੀ 'ਤੇ ਲਾਜ਼ਮੀ ਛੁੱਟੀ ਲਈ ਇੱਕ ਵਕੀਲ ਸ਼ੈਲੇਂਦਰ ਮਣੀ ਤ੍ਰਿਪਾਠੀ ਵੱਲੋਂ ਦਾਇਰ ਲੋਕਹਿੱਤ ਪਟੀਸ਼ਨ 'ਤੇ ਸੁਪਰੀਮ ਕੋਰਟ ਦੇ ਚੀਫ ਜਸਟਿਸ ਸੂਰੀਆ ਕਾਂਤ ਤੇ ਜਸਟਿਸ ਜੋਇਮਾਲਿਆ ਬਾਗਚੀ ਦੀ ਬੈਂਚ ਦੀਆਂ ਟਿੱਪਣੀਆਂ ਮਹਿਲਾਵਾਂ ਦੇ ਕੈਰੀਅਰ ਦੀਆਂ ਸੰਭਾਵਨਾਵਾਂ 'ਤੇ ਉਲਟ ਅਸਰ ਪਾ ਸਕਦੀਆਂ ਹਨ। ਬੈਂਚ ਦਾ ਇਹ ਕਹਿਣਾ ਕਿ ਲਾਜ਼ਮੀ ਛੁੱਟੀ ਕਾਰਨ ਮਾਲਕ ਤੇ ਰੁਜ਼ਗਾਰਦਾਤਾ ਮਹਿਲਾਵਾਂ ਨੂੰ ਭਰਤੀ ਕਰਨ ਤੋਂ ਇਨਕਾਰ ਕਰ ਸਕਦੇ ਹਨ, ਪੂਰੀ ਤਰ੍ਹਾਂ ਆਧੁਨਿਕਤਾ ਤੇ ਕਲਿਆਣਕਾਰੀ ਰਾਜ ਦੇ ਸੰਕਲਪ ਦੇ ਵਿਰੁੱਧ ਹੈ। ਪਟੀਸ਼ਨ ਵਿੱਚ ਮੰਗ ਕੀਤੀ ਗਈ ਸੀ ਕਿ ਸੰਵਿਧਾਨ ਦੇ ਆਰਟੀਕਲ 14 (ਬਰਾਬਰੀ ਦਾ ਅਧਿਕਾਰ) ਅਤੇ ਆਰਟੀਕਲ 21 (ਇੱਜ਼ਤ ਦੀ ਜ਼ਿੰਦਗੀ ਜਿਊਣ ਦਾ ਅਧਿਕਾਰ) ਤਹਿਤ ਕੇਂਦਰ ਸਰਕਾਰ ਤੇ ਸਾਰੀਆਂ ਰਾਜ ਸਰਕਾਰਾਂ ਨੂੰ ਨਿਰਦੇਸ਼ ਦਿੱਤਾ ਜਾਵੇ ਕਿ ਮਹਿਲਾਵਾਂ ਤੇ ਵਿਦਿਆਰਥਣਾਂ ਲਈ ਮਾਹਵਾਰੀ ਦੀ ਛੁੱਟੀ ਦੇਣ ਦੀ ਨੀਤੀ ਬਣਾਈ ਜਾਵੇ। ਸੁਪਰੀਮ ਕੋਰਟ ਨੇ ਕਿਹਾ ਕਿ ਇਹ ਨੀਤੀ ਦਾ ਵਿਸ਼ਾ ਹੈ, ਇਸ ਲਈ ਅਦਾਲਤ ਸਿੱਧੇ ਨਿਰਦੇਸ਼ ਨਹੀਂ ਦੇ ਸਕਦੀ। ਸਰਕਾਰ ਚਾਹੇ ਤਾਂ ਨੀਤੀ ਬਣਾ ਸਕਦੀ ਹੈ। ਅਦਾਲਤ ਨੇ ਇਸ ਮਾਮਲੇ ਵਿੱਚ ਤਾਂ ਨਿਰਦੇਸ਼ ਦੇਣ ਤੋਂ ਇਨਕਾਰ ਕਰ ਦਿੱਤਾ, ਪਰ ਅਦਾਲਤ ਅਨਾਜ ਸੁਰੱਖਿਆ, ਮਿੱਡ ਡੇ ਮੀਲ ਸਣੇ ਤਮਾਮ ਅਜਿਹੇ ਵਿਸ਼ਿਆਂ 'ਤੇ ਸਰਕਾਰ ਨੂੰ ਨਿਰਦੇਸ਼ ਦੇ ਚੁੱਕੀ ਹੈ।*

*ਦਰਅਸਲ ਮਾਹਵਾਰੀ ਨੀਤੀ ਤਹਿਤ ਮਹੀਨੇ ਵਿੱਚ ਇੱਕ-ਦੋ ਦਿਨ ਦੀ ਪੇਡ ਲੀਵ (ਸੰਵਿਧਾਨਕ ਛੁੱਟੀ) ਦੇਣ ਦੀ ਮੰਗ ਕੀਤੀ ਗਈ ਸੀ ਤਾਂ ਕਿ ਮਹਿਲਾਵਾਂ ਇਨ੍ਹਾਂ ਦਿਨਾਂ ਵਿੱਚ ਥਕਾਨ, ਬੁਖਾਰ, ਉਲਟੀ, ਭਿਅੰਕਰ ਦਰਦ, ਖ਼ੂਨ ਦੇ ਵਹਾਅ ਵਰਗੀਆਂ ਸਮੱਸਿਆਵਾਂ ਵਿੱਚ ਆਰਾਮ ਕਰ ਸਕਣ। ਇਹ ਬਿਹਤਰ ਉਤਪਾਦਨ ਲਈ ਵੀ ਬੇਹੱਦ ਜ਼ਰੂਰੀ ਹੈ। ਪੂੰਜੀਵਾਦ ਦਾ ਹੀ ਨਿਯਮ ਹੈ ਕਿ ਸਿਹਤਮੰਦ ਮਜ਼ਦੂਰ ਹੀ ਬਿਹਤਰ ਉਤਪਾਦਨ ਕਰ ਸਕਦਾ ਹੈ। ਮੈਡੀਕਲ ਮਾਹਰ ਵੀ ਇਸ ਦੇ ਹੱਕ ਵਿੱਚ ਹਨ। ਪੂੰਜੀਵਾਦੀ ਵਿਕਸਤ ਦੇਸ਼ ਜਾਪਾਨ ਨੇ 1947 ਵਿੱਚ ਅਜਿਹਾ ਕਾਨੂੰਨ ਬਣਾਇਆ ਸੀ। ਇੰਡੋਨੇਸ਼ੀਆ ਵਿੱਚ ਦੋ ਦਿਨ ਤੇ ਜ਼ਾਂਬੀਆ ਵਿੱਚ ਇੱਕ ਦਿਨ ਦੀ ਛੁੱਟੀ ਮਿਲਦੀ ਹੈ। ਦੱਖਣੀ ਕੋਰੀਆ ਤੇ ਚੀਨ ਵਿੱਚ ਵੀ ਇਹ ਵਿਵਸਥਾ ਲਾਗੂ ਹੈ। ਬਿਹਾਰ ਵਿੱਚ ਸਰਕਾਰੀ ਮਹਿਲਾਵਾਂ ਨੂੰ ਮਹੀਨੇ ਵਿੱਚ ਦੋ ਦਿਨ ਦੀ ਛੁੱਟੀ ਮਿਲਦੀ ਹੈ। ਕਰਨਾਟਕ ਨੇ ਵੀ ਹਾਲ ਹੀ 'ਚ ਅਜਿਹਾ ਕਾਨੂੰਨ ਲਾਗੂ ਕੀਤਾ ਹੈ। ਕੇਰਲਾ ਵਿੱਚ ਯੂਨੀਵਰਸਿਟੀ ਦੀਆਂ ਵਿਦਿਆਰਥਣਾਂ ਨੂੰ ਛੁੱਟੀ ਮਿਲਦੀ ਹੈ। ਜ਼ੋਮੈਟੋ, ਸਵਿਗੀ, ਬਾਇਓਜ਼ੂਪੀਸ, ਐਕਰ ਇੰਡੀਆ, ਐੱਨ ਐਂਡ ਟੀ, ਓਰੀਐਂਟ ਇਲੈਕਟ੍ਰਿਕ ਆਦਿ ਵਰਗੀਆਂ ਪ੍ਰਾਈਵੇਟ ਕੰਪਨੀਆਂ ਵੀ ਛੁੱਟੀ ਦਿੰਦੀਆਂ ਹਨ। ਇਸ ਲਈ ਇਹ ਕਹਿਣਾ ਕਿ ਇਸ ਸਹੂਲਤ ਨਾਲ ਰੁਜ਼ਗਾਰਦਾਤਾ ਨੌਕਰੀ ਨਹੀਂ ਦੇਣਗੇ, ਤੱਥਾਂ ਤੋਂ ਪਰ੍ਹੇ ਹੈ।*

*ਸੁਪਰੀਮ ਕੋਰਟ ਦੇ ਇਸੇ ਚੀਫ ਜਸਟਿਸ ਨੇ ਘਰਾਂ ਵਿੱਚ ਕੰਮ ਕਰਨ ਵਾਲੀਆਂ ਮਹਿਲਾਵਾਂ ਨੂੰ ਘੱਟੋ-ਘੱਟ ਮਜ਼ਦੂਰੀ ਦੇਣ ਦਾ ਕਾਨੂੰਨ ਬਣਾਉਣ ਦੀ ਮੰਗ ਕਰਦੀ ਪਟੀਸ਼ਨ ਨੂੰ ਖਾਰਜ ਕਰਦਿਆਂ ਕਿਹਾ ਸੀ ਕਿ ਅਜਿਹਾ ਕਾਨੂੰਨ ਬਣਾਉਣ ਦਾ ਮਤਲਬ ਹੋਵੇਗਾ ਹਰ ਘਰ ਨੂੰ ਮੁਕੱਦਮੇਬਾਜ਼ੀ ਵਿੱਚ ਖਿੱਚਣਾ। ਇਸ ਦਾ ਨਤੀਜਾ ਇਹ ਵੀ ਹੋਵੇਗਾ ਕਿ ਮਹਿਲਾਵਾਂ ਨੂੰ ਘਰਾਂ ਵਿੱਚ ਕੰਮ ਮਿਲਣਾ ਬੰਦ ਹੋ ਜਾਵੇਗਾ। ਦਰਅਸਲ ਸੁਪਰੀਮ ਕੋਰਟ ਦੀਆਂ ਇਹ ਟਿੱਪਣੀਆਂ ਮਹਿਜ਼ ਇੱਕ-ਦੋ ਜੱਜਾਂ ਦਾ ਨਿੱਜੀ ਮਾਮਲਾ ਨਹੀਂ ਹਨ। ਇਹ ਭਾਰਤੀ ਰਾਜ ਦੇ ਕਲਿਆਣਕਾਰੀ ਚਰਿੱਤਰ ਤੋਂ ਤਾਨਾਸ਼ਾਹੀ ਤੇ ਲੋਕਤੰਤਰ-ਵਿਰੋਧੀ ਚਰਿੱਤਰ ਵਿੱਚ ਪਰਿਵਰਤਨ ਨੂੰ ਦਰਸਾਉਂਦੀਆਂ ਹਨ। ਹਿੰਦੂਤਵ ਤੇ ਕਾਰਪੋਰੇਟ ਦੇ ਮਿਸ਼ਰਣ ਵਾਲੇ ਰਾਜ ਨੇ ਭਾਰਤੀ ਸੰਵਿਧਾਨ ਵਿੱਚ ਮੌਜੂਦ ਆਮ ਨਾਗਰਿਕਾਂ ਦੇ ਬੁਨਿਆਦੀ ਅਧਿਕਾਰਾਂ 'ਤੇ ਹਮਲਾ ਬੋਲ ਦਿੱਤਾ ਹੈ। ਬੁਨਿਆਦੀ ਅਧਿਕਾਰਾਂ ਤੇ ਨੀਤੀ ਨਿਰਦੇਸ਼ਕ ਤੱਤਾਂ ਵਿੱਚ ਦਰਜ ਰਾਜ ਦੀ ਜ਼ਿੰਮੇਵਾਰੀ ਨੂੰ ਇੱਕ-ਇੱਕ ਕਰਕੇ ਖਤਮ ਕੀਤਾ ਜਾ ਰਿਹਾ ਹੈ। ਮਜ਼ਦੂਰ-ਵਿਰੋਧੀ ਲੇਬਰ ਕੋਡ ਇਸ ਦੀ ਤਾਜ਼ਾ ਮਿਸਾਲ ਹਨ, ਜਿਸ ਵਿੱਚ ਕੰਮ ਦੇ ਘੰਟੇ 12 ਕਰ ਦਿੱਤੇ ਗਏ ਹਨ, ਘੱਟੋ-ਘੱਟ ਮਜ਼ਦੂਰੀ ਤੋਂ ਵੀ ਘੱਟ ਫਲੋਰ ਲੇਵਲ ਵੇਜ ਲਿਆਂਦੀ ਗਈ ਹੈ, ਸਮਾਜੀ ਸੁਰੱਖਿਆ ਵਿਹੂਣੀ ਫਿਕਸ ਟਰਮ ਇੰਪਲਾਇਮੈਂਟ ਵਰਗੀ ਆਧੁਨਿਕ ਵਿਵਸਥਾ ਲਾਗੂ ਕੀਤੀ ਜਾ ਰਹੀ ਹੈ। 'ਵਪਾਰ ਕਰਨ ਵਿੱਚ ਆਸਾਨੀ' ਦੇ ਨਾਂਅ 'ਤੇ ਕਾਰਪੋਰੇਟ ਲਾਭ ਲਈ ਮਜ਼ਦੂਰਾਂ ਦੇ ਅਧਿਕਾਰਾਂ ਨੂੰ ਖਤਮ ਕਰਨ ਦੇ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਬਹਰਹਾਲ ਆਧੁਨਿਕ ਗੁਲਾਮੀ ਦੀਆਂ ਇਨ੍ਹਾਂ ਕੋਸ਼ਿਸ਼ਾਂ ਦੀ ਮਜ਼ਦੂਰਾਂ, ਮਹਿਲਾਵਾਂ ਤੇ ਲੋਕਤੰਤਰੀ ਤਾਕਤਾਂ ਵੱਲੋਂ ਮੁਜ਼ਾਹਮਤ ਜਾਰੀ ਹੈ। ਮਾਹਵਾਰੀ ਛੁੱਟੀ ਦੇ ਅਧਿਕਾਰ ਦਾ ਕਾਨੂੰਨ ਬਣਾਉਣ ਦੀ ਮੰਗ ਜ਼ੋਰ ਫੜ ਰਹੀ ਹੈ, ਜਿਹੜੀ ਆਉਣ ਵਾਲੇ ਸਮੇਂ ਵਿੱਚ ਸੜਕ ਤੋਂ ਲੈ ਕੇ ਸੰਸਦ ਤੱਕ ਦਿਖਾਈ ਦੇਵੇਗੀ।*

# ਮੋਦੀ ਦੀ ਅਗਵਾਈ ਹੇਠ ਬ੍ਰਿਕਸ ਦਾ ਭਵਿੱਖ


ਡਾ. ਅਰੁਣ ਮਿਤਰਾ

ਸੰਯੁਕਤ ਰਾਜ ਅਮਰੀਕਾ ਦੀ ਸਰਕਾਰ ਦੇ ਦਬਾਅ ਦੇ ਬਾਵਜੂਦ ਵਿਸ਼ਵ ਦੇ ਦੱਖਣੀ ਹਿੱਸੇ ਦੇ ਕਈ ਦੇਸ਼ਾਂ ਨੇ ਆਪਣੇ-ਆਪ ਨੂੰ ਹੋਰ ਮਜ਼ਬੂਤੀ ਨਾਲ ਸਥਾਪਤ ਕਰਨਾ ਸ਼ੁਰੂ ਕਰ ਦਿੱਤਾ ਹੈ ਅਤੇ ਅਮਰੀਕੀ ਹੁਕਮਾਂ ਨੂੰ ਮੰਨਣ ਤੋਂ ਇਨਕਾਰ ਕੀਤਾ ਹੈ । 1990 ਦੇ ਦਹਾਕੇ ਵਿੱਚ ਸੋਵੀਅਤ ਬਲਾਕ ਦੇ ਪਤਨ ਤੋਂ ਬਾਅਦ ਸੰਸਾਰ ਇੱਕ ਭੂ-ਰਾਜਨੀਤਕ ਗੈਰ-ਯਕੀਨੀ ਦੇ ਦੌਰ ਵਿੱਚ ਦਾਖਲ ਹੋ ਗਿਆ ਸੀ । ਇਸ ਦੌਰ ਵਿੱਚ ਸੰਯੁਕਤ ਰਾਜ ਅਮਰੀਕਾ ਇੱਕ ਮੁੱਖ ਤਾਕਤ ਵਜੋਂ ਉੱਭਰਿਆ ਅਤੇ ਉਸ ਨੇ ਵਿਸ਼ਵ ਰਾਜਨੀਤੀ ਦੀਆਂ ਸ਼ਰਤਾਂ ਤੈਅ ਕਰਨੀਆਂ ਸ਼ੁਰੂ ਕਰ ਦਿੱਤੀਆਂ।

ਇਸ ਸਮੇਂ ਦੌਰਾਨ ਅਮਰੀਕਾ ਦੀ ਅਗਵਾਈ ਹੇਠ ਇਰਾਕ 'ਤੇ ਹਮਲਾ ਕੀਤਾ ਗਿਆ, ਜਿਸ ਦੇ ਨਤੀਜੇ ਵਜੋਂ ਸੱਦਾਮ ਹੁਸੈਨ ਦੀ ਸਰਕਾਰ ਡਿੱਗ ਗਈ। ਇਸ ਹਮਲੇ ਨੂੰ ਇਸ ਆਧਾਰ 'ਤੇ ਜਾਇਜ਼ ਠਹਿਰਾਇਆ ਗਿਆ ਕਿ ਇਰਾਕ ਕੋਲ ਵਿਆਪਕ ਵਿਨਾਸ਼ ਦੇ ਹਥਿਆਰ (WMD) ਮੌਜੂਦ ਹਨ, ਪਰ 2000 ਤੋਂ 2003 ਤੱਕ ਸੰਯੁਕਤ ਰਾਸ਼ਟਰ ਨਿਗਰਾਨੀ, ਤਸਦੀਕ ਅਤੇ ਨਿਰੀਖਣ ਕਮਿਸ਼ਨ (UNMOVIC) ਦੇ ਕਾਰਜਕਾਰੀ ਚੇਅਰਮੈਨ ਰਹੇ ਹਾਂਸ ਬਲਿਕਸ, ਜੋ ਇਰਾਕ ਵਿੱਚ ਇਨ੍ਹਾਂ ਹਥਿਆਰਾਂ ਦੀ ਖੋਜ ਦੀ ਅਗਵਾਈ ਕਰ ਰਹੇ ਸਨ, ਨੇ ਆਪਣੀ ਰਿਪੋਰਟ ਵਿੱਚ ਕਿਹਾ ਕਿ ਇਸ ਗੱਲ ਦਾ ਕੋਈ ਸਬੂਤ ਨਹੀਂ ਮਿਲਿਆ ਕਿ ਇਰਾਕ ਸਰਗਰਮੀ ਨਾਲ ਵਿਆਪਕ ਵਿਨਾਸ਼ ਦੇ ਹਥਿਆਰਾਂ ਦਾ ਕੋਈ ਕਾਰਜਕ੍ਰਮ ਚਲਾ ਰਿਹਾ ਸੀ।

ਇਸੇ ਦੌਰ ਵਿੱਚ ਲੀਬੀਆ ਵਿੱਚ ਕਰਨਲ ਮੁਅਮਰ ਗੱਦਾਫੀ ਦੀ ਸਰਕਾਰ ਨੂੰ ਵੀ ਉਲਟਾ ਦਿੱਤਾ ਗਿਆ। ਸੰਯੁਕਤ ਰਾਜ ਅਮਰੀਕਾ ਨੇ ਇਹ ਦਾਅਵਾ ਕਰਦੇ ਹੋਏ ਅਫਗਾਨਿਸਤਾਨ 'ਤੇ ਵੀ ਹਮਲਾ ਕੀਤਾ ਕਿ ਉੱਥੋਂ ਕੰਮ ਕਰ ਰਹੇ ਅੱਤਵਾਦੀਆਂ ਨੇ 11 ਸਤੰਬਰ ਦੇ ਹਮਲਿਆਂ ਦੀ ਸਾਜ਼ਿਸ਼ ਰਚੀ ਸੀ ।ਇਨ੍ਹਾਂ ਕਾਰਵਾਈਆਂ ਰਾਹੀਂ ਅਮਰੀਕਾ ਨੇ ਇਹ ਦਰਸਾਉਣ ਦੀ ਕੋਸ਼ਿਸ਼ ਕੀਤੀ ਕਿ ਉਹ ਵਿਸ਼ਵ ਮਾਮਲਿਆਂ ਨੂੰ ਨਿਯੰਤਰਿਤ ਕਰਨ ਵਾਲੀ ਇਕੱਲੀ ਤਾਕਤ ਬਣ ਚੁੱਕਾ ਹੈ। ਇਸ ਪ੍ਰਕਿਰਿਆ ਵਿੱਚ ਉਸ ਨੇ ਸੰਯੁਕਤ ਰਾਸ਼ਟਰ ਦੀ ਭੂਮਿਕਾ ਨੂੰ ਕਮਜ਼ੋਰ ਕੀਤਾ ਅਤੇ ਇਰਾਨ ਵਰਗੇ ਦੇਸ਼ਾਂ 'ਤੇ ਪਾਬੰਦੀਆਂ ਲਗਾਈਆਂ।

ਦੂਜੇ ਵਿਸ਼ਵ ਯੁੱਧ ਤੋਂ ਬਾਅਦ ਵਿਸ਼ਵ ਭਾਈਚਾਰੇ ਨੇ ਯੁੱਧ ਦੇ ਮਨੁੱਖੀ ਸਮਾਜ 'ਤੇ ਪਏ ਤਬਾਹੀਕਾਰ ਪ੍ਰਭਾਵ ਨੂੰ ਗੰਭੀਰਤਾ ਨਾਲ ਸਮਝਿਆ। ਇਸ ਦੇ ਨਤੀਜੇ ਵਜੋਂ 24 ਅਕਤੂਬਰ 1945 ਨੂੰ ਸੰਯੁਕਤ ਰਾਸ਼ਟਰ ਸੰਘ (UNO) ਦੀ ਸਥਾਪਨਾ ਕੀਤੀ ਗਈ। ਇਸ ਨੇ ਅੰਤਰਰਾਸ਼ਟਰੀ ਤਣਾਅ ਘਟਾਉਣ, ਸਿਹਤ ਅਤੇ ਭਲਾਈ ਨੂੰ ਉਤਸ਼ਾਹਿਤ ਕਰਨ ਅਤੇ ਆਰਥਿਕ ਵਿਕਾਸ ਨੂੰ ਪ੍ਰੋਤਸਾਹਨ ਦੇਣ ਵਿੱਚ ਮਹੱਤਵਪੂਰਣ ਭੂਮਿਕਾ ਨਿਭਾਈ।

ਪਰ ਜਲਦੀ ਹੀ ਸੰਸਾਰ ਦੋ ਫੌਜੀ ਗਠਜੋੜਾਂ ਵਿੱਚ ਵੰਡਿਆ ਗਿਆ। 1949 ਵਿੱਚ ਉੱਤਰੀ ਐਟਲਾਂਟਿਕ ਸੰਧੀ ਸੰਗਠਨ (NATO) ਬਣਾਇਆ ਗਿਆ ਅਤੇ ਇਸ ਦੇ ਜਵਾਬ ਵਿੱਚ 1955 ਵਿੱਚ ਵਾਰਸਾ ਸੰਧੀ (Warsaw Pact) ਬਣੀ, ਜਿਸ ਦਾ ਉਦੇਸ਼ ਨਾਟੋ ਤੋਂ ਉਤਪੰਨ ਹੋਏ ਫੌਜੀ ਖ਼ਤਰੇ ਦਾ ਮੁਕਾਬਲਾ ਕਰਨਾ ਸੀ।

ਇਸੇ ਦੌਰ ਵਿੱਚ ਵਿਸ਼ਵ ਦੇ ਦੱਖਣੀ ਹਿੱਸੇ ਦੇ ਨਵੇਂ ਆਜ਼ਾਦ ਹੋਏ ਦੇਸ਼ਾਂ ਦੇ ਦੂਰਦਰਸ਼ੀ ਨੇਤਾਵਾਂ ਨੇ ਇੱਕ ਐਸੇ ਅੰਦੋਲਨ ਦੀ ਕਲਪਨਾ ਕੀਤੀ ਜੋ ਇਨ੍ਹਾਂ ਫੌਜੀ ਗਠਜੋੜਾਂ ਤੋਂ ਅਜ਼ਾਦ ਰਹੇ। ਇਸ ਦਾ ਨਤੀਜਾ ਸੀ ਕਿ 1 ਸਤੰਬਰ 1961 ਨੂੰ ਗੁਟ ਨਿਰਲੇਪ ਅੰਦੋਲਨ (NAM) ਦਾ ਜਨਮ ਹੋਇਆ । ਇਸ ਪਹਲ ਦੀ ਅਗਵਾਈ ਭਾਰਤ ਦੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ, ਮਿਸਰ ਦੇ ਰਾਸ਼ਟਰਪਤੀ ਗਮਾਲ ਅਬਦੁਲ ਨਾਸਿਰ, ਯੂਗੋਸਲਾਵੀਆ ਦੇ ਮਾਰਸ਼ਲ ਜੋਸਿਪ ਬਰੋਜ਼ ਟੀਟੋ ਅਤੇ ਘਾਨਾ ਦੇ ਕਵਾਮੇ ਨਕਰੂਮਾ ਨੇ ਕੀਤੀ। NAM ਨੇ ਨਿਸ਼ਸ਼ਤਰੀ, ਆਰਥਿਕ ਸਹਿਯੋਗ ਅਤੇ ਖ਼ਾਸ ਤੌਰ 'ਤੇ ਵਿਕਾਸਸ਼ੀਲ ਦੇਸ਼ਾਂ ਨਾਲ ਸੰਬੰਧਿਤ ਮੁੱਦਿਆਂ ਨੂੰ ਉਠਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ । ਪਰ ਅਮਰੀਕਾ ਦੀ ਅਗਵਾਈ ਹੇਠ ਇਕਧਰੁਵੀ ਪ੍ਰਬਲਤਾ ਦੇ ਉਭਾਰ ਨਾਲ ਬਦਲਦੇ ਵਿਸ਼ਵ ਪੱਧਰ 'ਤੇ ਇਹ ਅੰਦੋਲਨ ਹੌਲੀ-ਹੌਲੀ ਕਮਜ਼ੋਰ ਪੈਂਦੇ ਗਏ।

ਬਦਲਦੇ ਵਿਸ਼ਵ ਪੱਧਰ ਦੇ ਸੰਦਰਭ ਵਿੱਚ 2009 ਵਿੱਚ ਬ੍ਰਿਕ (BRIC) ਦੀ ਸਥਾਪਨਾ ਹੋਈ, ਜਿਸ ਵਿੱਚ ਬ੍ਰਾਜ਼ੀਲ, ਰੂਸ, ਭਾਰਤ ਅਤੇ ਚੀਨ ਸ਼ਾਮਲ ਸਨ। ਇਸ ਦਾ ਪਹਿਲਾ ਸਿਖਰ ਸੰਮੇਲਨ ਰੂਸ ਦੇ ਯੇਕਾਤੇਰਿਨਬਰਗ ਵਿੱਚ ਹੋਇਆ। 2010 ਵਿੱਚ ਦੱਖਣੀ ਅਫ਼ਰੀਕਾ ਇਸ ਸਮੂਹ ਵਿੱਚ ਸ਼ਾਮਲ ਹੋਇਆ ਅਤੇ 2011 ਵਿੱਚ ਆਪਣੇ ਪਹਿਲੇ ਸਿਖਰ ਸੰਮੇਲਨ ਵਿੱਚ ਹਿੱਸਾ ਲਿਆ, ਜਿਸ ਤੋਂ ਬਾਅਦ BRIC, BRICS ਬਣ ਗਿਆ। ਹਾਲੀਆ ਸਾਲਾਂ ਵਿੱਚ ਮਿਸਰ, ਈਥੋਪੀਆ, ਈਰਾਨ, ਸਾਊਦੀ ਅਰਬ ਅਤੇ ਸੰਯੁਕਤ ਅਰਬ ਅਮੀਰਾਤ ਵੀ ਇਸ ਸਮੂਹ ਵਿੱਚ ਸ਼ਾਮਲ ਹੋਏ ਹਨ।

ਬ੍ਰਿਕਸ ਦੀ ਸਥਾਪਨਾ ਆਪਸੀ ਆਦਰ, ਪ੍ਰਭੂਸੱਤਾ ਦਾ ਸਨਮਾਨ, ਸਮਾਵੇਸ਼ੀਤਾ, ਸਹਿਮਤੀ ਅਤੇ ਅੰਦਰੂਨੀ ਮਾਮਲਿਆਂ ਵਿੱਚ ਦਖ਼ਲਅੰਦਾਜ਼ੀ ਨਾ ਕਰਨ ਦੇ ਮੂਲ ਸਿਧਾਂਤਾਂ 'ਤੇ ਕੀਤੀ ਗਈ ਸੀ। ਇਸ ਦਾ ਮੁੱਖ ਉਦੇਸ਼ ਇੱਕ ਹੋਰ ਨਿਆਂਪੂਰਨ, ਪ੍ਰਤੀਨਿਧਕ ਅਤੇ ਲੋਕਤੰਤਰਿਕ ਵਿਸ਼ਵ ਸ਼ਾਸਨ ਪ੍ਰਣਾਲੀ ਦਾ ਨਿਰਮਾਣ ਕਰਨਾ ਅਤੇ ਗਲੋਬਲ ਸਾਊਥ ਦੀ ਆਵਾਜ਼ ਨੂੰ ਮਜ਼ਬੂਤ ਕਰਨਾ ਹੈ। ਇਸ ਉਦੇਸ਼ ਨੂੰ ਰਾਜਨੀਤਕ ਅਤੇ ਸੁਰੱਖਿਆ ਸਹਿਯੋਗ, ਆਰਥਿਕ ਅਤੇ ਵਿੱਤੀ ਭਾਗੀਦਾਰੀ ਅਤੇ ਸੱਭਿਆਚਾਰਕ ਤੇ ਲੋਕ ਪੱਧਰ ਦੇ ਅਦਾਨ-ਪ੍ਰਦਾਨ ਰਾਹੀਂ ਅੱਗੇ ਵਧਾਇਆ ਜਾਣਾ ਹੈ।

ਇਹ ਸਮੂਹ ਸੰਯੁਕਤ ਰਾਜ ਅਮਰੀਕਾ ਅਤੇ ਉਸ ਦੇ ਸਾਥੀਆਂ ਦੀ ਹਕੂਮਤ ਨੂੰ ਚੁਣੌਤੀ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਅ ਰਿਹਾ ਹੈ। ਬ੍ਰਿਕਸ ਮੁਦਰਾ ਬਣਾਉਣ ਵਰਗੇ ਪ੍ਰਸਤਾਵਾਂ 'ਤੇ ਵੀ ਚਰਚਾ ਹੋਈ ਹੈ।

ਹਾਲਾਂਕਿ ਕਈ ਪੱਖਾਂ ਤੋਂ ਬ੍ਰਿਕਸ ਦੀ ਤੁਲਨਾ ਗੁੱਟ ਨਿਰਲੇਪ ਅੰਦੋਲਨ ਨਾਲ ਨਹੀਂ ਕੀਤੀ ਜਾ ਸਕਦੀ, ਫਿਰ ਵੀ ਮੌਜੂਦਾ ਹਾਲਤਾਂ ਵਿੱਚ ਇਸ ਵਿੱਚ ਰਚਨਾਤਮਕ ਭੂਮਿਕਾ ਨਿਭਾਉਣ ਦੀ ਸਮਰੱਥਾ ਹੈ। ਇਸ ਲਈ ਲਾਜ਼ਮੀ ਹੈ ਕਿ ਇੱਕ ਸਪੱਸ਼ਟ ਵਿਸ਼ਵ ਦ੍ਰਿਸ਼ਟੀ ਹੋਵੇ ਅਤੇ ਵਿਕਾਸਸ਼ੀਲ ਦੇਸ਼ਾਂ ਵਿਚਕਾਰ ਅਸਲ ਸਹਿਯੋਗ ਦੀ ਵਚਨਬੱਧਤਾ ਹੋਵੇ, ਜਿਸ ਵਿੱਚ ਸਾਮਰਾਜੀ ਅਤੇ ਨਵ-ਉਪਨਿਵੇਸ਼ੀ ਦਬਾਵਾਂ ਤੋਂ ਸੁਰੱਖਿਆ ਵੀ ਸ਼ਾਮਲ ਹੋਵੇ।

ਇਸ ਸਾਲ ਬ੍ਰਿਕਸ ਦੀ ਪ੍ਰਧਾਨਗੀ ਭਾਰਤ ਕੋਲ ਹੈ, ਜੋ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨੇਤ੍ਰਿਤਵ ਹੇਠ ਹੈ। ਦੁੱਖ ਦੀ ਗੱਲ ਹੈ ਕਿ ਭਾਰਤ ਦੀ ਮੌਜੂਦਾ ਸ਼ਾਸਕ ਵਿਵਸਥਾ ਇਹੋ ਜਿਹੀਆਂ ਨੀਤੀਆਂ ਨੂੰ ਉਤਸ਼ਾਹਿਤ ਕਰਦੀ ਹੈ, ਜੋ ਕਾਰਪੋਰੇਟ ਹਿੱਤਾਂ ਅਤੇ ਦੇਸੀ ਤੇ ਅੰਤਰਰਾਸ਼ਟਰੀ ਏਕਾਧਿਕਾਰ ਪੂੰਜੀ ਦੇ ਹੱਕ ਵਿੱਚ ਹਨ। ਇਹ ਦ੍ਰਿਸ਼ਟੀਕੋਣ ਉਹਨਾਂ ਮੂਲ ਸਿਧਾਂਤਾਂ ਦੇ ਵਿਰੁੱਧ ਹੈ, ਜਿਨ੍ਹਾਂ 'ਤੇ ਬ੍ਰਿਕਸ ਦੀ ਸਥਾਪਨਾ ਹੋਈ ਸੀ। ਮੌਜੂਦਾ ਸ਼ਾਸਨ, ਜੋ ਰਾਸ਼ਟਰੀ ਸਵੈ ਸੇਵਕ ਸੰਘ (RSS) ਦੀ ਵਿਚਾਰਧਾਰਾ ਨੂੰ ਅੱਗੇ ਵਧਾਉਂਦਾ ਹੈ, ਅਕਸਰ ਅਮਰੀਕੀ ਅਗਵਾਈ ਵਾਲੀ ਵਿਸ਼ਵ ਪੂੰਜੀ ਪ੍ਰਤੀ ਹਮਦਰਦੀ ਰੱਖਦਾ ਹੈ। ਉਹ ਹਮੇਸ਼ਾ ਦਬਾਉਣ ਵਾਲਿਆਂ ਦੇ ਨਾਲ ਖੜ੍ਹੇ ਰਹੇ ਹਨ। ਜਦੋਂ ਹਿਟਲਰ ਯਹੂਦੀਆਂ 'ਤੇ ਜ਼ੁਲਮ ਕਰ ਰਿਹਾ ਸੀ, ਤਦੋਂ RSS ਹਿਟਲਰ ਦੇ ਨਾਲ ਖੜ੍ਹਾ ਸੀ ਅਤੇ ਹੁਣ ਜਦੋਂ ਇਸਰਾਈਲ ਦੀ ਜਾਇਨਵਾਦੀ ਹਕੂਮਤ ਨਸਲਕੁਸ਼ੀ ਕਰ ਰਹੀ ਹੈ ਤਾਂ ਆਰ ਐੱਸ ਐੱਸ ਜਾਇਨਵਾਦੀਆਂ ਦੇ ਨਾਲ ਖੜ੍ਹਾ ਹੈ।

ਪਿਛਲੇ ਕੁਝ ਸਾਲਾਂ ਵਿੱਚ ਕਈ ਅੰਤਰਰਾਸ਼ਟਰੀ ਮੁੱਦਿਆਂ 'ਤੇ ਮੌਜੂਦਾ ਭਾਰਤ ਸਰਕਾਰ ਦਾ ਰੁਖ ਉਸ ਦੀ ਸੋਚ ਨੂੰ ਉਜਾਗਰ ਕਰਦਾ ਹੈ। ਭਾਰਤ ਨੇ ਮੱਧ ਪੂਰਬ ਸੰਕਟ ਦੇ ਹੱਲ ਵਜੋਂ ਦੋ-ਰਾਸ਼ਟਰ ਸਿਧਾਂਤ ਦਾ ਲਗਾਤਾਰ ਸਮਰਥਨ ਨਹੀਂ ਕੀਤਾ ਹੈ ਅਤੇ ਸੰਯੁਕਤ ਰਾਸ਼ਟਰ ਵਿੱਚ ਕੁਝ ਮੌਕਿਆਂ 'ਤੇ ਫ਼ਲਸਤੀਨ ਦੇ ਹੱਕ ਵਿੱਚ ਵੋਟ ਪਾਉਣ ਤੋਂ ਵੀ ਪਰਹੇਜ਼ ਕੀਤਾ ਹੈ।

ਇਜ਼ਰਾਈਲ ਦੀ ਆਪਣੀ ਹਾਲੀਆ ਦੂਜੀ ਯਾਤਰਾ ਦੌਰਾਨ ਪ੍ਰਧਾਨ ਮੰਤਰੀ ਮੋਦੀ ਨੇ ਗਾਜ਼ਾ ਵਿੱਚ ਮਾਰੇ ਗਏ ਵੱਡੀ ਗਿਣਤੀ ਵਿੱਚ ਨਾਗਰਿਕਾਂ, ਜਿਨ੍ਹਾਂ ਵਿੱਚ ਹਜ਼ਾਰਾਂ ਬੱਚੇ ਵੀ ਸ਼ਾਮਲ ਹਨ, ਦਾ ਜ਼ਿਕਰ ਤੱਕ ਨਹੀਂ ਕੀਤਾ।ਇਜ਼ਰਾਈਲੀ ਸੰਸਦ ਕਨੇਸੇਟ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਕਿਹਾ ਕਿ ਭਾਰਤ ਇਸ ਪਲ ਅਤੇ ਇਸ ਤੋਂ ਅੱਗੇ ਵੀ ਪੂਰੇ ਵਿਸ਼ਵਾਸ ਨਾਲ ਇਜ਼ਰਾਈਲ ਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਹੈ।

ਉਨ੍ਹਾਂ ਦੀ ਵਾਪਸੀ ਤੋਂ ਕੇਵਲ 36 ਘੰਟਿਆਂ ਦੇ ਅੰਦਰ ਹੀ ਅਮਰੀਕਾ ਅਤੇ ਇਜ਼ਰਾਈਲ ਨੇ ਇਰਾਨ 'ਤੇ ਵੱਡਾ ਹਮਲਾ ਕਰ ਦਿੱਤਾ । ਅਜਿਹੇ ਘਟਨਾਕ੍ਰਮ ਭਾਰਤ ਦੀ ਕੂਟਨੀਤਿਕ ਸਥਿਤੀ 'ਤੇ ਗੰਭੀਰ ਸਵਾਲ ਖੜ੍ਹੇ ਕਰਦੇ ਹਨ । ਜੇਕਰ ਭਾਰਤੀ ਨੇਤ੍ਰਿਤਵ ਨੂੰ ਇਸ ਹਮਲੇ ਦੀ ਪਹਿਲਾਂ ਜਾਣਕਾਰੀ ਸੀ ਤਾਂ ਇਹ ਚਿੰਤਾਜਨਕ ਤਾਲਮੇਲ ਦਰਸਾਉਂਦਾ ਹੈ। ਜੇਕਰ ਜਾਣਕਾਰੀ ਨਹੀਂ ਸੀ ਤਾਂ ਇਹ ਉਸ ਦੇ ਕੂਟਨੀਤਿਕ ਸੰਬੰਧਾਂ ਦੀ ਗਹਿਰਾਈ ਅਤੇ ਪਾਰਦਰਸ਼ਤਾ 'ਤੇ ਸਵਾਲ ਖੜ੍ਹਾ ਕਰਦਾ ਹੈ।

ਪ੍ਰਧਾਨ ਮੰਤਰੀ ਮੋਦੀ RSS ਦੀ ਵਿਚਾਰਧਾਰਾ ਦੀ ਪੈਦਾਵਾਰ ਹਨ। ਉਨ੍ਹਾਂ ਦੇ ਆਲੋਚਕ ਦਲੀਲ ਦਿੰਦੇ ਹਨ ਕਿ ਇਹ ਵਿਚਾਰਧਾਰਕ ਪਿਛੋਕੜ ਉਨ੍ਹਾਂ ਦੀ ਵਿਸ਼ਵ ਦ੍ਰਿਸ਼ਟੀ ਅਤੇ ਅੰਤਰਰਾਸ਼ਟਰੀ ਸੰਬੰਧਾਂ ਪ੍ਰਤੀ ਉਨ੍ਹਾਂ ਦੇ ਰੁਖ ਨੂੰ ਪ੍ਰਭਾਵਿਤ ਕਰਦੀ ਹੈ । ਕਈ ਵਾਰ ਉਨ੍ਹਾਂ ਨੇ ਆਪਣੇ ਆਪ ਨੂੰ ਬਹੁਤ ਹੀ ਵਿਅਕਤੀਗਤ ਢੰਗ ਨਾਲ ਪੇਸ਼ ਕੀਤਾ ਹੈ, ਇੱਥੋਂ ਤੱਕ ਕਿ ਆਪਣੇ ਆਪ ਨੂੰ ਗੈਰ-ਜੈਵਿਕ ਜਾਂ ਰੱਬ ਵੱਲੋਂ ਭੇਜੇ ਗਏ ਮਾਰਗਦਰਸ਼ਨ ਪ੍ਰਾਪਤ ਨੇਤਾ ਵੀ ਦੱਸਿਆ ਹੈ ।ਆਲੋਚਕਾਂ ਦਾ ਮੰਨਣਾ ਹੈ ਕਿ ਅਜਿਹੀਆਂ ਕਹਾਣੀਆਂ ਭਾਰਤ ਦੀ ਸਮਾਵੇਸ਼ੀ ਸੱਭਿਆਚਾਰਕ ਪਰੰਪਰਾਵਾਂ ਨੂੰ ਪ੍ਰਤੀਬਿੰਬਤ ਨਹੀਂ ਕਰਦੀਆਂ।

ਆਰਥਿਕ ਮੋਰਚੇ 'ਤੇ ਵੀ ਸਰਕਾਰ ਦੀ ਆਲੋਚਨਾ ਕੀਤੀ ਜਾਂਦੀ ਰਹੀ ਹੈ ਕਿ ਉਸ ਨੇ ਅਮਰੀਕੀ ਟੈਰਿਫ ਨੀਤੀਆਂ ਦਾ ਪੂਰੀ ਤਰ੍ਹਾਂ ਵਿਰੋਧ ਨਹੀਂ ਕੀਤਾ ਜਾਂ ਐਹੋ ਜਿਹੇ ਵਪਾਰ ਸਮਝੌਤਿਆਂ ਨੂੰ ਅੱਗੇ ਵਧਾਇਆ ਹੈ, ਜੋ ਪਹਿਲਾਂ ਤੋਂ ਹੀ ਅਮਰੀਕਾ ਵਰਗੀਆਂ ਮਜ਼ਬੂਤ ਅਰਥਵਿਵਸਥਾਵਾਂ ਦੇ ਹੱਕ ਵਿੱਚ ਜਾ ਸਕਦੇ ਹਨ।

ਮੌਜੂਦਾ ਹਾਲਤਾਂ ਵਿੱਚ ਜਦੋਂ ਅਮਰੀਕਾ ਦਾ ਪੰਜਵਾਂ ਬੇੜਾ ਹਿੰਦ ਮਹਾਸਾਗਰ ਵਿੱਚ ਸਰਗਰਮ ਹੈ ਅਤੇ ਪੱਛਮੀ ਏਸ਼ੀਆ ਵਿੱਚ ਤਣਾਅ ਵਧ ਰਿਹਾ ਹੈ, ਤਦੋਂ ਖੇਤਰ ਵਿੱਚ ਨੈੱਟ ਸੁਰੱਖਿਆ ਪ੍ਰਦਾਤਾ ਹੋਣ ਦਾ ਭਾਰਤ ਦਾ ਦਾਅਵਾ ਮਹੱਤਵਪੂਰਨ ਰਣਨੀਤਕ ਅਰਥ ਲੈ ਲੈਂਦਾ ਹੈ। ਅਗਸਤ 2016 ਵਿੱਚ ਭਾਰਤ ਅਤੇ ਅਮਰੀਕਾ ਵਿਚਕਾਰ ਹਸਤਾਖਰ ਕੀਤੇ ਗਏ ਲਾਜਿਸਟਿਕਸ ਐਕਸਚੇਂਜ ਮੈਮੋਰੰਡਮ ਆਫ ਐਗਰੀਮੈਂਟ (LEMOA) ਦੇ ਤਹਿਤ ਦੋਵਾਂ ਦੇਸ਼ਾਂ ਨੂੰ ਈਂਧਨ ਭਰਨ, ਸਪਲਾਈ ਅਤੇ ਮੁਰੰਮਤ ਲਈ ਨਿਰਧਾਰਤ ਸੈਨਿਕ ਠਿਕਾਣਿਆਂ ਤੱਕ ਪਰਸਪਰ ਪਹੁੰਚ ਦੀ ਆਗਿਆ ਹੈ। ਇਹ ਸਮਝੌਤਾ ਸਾਂਝੇ ਫੌਜੀ ਅਭਿਆਸਾਂ ਅਤੇ ਹੋਰ ਕਾਰਵਾਈਆਂ ਦੌਰਾਨ ਕਾਰਗੁਜ਼ਾਰੀ ਸਹਿਯੋਗ ਨੂੰ ਵਧਾਉਂਦਾ ਹੈ ।

ਅਜਿਹੇ ਸਮੇਂ ਵਿੱਚ ਜਦੋਂ ਬ੍ਰਿਕਸ ਵਰਗੇ ਸੰਗਠਨ ਦੀ ਰਚਨਾ ਵਿਸ਼ਵ ਪੱਧਰੀ ਸਹਿਯੋਗ, ਸ਼ਾਂਤੀ, ਸਮਾਨ ਵਿਕਾਸ ਅਤੇ ਆਰਥਿਕ ਨਿਆਂ ਦੇ ਆਦਰਸ਼ਾਂ 'ਤੇ ਹੋਈ ਹੈ, ਉਸ ਦੀ ਅਗਵਾਈ ਉਹਨਾਂ ਹੱਥਾਂ ਵਿੱਚ ਦੇਣਾ, ਜਿਨ੍ਹਾਂ ਨੂੰ ਅਮਰੀਕੀ ਰਣਨੀਤਕ ਹਿੱਤਾਂ ਨਾਲ ਨਜ਼ਦੀਕੀ ਨਾਲ ਜੁੜਿਆ ਮੰਨਿਆ ਜਾਂਦਾ ਹੈ, ਇਸ ਸੰਗਠਨ ਦੀ ਮੂਲ ਦ੍ਰਿਸ਼ਟੀ ਸਾਹਮਣੇ ਗੰਭੀਰ ਚੁਣੌਤੀਆਂ ਖੜ੍ਹੀਆਂ ਕਰ ਸਕਦਾ ਹੈ।

# ਸੰਪਰਕ : 94170-00360

# ਸਨਮਾਨਜਨਕ ਮੌਤ : ਕਾਨੂੰਨੀ ਮਾਨਤਾ ਤੋਂ ਹਕੀਕਤ ਤੱਕ ਦਾ ਸਫ਼ਰ

ਗੁਰਲੀਨ

ਇਹ ਸਵਾਲ ਕਿ ਕੀ ਕਿਸੇ ਵਿਅਕਤੀ ਨੂੰ ਆਪਣੀ ਜੀਵਨ ਲੀਲ੍ਹਾ ਸਮਾਪਤ ਕਰਨ ਦਾ ਅਧਿਕਾਰ ਹੈ, ਹੁਣ ਸਿਰਫ਼ ਇੱਕ ਨੈਤਿਕ ਬਹਿਸ ਨਾ ਰਹਿ ਕੇ ਇਕ ਮਹੱਤਵਪੂਰਨ ਕਾਨੂੰਨੀ ਅਤੇ ਸੰਵਿਧਾਨਕ ਮੁੱਦਾ ਬਣ ਗਿਆ ਹੈ। ਭਾਰਤ ਵਿੱਚ ਇਹ ਸਫ਼ਰ ਖੁਦਕੁਸ਼ੀ ਦੀ ਮੁਕੰਮਲ ਮਨਾਹੀ ਤੋਂ ਲੈ ਕੇ ਭਾਰਤੀ ਸੰਵਿਧਾਨ ਦੀ ਧਾਰਾ 21 ਦੇ ਤਹਿਤ 'ਜੀਵਨ ਦੇ ਅਧਿਕਾਰ' ਦੇ ਇੱਕ ਹਿੱਸੇ ਵਜੋਂ ਪੈਸਿਵ ਯੁਥੇਨੇਸ਼ੀਅ ਨੂੰ ਮਾਨਤਾ ਦੇਣ ਤੱਕ ਪਹੁੰਚ ਗਿਆ ਹੈ।ਫ਼ਰਾਂਸੀਸੀ ਦਾਰਸ਼ਨਿਕ ਜੀਨ ਡੇ ਲਾ ਬਰੂਏਅਰ ਦੇ ਅਨੁਸਾਰ, ਜੀਵਨ ਅਤੇ ਮੌਤ ਵਿਚਕਾਰ ਲੰਮੀ ਬਿਮਾਰੀ ਮੌਤ ਨੂੰ ਇੱਕ ਸਕੂਨ ਬਣਾ ਦਿੰਦੀ ਹੈ, ਉਹਨਾਂ ਲਈ ਵੀ ਜੋ ਮਰ ਰਹੇ ਹਨ ਅਤੇ ਉਹਨਾਂ ਲਈ ਵੀ ਜੋ ਪਿੱਛੇ ਰਹਿ ਗਏ ਹਨ । 11 ਮਾਰਚ 2026 ਨੂੰ ਸੁਪਰੀਮ ਕੋਰਟ ਨੇ 'ਹਰੀਸ਼ ਰਾਣਾ ਬਨਾਮ ਯੂਨੀਅਨ ਆਫ ਇੰਡੀਆ' ਕੇਸ ਵਿੱਚ ਇੱਕ ਇਤਿਹਾਸਕ ਫੈਸਲਾ ਸੁਣਾਇਆ ਹੈ।ਸਾਲ 2018 ਦੇ ਇਤਿਹਾਸਕ 'ਕਾਮਨ ਕਾਜ਼' ਫ਼ੈਸਲੇ ਤੋਂ ਬਾਅਦ ਇਹ ਪਹਿਲੀ ਵਾਰ ਹੈ ਕਿ ਅਦਾਲਤ ਨੇ ਕਿਸੇ ਵਿਅਕਤੀ ਵਿਸ਼ੇਸ਼ ਲਈ ਜੀਵਨ ਰੱਖਿਆ ਪ੍ਰਣਾਲੀ ਨੂੰ ਹਟਾਉਣ ਦੀ ਅਮਲੀ ਤੌਰ 'ਤੇ ਇਜਾਜ਼ਤ ਦਿੱਤੀ ਹੈ। ਇਹ ਫੈਸਲਾ ਕਾਨੂੰਨੀ ਸਪੱਸ਼ਟਤਾ ਪ੍ਰਦਾਨ ਕਰਦਾ ਹੈ ਕਿ ਸੰਵਿਧਾਨ ਦੀ ਧਾਰਾ 21 ਦੇ ਤਹਿਤ 'ਸਨਮਾਨ ਨਾਲ ਮਰਨ ਦਾ ਅਧਿਕਾਰ' (Right to Die with Dignity) ਪ੍ਰੈਕਟੀਕਲ ਰੂਪ ਜਾਂ ਡਾਕਟਰੀ ਅਭਿਆਸ ਵਿੱਚ ਕਿਵੇਂ ਲਾਗੂ ਹੋਣਾ ਚਾਹੀਦਾ ਹੈ। ਮਰਨ ਦੇ ਅਧਿਕਾਰ ਨੂੰ ਲੈ ਕੇ ਇਹ ਬਹਿਸ ਕੋਈ ਨਵੀਂ ਨਹੀਂ ਹੈ। ਇਸ ਅਧਿਕਾਰ ਦੇ ਨਾਲ ਹੀ ਮਿਲਦੀ-ਜੁਲਦੀ ਹੈ 'ਸੰਥਾਰਾ' ਜਾਂ 'ਸੱਲੇਖਨਾ' ਪ੍ਰਥਾ, ਜੋ ਕਿ ਪ੍ਰਾਚੀਨ ਕਾਲ ਤੋਂ ਜੈਨ ਧਰਮ ਨਾਲ ਸੰਬੰਧਤ ਹੈ, ਜਿਸ ਵਿੱਚ ਵਿਅਕਤੀ ਆਪਣੀ ਮਰਜ਼ੀ ਨਾਲ ਮੋਕਸ਼ ਪ੍ਰਾਪਤ ਕਰਨ ਲਈ ਹੌਲੀ-ਹੌਲੀ ਭੋਜਨ ਅਤੇ ਪਾਣੀ ਦਾ ਤਿਆਗ ਕਰਕੇ ਮੌਤ ਨੂੰ ਗਲੇ ਲਗਾਉਂਦਾ ਹੈ। ਹਾਲਾਂਕਿ ਇਸ ਪ੍ਰਥਾ ਨੂੰ ਵੀ ਕਾਨੂੰਨੀ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।ਵਿਸ਼ਵ-ਵਿਆਪੀ ਸਥਿਤੀ 'ਤੇ ਨਜ਼ਰ ਮਾਰੀਏ ਤਾਂ ਨੀਦਰਲੈਂਡ, ਲਗਜ਼ਮਬਰਗ ਅਤੇ ਬੈਲਜੀਅਮ ਉਹਨਾਂ ਨੂੰ ਐਕਟਿਵ ਅਤੇ ਪੈਸਿਵ ਯੁਥੇਨੇਸ਼ੀਆ ਦੀ ਇਜਾਜ਼ਤ ਦਿੰਦੇ ਹਨ, ਜੋ ਬਿਨਾਂ ਕਿਸੇ ਸੁਧਾਰ ਦੀ ਸੰਭਾਵਨਾ ਦੇ ਅਸਹਿ ਦਰਦ ਜਾਂ ਦੁੱਖ ਵਿੱਚੋਂ ਗੁਜ਼ਰ ਰਹੇ ਹੋਣ । ਸਵਿਟਜ਼ਰਲੈਂਡ ਗੈਰ-ਡਾਕਟਰਾਂ ਨੂੰ ਵੀ ਗੰਭੀਰ ਰੂਪ ਵਿੱਚ ਬਿਮਾਰ ਲੋਕਾਂ ਦੀ ਮੌਤ ਪ੍ਰਾਪਤ ਕਰਨ ਵਿੱਚ ਮਦਦ ਕਰਨ ਦੀ ਇਜਾਜ਼ਤ ਦਿੰਦਾ ਹੈ, ਪਰ ਐਕਟਿਵ ਯੁਥੇਨੇਸ਼ੀਆ ਗ਼ੈਰ-ਕਾਨੂੰਨੀ ਹੈ। ਆਸਟਰੇਲੀਆ ਵੀ ਦੋਵੇਂ ਕਿਸਮਾਂ ਦੇ ਯੁਥੇਨੇਸ਼ੀਆ ਦੀ ਇਜਾਜ਼ਤ ਦਿੰਦਾ ਹੈ, ਜੋ ਕਿ ਫੈਸਲਾ ਲੈਣ ਦੀ ਸਮਰੱਥਾ ਵਾਲੇ ਬਾਲਗਾਂ ਤੱਕ ਸੀਮਿਤ ਹੈ, ਜਿਨ੍ਹਾਂ ਨੂੰ ਕੋਈ ਲਾਇਲਾਜ ਬਿਮਾਰੀ ਹੋਵੇ। ਭਾਰਤ ਵਿੱਚ ਸੁਪਰੀਮ ਕੋਰਟ ਨੇ ਅਰੁਣਾ ਸ਼ਾਨਬਾਗ ਕੇਸ (2011) ਦੇ ਫ਼ੈਸਲੇ ਦੌਰਾਨ ਪਹਿਲੀ ਵਾਰ ਸਿਧਾਂਤਕ ਤੌਰ 'ਤੇ ਪੈਸਿਵ ਯੁਥੇਨੇਸ਼ੀਆ ਨੂੰ ਮਾਨਤਾ ਦਿੱਤੀ ਅਤੇ ਨਾਲ ਹੀ ਸਪੱਸ਼ਟ ਕੀਤਾ ਕਿ ਇਸ ਦਾ ਇਸਤੇਮਾਲ ਕਰ ਮੈਡੀਕਲ ਸਹਾਇਤਾ ਨੂੰ ਹਟਾਉਣਾ ਸਿਰਫ਼ ਉਹਨਾਂ ਮਰੀਜ਼ਾਂ ਲਈ ਹੀ ਸੰਭਵ ਹੈ, ਜੋ ਲਗਾਤਾਰ ਸਥਾਈ ਵੈਜੀਟੇਟਿਵ ਸਥਿਤੀ (Permanent Vegitative State ) ਵਿੱਚ ਹਨ, ਪਰ ਐਕਟਿਵ ਯੁਥੇਨੇਸ਼ੀਆ (ਜਿਸ ਵਿੱਚ ਜਾਨਲੇਵਾ ਟੀਕਾ ਲਗਾਉਣਾ ਆਦਿ ਸ਼ਾਮਲ ਹੈ) ਭਾਰਤ ਵਿੱਚ ਗ਼ੈਰ-ਕਾਨੂੰਨੀ ਹੈ ।ਜੀਵਨ ਦਾ ਮਤਲਬ ਸਿਰਫ਼ ਸਾਹ ਲੈਣਾ ਨਹੀਂ ਹੁੰਦਾ । ਅਸਲ ਜੀਵਨ ਉਹ ਹੈ, ਜੋ ਆਪਣੇ-ਆਪ ਅਤੇ ਦੂਜਿਆਂ ਲਈ ਲਾਭਕਾਰੀ ਹੋਵੇ। ਮਸ਼ਹੂਰ ਵਿਗਿਆਨੀ ਸਟੀਫ਼ਨ ਹਾਕਿੰਗ ਦਾ ਕਹਿਣਾ ਹੈ, ਮੈਨੂੰ ਲੱਗਦਾ ਹੈ ਕਿ ਜਿਹੜੇ ਲੋਕ ਲਾਇਲਾਜ ਬਿਮਾਰੀ ਤੋਂ ਪੀੜਤ ਹਨ ਅਤੇ ਅਸਹਿ ਦਰਦ ਵਿੱਚ ਹਨ, ਉਹਨਾਂ ਕੋਲ ਆਪਣੀ ਜ਼ਿੰਦਗੀ ਖ਼ਤਮ ਕਰਨ ਦੀ ਚੋਣ ਕਰਨ ਦਾ ਹੱਕ ਹੋਣਾ ਚਾਹੀਦਾ ਹੈ ਅਤੇ ਉਹਨਾਂ ਦੀ ਮਦਦ ਕਰਨ ਵਾਲਿਆਂ ਨੂੰ ਕਿਸੇ ਵੀ ਕਾਨੂੰਨੀ ਕਾਰਵਾਈ ਤੋਂ ਮੁਕਤ ਰੱਖਿਆ ਜਾਣਾ ਚਾਹੀਦਾ ਹੈ । ਸੁਪਰੀਮ ਕੋਰਟ ਦੇ ਇਸ ਫੈਸਲੇ ਦੇ ਪ੍ਰਭਾਵ ਨੂੰ ਵਿਚਾਰਨ 'ਤੇ ਪਤਾ ਲੱਗਦਾ ਹੈ ਕਿ ਪੈਸਿਵ ਯੁਥੇਨੇਸ਼ੀਆ ਵਰਗੀ ਪ੍ਰਕਿਰਿਆ ਮਰੀਜ਼ ਦੀ ਖ਼ੁਦ-ਮੁਖਤਿਆਰੀ ਨੂੰ ਸਨਮਾਨ ਵਜੋਂ ਦੇਖਦੀ ਹੈ। ਇਸ ਨਾਲ ਵਿਅਕਤੀ ਨੂੰ ਆਪਣੇ ਜੀਵਨ ਦੇ ਅੰਤਲੇ ਫ਼ੈਸਲੇ 'ਤੇ ਨਿਰੰਤਣ ਰੱਖਣ ਅਤੇ ਆਪਣੇ ਨਿੱਜੀ ਮੁੱਲਾਂ ਤੇ ਵਿਸ਼ਵਾਸਾਂ ਦੇ ਅਨੁਸਾਰ ਸਨਮਾਨਜਨਕ ਮੌਤ ਮਰਨ ਦੀ ਇਜਾਜ਼ਤ ਮਿਲਦੀ ਹੈ।

ਇਹ ਉਹਨਾਂ ਮਰੀਜ਼ਾਂ ਦੀ ਭਿਆਨਕ ਸਰੀਰਕ ਅਤੇ ਮਾਨਸਿਕ ਤਕਲੀਫ਼ ਨੂੰ ਖ਼ਤਮ ਕਰਨ ਦਾ ਇੱਕ ਤਰੀਕਾ ਹੈ, ਜੋ ਲਾਇਲਾਜ ਬਿਮਾਰੀ ਤੋਂ ਪੀੜਤ ਹਨ ਜਾਂ ਠੀਕ ਹੋਣ ਦੀ ਕੋਈ ਉਮੀਦ ਨਾ ਹੋਣ ਕਾਰਨ ਕੌਮਾਂ ਵਰਗੀ ਸਥਿਤੀ ਵਿੱਚ ਹਨ। ਪੈਸਿਵ ਯੁਥੇਨੇਸ਼ੀਆ ਨਾਲ ਮਰੀਜ਼ ਦੇ ਪਰਵਾਰ 'ਤੇ ਵਿੱਤੀ ਅਤੇ ਭਾਵਨਾਤਮਕ ਬੋਝ ਵੀ ਕਾਫ਼ੀ ਹੱਦ ਤੱਕ ਘਟਦਾ ਹੈ। ਇਸ ਸਭ ਦੇ ਨਾਲ ਹੀ ਪੈਸਿਵ ਯੁਥੇਨੇਸ਼ੀਆ ਪ੍ਰਕਿਰਿਆ ਦਾ ਦੁਰਉਪਯੋਗ ਹੋਣ ਦਾ ਵੀ ਖ਼ਤਰਾ ਹੈ। ਜ਼ਬਰਦਸਤੀ ਨਾਲ ਜੀਵਨ ਰੱਖਿਅਕ ਪ੍ਰਣਾਲੀ ਨੂੰ ਹਟਾ ਕੇ ਲਾਚਾਰ ਮਰੀਜ਼ਾਂ ਦਾ ਸ਼ੋਸ਼ਣ ਕੀਤਾ ਜਾ ਸਕਦਾ ਹੈ। ਨਾਲ ਹੀ ਕੁਝ ਕੇਸਾਂ ਵਿੱਚ ਮਰੀਜ਼ ਦੀ ਸਹਾਇਤਾ ਨੂੰ ਬੰਦ ਕਰਨ ਨਾਲ ਮੌਤ ਹੋਰ ਵੀ ਦਰਦਨਾਕ ਹੋਣ ਦੀ ਸੰਭਾਵਨਾ ਹੈ। ਕਾਨੂੰਨ ਅਤੇ ਪ੍ਰਕਿਰਿਆ ਸੰਬੰਧੀ ਕਾਫ਼ੀ ਪੇਚੀਦਗੀਆਂ ਦੇ ਨਾਲ-ਨਾਲ ਨੈਤਿਕ ਅਤੇ ਧਾਰਮਿਕ ਚਿੰਤਾਵਾਂ ਵੀ ਹਨ । ਬੇਸ਼ੱਕ ਮੈਡੀਕਲ ਵਿਗਿਆਨ ਵਿੱਚ ਹੋਈ ਤਰੱਕੀ ਜੀਵਨ ਨੂੰ ਲੰਮਾ ਤਾਂ ਕਰ ਸਕਦੀ ਹੈ, ਪਰ ਜ਼ਰੂਰੀ ਨਹੀਂ ਹੈ ਕਿ ਇਹ ਹਰ ਸਥਿਤੀ ਵਿੱਚ ਪੀੜਾਂ ਨੂੰ ਖ਼ਤਮ ਕਰ ਸਕਦੀ ਹੋਵੇ । ਜਦੋਂ ਦਰਦ ਅਸਹਿ ਹੋ ਜਾਂਦਾ ਹੈ ਤਾਂ ਇੱਛਾ ਮੌਤ ਦੇ ਅਧਿਕਾਰ 'ਤੇ ਗੰਭੀਰਤਾ ਨਾਲ ਵਿਚਾਰ ਕਰਨਾ ਜ਼ਰੂਰੀ ਹੋ ਜਾਂਦਾ ਹੈ। ਨਾਲ ਹੀ ਇਸ ਦੀ ਦੁਰਵਰਤੋਂ ਨੂੰ ਰੋਕਣ ਲਈ ਸਖ਼ਤ ਨੈਤਿਕ ਦਿਸ਼ਾ-ਨਿਰਦੇਸ਼ ਅਤੇ ਸਪੱਸ਼ਟ ਨਿਯਮਾਂ ਦੀ ਵੀ ਲੋੜ ਹੁੰਦੀ ਹੈ। ਇਸ ਸਭ ਨੂੰ ਦੇਖਦਿਆਂ ਸੁਪਰੀਮ ਕੋਰਟ ਦੇ ਕਹੇ ਅਨੁਸਾਰ ਸਰਕਾਰ ਨੂੰ ਇੱਛਾ ਮੌਤ ਬਾਰੇ ਕਾਨੂੰਨ ਬਣਾਉਣ ਦੀ ਲੋੜ ਹੈ। ਨਾਲ ਹੀ ਇਹ ਵੀ ਯਕੀਨੀ ਬਣਾਉਣਾ ਜ਼ਰੂਰੀ ਹੈ ਕਿ ਇਹ ਕਾਨੂੰਨ ਵਿਹਾਰਿਕ ਹੋਣ ਦੇ ਨਾਲ-ਨਾਲ ਨੈਤਿਕ ਸੰਵੇਦਨਸ਼ੀਲਤਾ ਨੂੰ ਵੀ ਅੱਖੋਂ-ਪਰੋਖੇ ਨਾ ਕਰੇ ।

# ਸੰਪਰਕ : 88375-03992

# ਅਨਰਜਿਸਟਰਡ ਆਰ ਐੱਮ ਪੀ ਸੰਬੰਧੀ ਸੁਪਰੀਮ ਕੋਰਟ ਦੇ ਫੈਸਲੇ ਨੂੰ ਮੁੜ ਵਿਚਾਰਿਆ ਜਾਵੇ

ਸੁਰਜੀਤ ਸਿੰਘ ਲੁਧਿਆਣਾ

ਆਰ ਐੱਮ ਪੀ ਜਾਂ ਪੇਂਡੂ ਡਾਕਟਰਾਂ ਵਜੋਂ ਜਾਣੇ ਜਾਂਦੇ ਅਨ ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਦੇ ਸੰਬੰਧ ਵਿੱਚ ਇੱਕ ਵਾਰ ਫਿਰ ਮਾਣਯੋਗ ਸੁਪਰੀਮ ਕੋਰਟ ਦਾ ਫੈਸਲਾ ਆਇਆ ਹੈ, ਜਿਸ 'ਚ ਅਦਾਲਤ ਵੱਲੋਂ ਆਪਣੇ ਪਹਿਲੇ ਫੈਸਲਿਆਂ ਨੂੰ ਹੀ ਮੁੜ ਦੋਹਰਾਇਆ ਗਿਆ ਹੈ ਕਿ ਬਿਨਾਂ ਕਿਸੇ ਪਰਮਾਣਿਤ ਡਿਗਰੀ (MBBS ਵਗੈਰਾ) ਦੇ, ਕਿਸੇ ਨੂੰ ਵੀ ਪ੍ਰੈਕਟਿਸ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਪੇਂਡੂ ਖੇਤਰਾਂ ਅੰਦਰ ਡਾਕਟਰਾਂ ਦੀ ਕਮੀ ਦਾ ਹਵਾਲਾ ਦੇ ਕੇ ਅਯੋਗ (unQualified) ਵਿਅਕਤੀਆਂ ਨੂੰ ਡਾਕਟਰਾਂ ਵਜੋਂ ਕੰਮ ਕਰਨ ਦੀ ਇਜਾਜ਼ਤ ਦੇਣਾ ਉਚਿਤ ਨਹੀਂ ਹੈ। ਮਰੀਜ਼ਾਂ ਦੀ ਜ਼ਿੰਦਗੀ ਨਾਲ ਖਿਲਵਾੜ ਕਿਸੇ ਵੀ ਕੀਮਤ 'ਤੇ ਮਨਜ਼ੂਰ ਨਹੀਂ । ਉਲੰਘਣਾ ਕਰਨ ਵਾਲਿਆਂ ਨੂੰ ਤਿੰਨ ਸਾਲ ਤੱਕ ਦੀ ਕੈਦ ਅਤੇ 5 ਲੱਖ ਰੁਪਏ ਜੁਰਮਾਨੇ ਦੀ ਵਿਵਸਥਾ ਕੀਤੀ ਗਈ ਹੈ।

ਮਾਣਯੋਗ ਸੁਪਰੀਮ ਕੋਰਟ ਦਾ ਫੈਸਲਾ ਸਿਰ ਮੱਥੇ। ਇਹ ਗੱਲ ਠੀਕ ਹੈ ਕਿ ਮਰੀਜ਼ਾਂ ਦੀ ਜ਼ਿੰਦਗੀ ਨਾਲ ਖਿਲਵਾੜ ਕਰਨ ਦਾ ਹੱਕ ਕਿਸੇ ਨੂੰ ਵੀ ਨਹੀਂ, ਪਰ ਮਾਨਤਾ ਪ੍ਰਾਪਤ ਮੈਡੀਕਲ ਡਿਗਰੀ ਦੀ ਅਣਹੋਂਦ ਨੂੰ ਅਧਾਰ ਬਣਾ ਕੇ ਜੋ ਫੈਸਲਾ ਜੱਜ ਸਾਹਿਬਾਨ ਨੇ ਦਿੱਤਾ ਹੈ, ਇਸ ਨਾਲ ਕਈ ਅਜਿਹੇ ਮਹੱਤਵਪੂਰਨ ਸਵਾਲ ਖੜੇ ਹੁੰਦੇ ਹਨ, ਜਿਨ੍ਹਾਂ ਦਾ ਸਪੱਸ਼ਟੀਕਰਨ ਮੰਗਣਾ ਤੇ ਇਸ ਸੰਬੰਧੀ ਆਪਣਾ ਮੱਤ ਜ਼ਾਹਰ ਕਰਨਾ ਸਾਡਾ ਸੰਵਿਧਾਨਿਕ ਹੱਕ ਹੈ।ਇਹ ਫੈਸਲਾ ਦੇਸ਼ ਦੇ 6 ਲੱਖ 65000 ਪਿੰਡਾਂ ਅਤੇ 8000 ਤੋਂ ਵੱਧ ਸ਼ਹਿਰਾਂ ਤੇ ਕਸਬਿਆਂ ਦੀਆਂ ਕਈ ਹਜ਼ਾਰਾਂ ਸਲਮ ਬਸਤੀਆਂ ਦੇ ਕਰੋੜਾਂ (ਭਾਰਤ ਦੀ ਆਬਾਦੀ ਦੇ 80 ਫੀਸਦੀ) ਗਰੀਬ ਲੋਕਾਂ ਦੀ ਜ਼ਿੰਦਗੀ ਨੂੰ ਪ੍ਰਭਾਵਿਤ ਕਰਨ ਵਾਲਾ ਫੈਸਲਾ ਹੈ । ਉਹ ਲੋਕ ਜੋ ਰੋਜ਼ਮਰਾ ਦੀਆਂ ਛੋਟੀਆਂ-ਮੋਟੀਆਂ ਸਰੀਰਕ ਤਕਲੀਫਾਂ ਮੌਕੇ ਇਹਨਾਂ ਅਨਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਤੋਂ ਦਵਾ-ਦਾਰੂ ਲੈਂਦੇ ਹਨ। ਦੇਸ਼ ਅੰਦਰ ਇਹਨਾਂ ਪ੍ਰੈਕਟੀਸ਼ਨਰਾਂ ਦੀ ਗਿਣਤੀ 20 ਲੱਖ ਤੋਂ ਵੀ ਵੱਧ ਹੈ। ਜਿਨ੍ਹਾਂ ਦੇ ਇਕ ਕਰੋੜ ਤੋਂ ਵੱਧ ਪਰਿਵਾਰਕ ਜੀਅ ਇਸ ਤੋਂ ਰੋਟੀ ਖਾਂਦੇ ਹਨ।

ਸੋ ਇਹਨਾਂ ਲੱਖਾਂ ਲੋਕਾਂ ਦੇ ਮੂੰਹ ਦੀ ਬੁਰਕੀ ਖੋਹਣ ਵਾਲੇ ਅਤੇ ਸਮਾਜ ਅੰਦਰ ਇੱਕ ਵੱਡੀ ਉੱਥਲ-ਪੁੱਥਲ ਪੈਦਾ ਕਰ ਸਕਣ ਵਾਲੇ ਇਸ ਫੈਸਲੇ ਨਾਲ ਉੱਠਦੇ ਸਵਾਲਾਂ ਦੇ ਜਵਾਬ ਸਰਕਾਰ ਅਤੇ ਕਾਬਲ ਜੱਜ ਸਾਹਿਬਾਨ ਨੂੰ ਜ਼ਰੂਰ ਹੀ ਦੇਣੇ ਚਾਹੀਦੇ ਹਨ।

ਦੇਸ਼ ਅੰਦਰ ਅਨ-ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਦਾ ਇਹ ਵਿਸ਼ਾਲ ਵਰਤਾਰਾ ਆਖਰ ਪੈਦਾ ਕਿਵੇਂ ਹੋਇਆ ? ਇਸ ਲਈ ਜ਼ਿੰਮੇਵਾਰ ਕੌਣ ਹੈ ?

ਸੱਚਾਈ ਇਹ ਹੈ ਕਿ ਇਹਨਾਂ ਪ੍ਰੈਕਟੀਸ਼ਨਰਾਂ ਦੀ ਫਸਲ ਕੁਆਲੀਫਾਈ ਡਾਕਟਰਾਂ ਦੇ ਹਸਪਤਾਲਾਂ ਤੇ ਕਲੀਨਿਕਾਂ ਅੰਦਰ ਪੈਦਾ ਹੁੰਦੀ ਹੈ। ਜੋ ਇਹਨਾਂ ਅਨ ਟਰੇਡ ਨੌਜਵਾਨਾਂ ਨੂੰ ਹੈਲਪਰਾਂ ਵਜੋਂ ਕੰਮ ਤੇ ਰੱਖਦੇ ਹਨ । ਇਉਂ ਇਹਨਾਂ ਗਰੀਬ ਤੇ ਮਜਬੂਰ ਨੌਜਵਾਨਾਂ ਨੂੰ ਮਾਮੂਲੀ ਤਨਖਾਹਾਂ 'ਤੇ ਰੋਜ਼ਗਾਰ ਤਾਂ ਮਿਲ ਜਾਂਦਾ ਹੈ, ਪਰ ਉਹਨਾਂ ਦੇ ਅਨਿਸ਼ਚਿਤ ਭਵਿੱਖ ਦਾ ਮੁੱਢ ਨਾਲ ਹੀ ਬੱਝ ਜਾਂਦਾ ਹੈ ।

ਜਦੋਂ 1963 ਵਿੱਚ ਸਰਕਾਰ ਵੱਲੋਂ ਪਹਿਲਾਂ ਤੋਂ ਚੱਲਦੀ 'ਗੁਰੂ ਚੇਲਾ ਪ੍ਰਣਾਲੀ' ਨੂੰ ਬੰਦ ਕਰਕੇ ਡਾਕਟਰੀ ਕਰਨ ਲਈ ਕੋਈ ਲੋੜੀਂਦਾ ਪ੍ਰਮਾਣਿਤ ਮੈਡੀਕਲ ਕੋਰਸ ਕਰਨ ਦਾ ਨਿਯਮ ਬਣਾਇਆ ਗਿਆ ਸੀ, ਤਾਂ ਸਰਕਾਰ ਦੀ ਇਹ ਜ਼ਿੰਮੇਵਾਰੀ ਵੀ ਬਣਦੀ ਸੀ ਕਿ ਇਸ ਕਿੱਤੇ ਵਿੱਚ ਸਾਲਾਂ ਤੋਂ ਪਏ ਹੋਏ ਲੋਕਾਂ ਨੂੰ ਉਨ੍ਹਾਂ ਦੇ ਪੱਧਰ ਦਾ ਕੋਈ ਰਿਫਰੈਸ਼ਰ ਕੋਰਸ ਕਰਵਾਉਣ ਦਾ ਬੰਦੋਬਸਤ ਕੀਤਾ ਜਾਵੇ ਜਾਂ ਉਹਨਾਂ ਖਾਤਰ ਕਿਸੇ ਬਦਲਵੇਂ ਰੋਜ਼ਗਾਰ ਦਾ ਪ੍ਰਬੰਧ ਕੀਤਾ ਜਾਵੇ, ਕਿਉਂਕਿ ਲੋਕਾਂ ਦੇ ਰੁਜ਼ਗਾਰ ਦਾ ਸੰਵਿਧਾਨਿਕ ਹੱਕ ਖੋਹਣ ਦਾ ਕਿਸੇ ਨੂੰ ਕੋਈ ਅਧਿਕਾਰ ਨਹੀਂ ।

ਅੱਜ ਦੀ ਤਲਖ ਹਕੀਕਤ ਇਹ ਵੀ ਹੈ ਕਿ ਦੇਸ਼ ਦੇ ਲੱਖਾਂ ਪਿੰਡਾਂ ਅਤੇ ਹਜ਼ਾਰਾਂ ਸ਼ਹਿਰੀ ਸਲੱਮ ਬਸਤੀਆਂ ਦੇ ਲੋਕਾਂ ਨੂੰ ਸਰਕਾਰਾਂ ਲੋੜੀਦੀਆਂ ਮੁਢਲੀਆਂ ਸਿਹਤ ਸੇਵਾਵਾਂ 63 ਸਾਲਾਂ ਬਾਅਦ ਵੀ ਮੁਹੱਈਆ ਨਹੀਂ ਕਰਵਾ ਸਕੀਆਂ ਤੇ ਹੁਣ ਜਦੋਂ ਸਰਕਾਰਾਂ ਵਲੋਂ ਨਿੱਜੀਕਰਨ ਦੀਆਂ ਨੀਤੀਆਂ ਤਹਿਤ ਮੌਜੂਦਾ ਸਿਹਤ ਸੇਵਾਵਾਂ ਦੇ ਬਜਟ ਨੂੰ ਵੀ ਲਗਾਤਾਰ ਛਾਂਗਿਆ ਜਾ ਰਿਹਾ ਹੈ, (ਜੋ ਅੱਜ ਦੀ ਤਰੀਕ 'ਚ ਜੀ ਡੀ ਪੀ ਦਾ 1.5 ਫੀਸਦੀ ਵੀ ਨਹੀਂ ਰਿਹਾ) ਤਾਂ ਇਸ ਨਿਗੂਣੇ ਬਜਟ, ਘੋਰ ਅਣਦੇਖੀ ਤੇ ਸਿਰੇ ਦੇ ਭ੍ਰਿਸ਼ਟਾਚਾਰ ਹੱਥੋਂ ਖੁਦ ਬਿਮਾਰ ਹੋ ਚੁੱਕੀਆਂ (ਮਸਾਂ 20 ਫੀਸਦੀ ਲੋਕਾਂ ਜੋਗੀਆਂ) ਸਿਹਤ ਸੇਵਾਵਾਂ @ਚ ਕਿਹੜੇ ਸੁਧਾਰ ਦੀ ਉਮੀਦ ਕੀਤੀ ਜਾ ਸਕਦੀ ਹੈ ? ਕੀ ਇਹ ਆਪਣੇ ਆਪ ਵਿੱਚ ਹੀ ਲੋਕਾਂ ਦੀ ਜ਼ਿੰਦਗੀ ਨਾਲ ਖਿਲਵਾੜ ਨਹੀਂ ? ਉਧਰ ਸਾਡੇ ਸਤਿਕਾਰਯੋਗ ਕੁਆਲੀਫਾਈਡ ਡਾਕਟਰ ਸ਼ਹਿਰਾਂ ਦੀ ਠਾਠ-ਬਾਠ ਵਾਲੀ ਜ਼ਿੰਦਗੀ ਛੱਡ ਕੇ ਪਿੰਡਾਂ ਤੇ ਸਲੱਮ ਏਰੀਆਂ ਦੇ ਨਰਕ 'ਚ ਜਾਣ ਨੂੰ ਉੱਕਾ ਹੀ ਤਿਆਰ ਨਹੀਂ । ਕੀ ਇਹ ਮਰੀਜ਼ਾਂ ਦੀ ਜ਼ਿੰਦਗੀ ਨਾਲ ਕੋਈ ਘੱਟ ਖਿਲਵਾੜ ਹੈ ? ਫਿਰ ਇਸ ਹਾਲਤ ਦੇ ਹੁੰਦਿਆਂ ਦੱਸੋ, ਇਨ੍ਹਾਂ ਪੇਂਡੂ ਡਾਕਟਰਾਂ ਨੂੰ ਛੱਡ ਕੇ ਰੋਜ਼ਮਰ੍ਹਾ ਦੇ ਦਵਾਦਾਰੂ ਖਾਤਰ 80 ਫੀਸਦੀ ਗਰੀਬ ਲੋਕ ਭਲਾ ਕਿੱਧਰ ਜਾਣਗੇ ? ਅਦਾਲਤ ਅਤੇ ਸਰਕਾਰਾਂ ਨੂੰ ਇਸ ਗੱਲ ਦਾ ਜਵਾਬ ਜ਼ਰੂਰ ਦੇਣਾ ਚਾਹੀਦਾ ਹੈ।

ਮੈਡੀਕਲ ਡਿਗਰੀ ਕਰਨਾ ਦਹਿ ਲੱਖਾਂ ਰੁਪਿਆਂ ਦਾ ਮਾਮਲਾ ਹੈ। ਮੈਡੀਕਲ ਸਿੱਖਿਆ ਦੇ ਖੇਤਰ ਉੱਤੇ ਵੀ ਚੋਟੀ ਦੇ ਧਨਾਢ ਲੋਕਾਂ ਦਾ ਕਬਜ਼ਾ ਹੋ ਚੁੱਕਾ ਹੈ । ਕਰੋੜਾਂ ਗਰੀਬ ਤੇ ਆਮ ਲੋਕਾਂ ਦੇ ਧੀਆਂ-ਪੁੱਤਾਂ ਲਈ ਇਸ ਦੇ ਦਰਵਾਜ਼ੇ ਅਮਲੀ ਤੌਰ 'ਤੇ ਬੰਦ ਹੋ ਚੁੱਕੇ ਹਨ । ਫਿਰ ਦੱਸੋ, ਗਰੀਬੀ ਤੇ ਬੇਰੋਜ਼ਗਾਰੀ ਦੀ ਦਲਦਲ 'ਚੋ ਉਭਰਦੇ ਇਹ ਨੌਜਵਾਨ ਡਿਗਰੀਆਂ ਕਰਨ ਤਾਂ ਕਿਵੇਂ ਕਰਨ ? ਕੀ ਉਹਨਾਂ ਤੋਂ ਇਹਨਾਂ ਅੱਤ ਮਹਿੰਗੀਆਂ ਡਿਗਰੀਆਂ ਦੀ ਉਮੀਦ ਕਰਨਾ ਉਹਨਾਂ ਨਾਲ ਕੋਝਾ ਮਜ਼ਾਕ ਨਹੀਂ ?

ਕੀ ਲੋਕਾਂ ਨੂੰ ਮੁਢਲੀਆਂ ਸਿਹਤ ਸੇਵਾਵਾਂ ਦੇਣ ਖਾਤਰ MBBS ਦੀ ਡਿਗਰੀ ਜ਼ਰੂਰੀ ਹੈ ? ਜੇ ਜਰੂਰੀ ਹੈ ਤਾਂ NMC Act ਦੀ ਧਾਰਾ 32 ਵਿਚ ਪੇਂਡੂ ਖੇਤਰਾਂ ਅੰਦਰ ਮੁਢਲੀਆਂ ਸਿਹਤ ਸੇਵਾਵਾਂ ਮੁਹਈਆ ਕਰਨ ਲਈ ਸਰਕਾਰ ਵੱਲੋਂ ਮੈਡੀਕਲ ਖੇਤਰ ਨਾਲ ਜੁੜੇ ਵੱਖ-ਵੱਖ ਵੰਨਗੀਆਂ ਦੇ ਲੋਕਾਂ ਨੂੰ ਛੇ ਕੁ ਮਹੀਨੇ ਦਾ ਬ੍ਰਿੱਜ ਕੋਰਸ ਕਰਵਾ ਕੇ ਕਮਿਊਨਿਟੀ ਹੈਲਥ ਪ੍ਰੋਵਾਈਡਰ ਵਜੋਂ ਕੰਮ ਕਰਨ ਦਾ ਲਾਈਸੈਂਸ ਦੇਣ ਦੀ ਵਿਉਂਤਬੰਦੀ ਕਿਉਂ ਕੀਤੀ ਗਈ ਹੈ ? ਕੀ ਉਹਨਾਂ ਲਈ ਐੱਮ ਬੀ ਬੀ ਐੱਸ ਦੀ ਡਿਗਰੀ ਜ਼ਰੂਰੀ ਨਹੀਂ ? ਸਾਫ ਹੈ ਕਿ ਮੁਢਲੀ ਪੱਧਰ ਦੀ ਪ੍ਰੈਕਟਿਸ ਖਾਤਰ ਐੱਮ ਬੀ ਬੀ ਐੱਸ ਦੀ ਡਿਗਰੀ ਨੂੰ ਸਰਕਾਰ ਜ਼ਰੂਰੀ ਨਹੀਂ ਸਮਝਦੀ । ਅਗਲੀ ਗੱਲ, ਜੇ G N M, A N M, D M L T ਆਦਿ ਵਰਗੇ ਛੋਟੇ ਕੋਰਸਾਂ ਵਾਲੇ ਵਿਅਕਤੀਆਂ ਨੂੰ ਇਹ ਸੰਖੇਪ ਟ੍ਰੇਨਿੰਗ ਦੇ ਕੇ ਮੁਢਲੀ ਪ੍ਰੈਕਟਿਸ ਕਰਨ ਦਾ ਲਾਈਸੈਂਸ ਦਿੱਤਾ ਜਾ ਸਕਦਾ ਹੈ, ਤਾਂ ਇਹੀ ਟ੍ਰੇਨਿੰਗ ਕਈ ਕਈ ਵਰ੍ਹਿਆਂ ਦੇ ਅਮਲੀ ਤਜਰਬੇ ਵਾਲੇ ਇਨ੍ਹਾਂ ਅਨਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਕਿਉਂ ਨਹੀਂ ਦਿੱਤੀ ਜਾ ਸਕਦੀ ?

ਸਰਕਾਰ ਅਤੇ ਅਦਾਲਤਾਂ ਵਲੋਂ ਦਿੱਤੀ ਜਾਂਦੀ ਆਮ ਪਰਿਭਾਸ਼ਾ ਮੁਤਾਬਕ ਬਿਨਾ ਪ੍ਰਮਾਣਤ ਮੈਡੀਕਲ ਡਿਗਰੀ ਦੇ ਮੈਡੀਕਲ ਪ੍ਰੈਕਟਿਸ ਕਰਨ ਵਾਲਾ ਹਰ ਵਿਅਕਤੀ ਨੀਮ ਹਕੀਮ ਹੈ ਤੇ ਉਹ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਦਾ ਹੈ, ਪਰ ਵਿਵਹਾਰਕ ਨਜ਼ਰੀਏ ਤੋਂ ਦੇਖਿਆਂ ਇਹ ਪਰੀਭਾਸ਼ਾ ਸੰਬੰਧਤ ਲੋਕਾਂ ਨਾਲ ਇਨਸਾਫ਼ ਨਹੀਂ ਕਰਦੀ, ਕਿਉਂਕਿ ਇਹ ਪ੍ਰੈਕਟੀਸ਼ਨਰ ਕੋਈ ਗੰਭੀਰ ਬਿਮਾਰੀਆਂ ਨਾਲ ਸਬੰਧਤ ਉਚ ਪੱਧਰੀ ਪ੍ਰੈਕਟਿਸ ਨਹੀਂ ਕਰਦੇ। ਛੋਟੀਆਂ-ਮੋਟੀਆਂ ਆਰਜ਼ੀ ਬਿਮਾਰੀਆਂ ਮੌਕੇ ਮੁੱਢਲੀ ਸਹਾਇਤਾ ਹੀ ਦਿੰਦੇ ਹਨ ।

ਕੁਝ ਗਲਤ ਤੇ ਗੈਰ-ਜ਼ਿੰਮੇਵਾਰ ਵਿਅਕਤੀ ਹਰ ਤਬਕੇ ਅੰਦਰ ਮੌਜੂਦ ਹੁੰਦੇ ਹੀ ਹਨ, ਜੋ ਸਭਨਾਂ ਦੀ ਬਦਨਾਮੀ ਦਾ ਕਾਰਨ ਬਣਦੇ ਹਨ । ਉਨ੍ਹਾਂ ਨੂੰ ਅਧਾਰ ਬਣਾ ਕੇ ਪੂਰੇ ਤਬਕੇ ਨੂੰ ਫਾਹੇ ਨਹੀਂ ਟੰਗਿਆ ਜਾ ਸਕਦਾ।

ਸੱਚਾਈ ਇਹ ਹੈ ਕਿ ਇਹ ਮਸਲਾ ਦੇਸ਼ ਅੰਦਰ ਫੈਲੀ ਬੇਹੱਦ ਬੇਰੁਜ਼ਗਾਰੀ ਅਤੇ ਮੁਢਲੀਆਂ ਸਿਹਤ ਸੇਵਾਵਾਂ ਦੀ ਰੜਕਵੀਂ ਘਾਟ 'ਚੋਂ ਪੈਦਾ ਹੋਇਆ ਇੱਕ ਵੱਡਾ ਸਮਾਜਿਕ ਮਸਲਾ ਹੈ। ਇਹਨਾਂ ਹਾਲਤਾਂ ਦੇ ਮੌਜੂਦ ਰਹਿੰਦਿਆਂ ਇਸ ਸਮੱਸਿਆ ਨੂੰ ਸਿਰਫ ਕਾਨੂੰਨੀ ਪਹੁੰਚ ਨਾਲ ਹੱਲ ਨਹੀਂ ਕੀਤਾ ਜਾ ਸਕਦਾ।

ਹਰ ਵੋਟ ਪਾਰਟੀ ਨੇ ਇਸ ਮਸਲੇ ਨੂੰ ਜਾਇਜ਼ ਦੱਸਦਿਆਂ ਇਸ ਦਾ ਹੱਲ ਕਰਨ ਦੇ ਬਾਰ-ਬਾਰ ਵਾਅਦੇ ਕੀਤੇ, ਪਰ ਕਿਸੇ ਦੀ ਸਰਕਾਰ ਨੇ ਵੀ ਅੱਜ ਤੱਕ ਵਾਅਦਾ ਪੂਰਾ ਨਹੀਂ ਕੀਤਾ। ਕੀ ਉਹਨਾਂ ਤੋਂ ਪੁੱਛਿਆ ਜਾਏਗਾ ਕਿ ਏਨੇ ਲੰਮੇ ਸਮੇਂ 'ਚ ਵੀ ਉਹਨਾਂ ਨੇ ਇਹ ਮਸਲਾ ਹੱਲ ਕਿਉਂ ਨਹੀਂ ਕੀਤਾ ? ਜੇ ਨਹੀਂ ਕੀਤਾ ਤਾਂ ਇਹਨਾਂ ਨੂੰ ਬੰਦ ਕਰਾਉਣ ਦਾ ਉਹਨਾਂ ਨੂੰ ਕੀ ਅਧਿਕਾਰ ਹੈ ?

ਅਨਰਜਿਸਟਰਡ ਮੈਡੀਕਲ ਪਰੈਕਟੀਸ਼ਨਰਾਂ ਨੂੰ ਨੀਮ-ਹਕੀਮ ਜਾਂ ਝੋਲਾ-ਛਾਪ ਗਰਦਾਨ ਕੇ ਬੇਇੱਜ਼ਤ ਕਰਦੇ ਰਹਿਣਾ ਅਤੇ ਉਨ੍ਹਾਂ ਦੀ ਪਰੈਕਟਿਸ ਬੰਦ ਕਰਾਉਣ ਲਈ ਕਨੂੰਨ ਦਾ ਡੰਡਾ ਵਰਤਣ ਦੀ ਗੱਲ ਕਰਨਾ ਇਸ ਸਮੱਸਿਆ ਦਾ ਹੱਲ ਨਹੀਂ ਹੈ, ਬਲਕਿ ਇਹ ਸਮਾਜ ਅੰਦਰ ਇਕ ਬਹੁਤ ਵੱਡੀ ਅਫਰਾਤਫਰੀ ਪੈਦਾ ਕਰਨ ਵਾਲਾ ਘਾਤਕ ਕਦਮ ਹੈ। ਲੱਖਾਂ ਕਰੋੜਾਂ ਲੋਕਾਂ ਦੀ ਜ਼ਿੰਦਗੀ ਨਾਲ ਜੁੜੇ ਇਸ ਮਸਲੇ ਬਾਰੇ ਕੋਈ ਵੀ ਫਤਵਾ ਦੇਣ ਅਤੇ ਕਦਮ ਉਠਾਉਣ ਤੋਂ ਪਹਿਲਾਂ ਇੱਕ ਵਿਆਪਕ ਜਨਤਕ ਸਰਵੇਖਣ ਕਰਵਾਇਆ ਜਾਣਾ ਚਾਹੀਦਾ ਹੈ ਕਿ ਮਸਲੇ ਦੀ ਜ਼ਮੀਨੀ ਹਕੀਕਤ ਕੀ ਹੈ ? ਵੈਸੇ ਲੋਕਾਂ ਦੀਆਂ ਜ਼ਿੰਦਗੀਆਂ ਨਾਲ ਖਿਲਵਾੜ ਦੇ ਅਨੇਕਾਂ ਰੂਪ ਤਾਂ ਪਹਿਲਾਂ ਹੀ ਜੱਗ-ਜ਼ਾਹਰ ਹੋ ਚੁੱਕੇ ਹਨ। ਮਰੀਜ਼ਾਂ ਤੋਂ ਵੱਧ ਤੋਂ ਵੱਧ ਪੈਸਾ ਬਟੋਰਨ ਦੇ ਲਾਲਚ ਵਿਚ ਹਸਪਤਾਲਾਂ ਵਿੱਚ ਵੱਡੀ ਪੱਧਰ 'ਤੇ ਕੀਤੇ ਜਾਂਦੇ ਗੈਰ-ਜ਼ਰੂਰੀ ਅਪਰੇਸ਼ਨ, ਮਰ ਚੁੱਕੇ ਬੰਦੇ ਨੂੰ ਕਈ ਕਈ ਦਿਨ ਵੈਂਟੀਲੇਟਰ 'ਤੇ ਲਿਟਾ ਰੱਖਣਾ, ਦਵਾਈ ਕੰਪਨੀਆਂ ਤੋਂ ਮੋਟੀ ਕਮਿਸ਼ਨ ਦੇ ਲਾਲਚ ਵਿੱਚ ਲਿਖੀਆਂ ਜਾਂਦੀਆਂ ਮਹਿੰਗੀਆਂ ਤੇ ਗੈਰ-ਜਰੂਰੀ ਦਵਾਈਆਂ, ਆਕਸੀਜਨ ਸਿਲੰਡਰਾਂ ਦੀ ਘਾਟ ਕਾਰਨ ਦਰਜਨਾਂ ਬੱਚਿਆਂ ਦੇ ਮਰਨ ਦੀਆਂ ਘਟਨਾਵਾਂ, ਨਕਲੀ ਦਵਾਈਆਂ ਦਾ ਅਰਬਾਂ-ਖਰਬਾਂ ਦਾ ਕਾਰੋਬਾਰ, ਸਰਕਾਰਾਂ ਦੀਆਂ ਨੀਤੀਆਂ ਅਤੇ ਮਿਲੀਭੁਗਤ ਨਾਲ ਦੇਸ਼ ਦੇ ਹਵਾ, ਪਾਣੀ, ਮਿੱਟੀ ਅਤੇ ਪੂਰੇ ਵਾਤਾਵਰਣ ਨੂੰ ਬਰਬਾਦ ਕਰਕੇ ਲੋਕਾਂ ਨੂੰ ਬਿਮਾਰੀਆਂ ਮੂੰਹ ਧੱਕਣ ਦੇ ਕਾਰਨਾਮੇ, ਖਾਣ-ਪੀਣ ਵਾਲੀਆਂ ਚੀਜ਼ਾਂ ਵਿੱਚ ਖਤਰਨਾਕ ਕੈਮੀਕਲਾਂ ਤੇ ਹੋਰ ਖੇਹ-ਸਵਾਹ ਦੀ ਮਿਲਾਵਟ, ਬੇਰੁਜ਼ਗਾਰ ਤੇ ਧੁੰਦਲੇ ਭਵਿੱਖ ਤੋਂ ਨਿਰਾਸ਼ ਹੋਏ ਨੌਜਵਾਨਾਂ ਨੂੰ ਨਸ਼ਿਆਂ ਦੇ ਦਰਿਆਵਾਂ ਵਿੱਚ ਡੋਬਣ ਦਾ ਸਿਲਸਿਲਾ, ਕਿਤੇ ਜ਼ਹਿਰੀਲੀ ਸ਼ਰਾਬ ਪੀ ਕੇ ਤੇ ਕਿਤੇ ਗੰਦਾ ਪਾਣੀ ਪੀ ਕੇ ਹੁੰਦੀਆਂ ਆਮ ਲੋਕਾਂ ਦੀਆਂ ਮੌਤਾਂ ਤੇ ਹੋਰ ਅਨੇਕਾਂ ਢੰਗਾਂ ਨਾਲ ਹੁੰਦੇ ਖਿਲਵਾੜ ਅਕਸਰ ਮੀਡੀਏ ਦੀਆਂ ਸੁਰਖੀਆਂ ਬਣਦੇ ਰਹਿੰਦੇ ਹਨ। ਇਸ ਨਿਹਾਇਤ ਮੁਜਰਮਾਨਾ ਖਿਲਵਾੜ ਖਿਲਾਫ ਕਾਰਵਾਈ ਕਰਨ ਦਾ ਫਿਕਰ ਕਿਸ ਨੂੰ ਹੈ ?

ਸੋ ਅਨਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਦੇ ਵਰਤਾਰੇ ਦਾ ਸਹੀ ਹੱਲ ਇਹੀ ਹੈ ਕਿ ਪਹਿਲਾਂ ਇਸ ਮਸਲੇ ਨੂੰ ਕੇਵਲ ਕਨੂੰਨੀ ਮਸਲਾ ਸਮਝਣ ਦੀ ਬਿਜਾਏ ਇਕ ਮਹੱਤਵਪੂਰਨ ਪੂਰਨ ਸਮਾਜਿਕ ਮਸਲੇ ਵਜੋਂ ਦੇਖਿਆ ਜਾਵੇ। ਨਕਾਰਾਤਮਕ ਪਹੁੰਚ ਨਾਲ ਉਹਨਾਂ ਨੂੰ ਸਮਾਜ ਵਿਰੋਧੀਆਂ ਦੀ ਕਤਾਰ ਵਿੱਚ ਖੜ੍ਹਾ ਕਰਨ ਦੀ ਬਜਾਏ ਮੁਢਲੀਆਂ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਉਹਨਾਂ ਵੱਲੋਂ ਨਿਭਾਏ ਜਾ ਰਹੇ ਅਹਿਮ ਰੋਲ ਦੀ ਕਦਰ ਪਾਈ ਜਾਵੇ। ਇਸ ਲਈ ਅਸੀਂ ਮਾਣਯੋਗ ਸੁਪਰੀਮ ਕੋਰਟ ਨੂੰ ਅਪੀਲ ਕਰਦੇ ਹਾਂ ਕਿ ਉਪਰੋਕਤ ਫੈਸਲੇ ਨੂੰ ਮੁੜ ਵਿਚਾਰਿਆ ਜਾਵੇ ਅਤੇ ਇਸ ਮਸਲੇ ਦੇ ਮੁਨਾਸਬ ਹੱਲ ਲਈ ਸਰਕਾਰ ਨੂੰ ਅਦੇਸ਼ ਜਾਰੀ ਕੀਤਾ ਜਾਵੇ।

# ਸੰਪਰਕ: 76969-45508

# ਕਿਰਤੀ ਲੋਕਾਂ ਨੂੰ ਸਰਮਾਏਦਾਰੀ ਪ੍ਰਬੰਧ 'ਚ ਆ ਰਹੀਆਂ ਮੁਸ਼ਕਲਾਂ ਤੋਂ ਛੁਟਕਾਰੇ ਲਈ ਸਮਾਜਵਾਦੀ ਪ੍ਰਬੰਧ ਜ਼ਰੂਰੀ : ਜਗਰੂਪ ਸਿੰਘ

## ਨਰੇਗਾ ਮਜ਼ਦੂਰਾਂ ਦੇ ਕੀਤੇ ਕੰਮ ਦੀ ਉਜ਼ਰਤ ਤੁਰੰਤ ਜਾਰੀ ਕੀਤੀ ਜਾਵੇ : ਜਗਸੀਰ ਖੋਸਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਏਟਕ ਦੀ ਸੂਬਾ ਸਕੱਤਰੇਤ ਦੀ ਜ਼ਰੂਰੀ ਮੀਟਿੰਗ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਸੂਬਾ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪੰਜਾਬ ਦੇ ਨਰੇਗਾ ਕਾਮਿਆਂ ਨੂੰ ਆ ਰਹੀਆਂ ਮੁਸ਼ਕਲਾਂ ਤੇ ਉਨ੍ਹਾਂ ਦੀਆਂ ਭਖਦੀਆਂ ਮੰਗਾਂ ਬਾਰੇ ਵਿਚਾਰ ਚਰਚਾ ਕਰਨ ਉਪਰੰਤ ਭਵਿੱਖ ਦੇ ਐਕਸ਼ਨ ਉਲੀਕੇ ਗਏ।ਇਸ ਮੌਕੇ ਸੰਬੋਧਨ ਕਰਦਿਆਂ ਯੂਨੀਅਨ ਦੇ ਮੁੱਖ ਸਲਾਹਕਾਰ ਕਾਮਰੇਡ ਜਗਰੂਪ ਸਿੰਘ ਨੇ ਕਿਹਾ ਕਿ ਕਿਰਤ ਕਰਨ ਵਾਲੇ ਲੋਕਾਂ ਨੂੰ ਸਰਮਾਏਦਾਰੀ ਪ੍ਰਬੰਧ ਵਿੱਚ ਆ ਰਹੀਆਂ ਮੁਸਕਲਾਂ ਤੋਂ ਮੁਕਤੀ ਲਈ ਸਮਾਜਵਾਦੀ ਪ੍ਰਬੰਧ ਅੱਜ ਦੇ ਸਮੇਂ ਦੀ ਅਹਿਮ ਲੋੜ ਹੈ।ਇਸ ਲਈ ਕਿਰਤੀਆਂ ਨੂੰ ਆਪਣੇ ਹੱਕ ਦੀ ਰਾਜਨੀਤੀ ਨੂੰ ਸਰਗਰਮ ਤੇ ਮਜ਼ਬੂਤ ਕਰਨਾ ਜ਼ਰੂਰੀ ਹੈ।ਇਸ ਮੌਕੇ ਯੂਨੀਅਨ ਦੇ ਸਕੱਤਰ ਜਗਸੀਰ ਖੋਸਾ ਨੇ ਕਿਹਾ ਕਿ ਨਰੇਗਾ ਵਿਰੋਧੀ ਤਾਕਤਾਂ ਨੇ ਵਰਕਰਾਂ ਵਿੱਚ ਨਿਰਾਸ਼ਤਾ ਫੈਲਾਉਣ ਲਈ ਨਰੇਗਾ ਬੰਦ ਦਾ ਪ੍ਰਚਾਰ ਕਰ ਦਿੱਤਾ ਹੈ, ਜਿਸ ਵਿੱਚ ਉਹ ਕਾਫੀ ਹੱਦ ਤੱਕ ਕਾਮਯਾਬ ਵੀ ਹੋਏ ਹਨ, ਕਿਉਂਕਿ ਬਹੁਤੀਆਂ ਥਾਵਾਂ 'ਤੇ ਮੰਗਣ ਉੱਤੇ ਵੀ ਉਨ੍ਹਾਂ ਨੂੰ ਕੰਮ ਨਹੀਂ ਮਿਲ ਰਿਹਾ।ਅਰਜ਼ੀਆਂ ਦੀਆਂ ਰਸੀਦਾਂ ਦੇਣ ਤੋਂ ਆਨਾ-ਕਾਨੀ ਕੀਤੀ ਜਾ ਰਹੀ ਹੈ, ਜੋ ਕਿ ਸ਼ਰੇਆਮ ਕਨੂੰਨ ਦੀ ਉਲੰਘਣਾ ਹੈ।

ਉਨ੍ਹਾਂ ਸਪੱਸ਼ਟ ਕੀਤਾ ਕਿ ਨਵਾਂ ਕਾਨੂੰਨ 'ਵਿਕਸਿਤ ਭਾਰਤ, ਜੀ ਰਾਮ ਜੀ' ਭਾਵੇਂ ਪਾਸ ਕਰ ਦਿੱਤਾ ਹੈ, ਪਰ ਅਜੇ ਉਸ ਦਾ ਨੋਟੀਫਿਕੇਸ਼ਨ ਨਹੀਂ ਹੋਇਆ, ਜਿਸ ਦਿਨ ਉਹ ਨੋਟੀਫਾਈ ਹੋਏਗਾ, ਉਸ ਦਿਨ ਨਰੇਗਾ ਵਾਪਸ ਹੋਏਗਾ।ਨਰੇਗਾ ਰਾਹ ਦਸੇਰਾ ਹੈ, ਜਿਸ ਵਿੱਚ ਕੰਮ ਦਿਹਾੜੀ ਸਮਾਂ ਛੇ ਘੰਟੇ ਸੀ, ਜਿਸ ਨੂੰ ਕਾਂਗਰਸ ਨੇ ਵਧਾ ਕੇ 14 ਫਰਵਰੀ 2008 ਨੂੰ ਅੱਠ ਘੰਟੇ ਕਰ ਦਿੱਤਾ ਸੀ, ਹੁਣ ਮੋਦੀ ਸਰਕਾਰ ਨੇ ਕਾਮਿਆਂ ਨਾਲ ਧ੍ਰੋਹ ਕਮਾਉਂਦਿਆਂ ਨਵੇਂ ਕਾਨੂੰਨ ਵਿੱਚ ਕੰਮ ਦਿਹਾੜੀ ਸਮਾਂ 12 ਘੰਟੇ ਕਰ ਦਿੱਤਾ ਹੈ, ਜਿਸ ਦਾ ਵਿਆਪਕ ਵਿਰੋਧ ਲਾਜ਼ਮੀ ਹੈ।ਨਵੇਂ ਕਾਨੂੰਨ ਦੀ ਤਜਵੀਜ਼ ਹੈ ਕਿ ਸੂਬਿਆਂ ਤੇ ਵੱਧ ਭਾਰ ਪਾਇਆ ਜਾਵੇ, ਅਸੀਂ ਇਸ ਨੂੰ ਗਲਤ ਸਮਝਦੇ ਹਾਂ।ਸੂਬਾ ਸਰਕਾਰ ਜਦੋਂ ਕੇਂਦਰ ਨਾਲ ਇਸ ਮਸਲੇ 'ਤੇ ਲੜਾਈ ਲੜੇਗੀ ਤਾਂ ਨਰੇਗਾ ਕਾਮੇ ਉਨ੍ਹਾਂ ਦੇ ਨਾਲ ਹੋਣਗੇ।ਇਸ ਮੌਕੇ ਉਨ੍ਹਾਂ ਕਿਹਾ ਕਿ ਨਰੇਗਾ ਤਹਿਤ ਕੀਤੇ ਕੰਮ ਦੀ ਉਜ਼ਰਤ 15 ਦਿਨਾਂ ਵਿੱਚ ਮਜ਼ਦੂਰਾਂ ਨੂੰ ਮਿਲਣੀ ਜ਼ਰੂਰੀ ਹੈ, ਪਰ ਪੰਜਾਬ ਵਿੱਚ ਪਿਛਲੇ ਕਾਫੀ ਸਮੇਂ ਤੋਂ ਮਜ਼ਦੂਰਾਂ ਨੂੰ ਕੀਤੇ ਕੰਮ ਦੀ ਪੇਮੈਂਟ ਬਕਾਇਆ ਹੈ।ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਨਰੇਗਾ ਮਜ਼ਦੂਰਾਂ ਦੀ ਬਕਾਇਆ ਰਾਸ਼ੀ ਜਲਦੀ ਤੋਂ ਜਲਦੀ ਮਜ਼ਦੂਰਾਂ ਦੇ ਖਾਤਿਆਂ ਵਿੱਚ ਪਾਈ ਜਾਵੇ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 20 ਮਾਰਚ ਨੂੰ 11 ਵਜੇ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਨਰੇਗਾ ਬਨਾਮ ਵਿਕਸਤ ਭਾਰਤ : ਜੀ ਰਾਮ ਜੀ ਵਿਸ਼ੇ 'ਤੇ ਕਨਵੈਨਸ਼ਨ ਕੀਤੀ ਜਾਵੇਗੀ, ਜਿਸ ਵਿੱਚ ਯੂਨੀਅਨ ਦੇ ਮੁੱਖ ਸਲਾਹਕਾਰ ਕਾਮਰੇਡ ਜਗਰੂਪ ਤੇ ਏਟਕ ਪੰਜਾਬ ਦੇ ਐਕਟਿੰਗ ਪ੍ਰਧਾਨ ਸੁਖਦੇਵ ਸ਼ਰਮਾ ਮੁੱਖ ਬੁਲਾਰੇ ਹੋਣਗੇ।ਇਸ ਤੋਂ ਇਲਾਵਾ 1 ਤੇ 2 ਅਪ੍ਰੈਲ ਨੂੰ, ਜਿਹੜੇ ਮਜ਼ਦੂਰਾਂ ਨੂੰ ਸਾਲ 2025-26 ਦੌਰਾਨ ਮੰਗਣ ਦੇ ਬਾਵਜੂਦ ਕੰਮ ਨਹੀਂ ਮਿਲਿਆ, ਉਨ੍ਹਾਂ ਨੂੰ ਬੇਰੁਜ਼ਗਾਰੀ ਭੱਤਾ ਜਿਹੜਾ ਕਿ ਉਨ੍ਹਾਂ ਦਾ ਕਨੂੰਨੀ ਹੱਕ ਹੈ, ਦਿਵਾਉਣ ਲਈ ਜ਼ਿਲ੍ਹਾ ਪੱਧਰ 'ਤੇ ਧਰਨੇ ਦਿੱਤੇ ਜਾਣਗੇ।ਇਸ ਤੋਂ ਇਲਾਵਾ ਸਾਰੇ ਨਰੇਗਾ ਕਾਮਿਆਂ ਨੂੰ ਕੰਮ ਮੰਗ ਦੀ ਅਰਜ਼ੀ ਦੀਆਂ ਰਸੀਦਾਂ ਲਾਜ਼ਮੀ ਦਿਵਾਉਣ, ਕੰਮ ਸਮਾਂ 6 ਘੰਟੇ ਕਰਵਾਉਣ, ਗਾਰੰਟੀ ਦਿਨ 200 ਕਰਵਾਉਣ, ਦਿਹਾੜੀ ਰੇਟ 1000 ਕਰਵਾਉਣ ਆਦਿ ਮੰਗਾਂ ਲਈ ਸੰਘਰਸ਼ ਤੇਜ਼ ਕਰਨ ਦਾ ਫੈਸਲਾ ਕੀਤਾ ਗਿਆ।ਇਸ ਮੌਕੇ ਸ਼ੇਰ ਸਿੰਘ ਦੌਲਤਪੁਰਾ, ਕੁਲਦੀਪ ਸਿੰਘ ਭੋਲਾ, ਬੋਹੜ ਸਿੰਘ ਮੁਕਤਸਰ, ਬਿੰਦਰ ਸਿੰਘ, ਸੁਰਜੀਤ ਸਿੰਘ, ਬੋਹੜ ਸਿੰਘ ਬੁੱਟਰ ਆਦਿ ਆਗੂਆਂ ਨੇ ਵੀ ਆਪਣੇ ਵਿਚਾਰ ਰੱਖੇ।

# ਲੁੱਟ-ਖੋਹ ਦੀ ਯੋਜਨਾ ਬਣਾ ਰਿਹਾ 5 ਮੈਂਬਰੀ ਗਰੋਹ ਹਥਿਆਰਾਂ ਸਮੇਤ ਕਾਬੂ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**
ਫਰੀਦਕੋਟ ਪੁਲਸ ਨੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ ਤੇਜ਼ਧਾਰ ਹਥਿਆਰਾਂ ਦੀ ਨੋਕ 'ਤੇ ਲੁੱਟ-ਖੋਹ ਕਰਨ ਦੀ ਤਾਕ ਵਿੱਚ ਬੈਠੇ 5 ਮੈਂਬਰੀ ਗਰੋਹ ਨੂੰ ਵਾਰਦਾਤ ਨੂੰ ਅੰਜਾਮ ਦੇਣ ਤੋਂ ਪਹਿਲਾਂ ਹੀ ਗ੍ਰਿਫਤਾਰ ਕਰ ਲਿਆ ਹੈ।ਐੱਸ.ਐੱਸ.ਪੀ. ਫਰੀਦਕੋਟ ਡਾ. ਪ੍ਰਗਿਆ ਜੈਨ ਦੀ ਅਗਵਾਈ ਹੇਠ ਪੁਲਸ ਨੇ ਮੁਸ਼ਤੈਦੀ ਦਿਖਾਉਂਦੇ ਹੋਏ ਇਨ੍ਹਾਂ ਮੁਲਜ਼ਮਾਂ ਨੂੰ ਕਾਬੂ ਕੀਤਾ ਹੈ।ਜਾਣਕਾਰੀ ਅਨੁਸਾਰ ਐੱਸ. ਪੀ. (ਇਨਵੈਸਟੀਗੇਸ਼ਨ) ਸ੍ਰੀ ਜੋਗੇਸ਼ਵਰ ਸਿੰਘ ਗੋਰਾਇਆ ਤੇ ਡੀ.ਐੱਸ.ਪੀ. ਕੋਟਕਪੂਰਾ ਸੰਜੀਵ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਥਾਣਾ ਸਿਟੀ ਕੋਟਕਪੂਰਾ ਦੀ ਟੀਮ ਗਸ਼ਤ 'ਤੇ ਸੀ।ਸਹਾਇਕ ਥਾਣੇਦਾਰ ਦਲਜੀਤ ਸਿੰਘ ਨੂੰ ਸੂਚਨਾ ਮਿਲੀ ਕਿ ਫਰੀਦਕੋਟ ਰੋਡ ਓਵਰ ਬ੍ਰਿਜ ਦੇ ਹੇਠਾਂ ਫੋਕਲ ਪੁਆਇੰਟ ਨੇੜੇ ਕੁਝ ਵਿਅਕਤੀ ਹਥਿਆਰਾਂ ਸਮੇਤ ਲੁਕ ਕੇ ਬੈਠੇ ਹਨ ਅਤੇ ਪੈਟਰੋਲ ਪੰਪ ਦੇ ਕਰਿੰਦਿਆਂ ਜਾਂ ਰਾਹਗੀਰਾਂ ਨੂੰ ਲੁੱਟਣ ਦੀ ਯੋਜਨਾ ਬਣਾ ਰਹੇ ਹਨ।ਪੁਲਸ ਨੇ ਤੁਰੰਤ ਛਾਪੇਮਾਰੀ ਕਰਕੇ ਪੰਜੇ ਮੁਲਜ਼ਮਾਂ ਨੂੰ ਮੌਕੇ 'ਤੇ ਹੀ ਦਬੋਚ ਲਿਆ ਤੇ ਇਨ੍ਹਾਂ ਪਾਸੋਂ ਇੱਕ ਕ੍ਰਿਪਾਨ ਤੇ ਇੱਕ ਖੰਡਾ, ਇੱਕ ਨਲਕੇ ਦੀ ਹੱਥੀ, ਇੱਕ ਲੋਹੇ ਦੀ ਪੱਤੀ ਆਦਿ ਹਥਿਆਰ ਬਰਾਮਦ ਕੀਤੇ।

ਪੁਲਸ ਵੱਲੋਂ ਕਾਬੂ ਕੀਤੇ ਗਏ ਵਿਅਕਤੀਆਂ ਦੀ ਪਛਾਣ ਹਰਚਰਨ ਸਿੰਘ ਉਰਫ ਹੈਪੀ, ਗੁਰਦੀਪ ਸਿੰਘ ਉਰਫ ਗੋਰੀ (ਵਾਸੀ ਮੁਹੱਲਾ ਕਸ਼ਮੀਰੀਆ, ਕੋਟਕਪੂਰਾ), ਸੂਰਜ ਸਿੰਘ, ਅਮਨਦੀਪ ਸਿੰਘ (ਵਾਸੀ ਬਾਬਾ ਜੀਵਨ ਸਿੰਘ ਨਗਰ) ਤੇ ਸਤਨਾਮ ਸਿੰਘ (ਵਾਸੀ ਸ਼ਾਂਤੀ ਵਣ ਨੇੜੇ, ਕੋਟਕਪੂਰਾ) ਵਜੋਂ ਹੋਈ ਹੈ।ਪੁਲਸ ਨੇ ਥਾਣਾ ਸਿਟੀ ਕੋਟਕਪੂਰਾ ਵਿਖੇ ਮਾਮਲਾ ਦਰਜ ਕਰ ਲਿਆ ਹੈ।ਐੱਸ.ਐੱਸ.ਪੀ. ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਮੁਲਜ਼ਮਾਂ ਦਾ ਅਦਾਲਤ ਤੋਂ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ ਤਾਂ ਜੋ ਉਨ੍ਹਾਂ ਦੇ ਪਿਛਲੇ ਸਬੰਧਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਸਕੇ ਤੇ ਹੋਰ ਵਾਰਦਾਤਾਂ ਦਾ ਖੁਲਾਸਾ ਹੋ ਸਕੇ।

# ਮੋਦੀ ਦੇ ਭਾਸ਼ਣ ਖਾਲੀ ਗੈਸ ਸਿਲੰਡਰ ਨਹੀਂ ਭਰ ਸਕਦੇ : ਸੀ ਪੀ ਆਈ

**ਨਵੀਂ ਦਿੱਲੀ/ਲੁਧਿਆਣਾ (ਐੱਮ ਐੱਸ ਭਾਟੀਆ)**
ਭਾਰਤੀ ਕਮਿਊਨਿਸਟ ਪਾਰਟੀ ਦੇ ਰਾਸ਼ਟਰੀ ਸਕੱਤਰੇਤ ਨੇ ਬਿਆਨ ਜਾਰੀ ਕਰਕੇ ਕਿਹਾ ਹੈ ਕਿ ਪਾਰਟੀ ਐੱਲਪੀਜੀ ਦੀਆਂ ਕੀਮਤਾਂ ਵਿੱਚ ਭਾਰੀ ਵਾਧੇ ਤੇ ਸਪਲਾਈ ਦੀ ਵਧਦੀ ਘਾਟ ਦੀ ਸਖ਼ਤ ਨਿੰਦਾ ਕਰਦੀ ਹੈ, ਜੋ ਲੱਖਾਂ ਆਮ ਘਰਾਂ ਨੂੰ ਮੁਸੀਬਤ ਵਿੱਚ ਧੱਕ ਰਹੀ ਹੈ।ਘਰੇਲੂ ਸਿਲੰਡਰਾਂ 'ਤੇ ?60 ਤੇ ਵਪਾਰਕ ਸਿਲੰਡਰਾਂ 'ਤੇ ?115 ਰੁਪਏ ਦਾ ਵਾਧਾ, ਕਈ ਖੇਤਰਾਂ ਵਿੱਚ ਉਪਲਬਧਤਾ ਦੀ ਘਾਟ ਦੇ ਨਾਲ, ਲੋਕਾਂ ਨੂੰ ਰਸੋਈ ਗੈਸ ਪ੍ਰਾਪਤ ਕਰਨ ਲਈ ਤੇਜ਼ ਧੁੱਪ ਵਿੱਚ ਲੰਬੀਆਂ ਕਤਾਰਾਂ ਵਿੱਚ ਖੜ੍ਹੇ ਹੋਣ ਲਈ ਮਜਬੂਰ ਕੀਤਾ ਹੈ।ਐੱਲਪੀਜੀ ਕੰਮਕਾਜੀ ਪਰਿਵਾਰਾਂ ਲਈ ਇੱਕ ਬੁਨਿਆਦੀ ਜ਼ਰੂਰਤ ਹੈ, ਫਿਰ ਵੀ ਮੋਦੀ ਸਰਕਾਰ ਦੇ ਕੁਪ੍ਰਬੰਧ ਨੇ ਇਸ ਨੂੰ ਰੋਜ਼ਾਨਾ ਸੰਘਰਸ਼ ਵਿੱਚ ਬਦਲ ਦਿੱਤਾ ਹੈ।ਇਸ ਦਾ ਪ੍ਰਭਾਵ ਛੋਟੇ ਖਾਣ-ਪੀਣ ਵਾਲੇ ਸਥਾਨਾਂ, ਚਾਹ ਦੀਆਂ ਦੁਕਾਨਾਂ, ਢਾਬਿਆਂ ਤੇ ਰੈਸਟੋਰੈਂਟਾਂ 'ਤੇ ਵੀ ਓਨਾ ਹੀ ਗੰਭੀਰ ਹੈ, ਜੋ ਵਪਾਰਕ ਸਿਲੰਡਰਾਂ 'ਤੇ ਨਿਰਭਰ ਹਨ।ਵਧਦੀਆਂ ਕੀਮਤਾਂ ਤੇ ਅਨਿਯਮਤ ਸਪਲਾਈ ਬਹੁਤ ਸਾਰੇ ਅਦਾਰਿਆਂ ਨੂੰ ਅਸਥਾਈ ਤੌਰ 'ਤੇ ਬੰਦ ਕਰਨ ਲਈ ਮਜਬੂਰ ਕਰ ਰਹੀ ਹੈ, ਜਿਸ ਨਾਲ ਕਾਮਿਆਂ ਤੇ ਛੋਟੇ ਕਾਰੋਬਾਰਾਂ ਦੀ ਰੋਜ਼ੀ-ਰੋਟੀ ਨੂੰ ਖ਼ਤਰਾ ਪੈਦਾ ਹੋ ਰਿਹਾ ਹੈ।

ਇਹ ਸੰਕਟ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਦੀਆਂ ਗਲਤ ਨੀਤੀਆਂ ਤੇ ਤਰਜੀਹਾਂ ਦਾ ਸਿੱਧਾ ਨਤੀਜਾ ਹੈ।ਸਰਕਾਰ ਆਪਣੀ ਗਲਤ ਵਿਦੇਸ਼ ਨੀਤੀ ਦੇ ਨਤੀਜਿਆਂ ਤੇ ਭਾਰਤ ਦੀ ਊਰਜਾ ਸੁਰੱਖਿਆ ਅਤੇ ਸਪਲਾਈ ਤੇ ਉਨ੍ਹਾਂ ਦੇ ਸੰਭਾਵਿਤ ਪ੍ਰਭਾਵ ਦਾ ਅੰਦਾਜ਼ਾ ਲਗਾਉਣ ਵਿੱਚ ਅਸਫਲ ਰਹੀ, ਜਦੋਂ ਕਿ ਅਮਰੀਕਾ-ਇਜ਼ਰਾਈਲ ਨਾਲ ਗੈਰ-ਇਖਲਾਕੀ ਤੌਰ 'ਤੇ ਇਕਜੁੱਟ ਰਹੀ। ਸਥਿਰਤਾ ਨੂੰ ਯਕੀਨੀ ਬਣਾਉਣ ਤੇ ਖਪਤਕਾਰਾਂ ਦੀ ਰੱਖਿਆ ਕਰਨ ਦੀ ਬਜਾਏ, ਇਸ ਨੇ ਲੋਕਾਂ 'ਤੇ ਬੋਝ ਸਿੱਧੇ ਤੌਰ 'ਤੇ ਪੈਣ ਦਿੱਤਾ ਹੈ।ਇਨ੍ਹਾਂ ਅਸਫਲਤਾਵਾਂ ਦੇ ਨਤੀਜਿਆਂ ਦਾ ਸਾਹਮਣਾ ਕਰਨ ਤੋਂ ਅਸਮਰੱਥ, ਪ੍ਰਧਾਨ ਮੰਤਰੀ ਰਾਹਤ ਪ੍ਰਦਾਨ ਕਰਨ ਦੀ ਬਜਾਏ ਵਿਰੋਧੀ ਧਿਰ 'ਤੇ ਹਮਲਾ ਕਰਨ ਵਿੱਚ ਰੁੱਝੇ ਹੋਏ ਹਨ। ਉਨ੍ਹਾਂ ਦੇ ਭਾਸ਼ਣ ਤੇ ਬਿਆਨਬਾਜ਼ੀ ਭਾਰਤ ਦੇ ਮਿਹਨਤਕਸ਼ ਲੋਕਾਂ ਦੀਆਂ ਰਸੋਈਆਂ ਵਿੱਚ ਬਾਲਣ ਨਹੀਂ ਬਣ ਸਕਦੇ।

ਅਸਲੀਅਤ ਇਹ ਹੈ ਕਿ ਜਦੋਂ ਵਿਸ਼ਵ ਪੱਧਰ 'ਤੇ ਕੱਚੇ ਤੇਲ ਦੀਆਂ ਕੀਮਤਾਂ ਘੱਟ ਸਨ ਤੇ ਭਾਰਤ ਨੂੰ ਰੂਸ ਤੇ ਈਰਾਨ ਵਰਗੇ ਦੇਸ਼ਾਂ ਤੋਂ ਛੋਟ ਵਾਲਾ ਤੇਲ ਮਿਲ ਰਿਹਾ ਸੀ, ਤਾਂ ਤੇਲ ਕੰਪਨੀਆਂ ਤੇ ਰਿਫਾਇਨਰੀਆਂ ਨੇ ਬਹੁਤ ਜ਼ਿਆਦਾ ਮੁਨਾਫ਼ਾ ਕਮਾਇਆ, ਫਿਰ ਵੀ ਲਾਭ ਕਦੇ ਵੀ ਪੈਟਰੋਲ, ਡੀਜ਼ਲ, ਸੀਐਨਜੀ ਤੇ ਐੱਲਪੀਜੀ ਦੇ ਆਮ ਖਪਤਕਾਰਾਂ ਨੂੰ ਨਹੀਂ ਦਿੱਤਾ ਗਿਆ।ਇਸ ਦੀ ਬਜਾਏ ਭਾਜਪਾ ਸਰਕਾਰ ਨੇ ਘਰੇਲੂ ਐੱਲਪੀਜੀ ਸਿਲੰਡਰਾਂ 'ਤੇ ਸਬਸਿਡੀ ਨੂੰ ਲਗਾਤਾਰ ਖਤਮ ਕਰ ਦਿੱਤਾ ਅਤੇ ਪਿਛਲੇ ਦਹਾਕੇ ਦੌਰਾਨ ਕੀਮਤਾਂ ਵਿੱਚ ਤੇਜ਼ੀ ਨਾਲ ਵਾਧਾ ਹੋਣ ਦਿੱਤਾ, ਜਿਸ ਨਾਲ 2014 ਤੋਂ ਆਮ ਪਰਿਵਾਰਾਂ 'ਤੇ ਬੋਝ ਵਧਿਆ ਹੈ।ਹੁਣ, ਜਦੋਂ ਸਾਮਰਾਜਵਾਦੀ ਨੇਤਾਵਾਂ ਨਾਲ ਸਰਕਾਰ ਦੇ ਕੂਟਨੀਤਕ ਦਿਖਾਵੇ ਨੇ ਨਵੀਆਂ ਮੁਸ਼ਕਲਾਂ ਵਿੱਚ ਯੋਗਦਾਨ ਪਾਇਆ ਹੈ, ਤਾਂ ਇਹ ਵਿਰੋਧੀ ਧਿਰ 'ਤੇ ਬੇਬੁਨਿਆਦ ਦੋਸ਼ ਲਗਾਉਂਦੇ ਹੋਏ ਖਪਤਕਾਰਾਂ 'ਤੇ ਬੋਝ ਪਾਉਂਦੀ ਹੈ।

ਭਾਰਤੀ ਕਮਿਊਨਿਸਟ ਪਾਰਟੀ ਆਪਣੀਆਂ ਸਾਰੀਆਂ ਪਾਰਟੀ ਇਕਾਈਆਂ ਤੇ ਜਨਤਕ ਸੰਗਠਨਾਂ ਨੂੰ ਲੋਕਾਂ ਦੇ ਨਾਲ ਖੜ੍ਹੇ ਹੋਣ ਤੇ ਇਨ੍ਹਾਂ ਵਧਦੀਆਂ ਮੁਸੀਬਤਾਂ ਵਿਰੁੱਧ ਵਿਰੋਧ ਪ੍ਰਦਰਸ਼ਨ ਕਰਨ ਦਾ ਸੱਦਾ ਦਿੰਦੀ ਹੈ।ਜਨਤਕ ਪ੍ਰੋਗਰਾਮਾਂ, ਪੈਂਫਲੇਟਾਂ ਤੇ ਸੋਸ਼ਲ ਮੀਡੀਆ ਮੁਹਿੰਮਾਂ ਰਾਹੀਂ ਸੀਪੀਆਈ ਭਾਜਪਾ ਦੀਆਂ ਅਸਫਲਤਾਵਾਂ ਤੇ ਝੂਠਾਂ ਦਾ ਪਰਦਾਫਾਸ਼ ਕਰੇਗੀ ਅਤੇ ਲੋਕਾਂ ਨੂੰ ਜਵਾਬਦੇਹੀ ਤੇ ਰਾਹਤ ਦੀ ਮੰਗ ਲਈ ਲਾਮਬੰਦ ਕਰੇਗੀ।

## ਕਾਤਰਾਂ

### ਅੱਜ ਬਿਜਲੀ ਬੰਦ ਰਹੇਗੀ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-66 ਕੇਵੀ ਲਾਈਨ ਤੇ ਕੰਮ ਕਰਨ ਲਈ ਸ਼ਟਡਾਊਨ ਹੋਣ ਕਾਰਨ 17 ਮਾਰਚ ਨੂੰ 66 ਕੇਵੀ ਗਰਿਡ ਦੀਨਾ ਸਾਹਿਬ ਤੋਂ ਚੱਲਦੇ ਸਾਰੇ ਅਰਬਨ, ਯੂ.ਪੀ.ਐਸ. ਤੇ ਮੋਟਰਾਂ ਵਾਲੇ ਫੀਡਰ ਸਵੇਰੇ 09:00 ਵਜੇ ਤੋਂ ਸ਼ਾਮ 06:00 ਵਜੇ ਤੱਕ ਬੰਦ ਰਹਿਣਗੇ।

### ਜਥੇ: ਹਮੀਦੀ ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਦੇ ਕੌਮੀ ਸੰਯੁਕਤ ਸਕੱਤਰ ਨਿਯੁਕਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ਼੍ਰੋਮਣੀ ਅਕਾਲੀ ਦਲ ਹਾਈ ਕਮਾਂਡ ਦੀ ਸਿਫਾਰਸ਼ ਉੱਪਰ ਐੱਸ ਸੀ ਵਿੰਗ ਦੇ ਕੌਮੀ ਪ੍ਰਧਾਨ ਜਥੇਦਾਰ ਗੁਲਜ਼ਾਰ ਸਿੰਘ ਰਣੀਕੇ ਵੱਲੋਂ ਜਥੇਬੰਦੀ ਦੇ ਜਥੇਬੰਦਕ ਢਾਂਚੇ ਦੀ ਜਾਰੀ ਕੀਤੀ ਸੂਚੀ 'ਚ ਹਲਕਾ ਮਹਿਲ ਕਲਾਂ ਤੋਂ ਪਾਰਟੀ ਦੇ ਹਲਕਾ ਇੰਚਾਰਜ ਜਥੇ: ਨਾਥ ਸਿੰਘ ਹਮੀਦੀ ਨੂੰ ਉਨ੍ਹਾਂ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਦੇਖਦਿਆਂ ਐੱਸ. ਸੀ. ਵਿੰਗ ਦਾ ਕੌਮੀ ਸੰਯੁਕਤ ਸਕੱਤਰ ਨਿਯੁਕਤ ਕੀਤਾ ਗਿਆ ਹੈ।ਇਸ ਨਿਯੁਕਤੀ ਉੱਪਰ ਹਲਕਾ ਮਹਿਲ ਕਲਾਂ ਅਕਾਲੀ ਦਲ ਦੇ ਵਰਕਰਾਂ, ਆਗੂਆਂ 'ਚ ਖੁਸ਼ੀ ਪਾਈ ਜਾ ਰਹੀ ਹੈ।ਵੱਖ-ਵੱਖ ਆਗੂਆਂ ਨੇ ਜਥੇ: ਨਾਥ ਸਿੰਘ ਹਮੀਦੀ ਦੀ ਨਿਯੁਕਤੀ ਦਾ ਸਵਾਗਤ ਕਰਦਿਆਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਐੱਸ ਸੀ ਵਿੰਗ ਦੇ ਕੌਮੀ ਪ੍ਰਧਾਨ ਗੁਲਜ਼ਾਰ ਸਿੰਘ ਰਣੀਕੇ ਸਮੇਤ ਸਮੁੱਚੀ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕੀਤਾ। ਇਸ ਮੌਕੇ ਜਥੇ: ਨਾਥ ਸਿੰਘ ਹਮੀਦੀ ਨੇ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਜ਼ਿੰਮੇਵਾਰੀ ਨੂੰ ਵਧੇਰੇ ਲਗਨ, ਮਿਹਨਤ, ਇਮਾਨਦਾਰੀ ਨਾਲ ਨਿਭਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਐੱਸ. ਸੀ. ਵਿੰਗ ਨੂੰ ਪਿੰਡ ਪੱਧਰ ਤੱਕ ਹੋਰ ਮਜ਼ਬੂਤ ਕਰਨ ਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਤੱਕ ਪਹੁੰਚਾਉਣ ਲਈ ਉਹ ਹਮੇਸ਼ਾ ਯਤਨਸ਼ੀਲ ਰਹਿਣਗੇ।

### ਪੰਜਾਬੀ ਬੇਅਦਬੀ ਵਿਰੁੱਧ ਕਾਨੂੰਨ ਬਣਵਾਉਣ ਲਈ ਸੰਘਰਸ਼ ਦਾ ਹਿੱਸਾ ਬਣਨ : ਕਾਂਸਲ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਹਰ ਧਰਮ ਦੀ ਸੰਗਤ ਨੂੰ ਧਰਮ ਯੁੱਧ ਮੋਰਚੇ ਦਾ ਹਿੱਸਾ ਬਣਨਾ ਚਾਹੀਦਾ ਹੈ, ਕਿਉਂਕਿ ਅਕਾਲ ਪੁਰਖ ਨਾਲ ਜੋੜਨ ਵਾਲਾ ਹਰ ਗ੍ਰੰਥ ਸਾਡਾ ਗੁਰੂ ਹੈ ਅਤੇ ਗੁਰੂ ਦੀ ਬੇਅਦਬੀ ਵਿਰੁੱਧ ਕਾਨੂੰਨ ਬਣਾਉਣ ਦੀ ਬਹੁਤ ਜ਼ਰੂਰੀ ਲੋੜ ਹੈ, ਕਿਉਂਕਿ ਜਦੋਂ ਬੇਅਦਬੀ ਹੁੰਦੀ ਹੈ ਤਾਂ ਹਰ ਧਰਮ ਦੀ ਸੰਗਤ ਦੀ ਭਾਵਨਾ ਨੂੰ ਬਹੁਤ ਠੇਸ ਪਹੁੰਚਦੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਪੰਜਾਬ ਦੇ ਮੁੱਖ ਬੁਲਾਰੇ ਵਰੁਣ ਕਾਂਸਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਅਕਾਲੀ ਆਗੂ ਵਰੁਣ ਕੁਮਾਰ ਬਾਂਸਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਜ਼ਿਲ੍ਹਾ ਪਟਿਆਲ਼ਾ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਦੀ ਅਗਵਾਈ ਹੇਠ 18 ਮਾਰਚ ਨੂੰ ਡੀ ਸੀ ਦਫਤਰ ਪਟਿਆਲਾ ਵਿਖੇ ਧਰਨਾ ਦੇ ਕੇ ਬੇਅਦਬੀ ਵਿਰੁੱਧ ਕਾਨੂੰਨ ਨਾ ਬਣਾਏ ਜਾਣ ਵਿਰੁੱਧ ਰੋਹ ਭਰਪੂਰ ਮੁਜ਼ਾਹਰਾ ਕੀਤਾ ਜਾ ਰਿਹਾ ਹੈ।ਜੇਕਰ ਸਰਕਾਰ ਇਹ ਕਾਨੂੰਨ ਨਹੀਂ ਬਣਾਉਂਦੀ ਜਾਂ ਦੇਰੀ ਕਰਦੀ ਹੈ ਤਾਂ ਸਮੁੱਚਾ ਪੰਜਾਬ ਤੇ ਨੌਜਵਾਨ ਸੜਕਾਂ 'ਤੇ ਉਤਰਨ ਲਈ ਮਜਬੂਰ ਹੋ ਜਾਵੇਗਾ।ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਸਰਕਾਰ ਤੋਂ ਸਖ਼ਤ ਕਾਨੂੰਨ ਬਣਾਉਣ ਦੀ ਪੁਰਜ਼ੋਰ ਮੰਗ ਕਰਦਾ ਹੈ।

# ਸਰਕਾਰੀ ਅਧਿਆਪਕ ਦੀ ਹਾਰਟ ਅਟੈਕ ਕਾਰਨ ਮੌਤ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਸਰਕਾਰੀ ਮਿਡਲ ਸਕੂਲ ਜੋਧਪੁਰ ਵਿਖੇ ਅੰਗਰੇਜ਼ੀ ਵਿਸ਼ੇ ਦੇ ਅਧਿਆਪਕ ਵਜੋਂ ਸੇਵਾਵਾਂ ਨਿਭਾਅ ਰਹੇ ਰਜਨੀਸ਼ ਗਰੋਵਰ ਅਚਾਨਕ ਹਾਰਟ ਅਟੈਕ (ਦਿਲ ਦਾ ਦੌਰਾ) ਆਉਣ ਕਾਰਨ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਹਨ।ਰਜਨੀਸ਼ ਗਰੋਵਰ ਸੋਮਵਾਰ ਸਵੇਰੇ ਰੋਜ਼ਾਨਾ ਵਾਂਗ ਆਪਣੇ ਘਰ ਵਿੱਚ ਪਾਠ-ਪੂਜਾ ਤੋਂ ਬਾਅਦ ਗਊਸ਼ਾਲਾ ਜਾ ਰਹੇ ਸਨ।ਅਜੇ ਉਹ ਰਸਤੇ ਵਿੱਚ ਹੀ ਸਨ ਕਿ ਉਨ੍ਹਾਂ ਨੂੰ ਅਚਾਨਕ ਦਿਲ ਦਾ ਦੌਰਾ ਪੈ ਗਿਆ।ਪਰਿਵਾਰ ਤੇ ਨੇੜਲੇ ਲੋਕਾਂ ਵੱਲੋਂ ਉਨ੍ਹਾਂ ਨੂੰ ਸੰਭਾਲਣ ਦੀ ਕੋਸ਼ਿਸ਼ ਕੀਤੀ ਗਈ ਤੇ ਤੁਰੰਤ ਇਲਾਜ ਵਾਸਤੇ ਇੱਕ ਨਿੱਜੀ ਹਸਪਤਾਲ ਲੈ ਕੇ ਗਏ, ਜਿੱਥੇ ਡਾਕਟਰਾਂ ਵੱਲੋਂ ਉਨ੍ਹਾਂ ਨੂੰ ਮ੍ਰਿਤਕ ਘੋਸ਼ਤ ਕਰ ਦਿੱਤਾ ਗਿਆ।ਅਧਿਆਪਕ ਰਜਨੀਸ਼ ਗਰੋਵਰ ਇੱਕ ਮਿਹਨਤੀ ਤੇ ਮਿਲਣਸਾਰ ਸ਼ਖ਼ਸੀਅਤ ਦੇ ਮਾਲਕ ਸਨ ਤੇ ਉਹ ਬੀ ਐੱਲ ਓ ਵਜੋਂ ਵੀ ਸ਼ਾਨਦਾਰ ਸੇਵਾਵਾਂ ਨਿਭਾਅ ਰਹੇ ਸਨ।ਉਨ੍ਹਾਂ ਦੇ ਅਚਾਨਕ ਸਦੀਵੀ ਵਿਛੋੜੇ 'ਤੇ ਡਾ: ਸਤਿੰਦਰ ਸਿੰਘ ਡਿਪਟੀ ਡੀ ਈ ਓ ਫਿਰੋਜ਼ਪੁਰ, ਬਲਕਾਰ ਸਿੰਘ ਸਰਪੰਚ ਪਿੰਡ ਜੋਧਪੁਰ, ਜਸਵਿੰਦਰ ਸਿੰਘ ਬਲਾਕ ਸਿੱਖਿਆ ਅਫ਼ਸਰ ਮਮਦੋਟ, ਸਕੂਲ ਦੇ ਸਮੂਹ ਸਟਾਫ ਵੱਲੋਂ ਹਮਦਰਦੀ ਪ੍ਰਗਟ ਕਰਦੇ ਹੋਏ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਇਸ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ ਹੈ।ਇਸ ਮੌਕੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਹਰਮੀਤ ਵਿਦਿਆਰਥੀ, ਕਲਾਪੀਠ ਦੇ ਪ੍ਰਧਾਨ ਜਸਪਾਲ ਘਈ ਸਮੇਤ ਵੱਖ-ਵੱਖ ਅਧਿਆਪਕ ਜਥੇਬੰਦੀਆਂ ਨੇ ਵੀ ਉਨ੍ਹਾਂ ਦੇ ਅਚਾਨਕ ਦਿਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

# ਪਰਮਸੰਤ ਮਹਾਰਾਜ ਰਾਮ ਸਿੰਘ ਦੀ 17ਵੀਂ ਬਰਸੀ ਨੂੰ ਸਮਰਪਤ ਖ਼ੂਨਦਾਨ ਕੈਂਪ

## ਖ਼ੂਨਦਾਨ ਮਹਾਂਦਾਨ ਹੈ, ਜੋ ਕਿਸੇ ਲੋੜਵੰਦ ਨੂੰ ਨਵੀਂ ਜ਼ਿੰਦਗੀ ਪ੍ਰਦਾਨ ਕਰਦੈ : ਸੰਤ ਅਰਜਨ ਸਿੰਘ



ਪਰਮਸੰਤ ਮਹਾਰਾਜ ਰਾਮ ਸਿੰਘ ਜੀ ਗਿਆਰਵੀਂ ਵਾਲਿਆਂ ਦੀ ਬਰਸੀ ਨੂੰ ਸਮਰਪਤ ਖ਼ੂਨਦਾਨ ਕੈਂਪ ਦਾ ਉਦਘਾਟਨ ਕਰਦੇ ਸੰਤ ਬਾਬਾ ਅਰਜਨ ਸਿੰਘ। (ਹੇਠਾਂ) ਖ਼ੂਨਦਾਨੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕਰਦੇ ਸੰਤ ਬਾਬਾ ਅਰਜਨ ਸਿੰਘ ਗਿਆਰਵੀਂ ਵਾਲੇ ਨਾਲ ਹੋਰ।

### ਬਰਸੀ ਸਮਾਗਮ ਅੱਜ

ਵਿਸ਼ਵ ਪ੍ਰਸਿੱਧ ਧਾਰਮਿਕ ਸੰਪਰਦਾਇ ਗਿਆਰਵੀਂ ਵਾਲੇ ਦੌਧਰ ਦੇ ਮਹਾਂਪੁਰਸ਼ ਸੱਚਖੰਡ ਵਾਸੀ ਪਰਮਸੰਤ ਮਹਾਰਾਜ ਰਾਮ ਸਿੰਘ ਜੀ ਦੀ 17ਵੀਂ ਬਰਸੀ ਅੱਜ ਗੁਰੂ ਘਰ ਗਿਆਰਵੀਂ ਵਾਲੇ ਦੌਧਰ ਵਿਖੇ ਮਨਾਈ ਜਾ ਰਹੀ ਹੈ।ਇਸ ਮੌਕੇ ਧਾਰਮਿਕ ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗਾਂ ਉਪਰੰਤ ਵਿਸ਼ਾਲ ਧਾਰਮਿਕ ਸਮਾਗਮ ਹੋਵੇਗਾ।

**ਅਜੀਤਵਾਲ (ਨਛੱਤਰ ਸੰਧੂ)**-ਪਰਮਸੰਤ ਮਹਾਰਾਜ ਰਾਮ ਸਿੰਘ ਜੀ 11ਵੀਂ ਵਾਲਿਆਂ ਦੀ 17ਵੀਂ ਬਰਸੀ ਨੂੰ ਸਮਰਪਤ 15ਵਾਂ ਖ਼ੂਨਦਾਨ ਕੈਂਪ ਗੁਰੂ ਘਰ 11ਵੀਂ ਵਾਲੇ ਦੌਧਰ (ਮੋਗਾ) ਵਿਖੇ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ ਸੰਤ ਬਾਬਾ ਅਰਜਨ ਸਿੰਘ ਗਿਆਰਵੀਂ ਵਾਲੇ ਦੌਧਰ ਵੱਲੋਂ ਕੀਤਾ ਗਿਆ।ਖ਼ੂਨਦਾਨ ਕੈਂਪ ਦੌਰਾਨ ਗੁਰੂ ਘਰ ਗਿਆਰਵੀਂ ਵਾਲੇ ਦੌਧਰ ਨਾਲ ਜੁੜੀਆਂ ਸੰਗਤਾਂ ਤੇ ਨੌਜਵਾਨਾਂ ਨੇ ਖ਼ੂਨਦਾਨ ਕੈਂਪ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।ਦੀਪ ਹਸਪਤਾਲ ਲੁਧਿਆਣਾ ਦੀ ਟੀਮ ਵੱਲੋਂ 148 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ, ਜੋ ਲੋੜ ਪੈਣ 'ਤੇ ਬਲੱਡ ਬੈਂਕ ਵਿੱਚ ਸੁਰੱਖਿਅਤ ਰੱਖ ਕੇ ਲੋੜਵੰਦਾਂ ਦੇ ਲਗਾਇਆ ਜਾਵੇਗਾ।ਸੰਤ ਬਾਬਾ ਅਰਜਨ ਸਿੰਘ ਗਿਆਰਵੀਂ ਵਾਲਿਆਂ ਨੇ ਕਿਹਾ ਕਿ ਖ਼ੂਨਦਾਨ ਮਹਾਂਦਾਨ ਹੈ, ਜਿਸ ਦਾ ਇੱਕ ਕਤਰਾ ਵੀ ਬਿਪਤਾ ਵੇਲੇ ਕਿਸੇ ਲੋੜਵੰਦ ਨੂੰ ਨਵੀਂ ਜ਼ਿੰਦਗੀ ਪ੍ਰਦਾਨ ਕਰ ਸਕਦਾ ਹੈ।ਉਨ੍ਹਾਂ ਕਿਹਾ ਕਿ ਤੰਦਰੁਸਤ ਵਿਅਕਤੀ ਨੂੰ ਸਮੇਂ ਸਮੇਂ 'ਤੇ ਜ਼ਰੂਰ ਖ਼ੂਨ ਦਾਨ ਕਰਨਾ ਚਾਹੀਦਾ ਹੈ।ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਬਲਾਕ ਸੰਮਤੀ ਚੇਅਰਮੈਨ ਦੀ ਚੋਣ ਸਮੇਂ ਲੋਕਤੰਤਰ ਦਾ ਘਾਣ : ਚੌਹਾਨ/ਢਿੱਲੋਂ



**ਮਾਨਸਾ (ਆਤਮਾ ਸਿੰਘ ਪਮਾਰ)**-ਬੀਜੇਪੀ ਤਾਂ ਲੋਕਤੰਤਰ ਨੂੰ ਪੈਰਾਂ ਹੇਠ ਦਰੜਨ ਲਈ ਪਹਿਲਾਂ ਹੀ ਬਦਨਾਮ ਹੈ, ਹੁਣ ਬਦਲਾਅ ਦੇ ਨਾਹਰੇ ਤਹਿਤ ਸਰਕਾਰ ਬਣਾਉਣ ਵਾਲੀ ਆਮ ਆਦਮੀ ਪਾਰਟੀ ਵੀ ਉਸ ਦੀਆਂ ਪੈੜਾਂ ਵਿੱਚ ਪੈਰ ਰੱਖ ਰਹੀ ਹੈ।ਬੀਤੇ ਦਿਨੀਂ ਬਲਾਕ ਸੰਮਤੀ ਮਾਨਸਾ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਚੋਣ ਮੌਕੇ ਸੱਤਾਧਾਰੀਆਂ ਵੱਲੋਂ ਸਰਕਾਰੀ ਸ਼ਹਿ 'ਤੇ ਕੀਤੀ ਗਈ ਧੱਕੇਸ਼ਾਹੀ ਲੋਕਤੰਤਰ ਦਾ ਘਾਣ ਹੈ।ਸੀ ਪੀ ਆਈ ਧੱਕੇਸ਼ਾਹੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਸਿੰਘ ਚੌਹਾਨ ਤੇ ਸਬ ਡਵੀਜ਼ਨ ਮਾਨਸਾ ਦੇ ਸਕੱਤਰ ਕਾਮਰੇਡ ਰੂਪ ਸਿੰਘ ਢਿੱਲੋਂ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੀਤਾ।ਆਗੂਆਂ ਨੇ ਕਿਹਾ ਕਿ ਮਾਨਸਾ ਵਿਖੇ ਬਲਾਕ ਸੰਮਤੀ ਦੇ ਚੇਅਰਮੈਨ ਤੇ ਹੋਰ ਅਹੁਦੇਦਾਰਾਂ ਦੀ ਚੋਣ ਮਾਨਸਾ ਜ਼ਿਲ੍ਹਾ ਪ੍ਰੀਸ਼ਦ ਦਫ਼ਤਰ ਵਿਖੇ ਰੱਖੀ ਗਈ ਸੀ, ਜਿੱਥੇ ਸਾਰੇ ਬਲਾਕ ਵਿੱਚੋਂ ਚੁਣੇ ਹੋਏ ਸਾਰੇ ਮੈਂਬਰ ਸਮੇਂ ਸਿਰ ਪਹੁੰਚ ਗਏ ਸਨ, ਪਰ ਆਮ ਆਦਮੀ ਪਾਰਟੀ ਦੇ ਆਗੂਆਂ ਤੇ ਚੁਣੇ ਹੋਏ ਮੈਂਬਰਾਂ ਨੇ ਹਲਕਾ ਵਿਧਾਇਕ ਤੇ ਪੁਲਸ ਦੀ ਹਾਜ਼ਰੀ ਵਿੱਚ ਵਿਰੋਧੀ ਪਾਰਟੀਆਂ ਦੇ ਸਾਰੇ ਚੁਣੇ ਹੋਏ ਮੈਂਬਰਾਂ, ਜਿਨ੍ਹਾਂ ਵਿੱਚ ਬਲਾਕ ਵਿੱਚੋਂ ਚੁਣੀਆਂ ਹੋਈਆਂ ਬੀਬੀਆਂ ਵੀ ਸਨ, ਨੂੰ ਸਾਜ਼ਿਸ਼ ਤਹਿਤ ਇੱਕ ਕਮਰੇ ਵਿੱਚ ਬੰਦ ਕਰਕੇ ਬਾਹਰੋਂ ਜਿੰਦਾ ਲਗਾ ਦਿੱਤਾ ਤੇ ਉਨ੍ਹਾਂ ਦੀ ਗੈਰ-ਹਾਜ਼ਰੀ ਵਿੱਚ ਹੀ ਚੋਣ ਕਰ ਦਿੱਤੀ ਗਈ, ਜਿਸ ਵਿੱਚ ਆਮ ਆਦਮੀ ਪਾਰਟੀ ਦੇ ਮੈਂਬਰਾਂ ਨੂੰ ਚੇਅਰਮੈਨ ਤੇ ਹੋਰ ਅਹੁਦੇ ਵੰਡ ਦਿੱਤੇ ਗਏ।ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਇਸ ਤਰ੍ਹਾਂ ਦੀਆਂ ਧੱਕੇਸ਼ਾਹੀਆਂ ਕਰਨਾ ਇੱਕ ਰਵਾਇਤ ਹੀ ਬਣ ਗਈ ਹੈ।ਅਜੇ ਚੰਦ ਦਿਨ ਪਹਿਲਾਂ ਵਿਧਾਨ ਸਭਾ ਵਿੱਚ ਵੀ ਇਸੇ ਤਰ੍ਹਾਂ ਦੀ ਧੱਕੇਸ਼ਾਹੀ ਕੀਤੀ ਗਈ।

# ਸਿਲਵਰ ਜ਼ੋਨ ਓਲੰਪੀਆਡ 'ਚ ਪਾਥਵੇਜ਼ ਨੇ ਮਾਰੀਆਂ ਮੱਲਾਂ



**ਕੋਟ ਈਸੇ ਖਾਂ (ਅਰੋੜਾ)**-ਪਾਥਵੇਜ਼ ਗਲੋਬਲ ਸਕੂਲ ਕੋਟ ਈਸੇ ਖਾਂ ਵਿਖੇ ਸਿਲਵਰ ਜ਼ੋਨ ਓਲੰਪੀਆਡ ਵਿੱਚ ਵਿਦਿਆਰਥੀਆਂ ਨੇ ਪੁਜ਼ੀਸ਼ਨਾਂ ਹਾਸਲ ਕਰਕੇ ਮੱਲਾਂ ਮਾਰੀਆਂ।ਪਾਥਵੇਜ਼ ਗਲੋਬਲ ਸਕੂਲ ਹਰ ਸਾਲ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਉਭਾਰਨ ਤੇ ਉਨ੍ਹਾਂ ਦੇ ਗਿਆਨ ਖੇਤਰ ਵਿੱਚ ਵਾਧਾ ਕਰਨ ਵਾਸਤੇ ਸਮੇਂ ਸਮੇਂ 'ਤੇ ਕਈ ਪ੍ਰੀਖਿਆਵਾਂ ਦਾ ਆਯੋਜਨ ਕਰਦਾ ਹੈ।ਸਿਲਵਰ ਜ਼ੋਨ ਓਲੰਪੀਅਡ ਇੱਕ ਅਹਿਮ ਪ੍ਰੀਖਿਆ ਹੈ, ਜੋ ਬੱਚਿਆਂ ਦੇ ਬਹੁਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ।ਇਹ ਪ੍ਰੀਖਿਆ ਨਵੰਬਰ ਮਹੀਨੇ ਵਿੱਚ ਪਾਥਵੇਜ਼ ਗਲੋਬਲ ਸਕੂਲ ਵੱਲੋਂ ਸਿਲਵਰ ਜ਼ੋਨ ਮੈਥ ਤੇ ਸਾਇੰਸ ਓਲੰਪੀਆਡ ਪ੍ਰੀਖਿਆ ਦਾ ਇਮਤਿਹਾਨ ਕਰਵਾਇਆ ਗਿਆ, ਜਿਸ ਵਿੱਚ 302 ਵਿਦਿਆਰਥੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ 37 ਵਿਦਿਆਰਥੀਆਂ ਨੇ ਪੁਜ਼ੀਸ਼ਨਾਂ ਹਾਸਲ ਕਰਕੇ ਸਿਲਵਰ, ਗੋਲਡ ਤੇ ਬਰੌਂਜ਼ ਮੈਡਲ ਹਾਸਲ ਕੀਤੇ।ਸਿਲਵਰ ਜ਼ੋਨ ਓਲੰਪੀਆਡ ਵੱਲੋਂ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਤੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਸਨਮਾਨ ਦੇ ਕੇ ਉਤਸ਼ਾਹਤ ਕੀਤਾ ਗਿਆ।ਇਸ ਮੌਕੇ ਸਕੂਲ ਦੇ ਕਮੇਟੀ ਮੈਂਬਰ ਮਾਨਯੋਗ ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਪ੍ਰਧਾਨ ਡਾ. ਅਨਿਲਜੀਤ ਕੰਬੋਜ, ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ, ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ ਤੇ ਮਾਨਯੋਗ ਪ੍ਰਿੰਸੀਪਲ ਡਾ. ਅਰਵਿੰਦ ਕੁਮਾਰ ਸ਼ਰਮਾ ਨੇ ਸਾਰੇ ਹੀ ਵਿਦਿਆਰਥੀਆਂ ਦਾ ਹੌਸਲਾ ਅਫ਼ਜ਼ਾਈ ਕੀਤੀ।

# ਅਕਾਲੀ ਦਲ ਸੁਤੰਤਰ ਵੱਲੋਂ ਨਗਰ ਕੌਂਸਲ ਦਫਤਰ ਅੱਗੇ ਧਰਨਾ

## ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਦਾ ਜਲਦ ਹੱਲ ਨਾ ਹੋਇਆ ਤਾਂ ਸੰਘਰਸ਼ ਤੇਜ਼ ਕਰਾਂਗੇ : ਸਹੋਲੀ



**ਨਾਭਾ (ਵਰਿੰਦਰ ਵਰਮਾ)**
ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਦੀ ਅਗਵਾਈ ਹੇਠ ਸ਼ਹਿਰ ਵਾਸੀਆਂ ਨੂੰ ਆ ਰਹੀਆਂ ਸਮੱਸਿਆਵਾਂ ਨੂੰ ਲੈ ਕੇ ਨਗਰ ਕੌਂਸਲ ਨਾਭਾ ਦੇ ਦਫਤਰ ਅੱਗੇ ਰੋਸ ਧਰਨਾ ਲਗਾਇਆ ਗਿਆ ਤੇ ਕਾਰਜ ਸਾਧਕ ਅਫਸਰ ਖਿਲਾਫ ਨਾਰੇਬਾਜ਼ੀ ਕਰਦੇ ਹੋਏ ਉਸ ਦਾ ਪਿੱਟ ਸਿਆਪਾ ਕੀਤਾ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਨੇ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਆ ਰਹੀਆਂ ਸਮੱਸਿਆਵਾਂ ਨੂੰ ਲੈ ਕੇ ਪਿਛਲੇ ਦਿਨੀਂ ਐੱਸ ਡੀ ਐੱਮ ਨਾਭਾ ਨੂੰ ਮੰਗ ਪੱਤਰ ਦਿੱਤਾ ਸੀ, ਜਿਸ ਵਿੱਚ ਅੱਜ ਦਾ ਅਕਾਲੀ ਦਲ ਸੁਤੰਤਰ ਵੱਲੋਂ ਸੰਕੇਤਕ ਧਰਨਾ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਉਸ ਵਿੱਚ ਪੁਰਾਣੇ ਹਾਥੀ ਖਾਨੇ ਦਾ ਗੰਦਾ ਨਾਲਾ ਓਪਨ ਹੋਣ ਕਰਕੇ ਕੀਮਤੀ ਜਾਨਾਂ ਜਾ ਰਹੀਆਂ ਹਨ ਤੇ ਜਾਨਵਰਾਂ ਦੀਆਂ ਵੀ ਜਾਨਾਂ ਜਾ ਰਹੀਆਂ ਹਨ।ਅਕਾਲੀ ਦਲ ਸੁਤੰਤਰ ਲੰਮੇ ਸਮੇਂ ਤੋਂ ਬਾਬਾ ਅਜਾਪਾਲ ਸਿੰਘ ਜੀ ਗੁਰਦੁਆਰਾ ਘੋੜਿਆਂ ਵਾਲੇ ਦੀ ਪੱਥਰਾਂ ਵਾਲੀ ਸੜਕ ਦਾ ਗੰਦਾ ਨਾਲਾ ਪੂਰਿਆ ਗਿਆ ਸੀ।ਸੜਕ ਬਣਨ ਤੋਂ ਬਾਅਦ ਉਸ ਦੇ ਆਲੇ ਦੁਆਲੇ ਨਾ ਸਫਾਈ ਰਹਿੰਦੀ ਹੈ ਤੇ ਨਾ ਕੋਈ ਫੁੱਲ ਬੂਟੇ ਲਾਏ ਗਏ ਹਨ।ਉਨ੍ਹਾਂ ਕਿਹਾ ਕਿ ਉਥੇ ਫੁੱਲ ਬੂਟੇ ਲਗਾਏ ਜਾਣ।ਉਨ੍ਹਾਂ ਕਿਹਾ ਕਿ ਇਹ ਮੁੱਖ ਮੰਗਾਂ ਨੂੰ ਰੱਖਦੇ ਹੋਏ ਇਨ੍ਹਾਂ ਮੰਗਾਂ ਨੂੰ ਅਤੀ ਜ਼ਰੂਰੀ ਸਮਝ ਕੇ ਹੱਲ ਕੀਤਾ ਜਾਵੇ ਤਾਂ ਕਿ ਅਕਾਲੀ ਦਲ ਸੁਤੰਤਰ ਲੰਬੀ ਲੜਾਈ ਲਈ ਮਜਬੂਰ ਨਾ ਹੋਵੇ।

ਸਹੋਲੀ ਨੇ ਨਗਰ ਕੌਂਸਲ ਦੇ ਕਾਰਜਸਾਧਕ ਅਫਸਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਨ੍ਹਾਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਨਗਰ ਕੌਂਸਲ ਪ੍ਰਸ਼ਾਸਨ ਤੇ ਸਰਕਾਰ ਦੀ ਹੋਵੇਗੀ।ਇਸ ਮੌਕੇ ਹਰਬੰਸ ਸਿੰਘ ਖਟੜਾ, ਸੁਰਜੀਤ ਸਿੰਘ ਬਾਬਰਪੁਰ, ਹਰਬੰਸ ਸਿੰਘ ਖੇੜੀ, ਹੈਪੀ ਸੁਖੇਵਾਲ, ਬਿੱਲੂ ਸਹੋਲੀ, ਜਗਰੂਪ ਸਿੰਘ ਬੋੜਾ, ਪਰਮਜੀਤ ਸਿੰਘ ਖੋਖ, ਰਗਵੀਰ ਸਿੰਘ ਨੌਹਰਾ, ਜਸਪਾਲ ਸਿੰਘ ਸਹੋਲੀ, ਜਗਦੀਪ ਸਿੰਘ ਸਹੋਲੀ, ਰਣਜੀਤ ਸਿੰਘ ਬਨੇਰਾ, ਜਗਮੀਤ ਸਿੰਘ ਬਾਗੜੀਆਂ, ਅਵਤਾਰ ਸਿੰਘ ਬਨੇਰਾ, ਅਮਰੀਕ ਸਿੰਘ, ਭੋਲ਼ਾ ਸਹੋਲੀ ਆਦਿ ਹਾਜ਼ਰ ਸਨ। ਇਸ ਮੌਕੇ ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਵੱਲੋਂ ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣ ਲਈ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਨੂੰ ਮੰਗ ਪੱਤਰ ਦਿੱਤਾ। ਮੰਗ ਪੱਤਰ ਲੈਣ ਉਪਰੰਤ ਉਨ੍ਹਾਂ ਕਿਹਾ ਕਿ ਬਹੁਤ ਜਲਦੀ ਹੀ ਇਨ੍ਹਾਂ ਦੀਆਂ ਮੰਗਾਂ ਦਾ ਹੱਲ ਕੱਢਿਆ ਜਾਵੇਗਾ।

# ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਚੰਦ ਪੁਰਾਣਾ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਸ਼ਹੀਦੀ ਜੋੜ ਮੇਲਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਜੀ ਚੰਦ ਪੁਰਾਣਾ ਵਿਖੇ ਸ਼ਹੀਦ ਬਾਬਾ ਤੇਗਾ ਸਿੰਘ ਜੀ ਤੇ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ ਦੀ ਨਿੱਘੀ ਯਾਦ ਨੂੰ ਸਮਰਪਤ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਦੌਰਾਨ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੁੰਦਿਆਂ ਪਵਿੱਤਰ ਇਸ਼ਨਾਨ ਕਰਕੇ ਆਪਣੀਆਂ ਹਾਜ਼ਰੀਆਂ ਭਰੀਆਂ।ਉਪਰੰਤ ਦੀਵਾਨ ਹਾਲ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ ਦੀਵਾਨ ਸਜਾਏ ਗਏ।ਇਸ ਸਮਾਗਮ ਦੌਰਾਨ ਭਾਈ ਪ੍ਰੇਮ ਸਿੰਘ ਰੰਡਿਆਲੇ ਵਾਲੇ, ਭਾਈ ਸੋਹਨ ਸਿੰਘ, ਬੀਬੀ ਮਨਪ੍ਰੀਤ ਕੌਰ, ਭਾਈ ਸਤਪਾਲ ਸਿੰਘ, ਭਾਈ ਗੁਰਮੁਖ ਸਿੰਘ ਦੇ ਰਾਗੀ ਜੱਥਿਆਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਵਿਸ਼ਵ ਪ੍ਰਸਿੱਧ ਕਵੀਸ਼ਰ ਗਿਆਨੀ ਕੇਵਲ ਸਿੰਘ ਮਹਿਤਾ ਵਾਲਿਆਂ ਦੇ ਕਵੀਸ਼ਰੀ ਜਥੇ ਵੱਲੋਂ ਜਿੱਥੇ ਸ਼ਹੀਦੀ ਤੇ ਬੀਰ ਰਸ ਵਾਰਾਂ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ, ਉੱਥੇ ਹੀ ਇਸ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਜੀ ਤੇ ਸੱਚਖੰਡ ਵਾਸੀ ਬਾਬਾ ਨਛੱਤਰ ਸਿੰਘ ਜੀ ਦੀ ਨਿੱਘੀ ਯਾਦ ਵਿੱਚ ਕਵੀਸ਼ਰੀ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਉਪਰੰਤ ਸ੍ਰੀ ਆਕਾਲ ਤਖ਼ਤ ਦੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਕਿਹਾ ਕਿ ਹਰੇਕ ਮਨੁੱਖ ਨੂੰ ਬਾਣੀ ਤੇ ਬਾਣੇ ਦੇ ਧਾਰਨੀ ਹੋਣਾ ਚਾਹੀਦਾ ਹੈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਸਿੱਖਿਆਵਾਂ ਆਪਣੇ ਜੀਵਨ ਵਿੱਚ ਧਾਰਨ ਕਰਕੇ ਕਿਰਤ ਕਰੋ, ਨਾਮ ਜਪੋ, ਵੰਡ ਛਕੋ ਦੇ ਸਿਧਾਂਤ ਨੂੰ ਆਪਣੀ ਜ਼ਿੰਦਗੀ ਵਿੱਚ ਅਪਨਾਉਣਾ ਚਾਹੀਦਾ ਹੈ, ਤਾਂ ਜੋ ਇਹ ਮਨੁੱਖਾ ਜੀਵਨ ਸਫਲਾ ਹੋ ਸਕੇ।ਪ੍ਰਸਿੱਧ ਕੀਰਤਨੀਏ ਭਾਈ ਇਕਬਾਲ ਸਿੰਘ ਲੰਗੇਆਨਾ ਵਾਲਿਆਂ ਵੱਲੋਂ ਗੁਰਬਾਣੀ ਕੀਰਤਨ ਸ਼ਹੀਦਾਂ ਦਾ ਇਤਿਹਾਸ ਸੁਣਾ ਕੇ ਨਿਹਾਲ ਕੀਤਾ।ਸੰਤ ਗੁਰਦਿਆਲ ਸਿੰਘ ਟਾਂਡੇ ਵਾਲਿਆਂ, ਸੰਤ ਸੁਖਦੇਵ ਸਿੰਘ ਜੀ ਡਮੇਲੀ ਵਾਲਿਆਂ, ਸੰਤ ਭਗਤ ਸਿੰਘ ਜੀ ਢੱਕੀ ਵਾਲਿਆਂ ਆਪਣੇ ਪ੍ਰਵਚਨਾਂ ਰਾਹੀਂ ਸੰਗਤਾਂ ਨਾਲ ਸਾਂਝ ਪਾਉਂਦਿਆਂ ਕਿਹਾ ਕਿ ਇਹ ਗੁਰਦੁਆਰਾ ਸਾਹਿਬ ਸ਼ਹੀਦਾਂ ਦਾ ਹੈ ਤੇ ਇਸ ਦੇ ਬਾਨੀ ਸੱਚਖੰਡ ਵਾਸੀ ਬਾਬਾ ਨਛੱਤਰ ਸਿੰਘ ਜੀ ਵੱਲੋਂ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਨਾਲ ਜੋੜ ਕੇ ਇਸ ਅਸਥਾਨ ਨੂੰ ਮਨੁੱਖਤਾ ਦੀ ਭਲਾਈ ਦਾ ਕੇਂਦਰ ਬਣਾਇਆ ਗਿਆ।ਇਨ੍ਹਾਂ ਸੇਵਾਵਾਂ ਨੂੰ ਨਿਰੰਤਰ ਸੰਤ ਬਾਬਾ ਗੁਰਦੀਪ ਸਿੰਘ ਜੀ ਮੁੱਖ ਸੇਵਾਦਾਰ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਜੀ ਵੱਲੋਂ ਬਖ਼ੂਬੀ ਨਿਭਾਇਆ ਜਾ ਰਿਹਾ ਹੈ। ਬਾਬਾ ਰੇਸ਼ਮ ਸਿੰਘ ਜੀ ਖੁਖਰਾਣਾ ਵਾਲਿਆਂ ਨੇ ਵੀ ਕਥਾ ਵਿਚਾਰਾਂ ਰਾਹੀਂ ਸੰਗਤਾਂ ਨਾਲ ਸਾਂਝ ਪਾਈ।

ਇਸ ਸਮਾਗਮ 'ਚ ਸੰਗਤਾਂ ਦੇ ਸਨਮੁੱਖ ਹੁੰਦਿਆਂ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੀਪ ਸਿੰਘ ਜੀ ਵੱਲੋਂ ਸੰਤਾਂ, ਮਹਾਂਪੁਰਸ਼ਾਂ, ਧਾਰਮਿਕ ਸ਼ਖ਼ਸੀਅਤਾਂ, ਸਿਆਸੀ ਆਗੂਆਂ ਦੇ ਨਾਲ ਨਾਲ ਸੰਗਤਾਂ ਦਾ ਵੀ ਅਤਿਅੰਤ ਧੰਨਵਾਦ ਕੀਤਾ, ਜਿਨਾਂ ਨੇ ਇਨ੍ਹਾਂ ਸ਼ਹੀਦਾਂ ਦੇ ਅਸਥਾਨ 'ਤੇ ਆ ਕੇ ਆਪਣੀਆਂ ਹਾਜ਼ਰੀਆਂ ਭਰੀਆਂ। ਉਨ੍ਹਾਂ ਕਿਹਾ ਕਿ ਇਹ ਅਸਥਾਨ ਸੱਚਖੰਡ ਵਾਸੀ ਬਾਬਾ ਨਛੱਤਰ ਸਿੰਘ ਜੀ ਵੱਲੋਂ ਸਥਾਪਤ ਕੀਤਾ ਗਿਆ ਸੀ ਜੋ ਕਿਸੇ ਟਾਈਮ ਤਿੰਨ ਮਰਲੇ ਵਿੱਚ ਸੀ, ਅੱਜ ਇਹ ਅਸਥਾਨ 17 ਕਿੱਲਿਆਂ ਵਿੱਚ ਹੈ ਤੇ ਇਸ ਅਸਥਾਨ 'ਤੇ ਨਿਰੰਤਰ ਸ੍ਰੀ ਅਖੰਡ ਪਾਠਾਂ ਤੇ ਸਹਿਜ ਪਾਠਾਂ ਦੀ ਲੜੀ ਚਲਦੀ ਰਹਿੰਦੀ ਹੈ। ਇਹ ਅਸਥਾਨ ਮਨੁੱਖਤਾ ਦੀ ਸੇਵਾ ਦੇ ਕੇਂਦਰ ਵਜੋਂ ਜਾਣਿਆ ਜਾਂਦਾ ਹੈ।ਇੱਥੇ ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਨਾਲ ਸੰਗਤਾਂ ਨੂੰ ਜੁੜਨ ਦੀ ਅਪੀਲ ਕੀਤੀ ਜਾਂਦੀ ਹੈ, ਉੱਥੇ ਹੀ ਇਸ ਅਸਥਾਨ ਵਿੱਚ ਬਿਰਧ ਆਸ਼ਰਮ ਵਿੱਚ ਲੋਕਾਂ ਦੀ ਸੇਵਾ ਕੀਤੀ ਜਾਂਦੀ ਹੈ ਤੇ ਸਮੇਂ ਸਮੇਂ 'ਤੇ ਲੋੜਵੰਦਾਂ ਲਈ ਮੈਡੀਕਲ ਕੈਂਪਾਂ ਦਾ ਆਯੋਜਨ ਕੀਤਾ ਜਾਂਦਾ ਹੈ।ਇਸ ਜੋੜ ਮੇਲੇ ਦੌਰਾਨ ਜਿੱਥੇ ਮੈਡੀਕਲ ਕੈਂਪ, ਖ਼ੂਨਦਾਨ ਕੈਂਪ, ਇਲੈਕਟਰੋ ਹੋਮਿਓਪੈਥਿਕ ਕੈਂਪ, ਫਿਜ਼ੀਓ ਥਰੈਪੀ ਕੈਂਪ ਤੋਂ ਇਲਾਵਾ ਮਾਹਰ ਡਾਕਟਰਾਂ ਵੱਲੋਂ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਤਕਸੀਮ ਕੀਤੀਆਂ।ਇਸ ਤੋਂ ਇਲਾਵਾ ਪੰਜਾਬ ਦੇ ਵੱਖ-ਵੱਖ ਪਿੰਡਾਂ ਵੱਲੋਂ ਖੀਰ, ਜਲੇਬੀਆਂ, ਮਠਿਆਈਆਂ, ਪਕੌੜਿਆਂ, ਠੰਡੇ ਮਿੱਠੇ ਜਲ ਦੀਆਂ ਛਬੀਲਾਂ ਤੇ ਲੰਗਰ ਲਗਾਏ ਗਏ।ਇਸ ਸਮਾਗਮ ਦੌਰਾਨ ਸਮੁੱਚੇ ਸਟੇਜ ਦੀ ਭੂਮਿਕਾ ਭਾਈ ਇਕਬਾਲ ਸਿੰਘ ਲੰਗਿਆਣਾ ਵੱਲੋਂ ਬਖ਼ੂਬੀ ਨਿਭਾਈ ਗਈ।ਸਮਾਗਮ ਦੇ ਅੰਤ ਵਿੱਚ ਬਾਬਾ ਗੁਰਦੀਪ ਸਿੰਘ ਜੀ ਵੱਲੋਂ ਵੱਖ-ਵੱਖ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਗਿਆ ਤੇ ਅਰਦਾਸ ਉਪਰੰਤ ਸਮਾਗਮ ਦੀ ਸਮਾਪਤੀ ਹੋਈ।

# ਐੱਫ ਐੱਸ ਐੱਫ ਟੀ ਆਈ ਦੀ ਰਾਜਸਥਾਨ ਚੈਪਟਰ ਮੀਟ ਜੈਪੁਰ 'ਚ, 50 ਤੋਂ ਵੱਧ ਕਾਲਜ ਜੁੜੇ

## ਡਾ. ਅੰਸ਼ੂ ਕਟਾਰੀਆ ਨੇ ਦੇਸ਼ ਭਰ ਦੇ ਤਕਨੀਕੀ ਕਾਲਜਾਂ ਨੂੰ ਇਕੱਠੇ ਹੋਣ ਦੀ ਅਪੀਲ



**ਰਾਜਪੁਰਾ (ਰਮੇਸ਼ ਕਟਾਰੀਆ)**
ਫੈਡਰੇਸ਼ਨ ਆਫ ਸੈਲਫ ਫਾਇਨੈਂਸਿੰਗ ਟੈਕਨੀਕਲ ਇੰਸਟੀਟਿਊਸ਼ਨਜ਼ (ਐੱਫ ਐੱਸ ਐੱਫ ਟੀ ਆਈ) ਦੀ ਆਲ ਇੰਡੀਆ ਰਾਜਸਥਾਨ ਚੈਪਟਰ ਮੀਟ ਜੈਪੁਰ ਵਿੱਚ ਕਰਵਾਈ ਗਈ, ਜਿਸ ਵਿੱਚ ਰਾਜਸਥਾਨ ਦੇ 50 ਤੋਂ ਵੱਧ ਕਾਲਜਾਂ ਨੇ ਐੱਫ ਐੱਸ ਐੱਫ ਟੀ ਆਈ ਨਾਲ ਜੁੜ ਕੇ ਦੇਸ਼ ਦੇ ਸਵੈ-ਵਿੱਤੀ ਤਕਨੀਕੀ ਸੰਸਥਾਨਾਂ ਵਿਚਕਾਰ ਸਹਿਯੋਗ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਿਆ।

ਐੱਫ ਐੱਸ ਐੱਫ ਟੀ ਆਈ ਦੇ ਪ੍ਰਧਾਨ, ਪੰਜਾਬ ਅਨਏਡਡ ਕਾਲਜਜ਼ ਐਸੋਸੀਏਸ਼ਨ (ਪੁੱਕਾ) ਦੇ ਪ੍ਰਧਾਨ ਤੇ ਆਰੀਅਨ ਗਰੁੱਪ ਆਫ ਕਾਲਜਜ਼ ਚੰਡੀਗੜ੍ਹ ਦੇ ਚੇਅਰਮੈਨ ਡਾ. ਅੰਸ਼ੂ ਕਟਾਰੀਆ ਇਸ ਮੀਟ ਵਿੱਚ ਸ਼ਾਮਲ ਹੋਏ ਤੇ ਹਾਜ਼ਰ ਲੋਕਾਂ ਨੂੰ ਸੰਬੋਧਨ ਕਰਦਿਆਂ ਦੇਸ਼ ਭਰ ਦੇ ਤਕਨੀਕੀ ਸੰਸਥਾਨਾਂ ਵਿਚਕਾਰ ਏਕਤਾ ਦੀ ਲੋੜ 'ਤੇ ਜ਼ੋਰ ਦਿੱਤਾ।ਮੀਟਿੰਗ ਦੌਰਾਨ ਡਾ. ਅਰਵਿੰਦ ਅਗਰਵਾਲ ਨੂੰ ਐੱਫ ਐੱਸ ਐੱਫ ਟੀ ਆਈ ਰਾਜਸਥਾਨ ਚੈਪਟਰ ਦਾ ਚੇਅਰਮੈਨ ਨਾਮਜ਼ਦ ਕੀਤਾ ਗਿਆ।ਇਸ ਨਾਮਜ਼ਦਗੀ ਨੂੰ ਸਾਰੇ ਹਾਜ਼ਰ ਮੈਂਬਰਾਂ ਵੱਲੋਂ ਹੱਥ ਚੁੱਕ ਕੇ ਇਕਸੁਰ ਵਿੱਚ ਮਨਜ਼ੂਰੀ ਦਿੱਤੀ ਗਈ।ਇਸ ਮੌਕੇ ਮੌਜੂਦ ਪ੍ਰਮੁੱਖ ਹਸਤੀਆਂ ਵਿੱਚ ਡਾ. ਰੇਵ ਕੇਵੀਕੇ ਰਾਵ, ਜਨਰਲ ਸਕੱਤਰ ਐੱਫ ਐੱਸ ਐੱਫ ਟੀ ਆਈ, ਐਡਵੋਕੇਟ ਅਮਿਤ ਸ਼ਰਮਾ ਸੀਨੀਅਰ ਵਾਈਸ ਪ੍ਰਧਾਨ ਪੁੱਕਾ, ਸ੍ਰੀ ਜਨਕ ਖੰਡਵਾਲਾ ਪ੍ਰਧਾਨ ਐਸੋਸੀਏਸ਼ਨ ਆਫ ਸੈਲਫ ਫਾਇਨੈਂਸ ਕਾਲਜਜ਼ ਗੁਜਰਾਤ, ਪੂਜਾ ਅਗਰਵਾਲ (ਆਰਯਾ ਕਾਲਜ), ਸ਼੍ਰੀ ਸ਼੍ਰੀਧਰ ਸਿੰਘ ਤੇ ਸ਼੍ਰੀ ਵਿਕਰਮ ਕਾਵਿਆ ਸਮੇਤ ਹੋਰ ਗਣਮਾਨਯ ਵਿਅਕਤੀ ਸ਼ਾਮਲ ਸਨ।ਸਭਾ ਨੂੰ ਸੰਬੋਧਨ ਕਰਦਿਆਂ ਡਾ. ਅੰਸ਼ੂ ਕਟਾਰੀਆ ਨੇ ਕਿਹਾ ਕਿ ਜੇ ਦੇਸ਼ ਭਰ ਦੇ ਲਗਭਗ 8,000 ਤਕਨੀਕੀ ਕਾਲਜ ਇੱਕ ਸਾਂਝੇ ਮੰਚ 'ਤੇ ਇਕੱਠੇ ਹੋ ਜਾਣ ਤਾਂ ਸਿੱਖਿਆ ਖੇਤਰ ਵਿੱਚ ਵੱਡਾ ਬਦਲਾਅ ਆ ਸਕਦਾ ਹੈ।ਉਨ੍ਹਾਂ ਕਿਹਾ ਕਿ ਮਜ਼ਬੂਤ ਸਹਿਯੋਗ ਨਾਲ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਿਆਂਦਾ ਜਾ ਸਕਦਾ ਹੈ ਤੇ ਭਾਰਤ ਨੂੰ 2040 ਤੱਕ ਵਿਸ਼ਵ ਮਹਾਸੱਤਾ ਬਣਾਉਣ ਦੇ ਸਰਕਾਰੀ ਵਿਜ਼ਨ ਨੂੰ ਵੀ ਮਜ਼ਬੂਤੀ ਮਿਲੇਗੀ। ਐੱਫ ਐੱਸ ਐੱਫ ਟੀ ਆਈ ਰਾਜਸਥਾਨ ਚੈਪਟਰ ਦੇ ਚੇਅਰਮੈਨ ਚੁਣੇ ਜਾਣ ਤੋਂ ਬਾਅਦ ਡਾ. ਅਰਵਿੰਦ ਅਗਰਵਾਲ ਨੇ ਸਾਰੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਐੱਫ ਐੱਸ ਐੱਫ ਟੀ ਆਈ ਦੇ ਅਧੀਨ ਹੋਰ ਵੱਧ ਤੋਂ ਵੱਧ ਕਾਲਜਾਂ ਨੂੰ ਇਕੱਠਾ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰਨ।

# 'ਪੰਜਾਬ ਬਚਾਓ' ਰੈਲੀ ਦਾ ਇਕੱਠ ਵਿਰੋਧੀਆਂ ਲਈ ਚਿੰਤਾ ਦਾ ਕਾਰਨ ਬਣਿਆ : ਅਕਾਲੀ ਆਗੂ

## ਰੈਲੀ 'ਚ ਉਮੜੀ ਭੀੜ ਨੇ ਜਥੇਦਾਰ ਮਾਹਲਾ ਦੀ ਜਿੱਤ 'ਤੇ ਮੋਹਰ ਲਾਈ : ਗੋਇਲ, ਕਾਲੇਕੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਬਾਘਾ ਪੁਰਾਣਾ ਵਿਖੇ ਕਰਵਾਈ ਗਈ 'ਪੰਜਾਬ ਬਚਾਓ' ਰੈਲੀ ਦੌਰਾਨ ਹੋਏ ਵੱਡੇ ਇਕੱਠ ਨੇ ਰਾਜਨੀਤਕ ਹਲਕਿਆਂ ਵਿੱਚ ਚਰਚਾ ਦਾ ਵਿਸ਼ਾ ਬਣ ਗਿਆ ਹੈ।ਇਸ ਸਬੰਧੀ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਅਕਾਲੀ ਆਗੂ ਪਵਨ ਗੋਇਲ, ਸੀਨੀਅਰ ਆਗੂ ਤਰਲੋਚਨ ਸਿੰਘ ਕਾਲੇਕੇ, ਸ਼ਹਿਰੀ ਪ੍ਰਧਾਨ ਰਣਜੀਤ ਸਿੰਘ ਚੀਤੇ ਤੇ ਯੂਥ ਅਕਾਲੀ ਆਗੂ ਜਗਸੀਰ ਸਿੰਘ ਸਿੱਧੂ ਸੀਰੂ ਨੇ ਕਿਹਾ ਕਿ ਰੈਲੀ ਦੌਰਾਨ ਹੋਇਆ ਆਪ-ਮੁਹਾਰਾ ਇਕੱਠ ਵਿਰੋਧੀ ਪਾਰਟੀਆਂ ਨੂੰ ਦੰਦਲਾਂ ਪਾ ਗਿਆ ਹੈ।ਉਨ੍ਹਾਂ ਕਿਹਾ ਕਿ ਬਾਘਾ ਪੁਰਾਣਾ ਦੀ ਅਨਾਜ ਮੰਡੀ ਵਿੱਚ ਹੋਈ ਇਸ ਰੈਲੀ ਵਿੱਚ ਲੋਕਾਂ ਦੀ ਵੱਡੀ ਭਾਗੀਦਾਰੀ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਲੋਕ ਸ਼੍ਰੋਮਣੀ ਅਕਾਲੀ ਦਲ ਦੀ ਨੀਤੀਆਂ ਤੇ ਲੀਡਰਸ਼ਿਪ 'ਤੇ ਭਰੋਸਾ ਜਤਾ ਰਹੇ ਹਨ।ਆਗੂਆਂ ਨੇ ਕਿਹਾ ਕਿ ਰੈਲੀ ਵਿੱਚ ਉਮੜੀ ਭੀੜ ਨੇ ਇਹ ਵੀ ਸਾਬਿਤ ਕਰ ਦਿੱਤਾ ਹੈ ਕਿ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਲੋਕਾਂ ਵਿੱਚ ਮਜ਼ਬੂਤ ਪਕੜ ਹੈ ਤੇ ਆਉਣ ਵਾਲੇ ਸਮੇਂ ਵਿੱਚ ਉਨ੍ਹਾਂ ਦੀ ਜਿੱਤ 'ਤੇ ਵੀ ਮੋਹਰ ਲੱਗ ਚੁੱਕੀ ਹੈ। ਅਕਾਲੀ ਆਗੂਆਂ ਨੇ ਦੱਸਿਆ ਕਿ ਪੰਜਾਬ ਦੇ ਹਰ ਕੋਨੇ ਤੋਂ ਲੋਕ ਸ਼੍ਰੋਮਣੀ ਅਕਾਲੀ ਦਲ ਦੀਆਂ ਰੈਲੀਆਂ ਵਿੱਚ ਸ਼ਾਮਲ ਹੋ ਰਹੇ ਹਨ, ਜੋ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਲੋਕਪ੍ਰਿਯਤਾ ਦਾ ਨਤੀਜਾ ਹੈ।ਉਨ੍ਹਾਂ ਕਿਹਾ ਕਿ 'ਪੰਜਾਬ ਬਚਾਓ' ਰੈਲੀ ਨੇ ਸਾਬਿਤ ਕਰ ਦਿੱਤਾ ਹੈ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀਆਂ ਨਾਕਾਮ ਨੀਤੀਆਂ ਤੋਂ ਤੰਗ ਆ ਚੁੱਕੇ ਹਨ ਤੇ ਬਦਲਾਅ ਦੀ ਇੱਛਾ ਰੱਖਦੇ ਹਨ।ਰੈਲੀ ਦੌਰਾਨ ਲੋਕਾਂ ਨੇ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ 'ਤੇ ਭਰੋਸਾ ਜਤਾਉਂਦਿਆਂ ਵੱਡੀ ਗਿਣਤੀ ਵਿੱਚ ਹਾਜ਼ਰੀ ਲਗਾਈ, ਜਿਸ ਨਾਲ ਪਾਰਟੀ ਵਰਕਰਾਂ ਵਿੱਚ ਨਵਾਂ ਜੋਸ਼ ਪੈਦਾ ਹੋਇਆ ਹੈ। ਆਗੂਆਂ ਨੇ ਅੰਤ ਵਿੱਚ ਕਿਹਾ ਕਿ ਬਾਘਾ ਪੁਰਾਣਾ ਦੀ ਰੈਲੀ ਸਿਰਫ਼ ਇੱਕ ਰਾਜਨੀਤਕ ਪ੍ਰੋਗਰਾਮ ਨਹੀਂ ਸੀ, ਬਲਕਿ ਇਹ ਲੋਕਾਂ ਦੇ ਜਜ਼ਬੇ ਤੇ ਸ਼੍ਰੋਮਣੀ ਅਕਾਲੀ ਦਲ ਪ੍ਰਤੀ ਵਿਸ਼ਵਾਸ ਦਾ ਪ੍ਰਤੀਕ ਬਣ ਕੇ ਸਾਹਮਣੇ ਆਈ ਹੈ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਪਾਰਟੀ ਨੂੰ ਇਸੇ ਤਰ੍ਹਾਂ ਲੋਕਾਂ ਦਾ ਪਿਆਰ ਤੇ ਸਮਰਥਨ ਮਿਲਦਾ ਰਹੇਗਾ।

# ਵਕੀਲਾਂ ਦਾ ਧਰਨਾ ਹੋਇਆ ਤੀਸਰੇ ਦਿਨ 'ਚ ਸ਼ਾਮਲ, ਹੱਲ ਨਾ ਹੋਣ ਦੀ ਸੂਰਤ 'ਚ ਸੀ ਐੱਮ ਦੇ ਧਿਆਨ 'ਚ ਲਿਆਂਦਾ ਜਾਵੇਗਾ



**ਜਲਾਲਾਬਾਦ (ਬਲਵਿੰਦਰ ਸਿੰਘ, ਰਣਬੀਰ ਕੌਰ ਢਾਬਾਂ)**-ਬਾਰ ਐਸੋਸੀਏਸ਼ਨ ਜਲਾਲਾਬਾਦ ਵੱਲੋਂ ਐਸ ਡੀ ਐਮ ਦਫਤਰ ਸਾਹਮਣੇ ਦਿੱਤਾ ਜਾ ਰਿਹਾ ਧਰਨਾ ਸੋਮਵਾਰ ਤੀਸਰੇ ਦਿਨ ਵਿੱਚ ਸ਼ਾਮਲ ਹੋ ਗਿਆ। ਮੀਡੀਏ ਨਾਲ ਗੱਲਬਾਤ ਕਰਦੇ ਹੋਏ ਬਾਰ ਐਸੋਸੀਏਸ਼ਨ ਜਲਾਲਾਬਾਦ ਦੇ ਪ੍ਰਧਾਨ ਐਡਵੋਕੇਟ ਅਸ਼ੋਕ ਕੰਬੋਜ, ਸਕੱਤਰ ਐਡਵੋਕੇਟ ਸ਼ਾਂਤਮ ਮੁੰਜਾਲ, ਉੱਪ ਪ੍ਰਧਾਨ ਐਡਵੋਕੇਟ ਅਮਨ ਹਾਂਡਾ, ਸਹਾਇਕ ਸਕੱਤਰ ਅਕਸ਼ੇ ਪਪਨੇਜਾ ਤੇ ਖਜ਼ਾਨਚੀ ਐਡਵੋਕੇਟ ਸੁਨੀਲ ਵਾਰਵਲ ਦੱਸਿਆ ਕਿ ਤਹਿਸੀਲਦਾਰ ਜਲਾਲਾਬਾਦ ਵੱਲੋਂ ਇੱਕ ਵਕੀਲ ਨਾਲ ਦੁਰਵਿਹਾਰ ਕਰਨ ਤੇ ਪੁਲਸ ਨਾਲ ਲਟਕਦੇ ਮਾਮਲੇ ਹੱਲ ਨਾ ਕਰਨ ਦੇ ਰੋਸ ਵਜੋਂ ਧਰਨਾ ਦਿੱਤਾ ਜਾ ਰਿਹਾ ਹੈ।ਧਰਨੇ ਦੇ ਤੀਸਰੇ ਦਿਨ ਕਿਸੇ ਵੀ ਸਿਵਲ ਜਾਂ ਪੁਲਸ ਅਧਿਕਾਰੀ ਵੱਲੋਂ ਉਨ੍ਹਾਂ ਨਾਲ ਗੱਲ ਕਰਕੇ ਕੋਈ ਵੀ ਰਾਸਤਾ ਨਾ ਕੱਢਣ 'ਤੇ ਗੁੱਸੇ ਵਿੱਚ ਆਏ ਹੋਏ ਵਕੀਲਾਂ ਨੇ ਐਲਾਨ ਕੀਤਾ ਕਿ ਜੇਕਰ ਸਾਡੀ ਸੁਣਵਾਈ ਨਹੀਂ ਹੁੰਦੀ ਤਾਂ ਉਹ ਜਲਾਲਾਬਾਦ ਵਿੱਚ ਆ ਰਹੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਆਮਦ 'ਤੇ ਉਕਤ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਲਿਆ ਜਾਏਗਾ ਤਾਂ ਜੋ ਪੰਜਾਬ ਦੇ ਮੁੱਖ ਮੰਤਰੀ ਨੂੰ ਪਤਾ ਲੱਗ ਸਕੇ ਕਿ ਕੀ ਉਨ੍ਹਾਂ ਵੱਲੋਂ ਚੰਗੇ ਪ੍ਰਸ਼ਾਸਨ ਦੇਣ ਦੇ ਦਾਅਵੇ ਹੇਠਲੇ ਪੱਧਰ 'ਤੇ ਖੋਖਲੇ ਸਾਬਿਤ ਹੋ ਰਹੇ ਹਨ।ਵਕੀਲ ਭਾਈਚਾਰੇ ਨੇ ਉਸ ਰੋਸ ਜਤਾਉਂਦੇ ਹੋਏ ਕਿਹਾ ਕਿ ਜੇਕਰ ਸਮਾਜ ਵਿੱਚ ਵਕੀਲਾਂ ਨੂੰ ਇਨਸਾਫ ਲੈਣ ਲਈ ਧਰਨੇ ਰੋਸ ਪ੍ਰਦਰਸ਼ਨ ਕਰਨੇ ਪੈਣਗੇ, ਤਾਂ ਆਮ ਲੋਕਾਂ ਦਾ ਕੀ ਬਣੇਗਾ? ਉਨ੍ਹਾਂ ਨੇ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਜਾਇਜ਼ ਮਾਮਲਿਆਂ ਨੂੰ ਤੁਰੰਤ ਸੰਜੀਦਗੀ ਨਾਲ ਲੈਂਦਿਆਂ ਹੱਲ ਕਰਵਾਇਆ ਜਾਵੇ, ਤਾਂ ਕਿ ਆਮ ਲੋਕਾਂ ਦੀ ਵੀ ਖੱਜਲ ਖੁਆਰੀ ਹੋਣ ਤੋਂ ਰੋਕੀ ਜਾ ਸਕੇ।ਦੱਸ ਦਈਏ ਕਿ ਪਿਛਲੇ ਦੋ ਦਿਨਾਂ ਤੋਂ ਅੱਜ ਤੀਸਰੇ ਦਿਨ ਲਗਾਤਾਰ ਅਦਾਲਤਾਂ ਦਾ ਕੰਮਕਾਜ ਬੰਦ ਚੱਲ ਰਿਹਾ ਹੈ ਤੇ ਆਉਣ ਵਾਲੇ ਕਲਾਇੰਟ ਵਕੀਲਾਂ ਦੀ ਮਜਬੂਰੀ ਕਾਰਨ ਪ੍ਰੇਸ਼ਾਨ ਹੋ ਰਹੇ ਹਨ।

## ਮਿਮਿਟ ਮਲੋਟ ਦੇ ਵਿਦਿਆਰਥੀਆਂ ਵੱਲੋਂ ਸਾਫਟਵੇਅਰ ਕੰਪਨੀ ਦਾ ਉਦਯੋਗਿਕ ਦੌਰਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਮਲੋਟ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨਾਲੋਜੀ ਦੇ ਕੰਪਿਊਟਰ ਸਾਇੰਸ ਤੇ ਇੰਜੀਨੀਅਰਿੰਗ ਵਿਭਾਗ ਨੇ ਮੀਂਡਰ ਸਾਫਟਵੇਅਰ ਪ੍ਰਾਈਵੇਟ ਲਿਮਿ:, ਮੋਹਾਲੀ ਦਾ ਉਦਯੋਗਿਕ ਦੌਰਾ ਕੀਤਾ।ਸੀ ਐਸ ਈ ਵਿਭਾਗ ਦੇ 6ਵੇਂ ਸਮੈਸਟਰ ਦੇ ਲਗਭਗ 100 ਵਿਦਿਆਰਥੀਆਂ ਨੇ ਇਸ ਦੌਰੇ ਵਿੱਚ ਹਿੱਸਾ ਲਿਆ।ਦੌਰੇ ਦਾ ਉਦੇਸ਼ ਵਿਦਿਆਰਥੀਆਂ ਨੂੰ ਸਾਫਟਵੇਅਰ ਉਦਯੋਗ ਦੇ ਕੰਮ ਕਰਨ ਵਾਲੇ ਵਾਤਾਵਰਣ ਬਾਰੇ ਵਿਹਾਰਕ ਜਾਣਕਾਰੀ ਪ੍ਰਦਾਨ ਕਰਨਾ ਤੇ ਤਕਨਾਲੋਜੀ ਦੇ ਅਸਲ-ਸੰਸਾਰ ਉਪਯੋਗਾਂ ਬਾਰੇ ਉਨ੍ਹਾਂ ਦੀ ਸਮਝ ਨੂੰ ਵਧਾਉਣਾ ਸੀ।ਫੇਰੀ ਦੌਰਾਨ ਵਿਦਿਆਰਥੀਆਂ ਨੇ ਕੰਪਨੀ ਦੇ ਪੇਸ਼ੇਵਰਾਂ ਨਾਲ ਗੱਲਬਾਤ ਕੀਤੀ ਤੇ ਸਾਫਟਵੇਅਰ ਵਿਕਾਸ, ਪ੍ਰੋਜੈਕਟ ਪ੍ਰਬੰਧਨ ਅਤੇ ਮੌਜੂਦਾ ਉਦਯੋਗ ਅਭਿਆਸਾਂ ਦੇ ਵੱਖ-ਵੱਖ ਪਹਿਲੂਆਂ ਬਾਰੇ ਕੀਮਤੀ ਸਮਝ ਪ੍ਰਾਪਤ ਕੀਤੀ।ਵਿਦਿਆਰਥੀਆਂ ਦੇ ਨਾਲ ਸੀ ਐਸ ਈ ਵਿਭਾਗ ਤੋਂ ਫੈਕਲਟੀ ਮੈਂਬਰ ਡਾ. ਕੁਲਵੀਰ ਸਿੰਘ, ਇੰਜੀਨੀਅਰ ਹਰਜਸਦੀਪ ਸਿੰਘ, ਇੰਜੀਨੀਅਰ ਸੋਨੂ ਰਾਣੀ ਅਤੇ ਇੰਜੀਨੀਅਰ ਗੁਰਪ੍ਰੀਤ ਕੌਰ ਵੀ ਸਨ।ਵਿਭਾਗ ਦੀ ਮੁਖੀ ਡਾ. ਸੋਨੀਆ ਸ਼ਰਮਾ ਨੇ ਕਿਹਾ ਕਿ ਵਿਭਾਗ ਵੱਖ-ਵੱਖ ਸਾਲਾਂ ਦੇ ਵਿਦਿਆਰਥੀਆਂ ਲਈ ਹਰ ਸਮੈਸਟਰ ਵਿੱਚ ਨਿਯਮਿਤ ਤੌਰ 'ਤੇ ਅਜਿਹੇ ਉਦਯੋਗਿਕ ਦੌਰੇ ਆਯੋਜਿਤ ਕਰਦਾ ਹੈ ਤਾਂ ਜੁ ਉਹ ਵਿਹਾਰਕ ਐਕਸਪੋਜ਼ਰ ਪ੍ਰਾਪਤ ਕਰ ਸਕਣ ਤੇ ਉਦਯੋਗਿਕ ਸਿਖਲਾਈ ਅਤੇ ਇੰਟਰਨਸ਼ਿਪ ਨਾਲ ਸਬੰਧਤ ਮੌਕਿਆਂ ਦੀ ਬਿਹਤਰ ਸਮਝ ਪ੍ਰਾਪਤ ਕਰ ਸਕਣ।ਸੰਸਥਾ ਦੇ ਡਾਇਰੈਕਟਰ ਡਾ. ਜਸਕਰਨ ਸਿੰਘ ਭੁੱਲਰ ਨੇ ਵਿਦਿਆਰਥੀਆਂ ਲਈ ਅਜਿਹੀਆਂ ਜਾਣਕਾਰੀ ਭਰਪੂਰ ਤੇ ਉਦਯੋਗ-ਮੁਖੀ ਗਤੀਵਿਧੀਆਂ ਦਾ ਆਯੋਜਨ ਕਰਨ ਲਈ ਵਿਭਾਗ ਤੇ ਇਸਦੇ ਫੈਕਲਟੀ ਮੈਂਬਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਪੰਜਾਬ ਸਰਕਾਰ ਸਫਾਈ ਸੇਵਕਾਂ ਨੂੰ ਪੱਕਾ ਕਰੇ : ਨਰੇਸ਼ ਬੋਹਤ

**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀਯ ਵਾਲਮੀਕਿ ਧਰਮ ਧਰਮ ਸਮਾਜ ਭਾਵਾਧਸ ਸੰਗਠਨ ਮੋਗਾ ਦੇ ਪ੍ਰਧਾਨ ਨਰੇਸ਼ ਬੋਹਤ ਦੀ ਅਗਵਾਈ ਹੇਠ ਇੱਕ ਸਨਮਾਨ ਸਮਾਰੋਹ ਕੀਤਾ ਗਿਆ।ਇਸ ਮੌਕੇ ਵਾਲਮੀਕਿ ਧਰਮ ਸਮਾਜ ਭਾਵਾਧਸ ਦੇ ਪ੍ਰਧਾਨ ਨਰੇਸ਼ ਬੋਹਤ ਨੇ ਦੱਸਿਆ ਕਿ ਸਫਾਈ ਸੇਵਕ ਯੂਨੀਅਨ ਪੰਜਾਬ ਦੇ ਪ੍ਰਧਾਨ ਸ੍ਰੀ ਅਸ਼ੋਕ ਕੁਮਾਰ ਸਰਵਾਨ, ਪੰਜਾਬ ਦੇ ਸਕੱਤਰ ਰਮੇਸ਼ ਗਿਆਚੰਦ, ਕੁਲਦੀਪ ਸ਼ਰਮਾ, ਸੋਮਨਾਥ ਚੋਬੜ ਪ੍ਰਧਾਨ ਸਵੀਪਰ ਯੂਨੀਅਨ ਮੋਗਾ, ਚੇਅਰਮੈਨ ਰਜਿੰਦਰ ਬੋਹਤ ਗੰਗੂ, ਸਕੱਤਰ ਵਿਸ਼ਵ ਨਾਥ, ਕੇਸ਼ੀਅਰ ਅਜੇ ਕੁਮਾਰ, ਸੁਰੇਸ਼ ਕੁਮਾਰ, ਜਸਵੀਰ ਸਿੰਘ ਗਿੱਲ, ਸਿਕੰਦਰ, ਸੋਵਰਾਜ, ਸੰਜੀਵ ਰੱਤੀ, ਹੰਸ ਰਾਜ, ਕੁਲਦੀਪ ਕਾਂਗੜਾ, ਤਰੁਣ ਗਿੱਲ, ਸੁਖਦੇਵ ਮਾਨਸਾ, ਸੁਭਾਸ਼ ਚੰਦਰ, ਕੁਲਦੀਪ ਸਿੰਘ, ਪਰਵੀਨ ਕੁਮਾਰ, ਵਿਜੇ ਕੁਮਾਰ, ਰਜਿੰਦਰ ਮੋੜ, ਗੁਲਸ਼ਨ ਬਰਨਾਲਾ, ਰਮੇਸ਼ ਟਾਕ, ਸੋਨੂ ਕੁਮਾਰ, ਪ੍ਰੇਮ ਸਰਵਾਨ, ਪ੍ਰਿੰਸ ਕੁਮਾਰ, ਪ੍ਰੇਮ ਬਹੁਤ, ਰਘੂਬੀਰ ਭਦੌੜ, ਜੋਗਿੰਦਰ ਭੁੱਲਰ, ਫਤਿਹ ਚੰਦ ਫਾਜ਼ਿਲਕਾ ਤੋਂ ਇਲਾਵਾ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਤੋਂ ਸਫਾਈ ਸੇਵਕ ਯੂਨੀਅਨ ਦੇ ਮੈਂਬਰ ਮੋਗਾ ਪਹੁੰਚੇ। ਭਾਰਤੀਯ ਵਾਲਮੀਕਿ ਧਰਮ ਸਮਾਜ ਭਾਵਾਧਸ ਵੱਲੋਂ ਉਨ੍ਹਾਂ ਨੂੰ ਸਿਰੋਪਾ ਪਹਿਨਾ ਕੇ ਸਨਮਾਨਤ ਕੀਤਾ ਗਿਆ। ਇਸ ਦੌਰਾਨ ਸਫਾਈ ਸੇਵਕ ਯੂਨੀਅਨ ਪੰਜਾਬ ਦੇ ਪ੍ਰਧਾਨ ਅਸ਼ੋਕ ਕੁਮਾਰ ਸਰਵਾਨ ਤੇ ਉਨ੍ਹਾਂ ਦੀ ਪੂਰੀ ਟੀਮ ਨੇ ਸਨਮਾਨ ਦੇਣ ਲਈ ਵਾਲਮੀਕਿ ਧਰਮ ਸਮਾਜ ਭਾਵਾਧਸ ਪ੍ਰਧਾਨ ਨਰੇਸ਼ ਬੋਹਤ ਦਾ ਧੰਨਵਾਦ ਕੀਤਾ। ਇਸ ਮੌਕੇ ਨਰੇਸ਼ ਬੋਹਤ ਪ੍ਰਧਾਨ ਨੇ ਸਫਾਈ ਸੇਵਕ ਯੂਨੀਅਨ ਪੰਜਾਬ ਦੇ ਮੈਂਬਰਾਂ ਨੂੰ ਕਿਹਾ ਕਿ ਉਹ ਹਮੇਸ਼ਾ ਆਪ ਦੇ ਨਾਲ ਹਨ, ਜਿੱਥੇ ਵੀ ਸਫਾਈ ਸੇਵਕ ਯੂਨੀਅਨ ਵੱਲੋਂ ਸੱਦਾ ਦਿੱਤਾ ਜਾਊਗਾ, ਉੱਥੇ ਅਸੀਂ ਉਨ੍ਹਾਂ ਦੇ ਨਾਲ ਖੜੇ ਹਾਂ। ਨਰੇਸ਼ ਬਹੁਤ ਪ੍ਰਧਾਨ ਨੇ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਨੂੰ ਅਪੀਲ ਕੀਤੀ ਕਿ ਕਈ ਸਾਲਾਂ ਤੋਂ ਪੱਕੇ ਹੋਣ ਦੀ ਆਸ ਨੂੰ ਲੈ ਕੇ ਕੱਚੇ ਸਫਾਈ ਸੇਵਕ ਤੇ ਸੀਵਰਮੈਨ, ਚੌਕੀਦਾਰ, ਇਲੈਕਟਰੀਸ਼ਨ, ਪੰਪ ਆਪ੍ਰੇਟਰ, ਕੰਪਿਊਟਰ ਆਪ੍ਰੇਟਰ, ਡਰਾਈਵਰ ਫਾਇਰ ਬ੍ਰਗੇਡ ਆਪ੍ਰੇਟਰ ਨੂੰ ਵੀ ਜਲਦੀ ਤੋਂ ਜਲਦੀ ਪੱਕਾ ਕੀਤਾ ਜਾਵੇ ਅਤੇ ਪੁਰਾਣੀ ਪੈਨਸ਼ਨ ਨੂੰ ਬਹਾਲ ਕੀਤਾ ਜਾਵੇ। ਇਸ ਦੌਰਾਨ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਤੋਂ ਪਹੁੰਚੇ ਸਫਾਈ ਸੇਵਕ ਯੂਨੀਅਨ ਦੇ ਅਹੁਦੇਦਾਰਾਂ ਨੂੰ ਸਿਰੋਪਾ ਪਹਿਨਾ ਕੇ ਸਨਮਾਨਤ ਕੀਤਾ ਗਿਆ।



## ਪੈਨਸ਼ਨ ਜਾਰੀ ਰੱਖਣ ਲਈ ਲਾਈਫ ਸਰਟੀਫਿਕੇਟ ਕਰਾਇਆ ਜਾਵੇ ਜਮ੍ਹਾਂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਵੱਲੋਂ ਸੇਵਾਮੁਕਤ ਪੈਨਸ਼ਨਰਾਂ ਦੀ ਸਹੂਲਤ ਤੇ ਪਾਰਦਰਸ਼ਤਾ ਲਈ ਡਿਜੀਟਲ ਲਾਈਫ ਸਰਟੀਫਿਕੇਟ (ਜੀਵਨ ਪ੍ਰਮਾਣ) ਜਮ੍ਹਾਂ ਕਰਾਉਣਾ ਲਾਜ਼ਮੀ ਕਰ ਦਿੱਤਾ ਗਿਆ ਹੈ।ਇਹ ਜਾਣਕਾਰੀ ਜ਼ਿਲ੍ਹਾ ਖਜ਼ਾਨਾ ਅਫ਼ਸਰ ਸ੍ਰੀ ਹਰਵਿੰਦਰ ਸਿੰਘ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਕਈ ਪੈਨਸ਼ਨਰਾਂ ਵੱਲੋਂ ਅਜੇ ਤੱਕ ਵੀ ਬੈਂਕਾਂ ਵਿੱਚ ਮੈਨੂਅਲ ਸਰਟੀਫਿਕੇਟ ਜਮ੍ਹਾਂ ਕਰਾਏ ਗਏ ਹਨ, ਜੋ ਹੁਣ ਮਾਨਤਾ ਪ੍ਰਾਪਤ ਨਹੀਂ ਹੋਣਗੇ।

ਆਪਣੀ ਪੈਨਸ਼ਨ ਨੂੰ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰੱਖਣ ਲਈ ਤੁਰੰਤ ਆਪਣਾ ਡਿਜ਼ੀਟਲ ਸਰਟੀਫਿਕੇਟ ਨਜ਼ਦੀਕੀ ਖਜ਼ਾਨਾ ਦਫ਼ਤਰ, ਸਬੰਧਤ ਬੈਂਕ ਦੀ ਬ੍ਰਾਂਚ ਜਾਂ ਸੇਵਾ ਕੇਂਦਰ, ਵਿਖੇ ਜਮ੍ਹਾਂ ਕਰਾਇਆ ਜਾ ਸਕਦਾ ਹੈ।ਇਸ ਤੋਂ ਇਲਾਵਾ ਡੋਰ-ਸਟੈਪ ਡਲਿਵਰੀ: ਤੁਸੀਂ ਰਾਜ ਸਰਕਾਰ ਦੀ 'ਘਰ ਬੈਠੇ ਸੇਵਾ' ਰਾਹੀਂ 1076 'ਤੇ ਕਾਲ ਕਰਕੇ ਵੀ ਇਸ ਸੁਵਿਧਾ ਦਾ ਲਾਭ ਲੈ ਸਕਦੇ ਹੋ।ਇਸੇ ਤਰ੍ਹਾਂ ਹੀ ਤੁਸੀਂ ਘਰ ਬੈਠੇ ਹੀ ਜੀਵਣ ਪ੍ਰਮਾਣ ਪੱਤਰ ਐਪ ਡਾਊਨਲੋਡ ਕਰਕੇ ਵੀ ਇਹ ਪ੍ਰਕਿਰਿਆ ਪੂਰੀ ਕਰ ਸਕਦੇ ਹੋ।

# 23 ਮਾਰਚ ਦਾ ਸ਼ਹੀਦੀ ਦਿਵਸ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਇਆ ਜਾਵੇਗਾ : ਆਗੂ

### ਐੱਸਕੇਐੱਮ, ਟ੍ਰੇਡ ਯੂਨੀਅਨਾਂ ਦੇ ਸਾਂਝੇ ਫਰੰਟ ਤੇ ਜਨਤਕ ਜਥੇਬੰਦੀਆਂ ਦੀ ਲੁਧਿਆਣਾ 'ਚ ਸਾਂਝੀ ਮੀਟਿੰਗ



**ਲੁਧਿਆਣਾ (ਐੱਮ ਐੱਸ ਭਾਟੀਆ)**-ਲੁਧਿਆਣਾ ਦੇ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਡੀ. ਪੀ. ਮੌੜ, ਰਘਵੀਰ ਸਿੰਘ ਬੈਨੀਪਾਲ, ਸੁਖਵਿੰਦਰ ਲੋਟੇ ਤੇ ਜਗਦੀਸ਼ ਚੰਦ ਦੀ ਪ੍ਰਧਾਨਗੀ ਹੇਠ ਸੰਯੁਕਤ ਕਿਸਾਨ ਮੋਰਚੇ, ਟਰੇਡ ਯੂਨੀਅਨਾਂ ਤੇ ਜਨਤਕ ਜਥੇਬੰਦੀਆਂ ਦੀ ਜ਼ਿਲ੍ਹਾ ਲੁਧਿਆਣਾ ਦੀ ਸਾਂਝੀ ਹੋਈ ਮੀਟਿੰਗ ਵਿੱਚ ਫੈਸਲਾ ਕੀਤਾ ਕਿ 23 ਮਾਰਚ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕਰਦਿਆਂ ਇਸ ਦਿਨ ਨੂੰ ਸਾਮਰਾਜ ਵਿਰੋਧੀ ਦਿਵਸ ਦੇ ਤੌਰ 'ਤੇ ਮਨਾਇਆ ਜਾਵੇਗਾ।ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਆਖਿਆ ਕਿ 23 ਮਾਰਚ 1931 ਨੂੰ ਅਜ਼ਾਦੀ ਦੇ ਪਰਵਾਨਿਆਂ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੇ ਸ਼ਹੀਦੀ ਪਾਪਤ ਕਰਨ ਤੋਂ ਪਹਿਲਾਂ ਸੁਪਨਾ ਲਿਆ ਸੀ ਕਿ ਸਾਡਾ ਦੇਸ਼ ਅਜ਼ਾਦ ਹੋ ਕੇ ਕਿਰਤੀ ਕਿਸਾਨਾਂ ਦੇ ਪੱਖ ਵਿੱਚ ਨੀਤੀਗਤ ਫੈਸਲੇ ਲਵੇਗਾ ਤੇ ਸਾਮਰਾਜੀ ਨੀਤੀਆਂ ਤੋਂ ਇੱਥੋਂ ਦੇ ਮਿਹਨਤਕਸ਼ ਲੋਕ ਮੁਕਤ ਹੋ ਜਾਣਗੇ।ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਮੁੜ ਦੇਸ਼ ਵਿੱਚ ਸਾਮਰਾਜੀ ਨੀਤੀਆਂ ਨੂੰ ਲਾਗੂ ਕਰਨ ਦੇ ਰਾਹ ਪਈ ਹੈ, ਜਿਸ ਨੂੰ ਰੋਕਣ ਲਈ 23 ਮਾਰਚ ਨੂੰ ਦੇਸ਼ ਭਰ ਦੇ ਲੋਕ ਸਾਮਰਾਜ ਵਿਰੋਧੀ ਦਿਵਸ ਦੇ ਤੌਰ 'ਤੇ ਮਨਾਉਣਗੇ।ਅੱਜ ਦੀ ਮੀਟਿੰਗ ਵਿੱਚ ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ ਦੀ ਆਲੋਚਨਾ ਵੀ ਕੀਤੀ।ਇਸ ਮੌਕੇ ਫੈਸਲਾ ਕੀਤਾ ਕਿ ਸਾਰੀਆਂ ਜਥੇਬੰਦੀਆਂ ਵੱਧ ਤੋਂ ਵੱਧ ਸਮਾਗਮ ਕਰਕੇ ਇਸ ਐਕਸ਼ਨ ਨੂੰ ਕਾਮਯਾਬ ਕਰਨਗੀਆਂ।ਇਸ ਮੌਕੇ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਹਰਨੇਕ ਸਿੰਘ ਗੁੱਜਰਵਾਲ, ਆਲ ਇੰਡੀਆ ਕਿਸਾਨ ਸਭਾ (1936) ਦੇ ਚਮਕੌਰ ਸਿੰਘ ਬਰਮੀ, ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਹਰਵਿੰਦਰ ਸਿੰਘ, ਸੀ ਟੀ ਯੂ ਪੰਜਾਬ ਦੇ ਬਲਰਾਮ, ਸੀਟੂ ਦੇ ਅਮਰਨਾਥ ਕੂੰਮਕਲਾਂ, ਸਮਰ ਬਹਾਦਰ, ਜੁਗਿੰਦਰ ਰਾਮ, ਰਾਮ ਲਾਲ, ਹਨੂੰ ਪ੍ਰਸ਼ਾਦ ਦੂਬੇ, ਮੋਲਡਰ ਐਂਡ ਸਟੀਲ ਵਰਕਰਜ ਯੂਨੀਅਨ ਦੇ ਹਰਜਿੰਦਰ ਸਿੰਘ, ਟੀ ਐੱਸ ਯੂ (ਭੰਗਲ) ਦੇ ਜਸਵਿੰਦਰ ਸਿੰਘ, ਜਮੀਰ ਹਸੈਨ ਆਦਿ ਹਾਜ਼ਰ ਸਨ।

## ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਸਾਮਰਾਜ ਮੁਰਦਾਬਾਦ ਤੇ ਇਨਕਲਾਬ ਜ਼ਿੰਦਾਬਾਦ ਦੇ ਨਾਅਰੇ ਹਕੀਕਤ 'ਚ ਪ੍ਰਨਾਉਣਾ ਜ਼ਰੂਰੀ : ਜਮਹੂਰੀ ਅਧਿਕਾਰ ਸਭਾ



**ਲੁਧਿਆਣਾ (ਸਤੀਸ਼ ਸਚਦੇਵਾ)**-23 ਮਾਰਚ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਸਾਮਰਾਜ ਮੁਰਦਾਬਾਦ ਤੇ ਇਨਕਲਾਬ ਜ਼ਿੰਦਾਬਾਦ ਦੇ ਨਾਹਰੇ ਨੂੰ ਹਕੀਕਤ ਵਿੱਚ ਪ੍ਰਨਾਉਣਾ ਜ਼ਰੂਰੀ- ਜਮਹੂਰੀ ਅਧਿਕਾਰ ਸਭਾ ਲੁਧਿਆਣਾ, 16 ਮਾਰਚ (ਲੁਧਿਆਣਾ) ਜਮਹੂਰੀ ਅਧਿਕਾਰ ਸਭਾ ਪੰਜਾਬ (ਜ਼ਿਲ੍ਹਾ ਲੁਧਿਆਣਾ) ਦੀ ਮੀਟਿੰਗ ਬੀਬੀ ਅਮਰ ਕੌਰ ਯਾਦਗਾਰੀ ਲਾਇਬ੍ਰੇਰੀ ਵਿਖੇ ਜਸਵੰਤ ਜੀਰਖ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ 23 ਮਾਰਚ ਦੇ ਸ਼ਹੀਦਾਂ ਦੀ ਦੇਸ਼ ਪ੍ਰਤੀ ਕੁਰਬਾਨੀ ਨੂੰ ਉਹਨਾਂ ਵੱਲੋਂ ਸਾਮਰਾਜ ਵਿਰੁੱਧ ਲਾਏ ਨਾਹਰੇ 'ਸਾਮਰਾਜ ਮੁਰਦਾਬਾਦ- ਇਨਕਲਾਬ ਜ਼ਿੰਦਾਬਾਦ' ਨੂੰ ਹਕੀਕੀ ਰੂਪ ਦੇਣ ਦੀ ਦਿਸ਼ਾ ਵੱਲ ਅੱਗੇ ਵਧਣ ਨੂੰ ਮੁੱਖ ਮੰਤਵ ਕਰਾਰ ਦਿੱਤਾ।ਸਭਾ ਦੇ ਸੂਬਾ ਪ੍ਰਧਾਨ ਪ੍ਰੋ ਜਗਮੋਹਨ ਸਿੰਘ ਵੱਲੋਂ ਦੇਸ਼ ਦੇ ਮੌਜੂਦਾ ਹਾਲਾਤਾਂ ਨੂੰ ਸਾਮਰਾਜੀ ਲੁੱਟ ਦੇ ਚੌਖਟੇ ਵਿੱਚ ਰੱਖਕੇ ਸਮਝਣਾ ਅਤੇ ਉਸ ਖ਼ਿਲਾਫ਼ ਅੱਗੇ ਵਧਣਾ ਹੀ ਸ਼ਹੀਦਾਂ ਨੂੰ ਸ਼ਰਧਾਂਜਲੀ ਹੋਵੇਗੀ।ਉਹਨਾਂ ਕਿਹਾ ਕਿ ਸ਼ਹੀਦਾਂ ਵੱਲੋਂ ਸਾਮਰਾਜ ਵਿਰੁੱਧ ਲਏ ਨਿਰਣੇ ਅੱਜ ਵੀ ਉਤਨੇ ਹੀ ਸਾਰਥਿਕ ਹਨ। ਮੀਟਿੰਗ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਇਸ ਦਿਨ ਨੂੰ ਸਾਮਰਾਜ ਵਿਰੋਧੀ ਦਿਨ ਵਜੋਂ ਮਨਾਉਣ ਨੂੰ ਸਹੀ ਕਦਮ ਕਰਾਰ ਦਿੱਤਾ। ਮੀਟਿੰਗ ਦੌਰਾਨ ਹੋਰ ਜਨਤਕ ਜਮਹੂਰੀ ਜੱਥੇਬੰਦੀਆਂ ਨੂੰ ਵੀ ਇਸ ਸੇਧ ਵੱਲ ਵਧਣ ਲਈ ਅੱਗੇ ਆਣ ਦਾ ਸੱਦਾ ਦਿੱਤਾ। ਇਸ ਦੌਰਾਨ ਉੱਘੇ ਤਰਕਸ਼ੀਲ ਆਗੂ ਅਵਤਾਰ ਸਿੰਘ ਬਾਈ ਦਾ ਇਨਕਲਾਬੀ-ਜਮਹੂਰੀ ਕਾਫ਼ਲਿਆਂ 'ਚੋਂ ਸਦੀਵੀ ਵਿੱਛੜਨ ਲਈ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ ਗਿਆ।ਉਨ੍ਹਾਂ ਦੇ ਮ੍ਰਿਤਕ ਸਰੀਰ ਨੂੰ ਡਾਕਟਰੀ ਖੋਜ ਕਾਰਜਾਂ ਲਈ ਈ ਐਸ ਆਈ ਹਸਪਤਾਲ ਲੁਧਿਆਣਾ ਨੂੰ ਭੇਟ ਕਰਨ ਲਈ ਪਰਵਾਰ ਦੇ ਫ਼ੈਸਲੇ ਦੀ ਪ੍ਰਸ਼ੰਸਾ ਕੀਤੀ ਗਈ।

# ਲੇਬਰ ਕਾਨੂੰਨਾਂ ਖਿਲਾਫ ਰੈਲੀ 'ਚ ਸ਼ਾਮਲ ਹੋਣਗੇ ਮਿੱਡ ਡੇ ਮੀਲ ਵਰਕਰ : ਪ੍ਰਵੀਨ ਕੁਮਾਰੀ

### ਇਲਾਕੇ ਅੰਦਰ ਮੀਟਿੰਗਾਂ ਦਾ ਦੌਰ ਜਾਰੀ



**ਲੁਧਿਆਣਾ (ਸਤੀਸ਼ ਸਚਦੇਵਾ)**

ਪੰਜਾਬ ਦੀਆਂ ਜਨਤਕ ਤੇ ਮਜ਼ਦੂਰ ਮੁਲਾਜ਼ਮ ਜਥੇਬੰਦੀਆਂ ਪੇਂਡੂ ਮਜ਼ਦੂਰ ਯੂਨੀਅਨ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਪੰਜਾਬ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਵੱਲੋਂ 22 ਮਾਰਚ ਦਾਣਾ ਮੰਡੀ ਜਲੰਧਰ ਬਾਈਪਾਸ ਲੁਧਿਆਣਾ ਵਿਖੇ ਹੋਣ ਜਾ ਰਹੀ ਰੈਲੀ ਤੇ ਮੁਜ਼ਾਹਰੇ ਵਿੱਚ ਮਿੱਡ ਡੇ ਮੀਲ ਵਰਕਰ ਯੂਨੀਅਨ ਦੀਆਂ ਵਰਕਰਾਂ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੀਆਂ।ਇਸ ਸਬੰਧੀ ਮੀਟਿੰਗ ਦੀ ਅਗਵਾਈ ਸੂਬਾਈ ਆਗੂ ਪ੍ਰਵੀਨ ਕੁਮਾਰੀ ਨੇ ਜਲੰਧਰ ਬਾਈਪਾਸ ਸਲੇਮ ਟਾਬਰੀ ਪਾਰਕ ਵਿਖੇ ਕੀਤੀ।ਇਸ ਮੌਕੇ ਉਨ੍ਹਾ ਜਾਣਕਾਰੀ ਦਿੰਦਿਆਂ ਕਿਹਾ ਕਿ ਉਕਤ ਕਾਨੂੰਨ ਕੇਂਦਰ ਸਰਕਾਰ 1 ਅਪ੍ਰੈਲ 2026 ਨੂੰ ਪੂਰੇ ਭਾਰਤ ਵਿੱਚ ਲਾਗੂ ਕਰਨ ਜਾ ਰਹੀ ਹੈ, ਜਿਸ ਨੂੰ ਕਿਸੇ ਵੀ ਕੀਮਤ ਉੱਪਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਮੌਕੇ ਡੀ ਟੀ ਐੱਫ ਦੇ ਰਮਨਜੀਤ ਸਿੰਘ ਸੰਧੂ, ਰੁਪਿੰਦਰਪਾਲ ਸਿੰਘ ਗਿੱਲ ਤੇ ਐੱਮ ਐੱਫ ਦੇ ਸੁਖਵਿੰਦਰ ਸਿੰਘ ਲੀਲ੍ਹ ਨੇ ਕਿਹਾ ਕਿ ਮਜ਼ਦੂਰਾਂ ਵੱਲੋਂ ਲੰਬੇ ਦਹਾਕਿਆਂ ਦੇ ਸੰਘਰਸ਼ਾਂ ਤੇ ਬੇਮਿਸਾਲ ਕੁਰਬਾਨੀਆਂ ਨਾਲ ਪ੍ਰਾਪਤ ਕੀਤੇ ਮਨੁੱਖੀ ਹੱਕਾਂ ਉੱਪਰ ਡਾਕਾ ਮਾਰ ਕੇ ਕਾਰਪੋਰੇਟ ਘੁਰਾਣਿਆਂ ਨੂੰ ਮੁਨਾਫਾ ਕਮਾਉਣ ਦੀ ਤਿਆਰੀ ਕਰ ਚੁੱਕੀ ਹੈ, ਜਿਸ ਨੂੰ ਕਿਸੇ ਹਾਲਾਤ ਅੰਦਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾ ਕਿਹਾ ਕਿ ਨਵੇਂ ਕਾਨੂੰਨਾਂ ਤਹਿਤ 8 ਘੰਟੇ ਦੀ ਥਾਂ 12-12 ਘੰਟੇ ਕੰਮ ਲੈਣਾ, ਮਿੱਡ ਡੇ ਮੀਲ ਵਰਕਰ, ਆਸ਼ਾ ਵਰਕਰ, ਆਂਗਣਵਾੜੀ ਵਰਕਰ ਤੇ ਹੋਰ ਵਰਕਰਾਂ ਨੂੰ ਘੱਟੋ ਘੱਟ ਤਨਖਾਹ ਤੋਂ ਬਾਹਰ ਕਰਨ ਅਤੇ ਹੱਕ ਮੰਗਣੇ, ਸੰਘਰਸ਼ ਕਰਨ ਨੂੰ ਅਪਰਾਧਿਕ ਸ਼੍ਰੇਣੀ ਵਿੱਚ ਸ਼ਾਮਲ ਕਰਨਾ ਆਦਿ ਨਵੇਂ ਕਾਨੂੰਨ ਰਾਹੀਂ ਮਜ਼ਦੂਰ ਵਰਗ ਨਾਲ ਧ੍ਰੋਹ ਕਮਾਇਆ ਜਾ ਰਿਹਾ ਹੈ।ਉਨ੍ਹਾ ਕਿਹਾ ਕਿ ਇਹ ਕਾਨੂੰਨ ਕਿਸੇ ਸਰਕਾਰਾਂ ਦੀ ਮਿਹਰਬਾਨੀ ਨਾਲ ਨਹੀਂ ਮਿਲੇ ਹਨ, ਸਗੋਂ ਹਰ ਕਾਨੂੰਨ ਲਗਾਤਾਰ ਲੜੇ ਗਏ ਸੰਘਰਸ਼ ਦਾ ਨਤੀਜਾ ਹੈ।ਆਗੂਆਂ ਨੇ ਦੱਸਿਆ ਕਿ ਬਿਜਲੀ ਸੋਧ ਬਿੱਲ 2025 ਲਾਗੂ ਹੋਣ ਨਾਲ ਖਪਤਕਾਰ ਦੀ ਨਿੱਜੀ ਕੰਪਨੀਆਂ ਵੱਲੋਂ ਮਨਮਰਜ਼ੀ ਨਾਲ ਲੁੱਟ ਕੀਤੀ ਜਾਵੇਗੀ।ਸਰਕਾਰੀ ਬਿਜਲੀ ਬੋਰਡ ਹੌਲੀ ਹੌਲੀ ਖਤਮ ਹੋ ਜਾਵੇਗਾ ਤੇ ਠੇਕਾ ਪ੍ਰਥਾ, ਕੱਚੀ ਨੌਕਰੀ, ਪੈਨਸ਼ਨ ਸੁਰੱਖਿਆ, ਯੂਨੀਅਨ ਬਣਾਉਣ ਦੇ ਅਧਿਕਾਰ ਖਤਰੇ ਵਿੱਚ ਪੈ ਜਾਣਗੇ।ਇਸੇ ਤਰ੍ਹਾਂ ਮਨਰੇਗਾ ਸਕੀਮ ਨੂੰ ਖਤਮ ਕਰਕੇ ਜੀ ਰਾਮ ਜੀ ਨੂੰ ਲਾਗੂ ਕਰਕੇ ਪੇਂਡੂ ਖੇਤਰਾਂ ਵਿੱਚ ਕੰਮ ਕਰਦੇ ਮਜ਼ਦੂਰਾਂ ਕੋਲ ਢਿੱਡ ਭਰਨ ਲਈ ਕੰਮ ਨਹੀਂ ਮਿਲੇਗਾ, ਕਿਉਂਕਿ 60-40 ਅਨੁਪਾਤ ਅਨੁਸਾਰ ਕਰਜ਼ੇ ਵਿੱਚ ਡੁੱਬੇ ਸੂਬੇ ਕੋਲੋਂ ਇਹ ਰਾਸ਼ੀ ਨਹੀਂ ਦਿੱਤੀ ਜਾਣੀ।ਇਸ ਮੌਕੇ ਇੰਦਰਜੀਤ ਕੌਰ, ਰਾਜ ਰਾਣੀ, ਜਸਵਿੰਦਰ ਕੌਰ, ਪੂਜਾ, ਪ੍ਰੀਤੀ, ਬਲਜੀਤ ਕੌਰ, ਸਰਬਜੀਤ ਕੌਰ, ਅਨੀਤਾ, ਸੁਨੀਤਾ ਆਦਿ ਹਾਜ਼ਰ ਸਨ।

## ਜਗੀਰ ਸਿੰਘ ਮੱਲ੍ਹੀ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਨਿਯੁਕਤ



**ਮੱਖੂ (ਰਛਪਾਲ ਸਿੰਘ ਸੰਧੂ)**-ਕੈਮਿਸਟ ਐਸੋਸੀਏਸ਼ਨ ਮੱਖੂ ਦੀ ਇੱਕ ਅਹਿਮ ਮੀਟਿੰਗ ਹੋਈ।ਇਸ ਮੀਟਿੰਗ ਵਿੱਚ ਮੱਖੂ ਦੇ ਸਮੂਹ ਕੈਮਿਸਟਾਂ ਵੱਲੋਂ ਭਾਗ ਲਿਆ ਗਿਆ।ਮੀਟਿੰਗ ਦੌਰਾਨ ਕੈਮਿਸਟਾਂ ਵੱਲੋਂ ਕੁੱਝ ਅਹਿਮ ਮਸਲੇ 'ਤੇ ਵਿਚਾਰਾਂ ਸਾਂਝੀਆਂ ਕੀਤੀਆਂ ਗਈਆਂ ਅਤੇ ਕੈਮਿਸਟ ਐਸੋਸੀਏਸ਼ਨ ਮੱਖੂ ਦੇ ਪ੍ਰਧਾਨ ਦੀ ਚੋਣ ਕਰਨ ਦਾ ਫੈਸਲਾ ਕੀਤਾ ਗਿਆ।ਕੈਮਿਸਟ ਐਸੋਸੀਏਸ਼ਨ ਮੱਖੂ ਦੇ ਪ੍ਰਧਾਨ ਦੀ ਚੋਣ ਦੌਰਾਨ ਸਮੂਹ ਕੈਮਿਸਟਾਂ ਵੱਲੋਂ ਜਗੀਰ ਸਿੰਘ ਮੱਲ੍ਹੀ ਨੂੰ ਸਰਬਸੰਮਤੀ ਨਾਲ ਕੈਮਿਸਟ ਐਸੋਸੀਏਸ਼ਨ ਮੱਖੂ ਦਾ ਪ੍ਰਧਾਨ ਚੁਣਿਆ ਗਿਆ।ਪ੍ਰਧਾਨਗੀ ਦੀ ਚੋਣ ਤੋਂ ਬਾਅਦ ਸਰਪ੍ਰਸਤ ਸੰਜੀਵ ਟੰਡਨ, ਜਨਰਲ ਸਕੱਤਰ ਰਾਜੀਵ ਆਹੂਜਾ ਤੇ ਖਜ਼ਾਨਚੀ ਸੰਦੀਪ ਖੁਰਾਨਾ ਚੁਣੇ ਗਏ।ਕੈਮਿਸਟ ਐਸੋਸੀਏਸ਼ਨ ਮੱਖੂ ਦੇ ਨਵਨਿਯੁਕਤ ਪ੍ਰਧਾਨ ਜਗੀਰ ਸਿੰਘ ਮੱਲ੍ਹੀ ਨੇ ਕਿਹਾ ਕਿ ਕੈਮਿਸਟ ਐਸੋਸੀਏਸ਼ਨ ਮੱਖੂ ਦੇ ਸਮੂਹ ਕੈਮਿਸਟਾਂ ਵੱਲੋਂ ਜੋ ਅਹੁਦੇਦਾਰੀ ਦਿੱਤੀ ਗਈ ਹੈ, ਉਹ ਆਪਣੀ ਅਹੁਦੇਦਾਰੀ ਤਨਦੇਹੀ ਨਾਲ ਨਿਭਾਉਣਗੇ ਤੇ ਕੈਮਿਸਟ ਐਸੋਸੀਏਸ਼ਨ ਮੱਖੂ ਨਾਲ ਮੋਢੇ ਨਾਲ ਮੋਢਾ ਲਾ ਕੇ ਚਲਣਗੇ।ਇਸ ਮੌਕੇ ਡਾ: ਗੋਵਰਧਨ ਸ਼ਰਮਾ, ਹਰਪ੍ਰੀਤ ਸਿੰਘ ਗੋਰਾ, ਵਿਪਨ ਖੁਰਾਣਾ, ਰਣਜੀਤ ਕੁਮਾਰ, ਹਰਜੀਤ ਸਿੰਘ, ਅੰਗਰੇਜ਼ ਸਿੰਘ, ਗੁਲਸ਼ਨ ਗਰੋਵਰ, ਇੰਦਰ ਗਰੋਵਰ, ਗੋਰਾ ਮੋਂਗਾ, ਸੰਦੀਪ ਖੁਰਾਣਾ, ਪਵਨ ਗਾਂਧੀ, ਸਾਹਿਲ ਖੁਰਾਣਾ, ਹਰਸ਼ ਕਾਲੜਾ, ਸੌਰਵ ਆਹੂਜਾ, ਨਰਿੰਦਰ ਸਿੰਘ ਗਾਂਧੀ, ਤਰਸੇਮ ਸਿੰਘ ਆਦਿ ਹਾਜ਼ਰ ਸਨ।

## ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਪੂਰਨ ਯਤਨਸ਼ੀਲ : ਸ਼ੰਟੀ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਟੇਟ ਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮਸ਼੍ਰੀ ਜਿਤੇਂਦਰ ਸਿੰਘ ਸ਼ੰਟੀ ਨੇ ਫਾਜ਼ਿਲਕਾ ਵਿਖੇ ਮਨੁੱਖੀ ਅਧਿਕਾਰ ਜਾਗਰੂਕਤਾ ਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਵਾਰਨ ਸਬੰਧੀ ਖੁੱਲ੍ਹੀ ਸੁਣਵਾਈ ਕੈਂਪ ਦੀ ਪ੍ਰਧਾਨਗੀ ਕੀਤੀ।ਇਸ ਮੌਕੇ ਜਿਤੇਂਦਰ ਸਿੰਘ ਸ਼ੰਟੀ ਨੇ ਜ਼ੋਰ ਦੇ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨ ਮਨੁੱਖੀ ਅਧਿਕਾਰਾਂ ਦੀ ਜਾਗਰੂਕਤਾ ਸਮੇਤ ਕਿਸੇ ਵੀ ਤਰ੍ਹਾਂ ਦੇ ਪੀੜਤਾਂ ਦੇ ਮਨੁੱਖੀ ਅਧਿਕਾਰਾਂ ਦੀ ਰਾਖੀ ਕਰਕੇ ਉਨ੍ਹਾਂ ਨੂੰ ਨਿਆਂ ਦਿਵਾਉਣ ਲਈ ਰਾਜ ਭਰ ਦੇ ਹਰ ਜ਼ਿਲ੍ਹੇ ਤੱਕ ਪਹੁੰਚ ਬਣਾ ਰਿਹਾ ਹੈ।ਉਨ੍ਹਾਂ ਕਮਿਸ਼ਨ ਵੱਲੋਂ ਲੋਕਾਂ ਦੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੋਣ ਉੱਤੇ ਸ਼ਿਕਾਇਤ ਕਰਨ ਲਈ ਵਟਸਐਪ ਨੰਬਰ 98554-75547 ਜਾਰੀ ਕਰਦਿਆਂ ਕਿਹਾ ਕਿ ਜੇਕਰ ਕਿਤੇ ਵੀ ਮਨੁੱਖੀ ਅਧਿਕਾਰਾਂ ਦਾ ਘਾਣ ਹੁੰਦਾ ਹੈ ਤਾਂ ਇਸ ਸਬੰਧੀ ਲਿਖਤੀ ਸ਼ਿਕਾਇਤ ਕਮਿਸ਼ਨ ਨੂੰ ਦਿੱਤੀ ਜਾਵੇ, ਜਿਸ 'ਤੇ ਯਕੀਨਨ ਕਾਰਵਾਈ ਹੋਵੇਗੀ।ਇਸ ਮੌਕੇ ਸ੍ਰ. ਸ਼ੰਟੀ ਨੇ ਦੱਸਿਆ ਕਿ ਕਮਿਸ਼ਨ ਵੱਲੋਂ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਨਵੀਆਂ ਹਦਾਇਤਾਂ ਜਾਰੀਆਂ ਕੀਤੀਆਂ ਜਾ ਚੁੱਕੀਆਂ ਹਨ।

ਉਨ੍ਹਾਂ ਦੱਸਿਆ ਕਿ ਕਮਿਸ਼ਨ ਵੱਲੋਂ ਰਾਜ ਭਰ ਦੇ ਸਾਰੇ ਜ਼ਿਲ੍ਹਿਆਂ ਵਿੱਚ 15 ਮੈਂਬਰੀ ਕੋਰ ਗਰੁੱਪਾਂ ਦਾ ਗਠਨ ਕੀਤਾ ਜਾ ਰਿਹਾ ਹੈ, ਤਾਂ ਕਿ ਪੀੜਤਾਂ ਨੂੰ ਤੁਰੰਤ ਨਿਆਂ ਦਿਵਾਇਆ ਜਾ ਸਕੇ।ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਦੇ ਮੁਖੀਆਂ, ਪਿੰਡਾਂ ਦੇ ਸਰਪੰਚਾਂ ਤੇ ਆਮ ਲੋਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਸੀਸੀਟੀਵੀ ਕੈਮਰੇ, ਹਸਪਤਾਲਾਂ ਦੇ ਹਾਲਾਤ, ਜੇਲ੍ਹਾਂ, ਥਾਣਿਆਂ, ਚੌਂਕੀਆਂ, ਕੁਦਰਤੀ ਕਰੋਪੀ ਸਬੰਧੀ ਤਿਆਰੀ, ਫਾਇਰ ਬ੍ਰਿਗੇਡ ਤੇ ਨਿੱਜੀ ਸ਼ਿਕਾਇਤਾਂ ਤੋਂ ਇਲਾਵਾ ਹੋਰਨਾਂ ਸ਼ਿਕਾਇਤਾਂ ਨੂੰ ਗੌਰ ਨਾਲ ਸੁਣਿਆ ਤੇ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨ.) ਡਾ. ਮਨਦੀਪ ਕੌਰ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਜਗਵਿੰਦਰਜੀਤ ਸਿੰਘ ਗਰੇਵਾਲ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਹਰਜਿੰਦਰ ਸਿੰਘ, ਐੱਸ. ਪੀ. ਕੇਂਦਰੀ ਜੇਲ੍ਹ ਦੇ ਸੁਪਰਡੈਂਟ, ਨਗਰ ਕੌਂਸਲ, ਸਿਹਤ ਵਿਭਾਗ ਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਤੋਂ ਇਲਾਵਾ ਸਰਪੰਚ ਤੇ ਸਮਾਜ ਸੇਵੀ ਸੰਸਥਾਵਾਂ ਦੇ ਮੈਂਬਰ ਹਾਜ਼ਰ ਸਨ।

## ਸਿਵਲ ਪਸ਼ੂ ਹਸਪਤਾਲ 'ਚ ਲਾਇਆ ਪਸ਼ੂ ਪਾਲਕ ਸਿਖਲਾਈ ਕੈਂਪ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਯੋਗ ਰਹਿਨੁਮਾਈ ਹੇਠ ਸ੍ਰੀ ਰਾਹੁਲ ਭੰਡਾਰੀ, ਪ੍ਰਮੁੱਖ ਸਕੱਤਰ ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਵਿਭਾਗ ਦੀ ਯੋਗ ਅਗਵਾਈ ਤੇ ਡਾ. ਪਰਮਦੀਪ ਸਿੰਘ ਵਾਲੀਆ ਨਿਰਦੇਸ਼ਕ ਪਸ਼ੂ ਪਾਲਣ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਡਾ. ਗੁਰਦਿੱਤ ਸਿੰਘ ਔਲਖ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਦੀ ਦੇਖ-ਰੇਖ ਹੇਠ ਪਸ਼ੂ ਪਾਲਣ ਵਿਭਾਗ ਪੰਜਾਬ ਵੱਲੋਂ ਆਤਮਾ ਸਕੀਮ ਅਧੀਨ ਸਿਵਲ ਪਸ਼ੂ ਹਸਪਤਾਲ ਵਿਖੇ ਪਸ਼ੂ ਪਾਲਕ ਸਿਖਲਾਈ ਕੈਂਪ ਲਾਇਆ ਗਿਆ।ਡਾ. ਵਿਨੋਦ ਕੁਮਾਰ ਸੀਨੀਅਰ ਵੈਟਨਰੀ ਅਫ਼ਸਰ ਮਲੋਟ ਨੇ ਗਰਮੀਆਂ ਵਿੱਚ ਪਸ਼ੂਆਂ ਦੀ ਬਿਹਤਰ ਸਾਂਭ-ਸੰਭਾਲ ਅਤੇ ਪਸ਼ੂਆਂ ਦੇ ਖੁਰਾਕ ਪ੍ਰਬੰਧਨ ਬਾਰੇ ਸਿਖਲਾਈ ਪ੍ਰਦਾਨ ਕੀਤੀ।ਉਨ੍ਹਾਂ ਨੇ ਲਿੰਗ ਅਧਾਰਤ ਸੀਮਨ ਰਾਹੀਂ ਪਸ਼ੂਆਂ ਦੀ ਨਸਲ ਸੁਧਾਰ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਜ਼ਿਲ੍ਹੇ ਦੀ ਸਮੂਹ ਸੰਸਥਾਵਾਂ ਵਿੱਚ ਇਹ ਸੀਮਨ ਉਪਲਬਧ ਹੈ ਅਤੇ ਇਸ ਦਾ ਰੇਟ ਸਿਰਫ 250 ਰੁਪਏ ਪ੍ਰਤੀ ਟੀਕਾ ਹੈ।ਡਾ. ਬਿਕਰਮਜੀਤ ਸਿੰਘ ਵੈਟਨਰੀ ਅਫ਼ਸਰ ਨੇ ਪਸ਼ੂਆਂ ਲਈ ਮਿਨਰਲ ਮਿਕਸਚਰ ਦੀ ਮਹੱਤਤਾ ਤੇ ਪਸ਼ੂਆਂ ਵਿੱਚ ਰਪੀਟ ਬ੍ਰੀਡਿੰਗ ਬਾਰੇ ਜਾਣਕਾਰੀ ਦਿੱਤੀ। ਡਾ. ਅਕਸ਼ੈ ਸਹਾਰਨ ਵੈਟਨਰੀ ਅਫ਼ਸਰ ਵੱਲੋਂ ਬੱਕਰੀ ਪਾਲਣ ਸਬੰਧੀ ਨੁਸਖ਼ੇ ਸਾਂਝੇ ਕੀਤੇ ਗਏ।ਡਾ. ਪੁਨੀਤ ਗੋਇਲ ਵੈਟਨਰੀ ਅਫ਼ਸਰ ਵੱਲੋਂ ਪਰਜੀਵੀ ਪ੍ਰਬੰਧਨ ਬਾਰੇ ਸਿਖਲਾਈ ਦਿੱਤੀ ਗਈ।ਗ੍ਰਾਮ ਪੰਚਾਇਤ ਲੰਬੀ ਵੱਲੋਂ ਕੈਂਪ ਲਾਉਣ ਤੇ ਪਸ਼ੂ ਪਾਲਣ ਵਿਭਾਗ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਗਿਆ।ਕੈਂਪ 'ਚ 58 ਪਸ਼ੂ ਪਾਲਕਾਂ ਨੂੰ ਸਿਖਲਾਈ ਪ੍ਰਦਾਨ ਕੀਤੀ ਗਈ।

## ਮਲੂਕਾ ਵੱਲੋਂ ਵਿਧਾਇਕ ਗੁਰਲਾਲ 'ਤੇ ਵਿਧਾਨ ਸਭਾ 'ਚ ਝੂਠ ਬੋਲਣ ਦਾ ਦੋਸ਼

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਐਸੋਸੀਏਸ਼ਨ ਦੇ ਲੰਬਾ ਸਮਾਂ ਪ੍ਰਧਾਨ ਰਹੇ ਸਾਬਕਾ ਪੰਚਾਇਤ ਮੰਤਰੀ ਸਿਕੰਦਰ ਸਿੰਘ ਮਲੂਕਾ ਨੇ ਆਪ ਵਿਧਾਇਕ ਕਬੱਡੀ ਖਿਡਾਰੀ ਗੁਰਲਾਲ ਘਨੌਰ 'ਤੇ ਵਿਧਾਨ ਸਭਾ 'ਚ ਝੂਠ ਬੋਲਣ ਦੇ ਦੋਸ਼ ਲਾਏ ਹਨ। ਜ਼ਿਕਰਯੋਗ ਹੈ ਕੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੱਲੋਂ ਕਰਵਾਏ ਗਏ ਕਬੱਡੀ ਕੱਪਾਂ ਦਾ ਅਹਿਮ ਹਿੱਸਾ ਰਹੇ ਕਬੱਡੀ ਖਿਡਾਰੀ ਮੌਜੂਦਾ ਆਪ ਵਿਧਾਇਕ ਗੁਰਲਾਲ ਘਨੌਰ ਨੇ ਇਨਾਮੀ ਰਾਸ਼ੀ ਨੂੰ ਲੈ ਕੇ ਬਜਟ ਸੈਸ਼ਨ ਦੌਰਾਨ ਵਿਧਾਨ ਸਭਾ 'ਚ ਸਵਾਲ ਖੜੇ ਕੀਤੇ ਸਨ। ਵਿਧਾਇਕ ਗੁਰਲਾਲ ਘਨੌਰ ਨੇ ਵਿਧਾਨ ਸਭਾ 'ਚ ਕਿਹਾ ਸੀ ਕਿ ਅਕਾਲੀ ਦਲ ਦੀ ਸਰਕਾਰ ਸਮੇਂ ਕਰਵਾਏ ਗਏ ਕਬੱਡੀ ਕੱਪਾਂ ਦੀ ਇਨਾਮੀ ਰਾਸ਼ੀ ਲੈਣ ਲਈ ਉਨ੍ਹਾਂ ਨੂੰ ਅਦਾਲਤ ਦਾ ਸਹਾਰਾ ਲੈਣਾ ਪੈਂਦਾ ਸੀ। ਵਰਡ ਕਬੱਡੀ ਕੱਪ ਸਮੇਂ ਐਸੋਸੀਏਸ਼ਨ ਦੇ ਪ੍ਰਧਾਨ ਰਹੇ ਸਿਕੰਦਰ ਸਿੰਘ ਮਲੂਕਾ ਨੇ ਇੱਕ ਵੀਡੀਓ ਜਾਰੀ ਕਰਦਿਆਂ ਕਿਹਾ ਕਿ ਗੁਰਲਾਲ ਘਨੌਰ ਨੇ ਵਿਧਾਨ ਸਭਾ ਵਰਗੇ ਪਵਿੱਤਰ ਸਦਨ 'ਚ ਸ਼ਰੇਆਮ ਝੂਠ ਬੋਲਿਆ ਹੈ। ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਜੇਤੂ ਟੀਮ ਦੇ ਖਿਡਾਰੀਆਂ ਦੀ ਇਨਾਮੀ ਰਾਸ਼ੀ 'ਚ ਕਦੇ ਵੀ ਦੇਰੀ ਨਹੀਂ ਹੋਈ, ਜਦ ਤੱਕ ਸੂਬੇ 'ਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸੀ ਖਿਡਾਰੀਆਂ ਨੂੰ ਇਨਾਮੀ ਰਾਸ਼ੀ ਸਮੇਂ ਸਿਰ ਮਿਲਦੀ ਰਹੀ ਤੇ ਨਾਲ ਹੀ ਸਰਕਾਰ ਨੇ ਸਾਰੇ ਖਿਡਾਰੀਆਂ ਨੂੰ ਸਰਕਾਰੀ ਨੌਕਰੀਆਂ ਵੀ ਦਿੱਤੀਆਂ ਸਨ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਉੱਦਮ ਨਾਲ ਜਿੱਥੇ ਪੰਜਾਬੀਆਂ ਦੀ ਮਾਂ ਖੇਡ ਕਬੱਡੀ ਨੂੰ ਅੰਤਰਰਾਸ਼ਟਰੀ ਪੱਧਰ ਤੇ ਮਾਨ ਸਨਮਾਨ ਮਿਲਿਆ, ਉਥੇ ਹੀ ਪੰਜਾਬ ਦੇ ਖਿਡਾਰੀਆਂ ਨੂੰ ਵੱਡੀਆਂ ਸਹੂਲਤਾਂ ਮਿਲੀਆਂ। ਮਲੂਕਾ ਨੇ ਕਿਹਾ ਕਿ 2016 'ਚ ਹੋਏ ਕਬੱਡੀ ਕੱਪ ਕਬੱਡੀ ਦੀ ਇਨਾਮੀ ਰਾਸ਼ੀ ਲਈ ਸੂਬੇ 'ਚ 2017 ਤੋਂ ਬਾਅਦ ਸੱਤਾ ਤਬਦੀਲ ਹੋਣ ਕਾਰਨ ਖਿਡਾਰੀਆਂ ਨੂੰ ਅਦਾਲਤ ਜਾਣਾ ਪਿਆ ਸੀ, 2016 ਵਾਲ਼ੇ ਕਬੱਡੀ ਕੱਪ ਦੀ ਇਨਾਮੀ ਰਾਸ਼ੀ 'ਚ ਦੇਰੀ ਲਈ ਕਾਂਗਰਸ ਸਰਕਾਰ ਦੋਸ਼ੀ ਸੀ ਨਾ ਕਿ ਅਕਾਲੀ ਦਲ। ਮਲੂਕਾ ਨੇ ਕਿਹਾ ਕੇ ਤਜਿੰਦਰ ਮਿੱਡੂਖੇੜਾ ਕਬੱਡੀ ਐਸੋਸੀਏਸ਼ਨ ਦੇ ਮੌਜੂਦਾ ਜਨਰਲ ਸਕੱਤਰ ਤੇ ਅਕਾਲੀ ਦਲ ਦਾ ਅਹਿਮ ਹਿੱਸਾ ਹਨ, ਉਨ੍ਹਾਂ ਨੂੰ ਗੁਰਲਾਲ ਘਨੌਰ ਦੇ ਬਿਆਨ ਦਾ ਨੋਟਿਸ ਲੈਣਾ ਚਾਹੀਦਾ ਹੈ।

## ਗਲੋਬਲ ਸਕੂਲ 'ਚ ਖਾਸ ਗਤੀਵਿਧੀਆਂ ਦਾ ਆਯੋਜਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੀ.ਬੀ.ਐੱਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ਼ ਐਜੂਬੀਕਨਜ਼ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਵਿੱਚ ਸੈਸ਼ਨ 2025-26 ਦੀਆਂ ਯਾਦਾਂ ਨੂੰ ਸੰਜੋਣ ਦੇ ਉਦੇਸ਼ ਨਾਲ ਵਿਦਿਆਰਥੀਆਂ ਲਈ ਖਾਸ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਮਨੋਰੰਜਕ ਖੇਡਾਂ ਵਿੱਚ ਉਤਸ਼ਾਹ ਨਾਲ ਭਾਗ ਲਿਆ ਤੇ ਸਾਰਾ ਦਿਨ ਸਕੂਲ ਦੇ ਵਿਹੜੇ ਵਿੱਚ ਖੁਸ਼ੀ ਤੇ ਹਾਸੇ ਦਾ ਮਾਹੌਲ ਬਣਿਆ ਰਿਹਾ।ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਮਨੋਰੰਜਨ ਦਾ ਮੌਕਾ ਦੇਣਾ ਤੇ ਪੂਰੇ ਸੈਸ਼ਨ ਦੀਆਂ ਮਿੱਠੀਆਂ ਯਾਦਾਂ ਨੂੰ ਸੰਭਾਲ ਕੇ ਰੱਖਣਾ ਸੀ।ਗਤੀਵਿਧੀਆਂ ਦੌਰਾਨ ਵਿਦਿਆਰਥੀਆਂ ਨੇ ਟੀਮ ਸਹਿਯੋਗ ਤੇ ਖੇਡ ਭਾਵਨਾ ਦਾ ਸੁੰਦਰ ਪ੍ਰਦਰਸ਼ਨ ਕੀਤਾ।ਸਕੂਲ ਪ੍ਰਸ਼ਾਸਨ ਨੇ ਵੀ ਵਿਦਿਆਰਥੀਆਂ ਨੂੰ ਆਉਣ ਵਾਲੇ ਸੈਸ਼ਨ ਲਈ ਸ਼ੁੱਭ-ਕਾਮਨਾਵਾਂ ਦਿੰਦਿਆਂ ਉਨ੍ਹਾਂ ਦੇ ਚੰਗੇ ਤੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।ਸਕੂਲ ਦੇ ਚੇਅਰਮੈਨ ਇੰਜੀਨੀਅਰ ਕਮਲੇਸ਼ ਸਰਾਫ਼ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਸਕੂਲ ਸਿਰਫ਼ ਪੜ੍ਹਾਈ ਦਾ ਹੀ ਸਥਾਨ ਨਹੀਂ ਹੁੰਦਾ, ਬਲਕਿ ਇੱਥੇ ਬੱਚਿਆਂ ਦੇ ਸਰਵਪੱਖੀ ਵਿਕਾਸ 'ਤੇ ਵੀ ਖਾਸ ਧਿਆਨ ਦਿੱਤਾ ਜਾਂਦਾ ਹੈ।ਪ੍ਰੋਗਰਾਮ ਦੇ ਅੰਤ ਵਿੱਚ ਸਾਰੇ ਵਿਦਿਆਰਥੀਆਂ ਨੇ ਪੂਰੇ ਸੈਸ਼ਨ ਦੀਆਂ ਯਾਦਾਂ ਨੂੰ ਸੰਜੋਦੇ ਹੋਏ ਇਕ-ਦੂਜੇ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਕੇਂਦਰੀ ਫੂਡ ਅਥਾਰਟੀ ਦਾ ਫੈਸਲਾ ਛੋਟੇ ਵਪਾਰੀਆਂ ਲਈ ਰਾਹਤ ਭਰਪੂਰ : ਪ੍ਰਮੋਦ ਗੁਪਤਾ



**ਧੂਰੀ (ਮਨੋਹਰ ਸੱਗੂ/ਮੋਹਿਤ ਗਰਗ)**-ਪੰਜਾਬ ਪ੍ਰਦੇਸ਼ ਪ੍ਰਚੂਨ ਤੇ ਥੋਕ ਕਰਿਆਨਾ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਪ੍ਰਮੋਦ ਗੁਪਤਾ ਨੇ ਆਪਣੇ ਇੱਕ ਬਿਆਨ ਰਾਹੀਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਹਾਲ ਹੀ 'ਚ ਲਿਆ ਗਿਆ ਫੈਸਲਾ ਦੇਸ਼ ਭਰ ਦੇ ਛੋਟੇ ਤੇ ਦਰਮਿਆਨੇ ਭੋਜਨ ਵਪਾਰੀਆਂ ਲਈ ਰਾਹਤ ਭਰਪੂਰ ਸਾਬਿਤ ਹੋਵੇਗਾ।ਵਪਾਰੀ ਆਗੂ ਪ੍ਰਮੋਦ ਗੁਪਤਾ ਨੇ ਕਿਹਾ ਕਿ ਫੂਡ ਸੇਫ਼ਟੀ ਐਂਡ ਸਟੈਂਡਰਡ ਅਥਾਰਟੀ ਆਫ਼ ਇੰਡੀਆ ਵੱਲੋਂ ਜਾਰੀ ਕੀਤੇ ਗਏ ਇੱਕ ਆਦੇਸ਼ ਮੁਤਾਬਿਕ ਭੋਜਨ ਕਾਰੋਬਾਰਾਂ ਦੇ ਲਾਇਸੈਂਸ ਤੇ ਰਜਿਸਟ੍ਰੇਸ਼ਨ ਲਈ ਟਰਨਓਵਰ ਸੀਮਾਵਾਂ 'ਚ ਮਹੱਤਵਪੂਰਨ ਸੋਧਾਂ ਕੀਤੀਆਂ ਗਈਆਂ ਹਨ ਅਤੇ ਨਵੇਂ ਨਿਯਮ ਤਹਿਤ ਰਜਿਸਟ੍ਰੇਸ਼ਨ ਲਈ ਸਾਲਾਨਾ ਟਰਨਓਵਰ ਸੀਮਾਂ ਹੁਣ 12 ਲੱਖ ਤੋਂ ਵਧਾ ਕੇ 1 ਕਰੋੜ 5 ਲੱਖ ਰੁਪਏ ਕਰ ਦਿੱਤੀ ਗਈ ਅਤੇ ਇਹ ਪ੍ਰਨਾਲੀ 1 ਅਪ੍ਰੈਲ 2026 ਤੋਂ ਸਮੁੱਚੇ ਦੇਸ਼ ਅੰਦਰ ਲਾਗੂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਸ ਪ੍ਰਨਾਲੀ ਮੁਤਾਬਿਕ ਹੁਣ 1 ਕਰੋੜ 5 ਲੱਖ ਤੱਕ ਦੀ ਸਾਲਾਨਾ ਟਰਨਓਵਰ ਵਾਲੇ ਭੋਜਨ ਕਾਰੋਬਾਰੀਆਂ ਨੂੰ ਸਿਰਫ਼ ਰਜਿਸਟ੍ਰੇਸ਼ਨ ਦੀ ਲੋੜ ਹੋਵੇਗੀ, ਜਦੋਂ ਕਿ 1 ਕਰੋੜ 5 ਲੱਖ ਤੋਂ 50 ਕਰੋੜ ਰੁਪਏ ਤੱਕ ਦੇ ਟਰਨਓਵਰ ਕਾਰੋਬਾਰੀਆਂ ਨੂੰ ਸਿਰਫ਼ ਰਾਜ ਲਾਈਸੈਂਸ ਦੀ ਲੋੜ ਹੋਵੇਗੀ ਅਤੇ 50 ਕਰੋੜ ਤੋਂ ਵਧੇਰੇ ਟਰਨਓਵਰ ਵਾਲੇ ਕਾਰੋਬਾਰਾਂ ਲਈ ਕੇਂਦਰੀ ਲਾਈਸੈਂਸ ਦੀ ਲੋੜ ਹੋਵੇਗੀ।ਪ੍ਰਮੋਦ ਗੁਪਤਾ ਨੇ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਫੈਸਲਾ ਛੋਟੇ ਦੁਕਾਨਦਾਰਾਂ, ਰੇਹੜੀ-ਫੜ੍ਹੀ ਵਿਕਰੇਤਾਵਾਂ ਤੇ ਭੋਜਨ ਵਪਾਰੀਆਂ ਨੂੰ ਭਾਰੀ ਰਾਹਤ ਪ੍ਰਦਾਨ ਕਰੇਗਾ, ਜੋ ਲੰਮੇ ਸਮੇਂ ਤੋਂ ਗੁੰਝਲਦਾਰ ਲਾਈਸੈਂਸ ਪ੍ਰਕਿਰਿਆ ਤੇ ਬੇਲੋੜੀ ਕਾਗਜ਼ੀ ਕਾਰਵਾਈ ਤੋਂ ਪ੍ਰੇਸ਼ਾਨ ਸਨ।

# ਮੁੱਖ ਮੰਤਰੀ ਵੱਲੋਂ ਔਰਤਾਂ ਪ੍ਰਤੀ ਭੱਦੀ ਸ਼ਬਦਾਵਲੀ 'ਤੇ ਰੋਸ ਪ੍ਰਗਟ



**ਸੁਨਾਮ (ਹਾਕਮ ਭੱਟੀ, ਅਸ਼ੋਕ ਬਾਂਸਲ)**-ਸ਼ਹਿਰ ਵਿੱਚ ਸੂਬਾ ਪ੍ਰਧਾਨ ਕੈਬਨਟ ਮੰਤਰੀ ਸ੍ਰੀ ਅਮਨ ਅਰੋੜਾ ਦੀ ਕੋਠੀ ਅੱਗੇ ਕਾਂਗਰਸ ਹਲਕਾ ਇੰਚਾਰਜ ਸੁਨਾਮ ਜਸਵਿੰਦਰ ਧੀਮਾਨ ਤੇ ਇਲਾਕੇ ਦੀਆਂ ਮਹਿਲਾਵਾਂ ਵੱਲੋਂ ਕੋਠੀ ਅੱਗੇ ਅਮਨ ਸ਼ਾਂਤੀ ਨਾਲ ਬੈਠ ਕੇ ਧਰਨਾ ਦਿੱਤਾ ਗਿਆ। ਔਰਤਾਂ ਨੇ ਆਪਣੇ ਹੱਕ ਲਈ ਕਿਹਾ ਕਿ ਜੋ ਸਰਕਾਰ ਨੇ ਵਾਅਦੇ ਕੀਤੇ ਸੀ, ਉਹ ਪੂਰੇ ਨਹੀਂ ਕੀਤੇ। ਪਿਛਲੇ ਚਾਰ ਸਾਲਾਂ ਦਾ ਸਾਡਾ ਬਕਾਇਆ ਵੀ ਦੇਵੇ, ਹੁਣ ਇਹ ਕੰਡੀਸ਼ਨਾਂ ਵਿੱਚ ਸਾਨੂੰ ਵੰਡਿਆ ਜਾ ਰਿਹਾ ਹੈ। ਮਹਿਲਾ ਵਰਕਰ ਮੈਡਮ ਭੰਗੂ ਨੇ ਕਿਹਾ ਕਿ ਪਿਛਲੇ ਦਿਨੀਂ ਮਹਿਲਾ ਦਿਵਸ 'ਤੇ ਸੀਐਮ ਵੱਲੋਂ ਔਰਤਾਂ ਨੂੰ ਭੱਦੀ ਸ਼ਬਦਾਵਲੀ ਬੋਲ ਕੇ ਜੋ ਅਪਮਾਨ ਕੀਤਾ, ਉਸ ਲਈ ਮਾਫੀ ਮੰਗੀ ਜਾਣੀ ਚਾਹੀਦੀ ਹੈ। ਇਸ ਗੱਲ ਦਾ ਔਰਤਾਂ 'ਚ ਵੱਡੇ ਤੌਰ 'ਤੇ ਰੋਸ ਪਾਇਆ ਜਾ ਰਿਹਾ ਹੈ ਕਿ ਆਉਣ ਵਾਲੇ ਸਮੇਂ 'ਚ ਇਹੋ ਜਿਹੇ ਸੀਐਮ ਹੋਣ ਤਾਂ ਅਸੀਂ ਆਪਣੀਆਂ ਬੇਟੀਆਂ ਨੂੰ ਕਾਲਜ ਵਿੱਚ ਨਹੀਂ ਪੜ੍ਹਾਵਾਂਗੇ ਤੇ ਜੋ ਉਹ ਵਾਅਦੇ ਕੀਤੇ ਸਨ, ਹਜ਼ਾਰ ਰੁਪਏ ਵਾਲੇ, ਉਹ ਸਾਨੂੰ ਪੂਰਾ ਕਰਕੇ ਦਿੱਤੇ ਜਾਣ। ਜਸਵਿੰਦਰ ਧੀਮਾਨ ਨੇ ਕਿਹਾ ਕਿ ਸਰਕਾਰ ਬਹੁਤ ਵੱਡਾ ਵਿਤਕਰਾ ਕਰ ਰਹੀ ਹੈ, ਜੋ ਲੋਕਾਂ ਨੂੰ ਆਪਸ 'ਚ ਜਾਤਾਂ ਪਾਤਾਂ ਵਿੱਚ ਉਲਝਾ ਰਹੀ ਹੈ ਕਿ ਐਸ ਸੀ ਮਹਿਲਾਵਾਂ ਨੂੰ 1500, ਜਨਰਲ ਨੂੰ 1000 ਰੁਪਿਆ, ਜਦਕਿ ਮਹਿਲਾਵਾਂ ਵਿੱਚ ਕੋਈ ਜਾਤ-ਪਾਤ ਨਹੀਂ।

## ਵਰਲਡ ਯੂਨੀਵਰਸਿਟੀ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਰਸਾਇਣ ਵਿਗਿਆਨ ਵਿਭਾਗ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਵਿਦਿਆਰਥੀਆਂ ਦੀ ਉਤਸ਼ਾਹਪੂਰਨ ਭਾਗੀਦਾਰੀ ਨਾਲ ਬੜੇ ਜੋਸ਼ ਨਾਲ ਮਨਾਇਆ ਗਿਆ।ਇਸ ਦਾ ਮੁੱਖ ਉਦੇਸ਼ ਮਹਿਲਾਵਾਂ ਦੇ ਅਧਿਕਾਰਾਂ, ਲਿੰਗ ਸਮਾਨਤਾ ਅਤੇ ਮਹਿਲਾ ਸਸ਼ਕਤੀਕਰਨ ਬਾਰੇ ਜਾਗਰੂਕਤਾ ਫੈਲਾਉਣਾ ਸੀ।ਸਮਾਗਮ ਇਸ ਸਾਲ ਦੇ ਵਿਸ਼ੇ ਸਭ ਮਹਿਲਾਵਾਂ ਅਤੇ ਕੁੜੀਆਂ ਲਈ ਅਧਿਕਾਰ, ਨਿਆਂ ਅਤੇ ਕਾਰਵਾਈ ਦੇ ਅਨੁਸਾਰ ਆਯੋਜਿਤ ਕੀਤਾ ਗਿਆ। ਵਿਭਾਗ ਵੱਲੋਂ ਸਲੋਗਨ ਲਿਖਣ ਅਤੇ ਪੋਸਟਰ ਬਣਾਉਣ ਦੇ ਮੁਕਾਬਲੇ ਕਰਾਏ ਗਏ, ਜਿਨ੍ਹਾਂ ਦਾ ਮਕਸਦ ਵਿਦਿਆਰਥੀਆਂ ਨੂੰ ਮਹਿਲਾ ਸਸ਼ਕਤੀਕਰਨ, ਲਿੰਗ ਸਮਾਨਤਾ ਤੇ ਸਮਾਜਿਕ ਨਿਆਂ ਬਾਰੇ ਆਪਣੇ ਵਿਚਾਰ ਰਚਨਾਤਮਕ ਢੰਗ ਨਾਲ ਪ੍ਰਗਟ ਕਰਨ ਲਈ ਪ੍ਰੇਰਿਤ ਕਰਨਾ ਸੀ।

ਵਿਦਿਆਰਥੀਆਂ ਨੇ ਉਤਸ਼ਾਹ ਨਾਲ ਅਰਥਪੂਰਨ ਸਲੋਗਨ ਅਤੇ ਰਚਨਾਤਮਕ ਪੋਸਟਰ ਤਿਆਰ ਕਰਕੇ ਸਮਾਜ ਵਿੱਚ ਮਹਿਲਾਵਾਂ ਲਈ ਆਦਰ, ਮਰਯਾਦਾ ਤੇ ਸਮਾਨ ਮੌਕਿਆਂ ਦੀ ਮਹੱਤਤਾ ਨੂੰ ਉਜਾਗਰ ਕੀਤਾ।ਬੀ.ਐਸ.ਸੀ. ਮੈਡੀਕਲ, ਬੀ.ਐਸ.ਸੀ. (ਆਨਰਜ਼) ਰਸਾਇਣ ਵਿਗਿਆਨ ਅਤੇ ਐਮ.ਐਸ.ਸੀ. ਰਸਾਇਣ ਵਿਗਿਆਨ ਦੇ ਵਿਦਿਆਰਥੀਆਂ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਸਰਗਰਮ ਭਾਗ ਲਿਆ ਤੇ ਆਪਣੇ ਰਚਨਾਤਮਕ ਵਿਚਾਰ ਸਾਂਝੇ ਕੀਤੇ।ਉਨ੍ਹਾਂ ਦੇ ਪੋਸਟਰਾਂ ਅਤੇ ਸਲੋਗਨਾਂ ਨੇ ਮਹਿਲਾਵਾਂ ਦੇ ਅਧਿਕਾਰਾਂ, ਲਿੰਗ ਸਮਾਨਤਾ ਅਤੇ ਇੱਕ ਹੋਰ ਸਮਾਨਤਾਪੂਰਨ ਅਤੇ ਸਮਾਵੇਸ਼ੀ ਸਮਾਜ ਦੇ ਨਿਰਮਾਣ ਲਈ ਸਾਂਝੀ ਜ਼ਿੰਮੇਵਾਰੀ ਦਾ ਮਜ਼ਬੂਤ ਸੰਦੇਸ਼ ਦਿੱਤਾ। ਮੁਕਾਬਲਿਆਂ ਦੇ ਨਾਲ-ਨਾਲ ਵਿਦਿਆਰਥੀਆਂ ਲਈ ਮਨੋਰੰਜਕ ਖੇਡਾਂ ਅਤੇ ਇੰਟਰਐਕਟਿਵ ਗਤੀਵਿਧੀਆਂ ਵੀ ਕਰਵਾਈਆਂ ਗਈਆਂ, ਜਿਸ ਨਾਲ ਵਿਭਾਗ ਵਿੱਚ ਖੁਸ਼ਗਵਾਰ ਅਤੇ ਉਤਸ਼ਾਹਪੂਰਨ ਮਾਹੌਲ ਬਣਿਆ। ਇਨ੍ਹਾਂ ਗਤੀਵਿਧੀਆਂ ਨੇ ਭਾਗੀਦਾਰਾਂ ਵਿੱਚ ਟੀਮਵਰਕ, ਪਰਸਪਰ ਸੰਚਾਰ ਅਤੇ ਜੋਸ਼ ਨੂੰ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।ਕਾਰਜਕ੍ਰਮ ਦੇ ਅੰਤ ਵਿੱਚ ਪੋਸਟਰ ਮੇਕਿੰਗ ਅਤੇ ਸਲੋਗਨ ਰਾਈਟਿੰਗ ਮੁਕਾਬਲਿਆਂ ਦੇ ਜੇਤੂਆਂ ਨੂੰ ਡਾ. ਰਾਹੁਲ ਬਦਰੂ, ਮੁਖੀ ਰਸਾਇਣ ਵਿਗਿਆਨ ਵਿਭਾਗ, ਵੱਲੋਂ ਫੈਕਲਟੀ ਮੈਂਬਰਾਂ ਦੀ ਮੌਜੂਦਗੀ ਵਿੱਚ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਉਨ੍ਹਾਂ ਦੀ ਰਚਨਾਤਮਕਤਾ, ਮੌਲਿਕਤਾ ਅਤੇ ਅਰਥਪੂਰਨ ਸੰਦੇਸ਼ਾਂ ਦੀ ਕਦਰ ਦੇ ਤੌਰ 'ਤੇ ਦਿੱਤੇ ਗਏ।ਡਾ. ਬਦਰੂ ਨੇ ਦੱਸਿਆ ਕਿ ਯੂਨੀਵਰਸਿਟੀ ਵਿੱਚ ਇਸ ਤਰ੍ਹਾਂ ਦੀਆਂ ਕਈ ਗਤੀਵਿਧੀਆਂ ਪ੍ਰੋ. ਪ੍ਰਿਤਪਾਲ ਸਿੰਘ, ਵਾਈਸ-ਚਾਂਸਲਰ ਦੀ ਸਨੇਹਪੂਰਨ ਰਹਿਨੁਮਾਈ ਹੇਠ ਲਗਾਤਾਰ ਕਰਾਈਆਂ ਜਾਂਦੀਆਂ ਹਨ।

# ਯੂਥ ਆਗੂ ਬਰਾੜ ਨੇ ਮਜੀਠੀਆ ਤੋਂ ਲਿਆ ਆਸ਼ੀਰਵਾਦ

### ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਮਿਹਨਤ ਕਰਨ ਦਾ ਦਿਵਾਇਆ ਭਰੋਸਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਵਿੱਚ ਉਸ ਸਮੇਂ ਰਾਜਨੀਤਕ ਗਤੀਵਿਧੀਆਂ ਤੇਜ਼ ਹੋ ਗਈਆਂ, ਜਦੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਮਜੀਠੀਆ ਬਾਘਾ ਪੁਰਾਣਾ ਪਹੁੰਚੇ।ਇਸ ਮੌਕੇ ਉਨ੍ਹਾਂ ਦਾ ਸ਼੍ਰੋਮਣੀ ਅਕਾਲੀ ਦਲ ਦੇ ਯੂਥ ਆਗੂ ਤਲਵਾਰ ਸਿੰਘ ਬਰਾੜ ਚੰਨੂ ਵਾਲਾ ਵੱਲੋਂ ਤਹਿ ਦਿਲੋਂ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਜੀ ਆਇਆਂ ਆਖਿਆ ਗਿਆ।ਇਸ ਦੌਰਾਨ ਤਲਵਾਰ ਸਿੰਘ ਬਰਾੜ ਨੇ ਮਜੀਠੀਆ ਨਾਲ ਮੁਲਾਕਾਤ ਕਰਦੇ ਹੋਏ ਉਨ੍ਹਾਂ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ ਤੇ ਬਾਘਾ ਪੁਰਾਣਾ ਹਲਕੇ ਦੀ ਮੌਜੂਦਾ ਰਾਜਨੀਤਕ ਸਥਿਤੀ ਸਬੰਧੀ ਵਿਸਥਾਰ ਨਾਲ ਵਿਚਾਰ ਚਰਚਾ ਵੀ ਕੀਤੀ।ਦੋਹਾਂ ਆਗੂਆਂ ਨੇ ਇਲਾਕੇ ਦੇ ਸਿਆਸੀ ਹਾਲਾਤ, ਪਾਰਟੀ ਦੀ ਮਜ਼ਬੂਤੀ ਤੇ ਆਉਣ ਵਾਲੇ ਸਮੇਂ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜ਼ਬੂਤ ਕਰਨ ਦੇ ਮਸਲਿਆਂ 'ਤੇ ਗੰਭੀਰਤਾ ਨਾਲ ਗੱਲਬਾਤ ਕੀਤੀ।ਤਲਵਾਰ ਸਿੰਘ ਬਰਾੜ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਇੱਕ ਇਤਿਹਾਸਕ ਤੇ ਲੋਕਾਂ ਨਾਲ ਜੁੜੀ ਪਾਰਟੀ ਹੈ, ਜਿਸ ਨੇ ਹਮੇਸ਼ਾਂ ਪੰਜਾਬ ਤੇ ਪੰਜਾਬੀਆਂ ਦੇ ਹੱਕਾਂ ਲਈ ਆਵਾਜ਼ ਉਠਾਈ ਹੈ।ਉਨ੍ਹਾਂ ਕਿਹਾ ਕਿ ਉਹ ਆਪਣੇ ਸਾਥੀਆਂ ਦੇ ਨਾਲ ਮਿਲ ਕੇ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਮਿਹਨਤ ਕਰ ਰਹੇ ਹਨ ਤਾਂ ਜੋ ਪਾਰਟੀ ਨੂੰ ਮੁੜ ਤੋਂ ਬੁਲੰਦੀਆਂ 'ਤੇ ਲਿਆਇਆ ਜਾ ਸਕੇ।ਉਨ੍ਹਾਂ ਮਜੀਠੀਆ ਨੂੰ ਵਿਸ਼ਵਾਸ ਦਿਵਾਇਆ ਕਿ ਬਾਘਾ ਪੁਰਾਣਾ ਹਲਕੇ ਵਿੱਚ ਪਾਰਟੀ ਵਰਕਰ ਪੂਰੀ ਤਰ੍ਹਾਂ ਸਰਗਰਮ ਹਨ ਤੇ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਦੇ ਸਿਧਾਂਤਾਂ ਤੇ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।ਇਸ ਮੌਕੇ ਗੱਲਬਾਤ ਦੌਰਾਨ ਬਾਘਾ ਪੁਰਾਣਾ ਹਲਕੇ ਦੇ ਵਿਕਾਸ, ਨੌਜਵਾਨਾਂ ਦੀ ਭੂਮਿਕਾ ਤੇ ਆਉਣ ਵਾਲੀਆਂ ਰਾਜਨੀਤਕ ਚੁਣੌਤੀਆਂ 'ਤੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ।ਬਰਾੜ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਸ਼੍ਰੋਮਣੀ ਅਕਾਲੀ ਦਲ ਨਾਲ ਜੁੜ ਰਹੀ ਹੈ ਤੇ ਇਹ ਪਾਰਟੀ ਦੇ ਭਵਿੱਖ ਲਈ ਇੱਕ ਚੰਗਾ ਸੰਕੇਤ ਹੈ।ਅੰਤ ਵਿੱਚ ਤਲਵਾਰ ਸਿੰਘ ਬਰਾੜ ਨੇ ਕਿਹਾ ਕਿ ਪਾਰਟੀ ਦੇ ਸੀਨੀਅਰ ਆਗੂਆਂ ਦੀ ਰਹਿਨੁਮਾਈ ਹੇਠ ਉਹ ਤੇ ਉਨ੍ਹਾਂ ਦੀ ਟੀਮ ਆਉਣ ਵਾਲੇ ਸਮੇਂ ਵਿੱਚ ਹੋਰ ਜ਼ਿਆਦਾ ਮਿਹਨਤ ਕਰੇਗੀ ਤਾਂ ਜੋ ਸ਼੍ਰੋਮਣੀ ਅਕਾਲੀ ਦਲ ਨੂੰ ਬਾਘਾ ਪੁਰਾਣਾ ਹਲਕੇ ਵਿੱਚ ਹੋਰ ਮਜ਼ਬੂਤ ਕੀਤਾ ਜਾ ਸਕੇ ਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉੱਤਰਿਆ ਜਾ ਸਕੇ।

# ਕੌਮੀ ਲੋਕ ਅਦਾਲਤ 'ਚ 10664 ਕੇਸਾਂ ਦਾ ਹੋਇਆ ਨਿਪਟਾਰਾ : ਸੈਸ਼ਨ ਜੱਜ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਮਾਨਯੋਗ ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਦਿੱਲੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਾਰੇ ਭਾਰਤ ਵਿੱਚ ਕੌਮੀ ਲੋਕ ਅਦਾਲਤ ਲਗਾਈ ਗਈ।ਇਨ੍ਹਾਂ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾਨਯੋਗ ਜੱਜ ਪੰਜਾਬ ਤੇ ਹਰਿਆਣਾ ਹਾਈ ਕੋਰਟ ਸਹਿਤ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ. ਏ. ਐੱਸ. ਨਗਰ (ਮੋਹਾਲੀ) ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਸੰਜੀਵ ਜੋਸ਼ੀ ਮਾਨਯੋਗ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਸਹਿਤ ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਰੀਦਕੋਟ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਿਸ ਗੁਰਪ੍ਰੀਤ ਕੌਰ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਸਹਿਤ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਰੀਦਕੋਟ ਵੱਲੋਂ ਇਸ ਜ਼ਿਲ੍ਹੇ ਦੀਆਂ ਅਦਾਲਤਾਂ ਵਿੱਚ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ, ਜਿਸ ਤਹਿਤ ਜ਼ਿਲ੍ਹਾ ਫਰੀਦਕੋਟ ਦੀਆਂ ਅਦਾਲਤਾਂ ਵਿੱਚ 7 ਬੈਂਚ, ਸਥਾਈ ਲੋਕ ਅਦਾਲਤ ਵਿਖੇ 1 ਬੈਂਚ, ਸਬ ਡਵੀਜ਼ਨ ਜੈਤੋ ਵਿਖੇ 2 ਬੈਂਚ ਬਣਾਏ ਗਏ।ਇਸ ਲੋਕ ਅਦਾਲਤ ਵਿੱਚ 12173 ਕੇਸਾਂ ਵਿੱਚੋਂ 10664 ਕੇਸਾਂ ਦਾ ਨਿਪਟਾਰਾ ਕਰਕੇ 13,52,47,214/- ਰੁਪਏ ਦੇ ਅਵਾਰਡ ਪਾਸ ਕੀਤੇ ਗਏ ਤੇ ਇਸ ਵਿੱਚੋਂ ਪ੍ਰੀ ਲਿਟੀਗੇਸ਼ਨ ਸਟੇਜ 'ਤੇ 11352 ਕੇਸਾਂ ਵਿੱਚੋਂ 10255 ਕੇਸਾਂ ਦਾ ਨਿਪਟਾਰਾ ਕਰਕੇ 17,375,510/- ਰੁਪਏ ਦੇ ਅਵਾਰਡ ਪਾਸ ਕੀਤੇ ਗਏ।ਇਸ ਲੋਕ ਅਦਾਲਤ ਵਿੱਚ ਵੱਖ ਵੱਖ ਤਰ੍ਹਾਂ ਦੇ ਕੇਸਾਂ ਦਾ ਜਿਵੇਂ ਕਿ ਦੀਵਾਨੀ ਕੇਸ, ਰਾਜ਼ੀਨਾਮਾ ਹੋਣ ਯੋਗ ਫੌਜਦਾਰੀ ਕੇਸ, ਚੈੱਕ ਬਾਊਂਸ, ਰਿਕਵਰੀ ਦੇ ਕੇਸ, ਟ੍ਰੈਫਿਕ ਚਲਾਨ ਤੇ ਘਰੇਲੂ ਝਗੜਿਆਂ ਦੇ ਕੇਸ ਅਤੇ ਪ੍ਰੀ ਲਿਟੀਗੇਟਿਵ ਕੇਸਾਂ ਦਾ ਨਿਪਟਾਰਾ ਧਿਰਾਂ ਦੀ ਆਪਸੀ ਸਹਿਮਤੀ ਦੇ ਨਾਲ ਕੀਤਾ ਗਿਆ।ਇਸ ਮੌਕੇ ਮਾਨਯੋਗ ਜੱਜ ਸਾਹਿਬ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਲੋਕ ਅਦਾਲਤ ਵਿੱਚ ਫੈਸਲਾ ਹੋਏ ਕੇਸਾਂ ਦੀ ਕੋਈ ਅਪੀਲ ਦਲੀਲ ਨਹੀਂ ਹੁੰਦੀ।ਲੋਕ ਅਦਾਲਤ ਵਿੱਚ ਹੋਏ ਫੈਸਲੇ ਨੂੰ ਡਿਕਰੀ ਦੀ ਮਾਨਤਾ ਪ੍ਰਾਪਤ ਹੈ ਤੇ ਇਹ ਫੈਸਲੇ ਤਸੱਲੀਬਖਸ਼ ਹੁੰਦੇ ਹਨ ਅਤੇ ਧਿਰਾਂ ਨੂੰ ਮੁਕਦਮੇ ਬਾਜ਼ੀ ਤੋਂ ਮੁਕਤੀ ਮਿਲਦੀ ਹੈ ਅਤੇ ਹੋਰ ਕਈ ਮਾਨਸਿਕ ਪ੍ਰੇਸ਼ਾਨੀਆਂ ਤੋਂ ਧਿਰਾਂ ਨੂੰ ਮੁਕਤੀ ਮਿਲਦੀ ਹੈ।ਇਸ ਤੋਂ ਇਲਾਵਾ ਮਿਡੀਏਸ਼ਨ ਸੈਂਟਰ ਵਿਖੇ ਲੋਕ ਆਪਣੇ ਕੇਸਾਂ ਫੈਸਲਾ ਆਪਸੀ ਰਾਜ਼ੀਨਾਮੇ ਨਾਲ ਕਰਵਾ ਸਕਦੇ ਹਨ।ਅੰਤ ਵਿੱਚ ਜੱਜ ਸਾਹਿਬਾਨ ਨੇ ਲੋਕਾਂ ਨੂੰ ਸੰਬਧਨ ਕਰਦੇ ਹੋਏ ਕਿਹਾ ਕਿ ਝਗੜੇ ਮੁਕਾਓ ਪਿਆਰ ਵਧਾਓ ਲੋਕ ਅਦਾਲਤਾਂ ਰਾਹੀਂ ਸਸਤਾ ਤੇ ਛੇਤੀ ਨਿਆਂ ਪਾਓ।


### ਪਬਲਿਕ ਨੋਟਿਸ

ICICI Bank — Registered Office: ICICI Bank Tower, Near Chakli Circle, Old Padra Road, Vadodara- 390007
Corporate Office: ICICI Bank Towers, Bandra-Kurla Complex Mumbai – 400051.

**ਸੋਨਾ ਨਿਲਾਮੀ ਅਤੇ ਸੱਦਾ ਨੋਟਿਸ**

ਹੇਠਾਂ ਦਸਰਾਏ ਕਰਜ਼ਦਾਰਾਂ ਨੇ ਆਈ ਸੀ ਆਈ ਸੀ ਆਈ ਬੈਂਕ ਲਿਮਟਿਡ ਤੋਂ ਸੋਨੇ ਦੇ ਗਹਿਣਿਆਂ ਬਦਲੇ ਕਰਜ਼ਾ ਸਹੂਲਤ ਪ੍ਰਾਪਤ ਕੀਤੀ ਸੀ, ਜਿਨ੍ਹਾਂ ਨੂੰ ਬਕਾਇਆ ਰਕਮ ਦਾ ਭੁਗਤਾਨ ਕਰਨ ਲਈ ਨੋਟਿਸ ਜਾਰੀ ਕੀਤਾ ਗਿਆ ਸੀ।
ਬਕਾਇਆ ਰਕਮ ਦਾ ਭੁਗਤਾਨ ਨਾ ਕਰਨ 'ਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ 16 ਅਪ੍ਰੈਲ 2026 ਨੂੰ ਹੋਵੇਗੀ। ਮ੍ਰਿਤਕ ਕਰਜ਼ਦਾਰਾਂ ਦੇ ਮਾਮਲੇ 'ਚ ਸਾਰੇ ਨਿਯਮ ਅਤੇ ਸ਼ਰਤਾਂ ਉਨ੍ਹਾਂ ਦੇ ਸੰਬੰਧਤ ਕਾਨੂੰਨੀ ਵਾਰਸਾਂ 'ਤੇ ਲਾਗੂ ਹੋਣਗੀਆਂ।

| ਕਰਜ਼ਾ ਖਾਤਾ ਨੰਬਰ | ਕਰਜ਼ਦਾਰਾਂ ਦਾ ਨਾਂਅ | ਨਿਲਾਮੀ ਸ਼ਾਖਾ ਦਾ ਪਤਾ |
|---|---|---|
| ਬਰਾਂਚ ਦਾ ਨਾਂਅ : ਅੰਮ੍ਰਿਤਸਰ-ਈਸਟ ਮੋਹਨ ਨਗਰ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, 273/ਐੱਚ, 100 ਫੁੱਟੀ ਰੋਡ, ਈਸਟ ਮੋਹਨ ਨਗਰ, ਅੰਮ੍ਰਿਤਸਰ, ਪੰਜਾਬ-143001 |
| 189305001943 | ਵਿਮਲਜੀਤ ਕੌਰ | |
| ਬਰਾਂਚ ਦਾ ਨਾਂਅ : ਦੋਰਾਹਾ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਬੋਪਾਰਾਏ ਹਾਊਸ, ਰੇਲਵੇ ਰੋਡ, ਦੋਰਾਹਾ, ਜ਼ਿਲ੍ਹਾ ਲੁਧਿਆਣਾ, ਪੰਜਾਬ-141421 |
| 078705002827 | ਗੁਰਪ੍ਰੀਤ ਸਿੰਘ | |
| ਬਰਾਂਚ ਦਾ ਨਾਂਅ : ਮਮਦੋਟ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਕੈਲਾਸ਼ ਮਾਰਕਿਟ, ਮੇਨ ਰੋਡ, ਮਮਦੋਟ, ਜ਼ਿਲ੍ਹਾ ਫਿਰੋਜ਼ਪੁਰ, ਪੰਜਾਬ-152023 |
| 382162003729 | ਬਲਜੀਤ ਸਿੰਘ | |
| ਬਰਾਂਚ ਦਾ ਨਾਂਅ : ਰੋਪੜ-ਕਾਲਜ ਰੋਡ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐੱਸ ਸੀ ਓ-22, ਕਾਲਜ ਰੋਡ, ਰੋਪੜ, ਪੰਜਾਬ-140001 |
| 798605000081 | ਨਰਿੰਦਰ ਸਿੰਘ | |
| ਬਰਾਂਚ ਦਾ ਨਾਂਅ : ਟਾਂਡਾ ਉੜਮੁੜ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਸਵਰਨ ਪੈਲੇਸ, ਨੇੜੇ ਰੇਲਵੇ ਚੌਕ, ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ-144203 |
| 087862003184 | ਰਘੂ | |

ਨਿਲਾਮੀ ਉਕਤ ਦਰਸਾਈ ਸਾਰਣੀ 'ਚ ਪਤੇ ਅਤੇ ਮਿਤੀ ਨੂੰ ਹੋਵੇਗੀ। ਸਮਾਂ 3.00 ਵਜੇ ਬਾਅਦ ਦੁਪਹਿਰ ਤੋਂ 6.00 ਵਜੇ ਸ਼ਾਮ ਤੱਕ ਹੈ।
ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਆਈ ਸੀ ਆਈ ਸੀ ਆਈ ਬੈਂਕ ਨੂੰ ਮਿਲਾਮੀ ਮਿਤੀ/ਸਥਾਨ, ਨਿਲਾਮੀ ਦਾ ਢੰਗ ਬਿਨਾਂ ਅਗਾਊਂ ਨੋਟਿਸ ਦਿੱਤਿਆਂ ਬਦਲਣ ਦਾ ਅਧਿਕਾਰ ਹੈ।
ਚਾਹਵਾਨ ਪਾਰਟੀਆਂ ਨਿਯਮ ਅਤੇ ਸ਼ਰਤਾਂ ਦੇ ਵੇਰਵਿਆਂ ਲਈ ਉਕਤ ਦਰਸਾਈਆਂ ਸ਼ਾਖਾਵਾਂ 'ਤੇ ਪਧਾਰਨ।

ਮਿਤੀ : 17.03.2026
ਸਥਾਨ : ਅੰਮ੍ਰਿਤਸਰ, ਫਿਰੋਜ਼ਪੁਰ, ਹੁਸ਼ਿਆਰਪੁਰ, ਲੁਧਿਆਣਾ, ਮਾਨਸਾ, ਰੂਪਨਗਰ

ਸ਼ੁੱਭਚਿੰਤਕ, ਸਹੀ/ਅਧਿਕਾਰਤ ਹਸਤਾਖਰੀ
ਵਾਸਤੇ ਆਈ ਸੀ ਆਈ ਸੀ ਆਈ ਬੈਂਕ ਲਿਮਟਿਡ

## ਵਪਾਰ ਕਮਿਸ਼ਨ ਨੇ ਅਟਾਰੀ ਬਾਜ਼ਾਰ ਦੇ ਵਪਾਰੀਆਂ ਦੀਆਂ ਮੁਸ਼ਕਲਾਂ ਸੁਣੀਆਂ




**ਜਲੰਧਰ (ਇਕਬਾਲ ਸਿੰਘ ਉਭੀ)**-ਵਪਾਰੀਆਂ ਦੀਆਂ ਸਮੱਸਿਆਵਾਂ ਦੇ ਢੁਕਵੇਂ ਹੱਲ ਲਈ ਪੰਜਾਬ ਰਾਜ ਵਪਾਰ ਕਮਿਸ਼ਨ (ਐੱਫ ਸੀ ਟੀ) ਦੀ ਪਹਿਲ 'ਤੇ ਵਿਧਾਨ ਸਭਾ ਹਲਕਾ ਜਲੰਧਰ ਉੱਤਰੀ ਅਧੀਨ ਆਉਂਦੇ ਅਟਾਰੀ ਬਾਜ਼ਾਰ ਵਿੱਚ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਜ਼ਿਲ੍ਹਾ ਵਪਾਰ ਕਮਿਸ਼ਨ ਦੇ ਚੇਅਰਮੈਨ ਇੰਦਰਵੰਸ਼ ਚੱਢਾ ਤੇ ਆਬਕਾਰੀ ਤੇ ਕਰ ਵਿਭਾਗ ਦੀ ਦੇਖ-ਰੇਖ ਹੇਠ ਹੋਈ ਇਸ ਮੀਟਿੰਗ ਵਿੱਚ ਵਪਾਰੀਆਂ ਨੇ ਆਪਣੇ ਮੁੱਦੇ ਤੇ ਮੰਗਾਂ ਰੱਖੀਆਂ। ਇਸ ਮੌਕੇ ਅਮਿਤ ਢੱਲ ਅਤੇ ਅਟਾਰੀ ਬਾਜ਼ਾਰ ਦੇ ਵੱਖ-ਵੱਖ ਪ੍ਰਧਾਨਾਂ ਵੱਲੋਂ ਅਧਿਕਾਰੀਆਂ ਨਾਲ ਸਿੱਧਾ ਸੰਵਾਦ ਕੀਤਾ ਗਿਆ। ਚੇਅਰਮੈਨ ਇੰਦਰਵੰਸ਼ ਚੱਢਾ ਨੇ ਕਿਹਾ ਕਿ ਇਨ੍ਹਾਂ ਮੀਟਿੰਗਾਂ ਦਾ ਉਦੇਸ਼ ਵਪਾਰੀਆਂ ਨਾਲ ਸਿੱਧਾ ਸੰਵਾਦ ਕਾਇਮ ਕਰਨਾ, ਉਨ੍ਹਾਂ ਨੂੰ ਦਰਪੇਸ਼ ਮੁਸ਼ਕਲਾਂ ਦੀ ਸੁਣਵਾਈ ਕਰਨਾ ਤੇ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਉਨ੍ਹਾਂ ਦੇ ਹੱਲ ਲਈ ਯਤਨ ਕਰਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ ਤੇ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ। ਮੀਟਿੰਗ ਵਿੱਚ ਪ੍ਰਸ਼ਾਸਨਿਕ ਅਧਿਕਾਰੀਆਂ ਤੋਂ ਇਲਾਵਾ ਬਲਾਕ ਪ੍ਰਧਾਨ ਭਾਰਤ ਭੂਸ਼ਣ, ਪੁਨੀਤ ਵਢੇਰਾ ਅਤੇ ਜਲੰਧਰ ਪੱਛਮੀ ਕਮਿਸ਼ਨ ਦੇ ਚੇਅਰਮੈਨ ਨਰਿੰਦਰ ਸਿੰਘ ਸਮੇਤ ਕਮਿਸ਼ਨ ਦੇ ਹੋਰ ਮੈਂਬਰ ਵੀ ਮੌਜੂਦ ਸਨ।

## ਮਾਨ ਸਰਕਾਰ ਦੇ ਸ਼ਾਨਦਾਰ ਚਾਰ ਸਾਲ, ਹਰ ਖੇਤਰ 'ਚ ਹੋਇਆ ਇਤਿਹਾਸਕ ਵਿਕਾਸ : ਬਰਾੜ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** – ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਮੌਕੇ ਆਮ ਆਦਮੀ ਪਾਰਟੀ ਅੰਮ੍ਰਿਤਸਰ ਸ਼ਹਿਰ ਦੇ ਜ਼ਿਲ੍ਹਾ ਪ੍ਰਧਾਨ ਤੇ ਚੇਅਰਮੈਨ ਪਨਸਪ ਪ੍ਰਭਬੀਰ ਸਿੰਘ ਬਰਾੜ ਨੇ ਕਿਹਾ ਕਿ ਮਾਨ ਸਰਕਾਰ ਦੇ ਚਾਰ ਸਾਲ ਪੰਜਾਬ ਲਈ ਇਤਿਹਾਸਕ ਸਾਬਤ ਹੋਏ ਹਨ। ਇਨ੍ਹਾਂ ਚਾਰ ਸਾਲਾਂ ਦੌਰਾਨ ਸਿਹਤ, ਸਿੱਖਿਆ, ਰੋਜ਼ਗਾਰ, ਕਿਸਾਨੀ, ਮਹਿਲਾ ਭਲਾਈ, ਉਦਯੋਗਿਕ ਵਿਕਾਸ ਅਤੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਵੱਡੇ ਬਦਲਾਅ ਆਏ ਹਨ।ਚੇਅਰਮੈਨ ਬਰਾੜ ਨੇ ਦੱਸਿਆ ਕਿ ਸਿਹਤ ਖੇਤਰ ਵਿੱਚ ਸਰਕਾਰ ਵੱਲੋਂ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਗਈ ਹੈ। ਆਮ ਆਦਮੀ ਕਲੀਨਿਕਾਂ ਵਿੱਚ ਮੁਫ਼ਤ ਦਵਾਈਆਂ ਅਤੇ ਟੈਸਟ ਦੀ ਸਹੂਲਤ ਦਿੱਤੀ ਜਾ ਰਹੀ ਹੈ ਅਤੇ ਹੁਣ ਤੱਕ 2,661 ਡਾਕਟਰ, ਪੈਰਾਮੈਡੀਕਲ ਸਟਾਫ ਅਤੇ ਕਲੀਨਿਕਲ ਸਟਾਫ ਦੀ ਭਰਤੀ ਕੀਤੀ ਗਈ ਹੈ। ਇਸ ਤੋਂ ਇਲਾਵਾ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਿੱਖਿਆ ਖੇਤਰ ਵਿੱਚ ਪੰਜਾਬ ਨੇ ਦੇਸ਼ ਵਿੱਚ ਮਿਸਾਲ ਕਾਇਮ ਕੀਤੀ ਹੈ। ਨੈਸ਼ਨਲ ਅਚੀਵਮੈਂਟ ਸਰਵੇ ਵਿੱਚ ਪੰਜਾਬ ਦੇਸ਼ ਵਿੱਚ ਨੰਬਰ-1 ਰਿਹਾ ਹੈ।ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ 15,000 ਤੋਂ ਵੱਧ ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ ਅਤੇ 12,000 ਤੋਂ ਵੱਧ ਅਧਿਆਪਕਾਂ ਨੂੰ ਤਰੱਕੀ ਦਿੱਤੀ ਗਈ ਹੈ। ਸਕੂਲਾਂ ਵਿੱਚ ਆਧੁਨਿਕ ਲੈਬੋਰਟਰੀਆਂ, ਲਾਇਬ੍ਰੇਰੀਆਂ ਅਤੇ ਬੁਨਿਆਦੀ ਢਾਂਚੇ ਨੂੰ ਵੀ ਵੱਡੇ ਪੱਧਰ 'ਤੇ ਮਜ਼ਬੂਤ ਕੀਤਾ ਗਿਆ ਹੈ।ਚੇਅਰਮੈਨ ਬਰਾੜ ਨੇ ਕਿਹਾ ਕਿ ਰੋਜ਼ਗਾਰ ਦੇ ਮੋਰਚੇ 'ਤੇ ਵੀ ਮਾਨ ਸਰਕਾਰ ਨੇ ਵੱਡੀ ਕਾਮਯਾਬੀ ਹਾਸਲ ਕੀਤੀ ਹੈ। ਹੁਣ ਤੱਕ 65,264 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ ਅਤੇ ਨੌਜਵਾਨਾਂ ਲਈ 5 ਲੱਖ ਤੋਂ ਜ਼ਿਆਦਾ ਪ੍ਰਾਈਵੇਟ ਸੈਕਟਕ ਵਿੱਚ ਨੌਕਰੀਆਂ ਦਿੱਤੀਆਂ ਗਈਆਂ ਹਨ । ਬਰਾੜ ਨੇ ਦੱਸਿਆ ਕਿ ਮਹਿਲਾਵਾਂ ਲਈ ਮੁੱਖ ਮੰਤਰੀ ਮਾਂਵਾਂ ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਗਈ ਹੈ ਜਿਸ ਤਹਿਤ ਹਰ ਮਹਿਲਾ ਨੂੰ 1,000 ਰੁਪਏ ਪ੍ਰਤੀ ਮਹੀਨਾ ਅਤੇ ਐਸ ਸੀ ਵਰਗ ਦੀਆਂ ਮਹਿਲਾਵਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਦਿੱਤੇ ਜਾ ਰਹੇ ਹਨ। ਇਸ ਦੇ ਨਾਲ ਹੀ ਸ਼ਹੀਦਾਂ ਦੀਆਂ ਧੀਆਂ ਨੂੰ 1 ਕਰੋੜ ਰੁਪਏ ਦੀ ਸਨਮਾਨ ਰਾਸ਼ੀ ਦੇ ਕੇ ਸਰਕਾਰ ਵੱਲੋਂ ਉਨ੍ਹਾਂ ਦੇ ਪਰਵਾਰਾਂ ਦਾ ਸਨਮਾਨ ਕੀਤਾ ਜਾ ਰਿਹਾ ਹੈ

ਉਨ੍ਹਾਂ ਕਿਹਾ ਕਿ ਉਦਯੋਗਿਕ ਵਿਕਾਸ ਨੂੰ ਤਰੱਕੀ ਦੇਣ ਲਈ ਪੰਜਾਬ ਵਿੱਚ ਪਿਛਲੇ ਚਾਰ ਸਾਲਾਂ ਦੌਰਾਨ 1.55 ਲੱਖ ਕਰੋੜ ਰੁਪਏ ਤੋਂ ਵੱਧ ਦਾ ਉਦਯੋਗਿਕ ਨਿਵੇਸ਼ ਆਇਆ ਹੈ। ਪੰਜਾਬ ਦੇ ਪਿੰਡਾਂ ਵਿੱਚ 49,000 ਕਿਲੋਮੀਟਰ ਤੋਂ ਵੱਧ ਸੜਕਾਂ ਦਾ ਨਿਰਮਾਣ ਅਤੇ ਨਵੀਨੀਕਰਨ ਕੀਤਾ ਗਿਆ ਹੈ ਅਤੇ 13,000 ਤੋਂ ਵੱਧ ਪਿੰਡਾਂ ਵਿੱਚ ਤਲਾਬਾਂ ਦੀ ਸਫਾਈ ਕੀਤੀ ਗਈ ਹੈ।ਬਰਾੜ ਨੇ ਦੱਸਿਆ ਕਿ ਨਸ਼ਿਆਂ ਖ਼ਿਲਾਫ਼ ਵੱਡੀ ਮੁਹਿੰਮ ਚਲਾਈ ਗਈ ਹੈ ਜਿਸ ਤਹਿਤ ਹੁਣ ਤੱਕ 50,238 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ 32,620 ਕਿੱਲੋ ਨਸ਼ਾ ਜ਼ਬਤ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਭ੍ਰਿਸ਼ਟਾਚਾਰ ਖ਼ਿਲਾਫ਼ ਵੀ ਸਖ਼ਤ ਕਦਮ ਚੁੱਕੇ ਹਨ। ਭ੍ਰਿਸ਼ਟਾਚਾਰ ਮੁਕਤ ਪੰਜਾਬ ਮੁਹਿੰਮ ਤਹਿਤ ਐਂਟੀ-ਕੁਰਪਸ਼ਨ ਹੈਲਪਲਾਈਨ 9501200200 ਸ਼ੁਰੂ ਕੀਤੀ ਗਈ ਹੈ ਅਤੇ ਹੁਣ ਤੱਕ 1,000 ਤੋਂ ਵੱਧ ਭ੍ਰਿਸ਼ਟ ਅਧਿਕਾਰੀਆਂ ਦੀ ਗ੍ਰਿਫ਼ਤਾਰੀ ਹੋ ਚੁੱਕੀ ਹੈ। 3,100 ਨਵੇਂ ਖੇਡ ਮੈਦਾਨ ਬਣਾਏ ਗਏ ਹਨ। ਇਸ ਦੇ ਨਾਲ ਹੀ ਮੇਰੀ ਰਸੋਈ ਯੋਜਨਾ ਤਹਿਤ ਗਰੀਬ ਪਰਵਾਰਾਂ ਨੂੰ ਸਹਾਇਤਾ ਦਿੱਤੀ ਜਾ ਰਹੀ ਹੈ। ਨਹਿਰੀ ਪਾਣੀ ਦੀ ਸਪਲਾਈ ਨੂੰ ਮਜ਼ਬੂਤ ਕਰਕੇ ਖੇਤੀ ਨੂੰ ਹੋਰ ਮਜ਼ਬੂਤ ਬਣਾਇਆ ਗਿਆ ਹੈ। ਇਸ ਦੇ ਨਾਲ ਹੀ ਫਸਲਾਂ ਦੀ ਖਰੀਦ ਦੇ 24 ਘੰਟਿਆਂ ਵਿੱਚ ਭੁਗਤਾਨ ਦੀ ਵਿਵਸਥਾ ਕੀਤੀ ਗਈ ਹੈ।ਬਰਾੜ ਨੇ ਦੱਸਿਆ ਕਿ 90% ਘਰਾਂ ਨੂੰ 600 ਯੂਨਿਟ ਤੱਕ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ ਅਤੇ ਪਹਿਲੀ ਵਾਰ ਕਿਸਾਨਾਂ ਨੂੰ ਦਿਨ ਦੇ ਸਮੇਂ ਬਿਨਾਂ ਕਟੌਤੀ ਬਿਜਲੀ ਸਪਲਾਈ ਵੀ ਦਿੱਤੀ ਗਈ ਹੈ।

## 72ਵੀਂ ਇੰਟਰ-ਸਰਵਿਸਿਜ਼ ਹਾਕੀ ਚੈਂਪੀਅਨਸ਼ਿਪ ਸਮਾਪਤ



**ਜਲੰਧਰ (ਇਕਬਾਲ ਸਿੰਘ ਉਭੀ)**- ਸਥਾਨਕ ਵਜਰਾ ਐਸਟ੍ਰੋਟਰਫ ਹਾਕੀ ਸਟੇਡੀਅਮ ਵਿਖੇ 9 ਤੋਂ 13 ਮਾਰਚ ਤੱਕ ਕਰਵਾਏ ਗਏ ਇੰਟਰ-ਸਰਵਿਸਿਜ਼ ਹਾਕੀ ਚੈਂਪੀਅਨਸ਼ਿਪ ਟੂਰਨਾਮੈਂਟ 2025-26 ਆਰਮੀ ਹਾਕੀ ਨੋਡ (ਏ ਐੱਚ ਐੱਨ) ਜਲੰਧਰ ਵਿਖੇ ਸਥਿਤ ਵਜਰਾ ਐਸਟ੍ਰੋਟਰਫ ਹਾਕੀ ਸਟੇਡੀਅਮ ਵਿਖੇ ਸ਼ਾਨਦਾਰ ਸਮਾਪਤੀ ਸਮਾਰੋਹ ਨਾਲ ਸਮਾਪਤ ਹੋਇਆ। ਵਜਰਾ ਕੋਰ ਦੁਆਰਾ ਆਯੋਜਿਤ ਚੈਂਪੀਅਨਸ਼ਿਪ ਨੇ ਵੱਖ-ਵੱਖ ਸੇਵਾਵਾਂ ਦੇ ਸਭ ਤੋਂ ਵਧੀਆ ਹਾਕੀ ਖਿਡਾਰੀਆਂ ਨੂੰ ਇਕੱਠਾ ਕੀਤਾ, ਜਿਨ੍ਹਾਂ ਨੇ ਬੇਮਿਸਾਲ ਹੁਨਰ ਦਾ ਪ੍ਰਦਰਸ਼ਨ ਕਰਦੇ ਹੋਏ ਖੇਡ ਭਾਵਨਾ ਤੇ ਅੰਤਰ-ਸਰਵਿਸਿਜ਼ ਦੋਸਤੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ। ਇਸ ਟੂਰਨਾਮੈਂਟ ਵਿੱਚ ਆਰਮੀ ਰੈੱਡ, ਆਰਮੀ ਗ੍ਰੀਨ, ਇੰਡੀਅਨ ਨੇਵੀ ਤੇ ਇੰਡੀਅਨ ਏਅਰ ਫੋਰਸ ਦੀਆਂ ਟੀਮਾਂ ਨੇ ਰਾਊਂਡ-ਰੋਬਿਨ ਲੀਗ ਫਾਰਮੈਟ ਵਿੱਚ ਮੁਕਾਬਲਾ ਕੀਤਾ। ਚੈਂਪੀਅਨਸ਼ਿਪ ਆਰਮੀ ਰੈੱਡ ਤੇ ਇੰਡੀਅਨ ਨੇਵੀ ਵਿਚਕਾਰ ਇੱਕ ਰੋਮਾਂਚਕ ਫਾਈਨਲ ਮੈਚ ਨਾਲ ਸਮਾਪਤ ਹੋਈ, ਜਿਸ ਵਿੱਚ ਆਰਮੀ ਰੈੱਡ ਨੇ ਪੈਨਲਟੀ ਸ਼ੂਟਆਊਟ ਰਾਹੀਂ 6-5 ਨਾਲ ਜਿੱਤ ਪ੍ਰਾਪਤ ਕੀਤੀ।ਫਾਈਨਲ ਮੈਚ ਵਿੱਚ ਤੇਜ਼ ਰਫ਼ਤਾਰ ਵਾਲੀ ਖੇਡ, ਸ਼ਾਨਦਾਰ ਰਣਨੀਤੀਆਂ ਅਤੇ ਖਿਡਾਰੀਆਂ ਦੇ ਬੇਮਿਸਾਲ ਸਟਿੱਕਵਰਕ ਨੇ ਦਰਸ਼ਕਾਂ ਨੂੰ ਅੰਤਿਮ ਸੀਟੀ ਤੱਕ ਆਪਣੀਆਂ ਸੀਟਾਂ 'ਤੇ ਕੀਲ ਕੇ ਰੱਖਿਆ। ਇਸ ਮੌਕੇ ਸਾਬਕਾ ਸੈਨਿਕਾਂ ਅਤੇ ਖੇਡ ਪ੍ਰੇਮੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਸਮਾਗਮ ਨੇ ਸਰਵਿਸਿਜ਼ ਹਾਕੀ ਦੀ ਸ਼ਾਨਦਾਰ ਵਿਰਾਸਤ ਦਾ ਜਸ਼ਨ ਮਨਾਇਆ ਤੇ ਨੌਜਵਾਨਾਂ ਨੂੰ ਖੇਡਾਂ ਤੇ ਰਾਸ਼ਟਰੀ ਸੇਵਾ ਰਾਹੀਂ ਉੱਤਮਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ।

## ਬਜ਼ੁਰਗਾਂ ਦੇ ਸਤਿਕਾਰ ਨਾਲ ਹੀ ਇੱਕ ਚੰਗੇ ਪਰਵਾਰ ਦੀ ਸਿਰਜਣਾ ਹੁੰਦੀ ਹੈ : ਏ ਡੀ ਸੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਦਲਵਿੰਦਰਜੀਤ ਸਿੰਘ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁਹਿੰਮ 'ਸਾਡੇ ਬਜ਼ੁਰਗ, ਸਾਡਾ ਮਾਣ' ਤਹਿਤ ਇੱਕ ਚੇਤਨਾ ਅਤੇ ਸਿੱਖਿਆ ਸੈਮੀਨਾਰ ਦਾ ਆਯੋਜਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਕੀਤਾ ਗਿਆ। ਇਸ ਸੈਮੀਨਾਰ ਵਿੱਚ ਵੱਖ-ਵੱਖ ਗੈਰ ਸਰਕਾਰੀ ਸੰਸਥਾਵਾਂ ਦੇ ਨੁਮਾਇੰਦਿਆਂ, ਰੈਡ ਕਰਾਸ ਦੇ ਵੰਲਟੀਅਰ ਅਤੇ ਯੂਥ ਕਲੱਬਾਂ ਦੇ ਨੁਮਾਇੰਦਿਆਂ ਨੇ ਭਾਗ ਲਿਆ। ਇਸ ਸਮਾਰੋਹ ਵਿੱਚ ਡਾ. ਰੁਪਿੰਦਰਪਾਲ ਸਿੰਘ, ਪੀ.ਸੀ.ਐੱਸ, ਵਧੀਕ ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਡਾ. ਰੁਪਿੰਦਰਪਾਲ ਸਿੰਘ ਨੇ ਕਿਹਾ ਕਿ ਇੱਕ ਚੰਗਾ ਪਰਵਾਰ ਉਹੀ ਹੁੰਦਾ ਹੈ ਜਿਸ ਵਿੱਚ ਬਜ਼ੁਰਗ ਦਾ ਸਤਿਕਾਰ ਹੁੰਦਾ ਹੈ। ਉਨ੍ਹਾਂ ਕਿਹਾ ਕਿ ਬਜ਼ੁਰਗਾਂ ਦੇ ਮਾਣ-ਸਨਮਾਨ ਨਾਲ ਹੀ ਇੱਕ ਚੰਗੇ ਸਮਾਜ ਦੀ ਸਿਰਜਣਾ ਹੁੰਦੀ ਹੈ।ਇਸ ਮੌਕੇ ਇਸ ਪ੍ਰੋਗਰਾਮ ਦੇ ਆਯੋਜਕ ਸੈਮਸਨ ਮਸੀਹ, ਕਾਰਜਕਾਰੀ ਸਕੱਤਰ, ਰੈਡ ਕਰਾਸ ਨੇ ਆਏ ਹੋਏ ਮੁੱਖ ਮਹਿਮਾਨ ਅਤੇ ਸਾਰੇ ਨੁਮਾਇੰਦਿਆਂ ਦਾ ਸਵਾਗਤ ਕੀਤਾ।ਇਸ ਸਮਾਰੋਹ ਵਿੱਚ ਡਾ. ਹਰਕਿਰਨਜੀਤ ਕੋਰ, ਸਹਾਇਕ ਪ੍ਰੋਫੈਸਰ ਕਾਨੂੰਨ ਵਿਭਾਗ ਸ਼ਰਮਾ, ਦੀਪਕ ਬੱਬਰ, ਬਾਬਾ ਚਾਹਲ, ਬਿਕਰਮਜੀਤ ਸਿੰਘ, ਜਗਜੀਤ ਸਿੰਘ ਆਦਿ ਨੇ ਸੰਬੋਧਨ ਕੀਤਾ। ਇਸ ਮੌਕੇ ਜਸਵੰਤ ਸਿੰਘ 85 ਸਾਲਾਂ ਦੇ ਰੈਡ ਕਰਾਸ ਵੰਲਟੀਅਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਸਮਾਰੋਹ ਵਿੱਚ ਸ੍ਰੀ ਵਿਨੋਦ ਕੁਮਾਰ, ਸ਼ਸ਼ਪਾਲ ਸਿੰਘ, ਗੁਰਪ੍ਰੀਤ ਕੌਰ, ਮਿਸ ਨੇਹਾ, ਮੁਕੁਲ, ਯੂਸਫ ਮਸੀਹ ਅਤੇ ਪਲਵਿੰਦਰ ਸਿੰਘ ਹਾਜ਼ਰ ਸਨ।

## ਕਲਤੂਰਾ ਸਿੱਖ ਇਟਲੀ ਵੱਲੋਂ ਕਿਤਾਬ 'ਮਨਮਤਿ ਤੋਂ ਗੁਰਮਤਿ' ਇਟਲੀ ਦੇ ਨਗਰ ਕੀਰਤਨ ਤੇ ਗੁਰਮਤਿ ਸਮਾਗਮਾਂ 'ਚ ਮੁਫ਼ਤ ਹੋਵੇਗੀ ਤਕਸੀਮ

**ਝਬਾਲ (ਸੋਨੀ)**-ਇਟਲੀ ਵਿੱਚ ਮਹਾਨ ਸਿੱਖ ਧਰਮ ਦੇ ਪ੍ਰਚਾਰ ਤੇ ਪ੍ਰਸਾਰ ਲਈ ਮੋਹਰਲੀ ਕਤਾਰ ਦੀ ਸੰਸਥਾ ਕਲਤੂਰਾ ਸਿੱਖ ਇਟਲੀ ਜੋ ਕਿ ਪਿਛਲੇ ਕਈ ਸਾਲਾਂ ਤੋਂ ਇਟਲੀ ਵਿੱਚ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਅਨੇਕਾਂ ਕਿਤਾਬਾਂ ਵੱਖ ਵੱਖ ਭਾਸ਼ਾਵਾਂ ਵਿੱਚ ਅਨੁਵਾਦ ਕਰਕੇ ਮੁਫਤ ਵੰਡੀਆਂ ਗਈਆਂ ।ਇਸ ਸੰਸਥਾ ਦਾ ਮਕਸਦ ਹੈ ਸਿੱਖੀ ਦੇ ਬੂਟੇ ਨੂੰ ਇਟਲੀ ਵਿੱਚ ਪ੍ਰਫੁੱਲਤ ਕਰਨਾ ਤੇ ਸਿੱਖੀ ਸਿਧਾਂਤ ਉਪੱਰ ਪਹਿਰਾ ਦਿੰਦਿਆਂ ਬਾਣੀ ਤੇ ਬਾਣੇ ਦਾ ਪ੍ਰਚਾਰ ਕਰਨਾ ਆਪਣੇ ਇਸ ਮਿਸ਼ਨ ਨੂੰ ਅੱਗੇ ਤੋਰਦਿਆਂ ਸੰਸਥਾ ਵੱਲੋਂ ਇਸ ਸਾਲ ਲੰਗਰ ਪ੍ਰਥਾ ਤੇ ਵਿਸ਼ੇਸ਼ ਕਿਤਾਬ ਮਨਮਤਿ ਤੋਂ ਗੁਰਮਤਿ ਲੈ ਕੇ ਸੰਗਤਾਂ ਦੀ ਸੇਵਾ ਹਾਜ਼ਰ ਹੋਈ ਹੈ ਜਿਸ ਨੂੰ ਵੱਖ-ਵੱਖ ਨਗਰ ਕੀਰਤਨ ਅਤੇ ਸਮਾਗਮਾਂ 'ਤੇ ਮੁਫਤ ਤਕਸੀਮ ਕੀਤਾ ਜਾ ਰਿਹਾ ਹੈ। ਪਿਛਲੇ ਇੱਕ ਸਾਲ ਤੋਂ ਸੰਸਥਾ ਵੱਲੋਂ ਵੱਖ ਵੱਖ ਸਮਾਗਮਾਂ ਅਤੇ ਨਗਰ ਕੀਰਤਨਾਂ ਵਿੱਚ ਗੁਰੂ ਕੇ ਲੰਗਰ ਪੰਗਤ ਵਿੱਚ ਛਕਾਉਣ ਲਈ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਗੁਰੂ ਸਾਹਿਬ ਦੀ ਮਰਿਆਦਾ ਨੂੰ ਬਹਾਲ ਕੀਤਾ ਜਾਵੇ। ਲੰਗਰ ਕੇਵਲ ਪੰਗਤ ਵਿੱਚ ਛਕਾਏ ਜਾਣ ਤਾਂ ਜੋ ਯੂਰਪ ਦੇ ਲੋਕਾਂ ਨੂੰ ਸਿੱਖਾਂ ਦੀ ਵੱਖਰੀ ਪਹਿਚਾਣ ਸਿੱਖ ਸਿਧਾਂਤਾਂ ਬਾਰੇ ਜਾਣੂ ਕਰਵਾਇਆ ਜਾਵੇ ਕਿ ਸਿੱਖੀ ਵਿੱਚ ਉਚ ਨੀਚ ਨੂੰ ਖਤਮ ਕੀਤਾ ਗਿਆ ਤੇ ਸਾਰਿਆਂ ਨੂੰ ਬਰਾਬਰਤਾ ਦਾ ਸਨਮਾਨ ਹੈ। ਸਿੱਖ ਸੰਸਥਾ ਦੀਆਂ ਸਿੱਖੀ ਨੂੰ ਪ੍ਰਫੁੱਲਤ ਕਰਨ ਵਾਲੀਆਂ ਸਰਗਰਮੀਆਂ ਦੀ ਸਿੱਖ ਸੰਗਤ ਵੱਲੋਂ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ।




## ਗੁਰਦੁਆਰਾ ਸਾਹਿਬ ਦੀ ਜਗ੍ਹਾ 'ਤੇ ਜਬਰੀ ਕਬਜ਼ੇ ਦਾ ਸ਼੍ਰੋਮਣੀ ਕਮੇਟੀ ਨੇ ਲਿਆ ਨੋਟਿਸ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹੈਦਰਾਬਾਦ ਵਿਖੇ ਗੁਰਦੁਆਰਾ ਸਾਹਿਬ ਬਰਮਬਾਲਾ ਦੀ ਜਗ੍ਹਾ 'ਤੇ ਸਥਾਨਕ ਪ੍ਰਸ਼ਾਸਨ ਵੱਲੋਂ ਜਬਰੀ ਕਬਜ਼ਾ ਕਰਨ ਦੀ ਕੀਤੀ ਜਾ ਰਹੀ ਕਾਰਵਾਈ 'ਤੇ ਗੰਭੀਰ ਸਵਾਲ ਉਠਾਉਂਦਿਆਂ ਇਸ ਦੀ ਕਰੜੇ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਨਾਲ ਸੰਬੰਧਤ ਜਗ੍ਹਾ 'ਤੇ ਇਸ ਤਰ੍ਹਾਂ ਦੀ ਜ਼ਬਰਦਸਤੀ ਕਰਨੀ ਨਾ ਸਿਰਫ਼ ਦੁਖਦਾਈ ਹੈ, ਸਗੋਂ ਇਹ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਵੀ ਹੈ। ਧਾਮੀ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਬਰਮਬਾਲਾ ਨੂੰ ਪੁਰਾਣੇ ਸਮੇਂ ਤੋਂ ਮਿਲੀ ਹੋਈ ਜਗ੍ਹਾ 'ਤੇ ਜਬਰਨ ਕਬਜ਼ਾ ਕਰਨ ਦੀ ਕੋਸ਼ਿਸ਼ ਕਰਨਾ ਕਾਨੂੰਨ ਅਤੇ ਨਿਆਂ ਦੇ ਮੂਲ ਸਿਧਾਂਤਾਂ ਦੇ ਖ਼ਿਲਾਫ਼ ਹੈ। ਗੁਰਦੁਆਰਾ ਸਾਹਿਬ ਨਾਲ ਇਸ ਤਰ੍ਹਾਂ ਦੀ ਧੱਕੇਸ਼ਾਹੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਪ੍ਰਸ਼ਾਸਕੀ ਕਾਰਵਾਈ ਦੇ ਨਾਂ 'ਤੇ ਗੁਰਦੁਆਰਾ ਸਾਹਿਬ ਦੀ ਜਗ੍ਹਾ 'ਤੇ ਜਬਰੀ ਕਬਜ਼ਾ ਕਰਨ ਦੀ ਕੋਸ਼ਿਸ਼ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ 'ਤੇ ਹਮਲਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਸ ਧੱਕੇਸ਼ਾਹੀ ਵਾਲੀ ਕਾਰਵਾਈ ਤੋਂ ਤੁਰੰਤ ਪਿੱਛੇ ਹਟੇ।ਉਨ੍ਹਾਂ ਕੇਂਦਰ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਇਸ ਮਾਮਲੇ ਵਿਚ ਤੁਰੰਤ ਦਖ਼ਲ ਦੇ ਕੇ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਦਾ ਆਦਰ ਕੀਤਾ ਜਾਵੇ ਅਤੇ ਗੁਰਦੁਆਰਾ ਸਾਹਿਬ 'ਤੇ ਕਬਜ਼ਾ ਦੀ ਨੀਅਤ ਨਾਲ ਕੀਤੀ ਜਾ ਰਹੀ ਕਾਰਵਾਈ ਨੂੰ ਮੁਕੰਮਲ ਤੌਰ 'ਤੇ ਰੋਕਣ ਦਾ ਸਥਾਨਕ ਸੂਬੇ ਦੀ ਸਰਕਾਰ ਨੂੰ ਆਦੇਸ਼ ਕਰੇ। ਉਨ੍ਹਾਂ ਸਥਾਨਕ ਸੰਗਤਾਂ ਨੂੰ ਇਸ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਪੂਰਨ ਸਹਿਯੋਗ ਦੀ ਵਚਨਬੱਧਤਾ ਪ੍ਰਗਟਾਉਂਦਿਆਂ ਕਿਹਾ ਕਿ ਕਿਸੇ ਵੀ ਧੱਕੇਸ਼ਾਹੀ ਵਿਰੁੱਧ ਸਿੱਖ ਸੰਸਥਾ ਪੂਰੇ ਵਿਸ਼ਵ ਦੀਆਂ ਸੰਗਤਾਂ ਨਾਲ ਖੜ੍ਹੀ ਹੈ ਅਤੇ ਖੜ੍ਹੀ ਰਹੇਗੀ।

## ਪ੍ਰਸਿੱਧ ਕਾਰੋਬਾਰੀ ਰਾਜਨ ਚੋਪੜਾ ਨੇ ਅਮਿਤ ਸ਼ਾਹ ਨਾਲ ਕੀਤੀ ਮੁਲਾਕਾਤ



**ਜਲੰਧਰ (ਇਕਬਾਲ ਸਿੰਘ ਉਭੀ)**-ਪ੍ਰਸਿੱਧ ਕਾਰੋਬਾਰੀ ਅਤੇ 'ਰਮਦਾ' ਜਲੰਧਰ ਸਿਟੀ ਸੈਂਟਰ ਦੇ ਮਾਲਕ ਰਾਜਨ ਚੋਪੜਾ ਨੇ ਨਵੀਂ ਦਿੱਲੀ ਵਿਖੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕੀਤੀ। ਮੀਟਿੰਗ ਦੌਰਾਨ ਆਗੂਆਂ ਨੇ ਪੰਜਾਬ ਨਾਲ ਸਬੰਧਤ ਮਹੱਤਵਪੂਰਨ ਮੁੱਦਿਆਂ 'ਤੇ ਚਰਚਾ ਕੀਤੀ, ਜਿਸ ਵਿੱਚ ਵਪਾਰਕ ਵਿਕਾਸ ਅਤੇ ਸੂਬੇ ਦੀ ਸਮੁੱਚੀ ਆਰਥਿਕ ਪ੍ਰਗਤੀ ਸ਼ਾਮਲ ਹੈ। ਕੇਂਦਰ ਸਰਕਾਰ ਅਤੇ ਪੰਜਾਬ ਦੇ ਮੁੱਖ ਹਿੱਸੇਦਾਰਾਂ ਵਿਚਕਾਰ ਤਾਲਮੇਲ ਨੂੰ ਮਜ਼ਬੂਤ ?ਕਰਨਾ ਵੀ ਚਰਚਾ ਦਾ ਮੁੱਖ ਕੇਂਦਰ ਸੀ। ਸੂਤਰਾਂ ਅਨੁਸਾਰ, ਚਰਚਾਵਾਂ ਨੇ ਖੇਤਰ ਵਿੱਚ ਆਰਥਿਕ ਵਿਕਾਸ, ਨਿਵੇਸ਼ ਅਤੇ ਵਿਕਾਸ ਲਈ ਸੰਭਾਵੀ ਮੌਕਿਆਂ ਨੂੰ ਉਜਾਗਰ ਕੀਤਾ। ਆਗੂਆਂ ਨੇ ਪੰਜਾਬ ਵਿੱਚ ਸ਼ਾਸਨ ਸੰਬੰਧੀ ਚਿੰਤਾਵਾਂ ਨੂੰ ਹੱਲ ਕਰਨ ਅਤੇ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਰਾਜਨੀਤਿਕ ਲੀਡਰਸ਼ਿਪ ਅਤੇ ਉਦਯੋਗ ਪ੍ਰਤੀਨਿਧੀਆਂ ਵਿਚਕਾਰ ਸਹਿਯੋਗੀ ਯਤਨਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਹ ਮੀਟਿੰਗ ਸੂਬੇ ਨੂੰ ਅੱਗੇ ਵਧਾਉਣ ਅਤੇ ਪੰਜਾਬ ਵਿੱਚ ਕਾਰੋਬਾਰ ਅਤੇ ਨਿਵੇਸ਼ ਦੇ ਮੌਕਿਆਂ ਨੂੰ ਵਧਾਉਣ ਲਈ ਇਕੱਠੇ ਕੰਮ ਕਰਨ ਦੀ ਸਾਂਝੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

## ਸੇਵਾ ਕੇਂਦਰਾਂ ਤੇ ਸੀ ਐੱਚ ਸੀ ਸੈਂਟਰਾਂ ਵਿੱਚ ਬਣਾਏ ਜਾਣਗੇ ਸਿਹਤ ਯੋਜਨਾ ਦੇ ਕਾਰਡ : ਡਿਪਟੀ ਕਮਿਸ਼ਨਰ

**ਫਗਵਾੜਾ (ਡਾ ਰਮਨ)**-ਜ਼ਿਲ੍ਹਾ ਕਪੂਰਥਲਾ ਵਿੱਚ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਹਰੇਕ ਪਰਵਾਰ ਨੂੰ 10 ਲੱਖ ਰੁਪਏ ਤੱਕ ਕੈਸ਼ਲੈਸ ਇਲਾਜ ਦੇਣ ਲਈ ਸਿਹਤ ਕਾਰਡ ਦੀ ਰਜਿਸਟ੍ਰੇਸ਼ਨ ਦਾ ਅਗਲਾ ਪੜਾਅ ਸ਼ੁਰੂ ਹੋ ਚੁੱਕਾ ਹੈ ਤੇ ਜ਼ਿਲ੍ਹੇ ਦੇ ਸਮੂਹ ਸੇਵਾ ਕੇਂਦਰਾਂ ਦੇ ਨਾਲ ਨਾਲ ਸੀ ਐੱਚ ਸੀ ਸੈਂਟਰ ਦੇ ਵਿੱਚ ਵੀ ਕਾਰਡ ਬਣਾਏ ਜਾਣਗੇ। ਇਸ ਸਬੰਧੀ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਸੂਚੀਬੱਧ ਹਰੇਕ ਸਰਕਾਰੀ ਤੇ ਪ੍ਰਾਈਵੇਟ ਹਸਪਤਾਲ ਵਿਚ ਇਸ ਯੋਜਨਾ ਤਹਿਤ ਮੁਫ਼ਤ ਇਲਾਜ਼ ਦੀ ਸਹੂਲਤ ਮਿਲੇਗੀ।ਉਨ੍ਹਾਂ ਕਿਹਾ ਕਿ ਵੱਡੀਆਂ ਤੇ ਛੋਟੀਆਂ ਬਿਮਾਰੀਆਂ ਲਈ 10 ਲੱਖ ਰੁਪਏ ਤੱਕ ਦੀਆਂ ਸਾਰੀਆਂ ਦਵਾਈਆਂ ਅਤੇ ਟੈਸਟ ਮੁਫ਼ਤ ਹੋਣਗੇ। ਇਸ ਯੋਜਨਾ ਲਈ ਕੋਈ ਆਮਦਨ ਸੀਮਾ ਨਿਰਧਾਰਤ ਨਹੀਂ ਕੀਤੀ ਗਈ ਹੈ।ਇਸ ਸਕੀਮ ਵਿੱਚ 2356 ਤੋਂ ਵੱਧ ਇਲਾਜ ਪੈਕੇਜ ਸ਼ਾਮਲ ਕੀਤੇ ਗਏ ਹਨ। ਇਸ ਸਿਹਤ ਯੋਜਨਾ ਅਧੀਨ ਆਰਥੋਪੀਡਿਕਸ, ਜਨਰਲ ਮੈਡੀਸਨ, ਕਾਰਡੀਓਲੋਜੀ, ਨਿਊਰੋਲੋਜੀ, ਨੈਫਰੋਲੋਜੀ, ਯੂਰੋਲੋਜੀ, ਓਨਕੋਲੋਜੀ ਸਮੇਤ ਹੋਰ ਵਿਸ਼ੇਸ਼ ਇਲਾਜ ਸੇਵਾਵਾਂ ਲੋਕਾਂ ਨੂੰ ਪ੍ਰਦਾਨ ਕੀਤੀਆਂ ਜਾਣਗੀਆਂ।

# ਕਲਾਸੀਫਾਈਡ ਇਸ਼ਤਿਹਾਰ

### Change of Name

I,Simarpreet Singh S/O Raminder Singh Chawla R/O 1-A, Gali No.1,Chawla Niwas,Post Office Wali Gali,Jujhar Singh Avenue, Amritsar, Punjab have changed my name from Simarpreet Singh to Simarpreet Singh Chawla.Concerned note.

I,Virender Gupta S/O Jang Bahadur R/O 47/14,Dalmia Hospital Street,Near Ritz Hotel,Mall Road, Amritsar, Punjab have changed my name from Virender Gupta to Varinder Kumar Gupta.Concerned

I Ninder Kaur Wife of Nirmal Singh VPO Dubli Tehsil Patti District Tarn Taran Have Changed My Name From Ninder Kaur to Narinder Kaur pl note it.

I, Simranjit Kaur W/o Kuldip Singh residence of Vill. Gandhian PO Paniar, Distt Gurdaspur 143531 Punjab. Have changed my name Simarjit alias Simranjit Kaur to Simranjit Kaur. Concerned note.

I, Prabhjot Kumar Alias Prabhdial S/o Tarsem Lal R/o Mohalla Mehtian V.P.O Hariana Distt. Hoshiarpur is One & the Same Person. Concerned Note.

I, Charanjit Kaur W/o Parmpreet Singh Rai R/o VPO Moranwali, Tehsil Garhshankar, Distt. Hoshiarpur. I Have changed my name charanjit Kaur to Kaur Charanjit.

I, Akaansh Rajput Son of Shri Rahul Rajput R/o H. No. 335-6, Bhai Randhir Singh Nagar, Ludhiana declare that, have changed my name from Akansh Rajput to Akaansh Rajput. Concerned please note.

I, Harnek Singh S/o Avtar Singh R/o Village Khiala Kalan Tehsil Ajnala District Amrisar have declare that Harnek is my Given name and Singh is my Surname

I, Anmoldeep Singh S/o Jagtar Singh R/o VPO Dakoha Tehsil Batala District Gurdaspur have declare that Anmoldeep is my Given name and Singh is my Surname

I, Hardip Singh S/o Jagjit Singh R/o Village Mandiala, PO Bhoru, Tehsil & Distt Amritsar have changed my name from Hardip Singh to Hardeep Singh

I, Rajiv Kumar s/o Brij Bhushan R/o H.no.147, Gali Chappar Wali, Tarn Taran, Distt.Tarn Taran-143401(pb) have changed my name from Rajiv Kumar to Rajeev Kumar, please note.

I Satpal Kumar S/O Amarnath R/O 244, Bohri Sahib Road, Akash Avenue Kot Khalsa Near Jorha Attha Amritsar, Have changed my name from Satpal Kumar to Sat Pal. All concerned may please note.

I, Pardeep Singh S/O Jarnail Singh R/O Vill. Bhundian, PO. Behram Sarishta, Jalandhar-144201, Punjab have changed my name from Pardeep Singh to Pardeep as given name and Singh as Surname. All note.

I, Khushpreet Kaur w/o Harsimrat Singh R/o VPO. Bundala, Amritsar have changed my name from Khushpreet Kaur to Khushpreet is my given name and Kaur is my Surname.

I, Naveen Kumar S/o Kuldeep Kumar, R/o #138/4, New Sant Nagar, Jalandhar, Punjab, have changed my name from Naveen Kumar to Naveen is my Given Name and Kumar is my Surname. All please note.

I, Paramjit Singh S/o Hardev Singh R/o Village Talwandi Dasaundha Singh, PO Kathunangal, Distt. Amritsar, Punjab-143502 have changed my name from Paramjit Singh to Paramjeet Singh.

I, Davinder Singh S/o Kartar Singh R/o Majitha, Chawinda Devi, Distt. Amritsar, Punjab-143504 have changed my name from Davinder Singh to Singh is my surname and Davinder is my given name.

I, Gurjit Kaur W/o Narinder Singh Khaira R/o H.No. 265, Gali No.1, Green Field Majitha Road, Amritsar, Punjab have changed my name from Gurjit Kaur to Gurjit Kaur Khaira.

I, Balwinder kaur alias satwinder kaur w/o Balwinder Singh Ro village fazalwal P/o Bagga, Tehsil Shahkot, Distt Jalandhar Pin: 144703, Punjab, India have changed my name to Balwinder Kaur. Note Please.

### Change of Name

I, Balvir Singh s/o Paramjit Singh r/o Vpo. Kadiana, distt. Hoshiarpur have changed my name to Given name as Balvir & Surname as Singh. All Please Note.

I, Hardeep Singh s/o Jagir Singh r/o Vill. Shahpur Lesriwala, Po.Adampur, Distt.Jalandhar have changed my name to Hardeep Singh Nijjar (Surname as Nijjar) All Please Note.

I, Balwinder Kaur w/o Hardeep Singh Nijjar r/o Vill. Shahpur Lesriwala, Po. Adampur, Distt.Jalandhar have changed my name to Balwinder Kaur Nijjar (Surname as Nijjar) All Please Note.

I, Mandeep Kaur Nijjer w/o Jaspreet Singh Nijjar r/o Vill. Shahpur Lesriwala, Po. Adampur, Distt.Jalandhar have changed the spelling of my surname to Mandeep Kaur Nijjar. All Please Note.

I, Sukhwinder Singh Dhesi S/o Kashmir Singh R/o VPO. Kang Araian, Tehsil Phillaur, Distt. Jalandhar, Punjab have changed my name from Sukhwinder Singh Dhesi to Sukhwinder Singh. All Please Note.

I, Gurpreet Singh S/o Ranjit Singh R/o VPO. Bhardwajian, Tehsil Phillaur, District Jalandhar, Punjab-144034 have changed my name from Gurpreet Singh to Given Name Gurpreet & Surname as Singh. All concerned please note.

I heitherto known as LUCKY S/o SAT PAL , residing at Aggarwal Property Dealer Sunny Enclave, Dhilwan, Nangal Shama , Jalandhar ,Punjab ,144023 have changed my name and shall be known as LUCKY KUMAR. (R)

I, Mohit S/o Surinder Kumar R/o 67 Shanker Garden, Inds. Area Gujja Peer Road, Jalandhar (PB) India have changed my name to Mohit Jandey.

### ਨਾਂਅ ਦੀ ਬਦਲੀ

ਮੈਂ, ਰਾਹੁਲ ਪੁੱਤਰ ਸ੍ਰੀ ਸਰਿੰਦਰ ਪਾਲ ਵਾਸੀ-ਬੀ-9, 522, ਸੰਤੋਖਪੁਰਾ ਜਲੰਧਰ ਨੇ ਆਪਣਾ ਨਾਂਅ ਰਾਹੁਲ ਤੋਂ ਬਦਲ ਕੇ ਰਾਹੁਲ ਜੱਸੀ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ ਮਨਦੀਪ ਕੁਮਾਰ ਸ਼ਰਮਾ ਪੁੱਤਰ ਅਸ਼ੋਕ ਕੁਮਾਰ ਵਾਸੀ ਮਕਾਨ ਨੰਬਰ 3244/28, ਐਫ ਜੀ ਸੀ ਰੋਡ ਨੇੜੇ ਕੇਰ ਸਿੰਘ ਦਾ ਡਾਕਖਾਨਾ ਨਵੀ ਅਬਾਦੀ ਫੈਜ਼ਪੁਰਾ ਅੰਮ੍ਰਿਤਸਰ ਨੇ ਆਪਣੇ ਪੁੱਤਰ ਸ਼ਿਵਮ ਦਾ ਨਾਮ ਬਦਲ ਕੇ ਸ਼ਿਵਮ ਸ਼ਰਮਾ ਰੱਖ ਲਿਆ ਹੈ ਸੰਬੰਧਤ ਨੋਟ ਕਰਨ

### ਆਮ ਸੂਚਨਾ

ਬਚਨ ਸਿੰਘ ਪੁੱਤਰ ਬੇਲਾ ਸਿੰਘ ਉਰਫ ਬੀਰ ਸਿੰਘ ਵਾਸੀ ਬੜੀ ਦੇ ਨਾਮ ਚੱਲਦੇ ਮੋਟਰ ਕੁਨੈਕਸ਼ਨ ਖਾਤਾ ਨੰਬਰ : ਏ.ਪੀ. 2150/ਬੀ (20 ਹਾਰਸਪਾਵਰ) ਨੇ ਅੰਮ੍ਰਿਤ ਕੌਰ ਪਤਨੀ ਜਤਿੰਦਰ ਸਿੰਘ, ਵਾਸੀ ਢਿੱਲਵਾਂ ਰੋਡ, ਨਡਾਲਾ, ਜ਼ਿਲ੍ਹਾ ਕਪੂਰਥਲਾ ਖੇਵਟਦਾਰ ਬੜੀ ਨੇ ਆਪਣੇ ਨਾਮ ਪਰ ਤਬਦੀਲ ਕਰਵਾਉਣ ਲਈ ਅਪਲਾਈ ਕੀਤਾ ਹੈ। ਇਤਰਾਜ਼ੀ 15 ਦਿਨਾਂ ਅੰਦਰ ਐੱਸ.ਡੀ.ਓ, ਪਾਵਰਕਾਮ, ਉਪ ਮੰਡਲ ਸ਼ੇਰਪੁਰ-1 ਦੇ ਇਤਰਾਜ਼ ਪੇਸ਼ ਕਰੇ।

ਬੂੜ ਸਿੰਘ ਪੁੱਤਰ ਹੁਕਮ ਸਿੰਘ ਵਾਸੀ ਪਿੰਡ ਢਿੱਲਵਾਂ, ਜ਼ਿਲ੍ਹਾ ਗੁਰਦਾਸਪੁਰ ਦੇ ਨਾਂਅ ਟਿਊਬਵੈੱਲ ਕੁਨੈਕਸ਼ਨ ਖਾਤਾ ਨੰ: ਡੀ 2/834 ਐੱਚ ਪੀ 6 ਨੂੰ ਸਤਵਿੰਦਰ ਸਿੰਘ ਪੁੱਤਰ ਕੁਲਦੀਪ ਸਿੰਘ ਪਿੰਡ ਢਿੱਲਵਾਂ ਨੇ ਆਪਣੇ ਨਾਂਅ ਤਬਦੀਲ ਕਰਵਾਉਣਾ ਹੈ। ਇਤਰਾਜ਼ ਕਰਤਾ 15 ਦਿਨਾਂ ਦੇ ਅੰਦਰ-ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਬਿਜਲੀ ਦਫ਼ਤਰ ਕੋਟਲੀ ਸੂਰਤ ਮੱਲ੍ਹੀ ਨੂੰ ਸੂਚਿਤ ਕਰੇ। ਸਹਾਇਕ ਕਾਰਜਕਾਰੀ ਇੰਜੀਨੀਅਰ , ਪਾਵਰਕਾਮ ਕਾਰਪੋਰੇਸ਼ਨ ਲਿਮ: ਕੋਟਲੀ ਸੂਰਤ ਮੱਲ੍ਹੀ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ 17/159 ਪ੍ਰਕਾਸ਼ ਪਤਨੀ ਪ੍ਰਕਾਸ਼ ਚੰਦ ਪਿੰਡ ਬੀੜ ਬਾਲੋਕੀ ਤੋਂ ਨਾਂਅ ਬਦਲੀ ਕਰਕੇ ਜਸਵਿੰਦਰ ਮਹਿਤਾ ਪੁੱਤਰ ਪ੍ਰਕਾਸ਼ ਚੰਦ ਪਿੰਡ ਬੀੜ ਬਾਲੋਕੀ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਲਿਖਤੀ ਦਰਜ ਕਰਵਾ ਸਕਦਾ ਹੈ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ 02/865 ਹਰਜੀਤ ਸਿੰਘ ਪੁੱਤਰ ਚਾਹਗਾ ਸਿੰਘ, ਪਿੰਡ ਆਦਰਾਮਾਨ ਤੋਂ ਨਾਂਅ ਬਦਲੀ ਕਰਕੇ ਜਸਵਿੰਦਰ ਸਿੰਘ ਪੁੱਤਰ ਚਰਨ ਸਿੰਘ ਪਿੰਡ ਸੰਗੋਵਾਲ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਲਿਖਤੀ ਦਰਜ ਕਰਵਾ ਸਕਦਾ ਹੈ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ 01/309 ਭੁਪਿੰਦਰ ਸਿੰਘ ਪੁੱਤਰ ਖੁਸ਼ਹਾਲ ਸਿੰਘ ਪਿੰਡ ਰਾਇਪੁਰ ਗੁਜਰਾਂ ਤੋਂ ਨਾਂਅ ਬਦਲੀ ਕਰਕੇ ਜਸਵਿੰਦਰ ਸਿੰਘ ਪੁੱਤਰ ਚਰਨ ਸਿੰਘ ਪਿੰਡ ਸੰਗੋਵਾਲ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਲਿਖਤੀ ਦਰਜ ਕਰਵਾ ਸਕਦਾ ਹੈ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ 44/814 ਗੁਰਪਾਲ ਸਿੰਘ ਪੁੱਤਰ ਜਗਦੀਸ਼ ਸਿੰਘ ਪਿੰਡ ਸੰਗੋਵਾਲ ਤੋਂ ਨਾਂਅ ਬਦਲੀ ਕਰਕੇ ਜਸਵਿੰਦਰ ਸਿੰਘ ਪੁੱਤਰ ਚਰਨ ਸਿੰਘ ਪਿੰਡ ਸੰਗੋਵਾਲ (ਜਲੰਧਰ) ਦੇ ਨਾਂਅ ਪਰ ਕਰਨਾ ਹੈ ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਲਿਖਤੀ ਦਰਜ ਕਰਵਾ ਸਕਦਾ ਹੈ।

### ਬੇਦਖਲੀ ਨੋਟਿਸ

ਮੈਂ ਸਿਮਰੋ ਪਤਨੀ ਲੇਟ ਬਲਵੀਰ ਵਾਸੀ ਪਿੰਡ ਪ੍ਰੇਮਪੁਰ ਤਹਿਸੀਲ ਫਗਵਾੜਾ ਜਿਲਾਂ ਕਪੂਰਥਲਾ ਦੀ ਹਲਫੀਆ ਬਿਆਨ ਕਰਦੀ ਹਾਂ ਮੇਰਾ ਲੜਕਾ ਸਤਕਾਰ ਵਿਦੇਸ਼ ਗਿਆ ਹੋਇਆ ਹੈ। ਮੇਰੀ ਨੂੰਹ ਜਸਵੀਰ ਕੌਰ ਮੈਨੂੰ ਬਿਨਾਂ ਦੱਸਿਆ ਘਰੋਂ ਚਲੇ ਜਾਂਦੀ ਹੈ ਮੇਰੇ ਨਾਲ ਗਾਲੀ ਗਲੋਚ ਕਰਦੀ ਹੈ। ਮੇਰੇ ਕਹਿਣੇ ਵਿੱਚ ਨਹੀਂ ਹੈ ਨੂੰ ਅਪਣੀ ਚੱਲ ਅੱਚਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਦਿਲਬਾਗ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਪਿੰਡ ਸੋਹੀਆਂ ਕਲਾਂ, ਤਹਿ. ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਲਖਵਿੰਦਰ ਸਿੰਘ ਅਤੇ ਉਸ ਪਤਨੀ ਅਮਨਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਵਾਹ-ਵਾਸਤਾ ਨਹੀਂ ਹੈ।

ਮੈਂ, ਸਵਿਤਾ ਦੇਵੀ ਪਤਨੀ ਰਾਧੇ ਸ਼ਿਆਮ ਯਾਦਵ ਵਾਸੀ ਵਾਰਡ ਨੰ: 12, ਬਾਗਰਾਹਾ, ਅਹਿਲਵਾਰਾ, ਡਾਕਖਾਨਾ ਅਹਿਲਵਾਰ, ਜ਼ਿਲ੍ਹਾ ਸਮਸਤੀਪੁਰ, ਬਿਹਾਰ, ਹਾਲ ਵਾਸੀ ਮਕਾਨ ਨੰ: 4, ਸਾਧੂ ਸਿੰਘ ਕਾਲੋਨੀ, ਡਾਕ. ਮਿੱਠਾਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸ਼ਿਵਮ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਵਿਨੋਦ ਕੁਮਾਰ ਪੁੱਤਰ ਸ੍ਰੀ ਕਰਮ ਚੰਦ, ਵਾਸੀ ਮਕਾਨ ਨੰ: 113, ਈਦਗਾਹ ਮੁਹੱਲਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਚੰਦਰਬਾਨ ਅਤੇ ਉਸ ਦੀ ਪਤਨੀ ਕਿਰਨ ਜਿਨ੍ਹਾਂ ਦਾ ਵਰਤਾਓ ਠੀਕ ਨਹੀਂ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ। ਸੰਬੰਧਤ ਨੋਟ ਕਰਨ।

ਮੈਂ, ਕਿਸ਼ਨ ਕੁਮਾਰ ਪੁੱਤਰ ਸੰਤ ਲਾਲ, ਵਾਸੀ ਦੁਸਾਂਝ ਰੋਡ, ਨਿਊ ਅਪੈਕਸ ਕਾਲੋਨੀ, ਮੋਗਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਾਕੇਸ਼ ਕੁਮਾਰ ਅਤੇ ਨੂੰਹ ਕੰਨੂ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰੇ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਰਿਸ਼ਤਾ-ਨਾਤਾ/ਲੈਣ-ਦੇਣ ਨਹੀਂ। ਸੰਬੰਧਤ ਨੋਟ ਕਰਨ।

ਮੈਂ, ਮਨੋਹਰ ਲਾਲ ਗੁਪਤਾ ਪੁੱਤਰ ਸ੍ਰੀ ਗਿਆਨ ਚੰਦ ਵਾਸੀ ਈ ਏ 56, ਕਿਲ੍ਹਾ ਮੁਹੱਲਾ ਜਲੰਧਰ ਸ਼ਹਿਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਜੇ ਕੁਮਾਰ ਗੁਪਤਾ ਅਤੇ ਉਸ ਦੀ ਪਤਨੀ ਗਿੰਨੀ ਗੁਪਤਾ ਪਤਨੀ ਅਜੇ ਕੁਮਾਰ ਗੁਪਤਾ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹਨ ਅਤੇ ਸਾਡਾ ਕਹਿਣਾ ਨਹੀਂ ਮੰਨਦੇ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਪੱਪੀ ਪਤਨੀ ਸਵਰਗਵਾਸੀ ਸਰਵਨ ਕੁਮਾਰ (ਉਰਫ ਸਵਰਨ ਸਿੰਘ), ਵਾਸੀ ਆਲਮਸ਼ਾਹ ਰੋਡ, ਚੱਕਰ ਵਾਲੇ ਭੁੱਗੇ, ਤਹਿਸੀਲ ਤੇ ਜ਼ਿਲ੍ਹਾ ਫਾਜ਼ਿਲਕਾ, ਮੈਂ ਸੂਚਿਤ ਕਰਦੀ ਹਾਂ ਕਿ ਮੇਰਾ ਛੋਟਾ ਲੜਕਾ ਸੌਰਵ ਉਰਫ ਅੰਗਰੇਜ(ਬਿੱਲਾ) ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਅੱਜ ਤੋਂ ਮੇਰਾ, ਮੇਰੇ ਵੱਡੇ ਲੜਕੇ ਸ਼ੁਭਮ ਕੁਮਾਰ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਵਾਸਤਾ ਨਹੀਂ ਹੈ। ਭਵਿੱਖ ਵਿੱਚ ਉਸਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਜਾਂ ਚੰਗੇ-ਮਾੜੇ ਕੰਮ ਲਈ ਉਹ ਖੁਦ ਜ਼ਿੰਮੇਵਾਰ ਹੋਵੇਗਾ, ਇਸ ਵਿੱਚ ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਮਹਿੰਦਰ ਸਿੰਘ ਪੁੱਤਰ ਮੇਹਰ ਸਿੰਘ ਵਾਸੀ ਮਕਾਨ ਨੰ. 1691/2, ਚਰਖੜੀ ਮੁਹੱਲਾ, ਕਰਤਾਰਪੁਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਜਿੰਦਰ ਸਿੰਘ ਅਤੇ ਉਸਦੀ ਪਤਨੀ ਸੁਰਿੰਦਰ ਕੌਰ ਅਤੇ ਉਹਨਾਂ ਦੇ ਤਿੰਨ ਬੱਚੇ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਕੋਈ ਵੀ ਇਹਨਾ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਗੀਤਾ ਪਤਨੀ ਅਸ਼ੋਕ ਕੁਮਾਰ ਵਾਸੀ ਮਕਾਨ ਨੰ: 336/2, ਅਵਤਾਰ ਨਗਰ, ਚੁਗਿੱਟੀ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਪੂਨਮ ਜੋ ਕਿ ਤਲਾਕਸ਼ੁਦਾ ਹੈ ਅਤੇ ਉਸਦਾ ਪੁੱਤਰ ਵਰਿੰਦਰ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ ਦਰਸ਼ਨ ਸਿੰਘ ਪੁੱਤਰ ਸ੍ਰੀ ਹਰੀ ਸਿੰਘ ਅਤੇ ਜਗੀਰ ਕੌਰ ਪਤਨੀ ਸ੍ਰੀ ਦਰਸ਼ਨ ਸਿੰਘ ਵਾਸੀਆਨ ਪਿੰਡ ਕਿਸ਼ਨ ਸਿੰਘ ਵਾਲਾ, ਤਹਿਸੀਲ ਤੇ ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡੇ ਦੋਵੇਂ ਲੜਕੇ ਰਾਜਵਿੰਦਰ ਸਿੰਘ ਅਤੇ ਨਰਿੰਦਰਪਾਲ ਸਿੰਘ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

### ਬੇਦਖਲੀ ਨੋਟਿਸ

ਮੈਂ, ਨਰ ਬਹਾਦਰ ਪੁੱਤਰ ਦਲ ਬਹਾਦਰ, ਵਾਸੀ ਪਲਾਟ ਨੰ: 6, ਸਟਰੀਟ ਨੰ: 6, ਸਟਰੀਟ ਨੰ: 2, ਬੈਕਸਾਈਡ ਰੇਲਵੇ ਸਟੇਸ਼ਨ, ਹਵਲਦਾਰ ਕਾਲੋਨੀ ਵੇਰਕਾ, ਅੰਮ੍ਰਿਤਸਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਮਿਟੂ ਕੁਮਾਰ ਅਤੇ ਇਸ ਦੀ ਪਤਨੀ ਨੀਸ਼ਾ ਸਮੇਤ ਪਰਵਾਰ ਅਤੇ ਚਿੰਟੂ ਅਤੇ ਇਸ ਦੀ ਪਤਨੀ ਗੀਤਾ ਸਮੇਤ ਪਰਵਾਰ ਮੇਰੇ ਕਹਿਣੇ ਤੋਂ ਬਾਹਰ ਹਨ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਇਨ੍ਹਾਂ ਨਾਲ ਕੋਈ ਸੰਬੰਧ/ਤਲਕ-ਵਾਸਤਾ ਨਹੀਂ ਹੈ।

ਅਸੀਂ ਪ੍ਰਿੰਸ ਕੁਮਾਰ ਪੁੱਤਰ ਮਹਿੰਦਰ ਪਾਲ ਵਾ ਅੰਜਨਾ ਪਤਨੀ ਪ੍ਰਿੰਸ ਕੁਮਾਰ ਵਾਸੀਆਨ ਮਕਾਨ ਨੰ: 681, ਵਾਰਡ ਨੰ: 11, ਮੁੱਹਲਾ ਆਰੀਆ ਨਗਰ, ਕਰਤਾਰਪੁਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸ਼ੀਨਮ ਪਾਲ (ਕੁਆਰਾ) ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਵਾ ਸਾਡੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ ਨਰਿੰਦਰ ਕੌਰ ਪਤਨੀ ਲੇਟ ਬੂਟਾ ਸਿੰਘ ਵਾਸੀ ਮੇਹਣੀਆਂ ਬ੍ਰਾਹਮਣਾਂ ਡਾਕ ਰਾਏਪੁਰ ਕਲਾਂ ਤਹਿਸੀਲ ਅਤੇ ਜਿਲਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਜਸਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ਮੈਂ ਇਸ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿਮੇਦਾਰ ਹੋਵੇਗਾ ਬੇਦਖਲੀ ਸੂਚਨਾਮੈਂ ਨਰਿੰਦਰ ਕੌਰ ਪਤਨੀ ਲੇਟ ਬੂਟਾ ਸਿੰਘ ਵਾਸੀ ਮੇਹਣੀਆਂ ਬ੍ਰਾਹਮਣਾਂ ਡਾਕ ਰਾਏਪੁਰ ਕਲਾਂ ਤਹਿਸੀਲ ਅਤੇ ਜਿਲਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਜਸਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ਮੈਂ ਇਸ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿਮੇਦਾਰ ਹੋਵੇਗਾ।

### ਆਮ ਸੂਚਨਾ

ਮੈਂ ਇੰਦਰਜੀਤ ਸਿੰਘ ਸੰਧੂ ਪੁੱਤਰ ਸ੍ਰ ਬਹਾਦਰ ਸਿੰਘ ਸੰਧੂ ਵਾਸੀ ਬੀ 5/114 ਗੰਗਾ ਸਿੰਘ ਨਗਰ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰੀ ਪਲਾਟ ਦੀ ਰਜਿਸਟਰੀ ਕੁੱਲ ਰਕਬਾ 250 ਵਰਗ ਗਜ਼ ਪ੍ਰਾਈਵੇਟ ਨੰਬਰ 374 ਮਿੰਨ ਖਸਰਾ ਨੰਬਰ 1928 ਮਿੰਨ ਰਕਬਾ ਸੁਲਤਾਨਵਿੰਡ ਸਬ ਅਰਬਨ ਤਰਫ਼ ਬਹਿਨੀਵਾਲ ਆਬਾਦੀ ਪ੍ਰਤਾਪ ਨਗਰ ਤਹਿਸੀਲ ਵਾ ਜਿਲ੍ਹਾ ਅੰਮ੍ਰਿਤਸਰ ਦਸਤਾਵੇਜ਼ ਨੰਬਰ 7340 ਮਿਤੀ 27-10-2010 ਅਤੇ ਪੁਰਾਣਾ ਮੁਖਤਰਨਾਮਾ ਦਸਤਾਵੇਜ ਨੰਬਰ 2624 ਮਿਤੀ 11-10-2010 ਕਿਤੇ ਗੁਮ ਹੋ ਗਿਆ ਹੈ ਜਿਸਦੀ ਐਫ ਆਈ ਆਰ ਜੀ ਡੀ ਨੰਬਰ 032 ਮਿਤੀ 02-05-2025 ਨੂੰ ਥਾਣਾ ਤਰਨ ਤਾਰਨ ਦਰਜ਼ ਕਰਵਾ ਦਿੱਤੀ ਹੈ ।ਜਿਸ ਕਿਸੇ ਨੂੰ ਮਿਲੇ ਤਾਂ ਸੰਪਰਕ ਕਰੋ : 9915570090

### PUBLIC NOTICE

I, Rakesh Kumar Son of Shri Om Parkash and Surekha Saini W/o Rakesh Kumar R/o S-10/1901, Saini Mohalla Bajri Company, Pathankot declare that in school documents of our daughter, our names are wrongly written as Rakesh Roy and Surekha. Our Correct names are Rakesh Kumar and Surekha Saini. Kindly note.

I, Amandeep Kaur W/o S Gajinder Singh R/o H.No.13, D-Block, Guru Amar Dass Avenue, Ajnala Road, Amritsar declare that I am owner of the property i.e Plot total area measuring 250 sq. yards, bearing khasra No. 75//21, min. Situated at abadi Guru Amar Dass Avenue, Rakba Gumtala Sub Urban, Tehsil and District Amritsar on the basis of the sale deed date 14 June 2019 vide document No. 2019-20/93/1/4261 but I have lost my previous sale deed dated 06.09.2012 vide document no 9427 and sale deed dated 22.08.2016 Vide document No. 7308

### Lost and Found

I, Baljit Masih d/o Pritam Masih, R/o Village Sohal, District Gurdaspur (Punjab) hereby inform that Sale Deed No. 1818/09, Registration Office Kanyambari, District Vellore dated 03/03/2023 has been lost somewhere in Jalandhar. If anyone finds it, please contact the above address or mobile 8730839681.

### ਖੁੱਲ੍ਹੀ ਬੋਲੀ

ਸਰਕਾਰੀ ਮਿਡਲ ਸਕੂਲ ਲਖਮੀਰਵਾਲਾ (ਸੰਗਰੂਰ) ਵਿਚ ਇਕ ਕਮਰਾ (21×15') ਨੂੰ ਢਾਹੁਣ ਸੰਬੰਧੀ ਦੁਬਾਰਾ ਬੋਲੀ 20.03.2026 ਨੂੰ ਸਕੂਲ ਵਿਚ ਸਵੇਰੇ 11.00 ਵਜੇ ਕੀਤੀ ਜਾਵੇਗੀ। ਜਿਸ ਦੀ ਰਾਖਵੀਂ ਕੀਮਤ 18,000 ਰੁਪਏ ਹੋਵੇਗੀ। ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ। ਸੰਪਰਕ ਕਰੋ : 99151-99344. ਇੰਚਾਰਜ ਸਰਕਾਰੀ ਮਿਡਲ ਸਕੂਲ ਲਖਮੀਰਵਾਲਾ (ਸੰਗਰੂਰ)

**ਜਨਤਕ ਸੂਚਨਾ**

**ਅਸੀਂ, ਸਤਨਾਮ ਕੌਰ ਪਤਨੀ ਸ੍ਰੀ ਕੁਲਵੰਤ ਸਿੰਘ ਅਤੇ ਕੁਲਵੰਤ ਸਿੰਘ ਸਪੁੱਤਰ ਸ੍ਰੀ ਸੁਖਦੇਵ ਸਿੰਘ, ਦੋਵੇਂ ਨਿਵਾਸੀ ਮਕਾਨ ਨੰਬਰ 361, ਮਾਡਲ ਟਾਊਨ, ਕਪੂਰਥਲਾ, ਪੰਜਾਬ, ਆਮ ਜਨਤਾ ਦੇ ਧਿਆਨ ਵਿੱਚ ਲਿਆਉਂਦੇ ਹਾਂ ਕਿ ਪ੍ਰਾਪਰਟੀ 66/2 ਮਾਡਲ ਟਾਊਨ, ਕਪੂਰਥਲਾ, ਪੰਜਾਬ 144601 ਦੀ ਅਸਲ ਰਜਿਸਟਰੀ (ਬੈਨਾਮਾ) ਨੰਬਰ 2032 ਮਿਤੀ 10.09.2003 ਸਾਡੇ ਕੋਲੋਂ ਕਿਤੇ ਗੁੰਮ ਹੋ ਗਈ ਹੈ। ਇਸ ਸਬੰਧੀ ਇੱਕ ਸ਼ਿਕਾਇਤ ਰੋਜ਼ਨਾਮਚਾ (GD) ਨੰਬਰ 714/JAL-R ਮਿਤੀ 16.03.2026 ਨੂੰ ਪੁਲਿਸ ਸਟੇਸ਼ਨ ਲਾਂਬੜਾ, ਜਲੰਧਰ, ਪੰਜਾਬ ਵਿਖੇ ਦਰਜ ਕਰਵਾਈ ਗਈ ਹੈ।**

### ਨੋਟਿਸ

ਦੀ ਨਕੋਦਰ ਮਾਡਲ ਟਾਊਨ ਸਹਿਕਾਰੀ ਮਕਾਨ ਉਸਾਰੀ ਸਭਾ ਲਿਮ: ਨਕੋਦਰ, ਤਹਿਸੀਲ ਨਕੋਦਰ, ਜਿਲ੍ਹਾ ਜਲੰਧਰ ਦੇ ਸਮੂਹ ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਮਾਣਯੋਗ ਰਜਿਸਟਰਾਰ ਸਹਿਕਾਰੀ ਸਭਾਵਾਂ ਪੰਜਾਬ ਜੀ ਵਲੋਂ ਸਹਿਕਾਰੀ ਮਕਾਨ ਉਸਾਰੀ ਸਭਾਵਾਂ ਲਈ ਜਾਰੀ ਪੱਤਰਾਂ ਵਿੱਚ ਜਾਰੀ ਹਦਾਇਤਾਂ ਤਹਿਤ 31.03.2026 ਤੱਕ ਰਜਿਸਟਰੀ ਕਰਵਾ ਲਈ ਜਾਵੇਜੀ। ਸਬੰਧਤ ਪੱਤਰ ਲੈਣ ਸੰਬੰਧੀ ਸ਼੍ਰੀ ਜਸਪਾਲ ਸਿੰਘ ਸਕੱਤਰ 91-9815564269 ਨਾਲ ਸੰਪਰਕ ਕੀਤੀ ਜਾਂ ਸਕਦਾ ਹੈ।

ਚੇਂਣ ਮੈਨੇਜਰ ਦੀ ਨਕੋਦਰ ਮਾਡਲ ਟਾਊਨ ਸਹਿਕਾਰੀ ਮਕਾਨ ਉਸਾਰੀ ਸਭਾ ਨਕੋਦਰ, ਜਿਲ੍ਹਾਂ ਜਲੰਧਰ।

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ-1, ਮੋਗਾ (ਪੰਜਾਬ)

ਵਿਸ਼ਾ: ਤਕਸੀਮ ਕੇਸ ਅਨੁਵਾਨ ਡਾ. ਸ਼ਮੇਸ਼ ਖੰਨਾ ਬਨਾਮ ਅਮਰਜੀਤ ਕੌਰ ਵਗੈਰਾ, ਵਾਕਿਆ ਰਕਬਾ ਪਿੰਡ ਮਹਿਣਾ, ਤਹਿ. ਵਾ ਜ਼ਿਲ੍ਹਾ ਮੋਗਾ

ਖੇਵਟ ਨੰਬਰ - 50/49,52/51

ਜਮ੍ਹਾਂਬੰਦੀ ਸਾਲ 2020-21

ਅਗਲੀ ਤਾਰੀਖ ਪੇਸ਼ੀ 24.03.2026

ਨੋਟਿਸ ਬਨਾਮ ਆਮ ਪਬਲਿਕ/ਉੱਤਰਵਾਦੀ ਧਿਰ

ਉਪਰੋਕਤ ਵਿਸ਼ੇ ਸੰਬੰਧੀ ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦਰਖਾਸਤੀ ਧਿਰਾਂ ਡਾ. ਸ਼ਮੇਸ਼ ਖੰਨਾ ਪੁੱਤਰ ਰਮੇਸ਼ ਖੰਨਾ ਵਾਸੀ ਖੰਨਾ ਹਸਪਤਾਲ, ਅੰਮ੍ਰਿਤਸਰ ਰੋਡ ਮੋਗਾ, ਤਹਿਸੀਲ ਵਾ ਜ਼ਿਲ੍ਹਾ ਮੋਗਾ ਦਾ ਤਕਸੀਮ ਕੇਸ ਬਾ ਅਦਾਲਤ ਤਹਿਸੀਲਦਾਰ- ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ/ਦੋਇਮ, ਮੋਗਾ ਦੀ ( ਕਮਰਾ ਨੰਬਰ ਸੀ-116) ਅਦਾਲਤ ਵਿੱਚ ਚੱਲ ਰਿਹਾ ਹੈ। ਉਪਰੋਕਤ ਕੇਸ ਵਿੱਚ ਉੱਤਰਵਾਦੀਆਂ ਦੀ ਤਲਬੀ ਸਾਧਾਰਨ ਤਰੀਕੇ ਨਾਲ ਨਾ ਹੋਣ ਕਰਕੇ ਸੂਚਿਤ ਕੀਤਾ ਜਾਂਦਾ ਹੈ ਕਿ ਉੱਤਰਵਾਦੀ ਧਿਰ ਆਪਣੇ ਕੇਸ ਦੀ ਪੈਰਵੀ ਲਈ ਇਸ ਅਦਾਲਤ ਵਿੱਚ ਅਸਾਲਤਨ/ਵਕਾਲਤਨ ਨਿਯਤ ਮਿਤੀ 'ਤੇ ਹਾਜ਼ਰ ਹੋਣ। ਨਿਯਤ ਮਿਤੀ 'ਤੇ ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਤੋਂ ਇਲਾਵਾ ਜੇਕਰ ਕੋਈ ਹੋਰ ਵਾਰਸ ਵਾ ਉੱਤਰਵਾਦੀਆਂ/ਵਿਦੇਸ਼ੀ ਵਿਅਕਤੀ ਇਸ ਰਕਬੇ ਦੀ ਤਕਸੀਮ ਸੰਬੰਧੀ ਇਤਰਾਜ਼ ਪੇਸ਼ ਕਰਨਾ ਚਾਹੁੰਦਾ ਹੈ ਤਾਂ ਉਪਰੋਕਤ ਮਿਤੀ ਤੋਂ ਪਹਿਲਾਂ-ਪਹਿਲਾਂ ਆਪਣੇ ਇਤਰਾਜ਼ ਪੇਸ਼ ਕਰ ਸਕਦਾ ਹੈ।

ਸਹੀ/- ਸਹਾਇਕ ਕੁਲੈਕਟਰ ਦਰਜਾ-1, ਮੋਗਾ

ਨੰਬਰ : 235/ਰੀਡਰ-1 ਮਿਤੀ 13/03/2025

ਉੱਤਰਵਾਰੀ ਧਿਰਾਂ-1. ਅਮਰਜੀਤ ਕੌਰ ਪੁੱਤਰੀ ਨਿਰੰਜਣ ਸਿੰਘ ਪੁੱਤਰ ਨਿਧਾਨ ਸਿੰਘ, ਮਨਜੀਤ ਸਿੰਘ ਪੁੱਤਰ ਉਜਾਗਰ ਸਿੰਘ ਪੁੱਤਰ ਮੱਘਰ ਸਿੰਘ, ਜੋਤੀ ਪੁੱਤਰੀ ਸੁਭਾਸ਼ ਚੰਦਰ ਪੁੱਤਰ ਕਲਿਆਣ ਦਾਸ, ਮਨਪ੍ਰੀਤ ਕੌਰ ਪੁੱਤਰੀ ਦਲਬਾਰਾ ਸਿੰਘ ਪੁੱਤਰ ਚਮਕੌਰ ਸਿੰਘ। ਸਾਰੇ ਵਾਸੀਆਨ ਮੈਹਿਣਾ, ਤਹਿ. ਅਤੇ ਜ਼ਿਲ੍ਹਾ ਮੋਗਾ।

### COURT NOTICE

(U/o 5 Rule 20 CPC)

In The Court of Sh. Sumit Bhalla Additional Principal Judge Family Court, Camp Court at Batala

CNR No. PBGDF2-000028-2026

Next Date:- 01-04-2026

GW/3/2026

Rajwant Kaur Wife Of Hardev Singh resident of Village Pejo Chak, PO. Kishankot, Tehsil Batala, Distt. Gurdaspur

Vs

1. General Public
2. Gurwinder Kaur Widow of Paramvir Singh Resident of Village Pejo Chak, Tehsil Batala, Distt. Gurdaspur Now Wife of Jagdish Kumar Son of Lal Chand Resident of Village Kot Krar Khan Near Kartarpur, Jalandhar.

Publication Issued To:
1. General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 01-04-2026 at 10:00 a.m.

For details logon to https://highcourtchd.gov.in/?trs=district_notice&district=Gurdaspur

Additional Principal Judge Family Court Batala (Gurdaspur)

Dated, this day of 25-02-2026

### COURT NOTICE

(U/o 5 Rule 20 CPC)

In the Court of Ms. Manpreet Kaur-II Addl. Civil Judge, (Senior Division)-1, Mohali

CIS No. CS/224/2026

CNR No. PBSA02-000378-2026

Next Date:- 13-04-2026

Deepika

Vs.

General Public

Suit for declaration to declare Yash Pal as Civil dead

Publication Issued To:
General Public
: General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 13-04-2026 at 10:00 a.m.

For details logon to https://highcourtchd.gov.in/?mod=district_notice&district=mohali

Addl. Civil Judge, (Senior Division)-1, Mohali

Dated, this day of 13-03-2026

**ਜਨਤਕ ਸੂਚਨਾ**

ਮੈਸਰਜ਼ **SNK** ਐਗਰੀਟੈਕ ਫਾਰਮਜ਼, 361, ਮਾਡਲ ਟਾਊਨ, ਕਪੂਰਥਲਾ, ਪੰਜਾਬ ਨੇ ਆਪਣੇ ਭਾਈਵਾਲਾਂ (1) ਅਮਰਜੋਤ ਸਿੰਘ ਸਪੁੱਤਰ ਸਤਨਾਮ ਸਿੰਘ, ਵਾਸੀ ਪਿੰਡ ਠੱਠੀਆਂ, ਤਹਿਸੀਲ ਬਾਬਾ ਬਕਾਲਾ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ 143205 (2) ਕੁਮਾਰੀ ਸ਼ੁਭਕੀਰਤ ਕੌਰ ਸਪੁੱਤਰੀ ਸ੍ਰੀ ਕੁਲਵੰਤ ਸਿੰਘ, ਵਾਸੀ ਮਕਾਨ ਨੰਬਰ 361, ਮਾਡਲ ਟਾਊਨ, ਕਪੂਰਥਲਾ, ਪੰਜਾਬ 144601 (3) ਕੁਮਾਰੀ ਨਵਰੂਪ ਕੌਰ ਸਪੁੱਤਰੀ ਸ੍ਰੀ ਕੁਲਵੰਤ ਸਿੰਘ, ਵਾਸੀ ਮਕਾਨ ਨੰਬਰ 361, ਮਾਡਲ ਟਾਊਨ, ਕਪੂਰਥਲਾ, ਪੰਜਾਬ 144601 ਰਾਹੀਂ ਹੇਠਾਂ ਦਿੱਤੀ ਜਾਇਦਾਦ ਦੇ ਬਦਲੇ ਵਿੱਤੀ ਸਹਾਇਤਾ (ਲੋਨ) ਲਈ ਬੈਂਕ ਤੱਕ ਪਹੁੰਚ ਕੀਤੀ ਹੈ।

ਜਾਇਦਾਦ ਦਾ ਵੇਰਵਾ: 11 ਮਰਲੇ ਰਕਬੇ ਵਾਲੀ ਜਾਇਦਾਦ, ਜੋ ਕਿ 66/2 ਮਾਡਲ ਟਾਊਨ, ਕਪੂਰਥਲਾ ਵਿਖੇ ਸਥਿਤ ਹੈ, ਹੱਦਬਸਤ ਨੰਬਰ 134, ਖੇਵਟ ਖਾਤਾ ਨੰਬਰ 1799/2582, ਖਸਰਾ ਨੰਬਰ 6177/4129 (ਜਮਾਬੰਦੀ ਸਾਲ 2015-2016 ਅਨੁਸਾਰ)। ਇਸ ਜਾਇਦਾਦ ਦੇ ਸਾਂਝੇ ਮਾਲਕ ਅਤੇ ਕਾਬਜ਼ ਸ੍ਰੀਮਤੀ ਸਤਨਾਮ ਕੌਰ ਪਤਨੀ ਸ੍ਰੀ ਕੁਲਵੰਤ ਸਿੰਘ ਅਤੇ ਸ੍ਰੀ ਕੁਲਵੰਤ ਸਿੰਘ ਸਪੁੱਤਰ ਸ੍ਰੀ ਸੁਖਦੇਵ ਸਿੰਘ, ਦੋਵੇਂ ਨਿਵਾਸੀ ਮਕਾਨ ਨੰਬਰ 361, ਮਾਡਲ ਟਾਊਨ, ਕਪੂਰਥਲਾ, ਪੰਜਾਬ ਹਨ ਅਤੇ ਇਹ ਜਾਇਦਾਦ ਉਨ੍ਹਾਂ ਦੇ ਨਾਮ 'ਤੇ ਬੈਅ ਨਾਮਾ (ਸ਼ਓਲਏ ਧਏਦਦ) ਨੰਬਰ 2168 ਮਿਤੀ 25.09.2013 ਰਾਹੀਂ ਸਬ-ਰਜਿਸਟਰਾਰ ਕਪੂਰਥਲਾ ਕੋਲ ਦਰਜ ਹੈ।

ਆਮ ਜਨਤਾ ਦੇ ਧਿਆਨ ਵਿੱਚ ਲਿਆਂਦਾ ਜਾਂਦਾ ਹੈ ਕਿ ਉਪਰੋਕਤ ਜਾਇਦਾਦ ਦਾ ਇੱਕ ਅਸਲ ਲਿੰਕ ਦਸਤਾਵੇਜ਼ ਹੇਠ ਲਿਖੇ ਅਨੁਸਾਰ ਗੁੰਮ ਹੈ:

ਬੈਨਾਮਾ ਨੰਬਰ 2032 ਮਿਤੀ 10.09.2003 (11 ਮਰਲੇ ਰਕਬੇ ਲਈ), ਜੋ ਕਿ ਸ੍ਰੀ ਗੁਰਮੁਖ ਸਿੰਘ ਅਤੇ ਟਹਿਲ ਸਿੰਘ ਦੇ ਹੱਕ ਵਿੱਚ ਸਬ-ਰਜਿਸਟਰਾਰ ਕਪੂਰਥਲਾ ਦੇ ਦਫ਼ਤਰ ਵਿੱਚ ਰਜਿਸਟਰਡ ਹੈ। ਇਸ ਤੱਥ ਦੀ ਸੂਚਨਾ ਸੰਭਾਵੀ ਰਹਿਣਕਰਤਾ (**Mortgager**) ਸ੍ਰੀ ਕੁਲਵੰਤ ਸਿੰਘ ਵੱਲੋਂ ਗੁੰਮਸ਼ੁਦਗੀ ਰਿਪੋਰਟ (**LIR**) ਰਾਹੀਂ ਦਿੱਤੀ ਗਈ ਹੈ, ਜੋ ਕਿ ਰੋਜ਼ਨਾਮਚਾ (**GD**) ਨੰਬਰ **714/JAL-R** ਮਿਤੀ 16.03.2026 ਨੂੰ ਪੁਲਿਸ ਸਟੇਸ਼ਨ ਲਾਂਬੜਾ, ਜਲੰਧਰ, ਪੰਜਾਬ ਵਿਖੇ ਦਰਜ ਹੈ।

ਜੇਕਰ ਕਿਸੇ ਵਿਅਕਤੀ ਨੂੰ ਇਸ ਜਾਇਦਾਦ ਨੂੰ ਰਹਿਣ (**Mortgage**) ਰੱਖਣ 'ਤੇ ਕੋਈ ਇਤਰਾਜ਼ ਜਾਂ ਦਾਅਵਾ ਹੈ, ਤਾਂ ਉਹ ਇਸ ਨੋਟਿਸ ਦੇ ਜਾਰੀ ਹੋਣ ਦੇ 15 ਦਿਨਾਂ ਦੇ ਅੰਦਰ-ਅੰਦਰ ਆਪਣੇ ਇਤਰਾਜ਼/ਦਾਅਵੇ ਦਾ ਸਬੂਤ ਲਿਖਤੀ ਰੂਪ ਵਿੱਚ ਬ੍ਰਾਂਚ ਮੈਨੇਜਰ, ਪੰਜਾਬ ਐਂਡ ਸਿੰਧ ਬੈਂਕ, ਦਿ ਮਾਲ ਕਪੂਰਥਲਾ 144601 ਕੋਲ ਜਮ੍ਹਾਂ ਕਰਵਾ ਸਕਦਾ ਹੈ।

ਮਿਤੀ : 16-03-2026 ਸਥਾਨ : ਜਲੰਧਰ ਸ਼ਾਖਾ ਪ੍ਰਬੰਧਕ

**AXIS BANK LTD.** ਰਿਟੇਲ ਐਸਟਸ ਸੈਂਟਰ, ਦੂਜੀ ਮੰਜ਼ਲ, ਜਾਇਦਾਦ#7-ਈ, ਮਿਊਂਸਪਲ, 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਰਜਿਸਟਰਡ ਦਫ਼ਤਰ : "ਤ੍ਰਿਸ਼ੂਲ", ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਟੈਂਪਲ, ਨੇੜੇ ਲਾਅ ਗਾਰਡਨ, ਐਲਿਸਬ੍ਰਿਜ, ਅਹਿਮਦਾਬਾਦ-380006

**ਅੰਤਿਕਾ iv ਕਬਜ਼ਾ ਨੋਟਿਸ [ਰੂਲ-8 (1)] (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਊਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 ਅਤੇ ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰ 1. ਮੈਸ: ਪੁਰੂਰਾਜ ਫੈਬਰਿਕਸ ਰਾਹੀਂ ਇਸ ਦੇ ਭਾਈਵਾਲਾਂ 2. ਸ੍ਰੀ ਰਾਜੀਵ ਕੁਮਾਰ 3. ਸ੍ਰੀਮਤੀ ਸੁਮਨ ਰਾਣੀ ਨੂੰ ਨੋਟਿਸ 'ਚ ਦਰਸਾਈ ਰਕਮ ਰੁਪਏ 3,70,40,945/- (ਤਿੰਨ ਕਰੋੜ ਸੱਤਰ ਲੱਖ ਚਾਲੀ ਹਜ਼ਾਰ ਨੌ ਸੌ ਪੰਜਤਾਲੀ ਰੁਪਏ ਕੇਵਲ) ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਮਿਤੀ 08.11.2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ, ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਨ੍ਹਾਂ ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਵਰਨਣ ਜਾਇਦਾਦ ਦਾ 13 ਮਾਰਚ 2026 ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ/ਗਰੰਟਰ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ ਕਰਨ 'ਤੇ ਰਕਮ ਰੁਪਏ 3,70,40,945 ਅਤੇ ਉਸ ਉਪਰ ਵਿਆਜ ਐਕਸਿਸ ਬੈਂਕ ਲਿਮ. ਦੀ ਦੇਣਦਾਰੀ ਦਾ ਵਿਸ਼ਾ ਹੋਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ :**

ਇਡਸਟਰੀਅਲ ਜਾਇਦਾਦ ਪਲਾਟ ਨੰ: ਡੀ 22, ਰਕਬਾ 500 ਵਰਗ ਗਜ਼, ਹੈਪਨ ਕੋਰਟ ਬਿਜ਼ਨਸ ਪਾਰਕ, ਖਸਰਾ ਨੰ: 22//14 (3-0), 16 (6-7), 17/1 (7-2), 17/2 (0-16), 24 (8-0), 25 ਮਿੰਨ (6-4), 22/2 ਮਿੰਨ (2-4), 23//21/1 ਮਿੰਨ (0-8), 28//1 ਮਿੰਨ (0-5), 2 ਮਿੰਨ (7-4), 3 (7-0) 4/1 (5-0), 4/2 (3-0), 5/1 ਮਿੰਨ (2-4), 8/1 (3-2), 8/2 (4-6), 9 (8-0), 10 ਮਿੰਨ (3-8), 11 ਮਿੰਨ (7-3), 12 (8-0), 13/1 (2-9), 28//13/2 (4-11), 17/1 ਮਿੰਨ (0-1)18 ਮਿੰਨ (6-2), 19 (8-0), 20(8-0), 21 (8-0), 22 (8-0), 23 (2-8), 29 //15 ਮਿੰਨ (0-3), 16 ਮਿੰਨ (2-6), 25 ਮਿੰਨ (6-4), 32//4 ਮਿੰਨ (2-16), 5 (7-12), 6 (7-12) 7 ਮਿੰਨ), (6-7), 8/1 ਮਿੰਨ, 25 ਮਿੰਨ (8-0), 14 (8-0), 15 (7-12), 16 (7-12), 17 (7-7), 33/1 (8-0), 2 ਮਿੰਨ (7-10), 7/1 ਮਿੰਨ (0-3), 7/2 ਮਿੰਨ (1-6), 8/1-2 ਮਿੰਨ (5-15), 9 (7-11), 10/1 (3-8), 10/2 (4-8), 11/1 (4-0), 11/2 (4-0), 12/1 (4-0), 12/2 (4-0), 13 (7-8), 14/1 (4-0), 14/2 ਮਿੰਨ (3-9), 15/1-2-3 ਮਿੰਨ (0-8), 17/1 ਮਿੰਨ (3-9), 17/2 (0-12), 18/1 (0-12), 18/2 (4-19), 33///18/3 (1-17), 19 (8-0), 20 (8-0), 21/1 (0-9), 22/1 (0-9), 23 (6-18), 24 ਮਿੰਨ (0-10), 36//3-ਮਿੰਨ (3-8), 8 ਮਿੰਨ (0-8), 9 ਮਿੰਨ (5-10), 1/3 (0-7), 2/3 (0-8) ਖੱਤਾ/ਖਤੌਨੀ ਨੰਬਰ 318/347, 319/348, 180/193, 181/194, ਪਿੰਡ ਮੁੰਡੀਆ ਖੁਰਦ, ਹੱਦਬਸਤ ਨੰ: 240, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ।। ਹੱਦਾਂ : ਪੂਰਬ : ਨਿਲ, ਪੱਛਮ : ਨਿਲ, ਉੱਤਰ : ਨਿਲ, ਦੱਖਣ : ਨਿਲ।

ਮਿਤੀ : 17.03.2026, ਸਥਾਨ : ਲੁਧਿਆਣਾ ਸਹੀ/ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ।

### ਉੱਤਰ ਰੇਲਵੇ

**ਈ-ਨਿਵਿਦਾ ਸੂਚਨਾ**

**ਲ.ਨੰ.: 770-W/01/WA/JAT/2025-26** **ਮਿਤੀ: 15.03.2026**

Sr. DEN-I/JAT ਭਾਰਤ ਦੇਰਾਸ਼ਟਰਪਤੀ ਦੇ ਵਲੋਂ ਤੋਂ ਕੰਮ ਕਰਦੇ ਹੋਏ ਹੇਠਾਂ ਦਿਤੇ ਗਏ ਨਿਵਿਦਾਵਾਂ ਦੇ ਲਈ ਖੁਲ੍ਹੀਆਂ ਨਿਵਿਦਾਵਾਂ (ਈ-ਨਿਵਿਦਾਵਾਂ) ਮੰਗ ਕਰਦੇ ਹਨ ਅਤੇ ਸਮਾਪਨ ਮਿਤੀ ਦੇ ਨਾਲ www.ireps.gov.in 'ਤੇ ਉਪਲਬਧ ਹਨ ਬੋਲੀਦਾਤਾ ਆਪਣੇ ਮੂਲ/ਸੰਸ਼ੋਧਿਤ ਬੋਲੀਆਂ ਅੰਤਮ ਮਿਤੀ ਅਤੇ ਸਮੇਂ ਤਕ ਹੀ ਜਮ੍ਹਾ ਕਰ ਸਕਣਗੇ। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਨੂੰ ਅਣਦੇਖਾ ਕਰ ਦਿਤਾ ਜਾਵੇਗਾ। ਠੇਕੇਦਾਰਾਂ ਨੂੰ ਇਸ ਨਿਵਿਦਾ ਦੇ ਲਈ ਨਿਵਿਦਾ ਦਸਤਾਵੇਜ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ ਲਾਗਆਨ ਕਰੋ www.ireps.gov.in.

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਨਿਵਿਦਾ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਸਿਸਟਮ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਨਿਵਿਦਾ ਸ਼ੁਰੂ ਹੋਣ ਦੀ ਮਿਤੀ | ਨਿਵਿਦਾ ਬੰਦ ਦੀ ਮਿਤੀ/ਸਮਾਂ |
| 1. 12.03.2026, 2. 15.03.2026<br>3. 15.03.2026 | 1. 20.03.2026, 2. 23.03.2026<br>3. 23.03.2026 | 1. 03.04.2026, 15:00, 2. 06.04.2026, 15:00<br>3. 06.04.2026, 15:00 |

| ਲ.ਨੰ. | ਟੈਂਡਰ ਨੰ. | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1 | 95-2025-26-BDGM-DRM-JAT | BAHL/BRML ਸੈਕਸ਼ਨ ਵਿਚ BAHL ਉਤੇ 225 KL ਸਮਰਥਾ ਦਾ 01 ਅਤੇ BJBA, SDUA, KAPE, PMPE ਅਤੇ HMREਅਤੇ 100 ਕੇਐਲ ਦੇ 06 ਆਰਸੀਸੀ ਓਵਰਹੇਡ (ਓਐਚ) ਪਾਣੀ ਟੈਂਕਾਂ ਦੀ ਸਥਾਪਨਾ ਦਾ ਪ੍ਰਾਵਧਾਨ, ਲਾਲ ਹੀ ਪਲੰਬਿੰਗ ਪਾਈਪਾਂ ਦਾ ਪ੍ਰਬੰਧ। | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੀਡਿਟੀ | ਸਮਾਪਤੀ ਦਾ ਸਮਾਂ |
| | | 2,69,69,786.93 | 2,84,900.00 | 60 ਦਿਨ | 12 ਮਹੀਨੇ |
| | | Similar nature of work –"ਪ੍ਰਬਲਿਤ ਸੀਮੇਂਟ ਕੰਕਰੀਟ ਓਵਰਹੇਡ ਟੈਂਕ/ ਆਰਸੀਸੀ ਫ੍ਰੇਮ ਵਾਲੀਆਂ ਸੰਰਚਨਾਵਾਂ ਦੀ ਉਸਾਰੀ/ਮੁਰੰਮਤ" | | | |
| 2 | 99-2025-26-BDGM-DRM-JAT | ADEN/BDGM ਦੇ ਤਹਿਤ QG-BRML ਸੈਕਸ਼ਨ ਵਿਚ ਕਿਮੀ 46 ਤੋਂ 117.96 ਤਕ SSE/P.Way/BDGM ਦੇ ਸੈਕਸ਼ਨ ਵਿਚ ਟ੍ਰੈਕ ਰਖਰਖਾਅ ਲਈ ਵਿਵਿਧ ਪਥ (P.way) ਕੰਮ। | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੀਡਿਟੀ | ਸਮਾਪਤੀ ਦਾ ਸਮਾਂ |
| | | 74,99,500.69 | 1,50,000.00 | 60 ਦਿਨ | 12 ਮਹੀਨੇ |
| | | Similar nature of work:- "CTR/TRR/TFR/TTR ਸਮੇਤ ਟ੍ਰੈਕ ਨੂੰ ਉਪਰ ਚੁਕਣਾ, ਸਕ੍ਰੀਨਿੰਗ, ਟ੍ਰੈਕ ਨੂੰ ਡਿਸਟ੍ਰੇਸ ਕਰਨਾ, ਟ੍ਰੈਕ ਰਖਰਖਾਅ ਮਸ਼ੀਨ ਜਿਵੇਂ ਟੈਂਪਿੰਗ ਮਸ਼ੀਨ/ਬੈਲਾਸਟ ਸਕ੍ਰੀਨਿੰਗ/ਰੇਗੁਲੇਟਿੰਗ ਮਸ਼ੀਨ ਅਤੇ ਟੀਟੀਆਰ ਦੇ ਲਈ ਪ੍ਰੀ ਅਤੇ ਪੋਸਟ ਕੰਮ ਅਤੇ ਟੀ-28 ਦੁਆਰਾ ਟੀਟੀਆਰ ਦਾ | | | |
| 3 | 100-2025-26-BDGM-DRM-JAT | ADEN/BDGM ਦੇ ਅਧਿਕਾਰ ਖੇਤਰ ਵਿਚ BAHL-BRML ਸੈਕਸ਼ਨ ਵਿਚ ਪੁਲਾਂ ਦੀ ਮੁਰੰਮਤ ਅਤੇ ਅਨੁਰਖਸ਼ਣ, ਜਿਸ ਵਿਚ ਫਲੋਰਿੰਗ ਦੀ ਮੁਰੰਮਤ, ਸੁਰੱਖਿਆ ਕੰਮ, ਜਲਮਾਰਗ ਦੀ ਸਫਾਈ, ਨਾਲੀਆਂ ਨੂੰ ਉਚਾ ਕਰਨਾ ਆਦਿ ਸ਼ਾਮਲ ਹੈ। | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੀਡਿਟੀ | ਸਮਾਪਤੀ ਦਾ ਸਮਾਂ |
| | | 54,99,947.55 | 1,10,000.00 | 60 ਦਿਨ | 12 ਮਹੀਨੇ |
| | | Similar nature of work- ਟ੍ਰੈਕ ਕੰਮ ਦਾ ਇਲਾਵਾ ਕੋਈ ਵੀ ਸਿਵਿਲ ਕੰਮ। | | | |

ਨੋਟ : 1. ਠੇਕੇਦਾਰਾਂ ਨੂੰ ਸਲਾਹ ਦਿਤੀ ਜਾਂਦੀ ਹੈ ਕਿ ਉਹ ਬੋਲੀਆਂ ਪੇਸ਼ ਕਰਨ ਤੋਂ ਪਹਿਲਾਂ ਇਸ ਨਿਵਿਦਾ ਦੇ ਵਿਰੁਧ ਜਾਰੀ ਕਿਸੇ ਵੀ ਸ਼ੁਧੀ ਪੱਤਰ ਦੇ ਲਈ ਆਈਆਰਈਪੀਐਸ ਵੈਬਸਾਈਟ ਵੇਖਣ। ਨੋਟ 2. ਜੇਕਰ ਹਿੰਦੀ ਇਸ਼ਤਿਹਾਰ ਵਿਚ ਕੋਈ ਗਲਤੀ ਪਾਈ ਜਾਂਦੀ ਹੈ ਤਾਂ ਅੰਗ੍ਰੇਜ਼ੀ ਇਸ਼ਤਿਹਾਰ ਆਖਰੀ ਮੰਨਿਆ ਜਾਵੇਗਾ।

877/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਰਸੋਈ ਗੈਸ ਸਿਲੰਡਰਾਂ ਦੀ ਕਮੀ ਨਾਲ ਲੋਕ ਪ੍ਰੇਸ਼ਾਨ



**ਫਿਲੌਰ, (ਨਿਰਮਲ)**

ਫਿਲੌਰ ਵਿੱਚ ਖਪਤਕਾਰਾਂ ਨੂੰ ਰਸੋਈ ਗੈਸ ਸਿਲਡਰ ਲੈਣ ਵਿੱਚ ਆ ਰਹੀ ਭਾਰੀ ਪ੍ਰੇਸ਼ਾਨੀ ਨਾਲ ਆ ਰਹੀਆਂ ਮੁਸ਼ਕਿਲਾਂ ਬਾਰੇ ਖਪਤਕਾਰਾਂ ਨਾਲ ਕਾਂਗਰਸ ਆਗੂ ਰਜਿੰਦਰ ਸੰਧੂ ਨੇ ਗੱਲ ਕੀਤੀ ਅਤੇ ਉੱਨਾਂ ਦੀਆ ਮੁਸ਼ਕਿਲਾ ਸੁਣੀਆਂ । ਲੰਬੀਆਂ ਲਾਈਨਾਂ ਵਿੱਚ ਲੱਗੇ ਦੁੱਖੀ ਖਪਤਕਾਰਾਂ ਵੱਲੋਂ ਕੇਂਦਰ ਸਰਕਾਰ ਦੇ ਇਸ ਮੁੱਦੇ ਪ੍ਰਤੀ ਡਿੱਲੇ ਮੱਠੇ ਪ੍ਰਬੰਧਾਂ ਉੱਤੇ ਸਖ਼ਤ ਨਰਾਜ਼ਗੀ ਜਤਾਈ ਗਈ । ਲੋਕ ਸਵੇਰ ਤੋਂ ਲਾਈਨਾਂ ਵਿੱਚ ਲੱਗ ਜਾਂਦੇ ਹਨ ਅਤੇ ਸਾਰਾ-ਸਾਰਾ ਦਿਨ ਲਾਈਨਾਂ ਵਿੱਚ ਲੱਗਣ ਦੇ ਬਾਵਜੂਦ ਗੈਸ ਸਿਲੰਡਰ ਮਿਲ ਨਹੀਂ ਰਹੇ ਜਿਸ ਨਾਲ ਲੋਕ ਆਪਣੀ ਦਿਹਾੜੀ ਵੀ ਤੋੜ ਦੇ ਹਨ ਪਰ ਸਿਲੰਡਰ ਮਿਲਦੇ ਨਹੀ। ਜਿਹੜੇ ਲੋਕਾ ਦਾ ਰੋਜ਼ਾਨਾ ਮਜ਼ਦੂਰੀ ਕਰਕੇ ਘਰਾਂ ਦਾ ਚੁੱਲਾ ਚੱਲਦਾ ਹੈ ਉਹਨਾਂ ਦਾ ਗੁਜਾਰਾ ਮੁਸ਼ਕਿਲ ਹੋ ਗਿਆ ਹੈ । ਬਹੁਤ ਸਾਰੇ ਲੋਕ ਜਿੰਨਾ ਦੇ ਘਰਾਂ ਵਿੱਚ ਵਿਆਹ ਜਾਂ ਹੋਰ ਖੁਸ਼ੀ ਗ਼ਮੀ ਦੇ ਪ੍ਰੋਗਰਾਮ ਹਨ ਉੱਨਾਂ ਨੂੰ ਇਸ ਸਮੇਂ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ । ਇਸ ਮੌਕੇ ਰਜਿੰਦਰ ਸੰਧੂ ਦੁਆਰਾ ਸਰਕਾਰ ਤੋਂ ਮੰਗ ਕੀਤੀ ਹੈ ਕਿ ਜਲਦ ਤੋਂ ਜਲਦ ਇਸ ਸਮੱਸਿਆ ਦਾ ਹੱਲ ਕੀਤਾ ਜਾਵੇ।

# 75 ਲੱਖ ਦੀ ਲਾਗਤ ਨਾਲ ਬਣ ਰਹੀ ਪਿੰਡ ਦੀ ਫਿਰਨੀ ਦਾ ਕੰਮ ਜਲਦ ਹੋਵੇਗਾ ਮੁਕੰਮਲ : ਹਰਜੋਤ ਸਿੰਘ ਬੈਂਸ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**

ਤਹਿਸੀਲ ਨੰਗਲ ਦੇ ਅਧੀਨ ਆਉਂਦੇ ਪਿੰਡ ਸੈਸੋਂਵਾਲ ਵਿਖੇ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਨੇ ਕਿਹਾ ਹੈ ਕਿ ਪਿੰਡ ਸੈਸੋਂਵਾਲ ਦੇ ਸਮੂਹਿਕ ਵਿਕਾਸ ਵਿੱਚ ਕੋਈ ਵੀ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਵਿਕਾਸ ਦੀ ਨਵੀਂ ਲਹਿਰ ਚੱਲ ਰਹੀ ਹੈ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹਰ ਪਿੰਡ ਤੱਕ ਵਿਕਾਸ ਪਹੁੰਚਾ ਰਹੀ ਹੈ। ਉਨ੍ਹਾਂ ਦੱਸਿਆ ਕਿ ਪਿੰਡ ਸੈਸੋਂਵਾਲ ਵਿੱਚ ਕਰੀਬ 75 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਦੀ ਫਿਰਨੀ ਦਾ ਨਿਰਮਾਣ ਕੀਤਾ ਜਾ ਰਿਹਾ ਹੈ, ਜਿਸਦਾ ਕੰਮ ਜਲਦ ਹੀ ਮੁਕੰਮਲ ਕਰ ਲਿਆ ਜਾਵੇਗਾ, ਜਿਸ ਨਾਲ ਪਿੰਡ ਵਾਸੀਆਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਉਣ ਲਈ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਪਿੰਡ ਸੈਸੋਂਵਾਲ ਵਿੱਚ ਲੋਕਾਂ ਦੀਆਂ ਸਹੂਲਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਓਪਨ ਜਿੰਮ, ਸ਼ਮਸ਼ਾਨ ਘਾਟ ਦੇ ਸੁਧਾਰ ਅਤੇ ਹੋਰ ਬੁਨਿਆਦੀ ਢਾਂਚਾਗਤ ਵਿਕਾਸ ਦੇ ਕੰਮਾਂ ਲਈ ਵੀ ਲੱਖਾਂ ਰੁਪਏ ਖਰਚੇ ਜਾਣਗੇ। ਪਿੰਡ ਸੈਸੋਂਵਾਲ ਦੀ ਸਰਪੰਚ ਰਣਜੀਤ ਕੌਰ ਨੇ ਪੰਜਾਬ ਸਰਕਾਰ ਅਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਪੰਚਾਇਤਾਂ ਨੂੰ ਜਾਰੀ ਕੀਤੀ ਗਈ ਰਕਮ ਨਾਲ ਪਿੰਡਾਂ ਵਿੱਚ ਵਿਕਾਸ ਦੇ ਕੰਮਾਂ ਨੂੰ ਨਵੀਂ ਰਫ਼ਤਾਰ ਮਿਲੀ ਹੈ।



ਪੰਚ ਸਰਬਜੀਤ ਕੌਰ ਸੁਭਾਸ਼ ਸਿੰਘ, ਨਰਿੰਦਰ ਸ਼ਰਮਾ, ਹਰੀਸ ਕੁਮਾਰ, ਗੁਰਮੀਤ ਕੌਰ, ਗੁਰਦਿਆਲ ਸਿੰਘ, ਹਰਪ੍ਰੀਤ ਸਿੰਘ, ਰਵਿੰਦਰ ਸਿੰਘ, ਮਹੇਸ਼ ਕੁਮਾਰ, ਗੁਰਚਰਨ ਸਿੰਘ, ਗੁਰਮੀਤ ਸਿੰਘ, ਜਸਵਿੰਦਰ ਸਿੰਘ, ਰਾਮ ਸਰੂਪ, ਹਰਜਾਪ ਸਿੰਘ, ਰਕੇਸ਼ ਕੁਮਾਰ, ਪਲਵਿੰਦਰ ਸ਼ਰਮਾ, ਹਰਵਿੰਦਰ ਕੁਮਾਰ, ਗੁਰਬਖਸ਼ ਮੱਖਣ ਸਿੰਘ ਤੇ ਵੱਡੀ ਗਿਣਤੀ ਵਿਚ ਪਤਵੰਤੇ ਹਾਜ਼ਰ ਸਨ।

# ਹੈਰੋਇਨ ਤੇ ਨਸ਼ੀਲੀਆਂ ਗੋਲੀਆਂ ਸਮੇਤ ਦੋ ਨੌਜਵਾਨ ਕਾਬੂ

**ਬੰਗਾ (ਅਵਤਾਰ ਕਲੇਰ)**

ਯੁੱਧ ਨਸ਼ਿਆਂ ਵਿੱਰੁਧ ਮੁਹਿੰਮ ਵਿੱਚ ਤੁਸ਼ਾਰ ਗੁਪਤਾ ਐਸ ਐਸ ਪੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਤੇ ਡੀ ਐਸ ਪੀ ਬੰਗਾ ਹਰਜੀਤ ਸਿੰਘ ਰੰਧਾਵਾ ਦੀ ਅਗਵਾਈ ਅਧੀਨ ਥਾਣਾ ਮੁਕੰਦਪੁਰ ਪੁਲਿਸ ਨੂੰ ਨਸ਼ਿਆਂ ਖਿਲਾਫ ਲਗਾਤਾਰ ਤਸਕਰਾਂ ਨੂੰ ਫੜਨ ਵਿੱਚ ਸਫਲਤਾ ਮਿਲੀ ਹੈ। ਮੁੱਖ ਅਫਸਰ ਮਹਿੰਦਰ ਸਿੰਘ ਥਾਣਾ ਮੁਕੰਦਪੁਰ ਨੇ ਦੱਸਿਆ ਕਿ ਉਹ ਖੁਦ ਸਮੇਤ ਪੁਲਸ ਪਾਰਟੀ ਦੇ ਗਸ਼ਤ ਦੌਰਾਨ ਦਲਜੀਤ ਕੁਮਾਰ ਉਰਫ ਜੀਤਾ ਪੁੱਤਰ ਸੁਰਿੰਦਰ ਪਾਲ ਵਾਸੀ ਸਰਹਾਲ ਕਾਜੀਆ ਥਾਣਾ ਮੁਕੰਦਪੁਰ ਅਤੇ ਕੁਲਵਿੰਦਰ ਸਿੰਘ ਉਰਫ ਕਿੰਦਾ ਪੁੱਤਰ ਚਰਨਜੀਤ ਵਾਸੀ ਮੁਕੰਦਪੁਰ ਥਾਣਾ ਮੁਕੰਦਪੁਰ ਨੂੰ ਸਮੇਤ 29 ਨਸ਼ੀਲੀਆਂ ਗੋਲੀਆ ਖੁੱਲੀਆਂ ਤੇ 2.40 ਗ੍ਰਾਮ ਹੈਰੋਇਨ ਬਰਾਮਦ ਕਰਕੇ ਗ੍ਰਿਫਤਾਰ ਕੀਤਾ ਗਿਆ। ਕਥਿਤ ਦੋਸ਼ੀਆਂ ਖਿਲਾਫ ਨਸ਼ਾ ਐਕਟ ਅਧੀਨ ਮਾਮਲਾ ਥਾਣਾ ਮੁਕੰਦਪੁਰ ਦਰਜ਼ ਰਜਿਸਟਰ ਕੀਤਾ ਗਿਆ ਜਿਹਨਾ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਜਾ ਰਿਹਾ ਹੈ। ਮੁੱਖ ਅਫਸਰ ਮਹਿੰਦਰ ਸਿੰਘ ਨੇ ਦੱਸਿਆ ਕਿ ਇਲਾਕਾ ਮੁਕੰਦਪੁਰ ਵਿੱਚੋ ਨਸ਼ਾ ਦੇ ਸੌਦਾਗਰਾ ਨੂੰ ਬਖਸ਼ਿਆ ਨਹੀ ਜਾਵੇਗਾ। ਉਨ੍ਹਾਂ ਅਪੀਲ ਕੀਤੀ ਕਿ ਜੋ ਨਸ਼ਾ ਹੈਰੋਇਨ ਦਾ ਸੇਵਨ ਕਰਦੇ ਹਨ ਉਹ ਥਾਣਾ ਵਿਖੇ ਰਾਬਤਾ ਕਾਇਮ ਕਰਨ। ਉਹਨਾ ਨੂੰ ਪੰਜਾਬ ਸਰਕਾਰ ਵਲੋ ਚਲਾਏ ਜਾ ਰਹੇ ਸਰਕਾਰੀ ਨਸ਼ਾ ਛਡਾਊ ਕੇਂਦਰ ਨਵਾਂਸ਼ਹਿਰ ਵਿਖੇ ਦਾਖਲ ਕਰਵਾਇਆ ਜਾਵੇਗਾ ਤੇ ਫਰੀ ਇਲਾਜ ਕਰਵਾਇਆ ਜਾਵੇਗਾ। ਉਨ੍ਹਾਂ ਜਨਤਾ ਤੋਂ ਇਲਾਕਾ ਨੂੰ ਨਸ਼ਾ ਮੁਕਤ ਕਰਨ ਲਈ ਸਹਿਯੋਗ ਦੀ ਮੰਗ ਕੀਤੀ।



# ਸੰਤ ਬਾਬਾ ਚਰਨ ਦਾਸ ਦਾ ਸਾਲਾਨਾ ਬਰਸੀ ਸਮਾਗਮ ਅੱਜ

**ਬੰਗਾ (ਅਵਤਾਰ ਕਲੇਰ)**-ਮਹਾਨ ਤਪੱਸਵੀ ਸੰਤ ਬਾਬਾ ਚਰਨ ਦਾਸ ਦੀ ਸਾਲਾਨਾ ਬਰਸੀ ਸਮਾਗਮ ਧੰਨ ਧੰਨ ਸੰਤ ਬਾਬਾ ਅਮਰ ਦਾਸ ਜੀ ਦੇ ਤਪ ਅਸਥਾਨ ਅਮਰਪੁਰੀ ਕੁਟੀਆ ਚੱਕ ਕਲਾਲ ਵਿਖੇ ਸੰਤ ਬਾਬਾ ਸੁਖਦੇਵ ਸਿੰਘ ਗੱਦੀ ਨਸ਼ੀਨ ਦੀ ਅਗਵਾਈ ਹੇਠ ਸਮੂਹ ਨਗਰ ਨਿਵਾਸੀਆਂ ਤੇ ਐਨ ਆਰ ਆਈ ਦੇ ਸਹਿਯੋਗ ਨਾਲ ਅੱਜ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਤ ਬਾਬਾ ਸੁਖਦੇਵ ਸਿੰਘ ਨੇ ਦੱਸਿਆ ਕਿ 17 ਮਾਰਚ ਨੂੰ ਰੱਖੇ ਹੋਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਭੋਗ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿਚ ਕੀਰਤਨੀ ਜਥੇ ਢਾਡੀ ਜੱਥੇ ਕਥਾ ਵਾਚਕ ਆਪਣੇ ਪ੍ਰੋਗਰਾਮ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਵੱਖ ਵੱਖ ਡੇਰਿਆਂ ਤੋਂ ਆਏ ਹੋਏ ਸੰਤ ਮਹਾਂਪੁਰਸ਼ਾਂ ਆਪਣੇ ਪ੍ਰਵਚਨਾਂ ਨਾਲ ਗੁਰੂ ਚਰਨਾਂ ਨਾਲ ਜੋੜਨਗੇ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਅਧਿਆਪਕਾਵਾਂ ਦੀਆਂ ਟ੍ਰੇਨਿੰਗਾਂ ਲਗਾਉਣ ਦਾ ਵਿਰੋਧ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ (ਡੀ ਟੀ ਐੱਫ਼) ਨੇ ਸਿੱਖਿਆ ਵਿਭਾਗ ਵੱਲੋਂ ਵਿਦਿਆਰਥੀਆਂ ਦੀਆਂ ਪ੍ਰੀਖਿਆਵਾਂ ਦੇ ਦਿਨਾਂ ਵਿੱਚ ਅਧਿਆਪਕਾਂ ਦੀਆਂ ਟ੍ਰੇਨਿੰਗਾਂ ਲਗਾਉਣ ਦੀ ਨਿੰਦਾ ਕੀਤੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ, ਸੂਬਾ ਮੀਤ ਪ੍ਰਧਾਨ ਜਗਪਾਲ ਬੰਗੀ, ਸੂਬਾ ਜੁਆਇੰਟ ਸਕੱਤਰ ਮੁਕੇਸ਼ ਗੁਜਰਾਤੀ, ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਜਨਰਲ ਸਕੱਤਰ ਇੰਦਰ ਸੁਖਦੀਪ ਸਿੰਘ ਓਢਰਾ ਤੇ ਵਿੱਤ ਸਕੱਤਰ ਮਨਜੀਤ ਸਿੰਘ ਦਸੂਹਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 16 ਮਾਰਚ ਤੋਂ ਪੰਜਾਬ ਭਰ ਦੇ ਸਾਰੇ ਪ੍ਰਾਇਮਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀਆਂ ਸਾਲਾਨਾ ਪ੍ਰੀਖਿਆਵਾਂ ਸ਼ੁਰੂ ਹੋ ਰਹੀਆਂ ਹਨ। ਵਿਭਾਗ ਨੇ ਅੱਜ ਦੇ ਦਿਨ ਤੋਂ ਹੀ ਅਗਲੇ ਤਿੰਨ ਦਿਨਾਂ ਲਈ ਅਧਿਆਪਕਾਂ ਦੀਆਂ ਟ੍ਰੇਨਿੰਗਾਂ ਸ਼ੁਰੂ ਕਰ ਦਿੱਤੀਆਂ ਹਨ, ਇਸ ਤੋਂ ਪਤਾ ਲੱਗਦਾ ਹੈ ਕਿ ਸਿੱਖਿਆ ਵਿਭਾਗ ਕੋਲ ਕੋਈ ਨੀਤੀ ਨਹੀਂ ਹੈ। ਪਿਛਲੇ ਸਾਲਾਂ ਵਿੱਚ ਵੀ ਜਦੋਂ ਵਿਦਿਆਰਥੀ ਪ੍ਰੀਖਿਆ ਦੇ ਰਹੇ ਹੁੰਦੇ ਹਨ ਤਾਂ ਉਸ ਸਮੇਂ ਅਧਿਆਪਕਾਂ ਦੀਆਂ ਟ੍ਰੇਨਿੰਗਾਂ ਸ਼ੁਰੂ ਕਰ ਦਿੱਤੀਆਂ ਜਾਂਦੀਆਂ ਹਨ। ਡੀ ਟੀ ਐੱਫ਼ ਵੱਲੋਂ ਪਿਛਲੇ ਸਾਲਾਂ ਵਿੱਚ ਇਸ 'ਤੇ ਇਤਰਾਜ਼ ਦਰਜ ਕਰਾਇਆ ਗਿਆ ਸੀ ਪਰ ਵਿਭਾਗ ਨੇ ਕੁਝ ਸੁਧਾਰ ਕਰਨ ਦੀ ਥਾਂ ਇਸ ਪ੍ਰਕਿਰਿਆ ਨੂੰ ਪਹਿਲਾਂ ਵਾਂਗ ਹੀ ਅੱਗੇ ਜਾਰੀ ਰੱਖਿਆ ਹੋਇਆ ਹੈ।ਡੀ ਟੀ ਐੱਫ਼ ਦੇ ਸੂਬਾ ਆਗੂਆਂ ਨੇ ਦੱਸਿਆ ਕਿ ਇਹ ਦਿਨ ਵਿਦਿਆਰਥੀਆਂ ਦੇ ਨਵੇਂ ਦਾਖ਼ਲੇ ਲਈ ਬਹੁਤ ਅਹਿਮ ਦਿਨ ਹੁੰਦੇ ਹਨ। ਇੰਨ੍ਹਾਂ ਅਹਿਮ ਦਿਨਾਂ ਵਿੱਚ ਬਿਨਾਂ ਕਿਸੇ ਯੋਜਨਾਬੰਦੀ ਦੇ ਮਨ ਚਾਹੇ ਢੰਗ ਨਾਲ ਅਧਿਆਪਕਾਂ ਨੂੰ ਟ੍ਰੇਨਿੰਗਾਂ ਅਤੇ ਸੈਮੀਨਾਰਾਂ ਵਿੱਚ ਭੇਜ ਕੇ ਸਕੂਲਾਂ ਨੂੰ ਖਾਲੀ ਕਰ ਦਿੱਤਾ ਜਾਂਦਾ ਹੈ। ਆਗੂਆਂ ਨੇ ਮੰਗ ਕੀਤੀ ਕਿ ਇਹ ਟਰੇਨਿੰਗਾਂ ਰੱਦ ਕਰਕੇ ਅਧਿਆਪਕਾਂ ਨੂੰ ਸਕੂਲਾਂ ਵਿੱਚ ਭੇਜਿਆ ਜਾਵੇ ਤਾਂ ਕਿ ਉਹ ਵਿਦਿਆਰਥੀਆਂ ਦੀਆਂ ਪ੍ਰੀਖਿਆਵਾਂ ਲੈ ਸਕਣ ਤੇ ਸਕੂਲ ਵਿੱਚ ਨਵੇਂ ਦਾਖ਼ਲੇ ਲਈ ਮਾਪਿਆਂ ਨੂੰ ਪ੍ਰੇਰਿਤ ਕਰ ਸਕਣ। ਇਸ ਮੌਕੇ ਪ੍ਰਵੀਨ ਸ਼ੇਰਪੁਰ, ਡਾ. ਸੰਜੀਵ ਕਲਸੀ, ਬਲਜੀਤ ਸਿੰਘ ਮਹਿਮੋਵਾਲ, ਨੰਦ ਰਾਮ, ਜਸਮੀਤ ਸਿੰਘ ਮਠਾਰੂ, ਰਜਿੰਦਰ ਹੇਜਮਾਂ, ਬਲਜਿੰਦਰ ਸਹੋਤਾ, ਨਿਰਮਲ ਸਿੰਘ ਨਿਹਾਲਪੁਰ, ਜਸਵੀਰ ਬੋਦਲ, ਮਨਜੀਤ ਸਿੰਘ ਬਾਬਾ, ਰੇਸ਼ਮ ਸਿੰਘ ਧੁੱਗਾ, ਅਸ਼ਨੀ ਕੁਮਾਰ, ਰਜਿੰਦਰ ਸਿੰਘ, ਵਿਨੇ ਕੁਮਾਰ, ਵਰਿੰਦਰ ਸੈਣੀ ਤੇ ਰਾਕੇਸ਼ ਕੁਮਾਰ ਆਦਿ ਵੀ ਹਾਜ਼ਰ ਸਨ।



# ਵਿਜੇ ਸਾਂਪਲਾ ਨੇ ਨਿਤਿਨ ਗਡਕਰੀ ਨਾਲ ਕੀਤੀ ਮੁਲਾਕਾਤ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਹਾਥੀ ਦੰਦ ਦੀ ਕਾਰੀਗਰੀ ਲਈ ਵਿਸ਼ਵ ਭਰ ਵਿੱਚ ਮਸ਼ਹੂਰ ਅਤੇ ਕਈ ਰਾਸ਼ਟਰਪਤੀ ਤੇ ਰਾਜਪਾਲ ਐਵਾਰਡ ਜੇਤੂ ਪਰਵਾਰਾਂ ਦੇ ਨਿਵਾਸ ਅਸਥਾਨ, ਇਤਿਹਾਸਿਕ ਪਿੰਡ ਬਸੀ ਗੁਲਾਮ ਹੁਸੈਨ ਦੇ ਰਸਤਿਆਂ ਦੀ ਗੰਭੀਰ ਸਮੱਸਿਆ ਨੂੰ ਲੈ ਕੇ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ ਨੇ ਕੇਂਦਰੀ ਸੜਕ ਅਤੇ ਪਰਿਵਹਨ ਮੰਤਰੀ ਨਿਤਿਨ ਗਡਕਰੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਮੁਲਾਕਾਤ ਦੌਰਾਨ ਸਾਂਪਲਾ ਨੇ ਦੱਸਿਆ ਕਿ ਹੁਸ਼ਿਆਰਪੁਰ ਤੋਂ ਮਹਿਜ਼ 3 ਕਿਲੋਮੀਟਰ ਦੂਰ ਸਥਿਤ ਇਸ ਪਿੰਡ ਦਾ ਮੁੱਖ ਰਸਤਾ ਨਵਾਂ ਨੈਸ਼ਨਲ ਹਾਈਵੇਅ ਬਣਨ ਕਾਰਨ ਬੰਦ ਹੋ ਗਿਆ ਹੈ। ਇਸ ਕਾਰਨ ਪਿੰਡ ਦੇ ਲੋਕਾਂ ਦਾ ਸ਼ਹਿਰ ਨਾਲੋਂ ਸਿੱਧਾ ਸੰਪਰਕ ਟੁੱਟ ਗਿਆ ਹੈ।ਸਕੂਲੀ ਬੱਚਿਆਂ ਅਤੇ ਅਧਿਆਪਕਾਂ ਨੂੰ ਆਉਣ-ਜਾਣ ਵਿੱਚ ਭਾਰੀ ਦਿੱਕਤ ਆ ਰਹੀ ਹੈ। ਬਦਲਵੇਂ ਰਸਤੇ ਲੰਬੇ ਅਤੇ ਸੁੰਨਸਾਨ ਹੋਣ ਕਾਰਨ ਅਸੁਰੱਖਿਅਤ ਹਨ। ਵਿਜੇ ਸਾਂਪਲਾ ਦੇ ਬੇਨਤੀ ਪੱਤਰ 'ਤੇ ਤੁਰੰਤ ਕਾਰਵਾਈ ਕਰਦਿਆਂ ਨਿਤਿਨ ਗਡਕਰੀ ਨੇ ਸਬੰਧਿਤ ਅਧਿਕਾਰੀਆਂ ਨੂੰ ਇਸ ਸਥਾਨ 'ਤੇ ਅੰਡਰਪਾਸ ਬਣਾਉਣ ਦੇ ਆਦੇਸ਼ ਦਿੱਤੇ। ਉਨ੍ਹਾਂ ਭਰੋਸਾ ਦਿੱਤਾ ਕਿ ਹਾਈਵੇਅ ਕਾਰਨ ਲੋਕਾਂ ਨੂੰ ਆ ਰਹੀ ਇਸ ਮੁਸ਼ਕਲ ਦਾ ਸਥਾਈ ਹੱਲ ਕੱਢਿਆ ਜਾਵੇਗਾ।



# ਪੱਬਵਾਂ 'ਚੋਂ ਸ਼ਰਾਬ ਦਾ ਠੇਕਾ ਬਾਹਰ ਕੱਢਣ ਦੀ ਮੰਗ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਇਸਤਰੀ ਜਾਗ੍ਰਿਤੀ ਮੰਚ ਤੇ ਪੰਜਾਬ ਸਟੂਡੈਂਟਸ ਯੂਨੀਅਨ ਦੀ ਅਗਵਾਈ ਹੇਠ ਜਨਤਕ ਵਫ਼ਦ ਵਲੋਂ ਜ਼ਿਲ੍ਹਾ ਮੈਜਿਸਟ੍ਰੇਟ ਤੇ ਸੀਨੀਅਰ ਕਪਤਾਨ ਪੁਲਸ ਜਲੰਧਰ ਦਿਹਾਤੀ ਨੂੰ ਮੰਗ ਪੱਤਰ ਦੇ ਕੇ ਲੋਕ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪਿੰਡ ਪੱਬਵਾਂ ਬਲਾਕ ਨੂਰਮਹਿਲ ਵਿਖੇ ਆਬਾਦੀ ਵਿੱਚ ਖੋਲ੍ਹੇ ਹੋਏ ਸ਼ਰਾਬ ਦੇ ਠੇਕੇ ਨੂੰ ਤੁਰੰਤ ਪਿੰਡ ਚੋਂ ਹਟਾਉਣ ਦੀ ਮੰਗ ਕੀਤੀ ਗਈ। ਪ੍ਰਸ਼ਾਸ਼ਨਿਕ ਅਧਿਕਾਰੀਆਂ ਨੇ ਹਾਂ ਪੱਖੀ ਹੁੰਗਾਰਾ ਭਰਿਆ।ਇਸਤਰੀ ਜਾਗ੍ਰਿਤੀ ਮੰਚ ਦੇ ਸੂਬਾਈ ਪ੍ਰੈੱਸ ਸਕੱਤਰ ਜਸਵੀਰ ਕੌਰ ਜੱਸੀ, ਜ਼ਿਲ੍ਹਾ ਆਗੂ ਕੁਲਵੰਤ ਕੌਰ ਪੱਬਵਾਂ (ਸਾਬਕਾ ਸਰਪੰਚ) ਤੇ ਪੰਜਾਬ ਸਟੂਡੈਂਟਸ ਯੂਨੀਅਨ ਦੇ ਰਮਨਦੀਪ ਕੌਰ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਕਿ ਪਿੰਡ ਦੀ ਹੱਦ ਚੋਂ ਸ਼ਰਾਬ ਦੇ ਠੇਕੇ ਨੂੰ ਨਾ ਹਟਾਉਣ ਦੀ ਸੂਰਤ ਵਿੱਚ ਦੋਨੋਂ ਜਥੇਬੰਦੀਆਂ ਸੰਘਰਸ਼ ਕਰਨ ਲਈ ਮਜ਼ਬੂਰ ਹੋਣਗੀਆਂ।ਇਸ ਮੌਕੇ ਸਾਂਝੇ ਵਫ਼ਦ ਵਲੋਂ ਜ਼ਿਲ੍ਹਾ ਪ੍ਰਸ਼ਾਸ਼ਨਿਕ ਅਧਿਕਾਰੀਆਂ ਨੂੰ ਯਾਦ ਪੱਤਰ ਦਿੰਦੇ ਹੋਏ ਧਿਆਨ ਵਿੱਚ ਲਿਆਂਦਾ ਕਿ ਪਿੰਡ ਪੱਬਵਾਂ ਬਲਾਕ ਨੂਰਮਹਿਲ ਜ਼ਿਲ੍ਹਾ ਜਲੰਧਰ ਦੀ ਵੱਸੋਂ ਅੰਦਰ ਪੈਂਦੇ ਸ਼ਰਾਬ ਦੇ ਠੇਕੇ ਨਾਲ ਪਿੰਡ ਵਾਸੀਆਂ ਨੂੰ ਭਾਰੀ ਦਿੱਕਤਾਂ ਦਾ ਝੱਲਣੀਆਂ ਪੈ ਰਹੀਆਂ ਹਨ। ਪਿੰਡ ਦੀ ਵਸੋਂ ਅੰਦਰ ਸ਼ਰਾਬ ਦਾ ਠੇਕਾ ਹੋਣ ਦੇ ਕਾਰਨ ਔਰਤਾਂ ਅਤੇ ਲੜਕੀਆਂ ਜੋ ਕਿ ਆਪਣੇ ਕੰਮਕਾਰ ਲਈ ਘਰੋਂ ਬਾਹਰ ਨਿਕਲਦੀਆਂ ਹਨ ਤਾਂ ਉਹਨਾਂ ਨੂੰ ਅਣਗਿਣਤ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਉਹਨਾਂ ਦੀ ਸੁਰੱਖਿਆ ਨੂੰ ਲਗਾਤਾਰ ਖ਼ਤਰਾ ਬਣਿਆ ਹੋਇਆ ਹੈ। ਇਸ ਮੌਕੇ ਇਸਤਰੀ ਜਾਗ੍ਰਿਤੀ ਮੰਚ ਦੇ ਜ਼ਿਲ੍ਹਾ ਆਗੂ, ਬਲਵਿੰਦਰ ਕੌਰ ਘੁੱਗਸ਼ੋਰ, ਕੁਲਵੰਤ ਕੌਰ ਪੱਬਵਾਂ ਪੰਜਾਬ ਸਟੂਡੈਂਟਸ ਯੂਨੀਅਨ ਦੇ ਜ਼ਿਲ੍ਹਾ ਆਗੂ ਜੁਲੇਖਾ ਤੇ ਕੋਮਲ ਇਲਾਵਾ ਹਰਮਨ, ਨਰਿੰਦਰ ਕੌਰ ਆਦਿ ਵਫ਼ਦ ਵਿੱਚ ਸ਼ਾਮਲ ਸਨ।



# ਮੇਹਟੀਆਣਾ-ਗੜ੍ਹਸ਼ੰਕਰ ਰੋਡ ਦਾ ਨਾਂਅ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਂਅ ਉੱਪਰ ਰੱਖਣ 'ਤੇ ਡਾ. ਰਾਜ ਕੁਮਾਰ ਸਨਮਾਨਤ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਦੁਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ ਵੱਲੋਂ ਆਪਣੀ ਸਮੁੱਚੀ ਟੀਮ ਨਾਲ ਡਾਕਟਰ ਰਾਜ ਕੁਮਾਰ ਮੈਂਬਰ ਪਾਰਲੀਮੈਂਟ ਨੂੰ ਸਨਮਾਨਿਤ ਕੀਤਾ ਗਿਆ ਜਿਸ ਵਿੱਚ ਫਰੰਟ ਦੇ ਸਰਪ੍ਰਸਤ ਸੁਰਜੀਤ ਸਿੰਘ ਮਸੂਤਾ ਜਗਤਾਰ ਸਿੰਘ ਭੁੰਗਰਨੀ ਜਨਰਲ ਸਕੱਤਰ ਬਲਵੀਰ ਸਿੰਘ ਭੁਗਲਾਨਾ ਪ੍ਰਧਾਨ ਅਤੇ ਗੁਰਦਿਆਲ ਸਿੰਘ ਜਲਵੇੜਾ ਸੀਨੀਅਰ ਵਾਈਸ ਪ੍ਰਧਾਨ ਹਾਜ਼ਰ ਸਨ। ਪ੍ਰੈੱਸ ਨਾਲ ਗੱਲਬਾਤ ਕਰਦਿਆਂ ਉਪਰੋਕਤ ਮੈਂਬਰਾਂ ਨੇ ਦੱਸਿਆ ਕਿ ਪਿਛਲੇ ਸਮੇਂ ਤੋਂ ਸਾਡੀ ਇਹ ਮੰਗ ਸੀ ਮੇਹਟੀਆਣਾ ਤੋਂ ਗੜ੍ਹਸ਼ੰਕਰ ਰੋਡ ਜੋ ਕਿ ਬਿਸਤ ਦੁਆਬ ਨਹਿਰ ਦੇ ਨਾਲ ਜਾਣਿਆ ਜਾਂਦਾ ਹੈ ਅਤੇ ਸਭ ਤੋਂ ਵੱਧ ਇਸ ਨਹਿਰ ਦੇ ਨਾਲ ਰਾਜਪੂਤ ਭਾਈਚਾਰੇ ਦੀ ਆਬਾਦੀ ਜਿਆਦਾ ਹੈ ਅਤੇ ਇਹ ਨਹਿਰ ਹੁਸ਼ਿਆਰਪੁਰ ਜਲੰਧਰ ਤੇ ਕਪੂਰਥਲਾ ਨੂੰ ਜੋੜਦੀ ਹੈ ਇਸ ਕਰਕੇ ਇਸ ਸੜਕ ਦਾ ਨਾਂਅ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਨਾਮ ਉੱਪਰ ਰੱਖਣ ਦੀ ਮੈਂਬਰ ਪਾਰਲੀਮੈਂਟ ਅਤੇ ਹਲਕਾ ਵਿਧਾਇਕ ਚੱਬੇਵਾਲ ਡਾਕਟਰ ਇਸ਼ਾਂਕ ਕੁਮਾਰ ਨੂੰ ਬੇਨਤੀ ਕੀਤੀ ਗਈ ਸੀ। ਇਹ ਮੁੱਦਾ ਡਾ. ਇਸ਼ਾਂਕ ਕੁਮਾਰ ਵੱਲੋਂ ਵਿਧਾਨ ਸਭਾ ਵਿੱਚ ਵੀ ਉਠਾਇਆ ਗਿਆ ਸੀ। ਇਸ ਦਾ ਨਾਂਅ ਰੱਖਣ ਦੀ ਪ੍ਰਕਿਰਿਆ ਪੂਰੀ ਹੋਣ ਤੇ ਮੈਂਬਰ ਪਾਰਲੀਮੈਂਟ ਨੂੰ ਸਨਮਾਨਤ ਕੀਤਾ ਗਿਆ ਅਤੇ ਨਾਲ ਦੀ ਨਾਲ ਨਹਿਰ ਦੇ ਉੱਪਰ ਸੇਫਟੀ ਗਾਰਡ ਅਤੇ ਰਿਫਲੈਕਟਰ ਲਾਉਣ ਦਾ ਵੀ ਧੰਨਵਾਦ ਕੀਤਾ।

# ਐੱਨ ਆਰ ਆਈ ਵਿਜੇ ਪਾਲ ਜਗਪਾਲ ਨੇ ਸੁਸਾਇਟੀ ਨੂੰ ਭੇਟ ਕੀਤੇ 25,000 ਰੁਪਏ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਰੋਟਰੀ ਆਈ ਬੈਂਕ ਅਤੇ ਕੋਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ ਕੁਝ ਦਿਨ ਪਹਿਲਾਂ 3 ਸਾਲਾ ਇਕ ਬੱਚੇ ਦਾ ਕੋਰਨੀਆ ਟ੍ਰਾਂਸਪਲਾਂਟ ਕਰਵਾ ਕੇ ਉਸ ਨੂੰ ਨਵੀਂ ਰੌਸ਼ਨੀ ਪ੍ਰਦਾਨ ਕੀਤੀ ਗਈ ਸੀ। ਇਸ ਕਾਰਜ ਤੋਂ ਪ੍ਰਭਾਵਿਤ ਹੋ ਕੇ ਐੱਨ ਆਰ ਆਈ ਵਿਜੇ ਪਾਲ ਜਗਪਾਲ ਤੇ ਉਨ੍ਹਾਂ ਦੀ ਧਰਮਪਤਨੀ ਰਜਿੰਦਰ ਕੌਰ ਜਗਪਾਲ ਨੇ ਸੋਸਾਇਟੀ ਨੂੰ 25,000 ਰੁਪਏ ਦੀ ਦਾਨ ਰਾਸ਼ੀ ਭੇਟ ਕੀਤੀ।ਇਸ ਮੌਕੇ ਪ੍ਰਧਾਨ ਜੇ ਬੀ ਬਹਿਲ ਨੇ ਉਨ੍ਹਾਂ ਨੂੰ ਸੋਸਾਇਟੀ ਦੇ ਕੰਮਕਾਜ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੋਸਾਇਟੀ ਵੱਲੋਂ ਹੁਣ ਤੱਕ 4162 ਲੋਕਾਂ ਦੇ ਕੋਰਨੀਆ ਟ੍ਰਾਂਸਪਲਾਂਟ ਕਰਵਾ ਕੇ ਉਨ੍ਹਾਂ ਨੂੰ ਰੌਸ਼ਨੀ ਦਿੱਤੀ ਜਾ ਚੁੱਕੀ ਹੈ। ਇਸ ਮੌਕੇ ਵਿਜੇ ਪਾਲ ਜਗਪਾਲ ਨੇ ਸੋਸਾਇਟੀ ਦੇ ਕੰਮਾਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਕਿਸੇ ਦੀ ਅੰਧੇਰੀ ਜ਼ਿੰਦਗੀ ਨੂੰ ਰੌਸ਼ਨ ਕਰਨਾ ਸਭ ਤੋਂ ਵੱਡਾ ਪੁੰਨ ਦਾ ਕੰਮ ਹੈ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਨੇਤਰ ਦਾਨ ਕਰਨ ਲਈ ਪ੍ਰਣ ਪੱਤਰ ਭਰਨ ਤਾਂ ਜੋ ਅੰਧੇਰੀ ਜ਼ਿੰਦਗੀ ਜੀ ਰਹੇ ਲੋਕਾਂ ਦੇ ਜੀਵਨ ਵਿੱਚ ਵੀ ਰੌਸ਼ਨੀ ਆ ਸਕੇ। ਇਸ ਮੌਕੇ ਚੇਅਰਮੈਨ ਬਾਡੀ ਡੋਨੇਸ਼ਨ ਡਾ. ਤਰਸੇਮ ਸਿੰਘ ਨੇ ਸ਼ਰੀਰ ਦਾਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਹੁਣ ਤੱਕ ਸੋਸਾਇਟੀ ਵੱਲੋਂ ਵੱਖ-ਵੱਖ ਮੈਡੀਕਲ ਕਾਲਜਾਂ ਵਿੱਚ 30 ਸ਼ਰੀਰ ਮਰਨ ਉਪਰੰਤ ਖੋਜ ਵਾਸਤੇ ਭੇਜੇ ਜਾ ਚੁੱਕੇ ਹਨ ਤੇ 250 ਲੋਕਾਂ ਵੱਲੋਂ ਸ਼ਰੀਰ ਦਾਨ ਕਰਨ ਲਈ ਪ੍ਰਣ ਪੱਤਰ ਭਰੇ ਜਾ ਚੁੱਕੇ ਹਨ। ਇਸ ਮੌਕੇ ਡਾ. ਲਖਵਿੰਦਰ ਕੁਮਾਰ, ਪ੍ਰੋ. ਦਲਜੀਤ ਸਿੰਘ, ਮਦਨ ਲਾਲ ਮਹਾਜਨ, ਅਸ਼ਵਨੀ ਕੁਮਾਰ ਦੱਤਾ, ਕ੍ਰਿਸ਼ਨ ਕਿਸ਼ੋਰ, ਬਲਵਿੰਦਰ ਕੁਮਾਰੀ, ਹਰਿਕਿਸ਼ਨ ਗਾਂਗਰ, ਓਂਕਾਰ ਸਿੰਘ ਚਾਹਿਲਪੁਰੀ, ਡਾ. ਦੀਪਕ, ਰਾਜਨ ਮਲਹਨ, ਹੈਪੀ ਸਾਧੋਵਾਲ, ਹਰਪ੍ਰੀਤ ਸਿੰਘ ਬੈਂਸ, ਸ਼ਿੰਦਾ ਗੋਲੀਆਂ ਆਦਿ ਹਾਜ਼ਰ ਸਨ।



# ਭਾਰਤ ਰਾਸ਼ਟਰੀ ਡੈਮੋਕਰੇਟਿਕ ਪਾਰਟੀ ਦਲਿਤ ਸਮਾਜ ਨਾਲ ਧੱਕੇਸ਼ਾਹੀ ਬਰਦਾਸ਼ਤ ਨਹੀਂ ਕਰੇਗੀ : ਕੇਵਲ ਹੀਰ, ਤਰਸੇਮ ਸੇਮਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਦਲਿਤ ਸਮਾਜ ਤੇ ਪਿਛੜੇ ਵਰਗ ਦੇ ਲੋਕਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਦੇਣ ਤੇ ਮਜ਼ਦੂਰਾਂ ਖਿਲਾਫ਼ ਬਣਾਏ ਗਏ ਨਵੇਂ ਕਾਨੂੰਨ ਨੂੰ ਰੱਦ ਕਰਨ ਸਬੰਧੀ ਭਾਰਤ ਰਾਸ਼ਟਰ ਡੈਮੋਕਰੇਟਿਕ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਕੇਵਲ ਸਿੰਘ ਹੀਰ, ਜ਼ਿਲਾ ਜਨਰਲ ਸਕੱਤਰ ਤਰਸੇਮ ਲਾਲ ਸੇਮਾ, ਗੁਰਦੇਵ ਸਿੰਘ ਅਤੇ ਦੀਦਾਰ ਸਿੰਘ ਸਮੇਤ ਵਫ਼ਦ ਨੇ ਆਪਣੀਆਂ ਮੰਗਾਂ ਸਬੰਧੀ ਰਾਸ਼ਟਰਪਤੀ ਦੇ ਨਾਂਅ ਐੱਸ ਡੀ ਐੱਮ ਟਾਂਡਾ ਲਵਪ੍ਰੀਤ ਸਿੰਘ ਔਲਖ ਨੂੰ ਇੱਕ ਮੰਗ ਪੱਤਰ ਦਿੱਤਾ। ਆਪਣੇ ਮੰਗ ਪੱਤਰ ਰਾਹੀਂ ਕੇਵਲ ਸਿੰਘ ਹੀਰ ਨੇ ਕਿਹਾ ਕਿ ਭਾਰਤ ਦੁਨੀਆਂ ਦੇ ਸਾਰੇ ਮੁਲਕਾਂ ਨਾਲੋਂ ਵੱਡਾ ਲੋਕਤੰਤਰ ਦੇਸ਼ ਹੈ ਤੇ ਦੇਸ਼ ਵਿੱਚ 18 ਸਾਲ ਤੋਂ ਵੱਧ ਉਮਰ ਦੇ ਹਰ ਵਰਗ ਦੇ ਲੋਕਾਂ ਨੂੰ ਵੋਟ ਪਾਉਣ ਦਾ ਅਧਿਕਾਰ ਹੈ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਇਹ ਅਧਿਕਾਰ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਸੰਘਰਸ਼ ਸਦਕਾ ਸਾਨੂੰ ਸਾਰਿਆਂ ਨੂੰ ਮਿਲਿਆ ਹੈ, ਪਰ ਹੁਣ ਇਸ ਐਸ ਆਈ ਆਰ 2025/26 ਕਾਨੂੰਨ ਲਾਗੂ ਕਰਨ ਕਾਰਨ ਭਾਰਤ ਦੇ ਲੋਕਤੰਤਰ ਨੂੰ ਖ਼ਤਰਾ ਪੈਦਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਰਾਸ਼ਟਰਪਤੀ ਨੂੰ ਇਸ ਸਮੱਸਿਆ ਵੱਲ ਜਲਦ ਤੋ ਜਲਦ ਧਿਆਨ ਦੇਣਾ ਚਾਹੀਦਾ ਹੈ ਤਾਂ ਜੋ ਲੋਕਤੰਤਰ ਦੀ ਪ੍ਰਭੂਸੱਤਾ ਕਾਇਮ ਰਹਿ ਸਕੇ। ਤਰਸੇਮ ਲਾਲ ਸੇਮਾ ਨੇ ਕਿਹਾ ਕਿ ਐਸ ਆਈ ਆਰ ਕਾਨੂੰਨ ਤਹਿਤ ਆਧਾਰ ਕਾਰਡ ਨੂੰ ਭਾਰਤ ਦਾ ਨਾਗਰਿਕ ਹੋਣ ਦਾ ਸਬੂਤ ਨਹੀਂ ਮੰਨਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਕਾਨੂੰਨ ਪਾਸਪੋਰਟ ਨੂੰ ਸਹੀ ਮਨਦਾ ਹੈ ਜਦਕਿ ਭਾਰਤ ਦੇ ਦਲਿਤ ਤੇ ਪਿਛੜੇ ਵਰਗ ਦੇ 90% ਲੋਕਾਂ ਕੋਲ ਪਾਸਪੋਰਟ ਨਹੀਂ ਹਨ ਅਤੇ ਉਨ੍ਹਾਂ ਵਿੱਚੋਂ ਜਿਆਦਾਤਰ ਅਨਪੜ ਹਨ। ਉਨ੍ਹਾਂ ਕਿਹਾ ਕਿ ਦਲਿਤ ਵਰਗ ਦੇ ਸਮਾਜ ਨਾਲ ਹੋ ਰਹੀਆਂ ਅਜਿਹੀਆਂ ਧੱਕੇਸ਼ਾਹੀਆਂ ਨੂੰ ਭਾਰਤ ਰਾਸ਼ਟਰ ਡੈਮੋਕਰੇਟਿਕ ਪਾਰਟੀ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕਰੇਗੀ।



# ਨਿਊ ਆਦਰਸ਼ ਸਕੂਲ ਦੇ ਵਿਦਿਆਰਥੀਆਂ ਨੇ ਗੱਡੇ ਸਫਲਤਾ ਦੇ ਝੰਡੇ



**ਬਲਾਚੌਰ, (ਜਸਵਿੰਦਰ ਬੈਂਸ)**

ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਦੇ ਪਿੰਡ ਨਿਊ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਸੜੋਆ ਵਿਖੇ ਸਾਲਾਨਾ ਪ੍ਰੀਖਿਆਵਾਂ ਦਾ ਨਤੀਜਾ ਬੜੇ ਉਤਸ਼ਾਹ ਤੇ ਖੁਸ਼ੀ ਭਰੇ ਮਾਹੌਲ ਵਿੱਚ ਐਲਾਨ ਕੀਤਾ ਗਿਆ।ਇਸ ਨਤੀਜੇ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਆਪਣੀ ਮਿਹਨਤ ਤੇ ਕਾਬਲੀਅਤ ਦਾ ਲੋਹਾ ਮਨਵਾਇਆ।ਨਤੀਜਾ ਐਲਾਨਣ ਦੇ ਨਾਲ-ਨਾਲ ਸਕੂਲ ਵਿੱਚ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਜਮਾਤਾਂ ਵਿੱਚੋਂ ਪਹਿਲੀ, ਦੂਜੀ ਅਤੇ ਤੀਜੀ ਪੋਜ਼ੀਸ਼ਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੰਡ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਐੱਮ ਡੀ ਸੰਜੇ ਮਲਹੋਤਰਾ ਤੇ ਪ੍ਰਿੰਸੀਪਲ ਗੀਤਿਕਾ ਚੰਦੈਲ ਨੇ ਜੇਤੂ ਵਿਦਿਆਰਥੀਆਂ ਨੂੰ ਟਰਾਫੀਆਂ ਤੇ ਸਨਮਾਨ ਪੱਤਰ ਦੇ ਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ।ਸਕੂਲ ਪ੍ਰਬੰਧਕਾਂ ਨੇ ਵਿਦਿਆਰਥੀਆਂ ਦੀ ਇਸ ਪ੍ਰਾਪਤੀ 'ਤੇ ਖੁਸ਼ੀ ਜ਼ਾਹਿਰ ਕਰਦਿਆਂ ਉਨ੍ਹਾਂ ਦੇ ਉਜਲੇ ਭਵਿੱਖ ਦੀ ਕਾਮਨਾ ਕੀਤੀ। ਸਮਾਰੋਹ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਗੀਤਿਕਾ ਚੰਦੈਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਇੱਕ ਪ੍ਰੇਰਨਾਦਾਇਕ ਸੰਦੇਸ਼ ਦਿੱਤਾ।

# ਡੇਰਾ ਸ਼ੇਰਪੁਰ ਕੱਲਰਾਂ ਵਿਖੇ ਸੰਗਰਾਂਦ ਮੌਕੇ ਧਾਰਮਿਕ ਸਮਾਗਮ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਡੇਰਾ ਬਾਬਾ ਕੱਲਰਾਂ ਬ੍ਰਹਮਲੀਨ ਸੱਚਖੰਡ ਵਾਸੀ 108 ਸੰਤ ਨਰਾਇਣ ਦਾਸ ਜੀ ਮਹਾਰਾਜ, 108 ਸੰਤ ਅਮਰਦਾਸ ਜੀ ਮਹਾਰਾਜ, 108 ਸੰਤ ਰਾਮ ਕਿਸ਼ਨ ਦਾਸ ਜੀ ਮਹਾਰਾਜ ਸ਼ੇਰਪੁਰ ਢੱਕੋ ਵਿਖੇ ਚੇਤ ਮਹੀਨੇ ਦੀ ਸੰਗਰਾਂਦ ਦਾ ਧਾਰਮਿਕ ਸਮਾਗਮ ਕਰਵਾਇਆ ਗਿਆ। ਗੱਦੀ ਨਸ਼ੀਨ 108 ਸੰਤ ਰਮੇਸ਼ ਦਾਸ ਜੀ ਦੀ ਰਹਿਨੁਮਾਈ ਹੇਠ ਕੀਰਤਨ ਦੀਵਾਨ ਸਜਾਏ ਗਏ। ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਸਿੱਧ ਜੋਗੀ ਟਰੱਸਟ ਪਿੰਡ ਖਾਨਪੁਰ ਵੱਲੋਂ ਫਰੀ ਮੈਡੀਕਲ ਕੈਂਪ ਤੇ ਫਰੀ ਸ਼ੂਗਰ ਟੈਸਟਿੰਗ ਕੈਂਪ ਲਗਾਇਆ ਗਿਆ। 108 ਸੰਤ ਵਿਨੇ ਮੁਨੀ ਜੀ ਜੰਮੂ ਤੋਂ ਵਿਸ਼ੇਸ਼ ਤੌਰ ਤੇ ਡੇਰੇ ਵਿਖੇ ਸੰਗਤਾਂ ਦੇ ਨਾਲ ਪ੍ਰਵਚਨ ਕਰਨ ਲਈ ਪਹੁੰਚੇ। ਇਸ ਦੇ ਨਾਲ ਹੀ ਐੱਮ ਐਲ ਏ ਚੱਬੇਵਾਲ ਡਾ. ਈਸ਼ਾਕ ਕੁਮਾਰ ਤੇ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਵੀ ਸਮਾਗਮ ਵਿੱਚ ਹਾਜ਼ਰੀ ਭਰੀ। ਡਾਕਟਰ ਜਸਵੰਤ ਸਿੰਘ ਥਿੰਦ ਐਸ.ਐਮ.ਓ ਸਿਵਲ ਹਸਪਤਾਲ ਮਾਹਿਲਪੁਰ ਤੇ ਡਾਕਟਰ ਪ੍ਰਭ ਹੀਰ ਅਤੇ ਉਹਨਾਂ ਦੀ ਟੀਮ ਵਿੱਚ ਸ਼ਾਮਿਲ ਹਰਜਿੰਦਰ ਕੁਮਾਰੀ, ਨਵਜੋਤ ਕੌਰ, ਕਿਸ਼ਨ ਚੰਦ ਤੇ ਭੁਪਿੰਦਰ ਕੁਮਾਰ ਵੱਲੋਂ ਮੁਫਤ ਮੈਡੀਕਲ ਕੈਂਪ ਲਗਾਇਆ ਗਿਆ ਤੇ ਮਰੀਜ਼ਾਂ ਨੂੰ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਸੋਹਣ ਬਾਬਾ ਸੈਕਟਰੀ, ਅਮਰਜੀਤ ਬਾਊ, ਸੰਤ ਸੋਮਨਾਥ, ਸੰਤ ਨਿਰੰਜਨ ਦਾਸ, ਕੁਲਵਿੰਦਰ ਸਿੰਘ ਟੋਨੀ, ਲੰਬੜਦਾਰ ਸੁੱਚਾ ਸਿੰਘ ਵੀ ਹਾਜ਼ਰ ਸਨ।

# ਵੈਟਰਨਰੀ ਇੰਸਪੈਕਟਰ 21 ਨੂੰ ਲੰਬੀ ਵਿਖੇ ਕਰਨਗੇ ਰੋਸ ਰੈਲੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪਸ਼ੂ ਪਾਲਣ ਵਿਭਾਗ ਵਿੱਚ ਕੰਮ ਕਰਦੇ ਵੈਟਰਨਰੀ ਇੰਸਪੈਕਟਰ ਆਪਣੀਆਂ ਮੰਗਾਂ ਨੂੰ ਲੈ ਕੇ ਲੰਬੇ ਸਮੇਂ ਤੋਂ ਸੰਘਰਸ਼ ਕਰਦੇ ਆ ਰਹੇ ਹਨ, ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਪੰਜਾਬ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਪ੍ਰਧਾਨ ਗੁਰਦੀਪ ਸਿੰਘ ਬਾਸੀ ਨੇ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਦੇ ਕੈਬਨਿਟ ਮੰਤਰੀ ਮਾਨਯੋਗ ਗੁਰਮੀਤ ਸਿੰਘ ਖੁਡੀਆਂ ਨਾਲ ਉਹਨਾਂ ਦੀਆਂ ਕਈ ਮੀਟਿੰਗਾਂ ਹੋ ਚੁੱਕੀਆਂ ਹਨ, ਹਰ ਮੀਟਿੰਗ ਵਿੱਚ ਮਾਨਯੋਗ ਮੰਤਰੀ ਸਾਹਿਬ ਵੱਲੋਂ ਵੈਟਰਨਰੀ ਇੰਸਪੈਕਟਰਾਂ ਨੂੰ ਭਰੋਸਾ ਦਿੱਤਾ ਜਾਂਦਾ ਸੀ ਕਿ ਉਹਨਾਂ ਦੀਆਂ ਮੰਗਾਂ ਬਿਲਕੁਲ ਜਾਇਜ਼ ਹਨ ਤੇ ਜਲਦੀ ਹੀ ਉਹਨਾਂ ਦੀਆਂ ਮੰਗਾਂ ਸਬੰਧੀ ਹੁਕਮ ਜਾਰੀ ਕੀਤੇ ਜਾਣਗੇ, ਪਰ ਅਫਸਰਸ਼ਾਹੀ ਦੇ ਦਬਾਅ ਹੇਠਾਂ ਵੈਟਰਨਰੀ ਇੰਸਪੈਕਟਰਾਂ ਦੀਆਂ ਮੰਗਾਂ ਨੂੰ ਅਣਗੌਲਿਆਂ ਕੀਤਾ ਜਾ ਰਿਹਾ ਹੈ, ਚਾਰ ਸਾਲ ਬੀਤ ਜਾਣ ਦੇ ਬਾਅਦ ਵੀ ਵੈਟਨਰੀ ਲਈ ਇੰਸਪੈਕਟਰਾਂ ਦੀ ਇੱਕ ਵੀ ਮੰਗ ਪੂਰੀ ਨਹੀਂ ਕੀਤੀ ਗਈ। ਕੇਡਰ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ, ਆਖਰਕਾਰ ਨਿਰਾਸ਼ ਤੇ ਨਾਰਾਜ਼ ਹੋਏ ਵੈਟਨਰੀ ਇੰਸਪੈਕਟਰਾਂ ਨੇ ਪਸ਼ੂ ਪਾਲਣ ਮੰਤਰੀ ਸਰਦਾਰ ਗੁਰਮੀਤ ਸਿੰਘ ਖੁਡੀਆਂ ਦੇ ਹਲਕੇ ਲੰਬੀ ਵਿੱਚ 31 ਮਾਰਚ ਨੂੰ ਰੋਸ ਰੈਲੀ ਕਰਨ ਦਾ ਇਰਾਦਾ ਕਰ ਲਿਆ ਹੈ। ਇਸ ਰੈਲੀ ਵਿੱਚ ਵਿਭਾਗ ਵਿੱਚ ਨੌਕਰੀ ਕਰਦੇ ਵੈਟਨਰੀ ਇੰਸਪੈਕਟਰਾਂ ਤੋਂ ਇਲਾਵਾ ਰਿਟਾਇਰ ਹੋ ਚੁੱਕੇ ਵੈਟਰਨਰੀ ਇੰਸਪੈਕਟਰ ਵੀ ਭਾਗ ਲੈਣਗੇ।ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਸੀਨੀਅਰ ਆਗੂ ਗੁਰਮੀਤ ਸਿੰਘ ਮਹਿਤਾ, ਪਰਮਜੀਤ ਸਿੰਘ ਸੋਹੀ, ਗੁਰਪ੍ਰੀਤ ਸਿੰਘ ਸੰਗਰੂਰ, ਸੰਦੀਪ ਚੌਧਰੀ, ਜਨਰਲ ਸਕੱਤਰ ਬਿਪਨ ਗੋਇਲ, ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਛੰਨਾ, ਵਿੱਤ ਸਕੱਤਰ ਰਜੀਵ ਮਲਹੋਤਰਾ, ਦਲਜੀਤ ਸਿੰਘ ਚਾਹਲ, ਹਰਦੀਪ ਸਿੰਘ ਤੋ ਇਲਾਵਾ ਹਰਜੋਧ ਸਿੰਘ ਸੈਣੀ, ਦਵਿੰਦਰ ਧੁੱਗਾ, ਸਤਨਾਮ ਸਿੰਘ ਅੰਮ੍ਰਿਤਸਰ ਹਾਜ਼ਰ ਸਨ।

# ਜਲ ਸਪਲਾਈ ਇਨਲਿਸਟਮੈਂਟ ਤੇ ਆਊਟਸੋਰਸ ਕਾਮਿਆਂ ਵੱਲੋਂ ਰੋਸ ਮੁਜ਼ਾਹਰਾ 6 ਅਪ੍ਰੈਲ ਨੂੰ



**ਨਕੋਦਰ (ਮਨਜੀਤ ਮਾਨ)**

ਜਲ ਸਪਲਾਈ ਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਸੂਬਾ ਪ੍ਰਧਾਨ ਦਰਸ਼ਵੀਰ ਸਿੰਘ ਰਾਣਾ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਸੰਗਰੂਰ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸੂਬਾ ਪ੍ਰੈਸ ਸਕੱਤਰ ਦਵਿੰਦਰ ਸਿੰਘ ਨਾਭਾ ਤੇ ਸੂਬਾ ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਸ਼ੀਰਾ ਨੇ ਦੱਸਿਆ ਕਿ ਲੰਮੇ ਸਮੇਂ ਤੋਂ ਵਿਭਾਗ ਵਿੱਚ ਇੰਨਲਿਸਟਮੈਂਟ ਅਤੇ ਆਊਟਸੋਰਸ ਕਾਮੇ ਨਿਗੂਣੀਆਂ ਤਨਖਾਹਾਂ ਤੇ ਪਿਛਲੇ 15-20 ਸਾਲਾਂ ਤੋਂ ਸੰਤਾਪ ਭੋਗ ਰਹੇ ਹਨ। ਮੌਕੇ ਮੀਟਿੰਗ ਦੌਰਾਨ ਸਮੂਹ ਜ਼ਿਲ੍ਹਿਆਂ ਦੇ ਆਗੂਆਂ ਨੇ ਵਿਚਾਰਾਂ ਕਰਕੇ ਫੈਸਲਾ ਕੀਤਾ ਹੈ ਕਿ 6 ਅਪ੍ਰੈਲ 2026 ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਕੋਠੀ ਸੰਗਰੂਰ ਅੱਗੇ ਰੋਸਮਈ ਧਰਨਾ ਦਿੱਤਾ ਜਾਵੇਗਾ।

ਇਸ ਮੌਕੇ ਸੂਬਾ ਆਗੂ ਲਾਲ ਸਿੰਘ ਗੁਰਦਾਸਪੁਰ, ਇੰਦਰਜੀਤ ਸਿੰਘ ਕਪੂਰਥਲਾ, ਬਲਵੀਰ ਸਿੰਘ ਸਿੰਘ ਹਿਰਦਾ ਪੁਰ, ਸੁਖਵਿੰਦਰ ਸਿੰਘ ਖਰਲ, ਸੁੱਚਾ ਸਿੰਘ ਨੂਰਮਹਿਲ, ਰਮੇਸ਼ ਕੁਮਾਰ ਨਾਈਵਾਲਾ, ਵਰਿੰਦਰ ਕੁਮਾਰ ਢਿੰਗੀ, ਸ਼ਾਮ ਸੁੰਦਰ ਪਰਮਾਰ, ਅਨਿਲ ਕੁਮਾਰ ਤੋਂ ਇਲਾਵਾ ਜ਼ਿਲ੍ਹਾ ਕਮੇਟੀਆਂ ਦੇ ਆਗੂ ਸ਼ਾਮਲ ਹੋਏ।

# ਸੰਤ ਬਾਬਾ ਨਿਧਾਨ ਸਿੰਘ ਦੇ ਜਨਮ ਦਿਹਾੜੇ ਮੌਕੇ ਗੁਰਮਤਿ ਸਮਾਗਮ ਆਰੰਭ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਨਡਾਲੋਂ ਵਿਖੇ ਗੁਰਦੁਆਰਾ ਸੰਤ ਬਾਬਾ ਦੀਵਾਨ ਸਿੰਘ ਜੀ-ਸੰਤ ਬਾਬਾ ਨਿਧਾਨ ਸਿੰਘ ਜੀ ਜਨਮ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਤ ਬਾਬਾ ਨਿਧਾਨ ਸਿੰਘ ਦੇ ਜਨਮ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ ਦੀ ਆਰੰਭਤਾ ਕੀਤੀ ਗਈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਸਵਿੰਦਰ ਸਿੰਘ ਨਡਾਲੋਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸੰਤ ਬਾਬਾ ਨਿਧਾਨ ਸਿੰਘ ਦੇ ਜਨਮ ਦਿਹਾੜੇ ਮੌਕੇ ਸ੍ਰੀ ਨਿਸ਼ਾਨ ਸਾਹਿਬ ਜੀ ਦੇ ਚੋਲਾ ਸਾਹਿਬ ਬਦਲਣ ਦੀ ਸੇਵਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਸੰਤ ਬਾਬਾ ਨਿਧਾਨ ਸਿੰਘ ਜੀ ਦੇ ਜਨਮ ਦਿਹਾੜੇ ਸਬੰਧੀ 18 ਮਾਰਚ ਨੂੰ ਸਵੇਰੇ 8 ਵਜੇ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ 25 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਦੇ ਭੋਗ ਪਾਏ ਜਾਣਗੇ। ਉਪਰੰਤ ਖੁੱਲ੍ਹੇ ਪੰਡਾਲ ਵਿੱਚ ਮਹਾਨ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ਜਿਸ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ, ਪ੍ਰਚਾਰਕ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

# ਸਕਿਓਰਿਟੀਜ਼ ਮਾਰਕਿਟ ਤੇ ਮਨੀ ਮੈਨੇਜਮੈਂਟ 'ਚ ਕੈਰੀਅਰ 'ਤੇ ਦੋ ਦਿਨਾ ਵਰਕਸ਼ਾਪ ਕਰਵਾਈ

**ਗੁਰਾਇਆ (ਬਿੰਦਰ ਸੁਮਨ)**

ਸ੍ਰੀ ਹਨੂੰਮਤ ਇੰਸਟੀਟਿਊਟ ਆਫ ਮੈਨੇਜਮੈਂਟ ਐਂਡ ਟੈਕਨੋਲੋਜੀ ਦੇ ਵਣਜ ਅਤੇ ਪ੍ਰਬੰਧਨ ਵਿਭਾਗ ਨੇ ਨੈਸ਼ਨਲ ਇੰਸਟੀਟਿਊਟ ਆਫ ਸਕਿਓਰਿਟੀਜ਼ ਮਾਰਕਿਟ (ਐੱਨ ਆਈ ਐੱਸ ਐੱਮ) ਦੇ ਸਹਿਯੋਗ ਨਾਲ 'ਸਕਿਓਰਿਟੀਜ਼ ਮਾਰਕਿਟ ਐਂਡ ਮਨੀ ਮੈਨੇਜਮੈਂਟ ਵਿੱਚ ਕਰੀਅਰ' ਵਿਸ਼ੇ 'ਤੇ ਦੋ ਦਿਨਾਂ ਵਰਕਸ਼ਾਪ ਦਾ ਸਫਲਤਾਪੂਰਵਕ ਆਯੋਜਨ ਕੀਤਾ। ਵਰਕਸ਼ਾਪ ਦਾ ਆਯੋਜਨ ਪ੍ਰਿੰਸੀਪਲ ਡਾ. ਪਲਵਿੰਦਰ ਕੁਮਾਰ ਦੇ ਸਹਿਯੋਗ ਤੇ ਪਹਿਲਕਦਮੀ ਨਾਲ ਕੀਤਾ ਗਿਆ ਸੀ, ਜੋ ਵਿਦਿਆਰਥੀਆਂ ਦੇ ਪੇਸ਼ੇਵਰ ਗਿਆਨ ਅਤੇ ਉਦਯੋਗ ਦੇ ਐਕਸਪੋਜਰ ਨੂੰ ਵਧਾਉਣ ਵਾਲੀਆਂ ਅਕਾਦਮਿਕ ਗਤੀਵਿਧੀਆਂ ਨੂੰ ਨਿਰੰਤਰ ਉਤਸ਼ਾਹਿਤ ਕਰਦੇ ਹਨ।ਵਰਕਸ਼ਾਪ ਦਾ ਉਦੇਸ਼ ਵਿਦਿਆਰਥੀਆਂ ਵਿੱਚ ਵਿੱਤੀ ਸਾਖਰਤਾ, ਨਿਵੇਸ਼ ਯੋਜਨਾਬੰਦੀ ਅਤੇ ਪ੍ਰਤੀਭੂਤੀਆਂ ਬਾਜ਼ਾਰ ਵਿੱਚ ਕਰੀਅਰ ਦੇ ਮੌਕਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਇਹ ਸੈਸ਼ਨ ਵਿੱਤੀ ਪ੍ਰਬੰਧਨ ਅਤੇ ਪੂੰਜੀ ਬਜ਼ਾਰਾਂ ਦੇ ਕੰਮਕਾਜ ਦੀ ਵਿਹਾਰਕ ਸਮਝ ਪ੍ਰਦਾਨ ਕਰਨ ਲਈ ਤਿਆਰ ਕੀਤੇ ਗਏ ਸਨ, ਜਿਸ ਨਾਲ ਵਿਦਿਆਰਥੀ ਆਪਣੇ ਨਿੱਜੀ ਅਤੇ ਪੇਸ਼ੇਵਰ ਜੀਵਨ ਵਿੱਚ ਸੂਚਿਤ ਵਿੱਤੀ ਫੈਸਲੇ ਲੈ ਸਕਣ।ਵਰਕਸ਼ਾਪ ਦੇ ਸਰੋਤ ਵਿਅਕਤੀਆਂ ਵਿੱਚ ਸੀ ਐੱਸ ਨਾਗੇਸ਼ ਕੁਮਾਰ ਅਤੇ ਸ਼੍ਰੀਮਤੀ ਅਨੀਤਾ ਸੈਨੀ ਸ਼ਾਮਲ ਸਨ, ਜਿਨ੍ਹਾਂ ਨੇ ਪ੍ਰਤੀਭੂਤੀਆਂ ਬਾਜ਼ਾਰ ਦੇ ਵੱਖ-ਵੱਖ ਪਹਿਲੂਆਂ 'ਤੇ ਸੂਝਵਾਨ ਸੈਸ਼ਨ ਦਿੱਤੇ। ਉਨ੍ਹਾਂ ਨੇ ਮਹੱਤਵਪੂਰਨ ਵਿੱਤੀ ਸੰਕਲਪਾਂ ਜਿਵੇਂ ਕਿ ਮਹਿੰਗਾਈ, ਵਿੱਤੀ ਟੀਚੇ ਦੀ ਸਥਾਪਨਾ, ਨਿਵੇਸ਼ ਦੇ ਰਸਤੇ, ਜੋਖਮ ਪ੍ਰਬੰਧਨ, ਵਿੱਤੀ ਯੋਜਨਾਬੰਦੀ ਤੇ ਸ਼ੇਅਰ ਬਾਜ਼ਾਰਾਂ ਦੇ ਕੰਮਕਾਜ ਬਾਰੇ ਦੱਸਿਆ। ਮਾਹਰਾਂ ਨੇ ਵਿੱਤੀ ਸੇਵਾਵਾਂ ਦੇ ਖੇਤਰ ਵਿੱਚ ਉਪਲਬਧ ਕਰੀਅਰ ਦੇ ਵਧ ਰਹੇ ਮੌਕਿਆਂ 'ਤੇ ਵੀ ਚਾਨਣਾ ਪਾਇਆ ਅਤੇ ਵਿਦਿਆਰਥੀਆਂ ਨੂੰ ਪ੍ਰਤੀਭੂਤੀਆਂ ਬਾਜ਼ਾਰਾਂ ਅਤੇ ਵਿੱਤੀ ਪ੍ਰਬੰਧਨ ਵਿੱਚ ਪੇਸ਼ੇਵਰ ਮਾਰਗਾਂ 'ਤੇ ਵਿਚਾਰ ਕਰਨ ਲਈ ਪ੍ਰੇਰਿਤ ਕੀਤਾ।ਪ੍ਰਿੰਸੀਪਲ ਡਾ. ਪਲਵਿੰਦਰ ਕੁਮਾਰ ਨੇ ਵਣਜ ਅਤੇ ਪ੍ਰਬੰਧਨ ਵਿਭਾਗ ਵੱਲੋਂ ਕੀਤੀ ਗਈ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਜ਼ੋਰ ਦੇ ਕੇ ਕਿਹਾ ਕਿ ਅਜਿਹੀਆਂ ਵਰਕਸ਼ਾਪਾਂ ਅਕਾਦਮਿਕ ਗਿਆਨ ਅਤੇ ਅਸਲ-ਵਿਸ਼ਵ ਵਿੱਤੀ ਅਭਿਆਸਾਂ ਦਰਮਿਆਨ ਪਾੜੇ ਨੂੰ ਦੂਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।



# ਜਥੇ. ਹਜ਼ੂਰਾ ਸਿੰਘ ਪੈਲੀ ਐੱਸ ਸੀ ਵਿੰਗ ਦੇ ਜਨਰਲ ਸਕੱਤਰ ਨਿਯੁਕਤ

**ਪੋਜੇਵਾਲ (ਰਾਮ ਲਾਲ)**

ਸ਼੍ਰੋਮਣੀ ਅਕਾਲੀ ਦਲ ਦੇ ਟਕਸਾਲੀ ਤੇ ਸਰਗਰਮ ਆਗੂ ਜਥੇਦਾਰ ਹਜ਼ੂਰਾ ਸਿੰਘ ਪੈਲੀ ਦੀ ਪਾਰਟੀ ਪ੍ਰਤੀ ਸਮਰਪਣ ਦੀ ਭਾਵਨਾ ਨਾਲ ਕੰਮ ਕਰਨ ਬਦਲੇ ਉਨਾਂ ਨੂੰ ਐੱਸ ਸੀ ਵਿੰਗ ਪੰਜਾਬ ਦਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਜਿਸ ਨਾਲ ਅਕਾਲੀ ਸਫਾ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਜਥੇਦਾਰ ਹਜ਼ੂਰਾ ਸਿੰਘ ਪੈਲੀ ਇੱਕ ਮਿਹਨਤੀ, ਅਗਾਂਹਵਧੂ ਅਜਤੇ ਵਫਾਦਾਰੀ ਦਾ ਸੁਮੇਲ ਹਨ। ਜਿਨ੍ਹਾਂ ਨੇ ਹਮੇਸ਼ਾ ਪਾਰਟੀ ਦੇ ਹਰ ਹੁਕਮ ਤੇ ਡੱਟ ਕੇ ਪਹਿਰਾ ਦਿੱਤਾ ਹੈ। ਜਥੇਦਾਰ ਹਜ਼ੂਰਾ ਸਿੰਘ ਪੈਲੀ ਨੇ ਪਾਰਟੀ ਵੱਲੋਂ ਦਿੱਤੀ ਗਈ ਜਿੰਮੇਵਾਰੀ ਲਈ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਐੱਸ ਸੀ ਵਿੰਗ ਦੇ ਪ੍ਰਧਾਨ ਸਾਬਕਾ ਮੰਤਰੀ ਗੁਲਜ਼ਾਰ ਸਿੰਘ ਰਣੀਕੇ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਪਾਰਟੀ ਵੱਲੋਂ ਦਿੱਤੀ ਗਈ ਜਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਦੀ ਇਸ ਨਿਯੁਕਤੀ ਤੇ ਜ਼ਿਲ੍ਹਾ ਪ੍ਰਧਾਨ ਸੁਖਦੀਪ ਸਿੰਘ ਸ਼ੁਕਾਰ, ਐੱਸ ਜੀ ਪੀ ਸੀ ਮੈਂਬਰ ਗੁਰਬਖਸ਼ ਸਿੰਘ ਖਾਲਸਾ, ਸੀਨੀਅਰ ਅਕਾਲੀ ਆਗੂ ਅਸ਼ੋਕ ਕੁਮਾਰ ਨਾਨੋਵਾਲ, ਸਾਬਕਾ ਚੇਅਰਮੈਨ ਤਰਲੋਚਨ ਸਿੰਘ ਰੱਕੜ, ਜੋਗਿੰਦਰ ਸਿੰਘ ਅਟਵਾਲ, ਯੂਥ ਆਗੂ ਗੁਰਪ੍ਰੀਤ ਸਿੰਘ ਗੁੱਜਰ, ਦਿਲਾਵਰ ਸਿੰਘ ਦਿੱਲੀ ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਅਸ਼ੋਕ ਬਜਾੜ, ਰਿਟਾ:ਡੀ ਐਸ ਪੀ ਸਤਨਾਮ ਸਿੰਘ ਭਾਟੀਆ, ਹਨੀ ਟੌਸਾ, ਯਾਦਵਿੰਦਰ ਯਾਦੂ,ਦਲਜੀਤ ਸਿੰਘ ਮਾਣੇਵਾਲ,ਬਹਾਦਰ ਸਿੰਘ ਬਿਰਲ ਪੈਲੀ, ਮੋਹਣ ਸਿੰਘ ਟੱਪਰੀਆਂ,ਅਜਮੇਰ ਸਿੰਘ ਭਾਰਾਪੁਰ,ਗੁਰਦੀਪ ਸਿੰਘ ਬਕਾਪੁਰ, ਅਵਤਾਰ ਸਿੰਘ ਭੋਲਾ ਨੀਲੇਵਾੜੇ, ਕਮਲ ਬਾਂਠ ਨੀਲੇਵਾੜੇ,ਜੁਝਾਰ ਸਿੰਘ ਸੇਠੀ ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਗੁਰਨਾਮ ਸਿੰਘ ਟੱਪਰੀਆਂ, ਸਤਨਾਮ ਸਿੰਘ ਸਹੂੰਗੜਾ, ਸੁਰਜੀਤ ਕੋਹਲੀ, ਹਰਨੇਕ ਸਿੰਘ ਥਿਆੜਾ,ਗੁਰਨਾਮ ਸਿੰਘ ਜੈਨਪੁਰ,ਅਸ਼ਵਨੀ ਬੱਗੂਵਾਲ, ਹਰਨੇਕ ਸਿੰਘ ਪੈਲੀ ਆਦਿ ਆਗੂਆਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਜਥੇਦਾਰ ਹਜ਼ੂਰਾ ਸਿੰਘ ਪੈਲੀ ਨੇ ਨਿੱਜੀ ਹਿੱਤਾਂ ਨੂੰ ਤਿਲਾਂਜਲੀ ਦਿੰਦੇ ਹੋਏ ਹਮੇਸ਼ਾ ਪੰਥਕ ਹਿੱਤਾਂ ਤੇ ਪਹਿਰਾ ਦਿੱਤਾ ਹੈ।



# ਆਂਗਣਵਾੜੀ ਸੈਂਟਰਾਂ 'ਚ ਨਵੇਂ ਟਾਇਲਟ ਬਣਾਏ ਜਾਣਗੇ : ਡਾ. ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਤੇ ਰਾਜ ਦੇ ਆਂਗਣਵਾੜੀ ਸੈਂਟਰਾਂ ਵਿੱਚ ਬੁਨਿਆਦੀ ਢਾਂਚੇ



ਨੂੰ ਹੋਰ ਮਜਬੂਤ ਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ। ਇਸ ਦੇ ਨਾਲ ਹੀ ਬੱਚਿਆਂ ਲਈ ਸਵੱਛਤਾ ਸੁਵਿਧਾਵਾਂ ਵਿੱਚ ਸੁਧਾਰ ਕਰਕੇ ਉਨ੍ਹਾਂ ਲਈ ਸਾਫ਼-ਸੁਥਰਾ, ਸੁਰੱਖਿਅਤ ਅਤੇ ਸਿਹਤਮੰਦ ਮਾਹੌਲ ਯਕੀਨੀ ਬਣਾਉਣ ਵੱਲ ਖਾਸ ਧਿਆਨ ਦਿੱਤਾ ਜਾ ਰਿਹਾ ਹੈ। ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੇਂਡੂ ਖੇਤਰਾਂ ਦੇ 2162 ਆਂਗਣਵਾੜੀ ਸੈਂਟਰਾਂ ਵਿੱਚ ਬੱਚਿਆਂ ਲਈ ਨਵੇਂ ਟਾਇਲਟ ਬਣਾਏ ਜਾਣਗੇ, ਜਿਨ੍ਹਾਂ 'ਤੇ ਲਗਭਗ 7.78 ਕਰੋੜ ਰੁਪਏ ਦੀ ਲਾਗਤ ਆਵੇਗੀ। ਉਨ੍ਹਾਂ ਕਿਹਾ ਕਿ ਹਰ ਟਾਇਲਟ ਦੇ ਨਿਰਮਾਣ 'ਤੇ ਕਰੀਬ 36 ਹਜ਼ਾਰ ਰੁਪਏ ਖਰਚੇ ਜਾਣਗੇ।ਉਨ੍ਹਾਂ ਅੱਗੇ ਦੱਸਿਆ ਕਿ ਆਂਗਣਵਾੜੀ ਸੈਂਟਰਾਂ ਵਿੱਚ ਬਣਾਏ ਜਾਣ ਵਾਲੇ ਟਾਇਲਟਾਂ ਲਈ ਜਲਦ ਹੀ ਜ਼ਿਲਿਆਂ ਨੂੰ ਫੰਡ ਜਾਰੀ ਕਰ ਦਿੱਤੇ ਜਾਣਗੇ, ਤਾਂ ਜੋ ਨਿਰਮਾਣ ਕਾਰਜ ਸਮੇਂ ਸਿਰ ਸ਼ੁਰੂ ਕੀਤਾ ਜਾ ਸਕੇ।

# ਡਿਪਟੀ ਕਮਿਸ਼ਨਰ ਨੇ 'ਬੇਟੀ ਬਚਾਓ ਬੇਟੀ ਪੜ੍ਹਾਓ' ਸਕੀਮ ਤਹਿਤ ਜਾਰੀ ਫੰਡਾਂ ਦੀ ਪ੍ਰਗਤੀ ਦਾ ਲਿਆ ਜਾਇਜ਼ਾ

**ਨਵਾਂਸ਼ਹਿਰ, (ਮਨੋਜ ਲਾਡੀ)**



ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੀ ਪ੍ਰਧਾਨਗੀ ਵਿੱਚ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਬੇਟੀ ਬਚਾਓ ਬੇਟੀ ਪੜਾਓ ਸਕੀਮ ਅਧੀਨ ਜਿਲ੍ਹਾ ਟਾਸਕ ਫੋਰਸ ਦੀ ਮੀਟਿੰਗ ਹੋਈ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਪ੍ਰਾਪਤ ਫੰਡਜ ਦਾ ਰਵਿਊ ਕੀਤਾ ਗਿਆ। ਉਹਨਾਂ ਵੱਲੋਂ ਫੰਡਾ ਤਹਿਤ ਕੀਤੇ ਗਏ ਕੰਮਾਂ ਅਤੇ ਸਕੀਮ ਤਹਿਤ ਕੀਤੀਆਂ ਗਤੀਵਿਧੀਆਂ ਦਾ ਜਾਇਜਾ ਲਿਆ।ਮੀਟਿੰਗ ਵਿੱਚ ਸਰਕਾਰੀ ਸਕੂਲਾਂ ਦੀਆਂ ਵਿਦਿਆਰਥਣਾਂ ਅਤੇ ਖੇਡਾਂ ਵਿੱਚ ਮੱਲਾਂ ਮਾਰ ਰਹੀਆਂ ਲੜਕੀਆਂ ਦਾ ਮਨੋਬਲ ਉੱਚਾ ਚੁੱਕਣ ਲਈ ਉਹਨਾਂ ਨੂੰ ਬੇਟੀ ਬਚਾਓ ਬੇਟੀ ਪੜਾਓ ਸਕੀਮ ਤਹਿਤ ਪੇਸ਼ ਕੀਤੇ ਗਏ 4,65,000 ਰੁਪਏ ਦੇ ਫੰਡਜ ਨੂੰ ਲੜਕੀਆਂ ਤੇ ਖਰਚ ਕਰਨ ਦੀ ਜਿਲ੍ਹਾ ਪ੍ਰੋਗਰਾਮ ਅਫਸਰ ਨੂੰ ਪ੍ਰਵਾਨਗੀ ਦਿੱਤੀ ਗਈ।

## ਵਿਸ਼ਵ ਖਪਤਕਾਰ ਅਧਿਕਾਰ ਦਿਵਸ ਮੌਕੇ ਜਾਗਰੂਕਤਾ ਸੈਮੀਨਾਰ

**ਨਵਾਂਸ਼ਹਿਰ (ਮਨੋਜ ਲਾਡੀ)**-ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ ਏ ਐੱਸ ਨਗਰ ਤੋਂ ਪ੍ਰਾਪਤ ਦਿਸ਼ਾ ਨਿਰਦੇਸ਼ਾ ਤੇ ਮਾਣਯੋਗ ਜਿਲ੍ਹਾਂ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਪ੍ਰਿਆ ਸੂਦ ਅਤੇ ਮਾਣਯੋਗ ਸੀ ਜੇ ਐੱਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ਼ਹੀਦ ਭਗਤ ਸਿੰਘ ਡਾ. ਅਮਨਦੀਪ ਦੀ ਹਦਾਇਤਾਂ ਤਹਿਤ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋ ਪਿੰਡ ਬਾਗ ਵਿਖੇ ਵਿਸ਼ਵ ਖਪਤਕਾਰ ਅਧਿਕਾਰ ਦਿਵਸ ਮੌਕੇ ਜਾਗਰੂਕਤ ਸੈਮੀਨਾਰ ਕਰਵਾਇਆ ਗਿਆ।ਇਸ ਮੌਕੇ ਦਫਤਰ ਦੇ ਪੈਰਾ ਲੀਗਲ ਵਲੰਟੀਅਰ ਸ੍ਰੀ ਜਸਵਿੰਦਰ ਸਿੰਘ ਅਤੇ ਕੁਲਵੰਤ ਰਾਮ ਧੀਰ ਵੱਲੋ ਦੱਸਿਆ ਕਿ 15 ਮਾਰਚ ਨੂੰ ਦੁਨੀਆ ਭਰ ਵਿੱਚ ਵਿਸ਼ਵ ਖਪਤਕਾਰ ਅਧਿਕਾਰ ਦਿਵਸ ਮਨਾਇਆ ਗਿਆ ਸੀ।ਇਸ ਦਿਨ ਦਾ ਮਕਸਦ ਆਮ ਲੋਕਾਂ ਨੂੰ ਸਮਾਨ ਖਰੀਦਣ ਸਬੰਧੀ ਆਪਣੇ ਹੱਕਾਂ ਅਤੇ ਜ਼ਿੰਮੇਵਾਰੀਆਂ ਬਾਰੇ ਜਾਗਰੂਕ ਕਰਨਾ ਹੈ।ਇਸ ਤੋਂ ਇਲਾਵਾ ਸੁਰੱਖਿਆ ਦਾ ਹੱਕ, ਜਾਣਕਾਰੀ ਦਾ ਹੱਕ, ਚੋਣ ਦਾ ਹੱਕ, ਸੁਣਵਾਈ ਦਾ ਹੱਕ ਅਤੇ ਨਿਆਂ ਪ੍ਰਾਪਤ ਕਰਨ ਦਾ ਹੱਕ ਪ੍ਰਾਪਤ ਹਨ।

## ਖੁਰਾਕ ਸਪਲਾਈ ਵਿਭਾਗ ਦੇ 2 ਇੰਸਪੈਕਟਰ ਮੁਅੱਤਲ

**ਜਲੰਧਰ (ਸੁਰਿੰਦਰ ਕੁਮਾਰ)**-ਕਣਕ ਖਰਾਬ ਹੋਣ ਦੇ ਮਾਮਲੇ ਵਿੱਚ ਫੂਡ ਸਪਲਾਈ ਵਿਭਾਗ ਨੇ ਵੱਡੀ ਕਾਰਵਾਈ ਕੀਤੀ ਹੈ। ਵਿਭਾਗ ਨੇ ਕਰਤਾਰਪੁਰ ਵਿੱਚ ਤਾਇਨਾਤ ਦੋ ਇੰਸਪੈਕਟਰਾਂ ਨੂੰ ਮੁਅੱਤਲ ਕਰ ਦਿੱਤਾ ਹੈ। ਉਨ੍ਹਾਂ 'ਤੇ ਸਮਸਤਪੁਰ ਦੇ ਜੇ ਐੱਸ ਫਾਰਮ ਵਿੱਚ ਸਟੋਰ ਕੀਤੀ ਕਣਕ ਨੂੰ ਨੁਕਸਾਨ ਹੋਣ ਤੋਂ ਰੋਕਣ ਵਿੱਚ ਲਾਪਰਵਾਹੀ ਦਾ ਦੋਸ਼ ਲਗਾਇਆ ਗਿਆ ਹੈ। ਜ਼ਿਲ੍ਹਾ ਫੂਡ ਕੰਟਰੋਲਰ ਨਰਿੰਦਰ ਸਿੰਘ ਨੇ ਇਸਦੀ ਪੁਸ਼ਟੀ ਕੀਤੀ।ਜੇ ਐੱਸ ਫਾਰਮ ਦੇ ਮਾਲਕ ਉਤੇ ਵੀ ਕੇਸ ਦਰਜ ਹੋ ਚੁੱਕਾ ਹੈ। ਮਕਸੂਦਾਂ ਪੁਲਿਸ ਨੇ ਇਸ ਮਾਮਲੇ ਵਿੱਚ ਜੇ ਐੱਸ ਫਾਰਮ ਦੇ ਮਾਲਕ ਉਪਕਾਰ ਸਿੰਘ ਹੋਠੀ ਵਿਰੁੱਧ ਪਹਿਲਾਂ ਹੀ ਕੇਸ ਦਰਜ ਕਰ ਲਿਆ ਸੀ। ਦੋਸ਼ ਹੈ ਕਿ ਉਨ੍ਹਾਂ ਦੇ ਗੋਦਾਮ ਵਿੱਚ ਕਰੋੜਾਂ ਰੁਪਏ ਦੀ ਕਣਕ ਖਰਾਬ ਹੋ ਗਈ ਸੀ। ਜਦੋਂ ਫੂਡ ਸਪਲਾਈ ਵਿਭਾਗ ਦੇ ਅਧਿਕਾਰੀ ਜਾਂਚ ਲਈ ਮੌਕੇ 'ਤੇ ਪਹੁੰਚੇ ਤਾਂ ਉਨ੍ਹਾਂ ਨੂੰ ਅੰਦਰ ਜਾਣ ਤੋਂ ਰੋਕਿਆ ਗਿਆ।ਇਸ ਮਾਮਲੇ ਦੀ ਜਾਂਚ ਤੋਂ ਬਾਅਦ, ਫੂਡ ਸਪਲਾਈ ਵਿਭਾਗ ਨੇ ਇੰਸਪੈਕਟਰ ਅਨਿਲ ਅਤੇ ਇੰਸਪੈਕਟਰ ਪ੍ਰਵੀਨ ਸੱਲ੍ਹਣ ਨੂੰ ਮੁਅੱਤਲ ਕਰ ਦਿੱਤਾ ਹੈ।

## ਐਕਸ ਸਰਵਿਸਮੈਨ ਦੀ ਰੈਲੀ ਭਲਕੇ

**ਜਲੰਧਰ,(ਸੁਰਿੰਦਰ ਕੁਮਾਰ)**-ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਕਮਾਂਡਰ ਬਲਜਿੰਦਰ ਸਿੰਘ ਵਿਰਕ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਬੰਗਾਲ ਸੈਪਰਸ ਵੱਲੋਂ ਸਾਬਕਾ ਸੈਨਿਕਾਂ, ਵੀਰ ਨਾਰੀਆਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਦੀ ਭਲਾਈ ਲਈ ਵੈਟਨਰਜ਼ ਆਊਟਰੀਚ ਪ੍ਰੋਗਰਾਮ ਤਹਿਤ 18 ਮਾਰਚ ਨੂੰ ਸਵੇਰੇ 9 ਤੋਂ ਦੁਪਹਿਰ 2.30 ਵਜੇ ਤੱਕ ਵਜਰਾ ਸੈਨਿਕ ਇੰਸਟੀਚਿਊਟ, ਜਲੰਧਰ ਕੈਂਟ ਵਿਖੇ ਐਕਸ ਸਰਵਿਸਮੈਨ ਰੈਲੀ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਹੈ ਕਿ ਇਸ ਰੈਲੀ ਵਿੱਚ ਬੰਗਾਲ ਇੰਜੀਨੀਅਰ ਗਰੁੱਪ ਤੇ ਸੈਂਟਰ, ਰੁੜਕੀ ਦੇ ਕਮਾਂਡੈਂਟ ਬ੍ਰਿਗੇਡੀਅਰ ਕਰੁਣ ਪ੍ਰਤਾਪ ਸਿੰਘ ਵਿਸ਼ੇਸ਼ ਤੌਰ 'ਤੇ ਸਿਰਕਤ ਕਰਨਗੇ। ਰੈਲੀ ਵਿੱਚ ਸਾਬਕਾ ਸੈਨਿਕਾਂ, ਵੀਰ ਨਾਰੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਪੈਨਸ਼ਨਾਂ, ਪਾਰਟ-2 ਆਰਡਰ, ਸਪਰਸ਼, ਐਕਸ ਸਰਵਿਸਮੈਨ ਕੰਟ੍ਰੀਬਿਊਟਰੀ ਹੈਲਥ ਸਕੀਮ (ਈ.ਸੀ.ਐਸ.ਐਚ.), ਪੈਨਸ਼ਨ ਵੰਡ, ਬੈਂਕਿੰਗ ਆਧਾਰ ਕਾਰਡ, ਮੈਡੀਕਲ ਨਾਲ ਜੁੜੇ ਮਾਮਲਿਆਂ ਦਾ ਮੌਕੇ 'ਤੇ ਹੱਲ ਕੀਤਾ ਜਾਵੇਗਾ।

# ਗੈਸ ਸਿਲੰਡਰਾਂ ਦੀ ਕਾਲਾਬਾਜ਼ਾਰੀ ਰੋਕਣ ਲਈ ਵਟਸਐਪ ਹੈਲਪਲਾਈਨ ਨੰਬਰ ਜਾਰੀ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**

ਜ਼ਿਲ੍ਹਾ ਪ੍ਰਸ਼ਾਸਨ ਵਲੋਂ ਮੌਜੂਦਾ ਹਾਲਾਤ ਦੇ ਮੱਦੇਨਜ਼ਰ ਗੈਸ ਸਿਲੰਡਰਾਂ ਦੀ



ਕਾਲਾਬਾਜ਼ਾਰੀ ਰੋਕਣ ਲਈ ਜਿੱਥੇ ਉੱਚ ਅਧਿਕਾਰੀਆਂ ਦੀ ਕਮੇਟੀ ਗਠਿਤ ਕੀਤੀ ਗਈ ਹੈ ਅਤੇ ਵੱਡੇ ਪੱਧਰ ਤੇ ਟੀਮਾਂ ਵਲੋਂ ਗੈਸ ਏਜੰਸੀਆਂ ਦੀ ਚੈਕਿੰਗ ਕੀਤੀ ਜਾ ਰਹੀ ਹੈ, ਉੱਥੇ ਹੁਣ ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ ਵਲੋਂ ਇਕ ਹੋਰ ਅਹਿਮ ਕਦਮ ਚੁੱਕਦਿਆਂ ਵਟਸਐਪ ਹੈਲਪਲਾਈਨ ਨੰਬਰ 9646-222555 ਜਾਰੀ ਕੀਤਾ ਗਿਆ ਹੈ, ਤਾਂ ਜੋ ਗੈਸ ਸਿਲੰਡਰਾਂ ਦੀ ਸੁਚਾਰੂ ਸਪਲਾਈ ਯਕੀਨੀ ਬਣਾਉਣ ਦੇ ਨਾਲ-ਨਾਲ ਕਾਲਾਬਾਜ਼ਾਰੀ ਤੇ ਨਿਗਰਾਨੀ ਰੱਖੀ ਜਾ ਸਕੇ।ਇਸ ਹੈਲਪਲਾਈਨ ਨੰਬਰ 'ਤੇ ਆਮ ਲੋਕ ਜੇਕਰ ਕਿਤੇ ਗੈਸ ਸਿਲੰਡਰਾਂ ਦੀ ਕਾਲਾਬਾਜ਼ਾਰੀ ਦਾ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਮੈਸੇਜ ਰਾਹੀਂ ਸੂਚਨਾ ਸਾਂਝੀ ਕਰ ਸਕਦੇ ਹਨ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮਕਸਦ ਲਈ ਬਾਕਾਇਦਾ ਲੋੜੀਂਦਾ ਸਟਾਫ਼ ਤਾਇਨਾਤ ਕੀਤਾ ਜਾ ਰਿਹਾ ਹੈ, ਜੋ ਕਿ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਅਤੇ ਸੂਚਨਾਵਾਂ ਨੂੰ ਫੌਰੀ ਕਾਰਵਾਈ ਲਈ ਤੁਰੰਤ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਦੀ ਅਗਵਾਈ ਵਿੱਚ ਗਠਿਤ ਕਮੇਟੀ ਨੂੰ ਭੇਜਣਾ ਯਕੀਨੀ ਬਣਾਏਗਾ।ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਕਿਤੇ ਵੀ ਗੈਸ ਸਿਲੰਡਰਾਂ ਦੀ ਕਾਲਾਬਾਜ਼ਾਰੀ ਬਾਰੇ ਕੋਈ ਜਾਣਕਾਰੀ ਮਿਲਦੀ ਹੈ, ਤਾਂ ਤੁਰੰਤ ਉਕਤ ਹੈਲਪਲਾਈਨ ਨੰਬਰ ਰਾਹੀਂ ਸਾਂਝੀ ਕੀਤੀ ਜਾਵੇ, ਤਾਂ ਜੋ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਤੁਰੰਤ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਸਕੇ। ਡਾ. ਅਗਰਵਾਲ ਨੇ ਕਿਹਾ ਕਿ ਮੌਜੂਦਾ ਬਣੇ ਹਾਲਾਤ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੀ ਸਥਿਤੀ 'ਤੇ ਬਾਰੀਕੀ ਨਾਲ ਨਜ਼ਰ ਰੱਖੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਫ਼ਵਾਹਾਂ ਤੋਂ ਸੁਚੇਤ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਕਿੱਲਤ ਬਾਰੇ ਅਫ਼ਵਾਹਾਂ ਫੈਲਾਉਣ ਵਾਲਿਆਂ ਖਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਵਿਧਾਇਕ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬਾਰ੍ਹਵੀਂ ਬੱਸ ਰਵਾਨਾ



**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਪਿੰਡ ਖੇੜੀ ਤੋਂ ਅੰਮ੍ਰਿਤਸਰ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਸ਼ਰਧਾਲੂਆਂ ਦੀ ਬਾਰ੍ਹਵੀਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਇਹ ਯੋਜਨਾ ਬਜ਼ੁਰਗਾਂ ਅਤੇ ਸ਼ਰਧਾਲੂਆਂ ਲਈ ਬਹੁਤ ਹੀ ਲਾਭਕਾਰੀ ਸਾਬਤ ਹੋ ਰਹੀ ਹੈ। ਇਸ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰਾ ਮੌਕਾ ਮਿਲ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪਵਿੱਤਰ ਦਰਸ਼ਨ ਕਰਨਗੇ ਅਤੇ ਸਰਕਾਰ ਵੱਲੋਂ ਯਾਤਰੀਆਂ ਲਈ ਸਾਰੀਆਂ ਜ਼ਰੂਰੀ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਇਸ ਮੌਕੇ ਮੌਜੂਦ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਸ ਯੋਜਨਾ ਨਾਲ ਉਨ੍ਹਾਂ ਨੂੰ ਬਿਨਾਂ ਕਿਸੇ ਆਰਥਿਕ ਬੋਝ ਤੋਂ ਪਵਿੱਤਰ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਇਸ ਪਰਉਪਕਾਰੀ ਉਪਰਾਲੇ ਲਈ ਪੰਜਾਬ ਸਰਕਾਰ ਦਾ ਧੰਨਵਾਦ ਵੀ ਕੀਤਾ।ਇਸ ਮੌਕੇ ਇਲਾਕੇ ਦੇ ਪਤਵੰਤੇ ਵਿਅਕਤੀ ਅਤੇ ਸ਼ਰਧਾਲੂ ਹਾਜ਼ਰ ਸਨ।

# ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਨੂੰ ਵਿਆਹ ਦੇ ਸੂਟ ਤੇ ਹੋਰ ਸਮਾਨ ਕੀਤਾ ਭੇਟ

**ਦਸੂਹਾ (ਕਰਨੈਲ ਮਾਂਗਟ)**

ਸ਼੍ਰੀ ਗੁਰੂ ਰਵਿਦਾਸ ਚੈਰੀਟੇਬਲ ਟਰੱਸਟ ਦਸੂਹਾ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ, ਤਿੰਨ ਦਿਨਾਂ 22ਵਾਂ ਅੰਤਰਰਾਸ਼ਟਰੀ ਮਹਾਨ ਸੰਤ ਸੰਮੇਲਨ ਅਤੇ ਕੀਰਤਨ ਦਰਬਾਰ 20 ਤੋਂ 22 ਮਾਰਚ ਤੱਕ ਪੰਚਾਇਤ ਸੰਮਤੀ ਸਟੇਡੀਅਮ, ਦਸੂਹਾ ਵਿਖੇ ਸੰਤ ਬਾਬਾ ਜਸਪਾਲ ਸਿੰਘ ਉਡਰਾ ਦੀ ਅਗਵਾਈ ਹੇਠ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਸਬੰਧ ਵਿੱਚ, ਡੇਰਾ ਬਾਬਾ ਬੰਨਾ ਰਾਮ ਉਡਰਾ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਜੀ ਭੋਗ ਪਾਏ ਗਏ, ਭੋਗ ਉਪਰੰਤ ਲੋੜਵੰਦ ਪਰਵਾਰਾਂ ਦੀਆਂ 15 ਲੜਕੀਆਂ, ਜਿਨ੍ਹਾਂ ਦੇ



ਸਮੂਹਿਕ ਵਿਆਹ 22 ਮਾਰਚ ਨੂੰ ਹੋਣੇ ਹਨ , ਉਨਾ ਨੂੰ ਡੇਰਾ ਬਾਬਾ ਬੰਨਾ ਰਾਮ ਉਡਰਾ ਦੇ ਗੱਦੀਨਸੀਨ ਸੰਤ ਬਾਬਾ ਜਸਪਾਲ ਸਿੰਘ ਦੀ ਅਗਵਾਈ ਹੇਠ ਵਿਆਹ ਦੇ ਕੱਪੜੇ ਭੇਟ ਕੀਤੇ ਗਏ। ਇਸ ਮੌਕੇ ਵਿਧਾਇਕ ਦਸੂਹਾ ਐਡਵੋਕੇਟ ਕਰਮਵੀਰ ਸਿੰਘ ਘੁੰਮਣ, ਡੀ ਐੱਸ ਪੀ ਬਲਵਿੰਦਰ ਸਿੰਘ ਜੋੜਾ ਅਤੇ ਐੱਸ ਐੱਚ ਓ ਦਸੂਹਾ ਇੰਸਪੈਕਟਰ ਅਮਰਜੀਤ ਕੌਰ ਵਿਸ਼ੇਸ਼ ਤੌਰ ਆਸ਼ੀਰਵਾਦ ਦੇਣ ਪਹੁੰਚੇ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੇਰਾ ਬਾਬਾ ਬੰਨਾ ਰਾਮ ਉਡਰਾ ਦੇ ਗੱਦੀਨਸੀਨ ਸੰਤ ਬਾਬਾ ਜਸਪਾਲ ਸਿੰਘ ਤੇ ਪ੍ਰੈਸ ਸਕੱਤਰ ਗੁਰਪ੍ਰੀਤ ਸਿੰਘ ਉਡਰਾ ਨੇ ਦੱਸਿਆ ਕਿ ਅੰਤਰਰਾਸਟਰੀ ਸੰਤ ਸੰਮੇਲਨ ਅਤੇ ਕੀਰਤਨ ਦਰਬਾਰ 20 ਮਾਰਚ ਤੋਂ 22 ਮਾਰਚ ਤੱਕ ਹੋਵੇਗਾ। 20 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ , 21 ਮਾਰਚ ਰਾਤ ਦਾ ਦੀਵਾਨ ਹੋਵੇਗਾ ਅਤੇ ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ 22 ਮਾਰਚ ਨੂੰ ਪਾਏ ਜਾਣਗੇ, ਇਸ ਤੋਂ ਬਾਅਦ ਪ੍ਰਸਿੱਧ ਕੀਰਤਨੀ ਜਥੇ, ਰਾਗੀ, ਢਾਡੀ ਅਤੇ ਬੁਲਾਰੇ ਸੰਗਤਾਂ ਨੂੰ ਗੁਰਬਾਣੀ ਨਾਲ ਨਿਹਾਲ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਸਮਾਗਮ ਵਿੱਚ ਪ੍ਰਮੁੱਖ ਸ਼ਖ਼ਸੀਅਤਾਂ ਸ਼ਾਮਿਲ ਹਣੋਗੀਆ ਅਤੇ ਟਰੱਸਟ ਵੱਲੋ 22 ਮਾਰਚ ਨੂੰ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਸਮੂਹਿਕ ਆਨੰਦ ਕਾਰਜ ਕੀਤੇ ਜਾਣਗੇ। ਉਨ੍ਹਾਂ ਨੂੰ ਘਰੇਲੂ ਸਮਾਨ ਵੀ ਭੇਟ ਕੀਤਾ ਜਾਵੇਗਾ। ਉਨਾਂ ਦੱਸਿਆ ਕਿ ਟਰੱਸਟ ਵੱਲੋ ਪਿਛਲੇ 22 ਸਾਲਾਂ ਤੋਂ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਸਮਾਜ ਸੇਵਾ ਵਿੱਚ ਲੱਗਾ ਹੋਇਆ ਹੈ ਅਤੇ ਹੁਣ ਤੱਕ 168 ਅਨੰਦ ਕਾਰਜ ਸਮਾਗਮ ਕਰਵਾ ਚੁੱਕੇ ਹਨ। ਇਸ ਮੌਕੇ ਤੇ ਅਰੁਣਦੀਪ ਮੁਨਸ਼ੀ ਦਸੂਹਾ, ਡਾ: ਦੀਦਾਰ ਸਿੰਘ, ਰਵੀ ਪੇਂਟਰ, ਗੁਰਪ੍ਰੀਤ ਸਿੰਘ ਓਡਰਾ ਪ੍ਰੈਸ ਸਕੱਤਰ, ਜਸਵੰਤ ਸਿੰਘ, ਜਸਵਿੰਦਰ ਸਿੰਘ ਬਿੱਟੂ, ਸੁਖਵਿੰਦਰ ਸਿੰਘ, ਬੀਬੀ ਮਨਜਿੰਦਰ ਕੌਰ, ਬੀਬੀ ਜਸਵੀਰ ਕੌਰ, ਜਤਿੰਦਰ ਕੌਰ, ਦਲਜੀਤ ਵਿਰਦੀ, ਰਜਿੰਦਰ ਸਿੰਘ ਮਾਖਾ, ਰਾਮਪਾਲ ਸਿੰਘ, ਸਤਨਾਮ ਸਿੰਘ, ਸੁਖਵਿੰਦਰ ਸਿੰਘ ਤੇ ਹੋਰ ਸੰਗਤਾਂ ਹਾਜਰ ਸਨ ।

## ਰਣਵੀਰ ਸਿੰਘ ਭੱਟੀ ਜੂਨੀਅਰ ਮੀਤ ਪ੍ਰਧਾਨ ਨਿਯੁਕਤ



**ਪੋਜੇਵਾਲ (ਰਾਮ ਲਾਲ)**- ਸ੍ਰੋਮਣੀ ਅਕਾਲੀ ਦਲ ਵਲੋਂ ਸੂਬੇ ਹਰ ਵਿੰਗ ਨੂੰ ਮਜ਼ਬੂਤ ਕਰਨ ਲਈ ਵਿੰਗ ਦੇ ਮੈਬਰਾਂ ਦੀ ਨਿਯੁਕਤੀ ਕੀਤੀ ਜਾ ਰਹੀ ਹੈ। ਇਸੇ ਲੜੀ ਦੇ ਚੱਲਦਿਆਂ ਹਲਕਾ ਬਲਾਚੌਰ ਦੇ ਟਕਸਾਲੀ ਅਕਾਲੀ ਆਗੂ ਰਣਵੀਰ ਸਿੰਘ ਭੱਟੀ ਪਿੰਡ ਚਣਕੋਈ ਨੂੰ ਪਾਰਟੀ ਪ੍ਰਤੀ ਹੁਣ ਤੱਕ ਵਧੀਆ ਸੇਵਾਵਾਂ ਬਦਲੇ ਸੂਬੇ ਦਾ ਜੂਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਹਲਕੇ ਦੇ ਅਕਾਲੀ ਆਗੂਆਂ ਦਿਲਾਵਰ ਸਿੰਘ ਦਿੱਲੀ ਟੱਪਰੀਆਂ ਸਾਬਕਾ ਜਿਲ੍ਹਾ ਪ੍ਰੀਸ਼ਦ ਮੈਂਬਰ,ਗੁਰਦੀਪ ਸਿੰਘ ਬਕਾਪੁਰ ਪ੍ਰਧਾਨ ਸਰਕਲ ਮਜਾਰੀ, ਜਥੇਦਾਰ ਮੋਹਨ ਸਿੰਘ ਸਰਕਲ ਪ੍ਰਧਾਨ ਬਛੋੜੀ, ਜ਼ਿਲ੍ਹਾ ਯੂਥ ਪ੍ਰਧਾਨ ਹਨੀ ਟੌਸਾ,ਅਸ਼ੋਕ ਨਾਨੋਵਾਲ,ਅਜਮੇਰ ਸਿੰਘ ਭਾਰਾਪੁਰ,ਗੁਰਵਿੰਦਰ ਸਿੰਘ ਗਿਫਟੀ,ਜੋਗਿੰਦਰ ਸਿੰਘ ਅਤਵਾਲ ਗੁਰਨਾਮ ਸਿੰਘ ਜੈਨਪੁਰ,ਹਜੂਰਾ ਸਿੰਘ ਪੈਲੀ,ਆਦਿ ਨੇ ਰਣਵੀਰ ਸਿੰਘ ਭੱਟੀ ਨੂੰ ਵਧਾਈ ਦਿੱਤੀ ਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕੀਤਾ।

## ਰੇਲਵੇ ਰੋਡ ਇੰਜਣ ਪਾਰਟਸ ਐਸੋਸੀਏਸ਼ਨ ਦੇ ਅਹੁਦੇਦਾਰਾਂ ਦੀ ਚੋਣ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**-ਰੇਲਵੇ ਰੋਡ ਇੰਜਣ ਪਾਰਟਸ ਐਸੋਸੀਏਸ਼ਨ, ਫਗਵਾੜਾ ਦੀ ਇੱਕ ਵਿਸ਼ੇਸ਼ ਮੀਟਿੰਗ ਪ੍ਰਧਾਨ ਵਰਿੰਦਰ ਸ਼ਰਮਾ ਦੀ ਪ੍ਰਧਾਨਗੀ ਹੇਠ ਸਥਾਨਕ ਇੰਪੀਰੀਅਲ ਪੂਨਮ ਹੋਟਲ ਵਿਖੇ ਹੋਈ, ਜਿੱਥੇ ਸੰਗਠਨ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਅਸ਼ੋਕ ਸ਼ਰਮਾ ਨੂੰ ਚੇਅਰਮੈਨ, ਸੰਜੀਵ ਅਰੋੜਾ ਨੂੰ ਜਨਰਲ ਸਕੱਤਰ ਤੇ ਦਰਸ਼ਨ ਭੱਲਾ ਨੂੰ ਖਜ਼ਾਨਚੀ ਨਿਯੁਕਤ ਕੀਤਾ ਗਿਆ। ਨਵ-ਨਿਯੁਕਤ ਟੀਮ ਮੈਂਬਰਾਂ ਨੇ ਪ੍ਰਧਾਨ ਵਰਿੰਦਰ ਸ਼ਰਮਾ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਨੂੰ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਨੂੰ ਪੂਰੀ ਲਗਨ ਨਾਲ ਨਿਭਾਉਣ ਦੀ ਵਚਨਬੱਧਤਾ ਪ੍ਰਗਟ ਕੀਤੀ। ਉਨ੍ਹਾਂ ਨੇ ਸਾਰੇ ਮੈਂਬਰਾਂ ਨਾਲ ਮਿਲ ਕੇ ਕੰਮ ਕਰਨ ਦਾ ਵਾਅਦਾ ਕੀਤਾ। ਇਸ ਮੌਕੇ ਸੰਦੀਪ ਕਵਾਤਰਾ, ਰਾਹੁਲ ਸ਼ਰਮਾ, ਅਜੇ ਕਵਾਤਰਾ, ਪੁਨੀਤ ਕਪੂਰ, ਗੁਰਦੀਪ ਸਿੰਘ ਪਰਮਾਰ, ਸੰਜੀਵ ਅਰੋੜਾ, ਗੌਰਵ ਢੀਂਗਰਾ ਅਤੇ ਰਮੇਸ਼ ਵਰਮਾ ਵੀ ਮੌਜੂਦ ਸਨ।

# ਅੱਖਾਂ ਦਾ ਮੁਫ਼ਤ ਕੈਂਪ ਲਗਾਇਆ

**ਨਕੋਦਰ (ਮਨਜੀਤ ਮਾਨ)**

ਉੱਘੇ ਸਮਾਜ ਸੇਵੀ ਤੇ ਪ੍ਰਵਾਸੀ ਭਾਰਤੀ ਜੋੜਾ ਹਰਬੰਸ ਸਿੰਘ ਖਟਕੜ ਤੇ ਮਹਿੰਦਰ ਕੌਰ ਖਟਕੜ ਯੂ ਕੇ ਵੱਲੋਂ ਗੁਰਦੁਆਰਾ ਸ਼੍ਰੀ ਕਲਗੀਧਰ ਸਿੰਘ ਸਭਾ ਪਿੰਡ ਹੇਰਾਂ ਵਿਖੇ ਨਰਿੰਦਰ ਬੰਗਾ ਸਾਬਕਾ ਟੈਕਨੀਕਲ ਡਾਇਰੈਕਟਰ ਦੂਰਦਰਸ਼ਨ ਜਲੰਧਰ ਦੀ ਪ੍ਰੇਰਨਾਂ ਅਤੇ ਦੇਖ ਰੇਖ ਵਿੱਚ ਅੱਖਾਂ ਦਾ ਮੁਫ਼ਤ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਹਰਬੰਸ ਸਿੰਘ ਖਟਕੜ ਤੇ ਮਹਿੰਦਰ ਕੌਰ ਖਟਕੜ ਵੱਲੋਂ ਰੀਬਨ ਕੱਟ ਕੇ ਕੀਤਾ ਗਿਆ। ਇਸ ਕੈਂਪ ਵਿੱਚ ਸਾਬਕਾ ਪ੍ਰਿੰਸੀਪਲ ਸੁਜਿੰਦਰ ਸਿੰਘ ਸੰਘਾ ਯੂਕੇ, ਸਾਬਕਾ ਸੂਚਨਾਂ ਕਮਿਸ਼ਨਰ ਅਵਤਾਰ ਸਿੰਘ ਕਲੇਰ ਅਤੇ ਉੱਘੇ ਆਗੂ ਸਰਵਣ ਸਿੰਘ ਹੇਅਰ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਅਰੋੜਾ ਹਸਪਤਾਲ ਜਲੰਧਰ ਤੋਂ ਡਾਕਟਰ ਚਰਨਜੀਤ ਸਿੰਘ ਤੇ ਉਨਾਂ ਦੀ ਟੀਮ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ। ਅੱਖਾਂ ਦੇ ਲਗਾਏ ਗਏ ਇਸ ਮੁਫ਼ਤ ਕੈਂਪ ਦੇ ਵਿੱਚ 325 ਦੇ ਕਰੀਬ ਮਰੀਜ਼ਾਂ ਦਾ ਮੁਆਇਨਾ ਹੋਇਆ ਜਿਨਾਂ ਨੂੰ ਦਵਾਈਆਂ ਤੇ ਐਨਕਾਂ ਮੁਫ਼ਤ ਦਿੱਤੀਆਂ ਗਈਆਂ। 31 ਮਰੀਜ਼ਾਂ ਨੂੰ ਆਪ੍ਰੇਸ਼ਨ ਲਈ ਚੁਣਿਆ ਗਿਆ ਜਿਨਾਂ ਦੇ ਅੱਖਾਂ ਵਿੱਚ ਲੈਂਜ਼ ਪਾਏ ਜਾਣਗੇ ਜੋ ਕਿ ਮੁਫ਼ਤ ਹੋਣਗੇ ਤੇ ਮੁਫ਼ਤ ਹੀ ਦਵਾਈਆਂ ਦਿੱਤੀਆਂ ਜਾਣਗੀਆਂ। ਮਰੀਜ਼ਾਂ ਨੂੰ ਲੈ ਕੇ ਜਾਣ ਅਤੇ ਛੱਡਣ ਦਾ ਸਾਰਾ ਪ੍ਰਬੰਧ ਸਮਾਜ ਸੇਵੀਆਂ ਵੱਲੋਂ ਹੋਵੇਗਾ। ਸਮਾਜ ਸੇਵੀ ਮਹਿੰਦਰ ਕੌਰ ਖਟਕੜ ਨੇ ਸਮੂਹ ਸਹਿਯੋਗੀਆਂ



ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਨਾਂ ਦੇ ਸਹਿਯੋਗ ਨਾਲ ਇਹ ਕੈਂਪ ਸਫਲ ਹੋਇਆ ਹੈ ਉਹਨਾਂ ਇਹ ਵੀ ਕਿਹਾ ਕਿ ਜੇਕਰ ਕੋਈ ਮਰੀਜ਼ ਕਿਸੇ ਵਜਾ ਤੋਂ ਆਪ੍ਰੇਸ਼ਨ ਤੋਂ ਰਹਿ ਜਾਂਦਾ ਹੈ ਤਾਂ ਉਸ ਦਾ ਮਗਰੋਂ ਵੀ ਆਪ੍ਰੇਸ਼ਨ ਕਰਵਾ ਦਿੱਤਾ ਜਾਵੇਗਾ। ਸਰਵਣ ਸਿੰਘ ਹੇਅਰ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੈਂਪ ਦੇ ਪ੍ਰਬੰਧਕ, ਸਮਾਜ ਸੇਵੀ ਪ੍ਰਵਾਸੀ ਭਾਰਤੀਆਂ ਤੇ ਡਾਕਟਰਾਂ ਦੀ ਟੀਮ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਉਹਨਾਂ ਵੱਲੋਂ ਸਾਬਕਾ ਪ੍ਰਿੰਸੀਪਲ ਸੁਜਿੰਦਰ ਸਿੰਘ ਸੰਘਾ, ਸਮਾਜ ਸੇਵੀ ਪ੍ਰਵਾਸੀ ਹਰਬੰਸ ਸਿੰਘ ਖਟਕੜ, ਮਹਿੰਦਰ ਕੌਰ ਖਟਕੜ ਤੇ ਉੱਘੇ ਸਮਾਜ ਸੇਵੀ ਜੋੜੇ ਇੰਜੀ. ਨਰਿੰਦਰ ਬੰਗਾ ਤੇ ਕਮਲਜੀਤ ਬੰਗਾ, ਸਾਬਕਾ ਸੂਚਨਾਂ ਕਮਿਸ਼ਨਰ ਅਵਤਾਰ ਸਿੰਘ ਕਲੇਰ ਹੋਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਗਿਆਨੀ ਹਰਪ੍ਰੀਤ ਸਿੰਘ,ਗ੍ਰੰਥੀ ਕੁਲਦੀਪ ਸਿੰਘ, ਮਾਨਵਜੀਤ ਸਿੰਘ, ਹਰਜਿੰਦਰ ਸਿੰਘ, ਲਖਵਿੰਦਰ ਪੀਟਾ , ਹਰੀ ਰਾਮ ਤੇ ਹਸਪਤਾਲ ਦਾ ਸਟਾਫ਼ ਵੀ ਹਾਜ਼ਿਰ ਹੋਏ। ਗੁਰੂ ਦਾ ਲੰਗਰ ਸੰਗਤਾਂ ਵਿੱਚ ਅਤੁੱਟ ਵਰਤਿਆ।

# ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ ਦੇ ਪ੍ਰੋਫੈਸਰ ਬਲਬੀਰ ਬਣੇ ਪ੍ਰਧਾਨ



**ਜਲੰਧਰ (ਰਾਜੇਸ਼ ਥਾਪਾ)**

ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ ਦੀ ਨਵੀਂ ਕਾਰਜਕਾਰੀ ਕਮੇਟੀ ਦੀ ਚੋਣ 14 ਮਾਰਚ ਨੂੰ ਇਤਿਹਾਸਿਕ ਸਥਾਨ ਅੰਬੇਡਕਰ ਭਵਨ, ਡਾ. ਅੰਬੇਡਕਰ ਮਾਰਗ, ਜਲੰਧਰ ਵਿਖੇ ਸਰਬ ਸੰਮਤੀ ਨਾਲ ਹੋਈ । ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ ਦੇ ਨਵੇਂ ਅਹੁਦੇਦਾਰ ਹੇਠ ਲਿਖੇ ਅਨੁਸਾਰ ਚੁਣੇ ਗਏ: ਪ੍ਰਧਾਨ ਪ੍ਰੋ. ਬਲਬੀਰ , ਉਪ ਪ੍ਰਧਾਨ ਪਰਮਿੰਦਰ ਸਿੰਘ ਖੁੱਤਣ, ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ, ਵਿੱਤ ਸਕੱਤਰ ਤਿਲਕ ਰਾਜ, ਸਹਾਇਕ ਸਕੱਤਰ ਬਲਦੇਵ ਰਾਜ ਜੱਸਲ, ਆਡੀਟਰ ਇਨਕਲਾਬ ਸੰਗਰ ਅਤੇ ਕਾਰਜਕਾਰੀ ਕਮੇਟੀ ਮੈਂਬਰ ਸਾਹਿਬਾਨ: ਚਰਨ ਦਾਸ ਸੰਧੂ, ਜਸਵਿੰਦਰ ਵਰਿਆਣਾ, ਪਰਮਜੀਤ ਜੱਸਲ, ਸੂਰਜ ਬਿਰਦੀ, ਅਤੇ ਸੰਨੀ ਥਾਪਰ।ਪ੍ਰੋ. ਅਸ਼ਵਨੀ ਜੱਸਲ ਚੋਣ ਅਧਿਕਾਰੀ ਸਨ ਤੇ ਡਾ. ਕਮਲ ਸ਼ੀਲ ਬਾਲੀ ਨੇ ਚੋਣ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਵਿੱਚ ਉਨ੍ਹਾਂ ਦੀ ਮਦਦ ਕੀਤੀ।ਸੁਸਾਇਟੀ ਦੀ ਨਵੀਂ ਬੌਡੀ ਦੀ ਚੋਣ ਤੋਂ ਪਹਿਲਾਂ ਆਮ-ਇਜਲਾਸ ਦਾ ਸੰਚਾਲਨ ਸੀਨੀਅਰ ਮਿਸ਼ਨਰੀ ਸਾਥੀ ਬਲਦੇਵ ਰਾਜ ਜੱਸਲ ਨੇ ਬੁੱਧ ਬੰਦਨਾ, ਤ੍ਰਿਸ਼ਰਨ,ਪੰਚਸ਼ੀਲ ਨਾਲ ਬਾਖੂਬੀ ਕੀਤਾ। ਅੰਬੇਡਕਰ ਮਿਸ਼ਨ ਸੁਸਾਇਟੀ ਵੱਲੋਂ ਸੁਸਾਇਟੀ ਦੇ ਫਾਊਂਡਰ ਤੇ ਅੰਬੇਡਕਰ ਭਵਨ ਦੇ ਫਾਊਂਡਰ ਟਰੱਸਟੀ ਸਤਿਕਾਰਿਤ ਲਾਹੌਰੀ ਰਾਮ ਬਾਲੀ, ਸਾਬਕਾ ਕਾਰਜਕਾਰੀ ਚੇਅਰਮੈਨ ਡਾ. ਰਾਮ ਲਾਲ ਜੱਸੀ, ਕੇ. ਸੀ. ਸੁਲੇਖ , ਰਤਨ ਲਾਲ ਸਾਂਪਲਾ, ਅਮਨ ਚੈਨ, ਸੁਸਾਇਟੀ ਦੇ ਸਾਬਕਾ ਪ੍ਰਧਾਨ ਸ੍ਰੀ ਚਰਨ ਦਾਸ ਸੰਧੂ ਦੇ ਮਾਤਾ ਪ੍ਰੀਤਮ ਕੌਰ, ਕੁਲਦੀਪ ਭੱਟੀ ਦੇ ਪਿਤਾ ਰਾਮ ਸਿੰਘ ਭੱਟੀ, ਰਾਮ ਨਾਥ ਸੁੰਡਾ ਦੀ ਪਤਨੀ ਸ਼੍ਰੀਮਤੀ ਵਿੱਦਿਆਵਤੀ, ਅੰਬੇਡਕਰ ਭਵਨ ਟਰੱਸਟ ਦੇ ਚੇਅਰਮੈਨ ਡਾ. ਰਾਹੁਲ ਜੱਸੀ ਦੀ ਮਾਤਾ ਕੈਲਾਸ਼ ਕੌਰ, ਸੁਸਾਇਟੀ ਦੇ ਪਹਿਲੇ ਲਾਈਫ ਮੈਂਬਰ ਆਰ. ਐਲ. ਗੋਟਰਾ, ਰਾਮ ਲਾਲ ਸੋਫੀ ਪਿੰਡ, ਰਾਮ ਲਾਲ ਦਾਸ, ਸੁਰਜੀਤ ਸਿੰਘ ਜੈਤੇਵਾਲੀ, ਸੁਸਾਇਟੀ ਦੇ ਮੈਂਬਰ ਰਜਿੰਦਰ ਕੁਮਾਰ ਬਬਲੂ ਦੀ ਪਤਨੀ ਸੁਨੀਤਾ ਰਾਣੀ ਅਤੇ ਸਮਾਜ ਦੇ ਹਰਮਨ ਪਿਆਰੇ ਸਮਾਜਿਕ ਕਾਰਜ ਕਰਤਾ ਤੇ ਲੀਡਰ ਸੇਠ ਸਤ ਪਾਲ ਮੱਲ ਜੋ ਪਿਛਲੇ ਦਿਨੀ ਸਦੀਵੀ ਵਿਛੋੜਾ ਦੇ ਗਏ ਸਨ, ਪ੍ਰਤੀ ਦੋ ਮਿੰਟ ਦਾ ਮੌਨ ਧਾਰਨ ਕਰਕੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਉਨ੍ਹਾਂ ਦੇ ਪਰਵਾਰਾਂ ਨਾਲ ਸਹਾਨੁਭੂਤੀ ਪ੍ਰਗਟ ਕੀਤੀ ਗਈ।

## ਸਿਆਣ ਗੋਤ ਜਠੇਰਿਆ ਦਾ ਸਾਲਾਨਾ ਮੇਲਾ ਭਲਕੇ

**ਫਗਵਾੜਾ (ਜਸਵਿੰਦਰ ਢੱਡਾ)**-ਸਿਆਣ ਗੋਤ ਜਠੇਰਿਆ ਦਾ ਸਾਲਾਨਾ ਮੇਲਾ 18 ਮਾਰਚ ਨੂੰ ਪਿੰਡ ਰੈਲ ਮਜਾਰਾ ਵਿਖੇ ਬੜੀ ਸ਼ਰਧਾ ਪੂਰਵਕ ਮਨਾਇਆ ਜਾ ਰਿਹਾ ਹੈ। ਪ੍ਰੈੱਸ ਨੂੰ ਉਕਤ ਜਾਣਕਾਰੀ ਜੀਵਨ ਸਿੰਘ ਸਿਆਣ, ਨੀਲਮ ਸਿੰਘ ਸਿਆਣ, ਜਸਪਾਲ ਸਿੰਘ ਸਿਆਣ, ਪਰਮਜੀਤ ਰਾਮ, ਮਨਜਿੰਦਰ ਸਿੰਘ ਸਿਆਣ ਅਤੇ ਪਰਮਜੀਤ ਸਿੰਘ ਸਿਆਣ ਨੇ ਦਿੰਦੇ ਹੋਇਆ ਕਿ ਮਿਤੀ 16 ਮਾਰਚ ਨੂੰ ਸ਼੍ਰਿੀ ਆਖੰਡ ਪਾਠ ਸਾਹਿਬ ਆਰੰਭ ਹੋਣਗੇ ਜਿਹਨਾਂ ਦੇ ਭੋਗ 18 ਮਾਰਚ ਨੂੰ ਪਾਏ ਜਾਣਗੇ ਉਪਰੰਤ ਰਾਗੀ ਜਥੇ ਕੀਰਤਨ ਰਾਹੀਂ ਸ਼ਰਧਾਲੂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਜਠੇਰੇ ਘਰ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

## ਸੱਗੂ-ਜੰਡੂ-ਅੱਠੀ ਦੇ ਜਠੇਰਿਆਂ ਦਾ ਮੇਲਾ 19 ਨੂੰ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-19 ਮਾਰਚ ਦਿਨ ਵੀਰਵਾਰ ਨੂੰ ਜ਼ਿਲ੍ਹਾ ਜਲੰਧਰ ਦੇ ਪਿੰਡ ਜੰਡਿਆਲਾ ਮੰਜਕੀ ਵਿਖੇ, ਸਰਕਾਰੀ ਕਾਲਜ ਦੇ ਨੇੜੇ ਹਰ ਸਾਲ ਦੀ ਤਰਾਂ ਇਸ ਸਾਲ ਵੀ ਸੰਗੂ-ਜੰਡੂ-ਅੱਠੀ ਦੇ ਜਠੇਰਿਆਂ ਦਾ ਮੇਲਾ ਦੇਸ਼ ਵਿਦੇਸ਼ ਦੀਆਂ ਦਾਨ ਵੀਰ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵ ਮਨਾਇਆ ਜਾਵੇਗਾ। ਜਠੇਰਿਆਂ ਦੇ ਪ੍ਰਬੰਧਕਾਂ ਕੁਲਵਿੰਦਰ ਸਿੰਘ ਸੰਗੂ, ਜੋਗਿੰਦਰ ਸਿੰਘ ਸੰਗੂ, ਮਨਜੀਤ ਸਿੰਘ ਅੱਠੀ, ਲਾਇਨ ਅਸ਼ੋਕ ਸੰਧੂ ਨੰਬਰਦਾਰ ਨੂਰਮਹਿਲ, ਲਾਇਨ ਦਿਨਕਰ ਸੰਧੂ ਨੇ ਦੱਸਿਆ ਕਿ ਮੇਲੇ ਸੰਬੰਧੀ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਸੰਗਤਾਂ ਲਈ ਵੱਖ-ਵੱਖ ਤਰਾਂ ਦੇ ਖਾਣ ਪੀਣ ਦੇ ਸਟਾਲ ਲਗਾਏ ਜਾਣਗੇ। ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਗੁਰੂ ਜੀ ਦੇ ਲੰਗਰ ਅਤੁੱਟ ਵਰਤਣਗੇ। ਇਸ ਮੌਕੇ ਦਲਜੀਤ ਸਿੰਘ ਸੰਗੂ, ਬਲਵਿੰਦਰ ਸਿੰਘ, ਜਸਵਿੰਦਰ ਸਿੰਘ ਅੱਠੀ, ਕੁਲਦੀਪ ਸਿੰਘ ਸੰਗੂ, ਸੁਰਜੀਤ ਸਿੰਘ, ਤਰਲੋਕ ਸਿੰਘ, ਗੁਰਸ਼ਰਨ ਸਿੰਘ ਸੰਗੂ ਉਚੇਚੇ ਤੌਰ 'ਤੇ ਹਾਜ਼ਰ ਹੋਏ। ਲਾਇਨ ਅਸ਼ੋਕ ਸੰਧੂ ਨੰਬਰਦਾਰ ਨੂਰਮਹਿਲ ਨੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਜਠੇਰਿਆਂ ਦਾ ਆਸ਼ੀਰਵਾਦ ਪ੍ਰਾਪਤ ਕਰਨ ਲਈ ਪਰਵਾਰ ਸਮੇਤ ਪਹੁੰਚਣ ਦੀ ਬੇਨਤੀ ਕੀਤੀ ਹੈ।

## ਪ੍ਰਭਾਕਰ ਵੰਸ਼ ਦੇ ਜਠੇਰਿਆਂ ਦਾ ਮੇਲਾ ਅੱਜ

**ਨੂਰਮਹਿਲ, (ਬਾਲ ਕ੍ਰਿਸ਼ਨ ਬਾਲੀ)**-ਨੂਰਮਹਿਲ ਵਿਖੇ ਪ੍ਰਭਾਕਰ ਵੰਸ਼ ਦੇ ਜਠੇਰਿਆਂ ਦਾ ਸਾਲਾਨਾ ਮੇਲਾ 17 ਮਾਰਚ ਨੂੰ ਸ੍ਰੀ ਰਾਮ ਮੰਦਿਰ, ਚੀਮਾ ਰੋਡ, ਨੂਰਮਹਿਲ ਵਿਖੇ ਬੜੀ ਸ਼ਰਧਾ ਭਾਵਨਾ ਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਵੇਰੇ 9:30 ਵਜੇ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ, ਤੇ ਬਾਅਦ ਵਿੱਚ 10 ਵਜੇ ਹਵਨ ਤੇ ਪੂਜਾ ਕੀਤੀ ਜਾਵੇਗੀ। ਇਸ ਮੌਕੇ ਲੰਗਰ ਪ੍ਰਸ਼ਾਦ ਅਟੁੱਟ ਵਰਤਾਇਆ ਜਾਵੇਗਾ।

# ਸੰਗਰਾਂਦ ਦਾ ਦਿਹਾੜਾ ਮਨਾਇਆ

**ਆਦਮਪੁਰ( ਪਰਮਜੀਤ ਸਿੰਘ)**

ਗੁਰਦੁਆਰਾ ਸ਼ਹੀਦ ਬਾਬਾ ਮੱਤੀ ਜੀ ਡਰੋਲੀ ਕਲਾਂ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਡਰੋਲੀ ਦੀ ਦੇਖ-ਰੇਖ ਹੇਠ ਸੰਗਰਾਂਦ ਦਾ ਦਿਹਾੜਾ ਕਮੇਟੀ ਮੈਂਬਰਾਂ ਤੇ ਪਿੰਡ ਦੀਆਂ ਸਮੂਹ ਸੰਗਤਾਂ



ਦੇ ਸਹਿਯੋਗ ਨਾਲ ਸ਼ਰਧਾਪੂਰਵਕ ਮਨਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਡਰੋਲੀ ਕਲਾਂ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਮਨਾਏ ਗਏ ਸੰਗਰਾਂਦ ਦੇ ਪਵਿੱਤਰ ਦਿਹਾੜੇ ਦੌਰਾਨ ਆਸ-ਪਾਸ ਦੇ ਪਿੰਡਾਂ, ਦੇਸ਼-ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ 'ਚ ਆਈਆਂ ਸੰਗਤਾਂ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਈਆਂ। ਉਨ੍ਹਾਂ ਦੱਸਿਆ ਕਿ ਧਾਰਮਿਕ ਸਮਾਗਮ ਦੌਰਾਨ ਸਵੇਰੇ 8 ਵਜੇ ਤੋਂ ਦੁਪਹਿਰ 1.30 ਵਜੇ ਤੱਕ ਧੰਨ-ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ 'ਚ ਸਜਾਏ ਗਏ ਦੀਵਾਨ ਦੌਰਾਨ ਬੀਬੀ ਤਰਲੋਚਨ ਕੌਰ ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ, ਭਾਈ ਅਮਨਦੀਪ ਸਿੰਘ ਜੱਫਰਵਾਲ ਹਜ਼ੂਰੀ ਰਾਗੀ ਤਖਤ ਸ੍ਰੀ ਕੇਸਗੜ੍ਹ ਸਾਹਿਬ (ਸ੍ਰੀ ਆਨੰਦਪੁਰ ਸਾਹਿਬ), ਭਾਈ ਗੁਰਦਿਆਲ ਸਿੰਘ ਲੱਖਪੁਰ ਢਾਡੀ ਜੱਥਾ, ਭਾਈ ਗੁਰਜੀਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਡਰੋਲੀ ਕਲਾਂ ਨੇ ਸੰਗਤਾਂ ਨੂੰ ਕਥਾ, ਕੀਰਤਨ ਤੇ ਢਾਡੀ ਵਾਰਾਂ ਨਾਲ ਨਿਹਾਲ ਕੀਤਾ।ਸਮਾਗਮ 'ਚ ਆਈਆਂ ਸੰਗਤਾਂ ਲਈ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਾਇਆ ਗਿਆ, ਜਿਸ ਵਿਚ ਵੱਖ-ਵੱਖ ਬੀਮਾਰੀਆਂ ਦੇ ਮਾਹਿਰ ਡਾਕਟਰਾਂ ਵੱਲੋਂ 250 ਦੇ ਕਰੀਬ ਮਰੀਜ਼ਾਂ ਦਾ ਚੈੱਕਅਪ ਕਰ ਕੇ ਉਨ੍ਹਾਂ ਨੂੰ ਦਵਾਈਆਂ ਦਿੱਤੀਆਂ। ਸਟੇਜ ਸਕੱਤਰ ਦੀ ਭੂਮਿਕਾ ਮਾਸਟਰ ਸੁਰਜੀਤ ਸਿੰਘ ਨੇ ਬਾਖੂਬੀ ਨਿਭਾਈ । ਸੰਗਤਾਂ 'ਚ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਸਕੱਤਰ ਰਣਵੀਰ ਪਾਲ ਸਿੰਘ, ਮਾਸਟਰ ਸੁਰਜੀਤ ਸਿੰਘ, ਜਰਨੈਲ ਸਿੰਘ ਡਰੋਲੀ, ਜਸਪਾਲ ਸਿੰਘ, ਦਰਸ਼ਨ ਸਿੰਘ, ਕਰਮ ਸਿੰਘ, ਨਰਿੰਦਰ ਸਿੰਘ, ਸਰਪੰਚ ਰਸ਼ਪਾਲ ਸਿੰਘ, ਹਰਦਿਆਲ ਸਿੰਘ, ਸੁਰਿੰਦਰ ਸਿੰਘ, ਗੁਰਜੀਤ ਸਿੰਘ, ਮਨਦੀਪ ਸਿੰਘ, ਇਕਬਾਲ ਸਿੰਘ, ਡਾ. ਰਣਧੀਰ ਸਿੰਘ ਰੰਧਾਵਾ, ਪਰਮਜੀਤ ਸਿੰਘ ਤੇ ਹੋਰ ਸੰਗਤਾਂ ਹਾਜ਼ਰ ਸਨ।

# ਠੇਕਾ ਕਰਮਚਾਰੀਆਂ ਦੇ ਰਜਿਸਟ੍ਰੇਸ਼ਨ, ਵੈਰੀਫਿਕੇਸ਼ਨ ਦੀ ਸਮਾਂ-ਸੀਮਾ ਵਧੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਨੇ ਹਰਿਆਣਾ ਠੇਕਾ ਕਰਮਚਾਰੀ ( ਸੇਵਾ ਸੁਰੱਖਿਆ ) ਐਕਟ , 2024 ਅਤੇ ਨਿਯਮ, 2025 ਤਹਿਤ www. securedemployees. haryana.gov.in ਪੋਰਟਲ 'ਤੇ ਠੇਕਾ ਕਰਮਚਾਰਿਆਂ ਦੇ ਰਜਿਸਟ੍ਰੇਸ਼ਨ ਅਤੇ ਵੈਰੀਫਿਕੇਸ਼ਨ ਦੀ ਪ੍ਰਕਿਰਿਆ ਪੂਰੀ ਕਰਨ ਲਈ ਸਮਾਂ-ਸੀਮਾ ਇੱਕ ਮਹੀਨੇ ਲਈ ਵਧਾ ਦਿੱਤੀ ਹੈ।ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਇਸ ਸਬੰਧ ਵਿੱਚ ਜਾਰੀ ਪੱਤਰ ਅਨੁਸਾਰ, ਜਿਨ੍ਹਾਂ ਠੇਕਾ ਕਰਮਚਾਰਿਆਂ ਨੇ ਹੁਣੇ ਤੱਕ ਰਜਿਸਟ੍ਰੇਸ਼ਨ ਨਹੀਂ ਕਰਾਇਆ ਹੈ, ਉਹ 15 ਅਪ੍ਰੈਲ 2026 ਤੱਕ ਪੋਰਟਲ 'ਤੇ ਰਜਿਸਟ੍ਰੇਸ਼ਨ ਕਰ ਸਾਰੇ ਸਬੰਧਿਤ ਡੋਕਯੂਮੇਂਟਸ ਅਪਲੋਡ ਕਰ ਸਕਣਗੇ।ਸਬੰਧਿਤ ਡਰਾਇੰਗ ਅਤੇ ਵੰਡ ਅਧਿਕਾਰੀ ( ਡੀਡੀਓ ) 25 ਅਪ੍ਰੈਲ 2026 ਤੱਕ ਕਰਮਚਾਰਿਆਂ ਵੱਲੋਂ ਪੋਰਟਲ 'ਤੇ ਅਪਲੋਡ ਕੀਤੇ ਗਏ ਬਿਯੌਰੇ ਨੂੰ ਵੈਰੀਫਿਕੇਸ਼ਨ ਕਰਨਗੇ ਅਤੇ ਵਿਭਾਗ ਦੀਆਂ ਸੇਵਾ ਰਿਕਾਰਡ ਦੀ ਜਾਂਚ ਕਰਨਗੇ।

# ਨਵੇਂ ਸਾਲ ਮੌਕੇ ਮਹਾਨ ਗੁਰਮਤਿ ਸਮਾਗਮ ਕਰਵਾਏ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਮੌਜੋਮਜਾਰਾ ਠੱਕਰਵਾਲ ਵਿਖੇ ਡੇਰਾ ਸੰਤਪੁਰੀ ਬ੍ਰਹਮ ਗਿਆਨੀ 108 ਸੰਤ ਬਾਬਾ ਦੂਲਾ ਸਿੰਘ ਜੀ ਦੇ ਤੱਪ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਤੇ ਇਲਾਕੇ ਦੇ ਸਹਿਯੋਗ ਨਾਲ ਨਾਨਕਸ਼ਾਹੀ ਕੈਲੰਡਰ ਮੁਤਾਬਕ 558ਵੇਂ ਨਵੇਂ ਸਾਲ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਸਰਬਜੀਤ ਸਿੰਘ ਸਾਬੀ, ਸੰਤ ਬਾਬਾ ਗੁਰਪ੍ਰੀਤ ਸਿੰਘ ਗੋਪੀ ਦੀ ਅਗਵਾਈ ਹੇਠ ਕਰਵਾਏ ਗਏ। ਇਸ ਮੌਕੇ ਸੰਤ ਬਾਬਾ ਸਰਬਜੀਤ ਸਿੰਘ ਸਾਬੀ, ਸੰਤ ਬਾਬਾ ਗੁਰਪ੍ਰੀਤ ਸਿੰਘ ਗੋਪੀ ਠੱਕਰਵਾਲ ਨੇ ਦੱਸਿਆ ਕਿ ਸਮਾਗਮ ਦੌਰਾਨ ਦੋ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਸੰਤ ਬਾਬਾ ਸਰਬਜੀਤ ਸਿੰਘ ਠੱਕਰਵਾਲ, ਸੰਤ ਬਾਬਾ ਅਜੀਤ ਸਿੰਘ ਇੰਗਲੈਂਡ,ਸੰਤ ਬਾਬਾ ਜਸਵੰਤ ਸਿੰਘ ਖੇੜਾ, ਭਾਈ ਸਤਿੰਦਰ ਸਿੰਘ ਆਲਮ ਹੁਸ਼ਿਆਰਪੁਰ, ਭਾਈ ਗੁਰਬਖਸ਼ ਸਿੰਘ ਮਨੀਲਾ, ਭਾਈ ਸਤਨਾਮ ਸਿੰਘ ਸਹਿਗਲ ਭੁੰਗਰਨੀ, ਭਾਈ ਰਣਵੀਰ ਸਿੰਘ ਰਾਣਾ ਆਦਿ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਬੰਧਕਾਂ ਵੱਲੋਂ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਬੀਬੀ ਬਲਵੀਰ ਕੌਰ, ਬੀਬੀ ਹਰਜੋਤ ਕੌਰ, ਬੀਬੀ ਸਤਵੀਰ ਕੌਰ, ਬੀਬੀ ਅੰਮ੍ਰਿਤ ਪਾਲ ਸਿੰਘ, ਦਰਸ਼ਨ ਸਿੰਘ ਰਾਜਾ, ਲੈਕਚਰਾਰ ਜਸਵਿੰਦਰ ਸਿੰਘ ਜੱਸੀ ਮੌਜੋਮਜਾਰਾ, ਮੁੱਖਤਿਆਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।ਇਸ ਮੌਕੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ।

# ਵਪਾਰੀ ਦਿਵਸ 'ਤੇ ਰਾਜ ਪੱਧਰੀ ਸਮਾਗਮ ਕਰਵਾਇਆ

**ਫਗਵਾੜਾ (ਡਾ. ਰਮਨ)**

ਪੰਜਾਬ ਪ੍ਰਦੇਸ਼ ਵਪਾਰ ਮੰਡਲ ਦੇ ਫਗਵਾੜਾ ਇਕਾਈ ਦੇ ਪ੍ਰਧਾਨ ਰਮਨ ਨਹਿਰਾ ਨੇ ਆਪਣੇ ਸਾਥੀਆਂ ਨਾਲ ਐਤਵਾਰ ਨੂੰ ਵਪਾਰੀ ਦਿਵਸ ਮਨਾਉਣ ਲਈ ਅੰਮ੍ਰਿਤਸਰ ਵਿੱਚ ਆਯੋਜਿਤ ਰਾਜ ਪੱਧਰੀ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ





ਸ਼ਿਰਕਤ ਕੀਤੀ। ਉਨ੍ਹਾਂ ਨੇ ਮੁੱਖ ਮਹਿਮਾਨ, ਭਾਰਤੀ ਉਦਯੋਗ ਵਪਾਰ ਮੰਡਲ ਦੇ ਰਾਸ਼ਟਰੀ ਪ੍ਰਧਾਨ ਬਾਬੂ ਲਾਲ ਗੁਪਤਾ ਦਾ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ। ਭਾਰਤੀ ਉਦਯੋਗ ਵਪਾਰ ਮੰਡਲ ਦੇ ਰਾਸ਼ਟਰੀ ਜਨਰਲ ਸਕੱਤਰ ਮੁਕੰਦ ਮਿਸ਼ਰਾ ਨੇ ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਵਰਗੀ ਅੰਮ੍ਰਿਤ ਲਾਲ ਜੈਨ ਦੀ ਯਾਦ ਵਿੱਚ ਆਯੋਜਿਤ ਇਸ ਸਮਾਗਮ ਦੀ ਪ੍ਰਧਾਨਗੀ ਪੰਜਾਬ ਪ੍ਰਦੇਸ਼ ਵਪਾਰ ਮੰਡਲ ਦੇ ਸੂਬਾ ਪ੍ਰਧਾਨ ਪਿਆਰਾ ਲਾਲ ਸੇਠ ਨੇ ਕੀਤੀ। ਸਮਾਗਮ ਵਿੱਚ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ 'ਤੇ ਚਰਚਾ ਕੀਤੀ ਗਈ। ਇਸ ਮੌਕੇ ਸੁਰਿੰਦਰ ਦੁੱਗਲ, ਸੁਨੀਲ ਮਹਿਰਾ, ਐਲਆਰ ਸੋਢੀ, ਅਰੁਣ ਖੰਨਾ, ਰੰਜਨ ਅਗਰਵਾਲ, ਪਿਆਰਾ ਲਾਲ ਸੇਠ ਅਤੇ ਦਰਸ਼ਨ ਮਹਾਜਨ ਨੇ ਆਪਣੇ ਵਿਚਾਰ ਪ੍ਰਗਟ ਕੀਤੇ, ਜਦੋਂ ਕਿ ਬਾਬੂ ਲਾਲ ਗੁਪਤਾ ਨੇ ਸਾਰੇ ਵਪਾਰੀਆਂ ਨੂੰ ਲਾਲ ਫੀਤਾਸ਼ਾਹੀ ਤੋਂ ਮੁਕਤ ਹੋਣ ਲਈ ਇੱਕਜੁੱਟ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਸਾਰੇ ਵਪਾਰੀਆਂ ਨੂੰ ਆਪਣੀਆਂ ਸਮੱਸਿਆਵਾਂ ਉਨ੍ਹਾਂ ਦੇ ਸੰਗਠਨ ਵਿੱਚ ਲਿਆਉਣ ਦੀ ਅਪੀਲ ਕੀਤੀ ਤਾਂ ਜੋ ਉਨ੍ਹਾਂ ਨੂੰ ਸਰਕਾਰ ਤੋਂ ਹੱਲ ਕਰਵਾਇਆ ਜਾ ਸਕੇ।

# ਹਰਿਆਣਾ ਵਿਧਾਨ ਸਭਾ ਦੇ ਸਪੀਕਰ ਦੀ ਮਾਤਾ ਤੇ ਹਾਦਸੇ 'ਚ ਮ੍ਰਿਤਕ ਲੋਕਾਂ ਨੂੰ ਦਿੱਤੀ ਸ਼ਰਧਾਂਜਲੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸੋਮਵਾਰ ਨੂੰ ਹਰਿਆਣਾ ਵਿਧਾਨਸਭਾ ਵਿੱਚ ਚਲ ਰਹੇ ਬਜਟ ਸੈਸ਼ਨ ਦੌਰਾਨ ਵਿੱਚ ਸ਼ੋਕ ਪ੍ਰਸਤਾਵ ਪਢਦੇ ਹੋਏ ਹਰਿਆਣਾ ਵਿਧਾਨਸਭਾ ਦੇ ਸਪੀਕਰ ਸ੍ਰੀ ਹਰਵਿੰਦਰ ਕਲਿਆਣ ਦੀ ਮਾਤਾ ਸ੍ਰੀਮਤੀ ਪ੍ਰੇਮ ਕੌਰ ਕਲਿਆਣ ਦੇ ਦੇਹਾਂਤ ਅਤੇ ਗੁਰੂਗ੍ਰਾਮ ਵਿੱਚ ਇੱਕ ਕੰਸਟ੍ਰਕਸ਼ਨ ਸਾਇਟ ਤੇ ਹੋਏ ਹਾਦਸੇ ਵਿੱਚ 7 ਲੋਕਾਂ ਦੀ ਮੌਤ ਤੇ ਢੂੰਘਾ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਨੇ ਦੁੱਖ ਵਿੱਚ ਡੂਬੇ ਪਰਿਵਾਰਾਂ ਪ੍ਰਤੀ ਆਪਣੀ ਸੰਵੇਦਨਾ ਪ੍ਰਕਟ ਕੀਤੀ।ਮੁੱਖ ਮੰਤਰੀ ਨੇ 9 ਮਾਰਚ ਨੂੰ ਗੁਰੂਗ੍ਰਾਮ ਵਿੱਚ ਇੱਕ ਕੰਸਟ੍ਰਕਸ਼ਨ ਸਾਇਟ 'ਤੇ ਮਿੱਟੀ ਥੱਲੇ ਦਬਣ ਨਾਲ 7 ਲੋਕਾਂ ਦੀ ਹੋਈ ਦੁਖਦ ਅਤੇ ਅਚਾਨਕ ਮੌਤ 'ਤੇ ਵੀ ਡੂੰਘਾ ਦੁੱਖ ਵਿਅਕਤ ਕੀਤਾ। ਉਨ੍ਹਾਂ ਨੇ ਕਿਹਾ ਕਿ ਇਹ ਬਹੁਤਾ ਦੁੱਖਦਾਈ ਘਟਨਾ ਹੈ ਅਤੇ ਇਸ ਹਾਦਸੇ ਵਿੱਚ ਦਿਵੰਗਤਾਂ ਦੇ ਪਰਿਵਾਰਾਂ ਪ੍ਰਤੀ ਉਨ੍ਹਾਂ ਦੀ ਡੰਗੀ ਸੰਵੇਦਨਾ ਹੈ।ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਪੀੜਤ ਪਰਿਵਾਰਾਂ ਨਾਲ ਖੜੀ ਹੈ ਅਤੇ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।

# ਕਿਸਾਨ ਸਿਖਲਾਈ ਕੈਂਪ ਲਗਾਇਆ





**ਪੋਜੇਵਾਲ (ਰਾਮ ਲਾਲ )**

ਡਾ. ਰਾਕੇਸ਼ ਕੁਮਾਰ ਸ਼ਰਮਾ, ਮੁੱਖ ਖੇਤੀਬਾੜੀ ਅਫਸਰ, ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾ. ਨੀਤਨ ਖੇਤੀਬਾੜੀ ਅਫਸਰ, ਸੜੌਆ ਦੀ ਅਗਵਾਈ ਹੇਠ ਪਿੰਡ ਹਿਆਤਪੁਰ ਰੁੜਕੀ ਵਿਖੇ ਆਤਮਾ ਸਕੀਮ ਅਧੀਨ ਵਣ ਖੇਤੀ ਸਬੰਧੀ ਟਰੇਨਿੰਗ ਕਰਵਾਈ ਗਈ। ਇਸ ਮੌਕੇ ਡਾ. ਨੀਤਨ ਖੇਤੀਬਾੜੀ ਅਫਸਰ, ਸੜੌਆ ਨੇ ਕਿਸਾਨਾਂ ਨੂੰ ਕਿਹਾ ਕਿ ਆਮ ਪ੍ਰਚਲਿਤ ਕਣਕ ਝੋਨਾ ਫਸਲੀ ਚੱਕਰ ਲਾਹੇਵੰਦ ਤਾਂ ਹੈ, ਪਰ ਇਸ ਫਸਲੀ ਚੱਕਰ ਤੋਂ ਵੱਧ ਮੁਨਾਫਾ ਲੈਣ ਲਈ ਪਾਣੀ ਦੇ ਸੋਮੇ ਬਹੁਤ ਹੀ ਘੱਟ ਚੁੱਕੇ ਹਨ ਤੇ ਖੇਤੀ ਰਸਾਇਣਾਂ ਦੀ ਬੇਲੋੜੀ ਵਰਤੋਂ ਨੇ ਭੂਮੀ ਦੀ ਸਿਹਤ ਨੂੰ ਖਰਾਬ ਕਰ ਦਿੱਤਾ ਹੈ।ਅਜਿਹੇ ਵਿੱਚ ਕਣਕ-ਝੋਨੇ ਦੇ ਫਸਲੀ ਚੱਕਰ ਵਿੱਚ ਵਿਭੰਨਤਾ ਲਿਆਉਣ ਉੱਪਰ ਕਾਫੀ ਜੋਰ ਦਿੱਤਾ ਜਾ ਰਿਹਾ ਹੈ। ਉਨਾਂ ਕਿਹਾ ਕਿ ਵਣ ਖੇਤੀ ਜਿਸ ਤਹਿਤ ਰੁੱਖਾਂ ਤੇ ਪ੍ਰਚਲਿਤ ਫਸਲਾਂ ਦੀ ਕਾਸ਼ਤ ਕੀਤੀ ਜਾਂਦੀ ਹੈ ਅਤੇ ਇਹ ਖੇਤੀ ਵਿਭਿੰਨਤਾ ਲਈ ਕਾਫੀ ਢੁੱਕਵਾਂ ਖੇਤੀ ਪ੍ਰਬੰਧ ਹੈ।ਪਾਪਲਰ ਅਧਾਰਿਤ ਵਣ ਖੇਤੀ ਬਹੁਤ ਸਾਰੇ ਕਿਸਾਨਾਂ ਵਲੋਂ ਅਪਣਾਈ ਜਾ ਰਹੀ ਹੈ ਤੇ ਇਹ ਰਵਾਇਤੀ ਫਸਲੀ ਚੱਕਰ ਨਾਲੋਂ ਬਹੁਤ ਬਿਹਤਰ ਸਾਬਤ ਹੋ ਰਹੀ ਹੈ। ਪਾਪਲਰ ਦੀ ਕਾਸ਼ਤ ਖੇਤੀ ਵਿਭਿੰਨਤਾ , ਛੋਟੇ ਪੱਧਰ ਦੇ ਲੱਕੜ ਉਦਯੋਗ ਜਿਵੇਂ ਕਿ ਪਲਾਈਵੁੱਡ ਅਤੇ ਰੁਜਗਾਰ ਪੈਦਾ ਕਰਨ ਦੇ ਖੇਤਰਾਂ ਵਿੱਚ ਕਾਫੀ ਹਿੱਸਾ ਪਾਉਂਦੀ ਹੈ।ਇਸ ਦੀ ਕਾਸ਼ਤ ਹਵਾ ਪ੍ਰਦੂਸ਼ਣ ਨੂੰ ਵੀ ਘਟਾਉਣ ਵਿੱਚ ਕਾਫੀ ਮਦਦਗਾਰ ਸਾਬਿਤ ਹੋ ਰਹੀ ਹੈ।ਰਜਿੰਦਰ ਪਾਲ ਖੇਤੀਬਾੜੀ ਵਿਸਥਾਰ ਅਫਸਰ ਨੇ ਪਾਪਲਰ ਦੀ ਕਾਸ਼ਤ ਲਈ ਉੱਨਤ ਕਿਸਮਾਂ ਦੇ ਬੂਟੇ ਸਬੰਧੀ ਤੇ ਕਾਸ਼ਤ ਢੰਗਾਂ ਬਾਰੇ ਸਿਫਾਰਸ਼ਾਂ ਮੁਤਾਬਿਕ ਵਿਸਥਾਰਪੂਰਬਕ ਜਾਣਕਾਰੀ ਸਾਂਝੀ ਕੀਤੀ। ਸਿਖਲਾਈ ਕੈਂਪ ਦੌਰਾਨ ਕਿਸਾਨਾਂ ਦੇ ਐਗਰੀਸਟੈਕ ਤੇ ਪਛਾਣ ਕਾਰਡ ਵੀ ਬਣਾਏ ਗਏ ਤੇ ਇਸ ਸਬੰਧੀ ਕਿਸਾਨਾਂ ਨਾਲ ਜਾਣਕਾਰੀ ਵੀ ਸਾਂਝੀ ਕੀਤੀ ਗਈ।ਇਸ ਕੈਂਪ ਵਿੱਚ ਹਰਵਿੰਦਰ ਸਿੰਘ ਖੇਤੀਬਾੜੀ ਉਪ ਨਿਰੀਖਕ, ਲੰਬੜਦਾਰ ਗੁਰਦੇਵ ਸਿੰਘ, ਗੁਰਦਿਆਲ ਸਿੰਘ, ਜੋਗਾ ਸਿੰਘ, ਜਗਜੀਤ ਸਿੰਘ, ਝਲਮਣ ਸਿੰਘ, ਗੁਰਨਾਮ ਸਿੰਘ, ਮਹਿੰਦਰ ਸਿੰਘ , ਸੁਰਿੰਦਰ ਕੌਰ, ਪਰਮਜੀਤ ਕੌਰ ਆਦਿ ਕਿਸਾਨ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਦੌਲਤਪੁਰ ਕਮੇਟੀ ਦੀ ਚੋਣ ਹੋਈ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)**-ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਦੌਲਤਪੁਰ ਦੀ ਨਵੀਂ ਕਮੇਟੀ ਦਾ ਗਠਨ ਪਿੰਡ ਵਾਸੀਆਂ ਅਤੇ ਪੁਰਾਣੀ ਕਮੇਟੀ ਦੇ ਸਹਿਯੋਗ ਨਾਲ ਕੀਤਾ ਗਿਆ। ਇਸ ਮੌਕੇ ਸੇਵਾ ਮੁਕਤ ਸਬ ਇੰਸਪੈਕਟਰ ਮਨਜੀਤ ਰਾਮ ਨਰ ਨੂੰ ਪ੍ਰਧਾਨ, ਰਜਨੀਸ਼ ਕੁਮਾਰ ਨਰ ਨੂੰ ਮੀਤ ਪ੍ਰਧਾਨ ਸਰਬ ਸੰਮਤੀ ਨਾਲ ਚੁਣਿਆ ਗਿਆ। ਇਸ ਤੋਂ ਇਲਾਵਾ ਆਤਮਾ ਰਾਮ, ਸਤਨਾਮ, ਹੰਸਰਾਜ, ਕਰਨ ਵਰਿੰਦਰ ਪਾਲ, ਸੱਤ ਪਾਲ, ਸੁਖਵਿੰਦਰ ਸਿੰਘ, ਸੁਖਦੇਵ ਸਿੰਘ, ਹਰਿੰਦਰ ਸਿੰਘ, ਗੁਰਨਾਮ ਸਿੰਘ ਅਤੇ ਰੂਪ ਲਾਲ ਨੂੰ ਕਮੇਟੀ ਮੈਂਬਰ ਨਿਯੁਕਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਮਨਜੀਤ ਰਾਮ ਨਰ, ਮੀਤ ਪ੍ਰਧਾਨ ਰਜਨੀਸ਼ ਕੁਮਾਰ ਨਰ ਅਤੇ ਸਮੂਹ ਕਮੇਟੀ ਮੈਂਬਰਾਂ ਨੇ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ।

## ਨਿਰਮਲ ਆਸ਼ਰਮ ਡੇਰਾ ਪ੍ਰੇਮਸਰ ਵਿਖੇ ਸੰਤ ਸਮਾਗਮ 24 ਨੂੰ

**ਜੇਜੋਂ ਦੋਆਬਾ,(ਨਿਰਮਲ ਸਿੰਘ ਮੁੱਗੋਵਾਲ)**-ਨਿਰਮਲ ਆਸ਼ਰਮ ਡੇਰਾ ਪ੍ਰੇਮਸਰ ਪਿੰਡ ਬਾੜੀਆ ਕਲਾਂ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਪਰਮ ਪੂਜੀਆ ਸ੍ਰੀਮਾਨ 108 ਸੰਤ ਬਾਬਾ ਪ੍ਰੇਮ ਸਿੰਘ ਮਹਾਰਾਜ , ਸ੍ਰੀਮਾਨ 108 ਸੰਤ ਬਾਬਾ ਪੰਡਿਤ ਈਸ਼ਰ ਸਿੰਘ ਕਲਯੁਗ, ਸ੍ਰੀਮਾਨ 108 ਸੰਤ ਬਾਬਾ ਦਲੀਪ ਸਿੰਘ ਮਹਾਰਾਜ, ਸ੍ਰੀਮਾਨ 108 ਸੰਤ ਬਾਬਾ ਪਿਆਰਾ ਸਿੰਘ ਮਹਾਰਾਜ, ਸ੍ਰੀਮਾਨ 108 ਸੰਤ ਬਾਬਾ ਬਿਕਰ ਸਿੰਘ ਮਹਾਰਾਜ, ਸ੍ਰੀਮਾਨ 108 ਸੰਤ ਬਾਬਾ ਅਰਜਨ ਸਿੰਘ ਮਹਾਰਾਜ, ਸ੍ਰੀਮਾਨ 108 ਸੰਤ ਬਾਬਾ ਅਮਰ ਸਿੰਘ ਮਹਾਰਾਜ ਤੇ ਬੀਬੀ ਰਸ਼ਪਾਲ ਕੌਰ ਭਾਗੋ ਜੀ ਦੀ ਸਾਲਾਨਾ ਬਰਸੀ ਤੇ ਸੰਤ ਸਮਾਗਮ 24 ਮਾਰਚ ਦਿਨ ਮੰਗਲਵਾਰ ਨੂੰ ਨਿਰਮਲ ਭੇਖ ਦੀ ਮਰਿਆਦਾ ਅਨੁਸਾਰ ਪਿੰਡ ਬਾੜੀਆਂ ਕਲਾਂ ਵਿਖੇ ਸਮੂਹ ਸੰਗਤ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਹੰਤ ਪ੍ਰੀਤਮ ਸਿੰਘ ਤੇ ਮਹੰਤ ਬਲਜੀਤ ਸਿੰਘ ਡੇਰਾ ਨਿਰਮਲ ਆਸ਼ਰਮ ਪ੍ਰੇਮਸਰ ਨੇ ਦੱਸਿਆ ਕਿ ਇਸ ਸਮਾਗਮ ਦੇ ਸੰਬੰਧ ਵਿੱਚ 22 ਮਾਰਚ ਨੂੰ ਸਵੇਰੇ 9 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ। 24 ਮਾਰਚ ਨੂੰ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ। ਉਸ ਤੋਂ ਬਾਅਦ 10 ਵਜੇ ਤੋਂ ਲੈ ਕੇ 2 ਵਜੇ ਤੱਕ ਸ਼ਬਦ ਕੀਰਤਨ ਤੇ ਸੰਤ ਸਮਾਗਮ ਹੋਵੇਗਾ। ਇਸ ਮੌਕੇ ਮਹੰਤ ਪ੍ਰੀਤਮ ਸਿੰਘ ਤੇ ਮਹੰਤ ਬਲਜੀਤ ਸਿੰਘ ਨੇ ਇਲਾਕਾ ਨਿਵਾਸੀ ਸੰਗਤਾਂ ਨੂੰ ਇਸ ਸਮਾਗਮ ਵਿੱਚ ਸ਼ਾਮਿਲ ਹੋਣ ਦੀ ਬੇਨਤੀ ਕੀਤੀ। ਗੁਰੂ ਕੇ ਲੰਗਰ ਅਟੁੱਟ ਚੱਲਣਗੇ।

## ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਮੈਰਾਥਨ 'ਚ ਭਾਗ ਲਿਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਕਰਾਈ ਗਈ ਮੈਰਾਥਨ 'ਚ ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਮੈਰਾਥਨ ਐੱਸ.ਐੱਸ.ਪੀ. ਖੰਨਾ ਦਰਪਨ ਆਹਲੂਵਾਲੀਆ ਤੇ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਦੀ ਅਗਵਾਈ 'ਚ ਕਰਵਾਈ ਗਈ, ਜਿਸ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਦੇ ਨੁਕਸਾਨ ਬਾਰੇ ਜਾਗਰੂਕ ਕਰਨਾ ਅਤੇ ਸਮਾਜ ਨੂੰ ਨਸ਼ਾ-ਮੁਕਤ ਬਣਾਉਣ ਲਈ ਪ੍ਰੇਰਿਤ ਕਰਨਾ ਸੀ। ਸਕੂਲ ਦੇ ਕਈ ਵਿਦਿਆਰਥੀਆਂ ਨੇ ਬੜੇ ਜੋਸ਼ ਅਤੇ ਉਤਸ਼ਾਹ ਨਾਲ ਇਸ ਦੌੜ 'ਚ ਹਿੱਸਾ ਲਿਆ ਤੇ ਨਸ਼ਾ ਵਿਰੋਧੀ ਸੰਦੇਸ਼ ਲੋਕਾਂ ਤੱਕ ਪਹੁੰਚਾਇਆ। ਸਕੂਲ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਸਕੂਲ ਮੈਨੇਜਰ ਵਿਕਰਮਜੀਤ ਸਿੰਘ ਬਾਠ, ਵਿੰਗ ਇੰਚਾਰਜ ਮਨਪ੍ਰੀਤ ਕੌਰ ਬੱਗਾ ਅਤੇ ਬਲਜੀਤ ਕੌਰ ਵੀ ਵਿਦਿਆਰਥੀਆਂ ਦੇ ਨਾਲ ਮੌਜੂਦ ਰਹੇ ਅਤੇ ਉਨ੍ਹਾਂ ਨੂੰ ਇਸ ਸਮਾਜਿਕ ਮੁਹਿੰਮ 'ਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ।

## ਭਾਰਤੀ ਕਿਸਾਨ ਯੂਨੀਅਨ ਪੰਜਾਬ ਦੀ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਪੰਜਾਬ ਦੀ ਮੀਟਿੰਗ ਗੁਰਦੁਆਰਾ ਬੀਬੀ ਕਾਹਨ ਕੌਰ ਮੋਗਾ ਵਿਖੇ ਪ੍ਰਧਾਨ ਫੁਰਮਾਨ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਬ੍ਰਹਮਕੇ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਕਾਰਵਾਈ ਸੁਰਜੀਤ ਸਿੰਘ ਰੰਧਾਵਾ ਮੁੱਖ ਪ੍ਰਚਾਰ ਸਕੱਤਰ ਨੇ ਚਲਾਈ ਮੀਟਿੰਗ ਦੌਰਾਨ ਅਮਰੀਕਾ ਵੱਲੋਂ ਜੰਗ ਦੀ ਅਗਵਾਈ ਕਾਰਨ 'ਤੇ ਚਿੰਤਾ ਪ੍ਰਗਟ ਕੀਤੀ ਗਈ। ਇਸ ਜੰਗ ਨਾਲ ਕਿਸਾਨੀ 'ਤੇ ਵੀ ਵੱਡਾ ਅਸਰ ਪਵੇਗਾ। ਕਿਸਾਨੀ ਪਹਿਲਾਂ ਹੀ ਕਰਜ਼ੇ ਹੇਠ ਡੁੱਬੀ ਹੋਈ ਹੈ, ਪਹਿਲਾਂ ਝੋਨੇ ਦਾ ਝਾੜ ਘਟਿਆ ਤੇ ਹੁਣ ਆਲੂਆਂ ਦੇ ਮੰਦੇ ਨੇ ਕਿਸਾਨਾਂ ਦੇ ਸਾਹ ਸੂਤੇ ਹੋਏ ਹਨ। ਕਿਸਾਨਾਂ ਨੇ ਕਿਹਾ ਕਿ ਇਸ ਜੰਗ ਨਾਲ ਆਉਣ ਵਾਲੇ ਸੀਜ਼ਨ ਦੌਰਾਨ ਇਸ ਜੰਗ ਨਾਲ ਆਉਣ ਵਾਲੇ ਸੀਜ਼ਨ ਦੌਰਾਨ ਯੂਰੀਆ ਖਾਦ ਤੇ ਡੀਏਪੀ ਖਾਦ ਅਤੇ ਬਾਕੀ ਖਾਦਾਂ ਦੀ ਕਿੱਲਤ ਆਉਣ ਦੇ ਵੱਡੇ ਪੱਧਰ 'ਤੇ ਆਸਾਰ ਬਣੇ ਬਣ ਗਏ ਹਨ। ਕੇਂਦਰ ਸਰਕਾਰ ਦੀ ਨਿੰਦਾ ਕਰਦਿਆਂ ਕਿਸਾਨਾਂ ਨੇ ਕਿਹਾ ਕਿ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਇਸ ਜੰਗ 'ਤੇ ਚੁੱਪੀ ਧਾਰੀ ਹੋਈ ਹੈ। ਇਸ ਮੌਕੇ ਸੂਰਤ ਸਿੰਘ ਬਹਿਰਾਮਕੇ ਕੋਰ ਕਮੇਟੀ ਮੈਂਬਰ, ਦਵਿੰਦਰ ਸਿੰਘ ਕੋਰ ਕਮੇਟੀ ਪੰਜਾਬ, ਗੁਰਸੇਵਕ ਸਿੰਘ, ਕੁਲਵਿੰਦਰ ਸਿੰਘ, ਬਲਰਾਜ ਸਿੰਘ, ਸੁਖਵਿੰਦਰ ਸਿੰਘ ਵਿਰਕ ਬਹਿਰਾਮ ਕੇ, ਸੁਰਜੀਤ ਸਿੰਘ ਰੰਧਾਵਾ, ਬਲਵਿੰਦਰ ਸਿੰਘ, ਕਾਰਜ ਸਿੰਘ, ਬੂਟਾ ਸਿੰਘ, ਸਾਰਜ ਸਿੰਘ, ਕਰਮਜੀਤ ਸਿੰਘ, ਰਾਜਵਿੰਦਰ ਸਿੰਘ ਰੱਤੋਵਾਲਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਕਿਸਾਨਾਂ ਨੇ ਹਿੱਸਾ ਲਿਆ।

## ਅੜੈਚਾਂ ਕਲੋਨੀ 'ਚ ਬਾਬਾ ਬਾਲਕ ਨਾਥ ਦੀ ਚੌਂਕੀ ਕਰਵਾਈ



**ਦੋਰਾਹਾ (ਹਰਮਿੰਦਰ ਸੇਠ)**-ਅੜੈਚਾਂ ਕਲੋਨੀ ਦੋਰਾਹਾ ਸਥਿਤ ਸ੍ਰੀ ਸਿੱਧ ਬਾਬਾ ਬਾਲਕ ਨਾਥ ਮੰਦਰ, ਵਾਰਡ ਨੰਬਰ 3 ਵਿੱਚ ਬੀਤੇ ਸ਼ਨੀਵਾਰ ਨੂੰ ਬਾਬਾ ਬਾਲਕ ਨਾਥ ਜੀ ਦੀ ਵਿਸ਼ਾਲ ਚੌਕੀ ਧਾਰਮਿਕ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਈ ਗਈ।ਇਸ ਧਾਰਮਿਕ ਸਮਾਗਮ ਵਿੱਚ ਇਲਾਕੇ ਦੇ ਭਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਤੇ ਬਾਬਾ ਜੀ ਦੇ ਦਰਸ਼ਨ ਕਰਕੇ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਭਗਤ ਅਮਰੀਕ ਸਿੰਘ ਤੇ ਮੁੱਖ ਸੇਵਾਦਾਰ ਭਗਤ ਮੱਖਣ ਸਿੰਘ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬਾਬਾ ਬਾਲਕ ਨਾਥ ਜੀ ਦੀ ਚੌਕੀ ਭਗਤੀ ਭਾਵਨਾ ਨਾਲ ਕਰਵਾਈ ਗਈ ਹੈ ਤਾਂ ਜੋ ਸੰਗਤ ਬਾਬਾ ਜੀ ਦਾ ਗੁਣਗਾਨ ਕਰ ਸਕੇ ਅਤੇ ਅਸੀਸ ਪ੍ਰਾਪਤ ਕਰੇ।ਚੌਕੀ ਦੌਰਾਨ ਪ੍ਰਸਿੱਧ ਭਜਨ ਗਾਇਕ ਕਾਲਾ ਸਰੀਂਹ ਤੇ ਜੌਨੀ ਯੋਗੀ ਵੱਲੋਂ ਬਾਬਾ ਜੀ ਦਾ ਗੁਣਗਾਨ ਕੀਤਾ ਗਿਆ, ਜਿਸ ਨਾਲ ਸੰਗਤ ਭਗਤੀ ਰੰਗ ਵਿੱਚ ਰੰਗੀ ਰਹੀ।ਇਸ ਮੌਕੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਤੋਂ ਇਲਾਵਾ ਵੱਖ-ਵੱਖ ਸਮਾਜਿਕ, ਧਾਰਮਿਕ ਤੇ ਰਾਜਨੀਤਕ ਸੰਸਥਾਵਾਂ ਦੇ ਆਗੂਆਂ ਨੇ ਵੀ ਹਾਜ਼ਰੀ ਭਰੀ ਤੇ ਸੰਗਤ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਬੀ ਕੇ ਯੂ ਏਕਤਾ ਉਗਰਾਹਾਂ ਦੀ ਕਾਕੂਵਾਲਾ ਇਕਾਈ ਦੀ ਚੋਣ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੇ ਪਿੰਡ ਕਾਕੂਵਾਲਾ ਵਿਖੇ ਨਵੀਂ ਇਕਾਈ ਦੀ ਚੋਣ ਪਿੰਡ ਦੇ ਗੁਰੂਘਰ ਵਿਖੇ ਕੀਤੀ ਗਈ। ਇਸ ਮੌਕੇ ਬਲਾਕ ਦਿੜ੍ਹਬਾ ਦੇ ਪ੍ਰਧਾਨ ਹਰਜੀਤ ਸਿੰਘ ਮਹਿਲਾਂ ਤੇ ਜ਼ਿਲ੍ਹਾ ਖਜ਼ਾਨਚੀ ਅਮਨਦੀਪ ਸਿੰਘ ਮਹਿਲਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੰਘਰਸ਼ ਕਰਦੇ ਲੋਕਾਂ 'ਤੇ ਜਬਰ ਕੀਤਾ ਜਾ ਰਿਹਾ ਹੈ ਅਤੇ ਕੇਂਦਰ ਦੀ ਮੋਦੀ ਸਰਕਾਰ ਕਿਸਾਨ ਮਾਰੂ ਨੀਤੀਆਂ ਲੈ ਕੇ ਆ ਰਹੀ ਹੈ ਜਿਵੇਂ ਬਿਜਲੀ ਬਿੱਲ 2025, ਬੀਜ ਬਿਲ 2025, ਚਾਰ ਲੇਬਰ ਕੋਡ ਲਿਆ ਕੇ ਕਿਸਾਨਾਂ ਤੇ ਮਜ਼ਦੂਰਾਂ ਨੂੰ ਬਰਬਾਦ ਕਰਨ 'ਤੇ ਤੁਲੀ ਹੋਈ ਹੈ ਅਤੇ ਕਾਰਪੋਰੇਟਾਂ ਦੀ ਹੱਥ ਠੋਕਾ ਬਣ ਕੇ ਕਾਰਪੋਰੇਟ ਪੱਖੀ ਨੀਤੀਆਂ ਬਣਾ ਰਹੀ ਹੈ। ਇਸ ਲਈ ਲੋਕਾਂ ਨੂੰ ਜਥੇਬੰਦਕ ਹੋ ਕੇ ਸਰਕਾਰਾਂ ਖਿਲਾਫ ਲੜਨਾ ਚਾਹੀਦਾ ਹੈ। ਇਸ ਮੌਕੇ ਪਿੰਡ ਦੇ ਲੋਕਾਂ ਨੇ ਸਰਬਸੰਮਤੀ ਨਾਲ ਪਿੰਡ ਇਕਾਈ ਦਾ ਪ੍ਰਧਾਨ ਗੁਰਜੰਟ ਸਿੰਘ, ਖਜ਼ਾਨਚੀ ਲਾਭ ਸਿੰਘ, ਜਨਰਲ ਸਕੱਤਰ ਕੁਲਵੰਤ ਸਿੰਘ, ਸੀਨੀਅਰ ਮੀਤ ਪ੍ਰਧਾਨ ਮਿੱਠੂ ਸਿੰਘ, ਪ੍ਰੈੱਸ ਸਕੱਤਰ ਅੰਮ੍ਰਿਤਪਾਲ ਸਿੰਘ, ਸੰਗਠਨ ਸਕੱਤਰ ਹਰਪਾਲ ਸਿੰਘ, ਪ੍ਰਚਾਰ ਸਕੱਤਰ ਜਰਨੈਲ ਸਿੰਘ, ਮੀਤ ਪ੍ਰਧਾਨ ਹੁਸ਼ਿਆਰ ਸਿੰਘ, ਸਹਾਇਕ ਸਕੱਤਰ ਹਰਬੰਸ ਸਿੰਘ ਸਮੇਤ 23 ਮੈਂਬਰੀ ਕਮੇਟੀ ਚੁਣੀ ਗਈ। ਇਸ ਮੌਕੇ ਬਲਾਕ ਖਜ਼ਾਨਚੀ ਜਗਦੀਪ ਸਿੰਘ ਮਹਿਲਾਂ, ਮਿਸ਼ਰਾ ਸਿੰਘ ਨਿਹਾਲਗੜ੍ਹ, ਜੋਗਿੰਦਰ ਸਿੰਘ ਖੇੜੀ ਨਾਗਾ, ਜਸਵੰਤ ਸਿੰਘ ਸਮੂਰਾ, ਜਰਨੈਲ ਸਿੰਘ ਲਾਡਬੰਜਾਰਾ ਸਮੇਤ ਪਿੰਡ ਦੇ ਪਤਵੰਤੇ ਹਾਜ਼ਰ ਸਨ।

## ਪੰਜ ਰੋਜ਼ਾ ਰੋਗ ਮੁਕਤ ਕੈਂਪ ਸਫ਼ਲਤਾ-ਪੂਰਵਕ ਸੰਪੰਨ



**ਬੁਢਲਾਡਾ (ਅਸ਼ੋਕ ਲਾਕੜਾ)**-ਸਥਾਨਕ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਵੱਲੋਂ ਜਨਤਾ ਨੂੰ ਅਜੋਕੀਆਂ ਬਿਮਾਰੀਆਂ ਤੋਂ ਬਚਾਉਣ ਲਈ ਲਗਾਇਆ ਗਿਆ ਪੰਜ ਰੋਜ਼ਾ ਰੋਗ ਮੁਕਤ ਵਿਸ਼ੇਸ਼ ਕੈਂਪ ਸਫ਼ਲਤਾ ਪੂਰਵਕ ਸਮਾਪਤ ਹੋਇਆ।ਜਾਣਕਾਰੀ ਦਿੰਦੇ ਹੋਏ ਮਾਸਟਰ ਕੁਲਵੰਤ ਸਿੰਘ ਤੇ ਵਿਜੇ ਗੋਇਲ ਨੇ ਦੱਸਿਆ ਕਿ ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਭਾਰਤ ਦੇ ਮਹਾਨ ਆਯੂਰਵੈਦਿਕ ਵੈਦ ਸ੍ਰੀ ਰਾਜੇਸ਼ ਕਪੂਰ ਦੀ ਅਗਵਾਈ ਹੇਠ ਸਥਾਨਕ ਪੰਚਾਇਤੀ ਗਊਸ਼ਾਲਾ ਵਿੱਚ ਵਿਸ਼ੇਸ਼ ਕੈਂਪ ਲਗਾਇਆ ਗਿਆ, ਜਿਸ ਵਿੱਚ ਵੈਦ ਰਾਜੇਸ਼ ਕਪੂਰ ਨੇ ਜਨਤਾ ਨੂੰ ਖਾਣ-ਪੀਣ ਤੇ ਰਹਿਣ-ਸਹਿਣ ਦੇ ਆਯੂਰਵੈਦਿਕ ਢੰਗ ਦੱਸ ਕੇ ਅਜੋਕੀਆਂ ਬਿਮਾਰੀਆਂ ਤੇਜ਼ਾਬ ਬਣਨਾ, ਸ਼ੂਗਰ, ਬਲੱਡ ਪ੍ਰੈਸ਼ਰ, ਕੈਂਸਰ ਆਦਿ ਤੋਂ ਬਚਣ ਲਈ ਲਾਭਦਾਇਕ ਸੁਝਾਅ ਦਿੱਤੇ।ਇਸ ਦੇ ਨਾਲ ਹੀ ਬਿਮਾਰੀਆਂ ਬਾਰੇ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਦੇਸੀ ਜੜੀਆਂ ਬੂਟੀਆਂ ਤੇ ਦਵਾਈਆਂ ਨਾਲ ਹੱਲ ਦੱਸੇ।ਉਨ੍ਹਾਂ ਨੇ ਦੇਸੀ ਗਾਵਾਂ, ਉਨ੍ਹਾਂ ਦੇ ਗੋਬਰ, ਦੁੱਧ, ਘੀ ਤੇ ਗੋਮੂਤਰ ਦੇ ਲਾਭ ਦੱਸੇ।ਉਨ੍ਹਾਂ ਨੇ ਸਮੁੰਦਰੀ ਨਮਕ ਛੱਡ ਕੇ ਸੇਂਧਾ ਨਮਕ, ਦਾਣਾ ਚੀਨੀ ਛੱਡ ਕੇ ਦੇਸੀ ਖੰਡ, ਅੰਗਰੇਜ਼ੀ ਦਵਾਈਆਂ ਛੱਡ ਕੇ ਆਯੂਰਵੈਦਿਕ ਜਾਂ ਹੋਮਿਓਪੈਥਿਕ ਦਵਾਈਆਂ ਅਪਣਾਉਣ ਲਈ ਪ੍ਰੇਰਿਆ।ਸੰਸਥਾ ਆਗੂ ਕੁਲਦੀਪ ਸਿੰਘ ਅਨੇਜਾ ਤੇ ਕੁਲਵਿੰਦਰ ਸਿੰਘ ਈ ਓ ਨੇ ਦੱਸਿਆ ਕਿ ਸ਼ਹਿਰ ਵਾਸੀਆਂ ਨੇ ਇਸ ਕੈਂਪ ਦਾ ਬਹੁਤ ਲਾਭ ਉਠਾਇਆ ਤੇ ਸ਼ਲਾਘਾ ਕੀਤੀ।ਉਨ੍ਹਾਂ ਵੱਲੋਂ ਅਧੁਨਿਕ ਜੀਵਨ ਸ਼ੈਲੀ ਦੇ ਰੋਗ ਕਾਰਨ ਤੇ ਨਿਵਾਰਨ ਨਾਮ ਦੀ ਇੱਕ ਪੁਸਤਕ ਵੀ ਦਿੱਤੀ ਗਈ, ਜੋ ਮਾਤਾ ਗੁਜਰੀ ਜੀ ਭਲਾਈ ਕੇਂਦਰ ਦੇ ਦਫ਼ਤਰ ਵਿੱਚੋਂ ਲੈ ਕੇ ਲਾਭ ਉਠਾ ਸਕਦੇ ਹਾਂ।ਗਊਸ਼ਾਲਾ ਵਿੱਚ ਦੁੱਧ ਦੀ ਉਪਜ ਵਧਾਉਣ ਤੇ ਸ਼ੁੱਧਤਾ ਲਈ ਵੀ ਕਮੇਟੀ ਨਾਲ ਮੀਟਿੰਗ ਕਰਕੇ ਸੁਝਾਅ ਦਿੱਤੇ।ਗਊਸ਼ਾਲਾ ਪ੍ਰਧਾਨ ਸੁਭਾਸ਼ ਕੁਮਾਰ ਤੇ ਭਜਨ ਮੰਡਲੀ ਵਾਲੇ ਸੁਭਾਸ਼ ਹੈਂਡਲੂਮ ਵੱਲੋਂ ਮਾਤਾ ਗੁਜਰੀ ਜੀ ਭਲਾਈ ਕੇਂਦਰ ਦੇ ਇਹ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਲੋਕਾਂ ਨੂੰ ਜਾਗਰੂਕ ਕਰਨ ਲਈ ਅਜਿਹੇ ਕੈਂਪਾਂ ਦੀ ਲੋੜ ਹੈ।ਸ਼ਹਿਰ ਵਾਸੀ ਤੇ ਸੰਸਥਾ ਵੱਲੋਂ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਮਈ ਮਹੀਨੇ ਵਿੱਚ ਦੁਬਾਰਾ ਫੇਰ ਇਹ ਕੈਂਪ ਲਗਾਉਣ ਦਾ ਉਪਰਾਲਾ ਕੀਤਾ ਜਾਵੇਗਾ।ਕੈਂਪਾਂ ਮੌਕੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਹਾਜ਼ਰੀ ਭਰੀ ਤੇ ਸੰਸਥਾ ਮੈਂਬਰਾਂ ਨੇ ਸੁੱਚਜਾ ਪ੍ਰਬੰਧ ਕੀਤਾ।

# ਦੂਜੇ ਦਿਨ ਦਾ ਸਰਸ ਮੇਲਾ ਗੁਰਦਾਸ ਮਾਨ ਨੇ ਲੁੱਟਿਆ



**ਮਾਨਸਾ (ਆਤਮਾ ਸਿੰਘ ਪਮਾਰ)**

ਮਾਨਸਾ ਦੀ ਅਨਾਜ ਮੰਡੀ ਵਿਖੇ ਚੱਲ ਰਹੇ ਸਰਸ ਮੇਲੇ ਦੇ ਦੂਜੇ ਦਿਨ ਪੰਜਾਬੀ ਲੋਕ ਗਾਇਕੀ ਦੇ ਬਾਬਾ ਬੋਹੜ ਗੁਰਦਾਸ ਮਾਨ ਨੇ ਆਪਣੀ ਦਮਦਾਰ ਆਵਾਜ਼ ਤੇ ਚਰਚਿਤ ਗੀਤਾਂ ਨਾਲ ਅਜਿਹਾ ਸਮਾਂ ਬੰਨ੍ਹਿਆ ਕਿ ਹਜ਼ਾਰਾਂ ਦਰਸ਼ਕ ਨੱਚਣ ਲਈ ਮਜਬੂਰ ਹੋ ਗਏ।ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਮਾਤਾ ਜੀ ਸ੍ਰੀਮਤੀ ਹਰਪਾਲ ਕੌਰ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਵਾਏ ਜਾ ਰਹੇ ਇਸ ਸਮਾਗਮ ਦੌਰਾਨ ਗੁਰਦਾਸ ਮਾਨ ਦਾ ਸਵਾਗਤ ਕਰਨ ਲਈ ਕਈ ਅਹਿਮ ਸ਼ਖਸੀਅਤਾਂ ਮੌਜੂਦ ਸਨ, ਜਿਨ੍ਹਾਂ ਵਿੱਚ ਡਾ. ਵਿਜੈ ਸਿੰਗਲਾ ਵਿਧਾਇਕ ਮਾਨਸਾ, ਪ੍ਰਿੰਸੀਪਲ ਬੁੱਧ ਰਾਮ ਵਿਧਾਇਕ ਬੁਢਲਾਡਾ, ਗੁਰਪ੍ਰੀਤ ਸਿੰਘ ਬਣਾਂਵਾਲੀ ਵਿਧਾਇਕ ਸਰਦੂਲਗੜ੍ਹ, ਨਵਜੋਤ ਕੌਰ ਡਿਪਟੀ ਕਮਿਸ਼ਨਰ, ਭਾਗੀਰਥ ਸਿੰਘ ਮੀਨਾ ਐੱਸ.ਐੱਸ.ਪੀ., ਗੁਰਪ੍ਰੀਤ ਸਿੰਘ ਭੁੱਚਰ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ, ਚਰਨਜੀਤ ਸਿੰਘ ਅੱਕਾਂਵਾਲੀ, ਵਧੀਕ ਡਿਪਟੀ ਕਮਿਸ਼ਨਰ ਆਕਾਸ਼ ਬਾਂਸਲ, ਏਡੀਸੀ ਅਨੁਪ੍ਰਿਤਾ ਜੌਹਲ, ਮੁੱਖ ਮੰਤਰੀ ਫੀਲਡ ਅਫਸਰ ਗੁਰਲੀਨ ਕੌਰ, 'ਆਪ' ਮਹਿਲਾ ਵਿੰਗ ਦੀ ਪ੍ਰਧਾਨ ਸ਼ਰਨਜੀਤ ਕੌਰ, ਉੱਪ ਮੰਡਲ ਮੈਜਿਸਟਰੇਟ ਬਲਜੀਤ ਕੌਰ, ਹਰਜਿੰਦਰ ਸਿੰਘ ਜੱਸਲ, ਗਗਨਦੀਪ ਸਿੰਘ ਦੇ ਨਾਮ ਜ਼ਿਕਰਯੋਗ ਹਨ।ਸਰਸ ਮੇਲੇ ਦੀ ਇਸ ਯਾਦਗਾਰੀ ਸ਼ਾਮ ਦੌਰਾਨ ਗੁਰਦਾਸ ਮਾਨ ਨੇ ਸਰੋਤਿਆਂ ਦੀ ਪੁਰਜ਼ੋਰ ਮੰਗ 'ਤੇ ਬੁਲੰਦ ਆਵਾਜ਼ 'ਚ ਇੱਕ ਤੋਂ ਬਾਅਦ ਇੱਕ ਸਦਾਬਹਾਰ ਗੀਤਾਂ ਦੀ ਝੜੀ ਲਗਾਈ। ਜਿਉਂ ਹੀ ਉਨ੍ਹਾਂ ਨੇ ਛੱਲਾ, ਸੱਜਣਾ ਵੇ ਸੱਜਣਾ ਤੇ ਤਾਰੇ ਗਵਾਹ ਨੇ, ਵਰਗੇ ਰੂਹਾਨੀ ਗੀਤ ਸ਼ੁਰੂ ਕੀਤੇ, ਤਾਂ ਪੂਰਾ ਪੰਡਾਲ ਮੰਤਰ-ਮੁਗਧ ਹੋ ਕੇ ਨੱਚਣ ਲਈ ਮਜਬੂਰ ਹੋ ਗਿਆ।ਮੇਲੇ ਦਾ ਮਾਹੌਲ ਉਸ ਵੇਲੇ ਸਿਖਰਾਂ 'ਤੇ ਪਹੁੰਚ ਗਿਆ, ਜਦੋਂ ਗੁਰਦਾਸ ਮਾਨ ਨੇ ਆਪਣਾ ਪੰਜਾਬ ਹੋਵੇ, ਇਸ਼ਕ ਦਾ ਗਿੱਧਾ ਤੇ ਬਾਬੇ ਭੰਗੜਾ ਪਾਉਂਦੇ ਨੇ ਵਰਗੇ ਜੋਸ਼ੀਲੇ ਗੀਤਾਂ ਨਾਲ ਹਾਜ਼ਰੀ ਲਵਾਈ।ਇਸ ਸਮੇਂ ਗੁਰਦਾਸ ਮਾਨ ਨੇ ਮਰਹੂਮ ਸਿੱਧੂ ਮੂਸੇ ਵਾਲਾ ਨੂੰ ਯਾਦ ਕਰਦਿਆਂ ਉਨ੍ਹਾਂ ਦੀ ਜਨਮ ਭੂਮੀ ਨੂੰ ਸਲਾਮ ਕੀਤਾ ਅਤੇ ਉਨ੍ਹਾਂ ਵਿਸ਼ੇਸ਼ ਤੌਰ 'ਤੇ ਆਪਣੇ ਵੱਲੋਂ ਸ਼ੁਭਦੀਪ ਲਈ ਲਿਖੇ ਕੁੱਝ ਸ਼ਬਦ ਵੀ ਸਟੇਜ ਤੋਂ ਦਰਸ਼ਕਾਂ/ਸਰੋਤਿਆਂ ਨਾਲ ਸਾਂਝੇ ਕੀਤੇ।

## ਕੁੱਟਮਾਰ ਦੇ ਦੋਸ਼ 'ਚ 2 ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੱਲਾਂਵਾਲਾ ਦੇ ਅਧੀਨ ਆਉਂਦੇ ਪਿੰਡ ਚੰਗਾਲੀ ਜਦੀਦ ਵਿਖੇ ਜੀਜੇ-ਸਾਲੇ ਦੀ ਕੁੱਟਮਾਰ ਕਰਨ ਦੇ ਦੋਸ਼ ਵਿੱਚ ਪੁਲਸ ਨੇ 2 ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸਰਬਜੀਤ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਬਾਘੇ ਵਾਲਾ ਨੇ ਦੱਸਿਆ ਕਿ ਉਹ ਡਾਕਟਰੀ ਦੀ ਦੁਕਾਨ ਆਪਣੇ ਸਹੁਰੇ ਪਿੰਡ ਚੰਗਾਲੀ ਜਦੀਦ ਵਿਖੇ ਕਰਦਾ ਹੈ ਤੇ ਉਥੇ ਹੀ ਉਸ ਨੇ ਜਗ੍ਹਾ ਲਈ ਹੋਈ ਹੈ। ਸਰਬਜੀਤ ਸਿੰਘ ਨੇ ਦੱਸਿਆ ਕਿ ਉਹ ਆਪਣੀ ਜਗ੍ਹਾ ਨੂੰ ਨਵੀਂ ਬਣਾਉਣ ਲੱਗਾ ਕਿ ਬੀਤੀ 9 ਮਾਰਚ 2026 ਨੂੰ ਵਕਤ ਕਰੀਬ 7.30 ਪੀ ਐੱਮ ਵਜੇ ਦੋਸ਼ੀ ਜਸਪਾਲ ਸਿੰਘ ਪੁੱਤਰ ਕਸ਼ਮੀਰ ਸਿੰਘ ਤੇ ਕਸ਼ਮੀਰ ਸਿੰਘ ਪੁੱਤਰ ਬਲਵੰਤ ਸਿੰਘ ਵਾਸੀਅਨ ਚੰਗਾਲੀ ਜਦੀਦ ਨੇ ਉਸ ਦੀ ਅਤੇ ਉਸ ਦੇ ਸਾਲੇ ਗੁਰਜੀਤ ਸਿੰਘ ਦੇ ਸੱਟਾਂ ਮਾਰੀਆਂ। ਸਰਬਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦਾ ਇਲਾਜ ਸਿਵਲ ਹਸਪਤਾਲ ਮਮਦੋਟ ਵਿਖੇ ਚੱਲ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਦਰਸ਼ਨ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਮਾਨਵ ਸੇਵਾ ਕਲੱਬ ਵੱਲੋਂ ਸ਼ਹੀਦਾਂ ਦੀ ਯਾਦ 'ਚ ਅੱਖਾਂ ਦੇ ਚੈੱਕਅਪ ਕੈਂਪ 26 ਨੂੰ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੀ ਯਾਦ ਵਿੱਚ 26 ਮਾਰਚ ਨੂੰ ਸਵੇਰੇ 9:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਗੁਰਦੁਆਰਾ ਮਾਈ ਜਾਨਕੀ (ਵਾਰਡ ਨੰਬਰ 15, ਗੁਰੂ ਅਰਜੁਨ ਦੇਵ ਨਗਰ, ਮੋਗਾ) ਵਿਖੇ ਇੱਕ ਵਿਸ਼ਾਲ ਅੱਖਾਂ ਦਾ ਆਪ੍ਰੇਸ਼ਨ ਤੇ ਚੈੱਕਅਪ ਕੈਂਪ ਲਗਾਇਆ ਜਾ ਰਿਹਾ ਹੈ।ਇਹ ਉਪਰਾਲਾ ਗੁਰਮੁਖ ਸੇਵਾ ਭਲਾਈ ਸੰਸਥਾ, ਮੋਗਾ ਦੁਆਰਾ ਰਜਿਸਟਰਡ ਮਾਨਵ ਸੇਵਾ ਵੈੱਲਫੇਅਰ ਕਲੱਬ (ਸਿਟੀ ਮੋਗਾ) ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਹੈ।ਇਸ ਸਮਾਗਮ ਲਈ ਸੱਦਾ ਪੱਤਰ ਜਾਰੀ ਕਰਦੇ ਹੋਏ ਸਾਬਕਾ ਕੌਂਸਲਰ ਦਵਿੰਦਰ ਸਿੰਘ ਤਿਵਾੜੀ ਤੇ ਕੌਂਸਲਰ ਪ੍ਰਵੀਨ ਕੁਮਾਰੀ ਤਿਵਾੜੀ ਨੇ ਐਲਾਨ ਕੀਤਾ ਕਿ ਕੈਂਪ ਦਾ ਉਦਘਾਟਨ ਸੰਤ ਬਾਬਾ ਗੁਰਦੀਪ ਸਿੰਘ (ਚਾਂਦਪੁਰਾ) ਕਰਨਗੇ।ਕੈਂਪ ਦੀ ਸ਼ੋਭਾ ਇਲਾਕੇ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦੀ ਮੌਜੂਦਗੀ ਵਿੱਚ ਹੋਵੇਗੀ, ਜੋ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਕੈਂਪ ਦੌਰਾਨ ਸ਼ੰਕਰਾ ਆਈ ਫਾਊਂਡੇਸ਼ਨ ਮੁੱਲਾਂਪੁਰ (ਲੁਧਿਆਣਾ) ਦੇ ਮਾਹਰ ਡਾਕਟਰਾਂ ਦੁਆਰਾ ਅੱਖਾਂ ਦੇ ਆਪ੍ਰੇਸ਼ਨ ਕੀਤੇ ਜਾਣਗੇ।ਉਨ੍ਹਾਂ ਕੈਂਪ ਵਿੱਚ ਆਉਣ ਵਾਲੇ ਮਰੀਜ਼ਾਂ ਨੂੰ ਆਪਣੇ ਆਧਾਰ ਕਾਰਡ ਦੀ ਕਾਪੀ ਨਾਲ ਲਿਆਉਣ ਦੀ ਅਪੀਲ ਕੀਤੀ।ਇਸ ਮੌਕੇ ਮਾਨਵ ਸੇਵਾ ਵੈੱਲਫੇਅਰ ਕਲੱਬ ਦੇ ਪ੍ਰਧਾਨ ਦਵਿੰਦਰ ਸਿੰਘ ਤਿਵਾੜੀ ਸਮੇਤ ਕਲੱਬ ਦੇ ਮੈਂਬਰ, ਨਾਇਬ ਸਿੰਘ, ਬਲਵਿੰਦਰ ਕੁਮਾਰ ਕੌੜਾ, ਪ੍ਰੇਮ ਕੁਮਾਰ, ਹਰਜਿੰਦਰ ਸਿੰਘ, ਕ੍ਰਿਸ਼ਨ ਕੁਮਾਰ, ਰਾਜੇਂਦਰ ਕੁਮਾਰ, ਅਜੈ ਕੁਮਾਰ ਸ਼ਰਮਾ, ਵਜਿੰਦਰ ਕੁਮਾਰ, ਗੁਰਪ੍ਰੀਤ ਸਿੰਘ, ਹਰੀ ਰਾਮ, ਅਸ਼ੋਕ ਕੁਮਾਰ, ਗੋਲਡੀ ਤੇ ਹੋਰ ਮੌਜੂਦ ਸਨ।

## ਸਵਨਾ ਨੇ ਨਿਓਲਾ 'ਚ ਸੜਕ ਦਾ ਨੀਂਹ ਪੱਥਰ ਰੱਖਿਆ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ।ਹਲਕਾ ਨਿਵਾਸੀਆਂ ਦੀਆਂ ਲੰਬੇ ਸਮੇਂ ਤੋਂ ਬਕਾਇਆ ਪਈਆਂ ਮੰਗਾਂ ਦੀ ਪੂਰਤੀ ਲਈ ਮੌਜੂਦਾ ਸਰਕਾਰ ਵਚਨਬੱਧ ਹੈ।ਇਸੇ ਲੜੀ ਤਹਿਤ ਵਿਧਾਇਕ ਫਾਜ਼ਿਲਕਾ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਲਗਭਗ 56 ਲੱਖ 14 ਹਜ਼ਾਰ ਦੀ ਲਾਗਤ ਨਾਲ ਪਿੰਡ ਨਿਓਲਾ ਵਿਖੇ ਸੜਕ ਦਾ ਨੀਂਹ ਪੱਥਰ ਰੱਖ ਕੇ ਕੰਮ ਦੀ ਸ਼ੁਰੂਆਤ ਕਰਵਾਈ।ਇਹ ਸੜਕ ਪਿੰਡ ਨਿਓਲਾ ਤੋਂ ਗੁਲਾਮ ਰਸੂਲ ਤੱਕ ਬਣਾਈ ਜਾ ਰਹੀ ਹੈ। ਵਿਧਾਇਕ ਸਵਨਾ ਨੇ ਕਿਹਾ ਕਿ ਲੋਕਾਂ ਨੂੰ ਸਰਕਾਰ ਦੀਆਂ ਸਕੀਮਾਂ ਤੇ ਯੋਜਨਾਵਾਂ ਦਾ ਲਾਹਾ ਦੇਣ ਲਈ ਮੌਜੂਦਾ ਸਰਕਾਰ ਵੱਲੋਂ ਨਵੇਂ-ਨਵੇਂ ਪ੍ਰੋਜੈਕਟ ਉਲੀਕੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਨੂੰ ਆਉਣ-ਜਾਣ ਵਿੱਚ ਕੋਈ ਪ੍ਰੇਸ਼ਾਨੀ ਨਾ ਆਵੇ, ਇਸ ਲਈ ਬਣਨ ਵਾਲੀਆਂ ਸੜਕਾਂ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਲੋਕਾਂ ਨੂੰ ਸੁਖਾਵੇਂ ਮਾਹੌਲ ਵਿੱਚ ਆਪਣੀ ਜ਼ਿੰਦਗੀ ਬਤੀਤ ਕਰਨ ਲਈ ਸ਼ਲਾਘਾਯੋਗ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਹਰ ਵਰਗ ਦਾ ਵਿਕਾਸ ਕਰਨ ਲਈ ਯਤਨਸ਼ੀਲ ਹੈ।ਉਨ੍ਹਾਂ ਕਿਹਾ ਕਿ ਬਿਨਾਂ ਕਿਸੇ ਪਾਰਟੀਬਾਜ਼ੀ ਦੇ ਹਰੇਕ ਗਲੀ-ਮੁਹੱਲੇ, ਸ਼ਹਿਰ-ਪਿੰਡ ਆਦਿ ਵਿਖੇ ਵਿਕਾਸ ਪ੍ਰੋਜੈਕਟਾਂ ਦੀ ਝੜੀ ਲਿਆਂਦੀ ਗਈ ਹੈ ਤਾਂ ਜੋ ਆਲਾ-ਦੁਆਲਾ ਸਹੂਲਤਾਂ ਨਾਲ ਭਰਪੂਰ ਹੋਵੇ।

## ਆਰ ਟੀ ਆਈ ਦੇ ਕੇਸ ਨਾ ਲੱਗਣ ਕਾਰਨ ਸੈਂਕੜੇ ਲੋਕ ਹੋਏ ਪ੍ਰੇਸ਼ਾਨ : ਬ੍ਰਿਸ਼ ਭਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੰਜਾਬ ਸਰਕਾਰ ਵੱਲੋਂ ਰਾਜ ਅੰਦਰ ਸੂਚਨਾ ਅਧਿਕਾਰ ਐਕਟ 2005 ਨੂੰ ਬਿਲਕੁਲ ਖਤਮ ਕਰ ਦਿੱਤਾ ਗਿਆ ਹੈ, ਕਿਉਂਕਿ ਪਿਛਲੇ 3 ਸਾਲਾਂ ਤੋਂ ਸੂਚਨਾ ਐਕਟ ਦੇ ਮਾਮਲਿਆਂ ਦੀ ਪੂਰਨ ਤੌਰ 'ਤੇ ਸੁਣਵਾਈ ਨਹੀਂ ਹੋ ਰਹੀ, ਜਿਸ ਕਰਕੇ ਸੈਂਕੜੇ ਕੇਸ ਸੁਣਵਾਈ ਦੀ ਉਡੀਕ ਕਰ ਰਹੇ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਆਰ ਟੀ ਆਈ ਮਾਹਰ ਤੇ ਸਮਾਜ ਸੇਵੀ ਬ੍ਰਿਸ ਭਾਨ ਬੁਜਰਕ ਨੇ ਕਿਹਾ ਕਿ ਪੰਜਾਬ ਦੇ ਸੂਚਨਾ ਕਮਿਸ਼ਨ ਕੋਲ ਇਸ ਵੇਲੇ ਸਿਰਫ 7 ਮੈਂਬਰ ਹਨ, ਜਿਨ੍ਹਾਂ ਵਿੱਚੋਂ ਇੰਦਰਪਾਲ ਸਿੰਘ ਧੰਨਾ ਨੂੰ ਮੁੱਖ ਸੂਚਨਾ ਕਮਿਸ਼ਨਰ ਵਜੋਂ ਲਗਾਇਆ ਗਿਆ ਹੈ।ਜਦੋਂ ਕਿ ਕਮਿਸ਼ਨ ਦੀ ਲੋੜ ਅਨੁਸਾਰ ਮੁੱਖ ਸੂਚਨਾ ਕਮਿਸ਼ਨ ਸਮੇਤ 11 ਮੈਂਬਰ ਚਾਹੀਦੇ ਹਨ, ਪਰ ਪੰਜਾਬ ਸਰਕਾਰ ਵੱਲੋਂ ਨਵੇਂ ਸੂਚਨਾ ਕਮਿਸ਼ਨਰਾਂ ਦੀ ਭਰਤੀ ਨਾ ਕੀਤੇ ਜਾਣ ਕਰਕੇ ਪਿਛਲੇ 3 ਸਾਲ ਤੋਂ ਸੈਂਕੜੇ ਮਾਮਲੇ ਅੱਧ ਵਿਚਕਾਰ ਲਟਕੇ ਪਏ ਹਨ ਅਤੇ ਨਵੇਂ ਆ ਰਹੇ ਸੈਂਕੜੇ ਮਾਮਲਿਆਂ ਦੀ ਸੁਣਵਾਈ ਵੱਖਰੇ ਤੌਰ 'ਤੇ ਹੋਣੀ ਬਾਕੀ ਹੈ। ਪਰ ਆਮ ਆਦਮੀ ਪਾਰਟੀ ਦੀ ਵਜ਼ਾਰਤ ਵਾਲੀ ਪੰਜਾਬ ਸਰਕਾਰ ਵੱਲੋਂ ਸੂਚਨਾ ਕਮਿਸ਼ਨ ਦੇ ਮੈਂਬਰਾਂ ਦੀ ਗਿਣਤੀ ਪੂਰੀ ਨਹੀਂ ਕੀਤੀ ਗਈ, ਜਿਸ ਕਰਕੇ ਕੇਸਾਂ ਦੀ ਸੁਣਵਾਈ ਹੋਣ 'ਚ ਕਈ ਸਾਲ ਦਾ ਸਮਾਂ ਲੱਗ ਰਿਹਾ ਹੈ, ਕਿਉਂਕਿ ਸੂਚਨਾ ਅਧਿਕਾਰ ਐਕਟ ਨਾਲ ਪੰਜਾਬ ਸਰਕਾਰ ਤੇ ਅਫ਼ਸਰਸ਼ਾਹੀ ਦੇ ਕੰਮਾਂ ਕਾਰਾਂ 'ਚ ਪਾਰਦਰਸ਼ਤਾ ਆਉਂਦੀ ਹੈ।ਬ੍ਰਿਸ ਭਾਨ ਬੁਜਰਕ ਨੇ ਕਿਹਾ ਕਿ ਸਾਲ 2005 ਤੋਂ ਬਾਅਦ ਪੰਜਾਬ ਵਿੱਚੋਂ ਸੂਚਨਾ ਐਕਟ ਨੂੰ ਖਤਮ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਾਰਦਰਸ਼ਤਾ ਵਾਲੀ ਸਰਕਾਰ ਤੇ ਪ੍ਰਸ਼ਾਸਨ ਦੇਣ ਦੀਆਂ ਗੱਲਾਂ ਕਰਨੀਆਂ ਵੀ ਸਭ ਤੋਂ ਵੱਡਾ ਢੌਂਗ ਹੈ, ਕਿਉਂਕਿ ਸਰਕਾਰ ਵੱਲੋਂ ਆਰ ਟੀ ਆਈ ਐਕਟ ਨੂੰ ਖਤਮ ਕਰਨ ਦਾ ਹਰ ਹੀਲਾ ਵਰਤਿਆ ਜਾ ਰਿਹਾ ਹੈ।ਸਰਕਾਰ ਵੱਲੋਂ ਕੀਤੇ ਜਾ ਰਹੇ ਨਜਾਇਜ਼ ਖਰਚਿਆਂ ਦਾ ਕੋਈ ਰਿਕਾਰਡ ਨਹੀਂ ਦਿੱਤਾ ਜਾ ਰਿਹਾ।ਸੂਚਨਾ ਕਮਿਸ਼ਨ ਕੋਲ ਸਾਲ 2023 ਤੋਂ ਲੈ ਕੇ ਸਾਲ 2024 ਤੱਕ ਇਕੱਲੇ ਮੇਰੇ ਹੀ 11 ਤੋਂ ਵੱਧ ਮਾਮਲੇ ਸੁਣਵਾਈ ਦੀ ਉਡੀਕ ਕਰ ਰਹੇ ਹਨ।

ਇਨ੍ਹਾਂ ਮਾਮਲਿਆਂ 'ਚੋਂ ਜ਼ਿਆਦਾਤਰ ਮਾਮਲੇ ਪੰਜਾਬ ਸਰਕਾਰ ਦੇ ਕੰਮਾਂ ਕਾਰਾਂ ਨਾਲ ਸਬੰਧਤ ਹਨ।ਪੰਜਾਬ ਸਰਕਾਰ ਵੱਲੋਂ ਸੂਚਨਾ ਐਕਟ ਵਾਲੇ ਮਾਮਲੇ 'ਤੇ ਕੋਈ ਬਹੁਤਾ ਧਿਆਨ ਨਹੀਂ ਦਿੱਤਾ ਜਾ ਰਿਹਾ, ਜਦੋਂਕਿ ਭਗਵੰਤ ਸਿੰਘ ਮਾਨ ਆਪਣੇ ਆਪ ਨੂੰ ਇਨਕਲਾਬੀ ਤੇ ਸ਼ਹੀਦ ਭਗਤ ਸਿੰਘ ਦੀ ਸੋਚ ਦਾ ਵਾਰਸ ਸਮਝਦਾ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਪੰਜਾਬ 'ਚ ਸੂਚਨਾ ਅਧਿਕਾਰ ਐਕਟ ਦਾ ਭੋਗ ਪਾਇਆ ਜਾਣਾ ਇਨਕਲਾਬੀ ਸੋਚ ਨੂੰ ਖੁੰਢਾ ਕਰ ਰਹੀ ਹੈ ਤੇ ਲੋਕ ਆਪਣੇ ਕੇਸਾਂ ਦੀ ਸੁਣਵਾਈ ਉਡੀਕ ਰਹੇ ਹਨ।

## ਹੋਲੀ ਹਾਰਟ ਸਕੂਲ 'ਚ ਉੱਚ ਸਿੱਖਿਆ ਤੇ ਸੁਵਿਧਾਵਾਂ : ਸੁਭਾਸ਼ ਪਲਤਾ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਬੱਚਿਆਂ ਨੂੰ ਉੱਚ ਦਰਜੇ ਦੀ ਸਿੱਖਿਆ ਦੇਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਸਕੂਲ ਦਾ ਸੁੰਦਰ ਤੇ ਸਾਫ਼-ਸੁਥਰਾ ਵਾਤਾਵਰਣ ਵਿਦਿਆਰਥੀਆਂ ਨੂੰ ਪੜ੍ਹਾਈ ਵੱਲ ਪ੍ਰੇਰਿਤ ਕਰਦਾ ਹੈ।ਸਕੂਲ ਦੀ ਵਿਸ਼ਾਲ ਤੇ ਆਕਰਸ਼ਕ ਇਮਾਰਤ, ਖੁੱਲ੍ਹਾ ਮੈਦਾਨ ਤੇ ਸਜਾਵਟੀ ਬਾਗ਼ਬਾਨੀ ਬੱਚਿਆਂ ਲਈ ਬਹੁਤ ਹੀ ਵਧੀਆ ਸਿੱਖਿਆਤਮਕ ਮਾਹੌਲ ਤਿਆਰ ਕਰਦੇ ਹਨ।ਇੱਥੇ ਬੱਚਿਆਂ ਨੂੰ ਸਿਰਫ਼ ਕਿਤਾਬੀ ਗਿਆਨ ਹੀ ਨਹੀਂ ਦਿੱਤਾ ਜਾਂਦਾ, ਸਗੋਂ ਉਨ੍ਹਾਂ ਦੇ ਨੈਤਿਕ ਗੁਣਾਂ, ਅਨੁਸ਼ਾਸਨ ਤੇ ਆਤਮਵਿਸ਼ਵਾਸ ਨੂੰ ਵੀ ਵਿਕਸਤ ਕਰਨ ਲਈ ਖ਼ਾਸ ਧਿਆਨ ਦਿੱਤਾ ਜਾਂਦਾ ਹੈ।ਸਕੂਲ ਪ੍ਰਬੰਧਕ ਕਮੇਟੀ ਤੇ ਪ੍ਰਿੰਸੀਪਲ ਦੀ ਅਗਵਾਈ ਹੇਠ ਅਧਿਆਪਕ ਵਿਦਿਆਰਥੀਆਂ ਨੂੰ ਆਧੁਨਿਕ ਤਰੀਕਿਆਂ ਨਾਲ ਪੜ੍ਹਾਉਂਦੇ ਹਨ।ਸਮੇਂ-ਸਮੇਂ 'ਤੇ ਸਕੂਲ ਵਿੱਚ ਵੱਖ-ਵੱਖ ਸਿੱਖਿਆਤਮਕ, ਸੱਭਿਆਚਾਰਕ ਤੇ ਖੇਡ ਮੁਕਾਬਲੇ ਕਰਵਾਏ ਜਾਂਦੇ ਹਨ, ਜਿਨ੍ਹਾਂ ਵਿੱਚ ਬੱਚੇ ਬੜੇ ਉਤਸ਼ਾਹ ਨਾਲ ਭਾਗ ਲੈਂਦੇ ਹਨ।ਇਨ੍ਹਾਂ ਗਤੀਵਿਧੀਆਂ ਰਾਹੀਂ ਬੱਚਿਆਂ ਦੀ ਪ੍ਰਤਿਭਾ ਨੂੰ ਉਭਾਰਨ ਦਾ ਮੌਕਾ ਮਿਲਦਾ ਹੈ।ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਅਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਕਿਹਾ ਕਿ ਹੋਲੀ ਹਾਰਟ ਸਕੂਲ ਅਜੀਤਵਾਲ ਬੱਚਿਆਂ ਦੇ ਭਵਿੱਖ ਨੂੰ ਚਮਕਦਾਰ ਬਣਾਉਣ ਲਈ ਲਗਾਤਾਰ ਅੱਗੇ ਵੱਧ ਰਿਹਾ ਹੈ ਅਤੇ ਇਲਾਕੇ ਵਿੱਚ ਸਿੱਖਿਆ ਦੇ ਖੇਤਰ ਵਿੱਚ ਆਪਣੀ ਵੱਖਰੀ ਪਹਿਚਾਣ ਬਣਾ ਰਿਹਾ ਹੈ।

## ਐੱਲ ਪੀ ਜੀ ਸਪਲਾਈ ਯਕੀਨੀ ਬਣਾਉਣ ਲਈ ਵੱਖ-ਵੱਖ ਥਾਵਾਂ 'ਤੇ ਚੈਕਿੰਗ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਘਰੇਲੂ ਐੱਲ ਪੀ ਜੀ ਸਿਲੰਡਰਾਂ ਦੀ ਗ਼ੈਰ-ਕਾਨੂੰਨੀ ਵਰਤੋਂ ਤੇ ਕਾਲਾਬਾਜ਼ਾਰੀ ਨੂੰ ਰੋਕਣ ਲਈ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਦੀਆਂ ਹਦਾਇਤਾਂ ਅਨੁਸਾਰ ਫ਼ੂਡ ਸਪਲਾਈ ਵਿਭਾਗ ਵੱਲੋਂ ਵੱਖ ਵੱਖ ਥਾਵਾਂ 'ਤੇ ਚੈਕਿੰਗ ਕੀਤੀ ਗਈ।ਜ਼ਿਲ੍ਹਾ ਖੁਰਾਕ ਸਪਲਾਈ ਵਿਭਾਗ ਵੱਲੋਂ ਸਟਾਕ ਸਥਿਤੀਆਂ ਦੀ ਜਾਂਚ ਕਰਨ ਸਮੇਤ ਖਪਤਕਾਰਾਂ ਨੂੰ ਐੱਲ ਪੀ ਜੀ ਸਿਲੰਡਰਾਂ ਦੀ ਸੁਚਾਰੂ ਸਪਲਾਈ ਯਕੀਨੀ ਬਣਾਉਣ ਲਈ ਗੈਸ ਏਜੰਸੀਆਂ ਦਾ ਨਿਰੀਖਣ ਕੀਤਾ।ਇਸ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਵਿੱਚ ਸਿਲੰਡਰਾਂ ਦੀ ਸਪਲਾਈ ਆਮ ਤੇ ਕਾਫ਼ੀ ਹੈ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਫਵਾਹਾਂ ਦੇ ਆਧਾਰ 'ਤੇ ਘਬਰਾਉਣ ਜਾਂ ਬੇਲੋੜੀ ਘਬਰਾਹਟ ਬੁਕਿੰਗ ਜਾਂ ਜਮ੍ਹਾਂਖੋਰੀ ਵਿੱਚ ਸ਼ਾਮਲ ਨਾ ਹੋਣ ਦੀ ਅਪੀਲ ਕੀਤੀ।ਉਨ੍ਹਾਂ ਇਹ ਵੀ ਚੇਤਾਵਨੀ ਦਿੱਤੀ ਕਿ ਘਰੇਲੂ ਗੈਸ ਸਿਲੰਡਰਾਂ ਦੀ ਕਾਲਾਬਾਜ਼ਾਰੀ ਜਾਂ ਗ਼ੈਰਕਾਨੂੰਨੀ ਵਰਤੋਂ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਅਜਿਹੀਆਂ ਕਾਰਵਾਈਆਂ ਜਾਰੀ ਰਹਿਣਗੀਆਂ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਘਰੇਲੂ ਐੱਲਪੀਜੀ ਸਿਲੰਡਰਾਂ ਦੀ ਵਪਾਰਕ ਉਦੇਸ਼ਾਂ ਲਈ ਦੁਰਵਰਤੋਂ ਨਾ ਕੀਤੀ ਜਾਵੇ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਸਬੰਧ 'ਚ ਵਿਸ਼ੇਸ਼ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ ਜਿੱਥੇ 01642921552 ਨੰਬਰ ਉੱਤੇ ਸਵੇਰ 8 ਤੋਂ ਸ਼ਾਮ 8 ਵਜੇ ਤੱਕ ਸੰਪਰਕ ਕੀਤਾ ਜਾ ਸਕਦਾ ਹੈ।ਇਸੇ ਦੌਰਾਨ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼ ਕੰਟਰੋਲਰ ਬਠਿੰਡਾ ਦਲਜੀਤ ਸਿੰਘ ਸੰਧੂ ਨੇ ਦੱਸਿਆ ਕਿ ਟੀਮਾਂ ਵੱਲੋਂ ਹਾਜੀ ਰਤਨ ਰੋਡ ਤੇ ਮੁਲਤਾਨੀਆ ਰੋਡ ਵਿਖੇ ਚੈਕਿੰਗ ਕੀਤੀ ਗਈ।

## ਪੰਥਕ ਤੇ ਪੰਜਾਬ ਦੀ ਬਿਹਤਰੀ ਲਈ ਲੜਨ ਵਾਲੇ ਸੰਗਠਨ 28 ਦੀ ਵਾਹਗਾ ਰੈਲੀ 'ਚ ਪਹੁੰਚਣ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਇਜ਼ਰਾਈਲ-ਅਮਰੀਕਾ ਤੇ ਈਰਾਨ ਦੀ ਜੰਗ ਦੀ ਬਦੌਲਤ ਕੌਮਾਂਤਰੀ ਪੱਧਰ 'ਤੇ ਪ੍ਰਸਥਿਤੀਆਂ ਬਹੁਤ ਬਦਲ ਗਈਆਂ ਹਨ।ਵਪਾਰਕ, ਕਿਸਾਨੀ ਤੇ ਹੋਰ ਖਾਧ ਪਦਾਰਥਾਂ ਦੀਆਂ ਵਸਤਾਂ ਦੇ ਅਦਾਨ-ਪ੍ਰਦਾਨ ਵਿੱਚ ਵੱਡੀਆਂ ਮੁਸ਼ਕਲਾਂ ਖੜ੍ਹੀਆਂ ਹੋ ਗਈਆਂ ਹਨ। ਪਹਿਲੇ ਇਹ ਸਭ ਵਪਾਰ ਝਬਾਰ ਬੰਦਰਗਾਹ ਰਾਹੀਂ ਖੁੱਲ੍ਹੇ ਤੌਰ 'ਤੇ ਚੱਲਦਾ ਸੀ, ਜਿਸ ਨਾਲ ਸਾਡੇ ਉਤਪਾਦ ਬਾਹਰਲੇ ਮੁਲਕਾਂ ਵਿੱਚ ਇਸ ਬੰਦਰਗਾਹ ਰਾਹੀ ਜਾਂਦੇ ਸਨ ਤੇ ਸਾਨੂੰ ਤੇਲ, ਡੀਜ਼ਲ, ਪੈਟ੍ਰੋਲੀਅਮ ਨਾਲ ਸੰਬੰਧਤ ਵਸਤਾਂ ਇਸ ਬੰਦਰਗਾਹ ਰਾਹੀਂ ਸੌਖੇ ਮਿਲ ਜਾਂਦੇ ਸਨ, ਪਰ ਕੌਮਾਂਤਰੀ ਜੰਗ ਦੇ ਵਧਣ ਕਾਰਨ ਹੁਣ ਇੰਡੀਆ ਦੇ ਨਿਵਾਸੀਆਂ ਨੂੰ ਉਪਰੋਕਤ ਪੈਟ੍ਰੋਲੀਅਮ, ਡੀਜ਼ਲ ਨਾਲ ਸੰਬੰਧਤ ਵਸਤਾਂ ਪ੍ਰਾਪਤ ਕਰਨ ਤੇ ਆਪਣੀਆਂ ਵਸਤਾਂ ਬਾਹਰ ਭੇਜਣ ਵਿੱਚ ਬਹੁਤ ਮੁਸ਼ਕਲ ਉਤਪੰਨ ਹੋ ਚੁੱਕੀ ਹੈ।ਇਸ ਲਈ ਪੰਜਾਬੀਆਂ ਦੀ ਆਰਥਿਕਤਾ ਨੂੰ ਕਾਇਮ ਰੱਖਣ ਹਿੱਤ ਤੇ ਆਪਣੇ ਵਪਾਰ ਨੂੰ ਪ੍ਰਫੁੱਲਿਤ ਕਰਨ ਹਿੱਤ ਇਹ ਅਤਿ ਜ਼ਰੂਰੀ ਬਣ ਗਿਆ ਹੈ ਕਿ ਆਪਣਾ ਵਾਹਗਾ ਦੀ ਸਰਹੱਦ ਜੋ ਕੌਮਾਂਤਰੀ ਵਪਾਰ ਲਈ ਬਹੁਤ ਲਾਹੇਵੰਦ ਹੈ।ਉਸ ਨੂੰ ਤੁਰੰਤ ਇੰਡੀਅਨ ਹੁਕਮਰਾਨਾਂ 'ਤੇ ਦਬਾਅ ਪਾ ਕੇ ਤੇ ਦਲੀਲ ਸਹਿਤ ਗੱਲਬਾਤ ਕਰਕੇ ਖੁੱਲ੍ਹਵਾਇਆ ਜਾਵੇ।ਇਸੇ ਮਕਸਦ ਨੂੰ ਮੁੱਖ ਰੱਖ ਕੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ 28 ਮਾਰਚ ਨੂੰ ਵਾਹਗਾ ਸਰਹੱਦ ਉੱਤੇ ਸਮੂਹਕ ਤੌਰ 'ਤੇ ਪੰਜਾਬੀਆਂ ਦੇ ਸਹਿਯੋਗ ਨਾਲ ਵੱਡੀ ਰੈਲੀ ਕੀਤੀ ਜਾ ਰਹੀ ਹੈ, ਜਿਸ ਵਿੱਚ ਸਭ ਕਿਸਾਨ ਜਥੇਬੰਦੀਆਂ, ਇਨਸਾਫ਼ ਮੋਰਚਾ ਕਮੇਟੀ, ਦਲ ਖਾਲਸਾ, ਸਿੱਖ ਸਟੂਡੈਂਟ ਫੈਡਰੇਸ਼ਨਾਂ, ਵੱਖ-ਵੱਖ ਵਿਚਰ ਰਹੇ ਪੰਜਾਬ ਵਿੱਚ ਸਿਆਸੀ, ਧਾਰਮਿਕ ਸੰਗਠਨਾਂ, ਮਜ਼ਦੂਰ ਯੂਨੀਅਨਾਂ, ਵਿਦਿਆਰਥੀ ਯੂਨੀਅਨਾਂ, ਟਰੇਡ ਯੂਨੀਅਨ ਆਦਿ ਸਭ ਨੂੰ ਇਸ ਰੈਲੀ ਵਿੱਚ ਪਹੁੰਚਣ ਲਈ ਸਤਿਕਾਰ ਸਹਿਤ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ।ਇਹ ਵਿਚਾਰ ਸ੍ਰ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ 28 ਮਾਰਚ ਨੂੰ ਵਾਹਗਾ ਸਰਹੱਦ ਉਤੇ ਹੋਣ ਵਾਲੀ ਉਹ ਰੈਲੀ ਵਿੱਚ ਪੰਜਾਬ ਨਾਲ ਸੰਬੰਧਤ ਸਮੂਹ ਧਿਰਾਂ ਨੂੰ ਹੁੰਮ-ਹੁਮਾ ਕੇ ਸ਼ਮੂਲੀਅਤ ਕਰਨ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ।

ਉਨ੍ਹਾਂ ਕਿਹਾ ਕਿ ਸਾਡੀਆਂ ਜ਼ਿਮੀਂਦਾਰ ਦੀਆਂ ਪੈਦਾਵਾਰ ਹੋਣ ਵਾਲੀਆਂ ਸਬਜ਼ੀਆਂ, ਜਿਨਸਾਂ, ਛੋਟੇ ਵਪਾਰੀਆਂ ਦੀਆਂ ਉਤਪਾਦ ਵਸਤਾਂ ਨੂੰ ਸਹੀ ਕੀਮਤਾਂ ਉੱਤੇ ਇਰਾਕ, ਇਰਾਨ, ਸੀਰੀਆ, ਮੱਧ ਏਸ਼ੀਆ, ਗਲਫ ਮੁਲਕਾਂ ਵਿੱਚ ਵੇਚਣ ਲਈ ਤੇ ਦੂਸਰਾ ਇਨ੍ਹਾਂ ਮੁਲਕਾਂ ਰਾਹੀਂ ਸਮੁੰਦਰੀ ਆਵਾਜਾਈ ਰਾਹੀਂ ਗੈਸ, ਪੈਟ੍ਰੋਲੀਅਮ ਪ੍ਰਾਪਤ ਹੋਣ ਵਿੱਚ ਸੰਕਟ ਖੜ੍ਹਾ ਹੋ ਗਿਆ ਹੈ, ਉਸ ਨੂੰ ਹੱਲ ਕਰਨ ਲਈ ਜ਼ਰੂਰੀ ਹੈ ਕਿ ਇਨ੍ਹਾਂ ਸਰਹੱਦਾਂ ਨੂੰ ਹੁਣ ਤੁਰੰਤ ਖੋਲ੍ਹਿਆ ਜਾਵੇ।

## ਖੱਪਿਆਂਵਾਲ਼ੀ 'ਚ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਭਲਕੇ

**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ, ਸ਼ਮਿੰਦਰਪਾਲ, ਪੂਜਾ)**-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਪਿੰਡ ਖੱਪਿਆਂਵਾਲ਼ੀ ਦੇ ਗੁਰਦੁਆਰਾ ਸਾਹਿਬ ਵਿਖੇ 18 ਮਾਰਚ ਬੁੱਧਵਾਰ ਨੂੰ ਸਵੇਰੇ 9 ਵਜੇ ਤੋਂ 2 ਵਜੇ ਤੱਕ 738ਵਾਂ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਡਾਕਟਰ ਸੁਨੀਲ ਬਾਂਸਲ ਸਿਵਲ ਸਰਜਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਰਹਿਨੁਮਾਈ ਹੇਠ ਲਗਾਇਆ ਜਾ ਰਿਹਾ ਹੈ।ਇਸ ਦੌਰਾਨ ਡਾਕਟਰ ਹਰਸ਼ਪ੍ਰੀਤ ਕੌਰ ਮਹਿੰਦਰਾ ਆਈ ਸਪੈਸ਼ਲਿਸਟ ਅੱਖਾਂ ਦੀ ਜਾਂਚ ਕਰਨਗੇ ਅਤੇ ਦਵਾਈਆਂ ਤੇ ਐਨਕਾਂ ਮੁਫ਼ਤ ਦਿੱਤੀਆਂ ਜਾਣਗੀਆਂ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਲੰਗਰ ਤੇ ਹੋਰ ਸੇਵਾ ਲਈ ਕਮੇਟੀ ਤੇ ਪਿੰਡ ਦੀ ਨਗਰ ਪੰਚਾਇਤ ਵੱਲੋਂ ਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਭਰਪੂਰ ਸਹਿਯੋਗ ਦਿੱਤਾ ਜਾ ਰਿਹਾ ਹੈ।ਇਸ ਮੌਕੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ੍ਰੀ ਮੁਕਤਸਰ ਸਾਹਿਬ ਟੀਮ ਦੇ ਸਮੂਹ ਸੇਵਾਦਾਰ ਹਾਜ਼ਰ ਸਨ।

## ਪੈਨਸ਼ਨਰ ਡਿਜੀਟਲ ਲਾਈਫ ਸਰਟੀਫ਼ਿਕੇਟ ਜਮ੍ਹਾਂ ਕਰਵਾਉਣ : ਖ਼ਜ਼ਾਨਾ ਅਫ਼ਸਰ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਸੇਵਾ-ਮੁਕਤ ਪੈਨਸ਼ਨਰਾਂ ਦੀ ਸਹੂਲਤ ਤੇ ਪਾਰਦਰਸ਼ਤਾ ਲਈ ਡਿਜੀਟਲ ਲਾਈਫ ਸਰਟੀਫਿਕੇਟ (ਜੀਵਨ ਪ੍ਰਮਾਣ) ਜਮ੍ਹਾਂ ਕਰਵਾਉਣਾ ਲਾਜ਼ਮੀ ਕਰ ਦਿੱਤਾ ਗਿਆ ਹੈ।ਇਹ ਜਾਣਕਾਰੀ ਜ਼ਿਲ੍ਹਾ ਖਜ਼ਾਨਾ ਅਫ਼ਸਰ ਤਜਿੰਦਰ ਸਿੰਘ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਕਈ ਪੈਨਸ਼ਨਰਾਂ ਵੱਲੋਂ ਅਜੇ ਤੱਕ ਵੀ ਬੈਂਕਾਂ ਵਿੱਚ ਮੈਨੂਅਲ ਸਰਟੀਫਿਕੇਟ ਜਮ੍ਹਾਂ ਕਰਵਾਏ ਗਏ ਹਨ, ਜੋ ਕਿ ਹੁਣ ਮਾਨਤਾ ਪ੍ਰਾਪਤ ਨਹੀਂ ਹੋਣਗੇ।ਉਨ੍ਹਾਂ ਕਿਹਾ ਕਿ ਆਪਣੀ ਪੈਨਸ਼ਨ ਨੂੰ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰੱਖਣ ਲਈ ਤੁਰੰਤ ਆਪਣਾ ਡਿਜੀਟਲ ਸਰਟੀਫਿਕੇਟ ਨਜ਼ਦੀਕੀ ਖਜ਼ਾਨਾ ਦਫ਼ਤਰ, ਸਬੰਧਤ ਬੈਂਕ ਦੀ ਬ੍ਰਾਂਚ ਜਾਂ ਸੇਵਾ ਕੇਂਦਰ ਵਿਖੇ ਜਮ੍ਹਾਂ ਕਰਵਾਇਆ ਜਾ ਸਕਦਾ ਹੈ।ਇਸ ਤੋਂ ਇਲਾਵਾ ਡੋਰ-ਸਟੈਪ ਡਿਲਿਵਰੀ : ਤੁਸੀਂ ਰਾਜ ਸਰਕਾਰ ਦੀ 'ਘਰ ਬੈਠੇ ਸੇਵਾ' ਰਾਹੀਂ 1076 'ਤੇ ਕਾਲ ਕਰਕੇ ਵੀ ਇਸ ਸੁਵਿਧਾ ਦਾ ਲਾਭ ਲਿਆ ਜਾ ਸਕਦਾ ਹੈ।ਇਸੇ ਤਰ੍ਹਾਂ ਪੈਨਸ਼ਰ ਘਰ ਬੈਠੇ ਹੀ ਜੀਵਨ ਪ੍ਰਮਾਣ ਪੱਤਰ ਐਪ ਡਾਊਨਲੋਡ ਕਰਕੇ ਵੀ ਇਹ ਪ੍ਰਕਿਰਿਆ ਪੂਰੀ ਕਰ ਸਕਦੇ ਹਨ।ਜ਼ਿਲ੍ਹਾ ਖਜ਼ਾਨਾ ਅਫ਼ਸਰ ਨੇ ਸਮੂਹ ਪੈਨਸ਼ਨਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ (ਜੀਵਨ ਪ੍ਰਮਾਣ) 31 ਮਾਰਚ 2026 ਤੋਂ ਪਹਿਲਾਂ-ਪਹਿਲਾਂ ਜਮ੍ਹਾਂ ਕਰਵਾਉਣਾ ਯਕੀਨੀ ਬਣਾਉਣ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

## ਨੈਸ਼ਨਲ ਲੋਕ ਅਦਾਲਤ 'ਚ 16,623 ਕੇਸਾਂ ਦਾ ਨਿਪਟਾਰਾ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਮਾਣਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ (ਮੋਹਾਲੀ) ਦੇ ਦਿਸ਼ਾ-ਨਿਰਦੇਸ਼ਾਂ ਹੇਠ ਸ. ਧਰਮਿੰਦਰ ਪਾਲ ਸਿੰਗਲਾ, ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਦੀ ਅਗਵਾਈ ਤੇ ਰਹਿਨੁਮਾਈ ਹੇਠ 14 ਮਾਰਚ ਨੂੰ ਜ਼ਿਲ੍ਹਾ ਫਾਜ਼ਿਲਕਾ, ਅਬੋਹਰ ਤੇ ਜਲਾਲਾਬਾਦ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਸਫਲ ਆਯੋਜਨ ਕੀਤਾ ਗਿਆ।ਇਸ ਲੋਕ ਅਦਾਲਤ ਦੌਰਾਨ ਦੋਨਾਂ ਪਾਰਟੀਆਂ ਦੀ ਆਪਸੀ ਸਹਿਮਤੀ ਨਾਲ ਕਈ ਲੰਬਿਤ ਤੇ ਪ੍ਰੀ-ਲਿਟੀਗੇਸ਼ਨ ਕੇਸਾਂ ਦਾ ਨਿਪਟਾਰਾ ਕਰਵਾਇਆ ਗਿਆ, ਜਿਸ ਨਾਲ ਪਾਰਟੀਆਂ ਨੂੰ ਤੁਰੰਤ ਤੇ ਸਸਤਾ ਇਨਸਾਫ ਪ੍ਰਾਪਤ ਹੋਇਆ।ਇਸ ਲੋਕ ਅਦਾਲਤ ਵਿੱਚ ਜ਼ਿਲ੍ਹਾ ਫਾਜ਼ਿਲਕਾ ਵਿੱਚ ਕੁੱਲ 10 ਬੈਂਚਾਂ ਦਾ ਗਠਨ ਕੀਤਾ ਗਿਆ, ਜਿਸ ਵਿੱਚ 5 ਬੈਂਚ ਫਾਜ਼ਿਲਕਾ, 3 ਬੈਂਚ ਅਬੋਹਰ ਤੇ 2 ਬੈਂਚ ਜਲਾਲਾਬਾਦ ਵਿਖੇ ਲਗਾਏ ਗਏ।

ਇਸ ਮੌਕੇ ਸੈਸ਼ਨ ਜੱਜ ਸ੍ਰ. ਅਜੀਤ ਪਾਲ ਸਿੰਘ ਨੇ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਕੁੱਲ 17,710 ਕੇਸ ਸੁਣਵਾਈ ਲਈ ਰੱਖੇ ਗਏ ਸਨ, ਜਿਨ੍ਹਾਂ ਵਿੱਚੋਂ 16,623 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਤੇ ਕੁੱਲ ਰੁਪਏ 13,74,66,427/- ਦੇ ਅਵਾਰਡ ਪਾਸ ਕੀਤੇ ਗਏ।ਉਨ੍ਹਾਂ ਕਿਹਾ ਕਿ ਲੋਕ ਅਦਾਲਤਾਂ ਰਾਹੀਂ ਕੇਸਾਂ ਦਾ ਨਿਪਟਾਰਾ ਕਰਵਾਉਣਾ ਨਿਆਂ ਪ੍ਰਣਾਲੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।ਇਸ ਨਾਲ ਅਦਾਲਤਾਂ ਵਿੱਚ ਲੰਬਿਤ ਕੇਸਾਂ ਦੀ ਗਿਣਤੀ ਘਟਦੀ ਹੈ ਤੇ ਲੋਕਾਂ ਨੂੰ ਛੇਤੀ ਨਿਆਂ ਮਿਲਦਾ ਹੈ।ਮੈਡਮ ਰੁਚੀ ਸਵੱਪਨ ਸ਼ਰਮਾ ਮਾਣਯੋਗ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਦੱਸਿਆ ਕਿ ਲੋਕ ਅਦਾਲਤਾਂ ਰਾਹੀਂ ਆਮ ਲੋਕਾਂ ਨੂੰ ਤੁਰੰਤ ਅਤੇ ਸਸਤਾ ਇਨਸਾਫ ਮਿਲਦਾ ਹੈ।ਇਸ ਸੰਬੰਧੀ ਵਧੇਰੀ ਜਾਣਕਾਰੀ ਲਈ ਟੋਲ ਫ੍ਰੀ ਨੰਬਰ 15100, ਦਫ਼ਤਰ ਨੰਬਰ 01638-261500 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਨੈਸ਼ਨਲ ਲੋਕ ਅਦਾਲਤ 'ਚ ਕਈ ਮਾਮਲਿਆਂ ਨੂੰ ਰਾਜ਼ੀਨਾਮੇ ਨਾਲ ਨਿਪਟਾਇਆ





**ਅਮਲੋਹ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਤਿਹਗੜ੍ਹ ਸਾਹਿਬ ਵੱਲੋਂ ਕਰਵਾਈ ਗਈ ਨੈਸ਼ਨਲ ਲੋਕ ਅਦਾਲਤ ਵਿੱਚ ਆਮ ਲੋਕਾਂ ਦੇ ਕਈ ਲੰਬੇ ਅਰਸੇ ਤੋਂ ਚੱਲ ਰਹੇ ਮਾਮਲਿਆਂ ਦਾ ਰਾਜ਼ੀਨਾਮੇ ਰਾਹੀਂ ਨਿਪਟਾਰਾ ਕੀਤਾ ਗਿਆ।ਤੁਰੰਤ ਤੇ ਸਸਤਾ ਨਿਆਂ ਪ੍ਰਦਾਨ ਕਰਨ ਦੇ ਮੰਤਵ ਨਾਲ ਵੱਖ-ਵੱਖ ਝਗੜਿਆਂ ਨੂੰ ਆਪਸੀ ਸਮਝੌਤੇ ਨਾਲ ਹੱਲ ਕੀਤਾ ਗਿਆ, ਜਿਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੀ।ਸਿਵਿਲ ਜੱਜ (ਜੂਨੀਅਰ ਡਵੀਜ਼ਨ) ਅਮਲੋਹ ਮੈਡਮ ਖਿਆਤੀ ਗੋਇਲ ਦੀ ਅਦਾਲਤ ਵਿੱਚ ਕਈ ਕੇਸਾਂ ਦੀ ਸੁਣਵਾਈ ਹੋਈ, ਜਿੱਥੇ ਦੋਵਾਂ ਪਾਸਿਆਂ ਦੀ ਪੂਰੀ ਰਜ਼ਾਮੰਦੀ ਤੇ ਸਹਿਮਤੀ ਨਾਲ ਮਾਮਲੇ ਨਿਪਟਾਏ ਗਏ।ਇਸ ਨਾਲ ਲੋਕਾਂ ਨੂੰ ਲੰਮੀ ਕਾਨੂੰਨੀ ਪ੍ਰਕਿਰਿਆ ਤੋਂ ਛੁਟਕਾਰਾ ਮਿਲ ਗਿਆ।ਲੋਕ ਅਦਾਲਤ ਦੇ ਮੈਂਬਰ ਬੂਟਾ ਸਿੰਘ, ਨਵਜੋਤ ਧੀਮਾਨ ਐਡਵੋਕੇਟ, ਅਵਤਾਰ ਸਿੰਘ, ਸਤਨਾਮ ਸਿੰਘ ਭਗੜਾਣਾ (ਪ੍ਰਧਾਨ, ਬਾਰ ਐਸੋਸੀਏਸ਼ਨ), ਸੀਨੀਅਰ ਵਕੀਲ ਸੋਨੀ ਧਾਮੀ ਸਮੇਤ ਹੋਰ ਕਈ ਵਕੀਲ ਵੀ ਮੌਕੇ 'ਤੇ ਹਾਜ਼ਰ ਰਹੇ।ਉਨ੍ਹਾਂ ਮਾਮਲਿਆਂ ਨੂੰ ਸਮਝੌਤੇ ਨਾਲ ਨਿਪਟਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਲੋਕ ਅਦਾਲਤ ਵਿੱਚ ਪਹੁੰਚੇ ਲੋਕਾਂ ਨੇ ਇਸ ਪ੍ਰਕਿਰਿਆ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ ਤੇ ਕਿਹਾ ਕਿ ਇਹ ਨਾ ਸਿਰਫ਼ ਸਮਾਂ ਤੇ ਖਰਚੇ ਦੀ ਬੱਚਤ ਕਰਦੀ ਹੈ, ਸਗੋਂ ਝਗੜਿਆਂ ਦਾ ਜਲਦੀ ਤੇ ਨਿਰਪੱਖ ਹੱਲ ਵੀ ਹੁੰਦਾ ਹੈ।

# ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਜਾਇਦਾਦ ਕਮੇਟੀ ਦੀ ਇਕੱਤਰਤਾ

**ਗੁਰਦੁਆਰਾ ਪ੍ਰਬੰਧ ਅਧੀਨ ਚੱਲ ਰਹੇ ਸਰਾਵਾਂ ਸਮੇਤ ਵੱਖ-ਵੱਖ ਕਾਰਜ ਜਲਦ ਹੋਣਗੇ ਮੁਕੰਮਲ : ਪ੍ਰੋ. ਬਡੂੰਗਰ, ਜਥੇਦਾਰ ਗੜ੍ਹੀ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਜਾਇਦਾਦ ਸਬ ਕਮੇਟੀ ਦੀ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਦੀ ਪ੍ਰਧਾਨਗੀ ਹੇਠ ਹੋਈ।ਇਸ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ ਤੇ ਬੀਬੀ ਕੁਲਦੀਪ ਕੌਰ ਟੌਹੜਾ ਆਦਿ ਉਚੇਚੇ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਇਕੱਤਰਤਾ ਦੌਰਾਨ ਲਏ ਗਏ ਫੈਸਲਿਆਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਕੋਲ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ, ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਵਿਖੇ ਚੱਲ ਰਹੇ ਨਿਰਮਾਣ ਕਾਰਜਾਂ ਨੂੰ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਪਾਸ ਵੱਖ ਵੱਖ ਮਤਿਆਂ ਨੂੰ ਲਿਜਾਇਆ ਗਿਆ, ਜਿਸ ਦੀ ਜਾਇਦਾਦ ਸਬ ਕਮੇਟੀ ਦੀ ਬੈਠਕ ਵਿੱਚ ਲਿਆਂਦੇ ਗਏ ਮਤਿਆਂ ਤੋਂ ਬਾਅਦ ਪ੍ਰਵਾਨਗੀ ਦੀ ਆਸ ਵਿੱਚ ਵੱਖ ਵੱਖ ਮਤਿਆਂ ਨੂੰ ਪਾਸ ਕਰ ਲਿਆ ਗਿਆ ਹੈ।ਇਸ ਦੌਰਾਨ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਦੱਸਿਆ ਕਿ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੇ ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ ਜਥੇਦਾਰ ਜਸਮੇਰ ਸਿੰਘ ਲਾਛੜੂ, ਜਥੇਦਾਰ ਕੁਲਦੀਪ ਸਿੰਘ ਨੱਸੂਪੁਰ, ਬੀਬੀ ਕੁਲਦੀਪ ਕੌਰ ਟੌਹੜਾ ਦੀ ਮੌਜੂਦਗੀ ਵਿੱਚ ਵੱਖ ਵੱਖ ਕਾਰਜਾਂ ਸਬੰਧੀ ਮਤੇ ਲਿਆਂਦੇ ਗਏ ਸਨ, ਉਨ੍ਹਾਂ ਮਤਿਆਂ ਨੂੰ ਪ੍ਰਵਾਨ ਕਰ ਲਿਆ ਗਿਆ ਹੈ, ਜੋ ਅਗਾਮੀ ਮਹੀਨਿਆਂ ਵਿੱਚ ਜਲਦ ਮੁਕੰਮਲ ਕਰ ਲਏ ਜਾਣਗੇ।ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਨਵੇਂ ਜੋੜਾ ਘਰ, ਬੇਸਮੈਂਟ, ਲੰਗਰਾਂ ਦੇ ਨਵੀਨੀਕਰਨ ਸਮੇਤ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਵਿਖੇ ਸਰਾਵਾਂ ਦੇ ਚੱਲ ਰਹੇ ਕਾਰਜ ਜਲਦ ਸੰਗਤਾਂ ਨੂੰ ਸਮਰਪਤ ਕੀਤੇ ਜਾਣਗੇ।

ਜਥੇਦਾਰ ਗੜ੍ਹੀ ਨੇ ਦੱਸਿਆ ਕਿ ਨਵੇਂ ਕੜਾਹ ਪ੍ਰਸ਼ਾਦ ਕਾਊਂਟਰਾਂ ਜੋੜੇ ਘਰ ਤੇ ਲੰਗਰ ਇਮਾਰਤ ਦੇ ਨਿਰਮਾਣ ਸਬੰਧੀ ਅਨੇਕਾਂ ਹੀ ਕਾਰਜਾਂ ਦੀ ਮੰਗ ਸੰਗਤਾਂ ਨੇ ਸ਼੍ਰੋਮਣੀ ਕਮੇਟੀ ਪਾਸ ਰੱਖੀ ਸੀ, ਜਿਸ 'ਤੇ ਮੋਹਰ ਲੱਗ ਗਈ ਹੈ ਅਤੇ ਅਨੇਕਾਂ ਹੀ ਕਾਰਜਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸੰਗਤਾਂ ਨੂੰ ਸਮਰਪਤ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀਆਂ 'ਚ ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ, ਐਡੀਸ਼ਨਲ ਮੈਨੇਜਰ ਮਨਦੀਪ ਸਿੰਘ ਭਲਵਾਨ, ਮੀਤ ਮੈਨੇਜਰ ਨਵਜਿੰਦਰ ਸਿੰਘ, ਰਿਕਾਰਡ ਕੀਪਰ ਸਰਬਜੀਤ ਸਿੰਘ, ਅਕਾਊਂਟੈਂਟ ਗੁਰਮੀਤ ਸਿੰਘ, ਭਾਈ ਸੁਖਦੇਵ ਸਿੰਘ ਕਾਹਲਵਾਂ, ਭਾਈ ਹਜ਼ੂਰ ਸਿੰਘ, ਭਾਈ ਮਨਜੀਤ ਸਿੰਘ ਸਮੇਤ ਅਧਿਕਾਰੀ ਤੇ ਸਮੂਹ ਸਟਾਫ ਮੈਂਬਰ ਆਦਿ ਸ਼ਾਮਲ ਸਨ।

## ਲੋਕ ਗਾਇਕ ਬਲਧੀਰ ਮਾਹਲਾ ਦੇ ਗੀਤਾਂ ਦੀ ਸ਼ੂਟਿੰਗ ਮੁਕੰਮਲ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਪੰਜਾਬੀ ਗਾਇਕੀ ਦੇ ਖੇਤਰ ਵਿੱਚ ਸਾਫ਼-ਸੁਥਰੀ ਤੇ ਅਰਥ-ਭਰਪੂਰ ਗਾਇਕੀ ਨੂੰ ਤਰਜੀਹ ਦੇਣ ਵਾਲੇ ਪ੍ਰਸਿੱਧ ਲੋਕ ਗਾਇਕ ਬਲਧੀਰ ਮਾਹਲਾ ਦੇ ਦੋ ਨਵੇਂ ਗੀਤਾਂ ਦੀ ਸ਼ੂਟਿੰਗ ਬੀਤੇ ਦਿਨੀਂ ਜ਼ਿਲ੍ਹਾ ਫ਼ਰੀਦਕੋਟ ਦੇ ਪਿੰਡ ਮੱਤਾ ਤੇ ਇਤਿਹਾਸਕ ਗੁਰਦੁਆਰਾ ਸ੍ਰੀ ਗੁਰੂ ਕੀ ਢਾਬ ਵਿਖੇ ਸਫ਼ਲਤਾਪੂਰਵਕ ਮੁਕੰਮਲ ਹੋ ਗਈ ਹੈ।ਆਪਣੀ ਨਿਮਰਤਾ ਤੇ ਗੰਭੀਰ ਸੁਭਾਅ ਲਈ ਜਾਣੇ ਜਾਂਦੇ ਮਾਹਲਾ ਨੇ ਹਮੇਸ਼ਾ ਚਕਾਚੌਂਧ ਤੋਂ ਦੂਰ ਰਹਿ ਕੇ ਸਮਾਜਿਕ ਰਿਸ਼ਤਿਆਂ ਤੇ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਪਹਿਲ ਦਿੱਤੀ ਹੈ।ਧਾਰਮਿਕ ਤੇ ਸਮਾਜਿਕ ਵਿਸ਼ਿਆਂ ਦੀ ਪੇਸ਼ਕਾਰੀ ਇਨ੍ਹਾਂ ਦੋਵਾਂ ਗੀਤਾਂ ਦੇ ਵਿਸ਼ੇ ਬੇਹੱਦ ਪ੍ਰਭਾਵਸ਼ਾਲੀ ਹਨ। 'ਡੱਬੀ ਮਲ੍ਹਮ ਦੀ' ਧਾਰਮਿਕ ਗੀਤ ਦਸਮ ਪਾਤਸ਼ਾਹ ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਉਸਤਤ ਵਿੱਚ ਲਿਖਿਆ ਗਿਆ ਹੈ।ਇਹ ਗੀਤ ਬਲਧੀਰ ਮਾਹਲਾ ਦੀ ਆਪਣੀ ਕਲਮ ਦੀ ਲਿਖਤ ਹੈ, ਜੋ ਸਿੱਖੀ ਸਿਦਕ ਤੇ ਬਹਾਦਰੀ ਦੀ ਗੱਲ ਕਰਦਾ ਹੈ।'ਮਾਂ ਬਿਨ ਜੀਣਾ' ਗੀਤ ਮਾਵਾਂ ਦੇ ਵਿਛੋੜੇ ਦੇ ਦਰਦ ਨੂੰ ਬਿਆਨ ਕਰਦਾ ਹੈ, ਜਿਸ ਨੂੰ ਨਾਮਵਰ ਲੇਖਕ ਭੱਟੀ ਝੰਡੇ ਵਾਲਾ ਨੇ ਬਹੁਤ ਹੀ ਖ਼ੂਬਸੂਰਤ ਸ਼ਬਦਾਂ ਵਿੱਚ ਪਰੋਇਆ ਹੈ।ਇਨ੍ਹਾਂ ਗੀਤਾਂ ਦੀ ਸ਼ੂਟਿੰਗ ਉੱਘੇ ਵੀਡੀਓ ਨਿਰਦੇਸ਼ਕ ਗੁਰਬਾਜ ਗਿੱਲ ਦੀ ਅਗਵਾਈ ਹੇਠ ਗਿੱਲ ਫ਼ਿਲਮਜ਼ ਵੱਲੋਂ ਕੀਤੀ ਗਈ ਹੈ।ਡੀ.ਓ.ਪੀ. ਬੰਟੂ ਨੇ ਕੈਮਰੇ ਦੀ ਜ਼ਿੰਮੇਵਾਰੀ ਨਿਭਾਈ ਤੇ ਮੇਕਅਪ ਆਰਟਿਸਟ ਕੁਲਵੰਤ ਨੇ ਕਲਾਕਾਰਾਂ ਨੂੰ ਬਾਖ਼ੂਬੀ ਸਜਾਇਆ।ਸ਼ੂਟਿੰਗ ਦੌਰਾਨ ਲੋਕ ਗਾਇਕਾ ਮਨਦੀਪ ਲੱਕੀ ਤੇ ਸਰਪੰਚ ਰਾਜਪਾਲ ਰਾਜੂ ਮੱਤਾ ਦਾ ਵਿਸ਼ੇਸ਼ ਸਹਿਯੋਗ ਰਿਹਾ।ਬਲਧੀਰ ਮਾਹਲਾ ਨੇ ਦੱਸਿਆ ਕਿ ਇਹ ਗੀਤ ਬਹੁਤ ਜਲਦ ਉਨ੍ਹਾਂ ਦੇ ਆਫ਼ੀਸ਼ੀਅਲ ਯੂਟਿਊਬ ਚੈਨਲ 'ਤੇ ਰਿਲੀਜ਼ ਕੀਤੇ ਜਾਣਗੇ।

# 23 ਨੂੰ ਸਾਮਰਾਜਵਾਦ ਵਿਰੁੱਧ ਰੈਲੀ ਤੇ ਸੇਰੋਂ ਖੰਡ ਮਿੱਲ ਵੱਲ ਮਾਰਚ

## * ਮੋਦੀ ਨੇ ਟਰੰਪ ਅੱਗੇ ਗੋਡੇ ਟੇਕ ਕੇ ਦੇਸ਼ ਦੇ ਮਾਣ ਨੂੰ ਠੇਸ ਪਹੁੰਚਾਈ : ਐੱਸ ਕੇ ਐੱਮ



ਝਬਾਲ (ਹਰਜਿੰਦਰ ਸਿੰਘ ਸੋਨੀ)-ਸਾਮਰਾਜ ਵਿਰੋਧੀ ਦਿਵਸ ਮਨਾਉਣ ਲਈ ਅੱਜ ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨ ਦੀ ਸਾਂਝੀ ਮੀਟਿੰਗ ਸਥਾਨਕ ਗਾਂਧੀ ਪਾਰਕ ਵਿਖੇ ਜੱਸਾ ਸਿੰਘ ਕੱਦਗਿੱਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨ ਦੇ ਸਾਂਝੇ ਮੰਚ ਵੱਲੋਂ ਦਿੱਤੇ ਦੇਸ਼ ਵਿਆਪੀ ਸੱਦੇ ਦੇ ਮੱਦੇਨਜ਼ਰ 23 ਮਾਰਚ ਨੂੰ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਨ ਨੂੰ ਮਨਾਉਣ ਲਈ ਥਾਂ-ਥਾਂ 'ਤੇ ਸਾਮਰਾਜ ਵਿਰੋਧੀ ਦਿਵਸ ਦੇ ਤੌਰ 'ਤੇ ਮਨਾਇਆ ਜਾਵੇਗਾ।ਕਿਉਂਕਿ ਅੱਜ ਤੋਂ 100 ਸਾਲ ਪਹਿਲਾਂ ਦੇਸ਼ ਦੇ ਇਹਨਾਂ ਮਹਾਨ ਯੋਧਿਆਂ ਨੇ ਸਾਮਰਾਜਵਾਦ ਮੁਰਦਾਬਾਦ ਅਤੇ ਇਨਕਲਾਬ ਜ਼ਿੰਦਾਬਾਦ ਦੇ ਨਾਹਰੇ ਲਾਏ ਸਨ। ਅੱਜ ਫੇਰ ਅਮਰੀਕੀ ਰਾਸ਼ਟਰਪਤੀ ਟਰੰਪ ਦੀ ਅਗਵਾਈ ਹੇਠ ਦੁਨੀਆ ਦੇ ਕਾਰਪੋਰੇਟ ਘਰਾਣੇ ਸਾਰੀ ਦੁਨੀਆ ਵਿੱਚ ਧਨ ਦੌਲਤ 'ਤੇ ਕਬਜ਼ਾ ਕਰਨਾ ਚਾਹੁੰਦੇ ਹਨ।ਆਮ ਦੇਸ਼ਾਂ ਨੂੰ ਗੁਲਾਮ ਬਣਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਮੌਜੂਦਾ ਈਰਾਨ ਯੁੱਧ ਇਸ ਦੀ ਤਾਜ਼ਾ ਮਿਸਾਲ ਹੈ।ਇਸ ਤਰ੍ਹਾਂ ਸਾਰੀ ਦੁਨੀਆ ਤੇ ਸਾਮਰਾਜੀ ਸ਼ਕਤੀਆਂ ਅੱਜ ਮਜ਼ਦੂਰਾਂ ਕਿਸਾਨਾਂ ਦੀ ਲੁੱਟ ਕਰਕੇ ਧਰਤੀ ਦੀ ਸਾਰੀ ਦੌਲਤ ਹਥਿਆਉਣਾ ਚਾਹੁੰਦੀਆਂ ਹਨ। ਜੋ ਕਿ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਇਸ ਕਰਕੇ ਦੇਸ਼ ਵਿਆਪੀ ਸੱਦੇ ਨੂੰ ਅਮਲੀ ਰੂਪ ਦੇਣ ਲਈ ਤਰਨ ਤਾਰਨ ਜ਼ਿਲ੍ਹੇ ਦੀਆਂ ਜਥੇਬੰਦੀਆਂ ਨੇ ਫੈਸਲਾ ਕੀਤਾ ਹੈ ਕਿ 23 ਮਾਰਚ ਨੂੰ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਅਤੇ ਸਾਮਰਾਜ ਦਾ ਵਿਰੋਧ ਕਰਨ ਲਈ ਸਥਾਨਕ ਡੀ ਸੀ ਦਫਤਰ ਅੱਗੇ ਵਿਸ਼ਾਲ ਇਕੱਠ ਕਰਕੇ ਰੋਸ ਰੈਲੀ ਤੇ ਵਿਖਾਵਾ ਕੀਤਾ ਜਾਵੇਗਾ।ਇਸ ਮੌਕੇ ਸ਼ੇਰੋਂ ਖੰਡ ਮਿੱਲ ਜੋ ਕਿ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਏਜੰਸੀਆਂ ਨੂੰ ਵੇਚ ਕੇ ਉਸ ਦੀ 100 ਏਕੜ ਲਗਭਗ ਜ਼ਮੀਨ ਲੋਕਾਂ ਤੋਂ ਖੋਹੀ ਜਾ ਰਹੀ ਹੈ, ਉਸ ਵਿਰੁੱਧ ਵੀ ਆਵਾਜ਼ ਉਠਾਈ ਜਾਏਗੀ ਅਤੇ ਮਿੱਲ ਵੱਲ ਮਾਰਚ ਕੀਤਾ ਜਾਵੇਗਾ।ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਦੇ ਆਗੂ ਦਲਜੀਤ ਸਿੰਘ ਦਿਆਲਪੁਰ, ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ, ਨਛੱਤਰ ਸਿੰਘ ਪੰਨੂ, ਗੁਰਪ੍ਰੀਤ ਸਿੰਘ ਗੰਡੀਵਿੰਡ, ਦਵਿੰਦਰ ਸੋਹਲ, ਦਿਲਬਾਗ ਸਿੰਘ ਮਾੜੀ, ਭੁਪਿੰਦਰ ਸਿੰਘ ਪੰਡੋਰੀ, ਤਰਸੇਮ ਸਿੰਘ ਕਲਸੀ, ਸੁਖਬਾਜ ਸਿੰਘ, ਬਲਕਾਰ ਸਿੰਘ ਵਲਟੋਹਾ, ਰਸ਼ਪਾਲ ਸਿੰਘ ਬਾਠ, ਮੇਹਰ ਸਿੰਘ, ਤਜਿੰਦਰ ਸਿੰਘ, ਗੁਰਵਿੰਦਰ ਸਿੰਘ ਭਿੱਖੀਵਿੰਡ ਹਾਜ਼ਰ ਸਨ।

# ਵੈਟਰਨਰੀ ਇੰਸਪੈਕਟਰਾਂ ਵੱਲੋਂ ਮੰਗਾਂ ਨੂੰ ਲੈ ਕੇ ਵਰਕ ਟੂ ਰੂਲ 'ਤੇ ਜਾਣ ਦਾ ਫੈਸਲਾ



ਧਾਰੀਵਾਲ (ਮਨਦੀਪ ਵਿੱਕੀ)- ਪੰਜਾਬ ਸਟੇਟ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਸੁਪ੍ਰੀਤ ਸਿੰਘ ਕਲੇਰ ਤੇ ਸਾਥੀਆਂ ਵੱਲੋਂ ਵੈਟਰਨਰੀ ਇੰਸਪੈਕਟਰ ਕੇਡਰ ਦੀਆਂ ਲਟਕਦੀਆਂ ਆ ਰਹੀਆਂ ਹੱਕੀ ਮੰਗਾਂ ਦਾ ਨਿਪਟਾਰਾ ਨਾ ਹੋਣ ਕਰਕੇ ਮਜਬੂਰਨ ਵਰਕ-ਟੂ-ਰੂਲ 'ਤੇ ਜਾਣ ਸਬੰਧੀ ਡਿਪਟੀ ਡਾਇਰੈਕਟਰ, ਪਸ਼ੂ ਪਾਲਣ ਵਿਭਾਗ ਗੁਰਦਾਸਪੁਰ ਡਾਕਟਰ ਜਸਪ੍ਰੀਤ ਸਿੰਘ ਨਾਗਪਾਲ ਨੂੰ ਮੰਗ ਪੱਤਰ ਦਿੱਤਾ ਗਿਆ। ਪ੍ਰਧਾਨ ਕਲੇਰ ਨੇ ਦੱਸਿਆ ਕਿ ਜੇਕਰ ਫਿਰ ਵੀ ਮੰਗਾਂ ਦਾ ਨਿਪਟਾਰਾ ਨਾ ਕੀਤਾ ਗਿਆ ਤਾਂ ਵੈਟਰਨਰੀ ਇੰਸਪੈਕਟਰਾਂ ਵੱਲੋਂ ਸੰਘਰਸ਼ ਨੂੰ ਹੋਰ ਤੇਜ਼ ਕਰਦਿਆਂ ਪਸ਼ੂ ਪਾਲਣ ਵਿਭਾਗ ਪੰਜਾਬ ਦੇ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਹਲਕਾ ਲੰਬੀ ਵਿਖੇ 21 ਮਾਰਚ ਨੂੰ ਸੂਬਾ ਪੱਧਰੀ ਰੋਸ ਧਰਨਾ ਦਿੱਤਾ ਜਾਵੇਗਾ। ਪ੍ਰਧਾਨ ਕਲੇਰ ਨੇ ਦੱਸਿਆ ਕਿ ਪੰਜਾਬ ਸਰਕਾਰ ਨਾਲ ਹੋਈਆਂ ਵੱਖ ਵੱਖ ਸਮੇਂ ਵਿਭਾਗੀ ਮੀਟਿੰਗਾਂ ਦੌਰਾਨ ਸਰਕਾਰ ਵੱਲੋਂ ਵੈਟਰਨਰੀ ਇੰਸਪੈਕਟਰਾਂ ਦੀਆਂ ਮੰਗਾਂ ਮਸਲਿਆਂ ਦੇ ਨਿਬੇੜੇ ਦਾ ਭਰੋਸਾ ਦਿੱਤੇ ਜਾਣ ਦੇ ਬਾਵਜੂਦ ਸਥਿਤੀ ਜਿਉਂ ਦੀ ਤਿਉਂ ਬਣੀ ਹੋਈ ਹੈ। ਉਨ੍ਹਾਂ ਦੱਸਿਆ ਵੈਟਰਨਰੀ ਇੰਸਪੈਕਟਰ ਵਰਕ-ਟੂ-ਰੂਲ ਅਧੀਨ ਕੰਮ ਕਰਦਿਆਂ ਵੈਟਰਨਰੀ ਇੰਸਪੈਕਟਰ ਕੇਡਰ ਪਸ਼ੂ ਹਸਪਤਾਲ ਅਤੇ ਡਿਸਪੈਂਸਰੀਆਂ ਵਿੱਚ ਸਿਰਫ ਸ਼ਿਕੰਜੇ 'ਤੇ ਆਉਂਦੇ ਓਪੀਡੀ ਕੇਸ ਅਤੇ ਸ਼ਿਕੰਜੇ 'ਤੇ ਏ.ਆਈ. ਕੀਤੀ ਜਾਵੇਗੀ। ਪਸ਼ੂ ਸੈਕਸ ਸੀਮਨ ਜ਼ਰੂਰਤ ਅਨੁਸਾਰ ਹੀ ਲੈ ਕੇ ਲਗਾਇਆ ਜਾਵੇਗਾ ਅਤੇ ਜਬਰੀ ਸੀਮਨ ਨਾ ਲਿਆ ਜਾਵੇਗਾ ਤੇ ਨਾ ਲਗਾਇਆ ਜਾਵੇਗਾ। ਇਸ ਸਬੰਧੀ ਰਿਪੋਰਟਾਂ ਤੋਂ ਬਿਨਾਂ ਵੱਟਸਐਪ ਰਾਹੀਂ ਮੰਗੀ ਕੋਈ ਵੀ ਰਿਪੋਰਟਿੰਗ ਵੈਟਰਨਰੀ ਇੰਸਪੈਕਟਰ ਕੇਡਰ ਵੱਲੋਂ ਨਹੀਂ ਕੀਤੀ ਜਾਵੇਗੀ। ਇਸ ਮੌਕੇ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਸੁਪ੍ਰੀਤ ਸਿੰਘ ਦੇ ਨਾਲ ਜ਼ਿਲ੍ਹਾ ਮੀਤ ਪ੍ਰਧਾਨ ਹਰਪਾਲ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਅਰਸ਼ਦੀਪ ਸਿੰਘ ਦਾਲਮ, ਵਿੱਤ ਸਕੱਤਰ ਨਵਜੋਤ ਸਿੰਘ ਗੁਰਾਇਆ, ਜਥੇਬੰਧਕ ਸਕੱਤਰ ਰਾਜਵੀਰ ਸਿੰਘ, ਤਹਿਸੀਲ ਗੁਰਦਾਸਪੁਰ ਪ੍ਰਧਾਨ ਜਸਵੰਤ ਸਿੰਘ, ਤਹਿਸੀਲ ਬਟਾਲਾ ਦੇ ਪ੍ਰਧਾਨ ਸੰਜੀਵ ਕੁਮਾਰ, ਸੂਬਾ ਮੀਤ ਪ੍ਰਧਾਨ ਪ੍ਰਵੀਨ ਕੁਮਾਰ, ਰਮਨਦੀਪ ਸਿੰਘ, ਬਲਦੇਵ ਸਿੰਘ ਸਿੱਧੂ, ਪਰਮਪ੍ਰੀਤ ਸਿੰਘ, ਗੁਰਤੇਜ ਸਿੰਘ, ਸਿਮਰਨਪਾਲ ਸਿੰਘ ਆਦਿ ਵੈਟਨਰੀ ਇੰਸਪੈਕਟਰ ਮੌਜੂਦ ਸਨ।

# ਬਜ਼ੁਰਗ ਔਰਤ ਦੀ ਭੇਦਭਰੇ ਹਾਲਾਤ 'ਚ ਮੌਤ



ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)-ਪਿੰਡ ਮੋਹਣ ਭੰਡਾਰੀਆਂ ਵਿਖੇ ਬਣ ਰਹੇ ਇੱਕ ਨਵੇਂ ਘਰ 'ਚ ਇੱਕ ਬਜ਼ੁਰਗ ਔਰਤ ਦੀ ਭੇਦਭਰੇ ਹਾਲਾਤਾਂ 'ਚ ਮੌਤ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਮੋਹਣ ਭੰਡਾਰੀਆਂ ਅੱਡੇ ਦੇ ਨਜ਼ਦੀਕ ਸੜਕ ਦੇ ਕੰਢੇ ਇੱਕ ਨਵਾਂ ਘਰ ਬਣ ਰਿਹਾ ਸੀ, ਜਿਸ ਵਿੱਚ ਇੱਕ ਬਜ਼ੁਰਗ ਮਹਿਲਾ ਪਰਮਜੀਤ ਕੌਰ (65 ਸਾਲ) ਘਰ 'ਚ ਇੱਕਲੇ ਸਨ ਅਤੇ ਦੁਪਹਿਰ ਵੇਲੇ ਜਦ ਮਿਸਤਰੀ ਰੋਟੀ ਖਾਣ ਲਈ ਘਰੋਂ ਬਾਹਰ ਗਏ ਤਾਂ ਘਰ 'ਚ ਮਾਤਾ ਇਕੱਲੇ ਰਹਿ ਗਏ ਸਨ ਅਤੇ ਜਦੋਂ ਮਿਸਤਰੀ ਰੋਟੀ ਖਾ ਕੇ ਵਾਪਸ ਘਰ ਪਰਤੇ ਤਾਂ ਵੇਖਿਆ ਕਿ ਉਕਤ ਮਾਤਾ ਮ੍ਰਿਤਕ ਹਾਲਤ 'ਚ ਕਮਰੇ ਅੰਦਰ ਲੰਮੇ ਪਏ ਦਿਖਾਈ ਦਿੱਤੇ ਅਤੇ ਉਨਾਂ ਦੇ ਕੰਨਾਂ ਵਿੱਚ ਪਾਈਆਂ ਸੋਨੇ ਦੀਆਂ ਵਾਲੀਆਂ ਤੇ ਬਾਹਾਂ ਵਿੱਚ ਪਾਈਆਂ ਸੋਨੇ ਦੀਆਂ ਚੂੜੀਆਂ ਵੀ ਗਾਇਬ ਸਨ ਤੇ ਮਾਤਾ ਦੇ ਕੰਨਾਂ ਵਿੱਚੋਂ ਖੂਨ ਵੀ ਵੱਗ ਰਿਹਾ ਸੀ।

ਇਸ ਘਟਨਾ ਸਬੰਧੀ ਪੁਲਸ ਨੂੰ ਸੂਚਨਾ ਦਿੱਤੀ ਗਈ, ਜਿਸ 'ਤੇ ਡੀ ਐੱਸ ਪੀ ਅਜਨਾਲਾ ਗੁਰਵਿੰਦਰ ਸਿੰਘ ਅਤੇ ਥਾਣਾ ਝੰਡੇਰ ਦੇ ਐੱਸ ਐੱਚ ਓ ਸਤਨਾਮ ਸਿੰਘ ਨੇ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚ ਕੇ ਬਜ਼ੁਰਗ ਮਹਿਲਾ ਪਰਮਜੀਤ ਕੌਰ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਅਜਨਾਲਾ ਵਿਖੇ ਭੇਜ ਦਿੱਤਾ ਗਿਆ ਹੈ ਅਤੇ ਦੱਸਿਆ ਕਿ ਪੁਲਸ ਵੱਲੋਂ ਮਾਮਲਾ ਦਰਜ ਕਰ ਲਿਆ ਹੈ।

ਮਾਤਾ ਜੀ ਦੀ ਮੌਤ ਦੇ ਕਾਰਨਾਂ ਦੀ ਬੜੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਤੇ ਪਰਿਵਾਰ ਨੂੰ ਭਰੋਸਾ ਦਿੱਤਾ ਕਿ ਮੁਲਜ਼ਮਾਂ ਨੂੰ ਜਲਦੀ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ।

## ਜਿਜੇਆਣੀ ਦੀ ਸੁੱਖ-ਸਾਂਦ ਪੁੱਛਣ ਹਸਪਤਾਲ ਪਹੁੰਚੇ ਗਿੱਲ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)- ਤਲਬੀਰ ਸਿੰਘ ਗਿੱਲ ਨੇ ਬਲਜੀਤ ਸਿੰਘ ਜਿਜੇਆਣੀਆ ਦਾ ਹਾਲ ਚਾਲ ਪੁੱਛਿਆ। ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਚੱਲ ਰਹੇ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਦੇ ਬਹੁਤ ਹੀ ਮਿਹਨਤੀ ਅਤੇ ਸੀਨੀਅਰ ਆਗੂ ਬਲਜੀਤ ਸਿੰਘ ਜਿਜੈਆਣੀਆ ਜੋ ਨਈਅਰ ਹਸਪਤਾਲ ਅੰਮ੍ਰਿਤਸਰ ਵਿਖੇ ਜ਼ੇਰੇ ਇਲਾਜ ਹਨ, ਦਾ ਹਾਲ ਚਾਲ ਪੁੱਛਣ ਲਈ ਉਚੇਚੇ ਤੌਰ 'ਤੇ ਹਸਪਤਾਲ ਪੰਹੁਚੇ ਅਤੇ ਬਲਜੀਤ ਸਿੰਘ ਜਿਜੈਆਣੀਆ ਜੋ ਪਹਿਲਾਂ ਨਾਲੋਂ ਕਾਫ਼ੀ ਠੀਕ ਹਨ, ਨੂੰ ਤਲਬੀਰ ਸਿੰਘ ਗਿੱਲ ਨੇ ਥਾਪੜਾ ਦਿੰਦੇ ਹੋਏ ਜਲਦੀ-ਜਲਦੀ ਤੰਦਰੁਸਤ ਹੋਣ ਲਈ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਅਤੇ ਕਿਹਾ ਕਿ ਆਮ ਆਦਮੀ ਪਾਰਟੀ ਆਪਣੇ ਹਰ ਵਰਕਰ ਨਾਲ਼ ਚਟਾਨ ਵਾਂਗ ਖੜ੍ਹੀ ਹੈ ਅਤੇ ਅਸੀਂ ਬਲਜੀਤ ਸਿੰਘ ਜਿਜੈਆਣੀਆ ਦੇ ਹਰ ਦੁੱਖ ਸੁੱਖ ਵਿੱਚ ਨਾਲ ਖੜ੍ਹੇ ਹਾਂ।



## ਅਮਨ ਭੱਲਾ ਗਰੁੱਪ ਆਫ ਇੰਸਟੀਚਿਊਟਸ 'ਚ ਮਹਿਲਾ ਕ੍ਰਿਕਟ ਟ੍ਰਾਇਲਜ਼

ਪਠਾਨਕੋਟ (ਦਵਿੰਦਰ ਸਿੰਘ)-ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਵੱਲੋਂ ਸਾਰੇ ਉਮਰ ਵਰਗਾਂ ਲਈ ਮਹਿਲਾ ਕ੍ਰਿਕਟ ਟ੍ਰਾਇਲਸ ਦਾ ਸਫਲ ਆਯੋਜਨ ਅਮਨ ਭੱਲਾ ਗਰੁੱਪ ਆਫ ਇੰਸਟੀਚਿਊਟਸ ਕੋਟਲੀ ਪਠਾਨਕੋਟ ਦੇ ਕ੍ਰਿਕਟ ਗਰਾਊਂਡ ਵਿੱਚ ਕੀਤਾ ਗਿਆ। ਇਨ੍ਹਾਂ ਟ੍ਰਾਇਲਸ ਵਿੱਚ ਪਠਾਨਕੋਟ ਅਤੇ ਆਸ-ਪਾਸ ਦੇ ਖੇਤਰਾਂ ਤੋਂ ਆਈਆਂ 40 ਤੋਂ ਵੱਧ ਉਭਰਦੀਆਂ ਮਹਿਲਾ ਕ੍ਰਿਕਟ ਖਿਡਾਰਨਾਂ ਨੇ ਉਤਸ਼ਾਹ ਨਾਲ ਭਾਗ ਲਿਆ।ਚੋਣ ਟ੍ਰਾਇਲਸ ਅੰਡਰ-15, ਅੰਡਰ-19 ਅਤੇ ਸੀਨੀਅਰ ਵਰਗਾਂ ਵਿੱਚ ਕਰਵਾਏ ਗਏ, ਤਾਂ ਜੋ ਪ੍ਰਤਿਭਾਸ਼ਾਲੀ ਅਤੇ ਨੌਜਵਾਨ ਖਿਡਾਰਨੀਆਂ ਨੂੰ ਆਪਣੀ ਕ੍ਰਿਕਟ ਪ੍ਰਤਿਭਾ ਦਿਖਾਉਣ ਅਤੇ ਆਉਣ ਵਾਲੀਆਂ ਟੂਰਨਾਮੈਂਟਾਂ ਵਿੱਚ ਜ਼ਿਲ੍ਹੇ ਦੀ ਨੁਮਾਇੰਦਗੀ ਕਰਨ ਦਾ ਮੌਕਾ ਮਿਲ ਸਕੇ।



ਇਹ ਟ੍ਰਾਇਲਸ ਐਸੋਸੀਏਸ਼ਨ ਦੇ ਤਜਰਬੇਕਾਰ ਕੋਚਾਂ ਅਤੇ ਅਧਿਕਾਰੀਆਂ ਦੀ ਦੇਖ ਰੇਖ ਹੇਠ ਕਰਵਾਏ ਗਏ।ਇਸ ਮੌਕੇ 'ਤੇ ਗੱਲ ਕਰਦੇ ਹੋਏ ਅਮਨ ਭੱਲਾ ਗਰੁੱਪ ਆਫ ਇੰਸਟੀਚਿਊਟਸ ਦੇ ਪ੍ਰਧਾਨ ਰਮਨ ਭੱਲਾ ਨੇ ਇਸ ਪਹਿਲ ਦੀ ਸਰਾਹਨਾ ਕੀਤੀ ਅਤੇ ਖੇਡਾਂ ਵਿੱਚ ਮਹਿਲਾਵਾਂ ਦੀ ਭਾਗੀਦਾਰੀ ਨੂੰ ਵਧਾਉਣ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸੰਸਥਾ ਨੂੰ ਅਜਿਹੇ ਯਤਨਾਂ ਦਾ ਸਮਰਥਨ ਕਰਨ 'ਤੇ ਮਾਣ ਹੈ, ਜੋ ਨੌਜਵਾਨ ਲੜਕੀਆਂ ਨੂੰ ਕ੍ਰਿਕਟ ਪ੍ਰਤੀ ਆਪਣੇ ਜਜ਼ਬੇ ਨੂੰ ਅੱਗੇ ਵਧਾਉਣ ਅਤੇ ਆਪਣੀ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ ਪ੍ਰੇਰਿਤ ਕਰਦੇ ਹਨ।ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਦੇ ਸਕੱਤਰ ਸਨੀ ਮਹਾਜਨ ਨੇ ਨੌਜਵਾਨ ਖਿਡਾਰਨੀਆਂ ਦੀ ਉਤਸ਼ਾਹਜਨਕ ਭਾਗੀਦਾਰੀ 'ਤੇ ਸੰਤੁਸ਼ਟੀ ਜ਼ਾਹਰ ਕੀਤੀ। ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਕ੍ਰਿਕਟ ਵਿੱਚ ਮਹਿਲਾਵਾਂ ਨੂੰ ਸਮਾਨ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਜ਼ਿਲ੍ਹੇ ਦੀਆਂ ਪ੍ਰਤਿਭਾਸ਼ਾਲੀ ਖਿਡਾਰਨੀਆਂ ਨੂੰ ਅੱਗੇ ਲਿਆਉਣ ਦੀ ਕੋਸ਼ਿਸ਼ ਕਰ ਰਹੀ ਹੈ, ਤਾਂ ਜੋ ਉਹ ਪਠਾਨਕੋਟ ਅਤੇ ਪੰਜਾਬ ਦੀ ਉੱਚ ਪੱਧਰ 'ਤੇ ਨੁਮਾਇੰਦਗੀ ਕਰ ਸਕਣ।ਹੈੱਡ ਕੋਚ ਇੰਦਰਜੀਤ ਸਿੰਘ ਨੇ ਦੱਸਿਆ ਕਿ ਵੱਖ-ਵੱਖ ਉਮਰ ਵਰਗਾਂ ਵਿੱਚ ਪ੍ਰਤਿਭਾਸ਼ਾਲੀ ਖਿਡਾਰਨਾਂ ਦੀ ਪਹਿਚਾਣ ਕਰਨ ਲਈ ਟ੍ਰਾਇਲਸ ਨੂੰ ਪੇਸ਼ੇਵਰ ਢੰਗ ਨਾਲ ਆਯੋਜਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਚੁਣੀਆਂ ਗਈਆਂ ਖਿਡਾਰਨਾਂ ਨੂੰ ਆਉਣ ਵਾਲੀਆਂ ਜ਼ਿਲ੍ਹਾ ਅਤੇ ਰਾਜ ਪੱਧਰੀ ਮੁਕਾਬਲਿਆਂ ਲਈ ਅੱਗੇ ਟ੍ਰੇਨਿੰਗ ਅਤੇ ਤਿਆਰੀ ਕਰਵਾਈ ਜਾਵੇਗੀ।ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਨੇ ਟ੍ਰਾਇਲਸ ਦੇ ਸਫਲ ਆਯੋਜਨ ਲਈ ਸ਼ਾਨਦਾਰ ਸੁਵਿਧਾਵਾਂ ਅਤੇ ਸਹਿਯੋਗ ਪ੍ਰਦਾਨ ਕਰਨ 'ਤੇ ਅਮਨ ਭੱਲਾ ਗਰੁੱਪ ਆਫ ਇੰਸਟੀਚਿਊਟਸ ਦਾ ਧੰਨਵਾਦ ਕੀਤਾ। ਐਸੋਸੀਏਸ਼ਨ ਨੇ ਖੇਤਰ ਵਿੱਚ ਮਹਿਲਾ ਕ੍ਰਿਕਟ ਨੂੰ ਮਜ਼ਬੂਤ ਕਰਨ ਅਤੇ ਵੱਧ ਤੋਂ ਵੱਧ ਲੜਕੀਆਂ ਨੂੰ ਇਸ ਖੇਡ ਨਾਲ ਜੋੜਨ ਲਈ ਆਪਣੀ ਵਚਨਬੱਧਤਾ ਦੁਹਰਾਈ।

## ਡਿਜੀਟਲ ਲਾਈਫ ਸਰਟੀਫਿਕੇਟ 31 ਤੱਕ ਜਮ੍ਹਾਂ ਕਰਵਾਉਣਾ ਲਾਜ਼ਮੀ : ਜ਼ਿਲ੍ਹਾ ਖਜ਼ਾਨਾ ਅਫਸਰ

ਬਟਾਲਾ, (ਡਾਕਟਰ ਮਲਵਿੰਦਰ ਸਿੰਘ)-ਪੰਜਾਬ ਸਰਕਾਰ ਵਿੱਤ ਵਿਭਾਗ ਵੱਲੋ ਸੇਵਾ ਮੁਕਤ ਪੈਨਸ਼ਨਰਾਂ ਦੀ ਸਹੂਲਤ ਅਤੇ ਪਾਰਦਰਸ਼ਤਾ ਲਈ ਡਿਜੀਟਲ ਲਾਈਫ ਸਰਟੀਫਿਕੇਟ ਜਮ੍ਹਾਂ ਕਰਵਾਉਣਾ ਲਾਜ਼ਮੀ ਕਰ ਦਿੱਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆ ਜੋਗਿੰਦਰ ਪਾਲ ਸ਼ਰਮਾ, ਜ਼ਿਲ੍ਹਾ ਖਜ਼ਾਨਾ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਕਈ ਪੈਨਸ਼ਨਰਾਂ ਵੱਲੋਂ ਅਜੇ ਤੱਕ ਵੀ ਬੈਂਕਾਂ ਵਿਚ ਮੈਨੂਅਲ ਸਰਟੀਫਿਕੇਟ ਜਮ੍ਹਾਂ ਕਰਵਾਏ ਗਏ ਹਨ ਜੋ ਕਿ ਮਾਨਤਾ ਪ੍ਰਾਪਤ ਨਹੀਂ ਹੋਣਗੇ। ਆਪਣੀ ਪੈਨਸ਼ਨ ਨੂੰ ਜਾਰੀ ਰੱਖਣ ਲਈ ਇਹ ਡਿਜੀਟਲ ਸਰਟੀਫਿਕੇਟ 31 ਮਾਰਚ 2026 ਤੱਕ ਜਮ੍ਹਾ ਕਰਵਾਉਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਦੱਸਿਆ ਕਿ ਡਿਜ਼ੀਟਲ ਲਾਈਫ ਸਰਟੀਫਿਕੇਟ ਸਬੰਧੀ ਸੇਵਾ ਲੈਣ ਲਈ ਪੰਜਾਬ ਸਰਕਾਰ ਵੱਲੋਂ ਇਹ ਸੇਵਾ ਨਜ਼ਦੀਕੀ ਖਜ਼ਾਨਾ ਦਫਤਰ, ਸਬੰਧਤ ਬੈਂਕ ਦੀ ਬ੍ਰਾਂਚ ਸੇਵਾ ਕੇਂਦਰ ਵਿਚ ਉਪਲਬਧ ਹੈ। ਤੁਸੀਂ ਰਾਜ ਸਰਕਾਰ ਦੀ ਘਰ ਬੈਠੇ ਸੇਵਾ ਰਾਹੀ 1076 ਨੰਬਰ 'ਤੇ ਕਾਲ ਕਰਕੇ ਵੀ ਇਸ ਸੁਵਿਧਾ ਦਾ ਲਾਭ ਲੈ ਸਕਦੇ ਹੋ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਇਹ ਸੁਵਿਧਾ ਘਰ ਬੈਠੇ ਹੀ ਪੈਨਸ਼ਨਰ ਆਪਣੇ ਮੋਬਾਇਲ ਤੋਂ Jeevan Pramaan Patra ਐਪ ਡਾਊਨਲੋਡ ਕਰਕੇ ਵੀ ਇਹ ਪ੍ਰਕਿਰਿਆ ਪੂਰੀ ਕੀਤੀ ਜਾ ਸਕਦੀ ਹੈ।

## ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਚੋਣ ਬਾਰੇ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ

ਅੰਮ੍ਰਿਤਸਰ ( ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) - ਜ਼ਿਲ੍ਹਾ ਅੰਮ੍ਰਿਤਸਰ ਦੀਆਂ ਵੱਖ-ਵੱਖ ਪੱਤਰਕਾਰ ਐਸੋਸੀਏਸ਼ਨਾਂ/ਯੂਨੀਅਨਾਂ ਵੱਲੋਂ ਪ੍ਰੈੱਸ ਕਲੱਬ ਅੰਮ੍ਰਿਤਸਰ ਦੀਆਂ ਚੋਣਾਂ ਕਰਵਾਉਣ ਲਈ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਅਤੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਅੰਮ੍ਰਿਤਸਰ ਨੂੰ ਮੰਗ ਪੱਤਰ ਦਿੱਤੇ ਗਏ ਸਨ। ਇਨ੍ਹਾਂ ਮੰਗ ਪੱਤਰਾਂ ਦੇ ਅਧਾਰ' 'ਤੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਅੰਮ੍ਰਿਤਸਰ ਨੂੰ ਪ੍ਰੈੱਸ ਕਲੱਬ ਅੰਮ੍ਰਿਤਸਰ ਦੀਆਂ ਨਿਰਪੱਖ ਅਤੇ ਅਜ਼ਾਦਾਨਾਂ ਚੋਣਾਂ ਕਰਵਾਉਣ ਲਈ ਕਾਰਵਾਈ ਅਰੰਭ ਕਰਨ ਦੇ ਨਿਰਦੇਸ਼ ਦਿੱਤੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਅੰਮ੍ਰਿਤਸਰ ਇੰਦਰਜੀਤ ਸਿੰਘ ਨੇ ਦੱਸਿਆ ਕਿ ਪ੍ਰੈੱਸ ਕਲੱਬ ਦੀਆਂ ਚੋਣਾਂ ਕਰਵਾਉਣ ਲਈ ਸਭ ਤੋਂ ਪਹਿਲਾਂ ਚੋਣ ਨਿਯਮ ਅਤੇ ਚੋਣਾਂ ਵਿੱਚ ਭਾਗ ਲੈਣ ਵਾਲੇ ਪੱਤਰਕਾਰਾਂ ਦੀ ਵੋਟਰ ਸੂਚੀ ਤਿਆਰ ਕਰਨੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪ੍ਰੈੱਸ ਕਲੱਬ ਅੰਮ੍ਰਿਤਸਰ ਦੀਆਂ ਚੋਣਾਂ ਸਬੰਧੀ ਚੋਣ ਨਿਯਮਾਂ ਨੂੰ ਤਿਆਰ ਕਰਨ ਅਤੇ ਵੋਟਰ ਸੂਚੀ ਬਣਾਉਣ ਲਈ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਵੱਲੋਂ ਜ਼ਿਲ੍ਹੇ ਦੇ ਸਮੂਹ ਪੱਤਰਕਾਰਾਂ ਅਤੇ ਵੱਖ-ਵੱਖ ਪੱਤਰਕਾਰ/ਪ੍ਰੈੱਸ ਫੋਟੋਗ੍ਰਾਫ਼ਰ/ਇਲੈਕਟ੍ਰਾਨਿਕ ਮੀਡੀਆ ਐਸੋਸੀਏਸ਼ਨਾਂ/ਯੂਨੀਅਨਾਂ ਦੇ ਨੁਮਾਇੰਦਿਆਂ ਨਾਲ 17 ਮਾਰਚ ਨੂੰ ਦੁਪਹਿਰ 01:00 ਵਜੇ ਪ੍ਰੈੱਸ ਕਲੱਬ ਅੰਮ੍ਰਿਤਸਰ ਵਿਖੇ ਇੱਕ ਜ਼ਰੂਰੀ ਮੀਟਿੰਗ ਕੀਤੀ ਜਾਵੇਗੀ। ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਇੰਦਰਜੀਤ ਸਿੰਘ ਨੇ ਜ਼ਿਲ੍ਹੇ ਦੇ ਸਮੂਹ ਪੱਤਰਕਾਰਾਂ ਅਤੇ ਵੱਖ-ਵੱਖ ਪੱਤਰਕਾਰ ਐਸੋਸੀਏਸ਼ਨਾਂ/ਯੂਨੀਅਨਾਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਦਿੱਤੇ ਸਮੇਂ ਉੱਪਰ ਇਸ ਮੀਟਿੰਗ ਵਿੱਚ ਜ਼ਰੂਰ ਪਹੁੰਚਣ ਤਾਂ ਜੋ ਇਸ ਸਬੰਧੀ ਵਿਚਾਰ ਵਟਾਂਦਰਾ ਕਰਕੇ ਅਗਲੇਰੀ ਕਾਰਵਾਈ ਅਰੰਭ ਕੀਤੀ ਜਾ ਸਕੇ ।



## ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ

ਜਲੰਧਰ, (ਸੁਰਿੰਦਰ ਕੁਮਾਰ)-ਜਲੰਧਰ ਵਿੱਚ ਇੱਕ ਵਾਰ ਫਿਰ ਬੰਬ ਦੀ ਧਮਕੀ ਨਾਲ ਹੜਕੰਪ ਵਾਲੀ ਸਥਿਤੀ ਪੈਦਾ ਹੋ ਗਈ ਹੈ। ਇਸ ਵਿਚ ਏ ਪੀ ਜੇ ਅਤੇ ਡੀ ਪੀ ਐਸ ਸਮੇਤ ਕਈ ਸਕੂਲਾਂ ਨੂੰ ਨਿਸ਼ਾਨਾ ਬਣਾਉਣ ਦਾ ਜ਼ਿਕਰ ਕੀਤਾ ਗਿਆ ਹੈ। ਈਮੇਲ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਸਕੂਲਾਂ ਨੂੰ 1:11 ਵਜੇ ਉਡਾ ਦਿੱਤਾ ਜਾਵੇਗਾ। ਸੇਂਟ ਸੋਲਜਰ ਡਿਵਾਈਨ ਪਬਲਿਕ, ਅਕਾਲ ਅਕੈਡਮੀ ਤੇ ਸੀਟੀ ਗਰੁੱਪ ਨੂੰ ਧਮਕੀ ਦਿੱਤੀ ਗਈ ਹੈ। ਪੁਲਸ ਗੁਰੂ ਨਾਨਕ ਮਿਸ਼ਨ ਚੌਕ ਦੇ ਨੇੜੇ ਸਥਿਤ ਏ ਪੀ ਜੇ ਸਕੂਲ ਪਹੁੰਚੀ ਤੇ ਮਾਮਲੇ ਦੀ ਜਾਂਚ ਕਰ ਰਹੀ ਹੈ।

# ਆਸ਼ਰਮ ਵਿਖੇ ਸਤਸੰਗ ਕਰਵਾਇਆ



ਬਟਾਲਾ (ਡਾਕਟਰ ਮਲਵਿੰਦਰ ਸਿੰਘ)-ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਦੇ ਬਟਾਲਾ ਆਸ਼ਰਮ ਵਿਖੇ ਸਤਸੰਗ ਪ੍ਰੋਗਰਾਮ ਕਰਵਾਇਆ ਗਿਆ ਜਿਸ ਲਈ ਵਿਸ਼ੇਸ਼ ਰੂਪ 'ਚ ਨੂਰਮਹਿਲ ਤੋਂ ਸਵਾਮੀਜਨ ਪਹੁੰਚੇ ।ਸਤਸੰਗ ਪ੍ਰਵਚਨ ਕਰਦੇ ਹੋਏ ਆਸ਼ੂਤੋਸ਼ ਮਹਾਰਾਜ ਦੇ ਸ਼ਿਸ਼ਯ ਸਵਾਮੀ ਪਰਮਾਨੰਦ ਨੇ ਦੱਸਿਆ ਕਿ ਸਾਡੇ ਸੰਤਾਂ ਦੀ ਸਦਾ ਪ੍ਰਭੂ ਚਰਨਾਂ ਵਿਚ ਅਰਦਾਸ ਹੁੰਦੀ ਰਹੀ ਹੈ ਕਿ ਪ੍ਰਭੂ ਸਾਨੂੰ ਬੁੱਧੀ ਬਖਸ਼ੇ ਕਿਉਂਕਿ ਇਸ ਦੀ ਅਣਹੋਂਦ ਵਿਚ ਮਨੁੱਖ ਤਬਾਹੀ ਵੱਲ ਵਧ ਰਿਹਾ ਹੈ।

ਮਨੁੱਖ ਹਰ ਗਲਤ ਕੰਮ ਸੁਆਰਥ ਲਈ ਕਰਦਾ ਹੈ। ਜਿਵੇਂ ਕਿ ਮਨੁੱਖ ਦੁਆਰਾ ਆਪਣੀ ਖੁਸ਼ੀ ਲਈ ਬਣਾਈ ਗਈ ਹਰ ਚੀਜ਼ ਜੋ ਉਸ ਨੂੰ ਖੁਸ਼ੀ ਦਿੰਦੀ ਹੈ ਪਰ ਉਸ ਨੂੰ ਸਿਰਫ ਦੁੱਖ ਦੇ ਰਹੀ ਹੈ।ਅਕਲਮੰਦੀ ਦੀ ਘਾਟ ਕਾਰਨ ਅੱਜ ਮਨੁੱਖ ਆਪਣੇ ਆਪ ਨੂੰ ਬਾਰੂਦ ਦੇ ਢੇਰ ਤੱਕ ਲੈ ਆਇਆ ਹੈ। ਅਗਿਆਨਤਾ ਨੂੰ ਆਪਣੇ ਜੀਵਨ ਵਿੱਚ ਅਪਣਾ ਕੇ, ਮਨੁੱਖੀ ਹੈਵਾਨੀਅਤ ਦਾ ਮਖੌਟਾ ਪਹਿਨ ਕੇ, ਅੱਜ ਉਹ ਚਾਰੇ ਪਾਸੇ ਪਸ਼ੂਵਾਦ ਫੈਲਾਅ ਰਿਹਾ ਹੈ। ਸਵਾਮੀ ਨੇ ਕਿਹਾ ਕਿ ਅਜੋਕੇ ਸਮੇਂ ਵਿੱਚ ਕਈ ਥਾਵਾਂ 'ਤੇ ਨੌਜਵਾਨ ਨਸ਼ਿਆਂ ਦੇ ਜਾਲ 'ਚ ਫਸ ਕੇ ਆਪਣੀ ਜ਼ਿੰਦਗੀ ਨਰਕ ਬਣਾ ਰਹੇ ਹਨ। ਅੱਜ-ਕੱਲ੍ਹ ਲੋਕ ਘਰਾਂ ਵਿੱਚ ਲੜਦੇ ਨਜ਼ਰ ਆਉਂਦੇ ਹਨ। ਭਰਾ ਭਰਾ ਦਾ ਦੁਸ਼ਮਣ ਬਣ ਗਿਆ ਹੈ, ਭੈਣ, ਧੀ ਆਪਣੇ ਹੀ ਘਰ ਵਿੱਚ ਸੁਰੱਖਿਅਤ ਨਹੀਂ ਹਨ। ਅੱਜ ਸਮਾਜ ਵਿੱਚ ਧੋਖਾਧੜੀ, ਚੋਰੀ, ਲੁੱਟ-ਖੋਹ ਅਤੇ ਰਿਸ਼ਵਤਖੋਰੀ ਦਾ ਬੋਲਬਾਲਾ ਹੈ। ਜਿਸ ਦਾ ਕਾਰਨ ਮਨੁੱਖ ਦੇ ਅੰਦਰ ਵਿਵੇਕ ਦੀ ਘਾਟ ਹੈ।

## ਦਾਣਾ ਮੰਡੀ ਵਿਖੇ ਕਵੀ ਦਰਬਾਰ ਕਰਵਾਇਆ

ਮਜੀਠਾ (ਸੋਇਮ ਆਨੰਦ)-ਪਿਛਲੇ ਦਿਨੀਂ ਸੁਖਬੀਰ ਸਿੰਘ ਭੁੱਲਰ ਦੀ ਪਲੇਠੀ ਪੁਸਤਕ 'ਹਵਾ 'ਚ ਲਟਕਦੇ ਪਰ' ਲੋਕ ਅਰਪਣ ਕੀਤੀ ਗਈ ਸੀ। ਇਸ ਮੌਕੇ ਸਤਿੰਦਰ ਸਿੰਘ ਸ਼ਾਹ ਮਜੀਠਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਜਿਸ ਸਬੰਧੀ ਦਾਣਾ ਮੰਡੀ ਮਜੀਠਾ ਵਿਖੇ ਸ਼ਾਹ ਕਮਿਸ਼ਨ ਦੇ ਦਫ਼ਤਰ ਵਿਖੇ ਵਿਚਾਰ ਗੋਸ਼ਟੀ ਕਰਵਾਈ ਗਈ । ਜਿਸ ਉੱਪਰ ਵੱਖ-ਵੱਖ ਵਿਦਵਾਨਾਂ ਵੱਲੋਂ ਟਿੱਪਣੀਆਂ ਕੀਤੀਆਂ ਗਈਆਂ ਅਤੇ ਸ਼ਾਇਰ ਸੁਖਬੀਰ ਭੁੱਲਰ ਨੂੰ ਭਵਿੱਖ ਵਿੱਚ ਸੁਧਾਰ ਲਿਆਉਣ ਲਈ ਸੁਝਾਅ ਵੀ ਦਿੱਤੇ ਗਏ। ਪ੍ਰੋਫੈਸਰ ਹੀਰਾ ਸਿੰਘ ਨੇ ਕਿਤਾਬ ਸਬੰਧੀ ਕਿਹਾ ਕਿ ਇਸ ਕਿਤਾਬ ਵਿੱਚ ਇਨਕਲਾਬੀ ਸੋਚ ਹੈ ਅਤੇ ਸਮਾਜ ਨੂੰ ਸਹੀ ਸੇਧ ਵਾਲੀਆਂ ਰਚਨਾਵਾਂ ਹਨ। ਇਸ ਕਿਤਾਬ 'ਤੇ ਵਿਚਾਰ ਚਰਚਾ ਕਰਦਿਆਂ ਮਨਦੀਪ ਸਿੰਘ ਮਜੀਠੀਆ ਨੇ ਕਿਹਾ ਕਿ ਇਹ ਕਿਤਾਬ ਸਮੁੱਚੇ ਤੌਰ 'ਤੇ ਪੂਰੀ ਮਾਨਵ ਜਾਤੀ ਨੂੰ ਸਮਰਪਿਤ ਹੈ। ਇਹ ਕਿਤਾਬ ਸਮੁੱਚੀ ਮਾਨਵ ਜਾਤੀ ਦਾ ਮਾਰਗ ਦਰਸ਼ਨ ਕਰਦੀ ਰਹੇਗੀ। ਸੁਖਬੀਰ ਸਿੰਘ ਭੁੱਲਰ ਵੱਲੋਂ ਉਕਤ ਵਿਦਵਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਤੋਂ ਬਾਅਦ ਵਿਸ਼ਾਲ ਕਵੀ ਦਰਬਾਰ ਕਰਵਾਇਆ ਗਿਆ । ਜਿਸ ਵਿੱਚ ਵੱਡੀ ਗਿਣਤੀ ਵਿੱਚ ਕਵੀਆਂ ਨੇ ਹਿੱਸਾ ਲਿਆ। ਜਿਸ ਵਿੱਚ ਆਲਮੀ ਪੰਜਾਬੀ ਵਿਰਾਸਤ ਫਾਊਂਡੇਸ਼ਨ ਦੇ ਪ੍ਰਧਾਨ ਭੁਪਿੰਦਰ ਸਿੰਘ ਸੰਧੂ, ਨਿਰੰਜਨ ਸਿੰਘ ਗਿੱਲ, ਸੁੱਚਾ ਸਿੰਘ ਰੰਧਾਵਾ, ਸਰਬ ਮਜੀਠਾ, ਕੁਲਦੀਪ ਸਿੰਘ ਕਾਹਲੋਂ, ਧਰਮਿੰਦਰ ਸਿੰਘ ਔਲਖ, ਰਮੇਸ਼ ਕੁਮਾਰ ਜਾਨੂੰ, ਮਨਜੀਤ ਸਿੰਘ ਭੰਗੂ, ਅਵਤਾਰ ਸਿੰਘ ਗੋਇੰਦਵਾਲੀਆ, ਸੁਲਤਾਨ ਭਾਰਤੀ, ਢਾਡੀ ਗੁਲਜ਼ਾਰ ਸਿੰਘ ਖੇੜਾ, ਗੁਰਬਾਜ ਸ਼ੀਨਾ, ਵਜੀਰ ਸਿੰਘ ਮੂਧਲ, ਓਮ ਪ੍ਰਕਾਸ਼ ਭਗਤ, ਅਮਰਜੀਤ ਸਿੰਘ ਐਸ ਡੀ ਓ, ਸੁਖਦੇਵ ਸਿੰਘ ਕਾਹਲੋਂ, ਨਵਜੋਤ ਭੁੱਲਰ, ਬਲਵਿੰਦਰ ਕਾਸ਼, ਰਾਜਪਾਲ ਸ਼ਰਮਾ, ਪ੍ਰਿਥੀਪਾਲ ਸਿੰਘ ਸਿੱਧੂ, ਮਨਵੀਰ ਸਿੰਘ ਵਡਾਲਾ, ਮਾ. ਕੁਲਜੀਤ ਸਿੰਘ ਵੇਰਕਾ, ਸਤਨਾਮ ਜੱਸੜ, ਬਲਬੀਰ ਸਿੰਘ ਕਲਸੀ ਆਦਿ ਕਵੀ ਹਾਜ਼ਰ ਸਨ।

## ਜੰਗ ਵਿਰੋਧੀ ਦਿਵਸ ਮਨਾ ਕੇ ਸ਼ਹੀਦ ਭਗਤ ਸਿੰਘ ਨੂੰ ਕੀਤਾ ਜਾਵੇਗਾ ਯਾਦ : ਅਜਨਾਲਾ



ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ)- ਸੰਯੁਕਤ ਕਿਸਾਨ ਮੋਰਚਾ ਤੇ ਟਰੇਡ ਯੂਨੀਅਨਾਂ ਦੀ ਸਾਂਝੀ ਮੀਟਿੰਗ ਕਾਮਰੇਡ ਰਤਨ ਸਿੰਘ ਰੰਧਾਵਾ ਤੇ ਕਾਮਰੇਡ ਮੋਹਨ ਲਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਫ਼ੈਸਲੇ ਜਾਰੀ ਕਰਦਿਆਂ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਦੱਸਿਆ ਕਿ ਸੋਮਵਾਰ ਨੂੰ ਹੋਈ ਮੀਟਿੰਗ ਵਿਚ ਪੰਜ ਕਿਸਾਨ ਸਭਾਵਾਂ, ਜਿਨ੍ਹਾਂ ਵਿਚ ਕੁੱਲ ਹਿੰਦ ਕਿਸਾਨ ਸਭਾ, ਜਮਹੂਰੀ ਕਿਸਾਨ ਸਭਾ, ਕਿਰਤੀ ਕਿਸਾਨ ਯੂਨੀਅਨਾਂ ਅਤੇ ਚਾਰ ਟਰੇਡ ਯੂਨੀਅਨਾਂ ਸੀਟੂ, ਏਟਕ, ਇੰਟਕ, ਸੀ.ਟੀ.ਯੂ. ਤੇ ਹਿੰਦ ਮਜ਼ਦੂਰ ਯੂਨੀਅਨ ਦੇ ਆਗੂ ਸ਼ਾਮਲ ਹੋਏ। ਇਸ ਮੌਕੇ ਸਰਬ ਸੰਮਤੀ ਨਾਲ ਫ਼ੈਸਲਾ ਲਿਆ ਗਿਆ ਕਿ 23 ਮਾਰਚ ਨੂੰ ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਵਸ ਨੂੰ ਸਾਮਰਾਜ ਵਿਰੋਧੀ ਤੇ ਜੰਗ ਵਿਰੋਧੀ ਦਿਵਸ ਮਨਾ ਕੇ ਉਨ੍ਹਾਂ ਨੂੰ ਯਾਦ ਕੀਤਾ ਜਾਵੇਗਾ। ਇਸ ਦਿਨ ਅਜਨਾਲਾ, ਰਈਆ, ਮਜੀਠਾ, ਅਟਾਰੀ ਤੇ ਅੰਮ੍ਰਿਤਸਰ ਵਿਚ ਵਿਸ਼ਾਲ ਇਕੱਠ ਕੀਤੇ ਜਾਣਗੇ। ਭੰਡਾਰੀ ਪੁੱਲ ਉੱਤੇ ਤੇ ਤਹਿਸੀਲਾਂ ਵਿਚ ਠੀਕ 11 ਵਜੇ ਸਾਥੀ ਇਕੱਠੇ ਹੋਣਗੇ। ਮੀਟਿੰਗ ਵਿਚ ਸਾਥੀ ਲਖਬੀਰ ਸਿੰਘ ਨਿਜ਼ਾਮਪੁਰਾ, ਸਾਥੀ ਜਤਿੰਦਰ ਸਿੰਘ ਛੀਨਾ, ਸਵਿੰਦਰ ਸਿੰਘ ਮੀਰਾਂਕੋਟ, ਅਮਰੀਕ ਸਿੰਘ ਸੰਗਤਪੁਰਾ, ਚਰਨਜੀਤ ਮਜੀਠਾ, ਜੁਗਤਾਰ ਸਿੰਘ ਕਰਮਪੁਰਾ, ਸ਼ਮਸ਼ੇਰ ਸਿੰਘ, ਬਿੱਟੂ, ਧਰਮਪਾਲ, ਕ੍ਰਿਪਾ ਰਾਮ, ਮੰਗਲ ਸਿੰਘ ਆਦਿ ਹਾਜ਼ਰ ਸਨ।

# ਤਿੰਨ ਪੰਚਾਇਤਾਂ ਵੱਲੋਂ 20 ਏਕੜ ਜ਼ਮੀਨ ਬਾਇਓ-ਗੈਸ/ ਸੀ ਬੀ ਜੀ ਪਲਾਂਟ ਲਈ ਦੇਣ ਦੀ ਪੇਸ਼ਕਸ਼



ਧਾਰੀਵਾਲ/ਕਾਹਨੂੰਵਾਨ/ਗੁਰਦਾਸਪੁਰ (ਮਨਦੀਪ ਵਿੱਕੀ/ਜਨਕ ਮਹਾਜਨ)-ਵਿਧਾਨ ਸਭਾ ਹਲਕਾ ਕਾਦੀਆਂ ਦੇ ਹਲਕਾ ਇੰਚਾਰਜ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਬਲਾਕ ਕਾਹਨੂੰਵਾਨ ਦੀਆਂ ਤਿੰਨ ਗ੍ਰਾਮ ਪੰਚਾਇਤਾਂ ਵੱਲੋਂ 20 ਏਕੜ ਤੱਕ ਜ਼ਮੀਨ ਬਾਇਓ-ਗੈਸ / ਸੀ.ਬੀ.ਜੀ ਪਲਾਂਟ ਲਈ ਦੇਣ ਦੀ ਪੇਸ਼ਕਸ਼ ਕੀਤੀ ਗਈ ਹੈ। ਨੇ ਦੱਸਿਆ ਕਿ ਇਹ ਪ੍ਰੋਜੈਕਟ ਕਿਸਾਨਾਂ ਲਈ ਵਾਧੂ ਆਮਦਨ, ਪਰਾਲੀ ਦੇ ਮੁੱਦੇ ਦਾ ਹੱਲ ਅਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰ ਸਕਦਾ ਹੈ।ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਆਸੀਸ ਕੁਮਾਰ, ਮੈਨੇਜਿੰਗ ਡਾਇਰੈਕਟਰ ਆਫ ਵਰਬਾਬਿਓ ਇੰਡੀਆ ਪ੍ਰਾਈਵੇਟ ਲਿਮਟਿਡ ਨਾਲ ਮੁਹਾਲੀ (ਚੰਡੀਗੜ੍ਹ) ਵਿਖੇ ਕਰਵਾਏ ਇਨਵੈਸਟ ਪੰਜਾਬ ਸੰਮੇਲਨ ਦੌਰਾਨ ਮੁਲਾਕਾਤ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਆਸੀਸ ਕੁਮਾਰ ਮੈਨੇਜਿੰਗ ਡਾਇਰੈਕਟਰ ਸੰਗਰੂਰ ਦੇ ਵਿੱਚ ਦੇਸ਼ ਦੇ ਸਭ ਤੋਂ ਵੱਡੇ ਬਾਇਓਮੈਥਾਨੇਸ਼ਨ ਆਧਾਰਿਤ ਬਾਇਓ ਫਿਊਲ ਪ੍ਰੋਜੈਕਟਾਂ ਵਿੱਚੋਂ ਇੱਕ ਨੂੰ ਲੀਡ ਕਰ ਰਹੇ ਹਨ, ਜਿਸ ਵਿੱਚ ਪਰਾਲੀ ਵਰਗੇ ਖੇਤੀਬਾੜੀ ਅਵਸ਼ੇਸ਼ ਤੋਂ ਬਾਇਓ-ਸੀ.ਐੱਨ.ਜੀ ਅਤੇ ਆਰਗੈਨਿਕ ਖਾਦ ਤਿਆਰ ਕੀਤੀ ਜਾਂਦੀ ਹੈ।

ਉਨ੍ਹਾਂ ਦੱਸਿਆ ਕਿ ਉਨ੍ਹਾਂ ਵਲੋਂ ਕਾਹਨੂੰਵਾਨ ਵਿਖੇ ਵੀ ਪ੍ਰੋਜੈਕਟ ਲਗਾਉਣ ਲਈ ਹਾਂ ਪੱਖੀ ਹੁੰਗਾਰਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਬਾਇਊ ਗੈਸ ਪਲਾਟ ਪ੍ਰੋਜੈਕਟ ਲੱਗਣ ਨਾਲ ਪਰਾਲੀ ਦੇ ਪ੍ਰਬੰਧਕ ਤੇ ਸਾਂਭ ਸੰਭਾਲ ਲਈ ਲਾਹੇਵੰਦ ਹੋਵੇਗਾ। ਇਸ ਨਾਲ ਇਲਾਕੇ ਨੂੰ ਰੋਜ਼ਗਾਰ ਪ੍ਰਾਪਤ ਹੋਵੇਗਾ ਤੇ ਵਾਤਾਵਰਣ ਦੀ ਸ਼ੁੱਧ ਰਹੇਗਾ ਕਿਉਂਕਿ ਇਸ ਇਲਾਕੇ ਵਿਚ ਕਾਫੀ ਰਕਬਾ ਝੋਨੇ ਅੰਦਰ ਤੇ ਕਮਾਦ ਅੰਦਰ ਆਉਂਦਾ ਹੈ।

# ਲਾਈਫ ਕੇਅਰ ਫਾਊਂਡੇਸ਼ਨ ਚੈਰੀਟੇਬਲ ਲੈਬਾਰਟਰੀ ਦਾ ਉਦਘਾਟਨ



ਬਿਆਸ (ਪਰਮਜੀਤ ਸਿੰਘ ਰੱਖੜਾ)-ਬਾਬਾ ਸਾਵਣ ਸਿੰਘ ਨਗਰ ਦੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਲਾਈਫ ਕੇਅਰ ਫਾਊਂਡੇਸ਼ਨ ਚੈਰੀਟੇਬਲ ਲੈਬੋਰਟਰੀ ਦਾ ਉਦਘਾਟਨ ਬਾਬਾ ਬਕਾਲਾ ਸਾਹਿਬ ਹਲਕੇ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਅਤੇ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਕਾਦੀਆਂ ਨੇ ਕੀਤਾ। ਸਤੀਸ਼ ਐਨ ਜੀ ਓ ਪੀ ਜੀ ਆਈ ਵਾਲਿਆਂ ਨੇ ਇਸ ਮੌਕੇ ਆਪਣੀ ਟੀਮ ਨਾਲ ਪੁੱਜ ਕੇ ਹਾਜ਼ਰੀ ਲਵਾਈ ਅਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬਿਨਾਂ ਕਿਸੇ ਡਰ ਦੇ ਲੋਕ ਪੀ ਜੀ ਆਈ ਵਿੱਚ ਆਉਣ ਅਤੇ ਆਪਣਾ ਸਸਤਾ ਅਤੇ ਮੁਫਤ ਵਰਗਾ ਇਲਾਜ ਕਰਵਉਣ। ਲੋਕ ਪ੍ਰਾਈਵੇਟ ਹਸਪਤਾਲਾਂ ਨੂੰ ਭੱਜਦੇ ਨੇ ਅਤੇ ਪੀ ਜੀ ਆਈ ਦੇ ਨਾਮ ਤੋਂ ਹੀ ਡਰਦੇ ਨੇ ਜੋ ਕਿ ਸਿਰਫ ਲੋਕਾਂ ਨੂੰ ਗੁਮਰਾਹ ਕਰਨ ਵਾਲੀ ਚੀਜ਼ ਹੈ, ਉਥੇ ਬੜੀ ਆਸਾਨੀ ਨਾਲ ਲੋਕਾਂ ਨੂੰ ਇਲਾਜ ਮਿਲਦਾ ਹੈ ਸਾਡੀ ਟੀਮ ਉਥੇ ਹਰ ਤਰ੍ਹਾਂ ਦੀ ਸਹਾਇਤਾ ਲਈ ਉਪਲਬਧ ਹੈ। ਰਜਿੰਦਰ ਸਿੰਘ ਸਹੋਤਾ ਜ਼ਿਲ੍ਹਾ ਪ੍ਰਧਾਨ ਸਮਾਜ ਸੇਵਾ ਹੈਲਪ ਲਾਈਨ ਅਤੇ ਐਂਟੀ ਕੁਰੱਪਸ਼ਨ ਅਮ੍ਰਿਤਸਰ ਨੇ ਦੱਸਿਆ ਕਿ ਲਾਈਫ ਕੇਅਰ ਫਾਊਂਡੇਸ਼ਨ ਚੈਰੀਟੇਬਲ ਲੈਬੋਰਟਰੀ ਜਿਸ ਵਿੱਚ ਮਾਰਕੀਟ ਨਾਲੋਂ 75 ਪ੍ਰਤੀਸ਼ਤ ਘੱਟ ਰੇਟ 'ਤੇ ਟੈਸਟ ਕੀਤੇ ਜਾਇਆ ਕਰਨਗੇ ਅਤੇ ਉਦਘਾਟਨ ਵਾਲੇ ਦਿਨ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਕੈਂਪ ਵੀ ਲਗਾਇਆ ਗਿਆ ਜਿਸ ਵਿੱਚ ਗੁਰਦਿਆਂ ਦੇ 5 ਟੈਸਟ ਯੂਰਿਕ ਐਸਿਡ ਅਤੇ ਸ਼ੂਗਰ ਦਾ ਇੱਕ ਟੈਸਟ ਫ੍ਰੀ ਕੀਤੇ ਗਏ । ਰਜਿੰਦਰ ਸਿੰਘ ਸਹੋਤਾ ਨੇ ਦੱਸਿਆ ਕਿ ਇਸ ਬਹੁਤ ਹੀ ਘੱਟ ਰੇਟ 'ਤੇ ਟੈਸਟ ਕਰਨ ਵਾਲੀ ਇਸ ਲਾਈਫ ਕੇਅਰ ਲੈਬੋਰਟਰੀ ਨੂੰ ਗੁਰਦੁਆਰਾ ਸਾਹਿਬ ਵਿਖੇ ਖੋਲ੍ਹਣ ਵਿੱਚ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਵਿੰਦਰ ਸਿੰਘ ਅਤੇ ਗ੍ਰਾਮ ਪੰਚਾਇਤ ਬਾਬਾ ਸਾਵਣ ਸਿੰਘ ਨਗਰ ਦੇ ਸਰਪੰਚ ਗੁਰਮੁੱਖ ਸਿੰਘ ਢਿੱਲੋਂ ਅਤੇ ਓਹਨਾਂ ਦੀ ਸਾਰੀ ਟੀਮ ਦਾ ਵਿਸ਼ੇਸ਼ ਸਹਿਯੋਗ ਰਿਹਾ। ਓਹਨਾਂ ਇਲਾਕੇ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਹਰ ਲੋੜਵੰਦ ਵਿਅਕਤੀ ਇਸ ਲੈਬੋਰਟਰੀ ਵਿੱਚੋਂ ਬਹੁਤ ਹੀ ਘੱਟ ਰੇਟ 'ਤੇ ਟੈਸਟ ਕਰਵਾ ਕੇ ਇਸ ਦਾ ਲਾਭ ਪ੍ਰਾਪਤ ਕਰੇ। ਇਸ ਮੌਕੇ ਅਮਰਜੀਤ ਮਲਟੀਸਪੈਲਟੀ ਕਲੀਨਿਕ ਬਿਆਸ ਵੱਲੋਂ ਵੀ ਫ੍ਰੀ ਮੈਡੀਕਲ ਕੈਂਪ ਲਗਾਇਆ ਗਿਆ ਜਿਸ ਵਿੱਚ ਡਾਕਟਰ ਅਮਰਜੀਤ ਸਿੰਘ ਅਤੇ ਉਨ੍ਹਾਂ ਦੀ ਟੀਮ ਵੱਲੋਂ ਫ੍ਰੀ ਮੈਡੀਕਲ ਚੈੱਕਅਪ ਕੀਤਾ ਗਿਆ ਅਤੇ ਲੋੜੀਂਦੀਆਂ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਇਸ਼ਵਰਪ੍ਰੀਤ ਸਿੰਘ ਸਹੋਤਾ, ਚੇਅਰਮੈਨ ਵੀਰ ਸਿੰਘ, ਕੁਲਦੀਪ ਸਿੰਘ ਫਤਿਹਾਬਾਦ, ਪ੍ਰਧਾਨ ਸਵਿੰਦਰ ਸਿੰਘ, ਕੁਲਵਿੰਦਰ ਸਿੰਘ ਔਜਲਾ, ਅਮਰਜੀਤ ਸਿੰਘ ਧੂਲਕਾ, ਮੰਗਲ ਸਿੰਘ, ਸਰਪੰਚ ਗੁਰਮੁਖ ਸਿੰਘ, ਮਹਿੰਦਰ ਕੁਮਾਰ, ਜਸਬੀਰ ਸਿੰਘ ਬਿਆਸ, ਸੋਨੂੰ ਕੁਮਾਰ, ਸਵਿੰਦਰ ਸਿੰਘ , ਬਲਜੀਤ ਸਿੰਘ, ਹਰਜਿੰਦਰਪਾਲ ਸਿੰਘ ਸਠਿਆਲਾ, ਗੁਰਮੀਤ ਸਿੰਘ ਖਾਲਸਾ ਅਤੇ ਬਾਬਾ ਜੀਤ ਸਿੰਘ ਹਾਜ਼ਰ ਸਨ।

# ਬਾਰ ਕੌਂਸਲ ਆਫ ਪੰਜਾਬ ਐਂਡ ਹਰਿਆਣਾ-2026 ਦੀਆਂ ਚੋਣਾਂ ਭਲਕੇ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਗੁਰਦਾਸਪੁਰ ਆਦਿੱਤਿਆ ਉੱਪਲ ਨੇ ਦੱਸਿਆ ਮੁੱਖ ਚੋਣ ਅਫ਼ਸਰ ਪੰਜਾਬ ਅਤੇ ਚੰਡੀਗੜ੍ਹ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਰਾਜ ਦੇ ਸਮੁੱਚੇ ਜ਼ਿਲ੍ਹਿਆ, ਸਬ-ਡਵੀਜ਼ਨਾਂ ਅਤੇ ਤਹਿਸੀਲਾਂ ਵਿੱਚ ਬਾਰ ਕੌਂਸਲ ਆਫ਼ ਪੰਜਾਬ ਐਂਡ ਹਰਿਆਣਾ 2026 ਦੀਆਂ ਚੋਣਾਂ 18 ਮਾਰਚ ਨੂੰ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਕਰਵਾਈਆਂ ਜਾਣੀਆਂ ਹਨ, ਜਿਸ ਤਹਿਤ ਗੁਰਦਾਸਪੁਰ ਵਿੱਚ ਬਾਰ ਕੌਂਸਲ ਆਫ ਪੰਜਾਬ ਐਂਡ ਹਰਿਆਣਾ-2026 ਦੀਆਂ ਚੋਣਾਂ 18 ਮਾਰਚ ਨੂੰ ਸਵੇਰੇ 9 ਤੋਂ ਸ਼ਾਮ 5 ਕਰਵਾਈਆਂ ਜਾਣਗੀਆਂ। ਇਹ ਚੋਣਾਂ ਰਾਜ ਪੱਧਰੀ ਰਿਟਰਨਿੰਗ ਅਫ਼ਸਰ ਜਸਟਿਸ ਜੈਸ੍ਰੀ ਠਾਕੁਰ (ਸੇਵਾਮੁਕਤ) ਵੱਲੋਂ ਨਿਰਧਾਰਤ ਕੀਤੇ ਗਏ ਪੌਲਿੰਗ ਬੂਥਾਂ ਵਿੱਚ ਕਰਵਾਈਆ ਜਾ ਰਹੀਆਂ ਹਨ। ਪੋਲਿੰਗ ਬੂਥ ਨੰਬਰ 1, ਜ਼ਿਲ੍ਹਾ ਕੋਰਟ ਕੰਪਲੈਕਸ, ਗੁਰਦਾਸਪੁਰ ਦੀ ਪਹਿਲੀ ਮੰਜ਼ਲ 'ਤੇ ਸਥਿਤ ਬਾਰ ਰੂਮ। ਇਸ ਪੋਲਿੰਗ ਬੂਥ ਵਿੱਚ ਵਕੀਲ ਭਾਈਚਾਰੇ ਦੀਆਂ ਕੁੱਲ 456 ਵੋਟਾਂ ਹਨ। ਪੋਲਿੰਗ ਬੂਥ ਨੰਬਰ 2, ਡਾਈਨਿੰਗ ਰੂਮ, ਜ਼ਿਲ੍ਹਾ ਕੋਰਟ ਕੰਪਲੈਕਸ ਗੁਰਦਾਸਪੁਰ ਅਤੇ 474 ਵੋਟਾਂ ਹਨ। ਪੋਲਿੰਗ ਬੂਥ ਬਟਾਲਾ, ਬਾਰ ਰੂਮ, ਕੋਰਟ ਕੰਪਲੈਕਸ ਬਟਾਲਾ ਵਿਖੇ ਅਤੇ ਕੁੱਲ ਵੋਟਾਂ 315 ਹਨ। ਚੋਣਾਂ ਨੂੰ ਮੁੱਖ ਰੱਖਦਿਆਂ ਹੋਇਆ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ ਸਮੁੱਚੇ ਪ੍ਰਸ਼ਾਸ਼ਨਿਕ ਅਤੇ ਪੁਲਿਸ ਸਬੰਧੀ ਯੋਗ ਪ੍ਰਬੰਧ ਕਰ ਲਏ ਗਏ ਹਨ। ਪੋਲਿੰਗ ਬੂਥਾਂ 'ਤੇ ਵੀਡੀਓਗ੍ਰਾਫੀ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਹਦਾਇਤਾਂ ਅਨੁਸਾਰ ਕੇਵਲ 5 ਦਸਤਾਵੇਜ਼ ਜਿਨ੍ਹਾਂ 'ਤੇ ਫੋਟੋ ਲੱਗੀ ਹੋਵੇ, ਰਾਹੀਂ ਹੀ ਵੋਟ ਪਾਈ ਜਾ ਸਕਦੀ ਹੈ। ਜਿਨ੍ਹਾਂ ਵਿੱਚ ਬਾਰ ਕੌਂਸਲ ਵੱਲੋਂ ਜਾਰੀ ਸ਼ਨਾਖਤੀ ਕਾਰਡ, ਐਨਰੋਲਮੈਂਟ ਸਰਟੀਫਿਕੇਟ, ਡਰਾਈਵਿੰਗ ਲਾਈਸੈਂਸ, ਪਾਸਪੋਰਟ ਅਤੇ ਵੋਟਰ ਫੋਟੋ ਸ਼ਨਾਖਤੀ ਕਾਰਡ ਸ਼ਾਮਲ ਹੈ। ਚੋਣਾਂ ਦੌਰਾਨ ਕਿਸੇ ਵੀ ਕਿਸਮ ਦੀ ਕਾਨੂੰਨ-ਵਿਵਸਥਾ ਨੂੰ ਭੰਗ ਕਰਨ ਵਾਲੀ ਗਤੀਵਿਧੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਪੁਲਸ ਵਿਭਾਗ ਨੂੰ ਵੋਟਿੰਗ ਸਥਾਨ ਦੇ 100 ਮੀਟਰ ਦੇ ਘੇਰੇ ਵਿੱਚ ਪੂਰੀ ਸੁਰੱਖਿਆ ਦੇ ਪ੍ਰਬੰਧ ਕਰਨ ਦੇ ਆਦੇਸ਼ ਜਾਰੀ ਕੀਤੇ ਜਾ ਚੁੱਕੇ ਹਨ, ਤਾਂ ਜੋ ਚੋਣਾਂ ਸ਼ਾਂਤੀਪੂਰਵਕ ਅਤੇ ਪਾਰਦਰਸ਼ੀ ਢੰਗ ਨਾਲ ਮੁਕੰਮਲ ਹੋ ਸਕਣ।ਚੋਣਾਂ ਦੀ ਸਮਾਪਤੀ ਉਪਰੰਤ ਚੋਣਾਂ ਵਾਲੇ ਬੈਲਟ ਬਕਸੇ ਸਮੇਤ ਸਾਰਾ ਚੋਣ ਮਟੀਰੀਅਲ ਉਸੇ ਦਿਨ ਭਾਵ 18 ਮਾਰਚ ਨੂੰ ਪੁਲਸ ਗਾਰਦ ਦੀ ਸੁਰੱਖਿਆ ਹੇਠ ਪੰਜਾਬ ਐਂਡ ਹਰਿਆਣਾ ਹਾਈਕੋਰਟ ਚੰਡੀਗੜ੍ਹ ਵਿੱਖੇ ਗੇਟ ਨੰ. 4 ਕਮਰਾ ਨੰ. 3 ਵਿੱਚ ਗਠਿਤ ਕੀਤੀਆਂ ਟੀਮਾਂ ਵੱਲੋਂ ਜਮ੍ਹਾਂ ਕਰਵਾਇਆ ਜਾਵੇਗਾ ਅਤੇ ਗਿਣਤੀ ਪੰਜਾਬ ਐਂਡ ਹਰਿਆਣਾ ਹਾਈਕੋਰਟ ਚੰਡੀਗੜ੍ਹ ਵਿਖੇ ਹੋਵੇਗੀ।ਉਨ੍ਹਾਂ ਵੱਲੋਂ ਬਾਰ ਐਸੋਸੀਏਸ਼ਨ ਦੇ ਮੈਂਬਰਾਂ ਅਤੇ ਸਮੁੱਚੇ ਵਕੀਲ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ 18 ਮਾਰਚ ਨੂੰ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਆਪਣੇ ਵੋਟ ਹੱਕ ਦਾ ਇਸਤੇਮਾਲ ਕਰਨ।

## ਸੜਕ 'ਤੇ ਖੜ੍ਹਾ ਪਾਣੀ ਨਵੀਆਂ ਸੜਕਾਂ ਨੂੰ ਕਰ ਰਿਹਾ ਖਰਾਬ

ਗੁਰਦਾਸਪੁਰ (ਜਨਕ ਮਹਾਜਨ)- ਸੜਕਾਂ 'ਤੇ ਮੀਂਹ ਦਾ ਪਾਣੀ ਖੜ੍ਹਾ ਰਹਿਣ ਕਰਕੇ ਨਵੀਆਂ ਸੜਕਾਂ ਟੁੱਟ ਰਹੀਆਂ ਹਨ ਜਿਸ ਨਾਲ ਪੰਜਾਬ ਸਰਕਾਰ ਦਾ ਵੱਡਾ ਨੁਕਸਾਨ ਹੋ ਰਿਹਾ ਹੈ। ਇਲਾਕਾ ਵਾਸੀਆਂ ਨੇ ਦੱਸਿਆ ਕਿ ਗੁਰਦਾਸਪੁਰ ਸ਼ਹਿਰ ਅਤੇ ਪੇਂਡੂ ਖੇਤਰ ਅੰਦਰ ਬਣੀਆਂ ਸੜਕਾਂ ਅਜੇ ਵੀ ਉੱਚੀਆਂ ਨੀਵੀਆਂ ਬਣ ਰਹੀਆਂ ਹਨ ਅਤੇ ਉਨ੍ਹਾਂ ਸੜਕਾਂ ਦਾ ਪਾਣੀ ਦਾ ਕੋਈ ਨਿਕਾਸ ਨਹੀਂ ਹੈ ਜਿਸ ਨਾਲ ਸੜਕਾਂ ਨੂੰ ਤਰੇੜਾਂ ਪੈ ਰਹੀਆਂ ਹਨ ਅਤੇ ਭਾਰੀ ਵਾਹਨ ਗੁਜ਼ਰਨ ਨਾਲ ਸੜਕਾਂ ਟੁੱਟ ਜਾਂਦੀਆਂ ਹਨ ਜੋ ਗੰਭੀਰ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ।

ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਅਤੇ ਪੰਡੋਰੀ ਮਹੰਤਾਂ ਤੇ ਸ਼ਹਿਰ ਅੰਦਰ ਕੁਝ ਹੀ ਮਹੀਨੇ ਪਹਿਲਾਂ ਸੜਕਾਂ ਦੀ ਉਸਾਰੀ ਹੋਈ ਸੀ ਜੋ ਪਾਣੀ ਦੇ ਖੜ੍ਹਾ ਰਹਿਣ ਨਾਲ ਉਖੜਨੀਆਂ ਸ਼ੁਰੂ ਹੋ ਗਈਆਂ ਹਨ। ਇਸ ਨਾਲ ਰਾਹਗੀਰਾਂ ਨੂੰ ਵੀ ਕਾਫੀ ਮੁਸ਼ਕਲਾਂ ਵਿੱਚੋਂ ਲੰਘਣਾ ਪੈ ਰਿਹਾ ਹੈ।

ਉਨ੍ਹਾਂ ਨੇ ਪੰਜਾਬ ਦੇ ਲੋਕ ਨਿਰਮਾਣ ਮੰਤਰੀ ਪਾਸੋਂ ਮੰਗ ਕੀਤੀ ਗਈ ਸ਼ਹਿਰ ਤੇ ਦਿਹਾਤੀ ਖੇਤਰ ਅੰਦਰ ਹਾਲ ਹੀ ਵਿਚ ਬਣੀਆਂ ਸੜਕਾਂ ਦੀ ਉੱਚ ਪੱਧਰੀ ਜਾਂਚ ਕਿਸੇ ਨਿਰਪੱਖ ਏਜੰਸੀ ਤੋਂ ਕਰਵਾਈ ਜਾਵੇ।

# ਸ਼ਹੀਦ ਭਗਤ ਸਿੰਘ ਕਾਲਜ ਆਫ ਫਾਰਮੇਸੀ 'ਚ ਖੇਡ ਮੇਲਾ



ਪੱਟੀ (ਬਲਦੇਵ ਸਿੰਘ ਸੰਧੂ)- ਸ਼ਹੀਦ ਭਗਤ ਸਿੰਘ ਕਾਲਜ ਆਫ ਫਾਰਮੇਸੀ ਪੱਟੀ ਵਿੱਚ 13 ਅਤੇ 14 ਮਾਰਚ ਨੂੰ ਸਾਲਾਨਾ ਖੇਡ ਮੇਲਾ ਬੜੇ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਮਨਾਇਆ ਗਿਆ। ਇਸ ਖੇਡ ਮੇਲੇ ਵਿੱਚ ਵਿਦਿਆਰਥੀਆਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਭਾਗ ਲੈ ਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਹ ਸਮਾਗਮ ਡਾ. ਰਾਜੇਸ਼ ਭਾਰਦਵਾਜ (ਚੇਅਰਮੈਨ), ਡਾ. ਮ੍ਰਿਦੁਲਾ ਭਾਰਦਵਾਜ (ਮੈਨੇਜਿੰਗ ਡਾਇਰੈਕਟਰ), ਸਤਿਆਮ ਭਾਰਦਵਾਜ (ਡਾਇਰੈਕਟਰ) ਅਤੇ ਸ੍ਰੀਮਤੀ ਸ਼ੁਭੀ ਭਾਰਦਵਾਜ (ਡਾਇਰੈਕਟਰ) ਦੀ ਸਰਪ੍ਰਸਤੀ ਅਤੇ ਮਾਰਗਦਰਸ਼ਨ ਹੇਠ ਆਯੋਜਿਤ ਕੀਤਾ ਗਿਆ। ਖੇਡ ਮੇਲਾ ਸਮਾਗਮ ਦੇ ਅੰਤ ਵਿੱਚ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਜੇਤੂ ਵਿਦਿਆਰਥੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

ਕਾਲਜ ਪ੍ਰਬੰਧਕਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਖੇਡਾਂ ਵਿੱਚ ਭਾਗ ਲੈਣਾ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਲਈ ਬਹੁਤ ਜ਼ਰੂਰੀ ਹੈ ਅਤੇ ਇਸ ਨਾਲ ਟੀਮ ਵਰਕ, ਅਨੁਸ਼ਾਸਨ ਅਤੇ ਆਤਮ ਵਿਸ਼ਵਾਸ ਵਿੱਚ ਵਾਧਾ ਹੁੰਦਾ ਹੈ।

# ਮੁਰੀਦਕੇ ਦਾ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਯਾਦਗਾਰੀ ਹੋ ਨਿੱਬੜਿਆ



ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)-ਪਿੰਡ ਮੁਰੀਦਕੇ ਦੀ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਪਿੰਡ ਦੇ ਗੁਰਦੁਆਰਾ ਸਿੰਘ ਸਭਾ ਸਾਹਿਬ 'ਚ ਸਰਬੱਤ ਦੇ ਭਲੇ ਤੇ ਖਾਲਸੇ ਦੀ ਚੜ੍ਹਦੀ ਕਲਾ ਲਈ ਸ੍ਰੀ ਅਖੰਡ ਪਾਠ ਸਾਹਿਬ ਕਰਵਾਏ ਗਏ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਤਿਗੁਰ ਦੇ ਨਵੇ ਬਣੇ ਅਸਥਾਨ 'ਤੇ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਪੰਜ ਪਿਆਰਿਆਂ ਦੀ ਅਗਵਾਈ ਹੇਠ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਸੰਗਤਾਂ ਦੇ ਜੈਕਾਰਿਆਂ ਦੀ ਗੂੰਜ ਹੇਠ ਸੁਸ਼ੋਭਿਤ ਕੀਤੇ ਗਏ। ਜਿਸ ਦੀ ਅਰੰਭਤਾ ਮੌਕੇ ਬੀਬੀ ਸੰਦੀਪ ਕੌਰ ਖਾਲਸਾ, ਭਾਈ ਦਿਲਬਾਗ ਸਿੰਘ ਕੀਰਤਨੀ ਜਥੇ ਸਮੇਤ ਭਾਈ ਗੁਰਜੰਟ ਸਿੰਘ ਜੀ ਯੂ ਐਸ ਏ ਵਾਲਿਆਂ ਵੱਲੋਂ ਰਸਭਿੰਨੀ ਅਵਾਜ਼ 'ਚ ਕੀਰਤਨ ਕੀਤਾ ਗਿਆ । ਇਸ ਮੌਕੇ ਪਹੁੰਚੀਆਂ ਸ਼ਖਸੀਅਤਾਂ ਵਿੱਚ ਭਾਈ ਹਰਦੀਪ ਸਿੰਘ ਖੁਜਾਲਾ, ਉਸਤਾਦ ਜਗਦੀਪ ਸਿੰਘ ਦਮਦਮੀ ਟਕਸਾਲ, ਉਸਤਾਦ ਗਿਆਨੀ ਜਗਦੀਪ ਸਿੰਘ, ਬਾਬਾ ਜੁਗਰਾਜ ਸਿੰਘ, ਭਾਈ ਅਨੋਖ ਸਿੰਘ ਫਤਿਹਗੜ੍ਹ ਚੂੜੀਆਂ, ਪੰਥ ਅਕਾਲੀ ਗੁਰੂ ਨਾਨਕ ਦਲ ਨਿਹੰਗ ਸਿੰਘ ਫੌਜਾਂ, ਪੰਥ ਅਕਾਲੀ ਗੁਰੂ ਨਾਨਕ ਦਲ ਦੇ ਬਾਬਾ ਗੁਰਨਾਮ ਸਿੰਘ ਮਹਾਕਾਲ ਨਿਕੋਸਰਾਂ ਵਾਲੇ, ਭਾਈ ਦਵਿੰਦਰ ਸਿੰਘ ਗ੍ਰੰਥੀ ਗੁਰਦੁਆਰਾ ਬੇਰ ਬਾਬਾ ਬੁੱਢਾ ਸਾਹਿਬ ਅੰਮ੍ਰਿਤਸਰ, ਬਾਬਾ ਲਖਵਿੰਦਰ ਸਿੰਘ ਜੀ ਸਰਫਕੋਟ, ਭਾਈ ਹਰਦੇਵ ਸਿੰਘ ਵਿਦਿਆਰਥੀ ਦਮਦਮੀ ਟਕਸਾਲ ਹਾਜ਼ਰ ਸਨ। ਉਪਰੰਤ ਦਮਦਮੀ ਟਕਸਾਲ ਦੇ ਵਿਦਿਆਰਥੀ ਭਾਈ ਮਨਜਿੰਦਰ ਸਿੰਘ ਭੰਗਾਲੀ ਦੀ ਗਤਕੇ ਦੀ ਟੀਮ ਵੱਲੋਂ ਗਤਕੇ ਦੇ ਜੌਹਰ ਵਿਖਾਏ ਗਏ। ਗੁਰਮਿਤ ਪ੍ਰਚਾਰ ਲਹਿਰ ਦਮਦਮੀ ਟਕਸਾਲ ਦੇ ਪੰਜ ਪਿਆਰੇ ਸਾਹਿਬਾਨ ਵੱਲੋਂ ਅੰਮ੍ਰਿਤ ਸੰਚਾਰ ਕੀਤਾ ਗਿਆ ।ਇਸ ਮੌਕੇ ਗੁਰੂ ਘਰ ਦੇ ਸੇਵਾਦਾਰਾਂ ਗ੍ਰੰਥੀ ਬਾਬਾ ਬਲਜਿੰਦਰ ਸਿੰਘ, ਗ੍ਰੰਥੀ ਹਰਦੀਪ ਸਿੰਘ, ਗ੍ਰੰਥੀ ਪ੍ਰੇਮ ਸਿੰਘ, ਗ੍ਰੰਥੀ ਹਰਮਿੰਦਰ ਸਿੰਘ, ਮਾ: ਹਰਦਿਆਲ ਸਿੰਘ, ਅਜੀਤ ਸਿੰਘ, ਮਲਕੀਤ ਸਿੰਘ ਆੜ੍ਹਤੀ, ਮੋਹਨ ਸਿੰਘ, ਸਕੱਤਰ ਸਿੰਘ, ਸਮਸੇਰ ਸਿੰਘ, ਸਤਨਾਮ ਸਿੰਘ, ਦਿਲਦਾਰ ਸਿੰਘ, ਸੂਬਾ ਸਿੰਘ, ਚੰਨਣ ਸਿੰਘ, ਰਘਬੀਰ ਸਿੰਘ, ਹਰਜਿੰਦਰ ਸਿੰਘ, ਹਰਦੇਵ ਸਿੰਘ, ਮਾ: ਅਮਰਬੀਰ ਸਿੰਘ, ਮਨਪਵਿੱਤਰਪਾਲ ਸਿੰਘ, ਹਰਜੀਤ ਸਿੰਘ, ਸਰਪੰਚ ਅੰਮ੍ਰਿਤਪਾਲ ਕੌਰ, ਨਰਿੰਦਰ ਸਿੰਘ ਸਾਬਕਾ ਸਰਪੰਚ, ਗੁਰਦੀਪ ਸਿੰਘ ਸਾਬਕਾ ਸਰਪੰਚ, ਸਾਬਕਾ ਸਰਪੰਚ ਬਾਵਾ ਸਿੰਘ, ਅਵਤਾਰ ਸਿੰਘ, ਜਥੇਦਾਰ ਮੁਖਤਾਰ ਸਿੰਘ, ਪਰਮਿੰਦਰ ਸਿੰਘ, ਲਖਵਿੰਦਰ ਸਿੰਘ, ਜਸਵਿੰਦਰ ਸਿੰਘ, ਬਲਰਾਜ ਸਿੰਘ, ਬਲਕਾਰ ਸਿੰਘ, ਗੁਲਜਾਰ ਸਿੰਘ, ਹੀਰਾ ਸਿੰਘ, ਜੋਗਾ ਸਿੰਘ, ਮਲਕੀਤ ਸਿੰਘ, ਗੁਰਮੀਤ ਸਿੰਘ, ਹਰਪਾਲ ਸਿੰਘ, ਕਮਲਜੀਤ ਸਿੰਘ, ਨਿਰਮਲ ਸਿੰਘ, ਰਾਜਵਿੰਦਰ ਸਿੰਘ, ਗੁਰਸੇਵਕ ਸਿੰਘ, ਅਰਸ਼ਦੀਪ ਸਿੰਘ, ਬੂਟਾ ਸਿੰਘ, ਧਿਆਨ ਸਿੰਘ, ਹਰਦੇਵ ਸਿੰਘ, ਰਾਜਵਿੰਦਰਜੀਤ ਸਿੰਘ, ਸੁਰਿੰਦਰ ਸਿੰਘ, ਬਲਜਿੰਦਰ ਸਿੰਘ, ਲਖਵਿੰਦਰ ਸਿੰਘ, ਨਿਰਮਲ ਸਿੰਘ, ਰਮਨਦੀਪ ਸਿੰਘ, ਸੁਖਵਿੰਦਰ ਸਿੰਘ, ਮੁਖਤਾਰ ਸਿੰਘ, ਬਲਦੇਵ ਸਿੰਘ, ਸੁੱਚਾ ਸਿੰਘ , ਹਰਜੀਤ ਸਿੰਘ, ਗੁਰਮੇਜ ਸਿੰਘ, ਮਨਜੀਤ ਸਿੰਘ, ਰਣਯੋਧ ਸਿੰਘ, ਕਰਤਾਰ ਸਿੰਘ, ਕੁਲਵਿੰਦਰ ਸਿੰਘ, ਪਰਮਜੀਤ ਸਿੰਘ, ਗੁਰਦਿਆਲ ਸਿੰਘ, ਕੁਲਦੀਪ ਸਿੰਘ, ਵੀਰਪਾਲ ਸਿੰਘ , ਤੀਰਥ ਸਿੰਘ, ਜਸਨਦੀਪ ਸਿੰਘ, ਮਨਜੀਤ ਸਿੰਘ, ਹਰਜੀਤ ਸਿੰਘ, ਹਰਵੰਤ ਸਿੰਘ, ਬਲਕਾਰ ਸਿੰਘ, ਵੱਸਣ ਸਿੰਘ, ਅਨੂਪ ਸਿੰਘ ਸਮੇਤ ਸੁਖਮਨੀ ਸੁਸਾਇਟੀ ਦੀਆਂ ਸੇਵਾਦਾਰ ਬੀਬੀਆਂ ਹਾਜ਼ਰ ਸਨ।ਇਸ ਮੌਕੇ ਅਤੁੱਟ ਲੰਗਰ ਵਰਤਾਏ ਗਏ।

## ਪੰਜਾਬ ਦਾ ਭਲਾ ਭਾਜਪਾ ਹੀ ਕਰ ਸਕਦੀ : ਡਾ. ਸੁਸ਼ੀਲ ਦੇਵਗਨ



ਛੇਹਰਟਾ/ਖਾਸਾ (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ)- ਸ਼ਨੀਵਾਰ ਨੂੰ ਮੋਗਾ ਵਿਚ ਹੋਈ ਰੈਲੀ ਵਿਚ ਭਾਜਪਾ ਦੇ ਸੀਨੀਅਰ ਆਗੂ ਐਡਵੋਕੇਟ ਡਾ. ਸੁਸ਼ੀਲ ਦੇਵਗਨ ਤੇ ਭਾਜਪਾ ਮਹਿਲਾ ਮੋਰਚਾ ਦੀ ਸੂਬਾ ਸਕੱਤਰ ਬਲਵਿੰਦਰ ਕੌਰ ਹਲਕਾ ਅਟਾਰੀ ਤੇ ਹਲਕਾ ਅੰਮ੍ਰਿਤਸਰ ਪੱਛਮੀ ਤੋਂ 22 ਬੱਸਾਂ ਦਾ ਕਾਫ਼ਲਾ ਲੈ ਕੇ ਸ਼ਾਮਿਲ ਹੋਏ। ਰੈਲੀ ਉਪਰੰਤ ਐਡਵੋਕੇਟ ਡਾ. ਸੁਸ਼ੀਲ ਦੇਵਗਨ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਇਸ ਰੈਲੀ ਨੇ ਪੰਜਾਬ ਵਿਚ ਭਾਜਪਾ ਦੀ ਸਰਕਾਰ ਬਣਾਉਣ ਦਾ ਮੁੱਢ ਬੰਨ੍ਹ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਰੈਲੀ ਵਿਚ ਹੋਏ ਇਕੱਠ ਨੇ ਵਿਰੋਧੀਆਂ ਦੀ ਨੀਂਦ ਉਡਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕ ਭਲੀਭਾਂਤ ਜਾਣ ਗਏ ਹਨ ਕਿ ਪੰਜਾਬ ਦਾ ਭਲਾ ਸਿਰਫ਼ ਭਾਜਪਾ ਦੇ ਰਾਜ ਵਿਚ ਹੀ ਸੰਭਵ ਹੈ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਨੂੰ ਨਸ਼ੇ ਤੇ ਗੈਂਗਸਟਰਵਾਦ ਤੋਂ ਮੁਕਤੀ ਦਿਵਾਉਣੀ ਹੈ ਤਾਂ ਸੂਬੇ ਵਿਚ ਭਾਜਪਾ ਦੀ ਸਰਕਾਰ ਲਿਆਉਣੀ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਸ ਰੈਲੀ ਵਿਚ ਜਿਸ ਤਰ੍ਹਾਂ ਜਨ ਸੈਲਾਬ ਉਮੜਿਆ ਤੇ ਲੋਕ ਆਪ ਮੁਹਾਰੇ ਸ਼ਾਮਿਲ ਹੋਏ, ਇਸ ਤੋਂ ਉਮੀਦ ਬੱਝੀ ਹੈ ਕਿ ਇਸ ਵਾਰ ਪੰਜਾਬ 'ਚ ਭਾਜਪਾ ਦੀ ਹੀ ਸਰਕਾਰ ਬਣੇਗੀ। ਉਨ੍ਹਾਂ ਕਿਹਾ ਕਿ ਸੂਬੇ ਦਾ ਵਿਕਾਸ ਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਸਿਰਫ਼ ਭਾਜਪਾ ਹੀ ਪੈਦਾ ਕਰ ਸਕਦੀ ਹੈ। ਇਸ ਮੌਕੇ ਭਾਜਪਾ ਜ਼ਿਲ੍ਹਾ ਅੰਮ੍ਰਿਤਸਰ (ਦਿਹਾਤੀ) ਦੇ ਜਨਰਲ ਸਕੱਤਰ ਰਾਜੇਸ਼ ਭੋਲਾ, ਮੰਡਲ ਪ੍ਰਧਾਨ ਅਟਾਰੀ ਸਰਵਣ ਸਿੰਘ ਸੋਹਲ ਤੇ ਮੰਡਲ ਜਨਰਲ ਸਕੱਤਰ ਮੁਰਾਦ ਸਿੰਘ, ਪਰਸ਼ੋਤਮ ਸਿੰਘ ਭਕਨਾ, ਰਮਨ ਲਖਨਪਾਲ, ਸੰਜੀਵ ਦੇਵਗਨ ਚੀਚਾ, ਅਮਨ ਕੁਮਾਰ ਘਰਿੰਡਾ, ਹਰਦੇਵ ਸਿੰਘ ਕਾਉਂਕੇ, ਗੁਰਮੀਤ ਸਿੰਘ ਸ਼ੇਰਾ, ਰਘੂਰਾਜ ਆਦਿ ਵੀ ਹਾਜ਼ਰ ਸਨ।

# ਮਿਸ ਇੰਗਲੈਂਡ ਵਰਲਡ 2024-26 ਡੈਲੀਗੇਸ਼ਨ ਵੱਲੋਂ ਰੁੜਕਾ ਕਲਾਂ ਦਾ ਦੌਰਾ

**ਗੁਰਾਇਆ (ਬਿੰਦਰ ਸੁਮਨ)**

ਯੂਥ ਫੁੱਟਬਾਲ ਕਲੱਬ ਰੁੜਕਾ ਕਲਾਂ ਨੇ ਯੂਨਾਈਟਿਡ ਕਿੰਗਡਮ ਤੋਂ ਆਏ ਇੱਕ ਵਿਸ਼ੇਸ਼ ਵਫ਼ਦ ਦਾ ਸਵਾਗਤ ਕਰਨ ਲਈ ਜਨਰੇਸ਼ਨ ਅਮੇਜ਼ਿੰਗ ਕਮਿਊਨਿਟੀ ਕਲੱਬ, ਰੁੜਕਾ ਕਲਾਂ ਵਿਖੇ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ। ਵਫ਼ਦ ਵਿੱਚ ਕਮਿਊਨਿਟੀ ਆਗੂ ਅਤੇ ਅੰਤਰਰਾਸ਼ਟਰੀ ਮਹਿਮਾਨ ਸ਼ਾਮਲ ਸਨ, ਜਿਨ੍ਹਾਂ ਵਿੱਚ ਡਾ. ਰਾਕੇਸ਼ ਸਚਦੇਵ, ਬ੍ਰਿਟਿਸ਼ ਆਰਗੇਨਾਈਜ਼ੇਸ਼ਨ ਫਾਰ ਪੀਪਲ ਆਫ਼ ਏਸ਼ੀਅਨ-ਓਰੀਜਨ ਦੇ ਪ੍ਰਧਾਨ ਅਤੇ ਸੰਸਥਾਪਕ ਸ਼ਾਮਲ ਸਨ, ਜੋ ਬ੍ਰਿਟਿਸ਼ ਪਛਾਣ, ਏਕੀਕਰਨ, ਸੱਭਿਆਚਾਰਕ ਵਿਰਾਸਤ, ਭਾਈਚਾਰਕ ਏਕਤਾ ਅਤੇ ਸਮਾਜ ਵਿੱਚ ਸ਼ਾਂਤੀ ਨੂੰ ਉਤਸ਼ਾਹਿਤ ਕਰਨ ਲਈ ਕੰਮ ਕਰਦਾ ਹੈ।



ਵਿਜਿਟਿੰਗ ਵਫ਼ਦ ਵਿੱਚ ਡਾ ਰਾਕੇਸ਼ ਸਚਦੇਵ, ਪ੍ਰਧਾਨ, ਦਵਿੰਦਰ ਪ੍ਰਸਾਦ (ਜਨਰਲ ਸਕੱਤਰ ਅਤੇ ਸਾਬਕਾ ਪ੍ਰਧਾਨ ਕੋਵੈਂਟਰੀ ਮਰਸੀਆ ਲਾਇਨਜ਼ ਕਲੱਬ),ੀ ਕ੍ਰਿਸਟੋਫਰ ਜੌਨ ਰਿਚਰਡਸਨ (ਲੈਸਟਰ, ਯੂਕੇ ਤੋਂ ਇੱਕ ਸੀਨੀਅਰ ਸੇਵਾਮੁਕਤ ਪੁਲਸ ਅਧਿਕਾਰੀ), ਰੇਖਾ ਚਾਵਲਾ (ਅਬੋਰ, ਪੰਜਾਬ ਤੋਂ ਸੇਵਾਮੁਕਤ ਅਧਿਆਪਕਾ), ਪੰਡਿਤ ਰਵੀ ਭੂਸ਼ਣ, ਯੂ ਕੇ ਤੋਂ (ਹਿੰਦੂ ਧਰਮ ਪੜ੍ਹਾਉਂਦੇ ਹਨ ਅਤੇ ਮਹਾਨੰਦ ਧਾਮ ਨਾਮ ਦਾ ਚੈਰਿਟੀ ਚਲਾਉਂਦੇ ਹਨ)। ਮਿਸ ਗ੍ਰੇਸ ਰਿਚਰਡਸਨ, ਮਿਸ ਇੰਗਲੈਂਡ 2025-26 ਲੈਸਟਰ ਤੋਂ, ਜਿਨ੍ਹਾਂ ਨੂੰ 21 ਸਤੰਬਰ 2025 ਨੂੰ ਤਾਜ ਪਹਿਨਾਇਆ ਗਿਆ ਸੀ ਜੋ ਕਿ ਬੋਤਸਵਾਨਾ, ਅਫਰੀਕਾ ਵਿੱਚ ਹੋਣ ਵਾਲੀ ਆਉਣ ਵਾਲੀ ਮਿਸ ਵਰਲਡ 2026 ਵਿੱਚ ਇੰਗਲੈਂਡ ਦੀ ਨੁਮਾਇੰਦਗੀ ਕਰਨਗੇ , ਉਹਨਾਂ ਦੇ ਨਾਲ ਮਿਸ ਸ਼ਾਰਲੋਟ ਗ੍ਰਾਂਟ ਵੀ ਪਹੁੰਚੇ, ਜਿੰਨਾ ਮਿਸ ਇੰਗਲੈਂਡ ਵਰਲਡ 2024-26, ਜਿਨ੍ਹਾਂ ਨੇ ਮਈ 2025 ਵਿੱਚ ਤੇਲੰਗਾਨਾ, ਭਾਰਤ ਵਿੱਚ ਹੋਏ ਮਿਸ ਵਰਲਡ ਮੁਕਾਬਲੇ ਵਿੱਚ ਇੰਗਲੈਂਡ ਦੀ ਨੁਮਾਇੰਦਗੀ ਕੀਤੀ ਸੀ । ਵਫ਼ਦ ਵਿੱਚ ਕ੍ਰਿਸਟੋਫਰ ਜੌਨ ਰਿਚਰਡਸਨ, ਲੈਸਟਰ ਦੇ ਇੱਕ ਸੀਨੀਅਰ ਸੇਵਾਮੁਕਤ ਪੁਲਿਸ ਅਧਿਕਾਰੀ ਅਤੇ ਗ੍ਰੇਸ ਰਿਚਰਡਸਨ ਦੇ ਪਿਤਾ ਵੀ ਸ਼ਾਮਲ ਸਨ।ਸਮਾਗਮ ਵਿੱਚ ਪਿੰਡ ਦੀ ਸਰਪੰਚ ਬੀਬੀ ਅਕਵਿੰਦਰ ਕੌਰ ਤੇ ਗ੍ਰਾਮ ਪੰਚਾਇਤ ਦੇ ਮੈਂਬਰ ਨੇ ਆਏ ਹੋਏ ਵਫ਼ਦ ਦਾ ਸਵਾਗਤ ਕੀਤਾ ਅਤੇ ਕਲੱਬ ਪ੍ਰਧਾਨ ਗੁਰਮੰਗਲ ਦਾਸ ਨੇ ਧੰਨਵਾਦ ਕੀਤਾ । ਇਸ ਮੌਕੇ ਵਾਈ ਐੱਫ ਸੀ ਮੈਂਬਰ ਤੇ ਮੋਹਤਵਾਰ ਨੁਮਾਇੰਦੇ ਵੀ ਸ਼ਾਮਲ ਹੋਏ।

ਇਸ ਸਮਾਗਮ ਦੌਰਾਨ, ਮਿਸ ਇੰਗਲੈਂਡ ਗ੍ਰੇਸ ਰਿਚਰਡਸਨ, ਜੋ ਕਿ ਇੱਕ ਪ੍ਰਤਿਭਾਸ਼ਾਲੀ ਗਾਇਕਾ ਵੀ ਹੈ, ਨੇ ਸਟੇਜ 'ਤੇ ਇੱਕ ਗੀਤ ਪੇਸ਼ ਕਰਕੇ ਦਰਸ਼ਕਾਂ ਨੂੰ ਖੁਸ਼ ਕੀਤਾ। ਸਾਬਕਾ ਮਿਸ ਇੰਗਲੈਂਡ ਵਰਲਡ ਸ਼ਾਰਲੋਟ ਗ੍ਰਾਂਟ ਨੇ ਮਈ 2025 ਵਿੱਚ ਤੇਲੰਗਾਨਾ, ਭਾਰਤ ਵਿੱਚ ਹੋਏ ਮਿਸ ਵਰਲਡ ਮੁਕਾਬਲੇ ਦੇ ਆਪਣੇ ਸਫ਼ਰ ਨੂੰ ਸਾਂਝਾ ਕੀਤਾ। ਇਸ ਮੌਕੇ 'ਤੇ, ਮਿਸ ਇੰਗਲੈਂਡ ਗ੍ਰੇਸ ਰਿਚਰਡਸਨ (2025-26) ਅਤੇ ਸਾਬਕਾ ਮਿਸ ਇੰਗਲੈਂਡ ਸ਼ਾਰਲੋਟ ਗ੍ਰਾਂਟ ਦੋਵਾਂ ਨੇ ਆਪਣੀ ਫੇਰੀ ਦੇ ਯਾਦਗਾਰੀ ਸੰਕੇਤ ਵਜੋਂ ਵਾਈ ਐੱਫ ਸੀ ਜਰਸੀ 'ਤੇ ਦਸਤਖ਼ਤ ਵੀ ਕੀਤੇ।

ਪ੍ਰੋਗਰਾਮ ਦੇ ਅੰਤ ਵਿੱਚ, ਵਾਈ ਐੱਫ ਸੀ ਦੇ ਪ੍ਰਧਾਨ ਗੁਰਮੰਗਲ ਦਾਸ ਨੇ ਪਿੰਡ ਦੀ ਸਰਪੰਚ ਅਕਵਿੰਦਰ ਕੌਰ ਅਤੇ ਗ੍ਰਾਮ ਪੰਚਾਇਤ ਦੇ ਮੈਂਬਰਾਂ ਦੇ ਨਾਲ, ਆਉਣ ਵਾਲੇ ਵਫ਼ਦ ਨੂੰ ਪ੍ਰਸ਼ੰਸਾ ਦੇ ਚਿੰਨ੍ਹ ਵਜੋਂ ਸਨਮਾਨਤ ਕੀਤਾ। ਸਮਾਗਮ ਗੁਰਮੰਗਲ ਦਾਸ ਦੁਆਰਾ ਦਿੱਤੇ ਗਏ ਧੰਨਵਾਦ ਮਤੇ ਨਾਲ ਸਮਾਪਤ ਹੋਇਆ, ਜਿਨ੍ਹਾਂ ਨੇ ਵਾਈ ਐੱਫ ਸੀ ਦੇ ਭਾਈਚਾਰੇ ਅਤੇ ਯੁਵਾ ਵਿਕਾਸ ਦੇ ਮਿਸ਼ਨ ਨੂੰ ਉਤਸ਼ਾਹਿਤ ਕਰਨ ਲਈ ਮਹਿਮਾਨਾਂ ਅਤੇ ਸਮਰਥਕਾਂ ਦਾ ਧੰਨਵਾਦ ਕੀਤਾ।

**ਸ਼ਰਧਾਂਜਲੀ ਸਮਾਗਮ 'ਤੇ ਵਿਸ਼ੇਸ਼**

# ਸਮਾਜਿਕ ਸਰੋਕਾਰਾਂ ਨਾਲ ਜੁੜਿਆ ਹੋਇਆ ਸੀ ਕਾਮਰੇਡ ਜੋਗਿੰਦਰ ਸਿੰਘ ਢਪਾਲੀ



ਸੀ ਪੀ ਆਈ ਦੇ ਨਾਲ ਜੁੜਿਆ ਕਾਮਰੇਡ ਜੋਗਿੰਦਰ ਸਿੰਘ ਢਪਾਲੀ ਸ਼ੁਰੂ ਤੋਂ ਹੀ ਸਮਾਜਿਕ ਸਰੋਕਾਰਾਂ ਨਾਲ ਜੁੜ ਗਿਆ। ਲੋਕਾਂ ਦੇ ਸੁਪਨੇ ਪੂਰੇ ਕਰਨ ਲਈ ਜੱਦੋਜਹਿਦ ਦਾ ਹਿੱਸਾ ਬਣ ਗਿਆ ਤੇ ਜਦ ਬਠਿੰਡਾ ਤੇ ਹੁਣ ਮਾਨਸਾ ਜ਼ਿਲ੍ਹੇ ਦੇ ਕਸਬੇ ਭੀਖੀ 'ਚ ਲੰਮਾ ਸਰਪੰਚ ਕਾਮਰੇਡ ਫਕੀਰੀਆ ਦੇ ਪ੍ਰਭਾਵ ਹੇਠ ਕਸਬੇ 'ਚ ਸੀ ਪੀ ਆਈ ਪੂਰੀ ਸਰਗਰਮ ਸੀ ਤਾਂ 1986 'ਚ ਕਾਮਰੇਡ ਜੋਗਿੰਦਰ ਸਿੰਘ ਢਪਾਲੀ ਕਾਮਰੇਡ ਫਕੀਰੀਆ ਦੇ ਪ੍ਰਭਾਵ ਹੇਠ ਆ ਗਿਆ। ਏਹੀ ਓਹ ਦੌਰ ਸੀ ਜਦ ਪੰਜਾਬ 'ਚ ਖਾਲਿਸਤਾਨੀ ਲਹਿਰ ਪੂਰੇ ਜੋਬਨ 'ਤੇ ਸੀ ਤੇ ਸਰਕਾਰ ਤੇ ਦਹਿਸ਼ਤਗਰਦਾਂ ਵੱਲੋਂ ਖੱਬੇ ਪੱਖੀ ਧਿਰਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਸੀ ਤੇ ਜਦੋਂ ਕੋਈ ਲਾਲ ਝੰਡਾ ਚੁੱਕਣ ਲਈ ਜਲਦੀ-ਜਲਦੀ ਤਿਆਰ ਨਹੀਂ ਸੀ ਹੁੰਦਾ, ਤਦ ਕਾਮਰੇਡ ਜੋਗਿੰਦਰ ਸਿੰਘ ਢਪਾਲੀ ਕਮਿਊਨਿਸਟਾਂ ਦਾ ਸਥਾਨਕ ਸਰਗਰਮ ਆਗੂ ਬਣ ਗਿਆ। ਕਾਮਰੇਡ ਜੋਗਿੰਦਰ ਸਿੰਘ ਦਾ ਪਿਛਲਾ ਪਿੰਡ ਢਪਾਲੀ ਸੀ, ਪਰ ਨਾਨਕੇ ਘਰ ਢੇਰੀ ਮਿਲਣ ਕਾਰਨ ਉਨ੍ਹਾਂ ਦਾ ਪਰਵਾਰ ਭੀਖੀ ਆ ਵਸਿਆ। ਕਾਮਰੇਡ ਜੋਗਿੰਦਰ ਸਿੰਘ ਢਪਾਲੀ 84 ਸਾਲ ਪਹਿਲਾਂ ਪਿਤਾ ਨੰਦ ਸਿੰਘ ਦੇ ਘਰ ਪੈਦਾ ਹੋਇਆ। ਦਸਵੀਂ ਪਾਸ ਕਾਮਰੇਡ ਦਾ ਵਿਆਹ ਪਿੰਡ ਦੂਲੋਵਾਲ ਮਰਹੂਮ ਗੁਰਦਿਆਲ ਕੌਰ ਨਾਲ ਹੋਇਆ, ਜਿਨ੍ਹਾ ਦੇ ਘਰ ਤਿੰਨ ਬੱਚਿਆਂ ਵੱਡੀ ਬੇਟੀ ਕਿਰਨਜੀਤ ਕੌਰ, ਬੇਟਾ ਜਗਸੀਰ ਸਿੰਘ ਤੇ ਸੁਖਦੇਵ ਸਿੰਘ ਪੈਦਾ ਹੋਏ ਜੋ ਵਿਆਹੁਤਾ ਹਨ। ਕਾਮਰੇਡ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਿਆ ਜਦ ਉਨ੍ਹਾਂ ਦਾ ਸਭ ਤੋਂ ਛੋਟਾ ਬੇਟਾ ਕੁਝ ਸਮਾਂ ਪਹਿਲਾਂ ਅਚਾਨਕ ਸਦੀਵੀ ਵਿਛੋੜਾ ਦੇ ਗਿਆ।ਹਾਲੇ ਮਰਹੂਮ ਸੁਖਦੇਵ ਸਿੰਘ ਦੀ ਨੂੰਹ ਕੁਝ ਦਿਨ ਪਹਿਲਾਂ ਹੀ ਕੈਨੇਡਾ ਗਈ ਸੀ। ਕਾਮਰੇਡ ਜੋਗਿੰਦਰ ਸਿੰਘ ਢਪਾਲੀ ਪਾਰਟੀ ਦੇ ਸੱਦੇ 'ਤੇ ਅਨੇਕਾਂ ਵਾਰ ਦਿੱਲੀ, ਚੰਡੀਗੜ੍ਹ ਜਾਂਦਾ ਰਿਹਾ। ਅਨੇਕਾਂ ਕਾਮਰੇਡ ਉਨ੍ਹਾਂ ਦੇ ਘਰ ਆਉਂਦੇ-ਜਾਂਦੇ ਸਨ ਤੇ ਉਹ ਕਿਸਾਨਾਂ-ਮਜ਼ਦੂਰਾਂ ਦੇ ਸੰਘਰਸ਼ਾਂ ਚ ਸ਼ਾਮਲ ਹੋਇਆ।

ਜ਼ਿੰਦਗੀ ਦੇ ਆਖਰੀ ਪੜਾਅ 'ਤੇ ਉਨ੍ਹਾਂ ਬੇਸ਼ੱਕ ਬਿਮਾਰ ਅਵਸਥਾ 'ਚ ਬਾਹਰ ਜਾਣਾ ਬੰਦ ਕਰ ਦਿੱਤਾ ਸੀ, ਲੇਕਿਨ ਹਮਉਮਰ ਸਾਥੀਆਂ ਤੇ ਨੌਜਵਾਨਾਂ ਨਾਲ ਰਾਬਤਾ ਬਰਕਰਾਰ ਰੱਖਣ ਲਈ ਨਹਿਰ ਕਿਨਾਰੇ ਬੈਠਣ ਲਈ ਸ਼ੈੱਡ ਕੁਰਸੀਆਂ, ਤਖਤਪੋਸ਼ ਦਾ ਸਾਥੀਆਂ ਨਾਲ ਮਿਲ ਕੇ ਸਥਾਪਤ ਕੀਤਾ। ਬੇਸ਼ੱਕ ਮੇਰੇ ਸਮੇਤ ਬਾਕੀਆਂ ਦਾ ਵੀ ਯੋਗਦਾਨ ਸੀ, ਪਰ ਉਸ ਨਾਲ ਉਸ ਦਾ ਨੇੜਲਾ ਰਿਸ਼ਤਾ ਪੰਡਤ ਅਮਰਨਾਥ ਸ਼ਰਮਾ ਨਾਲ ਰਿਹਾ। ਹਰ ਗੱਲ ਸਾਂਝੀ ਕਰਦੇ ਜਦ ਨਹਿਰ ਕਿਨਾਰੇ ਸ਼ੈੱਡ ਹੇਠ ਦੁਨੀਆ ਭਰ ਦੀਆਂ ਤੇ ਰਾਜਨੀਤਕ ਗੱਲਾਂ ਹੁੰਦੀਆਂ। ਕਾਮਰੇਡ ਜੋਗਿੰਦਰ ਸਿੰਘ ਢਪਾਲੀ ਦੇ ਨਮਿਤ ਸ਼ਰਧਾਂਜਲੀ ਸਮਾਗਮ 17 ਮਾਰਚ (ਮੰਗਲਵਾਰ) ਨੂੰ ਗੁਰਦੁਆਰਾ ਪਾਤਸ਼ਾਹੀ ਨੌਵੀਂ ਭੀਖੀ ਵਿਖੇ ਹੋਵੇਗਾ, ਜਿੱਥੇ ਵੱਖ-ਵੱਖ ਜਥੇਬੰਦੀਆਂ ਦੇ ਆਗੂ ਸ਼ਰਧਾਂਜਲੀ ਭੇਟ ਕਰਨਗੇ।

**- ਹਰਭਗਵਾਨ ਭੀਖੀ**
ਮੋਬਾ. 98768-96122

# ਸਿਵਲ ਸਰਜਨ ਵੱਲੋਂ ਜ਼ਿਲ੍ਹਾ ਸਲਾਹਕਾਰ ਕਮੇਟੀ ਨਾਲ ਮੀਟਿੰਗ



**ਕਪੂਰਥਲਾ (ਪ੍ਰੀਤ ਸੰਗੋਜਲਾ)**

ਸਿਵਲ ਸਰਜਨ ਡਾ. ਸੰਜੀਵ ਭਗਤ ਦੀ ਪ੍ਰਧਾਨਗੀ ਹੇਠ ਪੀ ਸੀ ਪੀ ਐੱਨ ਡੀ ਟੀ ਦੇ ਐਕਟ ਅਧੀਨ ਗਠਤ ਕੀਤੀ ਜ਼ਿਲ੍ਹਾ ਸਲਾਹਕਾਰ ਕਮੇਟੀ ਦੀ ਮੀਟਿੰਗ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਸੰਜੀਵ ਭਗਤ ਨੇ ਦੱਸਿਆ ਕਿ ਜ਼ਿਲ੍ਹੇ 'ਚ ਪੀ ਸੀ ਪੀ ਐੱਨ ਡੀ ਟੀ ਐਕਟ ਤਹਿਤ ਸਿਹਤ ਵਿਭਾਗ ਦੀ ਟੀਮ ਵੱਲੋਂ ਸਕੈਨਿੰਗ ਸੈਂਟਰਾਂ ਦੀ ਸਮੇਂ-ਸਮੇਂ 'ਤੇ ਜਾਂਚ ਕੀਤੀ ਜਾਂਦੀ ਹੈ,ਤਾਂ ਕੰਨਿਆ ਭਰੂਣ ਹੱਤਿਆ ਨੂੰ ਰੋਕਿਆ ਜਾ ਸਕੇ। ਉਨ੍ਹਾਂ ਸਾਰੇ ਸਕੈਨਿੰਗ ਸੈਂਟਰਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਜੇਕਰ ਕੋਈ ਵੀ ਭਰੂਣ ਜਾਂਚ ਕਰਦਾ ਪਾਇਆ ਗਿਆ ਤਾਂ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਸਕੈਨਿੰਗ ਸੈਂਟਰ ਦੀ ਰਜਿਸਟ੍ਰੇਸ਼ਨ ਰੱਦ ਕਰਕੇ ਕਾਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ।ਮੀਟਿੰਗ 'ਚ ਡੀ ਐੱਫ ਪੀ ਓ ਡਾ. ਰਵਜੀਤ ਸਿੰਘ, ਡਾ. ਸਿੰਮੀ ਧਵਨ, ਡਾਕਟਰ ਹਰਪ੍ਰੀਤ ਮੋਮੀ, ਡਾ. ਅਰਸ਼ਬੀਰ ਕੌਰ,ਜ਼ਿਲ੍ਹਾ ਅਟਾਰਨੀ ਕਪੂਰਥਲਾ ਦਫ਼ਤਰ ਤੋਂ ਐਡਵੋਕੇਟ ਸੰਨਪ੍ਰੀਤ ਕੌਰ, ਸੀ ਡੀ ਪੀ ਓ ਨਤਾਸ਼ਾ ਸਾਗਰ,ਡਿਪਟੀ ਮਾਸ ਮੀਡੀਆ ਅਫ਼ਸਰ ਕਮ ਪੀ ਐੱਨ ਡੀ ਟੀ ਕੁਆਰਡੀਨੇਟਰ ਸ਼ਰਨਦੀਪ ਸਿੰਘ ਆਦਿ ਹਾਜ਼ਰ ਸਨ।

# ਸ਼ਹੀਦ ਊਧਮ ਸਿੰਘ ਦੀ ਯਾਦ 'ਚ ਗੌਰਵਮਈ ਦਿਵਸ ਮਨਾਇਆ





**ਚੰਡੀਗੜ੍ਹ :** ਸ਼ਹੀਦ ਊਧਮ ਸਿੰਘ ਮੈਮੋਰੀਅਲ ਭਵਨ ਸੁਸਾਇਟੀ ਸੈਕਟਰ 44ਸੀ ਚੰਡੀਗੜ੍ਹ ਵਲੋਂ ਸ਼ਹੀਦ ਊਧਮ ਸਿੰਘ ਦੀ ਯਾਦ ਵਿੱਚ ਗੌਰਵਮਈ ਦਿਵਸ ਮਨਾਇਆ ਗਿਆ ਤੇ ਬੁਲਾਰਿਆ ਨੇ ਮੰਗ ਕੀਤੀ ਕਿ ਸ਼ਹੀਦ ਨਾਲ ਸਬੰਧਤ ਨਿਸ਼ਾਨੀਆਂ ਜੋ ਇੰਗਲੈਂਡ ਵਿਚ ਹਨ,ਨੂੰ ਵਾਪਸ ਲਿਆਉਣ ਲਈ ਕੇਂਦਰ ਤੇ ਪੰਜਾਬ ਸਰਕਾਰ ਫੌਰੀ ਯਤਨ ਕਰਨ। ਇਸ ਮੌਕੇ ਚੰਡੀਗੜ੍ਹ ਨਗਰ-ਨਿਗਮ ਦੇ ਮੇਅਰ ਸੌਰਭ ਜੋਸ਼ੀ ਵਿਸੇਸ਼ ਤੌਰ ਤੇ ਸਮਾਗਮ ਵਿੱਚ ਪਹੁੰਚੇ।ਭਵਨ ਦੀ ਚੇਅਰਮੈਨ ਸੁਖਬੀਰ ਕੌਰ ਦੀ ਪ੍ਰਧਾਨਗੀ ਹੇਠ ਹੋਏ ਸਮਾਗਮ ਵੱਡੀ ਗਿਣਤੀ ਵਿੱਚ ਮੈਂਬਰਾਂ ਨੇ ਸ਼ਿਰਕਤ ਕੀਤੀ।

ਸੀਨੀਅਰ ਪਤਰਕਾਰ ਜਸਪਾਲ ਸਿੰਘ ਸਿੱਧੂ ਨੇ ਸ਼ਹੀਦ ਨੂੰ ਸਰਧਾਂਜਲੀ ਭੇਟ ਕਰਦਿਆ ਕਿਹਾ ਕਿ ਸ਼ਹੀਦ ਊਧਮ ਸਿੰਘ ਉਹਨਾਂ ਲਾਸਾਨੀ ਸ਼ਹੀਦਾਂ ਦੀ ਕਤਾਰ ਵਿੱਚ ਹੈ ਜਿਨਾਂ ਵਿੱਚ ਸ਼ਹੀਦ ਕਰਤਾਰ ਸਿੰਘ ਸਰਾਭਾ,ਸ਼ਹੀਦ ਭਗਤ ਸਿੰਘ ਦਾ ਨਾਂ ਆਉਂਦਾ ਹੈ। ਉਘੇ ਚਿੰਤਕ ਡਾਕਟਰ ਪਿਆਰਾ ਲਾਲ ਗਰਗ ਨੇ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆ ਨਾਲ ਮਿਲੇ ਵੋਟ ਦੇ ਹੱਕ ਨੂੰ ਕੇਂਦਰ ਅਤੇ ਚੋਣ ਕਮਿਸ਼ਨ ਖੋਹਣ ਦੇ ਆਹਰ ਵਿੱਚ ਲਗੇ ਹੋਏ ਹਨ ਤੇ ਇਸ ਨੂੰ ਰੋਕਣ ਲਈ ਲੋਕਾਂ ਨੂੰ ਜਾਗਰੂਕ ਕਰਨ ਦੀ ਲੋੜ ਹੈ। ਭਵਨ ਸੁਸਾਇਟੀ ਦੇ ਮਹਿਲਾ ਵਿੰਗ ਦੀ ਕਨਵੀਨਰ ਵੀਨਾ ਜੰਮੂ ਨੇ ਮਾੜੇ ਤਤਾ ਤੋਂ ਭਵਨ ਨੂੰ ਮੁਕਤ ਕਰਵਾਉਣ ਲਈ ਸ੍ਰੀ ਪ੍ਰੇਮ ਸਿੰਘ ਦੀ ਅਗਵਾਈ ਹੇਠ ਲੜੇ ਗਏ ਸੰਘਰਸ਼ ਦਾ ਵਿਸਥਾਰ ਵਿੱਚ ਜਿਕਰ ਕਰਦਿਆ ਵਖ ਵਖ ਸਖਸ਼ੀਅਤਾਂ ਦੇ ਯੋਗਦਾਨ ਲਈ ਧੰਨਵਾਦ ਕੀਤਾ।ਇਸ ਮੌਕੇ ਇਨਾਂ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਸੀਨੀਅਰ ਪਤਰਕਾਰ ਬਲਵਿੰਦਰ ਸਿੰਘ ਜੰਮੂ ਨੇ ਪੰਜਾਬ ਸਰਕਾਰ ਵਲੋਂ ਪੰਜਾਬੀ ਯੂਨੀਵਰਸਿਟੀ ਵਿੱਚ ਸ਼ਹੀਦ ਊਧਮ ਸਿੰਘ ਚੇਅਰ ਸਥਾਪਤ ਕਰਨ ਅਤੇ ਸ਼ਹੀਦ ਦੇ ਨਾਂ ਸੜਕ ਦਾ ਨਾਂ ਰਖਣ ਲਈ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆ ਮੰਗ ਕੀਤੀ ਕਿ ਸ਼ਹੀਦ ਦੀ ਇੰਗਲੈਂਡ ਵਿਚ ਪਈਆਂ ਨਿਸ਼ਾਨੀਆਂ ਨੂੰ ਵਾਪਸ ਲਿਆਉਣ ਲਈ ਉਪਰਾਲੇ ਕੀਤੇ ਜਾਣ। ਸਮਾਗਮ ਨੂੰ ਪ੍ਰੋ ਅਵਤਾਰ ਸਿੰਘ,ਅੰਤਰਰਾਸ਼ਟਰੀ ਕੰਬੋਜ ਸਮਾਜ ਦੇ ਪ੍ਰਧਾਨ ਇਕਬਾਲ ਚੰਦ ਪਾਲਾ ਬਟੀ, ਬਜੁਰਗ ਆਗੂ ਦੌਲਤ ਰਾਮ ਕੰਬੋਜ, ਡਾ. ਰਵੀ ਕੰਬੋਜ, ਸੀਨੀਅਰ ਵਕੀਲ ਜਸਪਾਲ ਸਿੰਘ ਦਪਰ,ਚੰਡੀਗੜ੍ਹ ਨਗਰ-ਨਿਗਮ ਦੇ ਸੀਨੀਅਰ ਡਿਪਟੀ ਮੇਅਰ ਜਸਮਿਨ ਪ੍ਰੀਤ ਸਿੰਘ, ਹਰਪਾਲ ਸਿੰਘ ਹਰਿਆਣਾ ਤੇ ਨੇ ਸੰਬੋਧਨ ਕੀਤਾ। ਸਰਪੰਚ ਨਥੂ ਘੜਾਮਾ ਨੇ ਗੀਤ ਪੇਸ਼ ਕੀਤਾ।ਸਮਾਗਮ ਵਿਚ ਹੋਰਨਾਂ ਤੋ ਇਲਾਵਾ ਐਡਵੋਕੇਟ ਜੋਗਿੰਦਰ ਜਿੰਦੂ,ਅਕਾਲੀ ਆਗੂ ਕ੍ਰਿਸ਼ਨ ਸਿੰਘ, ਕੇਂਦਰੀ ਸਿੰਘ ਸਭਾ ਦੇ ਪ੍ਰਧਾਨ ਪ੍ਰੋ ਸ਼ਾਮ ਸਿੰਘ,ਜਨਰਲ ਸਕੱਤਰ ਪ੍ਰੋ ਖੁਸ਼ਹਾਲ ਸਿੰਘ, ਮਹਿਲਾ ਆਗੂ ਸੁਦੇਸ਼ ਕੁਮਾਰੀ, ਕਿਸਾਨ ਆਗੂ ਸੁਰਜੀਤ ਸਿੰਘ ਢੇਰ, ਟਰਕ ਯੂਨੀਅਨ ਰੋਪੜ ਦੇ ਪ੍ਰਧਾਨ ਮਗਰ ਸਿੰਘ ਅਤੇ ਪੁਲਸ ਦੇ ਸੇਵਾ ਮੁਕਤ ਇੰਸਪੈਕਟਰ ਮਹਿੰਦਰ ਸਿੰਘ ਆਦਿ ਹਾਜ਼ਰ ਸਨ।

# ਨਾਇਬ ਤਹਿਸੀਲਦਾਰ ਨੇ ਚਾਰਜ ਸੰਭਾਲਿਆ

**ਬਲਾਚੌਰ (ਜਸਵਿੰਦਰ ਬੈਂਸ)**

ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਵਿਖੇ ਪਿਛਲੇ ਕਾਫੀ ਲੰਮੇ ਸਮੇਂ ਤੋ ਨਾਇਬ ਤਹਿਸੀਲਦਾਰ ਦੀ ਖਾਲੀ ਚਲੇ ਆ ਰਹੀ ਅਸਾਮੀ ਤੇ ਉਂਕਾਰ ਸਿੰਘ ਸੈਣੀ ਵਲੋਂ ਨਾਇਬ ਤਹਿਸੀਲਦਾਰ ਚਾਰਜ ਸੰਭਾਦਿਆ ਦਫਤਰ ਅਤੇ ਫੀਲਡ ਦਾ ਕੰਮ ਸੁਰੂ ਕਰਨ ਮਗਰੋ ਲੋਕਾਂ ਨੂੰ ਆਪੋ ਆਪਣੇ ਮਾਲ ਵਿਭਾਗ ਦੇ ਕੰਮਾ ਵਿੱਚ ਕਾਫੀ ਰਾਹਤ ਮਿਲੀ ਹੈ । ਨਾਇਬ ਤਹਿਸੀਲਦਾਰ ਉਂਕਾਰ ਸਿੰਘ ਸੈਣੀ ਜਿਹੜੇ ਕਿ ਇਸ ਤਹਿਸੀਲ ਵਿੱਚ ਪਹਿਲਾ ਪਟਵਾਰੀ ਅਤੇ ਫਿਰ ਕਾਨੂੰਗੋ ਸੇਵਾ ਨਿਭਾ ਚੁੱਕੇ ਹਨ।ਉਨਾਂ ਦੇ ਅਹੁੱਦਾ ਸੰਭਾਲਣ ਉਪਰੰਤ ਸੇਵਾ ਮੁਕਤ ਪਟਵਾਰੀ ਅਤੇ ਕਾਨੂੰਗੋ ਜਥੇਬੰਦੀ ਬਲਾਚੌਰ ਦੇ ਆਗੂਆਂ ਵਲੋਂ ਗੁਲਦਸਤਾ ਭੇਟ ਕੀਤਾ ਗਿਆ। ਪੱਤਰਕਾਰ ਨਾਲ ਗੱਲਬਾਤ ਕਰਦਿਆ ਉਂਕਾਰ ਸਿੰਘ ਸੈਣੀ ਨਾਇਬ ਤਹਿਸੀਲਦਾਰ ਬਲਾਚੌਰ ਨੇ ਲੋਕਾਂ ਨੂੰ ਅਪੀਲ ਕੀਤਾ ਕਿ ਉਹ ਆਪਣੇ ਕੰਮ ਕਾਰ ਕਰਾਉਣ ਲਈ ਉਨ੍ਹਾਂ ਦੇ ਦਫਤਰ ਵਿੱਚ ਸਿੱਧਾ ਸੰਪਰਕ ਕਰ ਸਕਦੇ ਹਨ, ਬਿਨਾ ਕਿਸੇ ਭੇਦ ਭਾਵ ਅਤੇ ਪਾਰਦਰਸ਼ੀ ਤਰੀਕੇ ਨਾਲ ਲੋਕਾਂ ਦੀ ਸੇਵਾ ਕੀਤੀ ਜਾਵੇਗੀ। ਇਸ ਮੌਕੇ ਸੇਵਾ ਮੁਕਤ ਜਥੇਬੰਦੀ ਦੇ ਪ੍ਰਧਾਨ ਗਿਆਨ ਸਿੰਘ ਭਨੂੰ, ਕੈਸ਼ੀਅਰ ਸੁਰਿੰਦਰ ਕੁਮਾਰ, ਜਨਕ ਰਾਜ , ਮਨੋਹਰ ਲਾਲ, ਮੇਹਰ ਸਿੰਘ ਅਤੇ ਪਟਵਾਰੀ



ਜਸਪਾਲ ਸਿੰਘ ਦਫਤਰੀ ਅਮਲੇ ਵਿੱਚ ਕਮਲਜੀਤ, ਜਸਵਿੰਦਰ ਸਿੰਘ ਸਟੈਨੋ, ਧੀਰਜ ਕੁਮਾਰ, ਦੁਪਾਕਰ ਚੇਚੀ, ਅਮਿਤ ਕੁਮਾਰ, ਸਤਿੰਦਰਜੀਤ ਸਿੰਘ ਸੇਖੋ ਰੀਡਰ, ਗੁਰਜੰਟ ਸਿੰਘ ਰੀਡਰ-2, ਲਵਲੇਸ਼ ਯਾਦਵ ਆਰਸੀ, ਸੰਦੀਪ ਚੌਧਰੀ, ਗੁਰਪ੍ਰੀਤ ਕੁਮਾਰ, ਰਜਿਤ ਚੌਧਰੀ, ਮਨਿੰਦਰ ਸਿੰਘ, ਗੁਰਿੰਦਰ ਸਿੰਘ, ਸੁਰਜੀਤ ਸਿੰਘ ਦਫਤਰ ਕਾਨੂੰਗੋ, ਰਮਨ ਕੁਮਾਰ ਕਾਨੂੰਗੋ, ਰੇਸ਼ਮ ਸਿੰਘ, ਬਿੰਦਰ ਕੁਮਾਰ, ਸੀਮਾ, ਨਰਿੰਦਰ ਕੌਰ ਆਦਿ ਵੀ ਹਾਜ਼ਰ ਸਨ।

# ਮਹਿਲਾ ਮੁੱਕੇਬਾਜ਼ਾਂ ਨੇ ਬਾਕਸਿੰਗ ਚੈਂਪੀਅਨਸ਼ਿਪ 'ਚ ਪਹਿਲੀ ਰਨਰ-ਅੱਪ ਟਰਾਫੀ ਜਿੱਤੀ



**ਜਲੰਧਰ (ਸ਼ੈਲੀ ਐਲਬਰਟ)**

ਆਪਣੀ ਸ਼ਾਨਦਾਰ ਤਾਕਤ, ਹੁਨਰ ਅਤੇ ਐਥਲੈਟਿਕ ਪ੍ਰਤਿਭਾ ਦਾ ਪ੍ਰਦਰਸ਼ਨ ਕਰਦੇ ਹੋਏ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਮਹਿਲਾ ਮੁੱਕੇਬਾਜ਼ੀ ਵਿੱਚ ਇੱਕ ਵੱਡੀ ਤਾਕਤ ਵਜੋਂ ਉਭਰੀ ਅਤੇ ਆਲ ਇੰਡੀਆ ਇੰਟਰ-ਯੂਨੀਵਰਸਿਟੀ ਮਹਿਲਾ ਮੁੱਕੇਬਾਜ਼ੀ ਚੈਂਪੀਅਨਸ਼ਿਪ 2025-26 ਵਿੱਚ ਪਹਿਲੀ ਰਨਰ-ਅੱਪ ਟਰਾਫੀ ਹਾਸਲ ਕੀਤੀ। ਐਲਪੀਯੂ ਕੈਂਪਸ ਵਿੱਚ ਆਯੋਜਿਤ, ਚੈਂਪੀਅਨਸ਼ਿਪ ਵਿੱਚ ਭਾਰੀ ਭਾਗੀਦਾਰੀ ਦੇਖੀ ਗਈ, ਭਾਰਤ ਭਰ ਦੀਆਂ 162 ਯੂਨੀਵਰਸਿਟੀਆਂ ਦੀਆਂ ਕੁੱਲ 856 ਮਹਿਲਾ ਮੁੱਕੇਬਾਜ਼ਾਂ ਨੇ ਰਾਸ਼ਟਰੀ ਸ਼ਾਨ ਲਈ ਮੁਕਾਬਲਾ ਕੀਤਾ। ਚੈਂਪੀਅਨਸ਼ਿਪ ਵਿੱਚ ਦਸ ਵੱਖ-ਵੱਖ ਭਾਰ ਵਰਗਾਂ ਵਿੱਚ ਰੋਮਾਂਚਕ ਮੁਕਾਬਲੇ ਹੋਏ, ਜਿਸ ਵਿੱਚ ਪੰਜਾਬ ਯੂਨੀਵਰਸਿਟੀ ਨੇ ਚੈਂਪੀਅਨ ਦਾ ਖਿਤਾਬ ਜਿੱਤਿਆ, ਜਦੋਂ ਕਿ ਗੁਰੂ ਕਾਸ਼ੀ ਯੂਨੀਵਰਸਿਟੀ ਨੇ ਦੂਜਾ ਰਨਰ-ਅੱਪ ਸਥਾਨ ਪ੍ਰਾਪਤ ਕੀਤਾ।ਇਸ ਸਖ਼ਤ ਮੁਕਾਬਲੇ ਦੇ ਵਿਚਕਾਰ, ਐੱਲ ਪੀ ਯੂ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਨੈਨਾ ਨੇ ਔਰਤਾਂ ਦੀ ਲਾਈਟ ਹੈਵੀ (75-80 ਕਿਲੋਗ੍ਰਾਮ) ਸ਼੍ਰੇਣੀ ਵਿੱਚ ਸੋਨ ਤਗਮਾ ਜਿੱਤਿਆ, ਜਦੋਂ ਕਿ ਤਮੰਨਾ ਨੇ ਔਰਤਾਂ ਦੀ ਫਲਾਈ (48-51 ਕਿਲੋਗ੍ਰਾਮ) ਸ਼੍ਰੇਣੀ ਵਿੱਚ ਸੋਨ ਤਗਮਾ ਜਿੱਤਿਆ। ਨਿਸ਼ਾ ਨੇ ਔਰਤਾਂ ਦੀ ਵੈਲਟਰ (60-65 ਕਿਲੋਗ੍ਰਾਮ) ਸ਼੍ਰੇਣੀ ਵਿੱਚ ਚਾਂਦੀ ਦਾ ਤਗਮਾ ਜਿੱਤਿਆ, ਅਤੇ ਸਵਿਤਾ ਖੱਤਰੀ ਨੇ ਔਰਤਾਂ ਦੀ ਮਿਡਲ (70-75 ਕਿਲੋਗ੍ਰਾਮ) ਸ਼੍ਰੇਣੀ ਵਿੱਚ ਕਾਂਸੀ ਦਾ ਤਗਮਾ ਜਿੱਤਿਆ। ਐੱਲ ਪੀ ਯੂ ਦੇ ਪ੍ਰਦਰਸ਼ਨ ਵਿੱਚ ਹੋਰ ਮਹਿਮਾ ਜੋੜਦੇ ਹੋਏ, ਤਮੰਨਾ ਨੂੰ ਉਸਦੀ ਸ਼ਾਨਦਾਰ ਤਕਨੀਕ, ਚੁਸਤੀ ਅਤੇ ਰਿੰਗ ਵਿੱਚ ਪ੍ਰਭਾਵਸ਼ਾਲੀ ਪ੍ਰਦਰਸ਼ਨ ਲਈ 'ਟੂਰਨਾਮੈਂਟ ਦੀ ਸਰਵੋਤਮ ਮੁੱਕੇਬਾਜ਼ ਟਰਾਫੀ ਨਾਲ ਸਨਮਾਨਤ ਕੀਤਾ ਗਿਆ।

# ਐੱਲ ਪੀ ਜੀ ਸਿਲੰਡਰ ਦੀ ਕਿੱਲਤ ਨੂੰ ਲੈ ਕੇ 'ਆਪ' ਦਾ ਮੋਦੀ ਸਰਕਾਰ ਵਿਰੁੱਧ ਪ੍ਰਦਰਸ਼ਨ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਡਬਲ ਇੰਜਣ ਦਾ ਦਾਅਵਾ ਕਰਨ ਵਾਲੀ ਭਾਜਪਾ ਸਰਕਾਰ ਹੁਣ ਆਮ ਜਨਤਾ ਲਈ ਟਰਬਲ ਇੰਜਣ ਬਣ ਚੁੱਕੀ ਹੈ। ਰਸੋਈ ਗੈਸ ਦੀਆਂ ਅਸਮਾਨ ਛੂਹ ਰਹੀਆਂ ਕੀਮਤਾਂ ਅਤੇ ਸ਼ਹਿਰ ਵਿੱਚ ਪੈਦਾ ਕੀਤੀ ਜਾ ਰਹੀ ਗੈਸ ਸਿਲੰਡਰ ਦੀ ਕਿੱਲਤ ਨੂੰ ਲੈ ਕੇ, ਅੱਜ ਆਮ ਆਦਮੀ ਪਾਰਟੀ (ਆਪ) ਚੰਡੀਗੜ੍ਹ ਨੇ ਸੈਕਟਰ-17 ਪਲਾਜ਼ਾ (ਨੀਲਮ ਸਿਨੇਮਾ ਦੇ ਸਾਹਮਣੇ) ਕੇਂਦਰ ਸਰਕਾਰ ਖਿਲਾਫ਼ ਜ਼ੋਰਦਾਰ ਹੱਲਾ ਬੋਲ ਕੀਤਾ।ਪ੍ਰਦਰਸ਼ਨ ਵਿੱਚ 'ਆਪ' ਵਰਕਰਾਂ ਤੇ ਆਮ ਜਨਤਾ ਦਾ ਭਾਰੀ ਹਜੂਮ ਉਮੜਿਆ, ਜਿਨ੍ਹਾਂ ਨੇ ਨਰਿੰਦਰ ਮੋਦੀ ਨੇ ਕੀਤਾ ਸਰੰਡਰ ਗਾਇਬ ਹੋਇਆ ਗੈਸ ਸਿਲੰਡਰ ਦੇ ਗਗਨਭੇਦੀ ਨਾਅਰਿਆਂ ਨਾਲ ਪੂਰੇ ਪਲਾਜ਼ਾ ਨੂੰ ਗੂੰਜਾ ਦਿੱਤਾ।ਆਮ ਆਦਮੀ ਪਾਰਟੀ ਨੇ ਕੇਂਦਰ ਸਰਕਾਰ ਨੂੰ ਖੁੱਲ੍ਹੀ ਚੇਤਾਵਨੀ ਦਿੱਤੀ ਹੈ ਕਿ ਇਹ ਪ੍ਰਦਰਸ਼ਨ ਸਿਰਫ਼ ਇੱਕ ਝਾਕੀ ਹੈ। ਜੇਕਰ ਗੈਸ ਸਿਲੰਡਰ ਦੀਆਂ ਕੀਮਤਾਂ 'ਤੇ ਤੁਰੰਤ ਲਗਾਮ ਨਾ ਲਗਾਈ ਗਈ ਅਤੇ ਸ਼ਹਿਰ ਵਿੱਚ ਸਪਲਾਈ ਵਿਵਸਥਾ ਸੁਚਾਰੂ ਨਾ ਹੋਈ, ਤਾਂ ਆਮ ਆਦਮੀ ਪਾਰਟੀ ਸੜਕਾਂ 'ਤੇ ਉਤਰ ਕੇ ਇਸ ਅੰਦੋਲਨ ਨੂੰ ਹੋਰ ਉਗਰ ਕਰੇਗੀ ਅਤੇ ਭਾਜਪਾ ਨੇਤਾਵਾਂ ਦਾ ਘਰੋਂ ਨਿਕਲਣਾ ਮੁਸ਼ਕਿਲ ਕਰ ਦਿੱਤਾ ਜਾਵੇਗਾ।ਇਸ ਰੋਸ ਪ੍ਰਦਰਸ਼ਨ ਵਿੱਚ ਸਾਬਕਾ ਮੇਅਰ ਕੁਲਦੀਪ ਕੁਮਾਰ, ਕੌਂਸਲਰ ਹਰਦੀਪ ਸਿੰਘ, ਜਨਰਲ ਸਕੱਤਰ ਸੰਨੀ ਔਲਖ, ਅੰਜੂ ਕਟਿਆਲ, ਯੋਗੇਸ਼ ਢੀਂਗਰਾ, ਜਸਬੀਰ ਸਿੰਘ ਲਾਡੀ, ਸ਼ਾਦਾਬ ਰਾਠੀ, ਲਲਿਤ ਮੋਹਨ, ਮੇਵਾ ਰਾਮ ਤੇ ਸਟੇਟ ਮੀਡੀਆ ਇੰਚਾਰਜ ਵਿਕ੍ਰਾਂਤ ਏ. ਤੰਵਰ ਮੌਜੂਦ ਰਹੇ। ਸ਼ਿਸ਼ੂਪਾਲ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਦੇ ਜੁਝਾਰੂ ਵਰਕਰ ਤੇ ਸਥਾਨਕ ਨਾਗਰਿਕ ਵੀ ਹਾਜ਼ਰ ਸਨ।



# ਰੈੱਡ ਰਿਬਨ ਕਲੱਬ ਮੁਕਾਬਲੇ 'ਚ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ



**ਬਲਾਚੌਰ (ਜਸਵਿੰਦਰ ਬੈਂਸ)**-ਬਾਬਾ ਬਲਰਾਜ ਪੰਜਾਬ ਯੂਨੀਵਰਸਿਟੀ ਕਾਂਸਟਿਟੂਐਂਟ ਕਾਲਜ, ਬਲਾਚੌਰ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਰੈਡ ਰਿਬਨ ਕਲੱਬ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕਾਲਜ ਦਾ ਨਾਂਅ ਰੌਸ਼ਨ ਕੀਤਾ। ਇਸ ਮੁਕਾਬਲੇ ਵਿੱਚ ਕਾਲਜ ਦੇ ਵਿਦਿਆਰਥੀ ਅਮ੍ਰਿਤਪਾਲ (ਬੀ.ਕਾਮ. ਦੂਜਾ ਸਾਲ) ਨੇ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਸਲੋਗਨ ਰਾਈਟਿੰਗ ਮੁਕਾਬਲੇ ਵਿੱਚ ਹਰਮਨ ਚੌਧਰੀ (ਬੀ ਏ. ਆਖਰੀ ਸਾਲ) ਨੇ ਪਹਿਲਾ ਸਥਾਨ ਅਤੇ ਕਨਿਕਾ (ਬੀ.ਏ. ਦੂਜਾ ਸਾਲ) ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਕਾਲਜ ਦੇ ਪ੍ਰਿੰਸੀਪਲ ਡਾ. ਸਤੀਸ਼ ਕੁਮਾਰ ਧੀਮਾਨ ਨੇ ਵਿਦਿਆਰਥੀਆਂ ਨੂੰ ਇਸ ਉਪਲਬਧੀ ਲਈ ਵਧਾਈ ਦਿੰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਨੌਜਵਾਨਾਂ ਵਿੱਚ ਐੱਚ ਆਈ ਵੀ/ਏਡਜ਼ ਪ੍ਰਤੀ ਜਾਗਰੂਕਤਾ ਵਧਾਉਣ ਦੇ ਨਾਲ ਨਾਲ ਉਨ੍ਹਾਂ ਦੀ ਰਚਨਾਤਮਕ ਯੋਗਤਾ ਨੂੰ ਵੀ ਉਤਸ਼ਾਹਿਤ ਕਰਦੇ ਹਨ।ਇਸ ਮੌਕੇ ਰੈਡ ਰਿਬਨ ਕਲੱਬ ਦੀ ਪ੍ਰੋਗਰਾਮ ਅਫਸਰ ਸਹਾਇਕ ਪ੍ਰੋਫੈਸਰ ਨੰਦਿਨੀ ਮੌਦਗਿਲ ਤੇ ਮੈਂਬਰ ਦਾਕਸ਼ੀ ਜੈਨ ਨੂੰ ਵੀ ਉਨ੍ਹਾਂ ਦੇ ਉਤਕ੍ਰਿਸ਼ਟ ਯੋਗਦਾਨ ਲਈ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ।

# ਵਤਸ ਗੋਤਰ ਦੇ ਜਠੇਰਿਆਂ ਦਾ ਸਾਲਾਨਾ ਮੇਲਾ 19 ਨੂੰ



**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**-ਲੋਹੀਆਂ ਖਾਸ ਵਿਖੇ ਵਤਸ ਗੋਤਰ ਅਤੇ ਗੰਢਿਆਂ ਤੇ ਢੰਡਿਆਂ ਜਠੇਰਿਆਂ ਦਾ ਸਾਲਾਨਾ ਮੇਲਾ ਚੇਤਰ ਦੀ ਮੱਸਿਆ ਵਾਲੇ ਦਿਨ ਵੀਰਵਾਰ 19 ਮਾਰਚ ਨੂੰ ਲੋਹੀਆਂ ਖਾਸ ਵਿਖੇ ਮਨਾਇਆ ਜਾਵੇਗਾ। ਇਸ ਸੰਬੰਧੀ ਕਮੇਟੀ ਦੇ ਪ੍ਰਧਾਨ ਰਾਜੇਸ਼ ਕੁਮਾਰ ਤੇ ਸੇਵਾ ਮੁਕਤ ਪ੍ਰਿੰਸੀਪਲ ਕਰਮ ਚੰਦ ਸ਼ਰਮਾ ਸਕੱਤਰ ਨੇ ਦੱਸਿਆ ਕਿ ਲੋਹੀਆਂ ਖਾਸ ਵਿਚਲੇ ਨਕੋਦਰ ਵਾਲੇ ਫਾਟਕ ਨੇੜੇ ਜਠੇਰਿਆਂ ਦੇ ਸਥਾਨ 'ਤੇ ਕਰਵਾਏ ਜਾ ਰਹੇ ਸਮਾਗਮ ਦੌਰਾਨ ਝੰਡੇ ਦੀ ਰਸਮ 8 ਵਜੇ, ਸੁੰਦਰ ਕਾਂਡ ਪਾਠ ਸਵੇਰੇ 8:30 ਤੋਂ 10 ਵਜੇ ਤੱਕ ਹੋਵੇਗਾ, ਉਪਰੰਤ ਇਸ ਤੋਂ ਬਾਅਦ ਗਾਇਕ ਵਿਪਨ ਵੱਲੋਂ ਭਜਨ ਕੀਰਤਨ ਕਰਨਗੇ ਅਤੇ ਉਨ੍ਹਾਂ ਦੱਸਿਆ ਕਿ ਇਸ ਮੌਕੇ ਲੰਗਰ ਪ੍ਰਸ਼ਾਦ ਅਟੁੱਟ ਵਰਤਾਇਆ ਜਾਵੇਗਾ।

## ਸੱਦੀ ਵੰਸ਼ ਦੇ ਜਠੇਰਿਆਂ ਦਾ ਮੇਲਾ ਭਲਕੇ

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**-ਲੋਹੀਆਂ ਖਾਸ ਵਿੱਚ ਸੱਦੀ ਵੰਸ਼ ਦੇ ਜਠੇਰਿਆਂ ਦਾ ਸਾਲਾਨਾ ਮੇਲਾ ਮਿਤੀ 18 ਮਾਰਚ ਨੂੰ ਪੰਡਿਤਾਂ ਦਾ ਖੂਹ ਰਾਈਵਾਲ ਰੋਡ, ਲੋਹੀਆਂ ਖਾਸ ਵਿਖੇ ਬੜੀ ਸ਼ਰਧਾ ਭਾਵਨਾ ਤੇ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਸੱਦੀ ਜਠੇਰਿਆਂ ਦੇ ਸੇਵਾਦਾਰ ਕੁਲਭੂਸ਼ਨ ਸੱਦੀ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਵੇਰੇ 9:30 ਵਜੇ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ, ਤੇ ਬਾਅਦ ਵਿੱਚ ਸਵੇਰੇ 10 ਵਜੇ ਸ੍ਰੀ ਸੁੰਦਰ ਕਾਂਡ ਜੀ ਦਾ ਪਾਠ ਆਰੰਭ ਹੋਵੇਗਾ। ਇਸ ਮੌਕੇ ਸਾਰਾ ਦਿਨ ਲੰਗਰ ਪ੍ਰਸ਼ਾਦ ਅਟੁੱਟ ਵਰਤਾਇਆ ਜਾਵੇਗਾ। ਇਸ ਮੌਕੇ ਪ੍ਰਬੰਧਕ ਮੈਂਬਰ ਕੁਲਭੂਸ਼ਨ ਸੱਦੀ ਵੱਲੋਂ ਪੂਰੇ ਸ਼ਹਿਰ ਨੂੰ ਪਰਵਾਰ ਸਮੇਤ ਪਹੁੰਚਣ ਲਈ ਹਾਰਦਿਕ ਸੱਦਾ ਦਿੱਤਾ ਜਾਂਦਾ ਹੈ।

# ਸ੍ਰੀ ਗੁਰੂ ਤੇਗ ਬਹਾਦਰ ਐਜੂਕੇਸ਼ਨਲ ਟਰੱਸਟ ਵੱਲੋਂ ਡਿਗਰੀ ਤੇ ਇਨਾਮ ਵੰਡ ਸਮਾਗਮ







**ਦਸੂਹਾ (ਕਰਨੈਲ ਮਾਂਗਟ)**

ਸ੍ਰੀ ਗੁਰੂ ਤੇਗ ਬਹਾਦਰ ਐਜੂਕੇਸ਼ਨਲ ਟਰੱਸਟ ਦਸੂਹਾ ਅਧੀਨ ਚੱਲ ਰਹੀਆਂ ਵਿੱਦਿਅਕ ਸੰਸਥਾਵਾਂ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਫ਼ਾਰ ਵਿਮੈਨ,ਦਸੂਹਾ ਅਤੇ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਆਫ਼ ਐਜੂਕੇਸ਼ਨ,ਦਸੂਹਾ ਦਾ ਡਿਗਰੀ ਅਤੇ ਇਨਾਮ ਵੰਡ ਸਮਾਗਮ ਕਰਵਾਇਆ ਗਿਆ । ਜਿਸ ਦੇ ਮੁੱਖ ਮਹਿਮਾਨ ਡਾ. ਰਵੀਇੰਦਰ ਸਿੰਘ, ਡੀਨ ਕਾਲਜ ਡਿਵੈਲਪਮੈਂਟ ਕੌਂਸਲ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਸਨ। ਉਨਾਂ ਨੇ ਜੀ. ਟੀ. ਬੀ. ਖਾਲਸਾ ਕਾਲਜ ਫ਼ਾਰ ਵਿਮੈਨ ਦਸੂਹਾ ਦੇ ਸੈਸ਼ਨ 2022-23 ਅਤੇ 2023-2024 ਦੇ ਗ੍ਰੇਜੂਏਟ, ਪੋਸਟ ਗ੍ਰੇਜੂਏਟ ਅਤੇ ਪੀ. ਜੀ. ਡੀ. ਸੀ.ਏ. ਦੇ 211 ਵਿਦਿਆਰਥੀਆਂ ਅਤੇ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਆਫ਼ ਐਜੂਕੇਸ਼ਨ ਦੇ ਸੈਸ਼ਨ 2021-23 ਅਤੇ 2022-24 ਦੇ 81 ਵਿਦਿਆਰਥੀਆਂ ਨੂੰ ਡਿਗਰੀਆਂ ਵੰਡੀਆਂ। ਉਨਾਂ ਨੇ ਸੈਸ਼ਨ 2024-25 ਦੇ ਵਿਦਿਆਰਥੀਆਂ ਨੂੰ ਅਕਾਦਮਿਕ, ਸੱਭਿਆਚਾਰਕ, ਖੇਡ, ਐੱਨ ਐੱਸ ਐੱਸ, ਐੱਨ ਸੀ ਸੀ, ਗੁਰਮਤਿ ਵਿੰਗ ਆਦਿ ਵਿੱਚ ਵਧੀਆ ਕਾਰਗੁਜ਼ਾਰੀ ਲਈ ਇਨਾਮ ਵੀ ਵੰਡੇ। ਡਿਗਰੀ ਕਾਲਜ ਦੇ 89 ਤੇ ਐਜੂਕੇਸ਼ਨ ਕਾਲਜ ਦੇ 44 ਵਿਦਿਆਰਥੀਆਂ ਨੂੰ ਇਨਾਮ ਦਿੱਤੇ ਗਏ। ਇਸ ਮੌਕੇ ਦੋਹਾਂ ਸੰਸਥਾਵਾਂ ਦੇ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ਼ ਮੈਂਬਰਾਂ ਨੂੰ ਉਨਾਂ ਦੀਆਂ ਸ਼ਾਨਦਾਰ ਸੇਵਾਵਾਂ ਲਈ ਸਨਮਾਨ ਦਿੱਤੇ ਗਏ। ਇਸ ਮੌਕੇ ਟਰੱਸਟ ਦੇ ਪ੍ਰਧਾਨ ਜਸਵੀਰ ਸਿੰਘ ਰੰਧਾਵਾ, ਉਪ -ਪ੍ਰਧਾਨ ਅਜਮੇਰ ਪਾਲ ਸਿੰਘ ਘੁੰਮਣ, ਮੈਨੇਜਰ ਗੁਰਪ੍ਰੀਤ ਸਿੰਘ ਚੀਮਾ, ਸਕੱਤਰ ਭੁਪਿੰਦਰ ਸਿੰਘ ਰੰਧਾਵਾ ਤੋਂ ਇਲਾਵਾ ਮੀਡੀਆ ਦੇ ਨੁਮਾਇੰਦੇ ਅਤੇ ਡਾ. ਜਗਦੀਪ ਕੁਮਾਰ (ਸਾਬਕਾ ਸੈਨੇਟ ਮੈਂਬਰ) ਅਤੇ ਸੰਦੀਪ ਸਿੰਘ ਸਿਕਰੀ (ਸਾਬਕਾ, ਸੈਨੇਟ ਅਤੇ ਸਿੰਡੀਕੇਟ ਮੈਂਬਰ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ) ਪ੍ਰਮੁੱਖ ਸਖਸ਼ੀਅਤਾਂ ਅਤੇ ਵਿਦਿਆਰਥੀਆਂ ਦੇ ਮਾਪੇ ਵੀ ਪਹੁੰਚੇ। ਕਾਲਜ ਦੇ ਪ੍ਰਿੰ. ਡਾ. ਵਰਿੰਦਰ ਕੌਰ ਨੇ ਮੁੱਖ ਮਹਿਮਾਨ ਡੀ ਸੀ ਡੀ ਸੀ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਅਤੇ ਆਈਆਂ ਸਖਸ਼ੀਅਤਾਂ ਨੂੰ ਜੀ ਆਇਆਂ ਕਹਿੰਦੇ ਹੋਏ ਕਾਲਜ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ ਅਤੇ ਦੋਹਾਂ ਸੰਸਥਾਵਾਂ ਦੀ ਸਾਲਾਨਾ ਰਿਪੋਰਟ ਪੇਸ਼ ਕੀਤੀ । ਕਾਲਜ ਸ਼ਬਦ ਅਤੇ ਯੂਨੀਵਰਸਿਟੀ ਐਂਥਮ ਤੋਂ ਬਾਅਦ ਮੁੱਖ ਮਹਿਮਾਨ ਵੱਲੋਂ ਕਾਨਵੋਕੇਸ਼ਨ ਦੀ ਓਪਨਿੰਗ ਦੀ ਰਸਮ ਨਾਲ ਇਹ ਕਾਨਵੋਕੇਸ਼ਨ ਸ਼ੁਰੂ ਹੋਈ । ਇਸ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਵਾਈਸ ਪ੍ਰਿੰ. ਅਸਿ. ਪ੍ਰੋ. ਰਜਿੰਦਰ ਕੌਰ ਕਲਸੀ ਵੱਲੋਂ ਨਿਭਾਈ ਗਈ। ਕਾਲਜ ਰਜਿਸਟਰਾਰ ਡਾ. ਰਮਨੀਕ ਕੌਰ ਨੇ ਡਿਗਰੀ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਡਿਗਰੀ ਪ੍ਰਾਪਤ ਕਰਨ ਲਈ ਪੇਸ਼ ਕਰਨ ਦੀ ਆਗਿਆ ਮੰਗੀ ਤੇ ਇਸੇ ਤਰ੍ਹਾਂ ਕਾਲਜ ਆਫ਼ ਐਜੂਕੇਸ਼ਨ ਦੇ ਡਾ. ਗਗਨਦੀਪ ਕੌਰ ਨੇ ਐਜੂਕੇਸ਼ਨ ਕਾਲਜ ਦੇ ਪ੍ਰਿੰ. ਸੰਦੀਪ ਕੌਰ ਬੋਸਕੀ ਤੋਂ ਵਿਦਿਆਰਥੀਆਂ ਨੂੰ ਪੇਸ਼ ਕਰਨ ਦੀ ਆਗਿਆ ਮੰਗੀ ਇਸ ਤਰਾਂ ਦੋਹਾਂ ਕਾਲਜਾਂ ਦੇ 292 ਵਿਦਿਆਰਥੀਆਂ ਨੇ ਡਿਗਰੀਆਂ ਪ੍ਰਾਪਤ ਕੀਤੀਆਂ।

# ਸਵੀਡਨ ਵ.ਫ਼ਦ ਨੇ ਜਾਣੀ ਆਯੂਰਵੇਦ ਇਲਾਜ ਪ੍ਰਣਾਲੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਭਾਰਤੀ ਮੈਡੀਕਲ ਪੱਦਤੀ ਆਯੂਰਵੇਦ ਦੀ ਵਿਸ਼ਵ ਪੱਧਰ 'ਤੇ ਸਵੀਕ੍ਰਿਤੀ ਲਗਾਤਾਰ ਵੱਧ ਰਹੀ ਹੈ। ਇਸੀ ਲੜੀ ਵਿੱਚ ਸਵੀਡਨ ਦੇ ਵਫ਼ਦ ਨੇ ਰਾਸ਼ਟਰੀ ਆਯੂਰਵੇਦ ਸੰਸਥਾਨ, ਪੰਚਕੂਲਾ ਦਾ ਦੌਰਾ ਕੀਤਾ ਤੇ ਆਯੂਰਵੇਦ ਇਲਾਜ ਪੱਦਤੀਆਂ ਨੂੰ ਜਾਣਿਆ। ਐੱਨ ਆਈ ਏ ਵਿੱਚ ਪਹੁੰਚਣ 'ਤੇ ਉੱਪ ਮੈਡੀਕਲ ਸੁਪਰਡੈਂਟ (ਡੀ ਐੱਮ ਐੱਸ) ਡਾ. ਗੌਰਵ ਗਰਗ ਨੇ ਵਫ਼ਦ ਦਾ ਸਵਾਗਤ ਕੀਤਾ ਤੇ ਉਨ੍ਹਾਂ ਨੂੰ ਆਯੂਰਵੇਦ ਮੈਡੀਕਲ ਪੱਦਤੀਆਂ ਨਾਲ ਜਾਣੂ ਕਰਵਾਇਆ। ਉੱਥੇ ਡੀਨ ਇੰਚਾਰਜ ਪ੍ਰੋਫੈਸਰ ਸਤੀਸ਼ ਗੰਧਰਵ ਨੇ ਵਫ਼ਦ ਨੂੰ ਸੰਸਥਾਨ ਦੀ ਕਾਰਜਪ੍ਰਣਾਲੀ ਅਤੇ ਵਿਦਿਅਕ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਵਫ਼ਦ ਨੇ ਰਾਸ਼ਟਰੀ ਆਯੂਰਵੇਦ ਸੰਸਥਾਨ ਵਿੱਚ ਆਯੂਰਵੇਦ ਇਲਾਜ ਪੱਦਤੀਆਂ ਦੀ ਸ਼ਲਾਘਾ ਕੀਤੀ।ਡਾ. ਗੌਰਵ ਗਰਗ ਨੇ ਵਫ਼ਦ ਨੂੰ ਜਾਣੂ ਕਰਾਇਆ ਗਿਆ ਕਿ ਆਯੂਸ਼ ਮੰਤਰਾਲੇ ਭਾਰਤ ਸਰਕਾਰ ਦੀ ਸਰਪ੍ਰਸਤੀ ਹੇਠ ਰਾਸ਼ਟਰੀ ਆਯੂਰਵੇਦ ਸੰਸਥਾਨ ਦੇ ਵਾਇਸ ਚਾਂਸਲਰ ਪ੍ਰੋਫੈਸਰ (ਡਾ.) ਸੰਜੀਵ ਸ਼ਰਮਾ ਤੇ ਡੀਨ ਪ੍ਰੋਫੈਸਰ ਗੁਲਾਬ ਚੰਦ ਪਮਨਾਨੀ ਦੇ ਮਾਰਗਦਰਸ਼ਨ ਹੇਠ ਆਯੂਰਵੇਦ ਮੈਡੀਕਲ ਪੱਦਤੀ ਰਾਹੀਂ ਰੋਗੀਆਂ ਦਾ ਇਲਾਜ ਕੀਤਾ ਜਾ ਰਿਹਾ ਹੈ। ਸੰਸਥਾਨ ਦੀ 12 ਓਪੀਡੀ ਵਿੱਚ ਹਰ ਰੋਜ਼ 400 ਤੋਂ 500 ਮਰੀਜ ਸੁਝਾਅ ਅਤੇ ਇਲਾਜ ਲਈ ਪਹੁੰਚ ਰਹੇ ਹਨ, ਜਿਨ੍ਹਾਂ ਦਾ ਮਾਹਰ ਡਾਕਟਰਾਂ ਰਾਹੀਂ ਇਲਾਜ ਕੀਤਾ ਜਾਂਦਾ ਹੈ।

# ਸ਼ੋਭਾ ਯਾਤਰਾ 'ਚ ਸ਼ਾਮਲ ਹੋਣ ਲਈ ਰਾਮ ਭਗਤਾਂ 'ਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ : ਦੀਪਕ ਬਹਿਲ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਪ੍ਰਭੂ ਸ੍ਰੀ ਰਾਮ ਦੇ ਜਨਮ ਦਿਹਾੜੇ ਨੂੰ ਸਮਰਪਿਤ 24 ਮਾਰਚ ਨੂੰ ਕੱਢੀ ਜਾ ਰਹੀ ਸ਼ੋਭਾ ਯਾਤਰਾ ਦੀ ਸਫ਼ਲਤਾ ਸਬੰਧੀ ਨਵੀਂ ਰਣਨੀਤੀ ਤਿਆਰ ਕਰਨ ਤੇ ਟਾਂਡਾ ਇਲਾਕੇ ਦੇ ਮੰਦਰਾਂ ਤੋਂ ਇਲਾਵਾ ਸਾਰਿਆਂ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਨੂੰ ਸੱਦਾ ਪੱਤਰ ਦੇਣ ਲਈ ਸਨਾਤਨ ਧਰਮ ਸਭਾ ਉੜਮੁੜ ਟਾਂਡਾ ਦੇ ਪ੍ਰਧਾਨ ਦੀਪਕ ਬਹਿਲ ਦੀ ਅਗਵਾਈ ਵਿੱਚ ਮਹਾਦੇਵ ਮੰਦਰ ਵਿਖੇ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਇਲਾਕੇ ਦੀਆਂ ਵੱਖ-ਵੱਖ ਮੰਦਿਰ ਕਮੇਟੀਆਂ ਨੇ ਭਾਗ ਲਿਆ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਦੀਪਕ ਬਹਿਲ ਨੇ ਕਿਹਾ ਕਿ ਮਰਿਆਦਾ ਪੁਰਸ਼ੋਤਮ ਪ੍ਰਭੂ ਸ੍ਰੀ ਰਾਮ ਦੇ ਜਨਮ ਦਿਹਾੜੇ ਨੂੰ ਸਮਰਪਿਤ 24 ਮਾਰਚ ਨੂੰ ਕੱਢੀ ਜਾ ਰਹੀ ਵਿਸ਼ਾਲ ਅਲੌਕਿਕ ਸ਼ੋਭਾ ਯਾਤਰਾ ਵਿੱਚ ਦੁਸਹਿਰਾ ਕਮੇਟੀ ਟਾਂਡਾ ਤੇ ਰਾਮ ਲੀਲਾ ਕਮੇਟੀਆਂ ਤੋਂ ਇਲਾਵਾ ਸਮੂਹ ਮੰਦਿਰ ਕਮੇਟੀਆਂ ਦੇ ਮੈਂਬਰਾਂ ਨੇ ਆਪਣੀਆਂ ਆਪਣੀਆਂ ਝਾਕੀਆਂ ਸਮੇਤ ਇਸ ਸ਼ੋਭਾ ਯਾਤਰਾ ਵਿੱਚ ਸ਼ਾਮਿਲ ਹੋਣ ਦਾ ਭਰੋਸਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਸ਼ੋਭਾ ਯਾਤਰਾ ਦੀ ਸਫ਼ਲਤਾ ਨੂੰ ਯਕੀਨੀ ਬਣਾਉਣ ਲਈ ਸਾਰੀਆਂ ਸੰਸਥਾਵਾਂ ਨਾਲ ਰਾਬਤਾ ਕਾਇਮ ਕਰਕੇ ਵੱਖ ਵੱਖ ਕਮੇਟੀਆਂ ਦਾ ਗਠਨ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸੇ ਘੜੀ ਤਹਿਤ ਪੁਲਸ ਥਾਣਾ ਚੌਕ ਮਾਰਕੀਟ ਯੂਨੀਅਨ ਦੇ ਮੈਂਬਰਾਂ ਨਾਲ ਰਾਬਤਾ ਕਾਇਮ ਕਰਨ ਲਈ ਸਨਾਤਨ ਧਰਮ ਸਭਾ ਦੇ ਮੈਂਬਰਾਂ ਨੇ ਉਨ੍ਹਾਂ ਨਾਲ ਮੁਲਾਕਾਤ ਕੀਤੀ। ਇਸ ਮੌਕੇ ਤੇ ਯੂਨੀਅਨ ਦੇ ਮੈਂਬਰਾਂ ਨੇ ਉਨ੍ਹਾਂ ਨੂੰ ਜੀ ਆਇਆਂ ਕਹਿੰਦੇ ਹੋਏ ਉਨ੍ਹਾਂ ਨੂੰ ਸਨਮਾਨਤ ਕੀਤਾ। ਮਾਰਕੀਟ ਯੂਨੀਅਨ ਦੇ ਸਮੂਹ ਮੈਂਬਰਾਂ ਵੱਲੋਂ ਇਹ ਭਰੋਸਾ ਦਿੱਤਾ ਗਿਆ ਕਿ ਉਹ ਇਸ ਸ਼ੋਭਾ ਯਾਤਰਾ ਵਿੱਚ ਆਪਣੇ ਸੈਂਕੜੇ ਸਾਥੀਆਂ ਸਮੇਤ ਸ਼ਾਮਿਲ ਹੋਣਗੇ। ਉਨ੍ਹਾਂ ਕਿਹਾ ਕਿ ਰਾਮ ਨੌਮੀ ਦੀ ਸ਼ੋਭਾ ਯਾਤਰਾ ਵਿੱਚ ਸ਼ਾਮਿਲ ਹੋਣ ਲਈ ਪ੍ਰਭੂ ਸ਼੍ਰੀ ਰਾਮ ਚੰਦਰ ਦੇ ਸ਼ਰਧਾਲੂਆਂ ਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਇਸ ਮੌਕੇ ਤੇ ਹਾਜ਼ਰ ਸੁਰਿੰਦਰ ਨਈਅਰ, ਦਿਲਬਾਗ ਰਾਏ, ਅਸ਼ੋਕ ਬਹਿਲ, ਅਮਿਤ ਕੁਮਾਰ, ਬਲਰਾਜ ਕੁਮਾਰ, ਐਨ.ਆਰ.ਆਈ ਸੁਰਿੰਦਰ ਬਬਲਾ, ਮੋਹਨ ਸ਼ਰਮਾ, ਸੋਨੂੰ ਜਾਜਾ, ਨਵੀਨ ਵਰਮਾ, ਵਿਕਾਸ ਮਰਵਾਹਾ, ਗੋਬਿੰਦਾ ਹਾਂਡਾ, ਬਿਮਲ ਅਰੋੜਾ, ਅਜੇ ਅਰੋੜਾ, ਹੈਪੀ ਸਿੰਘ, ਮੋਹਿਤ ਸ਼ਰਮਾ, ਕਪਿਲ ਸੋਂਧੀ, ਜੋਨੀ ਵਸਲ ਅਤੇ ਹੋਰ ਕਮੇਟੀ ਮੈਂਬਰਾਂ ਨੇ ਹਰ ਹਰ ਮਹਾਂਦੇਵ, ਜੈ ਸ਼੍ਰੀ ਰਾਮ ਦੇ ਜੈਕਾਰੇ ਲਗਾਉਂਦੇ ਹੋਏ ਉਨ੍ਹਾਂ ਦਾ ਧੰਨਵਾਦ ਕੀਤਾ।



# ਅਜਨੋਹਾ ਵਿਖੇ ਨਵੇਂ ਸਾਲ ਮੌਕੇ ਮਹਾਨ ਗੁਰਮਤਿ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਜਥੇਦਾਰ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦੇ ਜੱਦੀ ਪਿੰਡ ਅਜਨੋਹਾ ਵਿਖੇ ਗੁਰਦੁਆਰਾ ਅਕਾਲੀ ਬਾਬਾ ਫੂਲਾ ਸਿੰਘ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 558ਵੇਂ ਨਾਨਕਸ਼ਾਹੀ ਸੰਮਤ ਨਵੇਂ ਸਾਲ ਮੌਕੇ ਮਹਾਨ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਬਲਵਿੰਦਰ ਸਿੰਘ ਅਜਨੋਹਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਮਾਗਮ ਦੌਰਾਨ ਸ੍ਰੀ ਸੁਖਮਨੀ ਸਾਹਿਬ ਜੀ ਦੀ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਭਾਈ ਸਤਨਾਮ ਸਿੰਘ ਮੁੱਖ ਗ੍ਰੰਥੀ ਅਜਨੋਹਾ, ਭਾਈ ਦੀਦਾਰ ਸਿੰਘ ਸੰਗਤਪੁਰ ਇੰਟਨੈਸ਼ਨਲ ਢਾਡੀ ਜੱਥਾ ਆਦਿ ਨੇ ਗੁਰਬਾਣੀ, ਗੁਰਇਤਿਹਾਸ, ਕਥਾ ਕੀਰਤਨ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਪ੍ਰਧਾਨ ਜਥੇਦਾਰ ਬਲਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਬਲਜੀਤ ਸਿੰਘ, ਪਰਮਜੀਤ ਸਿੰਘ, ਰਣਵੀਰ ਸਿੰਘ, ਸੁਖਵਿੰਦਰ ਸਿੰਘ, ਸਤਨਾਮ ਸਿੰਘ, ਸੋਹਣ ਸਿੰਘ, ਕੁਲਦੀਪ ਸਿੰਘ ਜੀ ਏ, ਅਮਰਜੀਤ ਸਿੰਘ , ਡਾਕਟਰ ਜਸਵੀਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਮਾਗਮ ਦੌਰਾਨ ਗੁਰੂ ਜੀ ਦੇ ਲੰਗਰ ਅਟੁੱਟ ਵਰਤਾਏ ਗਏ।



# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਇਕ ਨੇ 12ਵੀਂ ਬੱਸ ਨੂੰ ਕੀਤਾ ਰਵਾਨਾ



**ਮੋਹਾਲੀ (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਦੇ ਚਲਦਿਆਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਬਸ ਯਾਤਰਾ ਯੋਜਨਾ ਦੇ ਤਹਿਤ ਵਿਧਾਨ ਸਭਾ ਹਲਕਾ ਮੋਹਾਲੀ ਤੋਂ 12ਵੀਂ ਬਸ ਨੂੰ ਤੀਰਥ ਯਾਤਰਾ ਦੇ ਲਈ ਰਵਾਨਾ ਕੀਤਾ ਗਿਆ, ਵਿਧਾਇਕ ਕੁਲਵੰਤ ਸਿੰਘ ਹੋਰਾਂ ਵਾਰਡ ਨੰਬਰ- 40 ਸੁਹਾਣਾ ਤੋਂ ਬੱਸ ਨੂੰ ਹਰੀ ਝੰਡੀ ਦਿੱਤੀ ਗਈ, ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਮੁੱਖ ਮੰਤਰੀ ਤੀਰਥ ਬੱਸ ਯਾਤਰਾ ਯੋਜਨਾ ਦੇ ਤਹਿਤ ਸ਼ਰਧਾਲੂਆਂ ਨਾਲ ਭਰੀ ਇਹ ਬਸ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ, ਸ੍ਰੀ ਦੁਰਗਿਆਨਾ ਮੰਦਰ, ਰਾਮ ਤੀਰਥ ਮੰਦਰ, ਜਲਿਆਂਵਾਲਾ ਬਾਗ ਅਤੇ ਵਾਹਗਾ ਬਾਰਡਰ ਦੋ ਰਾਤਾਂ ਤੇ ਤਿੰਨਾਂ ਵਿੱਚ ਯਾਤਰਾ ਪੂਰੀ ਕਰਕੇ ਵਾਪਸ ਆਵੇਗੀ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਸ ਯਾਤਰਾ ਦੇ ਦੌਰਾਨ ਜਿੱਥੇ ਸ਼ਰਧਾਲੂ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਸਕਣਗੇ, ਉੱਥੇ ਇਕੱਠਿਆਂ ਸਮਾਂ ਬਤੀਤ ਕਰਨ ਉਪਰੰਤ ਉਹਨਾਂ ਵਿੱਚ ਆਪਸੀ ਭਾਈਚਾਰਕ ਸਾਂਝ ਹੋਰ ਮਜਬੂਤ ਹੋਵੇਗੀ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਸ ਤੀਰਥ ਬੱਸ ਯਾਤਰਾ ਯੋਜਨਾ ਦੇ ਤਹਿਤ ਪੰਜਾਬ ਭਰ ਵਿੱਚੋਂ ਸ਼ਰਧਾਲੂਆਂ ਦੀਆਂ 60 ਤੇ ਕਰੀਬ ਬੱਸਾਂ ਰੋਜ਼ਾਨਾ ਤੀਰਥ ਯਾਤਰਾ ਤੇ ਜਾ ਰਹੀਆਂ ਹਨ ਅਤੇ ਲੋਕਾ ਦੀ ਮੰਗ ਤੇ ਹੀ ਇਸ ਯਾਤਰਾ ਯੋਜਨਾ ਨੂੰ ਅਗਾਹ ਵਧਾਇਆ ਜਾਵੇਗਾ ਤਾਂ ਕਿ ਕੋਈ ਵੀ ਸ਼ਰਧਾਲੂ ਤੀਰਥ ਯਾਤਰਾ ਤੋਂ ਵਾਂਝਾ ਨਾ ਰਹਿ ਸਕੇ। ਇਸ ਮੌਕੇ ਤੇ ਸਟੇਟ ਐਵਾਰਡੀ ਅਜਤੇ ਹਲਕਾ ਕੋਆਰਡੀਨੇਟਰ-ਫੂਲਰਾਜ ਸਿੰਘ, ਨੰਬਰਦਾਰ ਹਰਸੰਗਤ ਸਿੰਘ ਸੋਹਣਾ, ਸੁਰਿੰਦਰ ਸਿੰਘ ਰੋਡਾ, ਕੁਲਦੀਪ ਸਿੰਘ ਸਮਾਣਾ, ਗੋਬਿੰਦਰ ਮਿੱਤਲ ਚੇਅਰਮੈਨ (ਮਾਰਕਿਟ ਕਮੇਟੀ),ਜਸਪਾਲ ਸਿੰਘ ਐੱਮ ਸੀ, ਕਮਲਜੀਤ ਕੌਰ ਸੋਹਣਾ, ਬਲਵਿੰਦਰ ਸਿੰਘ ਮੌਲੀ, ਗੁਰਦੀਪ ਸਿੰਘ, ਨਿਰਮਲ ਸਿੰਘ, ਅਮਰੀਕ ਸਿੰਘ ਵੀ ਹਾਜ਼ਰ ਸਨ।

# ਬਲਾਕ ਸੰਮਤੀ ਮੋਰਿੰਡਾ ਦੇ ਚੇਅਰਪਰਸਨ ਤੇ ਵਾਈਸ ਚੇਅਰਮੈਨ ਨੇ ਚਾਰਜ ਸੰਭਾਲਿਆ

**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਬਲਾਕ ਸੰਮਤੀ ਮੋਰਿੰਡਾ ਦੇ ਨਵੇਂ ਬਣੇ ਚੇਅਰਪਰਸਨ ਬੀਬੀ ਹਰਵਿੰਦਰ ਕੌਰ ਸੰਧੂ ਅਤੇ ਵਾਇਸ ਚੇਅਰਮੈਨ ਨਰਿੰਦਰ ਸਿੰਘ ਸੋਨੂੰ ਨਿਹੰਗ ਕੋਟਲਾ ਨੇ ਸੈਂਕੜੇ ਪੰਚਾਂ, ਸਰਪੰਚਾਂ ਦੀ ਹਾਜ਼ਰੀ ਵਿੱਚ ਅਪਣੇ ਆਹੁਦਿਆ ਦਾ ਚਾਰਜ ਸੰਭਾਲਿਆ। ਇਸ ਮੌਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵਲੋਂ ਉਹਨਾਂ ਦੇ ਸਪੁੱਤਰ ਨਵਜੀਤ ਸਿੰਘ ਨਵੀ ਨੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਸੰਮਤੀ ਦੇ ਨਵੇਂ ਬਣੇ ਚੇਅਰਪਰਸਨ ਬੀਬੀ ਹਰਵਿੰਦਰ ਕੌਰ ਸੰਧੂ ਅਤੇ ਵਾਇਸ ਚੇਅਰਮੈਨ ਨਰਿੰਦਰ ਸਿੰਘ ਸੋਨੂੰ ਨੂੰ ਵਧਾਈਆਂ ਦਿੱਤੀਆਂ ਅਤੇ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ। ਇਸ ਮੌਕੇ ਨਵੇਂ ਬਣੇ ਚੇਅਰਪਰਸਨ ਹਰਵਿੰਦਰ ਕੌਰ ਸੰਧੂ ਨੇ ਪਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਖਿਆ ਕਿ ਉਹਨਾਂ ਦਾ ਮੁੱਖ ਮਕਸਦ ਅਪਣੇ ਇਲਾਕੇ ਦਾ ਸਰਬਪੱਖੀ ਵਿਕਾਸ ਕਰਨਾ ਅਤੇ ਰੁਕੇ ਹੋਏ ਕਾਰਜ ਪੂਰੇ ਕਰਨਾ ਹੋਵੇਗਾ। ਉਹਨਾਂ ਆਖਿਆ ਕਿ ਉਹ ਪਾਰਟੀ ਬਾਜੀ ਤੋਂ ਉਪਰ ਉਠ ਕੇ ਸਾਰੇ ਪਿੰਡਾਂ ਦੇ ਵਿਕਾਸ ਲਈ ਪੂਰੇ ਯਤਨ ਕਰਨਗੇ। ਉਹਨਾਂ ਬਲਾਕ ਦੇ ਸਮੂਹ ਪੰਚਾ, ਸਰਪੰਚਾਂ ਅਤੇ ਪਤਵੰਤੇ ਸੱਜਣਾਂ ਨੂੰ ਆਖਿਆ ਕਿ ਉਹ ਅਪਣੇ ਪਿੰਡਾਂ ਦੇ ਵਿਕਾਸ ਲਈ ਨਿਧੜਕ ਹੋ ਕੇ ਮੈਨੂੰ ਮਿਲ ਸਕਦੇ ਹਨ ਅਤੇ ਆਪਣੀ ਸਮਸਿਆ ਰਖ ਸਕਦੇ ਹਨ। ਇਸ ਮੌਕੇ ਬਲਾਕ ਤੇ ਪੰਚਾਇਤ ਵਿਕਾਸ ਅਫ਼ਸਰ ਹਰਕੀਰਤ ਸਿੰਘ, ਪੰਚਾਇਤ ਸਕੱਤਰ ਯੂਨੀਅਨ ਦੇ ਪ੍ਰਧਾਨ ਬਹਾਦਰ ਸਿੰਘ ਸਮਾਨਾ ਨੇ ਸਮੂਹ ਸਟਾਫ ਮੈਂਬਰਾਂ ਸਮੇਤ ਚੇਅਰਪਰਸਨ ਬੀਬੀ ਹਰਵਿੰਦਰ ਕੌਰ ਸੰਧੂ ਅਤੇ ਵਾਇਸ ਚੇਅਰਮੈਨ ਨਰਿੰਦਰ ਸਿੰਘ ਸੋਨੂੰ ਨੂੰ ਬੁਕੇ ਦੇ ਕੇ ਉਹਨਾਂ ਦਾ ਸਨਮਾਨ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਪਨਗ੍ਰੇਨ ਪੰਜਾਬ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾਂ, ਜ਼ਿਲ੍ਹਾ ਯੋਜਨਾ ਬੋਰਡ ਮੋਹਾਲੀ ਦੇ ਸਾਬਕਾ ਚੇਅਰਮੈਨ ਵਿਜੇ ਸ਼ਰਮਾ ਟਿੰਕੂ, ਜ਼ਿਲ੍ਹਾ ਕਾਂਗਰਸ ਕਮੇਟੀ ਰੂਪਨਗਰ ਦੇ ਮੀਤ ਪ੍ਰਧਾਨ ਹਰਮਿੰਦਰ ਸਿੰਘ ਲੱਕੀ, ਜ਼ਿਲ੍ਹਾ ਪ੍ਰੀਸ਼ਦ ਰੂਪਨਗਰ ਦੇ ਮੈਂਬਰ ਨਰਿੰਦਰ ਸਿੰਘ ਮਾਵੀ ਅਤੇ ਗੁਰਵਿੰਦਰ ਸਿੰਘ ਕਕਰਾਲੀ, ਲੈਂਡ ਮਾਰਗੇਜ਼ ਬੈਂਕ ਦੇ ਵਾਇਸ ਚੇਅਰਮੈਨ ਕਰਨੈਲ ਸਿੰਘ ਜੀਤ, ਬਲਾਕ ਕਾਂਗਰਸ ਕਮੇਟੀ ਮੋਰਿੰਡਾ ਦੇ ਪ੍ਰਧਾਨ ਦਰਸ਼ਨ ਸਿੰਘ ਸੰਧੂ, ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਪ੍ਰਧਾਨ ਹਰੀਪਾਲ, ਸਾਬਕਾ ਕੌਂਸਲਰ ਮਹਿੰਦਰ ਸਿੰਘ ਢਿੱਲੋਂ, ਸਿਟੀ ਕਾਂਗਰਸ ਮੋਰਿੰਡਾ ਦੇ ਪ੍ਰਧਾਨ ਧਰਮਪਾਲ ਥੰਮਣ, ਬਲਾਕ ਸੰਮਤੀ ਮੋਰਿੰਡਾ ਦੇ ਨਵੇਂ ਬਣੇ ਮੈਂਬਰ ਤੇਜਿੰਦਰ ਸਿੰਘ ਸੋਨੂੰ, ਹਰਕੀਰਤ ਸਿੰਘ ਮੜੌਲੀ ਕਲਾਂ, ਰਣਜੀਤ ਕੌਰ ਬੰਨ ਮਾਜਰਾ, ਵਿਕਾਸ ਫੂਲ ਕਾਈਨੌਰ, ਬਲਵਿੰਦਰ ਸਿੰਘ ਰੰਗੀਆਂ, ਸੁਰਿੰਦਰ ਕੌਰ ਦਾਤਾਰਪੁਰ, ਸੁਰਜੀਤ ਸਿੰਘ ਬਲਦੇਵ ਨਗਰ, ਜਸਵਿੰਦਰ ਕੌਰ ਮੁੰਡੀਆਂ, ਪ੍ਰਿੰਸੀਪਲ ਸਿੰਘ ਉਇੰਦ, ਦਵਿੰਦਰ ਕੌਰ ਬੂਰਮਾਜਰਾ, ਗੁਰਚਰਨ ਕੌਰ ਸੀਹੋਂ ਮਾਜਰਾ, ਮਨਦੀਪ ਕੌਰ ਬਹਿਰਾਮਪੁਰ ਜ਼ਿਮੀਂਦਾਰਾ, ਕਿਰਨਜੀਤ ਕੌਰ ਚਿੱਤਗੜ੍ਹ, ਗੁਰਚਰਨ ਸਿੰਘ ਮੰਦਵਾੜਾ,( ਸਾਰੇ ਬਲਾਕ ਸੰਮਤੀ ਮੈਂਬਰ,) ਜਗਤਾਰ ਸਿੰਘ ਸਰਪੰਚ ਸਹੇੜੀ, ਮਨਵੀਰ ਸਿੰਘ ਸਰਪੰਚ ਰਾਮਗੜ੍ਹ ਮੰਡਾਂ ਆਦਿ ਪੰਚ ਸਰਪੰਚ ਅਤੇ ਪਤਵੰਤੇ ਸੱਜਣ ਹਾਜ਼ਰ ਸਨ।



